2-JUNE-PAGE-1.qxd 6/1/2025 8:19 PM Page 1

ਸੋਮਵਾਰ, 2 ਜੂਨ, 2025
21 ਜੇਠ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 1

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 2 JUNE, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਸਰਪੰਚ ਵੱਲੋਂ ਖੁਦਕੁਸ਼ੀ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**–ਪਿੰਡ ਤਰਿੰਡਾ ਦੇ ਸਰਪੰਚ ਅਤੇ ਆਮ ਆਦਮੀ ਪਾਰਟੀ ਦੇ ਸਰਗਰਮ ਆਗੂ ਜਸ਼ਨ ਬਾਵਾ (27) ਨੇ ਸ਼ਨਿੱਚਰਵਾਰ ਰਾਤ ਖੁਦ ਨੂੰ ਗੋਲੀ ਮਾਰ ਕੇ ਆਤਮਹੱਤਿਆ ਕਰ ਲਈ। ਇਸ ਤੋਂ ਪਹਿਲਾਂ ਜਸ਼ਨ ਬਾਵਾ ਨੇ ਆਪਣੇ ਫੇਸਬੁੱਕ ਅਕਾਊਂਟ 'ਤੇ ਪ੍ਰਕਾਸ਼ ਸਾਥੀ ਦੀ ਇਹ ਗ਼ਜ਼ਲ ਵੀ ਸਾਂਝੀ ਕੀਤੀ ਸੀ : ਜਦੋਂ ਮੇਰੀ ਅਰਥੀ ਉਠਾ ਕੇ ਚੱਲਣਗੇ ਮੇਰੇ ਯਾਰ ਸਭ ਹੁਮਹੁਮਾ ਕੇ ਚੱਲਣਗੇ, ਚੱਲਣਗੇ ਮੇਰੇ ਨਾਲ ਦੁਸ਼ਮਣ ਵੀ ਮੇਰੇ ਏਹ ਵਖਰੀ ਏ ਗੱਲ ਮੁਸਕੁਰਾ ਕੇ ਚੱਲਣਗੇ...

## ਬੱਸ-ਬਾਈਕ ਟੱਕਰ 'ਚ ਤਿੰਨ ਗੱਭਰੂਆਂ ਦੀ ਮੌਤ

**ਕੋਟਕਪੂਰਾ** : ਮੋਗਾ ਸੜਕ 'ਤੇ ਪੰਜਗਰਾਈਂ ਨੇੜੇ ਐਤਵਾਰ ਬੱਸ ਅਤੇ ਮੋਟਰ ਸਾਈਕਲ ਦੀ ਸਿੱਧੀ ਟੱਕਰ ਵਿੱਚ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਵੰਸ਼ (19), ਲਵ (19) ਅਤੇ ਹੈਪੀ (20) ਵਜੋਂ ਹੋਈ ਹੈ। ਬਾਘਾਪੁਰਾਣਾ ਨਾਲ ਸੰਬੰਧਤ ਇਹ ਤਿੰਨੇ ਬਾਘਾਪੁਰਾਣਾ ਤੋਂ ਕੋਟਕਪੂਰਾ ਆ ਰਹੇ ਸਨ, ਜਦੋਂਕਿ ਪੀ ਆਰ ਟੀ ਸੀ ਦੀ ਬੱਸ ਜੈਤੋ ਤੋਂ ਚੰਡੀਗੜ੍ਹ ਜਾ ਰਹੀ ਸੀ।

## ਮੰਡੀ 'ਚ ਪੰਜਾਬ ਦੇ ਪੰਜ ਜਣਿਆਂ ਦੀ ਮੌਤ



**ਮੰਡੀ** : ਹਿਮਾਚਲ ਦੇ ਮੰਡੀ ਜ਼ਿਲ੍ਹੇ ਵਿੱਚ ਕਟੌਲਾ ਨੇੜੇ ਕੂਹਣੀ ਮੋੜ 'ਤੇ ਪਿਕਅੱਪ ਰੇਲਿੰਗ ਵਿੱਚ ਵੱਜ ਕੇ ਡੂੰਘੀ ਖੱਡ ਵਿੱਚ ਜਾ ਡਿੱਗਣ ਕਰਕੇ ਪੰਜ ਵਿਅਕਤੀਆਂ ਦੀ ਮੌਤ ਹੋ ਗਈ, ਜਦੋਂਕਿ ਡਰਾਈਵਰ ਜ਼ਖ਼ਮੀ ਹੋ ਗਿਆ। ਇਹ ਲੁਧਿਆਣਾ ਤੋਂ ਆਈ ਆਈ ਟੀ ਕਮਾਂਡ, ਮੰਡੀ ਜਾ ਰਹੇ ਸਨ। ਤਿੰਨ ਮ੍ਰਿਤਕਾਂ ਦੀ ਪਛਾਣ ਸੁਖਵਿੰਦਰ, ਉਮੇਸ਼ ਤੇ ਸਾਗਰ ਵਜੋਂ ਹੋਈ ਹੈ।

## ਕੜਵਲ ਦੀ ਕਾਂਗਰਸ 'ਚ ਵਾਪਸੀ

**ਲੁਧਿਆਣਾ** : ਆਮ ਆਦਮੀ ਪਾਰਟੀ ਦੇ ਆਗੂ ਅਤੇ 2022 ਦੀਆਂ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਪਾਰਟੀ ਵੱਲੋਂ ਹਲਕਾ ਆਤਮ ਨਗਰ ਤੋਂ ਵਿਧਾਇਕ ਦੀ ਚੋਣ ਲੜਨ ਵਾਲੇ ਕਮਲਜੀਤ ਸਿੰਘ ਕੜਵਲ ਐਤਵਾਰ ਕਾਂਗਰਸ 'ਚ ਪਰਤ ਆਏ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੇ ਇੰਚਾਰਜ ਰਾਣਾ ਗੁਰਜੀਤ ਸਿੰਘ ਤੇ ਹਲਕਾ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਲਈ ਕਾਂਗਰਸ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਨੇ ਉਨ੍ਹਾ ਦਾ ਸਵਾਗਤ ਕੀਤਾ। ਕੜਵਲ ਨੇ ਕਿਹਾ ਕਿ ਉਹ ਹੁਣ ਪੂਰਾ ਸਿਆਸੀ ਸਫਰ ਕਾਂਗਰਸ 'ਚ ਰਹਿ ਕੇ ਹੀ ਤੈਅ ਕਰਨਗੇ।

## 'ਆਪ' ਨੇ ਪ੍ਰੀਤੀ ਮਲਹੋਤਰਾ ਨੂੰ ਪ੍ਰਧਾਨਗੀ ਤੋਂ ਹਟਾਇਆ

**ਪਟਿਆਲਾ** : ਆਮ ਆਦਮੀ ਪਾਰਟੀ ਦੀ ਸੂਬਾਈ ਮਹਿਲਾ ਵਿੰਗ ਦੀ ਪ੍ਰਧਾਨ ਪ੍ਰੀਤੀ ਮਲਹੋਤਰਾ ਦੀ ਅਗਵਾਈ ਹੇਠ ਧਰਨਾ ਦੇ ਕੇ 'ਪੰਜਾਬ ਬਚਾਓ ਦਿੱਲੀ ਵਾਲੇ ਭਜਾਓ' ਦੇ ਨਾਅਰੇ ਲਾਏ ਗਏ। ਇਸ ਤੋਂ ਬਾਅਦ 'ਆਪ' ਹਾਈ ਕਮਾਨ ਨੇ ਪ੍ਰੀਤੀ ਮਲਹੋਤਰਾ ਨੂੰ ਅਹੁਦੇ ਤੋਂ ਹਟਾ ਦਿੱਤਾ ਤੇ ਮੀਤ ਪ੍ਰਧਾਨ ਅਮਨਦੀਪ ਕੌਰ ਨੂੰ ਵਾਧੂ ਚਾਰਜ ਦੇ ਦਿੱਤਾ।

## ਡਾ. ਸੁੱਖੀ ਤੋਂ ਸਪੀਕਰ ਨੇ ਸਪੱਸ਼ਟੀਕਰਨ ਮੰਗਿਆ

**ਚੰਡੀਗੜ੍ਹ** : ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੂੰ ਆਮ ਆਦਮੀ ਪਾਰਟੀ ਦਾ ਉਪ ਪ੍ਰਧਾਨ ਨਿਯੁਕਤ ਕੀਤੇ ਜਾਣ ਤੋਂ ਇੱਕ ਦਿਨ ਬਾਅਦ, ਪੰਜਾਬ ਵਿਧਾਨ ਸਭਾ ਨੇ ਵਿਧਾਇਕ ਨੂੰ 29 ਜੁਲਾਈ ਨੂੰ ਆਪਣੀ ਸਥਿਤੀ ਸਪੱਸ਼ਟ ਕਰਨ ਲਈ ਕਿਹਾ ਹੈ। ਐਡਵੋਕੇਟ ਐੱਚ ਸੀ ਅਰੋੜਾ ਵੱਲੋਂ ਦਾਇਰ ਪਟੀਸ਼ਨ 'ਤੇ ਵਿਧਾਇਕ ਕੋਲੋਂ ਸਪੱਸ਼ਟੀਕਰਨ ਮੰਗਿਆ ਗਿਆ ਹੈ। ਅਰੋੜਾ ਨੇ ਪਟੀਸ਼ਨ ਵਿੱਚ ਡਾ. ਸੁੱਖੀ ਨੂੰ ਅਯੋਗ ਠਹਿਰਾਉਣ ਦੀ ਮੰਗ ਕੀਤੀ ਹੈ। ਈ ਐੱਨ ਟੀ ਮਾਹਰ ਡਾ. ਸੁੱਖੀ ਪਹਿਲੀ ਵਾਰ 2017 ਵਿੱਚ ਬੰਗਾ ਤੋਂ ਵਿਧਾਇਕ ਚੁਣੇ ਗਏ ਸਨ ਅਤੇ 2022 ਵਿੱਚ ਮੁੜ ਚੁਣੇ ਗਏ। ਹਾਲਾਂਕਿ ਉਹ ਪਿਛਲੇ ਸਾਲ ਅਗਸਤ ਵਿੱਚ 'ਆਪ' ਵਿੱਚ ਸ਼ਾਮਲ ਹੋ ਗਏ ਸਨ। ਬਾਅਦ ਵਿੱਚ ਉਨ੍ਹਾ ਨੂੰ ਪੰਜਾਬ ਸਟੇਟ ਕੰਟੇਨਰ ਅਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਦਾ ਚੇਅਰਪਰਸਨ ਬਣਾਇਆ ਗਿਆ ਅਤੇ ਕੈਬਨਿਟ ਮੰਤਰੀ ਦਾ ਦਰਜਾ ਦਿੱਤਾ ਗਿਆ। ਲੰਘੇ ਦਿਨ 'ਆਪ' ਦੇ ਉਪ ਪ੍ਰਧਾਨ ਵਜੋਂ ਉਨ੍ਹਾ ਦੀ ਨਿਯੁਕਤੀ ਨੇ ਸਿਆਸੀ ਹਲਚਲ ਮਚਾ ਦਿੱਤੀ ਸੀ, ਕਿਉਂਕਿ ਉਹ ਅਜੇ ਵੀ ਅਕਾਲੀ ਦਲ ਦੇ ਵਿਧਾਇਕ ਹਨ। ਡਾ. ਸੁੱਖੀ ਵਿਰੁੱਧ ਪਟੀਸ਼ਨ ਦੀ ਸਥਿਤੀ ਬਾਰੇ ਪੁੱਛੇ ਜਾਣ 'ਤੇ, ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਕਿਉਂਕਿ ਡਾ. ਸੁੱਖੀ ਪੰਜਾਬ ਵਿਧਾਨ ਸਭਾ ਦੇ ਮੈਂਬਰ ਹਨ, ਇਸ ਲਈ ਉਨ੍ਹਾ ਨੂੰ 29 ਜੁਲਾਈ ਨੂੰ ਆਪਣਾ ਜਵਾਬ ਦੇਣ ਲਈ ਕਿਹਾ ਗਿਆ ਹੈ।

# ਪੰਜਾਬ ਸਰਕਾਰ ਵਾਅਦੇ ਤੁਰੰਤ ਪੂਰੇ ਕਰੇ : ਰਾਣਵਾਂ, ਲੁਬਾਣਾ, ਚਾਹਲ

### ਪ ਸ ਸ ਫ ਤੇ ਏਟਕ 'ਚ ਸ਼ਾਮਲ ਜਥੇਬੰਦੀਆਂ ਵੱਲੋਂ ਵਿਸ਼ਾਲ ਸੂਬਾਈ ਕਨਵੈਨਸ਼ਨ 'ਚ ਸੰਘਰਸ਼ਾਂ ਨੂੰ ਹੋਰ ਤਿੱਖਾ ਕਰਨ ਦਾ ਅਹਿਦ

**ਮੋਗਾ (ਇਕਬਾਲ ਖਹਿਰਾ)**

ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਦਿਨੋਂ-ਦਿਨ ਖਰਾਬ ਹੋ ਰਹੀ ਹੈ, ਹਰ ਰੋਜ਼ ਲੁੱਟਾਂ-ਖੋਹਾਂ, ਕਤਲਾਂ, ਫ਼ਿਰੌਤੀਆਂ ਮੰਗਣ ਅਤੇ ਨਸ਼ਿਆਂ ਦੇ ਕਾਰਨ ਨੌਜਵਾਨਾਂ ਦੀਆਂ ਮੌਤਾਂ ਵਿੱਚ ਚੋਖਾ ਵਾਧਾ ਹੋਇਆ ਹੈ । ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋ ਗਈ ਹੈ ਅਤੇ ਚੋਣਾਂ ਤੋਂ ਪਹਿਲਾਂ ਕੀਤੇ ਗਏ ਸਾਰੇ ਵਾਅਦੇ ਭੁੱਲ ਗਈ ਹੈ। ਇਹ ਦੋਸ਼ ਐਤਵਾਰ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਅਤੇ ਏਟਕ ਵਿੱਚ ਸ਼ਾਮਲ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਵਿਖੇ ਖਚਾਖਚ ਭਰੇ ਹਾਲ ਵਿੱਚ ਵਿਸ਼ਾਲ ਸੂਬਾ ਪੱਧਰੀ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ, ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਅਤੇ ਮੁੱਖ ਜਥੇਬੰਦਕ ਸਕੱਤਰ ਜਗਦੀਸ਼ ਸਿੰਘ ਚਾਹਲ ਵੱਲੋਂ ਲਗਾਏ ਗਏ। ਆਪਣੇ ਸੰਬੋਧਨ ਦੌਰਾਨ ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ ਨੇ ਕਿਹਾ ਕਿ ਮਾਨ ਸਰਕਾਰ ਵੀ ਮੋਦੀ ਸਰਕਾਰ ਵਾਂਗ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਪੰਜਾਬ ਵਿੱਚ ਬਹੁਤ ਸਾਰੀਆਂ ਲੋਕ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ, ਅਦਾਲਤਾਂ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਦਿੱਤੇ ਗਏ ਫੈਸਲੇ ਲਾਗੂ ਕਰਨ ਤੋਂ ਮੁਨਕਰ ਹੋ ਰਹੀ ਹੈ, ਝੂਠੀ ਸਿੱਖਿਆ ਕ੍ਰਾਂਤੀ ਦੇ ਨਾਂਅ ਹੇਠ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ ਅਤੇ ਹੱਕੀ ਮੰਗਾਂ ਲਈ ਲੜੇ ਜਾ ਰਹੇ ਸੰਘਰਸ਼ਾਂ ਨੂੰ ਕੁਚਲਣ ਦੇ ਕੁਰਾਹੇ ਪੈ ਗਈ ਹੈ।

ਰੋਜ਼ਗਾਰ ਪ੍ਰਾਪਤੀ ਮੁਹਿੰਮ ਦੇ ਸੂਬਾ ਸਲਾਹਕਾਰ ਜਗਰੂਪ ਸਿੰਘ ਨੇ ਕਿਹਾ ਕਿ ਹੁਕਮਰਾਨ ਸਰਕਾਰਾਂ ਦੀਆਂ ਨੀਤੀਆਂ ਦਿਨੋ-ਦਿਨ ਸਾਡੇ ਰੋਜ਼ਗਾਰ ਨੂੰ ਖੋਹਣ ਵਾਲੀਆਂ ਹਨ, ਇਸ ਕਰਕੇ ਮੁਲਾਜ਼ਮਾਂ, ਮਜ਼ਦੂਰ, ਪੈਨਸ਼ਨਰਾਂ ਤੇ ਲੋਕਾਂ ਨੂੰ ਇਕੱਠੇ ਹੋ ਕੇ ਸੰਘਰਸ਼ਾਂ ਅਤੇ ਸੂਝਬੂਝ ਨਾਲ ਇਸ ਦਾ ਮੁਕਾਬਲਾ ਕਰਨ ਲਈ ਲਾਮਬੰਦੀ ਕਰਨੀ ਚਾਹੀਦੀ ਹੈ।

ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਗੁਰਜੀਤ ਸਿੰਘ ਘੋੜੇਵਾਹ, ਗੁਰਮੇਲ ਸਿੰਘ ਮੈਲਡੇ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਅਵਤਾਰ ਸਿੰਘ ਗਗੜਾ, ਪ੍ਰੇਮ ਚਾਵਲਾ, ਪ੍ਰਭਜੀਤ ਸਿੰਘ ਉੱਪਲ, ਬਲਕਾਰ ਵਲਟੋਹਾ, ਪਾਵਰਕਾਮ ਪੈਨਸ਼ਨਰ ਯੂਨੀਅਨ ਦੇ ਸੂਬਾ ਵਰਕਿੰਗ ਪ੍ਰਧਾਨ ਚਮਕੌਰ ਸਿੰਘ ਤੇ ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ, ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੇ ਸੂਬਾਈ ਆਗੂ ਬਲਵਿੰਦਰ ਸਿੰਘ ਉਦੇਪੁਰੀ, ਪੀ ਆਰ ਟੀ ਸੀ ਵਰਕਰਜ਼ ਯੂਨੀਅਨ ਦੇ ਆਗੂ ਮੁਹੰਮਦ ਖਲੀਲ, ਆਲ ਇੰਡੀਆ ਆਸ਼ਾ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਤੇ ਜਨਰਲ ਸਕੱਤਰ ਬਲਵੀਰ ਕੌਰ ਗਿੱਲ, ਆਂਗਣਵਾੜੀ ਵਰਕਰਜ਼ ਅਤੇ ਹੈਲਪਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸਰੋਜ ਛਪੜੀ ਵਾਲਾ, ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਦੀਦਾਰ ਸਿੰਘ ਪੱਟੀ, ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੇ ਸੂਬਾ ਕਨਵੀਨਰ ਗੁਰਜੰਟ ਸਿੰਘ ਕੋਕਰੀ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਟਹਿਲ ਸਿੰਘ ਸਰਾਭਾ, ਡਿੰਪਲ ਰੁਹੇਲਾ, ਹੰਸ ਰਾਜ ਦੀਦਾਰਗੜ੍ਹ, ਵਿੱਤ ਸਕੱਤਰ ਮਨਜੀਤ ਸਿੰਘ ਗਿੱਲ, ਅਧਿਆਪਕ ਆਗੂ ਜਿੰਦਰ ਪਾਇਲਟ, ਪਾਂਵਰਕਾਮ ਆਊਟਸੋਰਸ ਮੁਲਾਜ਼ਮਾਂ ਦੇ ਆਗੂ ਹਰਵਿੰਦਰ ਸ਼ਰਮਾ, ਦਰਜਾ ਚਾਰ ਮੁਲਾਜ਼ਮ ਆਗੂ ਜਸਵਿੰਦਰ ਪਾਲ ਉੱਘੀ, ਸੁਖਦੇਵ ਸਿੰਘ ਸੁਰਤਾਪੁਰੀ ਜਗਮੋਹਨ ਨੌਲੱਖਾ, ਬਲਜਿੰਦਰ ਸਿੰਘ ਪਟਿਆਲਾ, ਆਸ਼ਾ ਵਰਕਰ ਬਲਵਿੰਦਰ ਕੌਰ ਤੇ ਬਚਿੱਤਰ ਸਿੰਘ ਧੋਥੜ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਸਾਰੇ ਵਿਭਾਗਾਂ, ਬੋਰਡਾਂ, ਨਿਗਮਾਂ ਦੇ ਸਮੂਹ ਕੱਚੇ, ਠੇਕਾ ਅਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਪੂਰੀਆਂ ਤਨਖਾਹਾਂ ਤੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ, ਪਰਖ ਕਾਲ ਦੌਰਾਨ ਮੁਢਲੀ ਤਨਖਾਹ ਦੇਣ ਦਾ 15 ਜਨਵਰੀ 2015 ਅਤੇ ਕੇਂਦਰੀ ਪੈਟਰਨ ਅਨੁਸਾਰ ਤਨਖਾਹਾਂ ਦੇਣ ਦਾ 17 ਜੁਲਾਈ 2020 ਨੂੰ ਜਾਰੀ ਪੱਤਰ ਤੁਰੰਤ ਰੱਦ ਕਰਕੇ ਮਾਣਯੋਗ ਅਦਾਲਤਾਂ ਵੱਲੋਂ ਕੀਤੇ ਗਏ ਫੈਸਲੇ ਤੁਰੰਤ ਲਾਗੂ ਕੀਤੇ ਜਾਣ, ਸਾਰੇ ਵਿਭਾਗਾਂ ਵਿੱਚ ਖਾਲੀ ਪਈਆਂ ਅਸਾਮੀਆਂ 'ਤੇ ਰੈਗੂਲਰ ਭਰਤੀ ਕੀਤੀ ਜਾਵੇ ਅਤੇ ਪੁਨਰਗਠਨ ਦੇ ਨਾਂਅ 'ਤੇ ਖਤਮ ਕੀਤੀਆਂ ਹਜ਼ਾਰਾਂ ਅਸਾਮੀਆਂ ਤੁਰੰਤ ਬਹਾਲ ਕੀਤੀਆਂ ਜਾਣ, ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇ, ਮੁਲਾਜ਼ਮਾਂ ਦੇ ਪੇਂਡੂ ਭੱਤਾ, ਬਾਰਡਰ ਏਰੀਆ ਭੱਤਾ ਸਮੇਤ ਕੱਟੇ ਵੱਖ-ਵੱਖ 37 ਭੱਤੇ ਬਹਾਲ ਕੀਤੇ ਜਾਣ, ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ 01 ਜਨਵਰੀ 2016 ਤੋਂ 30 ਜੂਨ 2021 ਤੱਕ ਸੋਧੀਆਂ ਗਈਆਂ ਤਨਖ਼ਾਹਾਂ/ਪੈਨਸ਼ਨਾਂ ਦਾ ਬਣਦਾ ਬਕਾਇਆ ਯਕਮੁਸ਼ਤ ਦਿੱਤਾ ਜਾਵੇ, ਮਹਿੰਗਾਈ ਭੱਤੇ ਦੀਆਂ ਪਿਛਲੀਆਂ ਸਾਰੀਆਂ ਕਿਸ਼ਤਾਂ ਦਾ ਬਣਦਾ ਸਾਰਾ ਬਕਾਇਆ ਅਤੇ ਡੀ ਏ ਦੀਆਂ 13 ਫੀਸਦੀ ਦੀ ਦਰ ਨਾਲ ਚਾਰ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਨਵੀਂ ਕੌਮੀ ਸਿੱਖਿਆ ਨੀਤੀ 2020 ਤੁਰੰਤ ਰੱਦ ਕੀਤੀ ਜਾਵੇ ਅਤੇ ਕੋਠਾਰੀ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਲਾਗੂ ਕਰਦੇ ਹੋਏ ਕਾਮਨ ਸਕੂਲ ਸਿਸਟਮ ਤੇ • ਬਾਕੀ ਸਫਾ 2 'ਤੇ



## ਸ਼ੇਖ ਹਸੀਨਾ 'ਤੇ ਕਤਲੇਆਮ ਦਾ ਕੇਸ ਚੱਲੇਗਾ



**ਢਾਕਾ** : ਬੰਗਲਾਦੇਸ਼ ਦੇ ਕੌਮਾਂਤਰੀ ਅਪਰਾਧ ਟ੍ਰਿਬਿਊਨਲ ਨੇ ਐਤਵਾਰ ਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਅਤੇ ਦੋ ਹੋਰਨਾਂ ਖਿਲਾਫ ਪਿਛਲੇ ਸਾਲ ਹੋਏ ਵਿਦਿਆਰਥੀਆਂ ਦੇ ਮੁਜ਼ਾਹਰਿਆਂ 'ਚ ਕਥਿਤ ਹਿੰਸਕ ਭੂਮਿਕਾ ਨਿਭਾਉਣ ਦੇ ਮਾਮਲੇ 'ਚ ਦੋਸ਼ ਆਇਦ ਕੀਤੇ ਹਨ। ਟ੍ਰਿਬਿਊਨਲ ਨੇ ਉਨ੍ਹਾਂ 'ਤੇ ਸਮੂਹਕ ਕਤਲ ਸਣੇ ਕਈ ਤਰ੍ਹਾਂ ਦੇ ਸੰਗੀਨ ਦੋਸ਼ ਲਾਏ ਹਨ। ਇਸ ਮੁਕੱਦਮੇ ਦੀ ਸੁਣਵਾਈ ਹਸੀਨਾ ਦੀ ਸਰਕਾਰ ਬਰਖਾਸਤ ਹੋਣ ਤੋਂ ਕਰੀਬ ਦਸ ਮਹੀਨੇ ਬਾਅਦ ਹੋਈ ਹੈ। ਹੁਣ ਉਨ੍ਹਾ ਦੀ ਗ਼ੈਰ-ਹਾਜ਼ਰੀ ਵਿੱਚ ਇਹ ਮੁਕੱਦਮਾ ਚੱਲ ਸਕਦਾ ਹੈ। ਤਿੰਨ ਜੱਜਾਂ ਦੀ ਅਗਵਾਈ ਵਾਲੀ ਬੈਂਚ ਨੇ ਕਿਹਾ, 'ਅਸੀਂ ਅਜਿਹੇ ਦੋਸ਼ਾਂ ਦਾ ਨੋਟਿਸ ਲੈਂਦੇ ਹਾਂ।' ਸਰਕਾਰੀ ਵਕੀਲਾਂ ਦੀ ਟੀਮ ਨੇ ਦੋਸ਼ ਲਾਇਆ ਸੀ ਕਿ ਉਨ੍ਹਾਂ ਤਾਕਤ ਦੀ ਵਰਤੋਂ ਕਰ ਕੇ ਵਿਦਿਆਰਥੀਆਂ ਦੇ ਸੰਘਰਸ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਸੀ।

## ਟਰੰਪ ਨੇ ਮਸਕ ਦੇ ਮਿੱਤਰ ਦਾ ਪੱਤਾ ਕੱਟਿਆ



**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ਨਿੱਚਰਵਾਰ ਦੇਰ ਰਾਤ ਐਲਾਨ ਕੀਤਾ ਕਿ ਉਹ ਨਾਸਾ ਦੀ ਅਗਵਾਈ ਕਰਨ ਲਈ ਐਲਨ ਮਸਕ ਦੇ ਸਹਿਯੋਗੀ ਇਸਾਕਮੈਨ (42) ਦਾ ਨਾਂਅ ਵਾਪਸ ਲੈ ਰਹੇ ਹਨ। ਟਰੰਪ ਨੇ ਕਿਹਾ ਕਿ ਉਹ ਇਸਾਕਮੈਨ ਦੇ 'ਪੁਰਾਣੇ ਰਿਸ਼ਤਿਆਂ' ਦੀ 'ਡੂੰਘੀ ਸਮੀਖਿਆ' ਮਗਰੋਂ ਇਸ ਨਤੀਜੇ 'ਤੇ ਪਹੁੰਚੇ ਹਨ। ਹਾਲਾਂਕਿ ਟਰੰਪ ਨੇ ਆਪਣੀ ਗੱਲ ਤਫਸੀਲ ਵਿਚ ਨਹੀਂ ਸਮਝਾਈ। ਟਰੰਪ ਨੇ ਕਿਹਾ ਕਿ ਉਹ ਜਲਦ ਹੀ ਨਵੇਂ ਉਮੀਦਵਾਰ ਦਾ ਐਲਾਨ ਕਰਨਗੇ, ਜੋ ਮਿਸ਼ਨ ਨਾਲ ਜੁੜਿਆ ਹੋਵੇਗਾ ਤੇ ਪੁਲਾੜ ਵਿੱਚ ਅਮਰੀਕਾ ਨੂੰ ਅੱਗੇ ਰੱਖੇਗਾ। ਟਰੰਪ ਨੇ ਦਸੰਬਰ ਵਿੱਚ ਐਲਾਨ ਕੀਤਾ ਸੀ ਕਿ ਉਨ੍ਹਾ ਇਸਾਕਮੈਨ ਨੂੰ ਪੁਲਾੜ ਏਜੰਸੀ ਦਾ ਅਗਲਾ ਪ੍ਰਸ਼ਾਸਕ ਚੁਣਿਆ ਹੈ। ਸੈਨੇਟ ਦੀ ਵਣਜ, ਵਿਗਿਆਨ ਤੇ ਟਰਾਂਪੋਰਟ ਕਮੇਟੀ ਨੇ ਅਪਰੈਲ ਦੇ ਅਖੀਰ ਵਿੱਚ ਇਸਾਕਮੈਨ ਦੀ ਨਾਮਜ਼ਦਗੀ ਨੂੰ ਮਨਜ਼ੂਰੀ ਦਿੱਤੀ ਸੀ ਤੇ ਉਨ੍ਹਾ ਦੇ ਨਾਂਅ ਦੀ ਪੁਸ਼ਟੀ ਲਈ ਸੈਨੇਟ ਵਿਚ ਜਲਦੀ ਵੋਟਿੰਗ ਹੋਣ ਦੀ ਉਮੀਦ ਸੀ। ਮਸਕ ਨੇ ਸ਼ਨਿੱਚਰਵਾਰ ਨੂੰ ਇਹ ਖ਼ਬਰ ਆਉਣ ਮਗਰੋਂ ਟਰੰਪ ਦੇ ਫੈਸਲੇ 'ਤੇ ਅਫਸੋਸ ਜਤਾਇਆ ਤੇ ਇੱਕ ਪੋਸਟ ਵਿੱਚ ਲਿਖਿਆ : "ਇੰਨਾ ਸਮਰੱਥ ਅਤੇ ਨੇਕ ਦਿਲ ਵਿਅਕਤੀ ਮਿਲਣਾ ਬਹੁਤ ਮੁਸ਼ਕਲ ਹੈ।"

# ਜਿੱਤ ਤੋਂ ਬਾਅਦ ਫਰਾਂਸ ਭਰ 'ਚ ਖਰੂਦ



**ਪੈਰਿਸ** : ਫਰਾਂਸੀਸੀ ਕਲੱਬ ਪੈਰਿਸ ਸੇਂਟ ਜਰਮੇਨ'ਜ਼ (ਪੀ ਐੱਸ ਜੀ) ਵੱਲੋਂ ਚੈਂਪੀਅਨਜ਼ ਲੀਗ ਫੁੱਟਬਾਲ ਟਰਾਫੀ ਜਿੱਤਣ ਤੋਂ ਬਾਅਦ ਫਰਾਂਸ ਦੇ ਵੱਖ-ਵੱਖ ਇਲਾਕਿਆਂ ਵਿੱਚ ਖੁਸ਼ੀ ਮਨਾਉਂਦਿਆਂ ਹੋਈ ਹਿੰਸਾ 'ਚ 2 ਵਿਅਕਤੀ ਮਾਰੇ ਗਏ ਤੇ 192 ਜ਼ਖਮੀ ਹੋ ਗਏ। ਪੁਲਸ ਨੇ 559 ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਸਨਿੱਚਰਵਾਰ ਰਾਤ ਭਰ ਅੱਗਾਂ ਨਾਲ ਨਿੱਬੜਦਿਆਂ 22 ਪੁਲਸ ਅਫਸਰ ਤੇ 7 ਫਾਇਰ ਫਾਈਟਰ ਜ਼ਖਮੀ ਹੋ ਗਏ। ਕਿਸੇ ਫਰਾਂਸੀਸੀ ਕਲੱਬ ਵੱਲੋਂ ਪਹਿਲੀ ਵਾਰ ਯੂਰਪ ਦੀ ਸਭ ਤੋਂ ਵੱਡੀ ਚੈਂਪੀਅਨਜ਼ ਲੀਗ ਜਿੱਤਣ ਤੋਂ ਬਾਅਦ ਫੁੱਟਬਾਲ ਦੀਵਾਨਿਆਂ ਨੇ ਰਾਤ ਭਰ ਸੜਕਾਂ 'ਤੇ ਗੇੜੀਆਂ ਤੇ ਅੱਗਾਂ ਲਾਈਆਂ, ਜਿਸ ਨਾਲ 264 ਵਾਹਨ ਤਬਾਹ ਹੋ ਗਏ। ਪੀ ਐੱਸ ਜੀ ਨੇ ਇਟਲੀ ਦੀ ਇੰਟਰ ਮਿਲਾਨ ਕਲੱਬ ਨੂੰ 5-0 ਨਾਲ ਹਰਾਇਆ।

# ਰੂਸ ਤੇ ਯੂਕਰੇਨ ਵੱਲੋਂ ਭਿਆਨਕ ਡਰੋਨ ਹਮਲੇ



**ਕੀਵ** : ਸੋਮਵਾਰ ਤੁਰਕੀ ਦੇ ਇਸਤੰਬਲ ਵਿੱਚ ਅਮਨ ਵਾਰਤਾ ਦੇ ਮੌਕੇ ਰੂਸ ਤੇ ਯੂਕਰੇਨ ਵਿਚਾਲੇ ਐਤਵਾਰ ਜੰਗ ਤੇਜ਼ ਹੋ ਗਈ। ਰੂਸ ਵੱਲੋਂ ਸ਼ਨਿੱਚਰਵਾਰ ਰਾਤ ਕੀਤੇ ਹਮਲਿਆਂ ਤੋਂ ਬਾਅਦ ਯੂਕਰੇਨ ਨੇ ਡਰੋਨਾਂ ਨਾਲ ਰੂਸ ਦੇ ਏਅਰਬੇਸਾਂ ਨੂੰ ਨਿਸ਼ਾਨਾ ਬਣਾਇਆ ਤੇ ਘੱਟੋਘੱਟ 40 ਬੰਬਾਰ ਤਬਾਹ ਕਰ ਦੇਣ ਦਾ ਦਾਅਵਾ ਕੀਤਾ। ਯੂਕਰੇਨ ਨੇ ਕਿਹਾ ਕਿ ਰੂਸ ਨੇ 2022 ਤੋਂ ਛਿੜੀ ਜੰਗ ਵਿੱਚ ਸਭ ਤੋਂ ਵੱਡਾ ਡਰੋਨ ਹਮਲਾ ਕੀਤਾ ਸੀ। ਉਸਨੇ 472 ਡਰੋਨ ਤੇ 7 ਮਿਜ਼ਾਈਲਾਂ ਚਲਾਈਆਂ। ਯੂਕਰੇਨ ਨੇ 383 ਡਰੋਨ ਤੇ 3 ਮਿਜ਼ਾਈਲਾਂ ਸੁੱਟ ਲਈਆਂ। ਰੂਸੀ ਹਮਲੇ ਵਿੱਚ 12 ਯੂਕਰੇਨੀ ਫੌਜੀ ਮਾਰੇ ਗਏ। ਜਵਾਬ ਵਿੱਚ ਯੂਕਰੇਨ ਨੇ ਵੀ ਪੂਰਬੀ ਸਾਈਬੇਰੀਆ ਤਕ ਰੂਸੀ ਏਅਰਬੇਸਾਂ 'ਤੇ ਡਰੋਨ ਹਮਲੇ ਕੀਤੇ ਤੇ 40 ਜਹਾਜ਼ ਤਬਾਹ ਕਰ ਦਿੱਤੇ।

## 'ਜੈਚੰਦ ਵਰਗਿਆਂ ਨੇ ਮੈਨੂੰ ਪਾਰਟੀ ਵਿੱਚੋਂ ਕਢਵਾਇਆ'



**ਪਟਨਾ** : ਰਾਸ਼ਟਰੀ ਜਨਤਾ ਦਲ ਮੁਖੀ ਲਾਲੂ ਪ੍ਰਸਾਦ ਯਾਦਵ ਦੇ ਵੱਡੇ ਪੁੱਤਰ ਤੇਜ਼ ਪ੍ਰਤਾਪ ਯਾਦਵ ਨੇ ਐਤਵਾਰ ਸਵੇਰੇ ਇੱਕ ਜਜ਼ਬਾਤੀ ਪੋਸਟ ਵਿੱਚ ਖੁਦ ਨੂੰ ਸਿਆਸੀ ਸਾਜ਼ਿਸ਼ਾਂ ਦਾ ਸ਼ਿਕਾਰ ਦੱਸਿਆ। ਉਸ ਨੇ ਇਸ਼ਾਰਿਆਂ ਵਿੱਚ ਕੁਝ 'ਜੈਚੰਦ ਜਿਹੇ ਲਾਲਚੀ ਲੋਕਾਂ' ਉਤੇ ਨਿਸ਼ਾਨਾ ਲਾਇਆ ਹੈ, ਜਿਸ ਨੂੰ ਸਿਆਸੀ ਗਲਿਆਰਿਆਂ ਵਿੱਚ ਉਸ ਦੇ ਛੋਟੇ ਭਰਾ ਤੇਜਸਵੀ ਯਾਦਵ ਦੇ ਕਰੀਬੀ ਸੰਜੈ ਯਾਦਵ ਵੱਲ ਇਸ਼ਾਰਾ ਮੰਨਿਆ ਜਾ ਰਿਹਾ ਹੈ।

ਪਾਰਟੀ ਸੁਪਰੀਮੋ ਤੇ ਸਾਬਕਾ ਮੁੱਖ ਮੰਤਰੀ ਲਾਲੂ ਪ੍ਰਸਾਦ ਨੇ 25 ਮਈ ਨੂੰ ਤੇਜ ਪ੍ਰਤਾਪ ਯਾਦਵ ਨੂੰ ਪਾਰਟੀ 'ਚੋਂ ਬਾਹਰ ਦਾ ਰਾਹ ਦਿਖਾਉਂਦਿਆਂ ਉਸ ਨਾਲ ਸਾਰੇ ਪਰਵਾਰਕ ਰਿਸ਼ਤੇ ਤੋੜ ਲਏ ਸਨ। ਲਾਲੂ ਨੇ ਆਪਣੇ ਵੱਡੇ ਪੁੱਤਰ ਦੀਆਂ ਕਾਰਵਾਈਆਂ ਨੂੰ 'ਗ਼ੈਰਜ਼ਿੰਮੇਵਾਰਾਨਾ' ਕਰਾਰ ਦਿੱਤਾ ਸੀ। ਤੇਜ ਪ੍ਰਤਾਪ ਨੇ ਪੋਸਟ ਵਿੱਚ ਕਿਹਾ ਹੈ, "ਮੇਰੇ ਪਿਆਰੇ ਮੰਮੀ ਪਾਪਾ ਮੇਰੀ ਸਾਰੀ ਦੁਨੀਆ ਤੁਹਾਡੇ ਦੋਵਾਂ ਵਿੱਚ ਵਸਦੀ ਹੈ। ਤੁਸੀਂ ਹੋ ਤਾਂ ਸਭ ਕੁਝ ਮੇਰੇ ਕੋਲ ਹੈ। ਪਾਪਾ ਤੁਸੀਂ ਨਹੀਂ ਹੁੰਦੇ ਤਾਂ ਨਾ ਇਹ ਪਾਰਟੀ ਹੁੰਦੀ ਤੇ ਨਾ ਮੇਰੇ ਨਾਲ ਸਿਆਸਤ ਕਰਨ ਵਾਲੇ ਜੈਚੰਦ ਜਿਹੇ ਲੋਕ।"

## ਸਾਂਸਦ ਪ੍ਰਿਆ ਸਰੋਜ ਤੇ ਰਿੰਕੂ ਸਿੰਘ ਦੀ 8 ਨੂੰ ਰਿੰਗ ਸੈਰੇਮਨੀ



**ਲਖਨਊ** : ਮਛਲੀਸ਼ਹਿਰ ਤੋਂ ਸਮਾਜਵਾਦੀ ਪਾਰਟੀ ਦੀ ਲੋਕ ਸਭਾ ਮੈਂਬਰ ਐਡਵੋਕੇਟ ਪ੍ਰਿਆ ਸਰੋਜ ਤੇ ਕ੍ਰਿਕਟਰ ਰਿੰਕੂ ਸਿੰਘ ਦੀ 8 ਜੂਨ ਨੂੰ ਇੱਥੇ ਰਿੰਗ ਸੈਰੇਮਨੀ ਹੋ ਰਹੀ ਹੈ। ਵਾਰਾਨਸੀ ਦੇ ਪਿੰਡ ਕਰਖਿਆਓਂ ਦੀ ਪ੍ਰਿਆ ਦੇਸ਼ ਦੀ ਸਭ ਤੋਂ ਛੋਟੀ ਉਮਰ ਦੀ ਸਾਂਸਦ ਹੈ। ਉਸ ਨੇ ਭਾਜਪਾ ਦੇ ਬੀ ਪੀ ਸਰੋਜ ਨੂੰ 35 ਹਜ਼ਾਰ ਤੋਂ ਵੱਧ ਵੋਟਾਂ ਨਾਲ ਹਰਾਇਆ ਸੀ। ਉਸ ਦੇ ਪਿਤਾ ਤੂਫਾਨੀ ਸਰੋਜ ਤਿੰਨ ਵਾਰ ਸਾਂਸਦ ਰਹੇ ਤੇ ਹੁਣ ਕੇਰਾਕਟ ਤੋਂ ਵਿਧਾਇਕ ਹਨ। ਰਿੰਕੂ ਅਲੀਗੜ੍ਹ ਤੋਂ ਹੈ।

## ਅੱਜ-ਨਾਮਾ

ਛੱਡ ਕੇ ਬੈਂਸ ਨੂੰ ਹੋ ਗਿਆ ਕਾਂਗਰਸੀਆ,
ਜੋੜਿਆ ਆਪ ਦੇ ਨਾਲ ਫਿਰ ਜੋੜ ਬੇਲੀ।
ਕਈਆਂ ਨਾਲ ਸੰਬੰਧ ਸਨ ਬਣੇ-ਵਿਗੜੇ,
ਪੂਰੀ ਹੋਈ ਨਹੀਂ ਦਿੱਸ ਰਹੀ ਲੋੜ ਬੇਲੀ।
ਚਰਚੇ ਚਿਰਾਂ ਤੋਂ ਚੱਲ ਰਹੇ ਸੁਣੇ ਬਾਹਲੇ,
ਰੱਖ ਲਊ ਸਾਂਝ ਕਿ ਜਾਊਗਾ ਤੋੜ ਬੇਲੀ।
ਵਕਤ ਆਖਰ ਨਿਬੇੜੇ ਦਾ ਆਣ ਪਹੁੰਚਾ,
ਕਾਂਗਰਸਪੁਰੀ ਵੱਲ ਮੋੜਿਆ ਮੋੜ ਬੇਲੀ।
ਭਟਕਦੀ ਰੂਹ ਜੋ ਕਿਸੇ ਵੀ ਧਿਰ ਅੰਦਰ,
ਦੇਵੇ ਭਟਕਣ ਨਾ ਓਸ ਨੂੰ ਬਹਿਣ ਬੇਲੀ।
ਸੱਦਣ ਵਾਲੇ ਵੀ ਬਾਤ ਇਹ ਜਾਣਦੇ ਈ,
ਦਿਨ ਬਹੁਤੇ ਨਾ ਲੱਗਿਆ ਰਹਿਣ ਬੇਲੀ।

-ਤੀਸ ਮਾਰ ਖਾਂ

# ਐਡਵੋਕੇਟ ਧਾਮੀ ਅੱਜ ਹਰਨਾਮ ਸਿੰਘ ਧੁੰਮਾ ਨੂੰ ਮਨਾਉਣ ਜਾਣਗੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਜੂਨ 1984 ਦੇ ਘੱਲੂਘਾਰੇ ਦੀ 41ਵੀਂ ਵਰ੍ਹੇਗੰਢ ਮੌਕੇ 6 ਜੂਨ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਹੋਣ ਵਾਲੇ ਸ਼ਹੀਦੀ ਸਮਾਗਮ ਵਿੱਚ ਅਕਾਲ ਤਖਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸਿੱਖ ਕੌਮ ਦੇ ਨਾਂਅ ਸੰਦੇਸ਼ ਜਾਰੀ ਕਰਨ 'ਤੇ ਦਮਦਮੀ ਟਕਸਾਲ ਦੇ ਮੁਖੀ ਹਰਨਾਮ ਸਿੰਘ ਧੁੰਮਾ ਵੱਲੋਂ ਵਿਰੋਧ ਕਰਨ ਦੇ ਐਲਾਨ ਮਗਰੋਂ ਪੈਦਾ ਹੋਈ ਸੰਕਟ ਦੀ ਸਥਿਤੀ ਨੂੰ ਹੱਲ ਕਰਨ ਵਾਸਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇੱਕ ਵਫਦ 2 ਜੂਨ ਨੂੰ ਉਨ੍ਹਾ ਨਾਲ ਮੁਲਾਕਾਤ ਕਰੇਗਾ। ਸ਼੍ਰੋਮਣੀ ਕਮੇਟੀ ਚਾਹੁੰਦੀ ਹੈ ਕਿ ਘੱਲੂਘਾਰਾ ਦਿਵਸ ਸ਼ਾਂਤਮਈ ਢੰਗ ਨਾਲ ਮਨਾਇਆ ਜਾਵੇ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਦਮਦਮੀ ਟਕਸਾਲ ਦੇ ਮੁਖੀ ਨਾਲ ਮੁਲਾਕਾਤ ਦਾ ਮਕਸਦ ਪੰਥਕ ਏਕਤਾ ਨੂੰ ਮਜ਼ਬੂਤ ਕਰਨਾ ਅਤੇ ਸਮਾਗਮ ਦੌਰਾਨ ਕਿਸੇ ਵੀ ਤਰ੍ਹਾਂ ਦੇ ਟਕਰਾਅ ਨੂੰ ਰੋਕਣਾ ਹੈ। ਉਨ੍ਹਾ ਕਿਹਾ ਕਿ ਇਸ ਦਿਨ ਨੂੰ ਸੁਹਿਰਦ ਪਹੁੰਚ ਨਾਲ ਮਨਾਉਣਾ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ।

ਧੁੰਮਾ ਨੇ ਕਿਹਾ ਹੈ ਕਿ ਜਥੇਦਾਰ ਗੜਗੱਜ ਦੀ ਥਾਂ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਾਹਿਬਾਨ ਜਾਂ ਸ੍ਰੀ ਅਕਾਲ ਤਖਤ ਦੇ ਮੁੱਖ ਗ੍ਰੰਥੀ ਸਿੱਖ ਕੌਮ ਦੇ ਨਾਂਅ ਸੰਦੇਸ਼ ਜਾਰੀ ਕਰ ਸਕਦੇ ਹਨ ਅਤੇ ਇਸ ਨਾਲ ਸਥਿਤੀ ਸ਼ਾਂਤਪੂਰਨ ਬਣੀ ਰਹੇਗੀ। ਦਮਦਮੀ ਟਕਸਾਲ ਤੇ ਉਸ ਦੀਆਂ ਹਮਖਿਆਲੀ ਸਿੱਖ ਜਥੇਬੰਦੀਆਂ ਵੱਲੋਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਨਿਯੁਕਤੀ ਨੂੰ ਮਾਨਤਾ ਨਹੀਂ ਦਿੱਤੀ ਗਈ ਸੀ, ਜਿਸ ਦੇ ਖਿਲਾਫ ਉਹ ਵਿਰੋਧ ਪ੍ਰਦਰਸ਼ਨ ਵੀ ਕਰ ਚੁੱਕੇ ਹਨ।

ਇਸੇ ਦੌਰਾਨ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜੂਨ 1984 ਘੱਲੂਘਾਰੇ ਦੇ ਸ਼ਹੀਦੀ ਹਫਤੇ ਸਬੰਧੀ ਸਮੁੱਚੀ ਸਿੱਖ ਕੌਮ ਨੂੰ ਅਪੀਲ ਕੀਤੀ ਹੈ ਕਿ ਇਹ ਦਿਹਾੜੇ ਪੰਥਕ ਇਕਜੁੱਟਤਾ ਦੀ ਭਾਵਨਾ ਨਾਲ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਲਈ ਮਨਾਏ ਜਾਣ।

ਉਨ੍ਹਾ ਕਿਹਾ ਕਿ ਜੂਨ 1984 ਵਿੱਚ ਜਦੋਂ ਸਿੱਖ ਸੰਗਤ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਮਨਾਉਣ ਲਈ ਇਕੱਤਰ ਹੋਈ ਸੀ ਤਾਂ ਕੇਂਦਰ ਦੀ ਕਾਂਗਰਸ ਸਰਕਾਰ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖਤ ਸਾਹਿਬ ਉੱਤੇ ਟੈਂਕਾਂ, ਤੋਪਾਂ ਤੇ ਗੋਲੀਆਂ ਨਾਲ ਹਮਲਾ ਕੀਤਾ ਗਿਆ ਸੀ, ਜਿਸ ਵਿੱਚ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ, ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਅਮਰੀਕ ਸਿੰਘ, ਬਾਬਾ ਠਾਰਾ ਸਿੰਘ ਤੇ ਜਨਰਲ ਸੁਬੇਗ ਸਿੰਘ ਸਮੇਤ ਸੈਂਕੜੇ ਸਿੱਖ ਸ਼ਹੀਦੀਆਂ ਪ੍ਰਾਪਤ ਕਰ ਗਏ ਸਨ। ਇਸ ਦੌਰਾਨ ਪੰਜਾਬ ਦੇ ਕਈ ਹੋਰ ਗੁਰਦੁਆਰਾ ਸਾਹਿਬਾਨ ਨੂੰ ਵੀ ਨਿਸ਼ਾਨਾ ਬਣਾਇਆ ਗਿਆ। ਕਾਰਜਕਾਰੀ ਜਥੇਦਾਰ ਨੇ ਕਿਹਾ ਕਿ ਜੂਨ 1984 ਦਾ ਫੌਜੀ ਹਮਲਾ ਸਿੱਖ ਕੌਮ ਕਦੇ ਵੀ ਭੁੱਲ ਨਹੀਂ ਸਕਦੀ ਅਤੇ ਹਰ ਸਾਲ ਜੂਨ ਦਾ ਪਹਿਲਾ ਹਫਤਾ ਕੌਮ ਲਈ ਬਹੁਤ ਹੀ ਭਾਵਨਾਤਮਕ ਤੇ • ਬਾਕੀ ਸਫਾ 2 'ਤੇ




ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਪਿਤਾ ਜੀ
**ਕਾਮਰੇਡ ਪ੍ਰਵੀਨ ਧਵਨ ਜੀ**
ਆਪਣੇ ਸਵਾਸਾਂ ਰੂਪੀ ਪੂੰਜੀ ਨੂੰ ਭੋਗਦੇ ਹੋਏ ਮਿਤੀ 21 ਮਈ 2025, ਦਿਨ ਬੁੱਧਵਾਰ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਉਨ੍ਹਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ
**ਸ੍ਰੀ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ**
ਮਿਤੀ 3-6-2025 ਦਿਨ ਮੰਗਲਵਾਰ ਨੂੰ ਦੁਪਹਿਰ 1:00 ਵਜੇ ਤੋਂ 2:00 ਵਜੇ ਤੱਕ
**ਚੋਖਾ ਪੈਲੇਸ, ਗੇਟ ਨੰ. 2 ਮੋਗਾ** ਵਿਖੇ ਪਵੇਗਾ।
ਸੋ ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।
**ਦੁਖੀ ਹਿਰਦੇ ਨਾਲ**
ਸੁਸ਼ੀਲ ਧਵਨ "ਰਿੰਕੂ"-ਰਿੰਪੀ ਧਵਨ (ਸਪੁੱਤਰ-ਨੂੰਹ) ਧਵਨ ਗਾਰਮੈਂਟਸ, ਮੋਬਾ: 99148-35582
ਰਾਜੀਵ ਧਵਨ-ਜੋਤੀ ਧਵਨ (ਸਪੁੱਤਰ-ਨੂੰਹ) ਧਵਨ ਗਾਰਮੈਂਟਸ, ਮੋਬਾ: 98806-04516
ਅਮਿਤ ਧਵਨ-ਪ੍ਰਿਆ ਧਵਨ (ਸਪੁੱਤਰ-ਨੂੰਹ) ਧਵਨ ਪ੍ਰਾਪਰਟੀਜ਼, ਮੋਬਾ: 98559-00197
ਸੋਨੀਆ (ਸਪੁੱਤਰੀ) ਅਤੇ ਸਮੂਹ ਧਵਨ ਪਰਵਾਰ
ਮੋਬਾ: 98885-27798


CMYK

## ਮਾਤਾ ਹਰਦੇਈ ਸਕੂਲ ਦੀਆਂ ਵਿਦਿਆਰਥਣਾਂ ਦਾ ਸਨਮਾਨ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਇਲਾਕੇ ਦੀਆਂ ਲੜਕੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰ ਰਹੀ ਸੰਸਥਾ ਮਾਤਾ ਹਰਦੇਈ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦਾ ਸੈਸ਼ਨ 2024-25 ਦਾ ਦਸਵੀਂ ਤੇ ਬਾਰਵੀਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਦਸਵੀ 'ਚੋਂ ਜਸਨੀਤ ਕੌਰ ਨੇ 93 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ, ਗੁਰਲੀਨ ਕੌਰ ਨੇ 90 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਤੇ ਗਰਿਮਾ ਸ਼ਰਮਾ ਨੇ 89 ਪ੍ਰਤੀਸ਼ਤ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਬਾਰਵੀਂ ਕਲਾਸ (ਆਰਟਸ) 'ਚੋਂ ਜਸ਼ਨਦੀਪ ਕੌਰ ਨੇ 97 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਪਹਿਲਾ, ਅਨੁਰੀਤ ਕੌਰ ਨੇ 92 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਦੂਜਾ ਤੇ ਦੀਪਿਕਾ ਨੇ 85 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਤੀਜਾ ਸਥਾਨ ਪ੍ਰਾਪਤ ਕੀਤਾ, ਸਾਇੰਸ 'ਚੋਂ ਪ੍ਰਭਲੀਨ ਕੌਰ ਨੇ 95 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਪਹਿਲਾ, ਜਸਮੀਤ ਕੌਰ ਨੇ 95 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਦੂਜਾ ਤੇ ਜਸਮੀਨ ਕੌਰ ਨੇ 93 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਤੀਜਾ ਸਥਾਨ ਪ੍ਰਾਪਤ ਕੀਤਾ, ਕਾਮਰਸ 'ਚੋਂ ਕੋਮਲਪ੍ਰੀਤ ਕੌਰ ਨੇ 96 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਪਹਿਲਾ, ਰਮਨਪ੍ਰੀਤ ਕੌਰ ਨੇ 94 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਦੂਜਾ ਤੇ ਨਵਨੀਤ ਕੌਰ ਨੇ 91 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਰਿੰਦਰ ਕੁੰਦਰਾ, ਜਨਰਲ ਸੈਕੇਟਰੀ ਗੁਰਨਾਮ ਸਿੰਘ ਨਾਗਰਾ, ਖਜ਼ਾਨਚੀ ਜੇ. ਪੀ. ਮੱਕੜ ਨੇ ਕਿਹਾ ਕਿ ਇਹ 100 ਪ੍ਰਤੀਸ਼ਤ ਨਤੀਜਾ ਯੋਗ ਅਧਿਆਪਕਾਂ ਦੀ ਅਗਵਾਈ, ਵਿਦਿਆਰਥੀਆਂ ਦੀ ਸਖ਼ਤ ਮਿਹਨਤ ਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਦੇ ਸਹਿਯੋਗ ਤੋਂ ਬਿਨ੍ਹਾਂ ਸੰਭਵ ਨਹੀਂ। ਇਸ ਮੌਕੇ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੋਮੈਂਟੋ ਇਨਾਮ ਵਜੋਂ ਦਿੰਦਿਆਂ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸਕੂਲ ਪ੍ਰਿੰਸੀਪਲ ਦਵਿੰਦਰ ਸਿੰਘ ਤੇ ਸਟਾਫ਼ ਮੈਂਬਰ ਮੌਜੂਦ ਸਨ।

## ਬਾਬਾ ਕਾਲਾ ਮਾਹਿਰ ਪ੍ਰਬੰਧਕੀ ਕਮੇਟੀ ਦੇ ਨਵੇਂ ਅਹੁਦੇਦਾਰ ਚੁਣੇ



ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਨੇੜਲੇ ਪਿੰਡ ਮਾਣੂੰਕੇ ਸੰਧੂ ਦੇ ਧਾਰਮਿਕ ਅਸਥਾਨ ਬਾਬਾ ਕਾਲਾ ਮਾਹਿਰ ਵਿਖੇ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਦੀ ਅਗਵਾਈ 'ਚ ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਦੀ ਮੀਟਿੰਗ ਹੋਈ, ਜਿਸ ਵਿੱਚ ਪਿੰਡ ਦੇ ਮੋਹਤਬਰਾਂ, ਨੌਜਵਾਨਾਂ, ਸੇਵਾਦਾਰਾਂ ਤੇ ਔਰਤਾਂ ਨੇ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਸਰਪੰਚ ਹਰਪ੍ਰੀਤ ਸਿੰਘ ਹੈਪੀ ਨੇ ਦੱਸਿਆ ਕਿ ਸਮੂਹ ਪਿੰਡ ਵਾਸੀਆਂ ਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਕਰੀਬ ਦੋ ਘੰਟੇ ਵਿਚਾਰ ਚਰਚਾ ਕਰਨ ਤੋਂ ਬਾਅਦ ਇਸ ਅਸਥਾਨ ਦੀ ਸੇਵਾ ਤੇ ਅਧੂਰੇ ਕਾਰਜਾਂ ਨੂੰ ਕਰਨ ਲਈ ਕਮੇਟੀ ਦਾ ਵਿਸਥਾਰ ਕੀਤਾ ਗਿਆ ਤੇ ਬਿਨਾਂ ਕਿਸੇ ਮਤਭੇਦ ਦੇ ਸਰਬਸੰਮਤੀ ਨਾਲ ਪ੍ਰਬੰਧਕੀ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਨੂੰ ਕਮੇਟੀ ਦਾ ਚੇਅਰਮੈਨ, ਕਬੱਡੀ ਖਿਡਾਰੀ ਹਰਪ੍ਰੀਤ ਸਿੰਘ ਹੈਪੀ ਨੂੰ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਗੁਰਜਿੰਦਰ ਸਿੰਘ ਬਿੱਟੂ ਸੰਧੂ, ਮੀਤ ਪ੍ਰਧਾਨ ਦਲਵੀਰ ਸਿੰਘ ਰੈਂਕੂ, ਸੈਕਟਰੀ ਇੰਦਰਜੀਤ ਸਿੰਘ ਸੰਧੂ ਤੇ ਖ਼ਜ਼ਾਨਚੀ ਰਾਜਵਿੰਦਰ ਸਿੰਘ ਰਾਜਾ ਤੋਂ ਇਲਾਵਾ ਸਤਨਾਮ ਸਿੰਘ ਸੱਤੀ, ਕੁਲਦੀਪ ਸਿੰਘ ਦਿਓਲ, ਅਮਨਦੀਪ ਸਿੰਘ ਵਿੱਕੀ, ਇੰਦਰਜੀਤ ਸਿੰਘ ਖਾਲਸਾ, ਬੂਟਾ ਸਿੰਘ ਸੰਧੂ, ਬਸੰਤ ਸਿੰਘ, ਜਗਵੀਰ ਸਿੰਘ ਪੰਨੂ, ਪ੍ਰਿਤਪਾਲ ਸਿੰਘ, ਹਰਕਰਮਜੋਤ ਸਿੰਘ, ਜਗਰੂਪ ਸਿੰਘ, ਹਰਦੇਵ ਸਿੰਘ, ਜਗਤਾਰ ਸਿੰਘ ਤਾਰੀ, ਸਾਧੂ ਸਿੰਘ (ਤਿੰਨੇ ਪੰਚ), ਭਿੰਦਰਜੀਤ ਸਿੰਘ, ਚਰਨਜੀਤ ਕੌਰ, ਅਮਰਜੀਤ ਕੌਰ, ਬੀਬੀ ਕੁਲਦੀਪ ਕੌਰ ਭੱਠਲ, ਆਜ਼ਾਦਵੀਰ ਸਿੰਘ, ਜਤਿੰਦਰਪਾਲ ਸਿੰਘ, ਕੋਮਲਪ੍ਰੀਤ ਸਿੰਘ ਕੋਮਲ, ਧਰਮਪਾਲ ਸਿੰਘ, ਦਲੀਪ ਦਾਸ ਮਹੰਤ, ਸੁਰਜੀਤ ਸਿੰਘ ਮੀਤੀ, ਅੰਗਰੇਜ਼ ਸਿੰਘ ਦੌਧਰੀਆ, ਦਲਜੀਤ ਸਿੰਘ ਟੱਲੀਕੇ ਤੇ ਕਰਮਜੀਤ ਸਿੰਘ ਯੂ.ਪੀ. ਆਦਿ ਮੈਂਬਰ ਚੁਣੇ ਗਏ।ਨਵੇਂ ਚੁਣੇ ਪ੍ਰਧਾਨ ਹਰਪ੍ਰੀਤ ਸਿੰਘ ਹੈਪੀ ਨੇ ਕਿਹਾ ਕਿ ਜੋ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਬਾਬਾ ਕਾਲਾ ਮਾਹਿਰ ਜੀ ਦੇ ਅਸਥਾਨ ਦੀ ਸੇਵਾ ਸੌਂਪੀ ਗਈ ਹੈ, ਉਸ ਨੂੰ ਉਹ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਸੀਨੀਅਰ ਵਾਈਸ ਪ੍ਰਧਾਨ ਗੁਰਜਿੰਦਰ ਬਿੱਟੂ ਸੰਧੂ ਨੇ ਕਿਹਾ ਕਿ ਪ੍ਰਬੰਧਕੀ ਕਮੇਟੀ ਦੀ ਚੋਣ ਬਿਨਾਂ ਮਤਭੇਦ ਦੇ ਸਰਬਸੰਮਤੀ ਨਾਲ ਕੀਤੀ ਗਈ ਹੈ।

## ਬੀ ਕੇ ਯੂ ਕ੍ਰਾਂਤੀਕਾਰੀ ਪਿੰਡ ਸੋਸਣ ਇਕਾਈ ਦੀ ਚੋਣ

### ਬਲਜਿੰਦਰ ਸਿੰਘ ਪ੍ਰਧਾਨ ਤੇ ਬੋਹੜ ਸਿੰਘ ਬਣੇ ਸਕੱਤਰ



ਮੋਗਾ (ਇਕਬਾਲ ਸਿੰਘ ਖਹਿਰਾ) ਪਿੰਡ ਸੋਸਣ ਵਿਖੇ ਕਿਸਾਨ ਟੀਮ ਗੁਰਪ੍ਰੀਤ ਸਿੰਘ, ਭਗਵੰਤ ਸਿੰਘ ਤੇ ਜਗਸੀਰ ਸਿੰਘ ਸਾਰੇ ਵਾਸੀ ਪਿੰਡ ਸੱਦੇਵਾਲ ਦੀ ਮੱਦਦ ਨਾਲ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਵਿਸ਼ੇਸ਼ ਮੀਟਿੰਗ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਗਮੋਹਨ ਸਿੰਘ ਕੰਗ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਕਿਸਾਨਾਂ ਮਜ਼ਦੂਰਾਂ ਦੇ ਮਸਲਿਆਂ ਖਾਤਰ ਲਗਾਤਾਰ ਸੰਘਰਸ਼ ਕਰਦੀ ਰਹਿੰਦੀ ਹੈ। ਸ਼ੰਭੂ ਖਨੌਰੀ ਬਾਰਡਰ ਤੇ ਸਾਲ ਭਰ ਕਿਸਾਨ ਜਥੇਬੰਦੀਆਂ ਨਾਲ ਰਲ ਕੇ ਲਗਾਤਾਰ ਧਰਨਾ ਲਾਇਆ ਗਿਆ ਸੀ। ਕਿਸਾਨ ਆਗੂਆਂ ਨੂੰ ਕੇਂਦਰੀ ਮੰਤਰੀਆਂ ਨੇ ਚੰਡੀਗੜ੍ਹ ਵਿੱਚ ਮੀਟਿੰਗ ਲਈ ਬੁਲਾਇਆ ਤੇ ਕਿਸਾਨੀ ਮੰਗਾਂ ਬਾਰੇ ਗੱਲਬਾਤ ਕੀਤੀ। ਭਗਵੰਤ ਮਾਨ ਸਰਕਾਰ ਨੇ ਮੋਦੀ ਸਰਕਾਰ ਦੀ ਮਿਲੀਭੁਗਤ ਨਾਲ ਮੀਟਿੰਗ 'ਤੇ ਗਏ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰ ਲਿਆ ਅਤੇ ਸ਼ੰਭੂ ਖਨੌਰੀ ਮੋਰਚੇ 'ਤੇ ਸਾਡੇ ਲਗਾਤਾਰ ਚੱਲ ਰਹੇ ਧਰਨੇ ਨੂੰ ਪੁਲਸ ਦੇ ਜ਼ੋਰ ਜਬਰ ਨਾਲ ਚੁੱਕ ਦਿੱਤਾ। ਧਰਨੇ 'ਤੇ ਬੈਠੇ ਕਿਸਾਨਾਂ ਦੇ ਕਰੋੜਾਂ ਰੁਪਏ ਸਾਮਾਨ ਨੂੰ ਖੁਰਦ ਬੁਰਦ ਕਰ ਦਿੱਤਾ ਅਤੇ ਬਹੁਤ ਸਾਰਾ ਤੋੜ ਦਿੱਤਾ। ਰੋਸ ਵਜੋਂ ਕਿਸਾਨ ਜਥੇਬੰਦੀਆਂ ਪਿੰਡਾਂ 'ਚ ਆ ਰਹੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨੂੰ ਘੇਰ ਕੇ ਸਵਾਲ ਪੁੱਛਣ ਦਾ ਸਿਲਸਿਲਾ ਜਾਰੀ ਹੈ। ਇਸ ਤੋਂ ਇਲਾਵਾ ਕੌਮੀ ਇਨਸਾਫ ਮੋਰਚੇ ਨਾਲ ਮਿਲ ਕੇ ਬੰਦੀ ਸਿੰਘ ਜਿਨ੍ਹਾਂ ਨੇ ਕਾਨੂੰਨ ਮੁਤਾਬਕ ਸਜ਼ਾ ਪੂਰੀ ਕਰ ਲਈ ਹੈ। ਫਿਰ ਵੀ ਉਨ੍ਹਾਂ ਨੂੰ ਛੱਡਿਆ ਨਹੀਂ ਜਾ ਰਿਹਾ। ਇਸ ਮਸਲੇ ਤੇ ਲਗਾਤਾਰ ਸੰਘਰਸ਼ ਜਾਰੀ ਹੈ 29 ਮਈ ਨੂੰ ਸਾਰੀਆਂ ਤਹਿਸੀਲਾਂ ਵਿੱਚ ਐੱਸ.ਡੀ.ਐੱਮ. ਦੇ ਰਾਹੀਂ ਰਾਸ਼ਟਰਪਤੀ ਦੇ ਨਾਮ ਮੰਗ ਪੱਤਰ ਭੇਜੇ ਗਏ ਹਨ। ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਆਗੂ ਮਨਦੀਪ ਸਿੰਘ ਸੱਦੇਵਾਲਾ ਨੇ ਦੱਸਿਆ ਕਿ ਪਿੰਡ ਸੋਸਣ ਇਕਾਈ ਦੀ ਚੋਣ ਕੀਤੀ ਗਈ, ਜਿਸ ਵਿੱਚ ਪ੍ਰਧਾਨ ਬਲਜਿੰਦਰ ਸਿੰਘ, ਮੀਤ ਪ੍ਰਧਾਨ ਗੁਰਚਰਨ ਸਿੰਘ, ਸਕੱਤਰ ਬੋਹੜ ਸਿੰਘ, ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਤੇ ਖਜ਼ਾਨਚੀ ਨਿਰਮਲ ਸਿੰਘ ਨੂੰ ਚੁਣਿਆ ਗਿਆ। ਹੋਰਨਾਂ ਕੁਝ ਸਾਥੀਆਂ ਨੂੰ ਕਮੇਟੀ ਮੈਂਬਰ ਲਿਆ ਗਿਆ। ਪਿੰਡ ਕਮੇਟੀ ਨੇ ਭਰੋਸਾ ਦਵਾਇਆ ਕਿ ਉਹ ਕਿਸਾਨ ਹਿੱਤਾਂ ਦੀ ਖਾਤਰ ਜਥੇਬੰਦੀ ਨਾਲ ਮਿਲ ਕੇ ਸੰਘਰਸ਼ ਦੇ ਵਿੱਚ ਹਿੱਸਾ ਪਾਉਂਦੀ ਰਹੇਗੀ।

## ਫੀਲਖਾਨਾ ਸਕੂਲ 'ਚ ਤੰਬਾਕੂ ਤੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ




ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)-ਸਕੂਲ ਆਫ ਐਮੀਨੈਂਸ ਫੀਲਖਾਨਾ ਵਿਖੇ ਸਟੇਟ ਐਵਾਰਡੀ ਪ੍ਰਿੰਸੀਪਲ ਡਾਕਟਰ ਰਜਨੀਸ਼ ਗੁਪਤਾ ਦੀ ਅਗਵਾਈ ਵਿੱਚ ਵਿਸ਼ਵ ਨੋ ਤੰਬਾਕੂ ਦਿਵਸ ਤੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸੰਜੀਵ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸਕੈਂਡਰੀ ਸਿੱਖਿਆ) ਪਟਿਆਲਾ ਨੇ ਵਿਦਿਆਰਥੀਆਂ ਤੇ ਸਟਾਫ ਨੂੰ ਸੰਬੋਧਤ ਹੁੰਦੇ ਕਿਹਾ ਕਿ ਅੱਜ ਜ਼ਰੂਰਤ ਹੈ ਕਿ ਮੁਲਕ ਦੇ ਨੌਜਵਾਨਾਂ ਨੂੰ ਤੰਬਾਕੂ ਦੇ ਮਾਰੂ ਪ੍ਰਭਾਵਾਂ ਬਾਰੇ ਵੱਡੇ ਪੱਧਰ ਉੱਤੇ ਜਾਣੂ ਕਰਵਾਇਆ ਜਾਵੇ, ਕਿਉਂਕਿ ਸਾਡੇ ਅੱਜ ਦੇ ਨੌਜਵਾਨ ਕੱਲ੍ਹ ਦੇ ਜ਼ਿੰਮੇਵਾਰ ਨਾਗਰਿਕ ਬਣਨਗੇ। ਉਨ੍ਹਾਂ ਇਸ ਮੌਕੇ ਵਿਦਿਆਰਥੀਆਂ ਨੂੰ ਤੰਬਾਕੂ ਤੇ ਤੰਬਾਕੂ ਤੋਂ ਬਣੇ ਪਦਾਰਥਾਂ ਤੋਂ ਦੂਰ ਰਹਿਣ ਦੀ ਸਹੁੰ ਵੀ ਚੁਕਾਈ। ਉਨ੍ਹਾਂ ਨਾਲ ਡਿਪਟੀ ਡੀ ਈ ਓ ਡਾ. ਰਵਿੰਦਰਪਾਲ ਸਿੰਘ ਸ਼ਰਮਾ ਨੇ ਸ਼ਿਰਕਤ ਕੀਤੀ।ਇਸ ਮੌਕੇ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਨੇ ਦੱਸਿਆ ਕਿ ਸਕੂਲ ਵਿਖੇ ਕੌਮੀ ਸੇਵਾ ਯੋਜਨਾ ਇਕਾਈਆਂ ਵੱਲੋਂ ਹਰ ਇੱਕ ਰਾਸ਼ਟਰੀ, ਅੰਤਰਰਾਸ਼ਟਰੀ ਦਿਵਸ ਧੂਮਧਾਮ ਨਾਲ ਮਨਾਇਆ ਜਾਂਦਾ ਹੈ ਤੇ ਸਕੂਲ ਵਿੱਚ ਦੋ ਕੌਮੀ ਸੇਵਾ ਯੂਨਿਟ ਚੱਲ ਰਹੇ ਹਨ।ਇਸ ਮੌਕੇ ਪ੍ਰਿੰਸੀਪਲ ਨੇ ਤੰਬਾਕੂ ਵਿਰੋਧੀ ਦਿਵਸ ਦੇ ਪੇਂਟਿੰਗ ਪ੍ਰਤੀਯੋਗਤਾ ਦੇ ਜੇਤੂ ਵਿਦਿਆਰਥੀਆਂ ਨੂੰ ਮੈਡਲਾਂ ਨਾਲ ਸਨਮਾਨਤ ਕੀਤਾ।ਇਸ ਮੌਕੇ ਸਕੂਲ ਵਿਖੇ ਜ਼ਿਲ੍ਹਾ ਸਿੱਖਿਆ ਅਫਸਰ ਸੰਜੀਵ ਸ਼ਰਮਾ ਵੱਲੋਂ ਪਿੱਪਲ ਦਾ ਪੌਦਾ ਲਗਾ ਕੇ ਵਿਸ਼ਵ ਵਾਤਾਵਰਣ ਦਿਵਸ ਉਤਸਵ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਸੁਹਿਰਦ ਯਤਨ ਹੈ ਕਿ ਰੰਗਲਾ ਪੰਜਾਬ ਬਣਾਉਣ ਦੇ ਪ੍ਰੋਗਰਾਮ ਵਿੱਚ ਪੰਜਾਬ ਨੂੰ ਹਰਿਆ ਭਰਿਆ ਬਣਾਉਣਾ ਵੀ ਬਹੁਤ ਜ਼ਰੂਰੀ ਹੈ। ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ 'ਤੇ ਕੌਮੀ ਸੇਵਾ ਯੋਜਨਾ ਪ੍ਰੋਗਰਾਮ ਅਫਸਰ ਮਨੋਜ ਥਾਪਰ ਤੇ ਸ੍ਰ. ਪ੍ਰਗਟ ਸਿੰਘ ਨੇ ਵਿਸ਼ੇਸ਼ ਭੂਮਿਕਾ ਅਦਾ ਕੀਤੀ।

## ਡੀ ਐੱਸ ਟੀ/ਸੀ ਟੀ ਐੱਸ ਦੀ ਵਿੱਤ ਮੰਤਰੀ ਨਾਲ ਮੰਗਾਂ ਸੰਬੰਧੀ ਹੋਈ ਮੀਟਿੰਗ

### ਮੰਤਰੀ ਨੇ ਯੂਨੀਅਨ ਦੀਆਂ ਮੰਗਾਂ ਪੂਰੀਆਂ ਕਰਨ ਲਈ ਅਧਿਕਾਰੀਆਂ ਨੂੰ ਦਿੱਤੇ ਹੁਕਮ : ਸੰਦੀਪ ਸਿੰਘ



ਕੋਟਕਪੂਰਾ (ਰਛਪਾਲ ਭੁੱਲਰ)

ਮਾਨਯੋਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਉਨ੍ਹਾ ਦੀ ਪ੍ਰਧਾਨਗੀ ਵਾਲੀ ਸਬ ਕਮੇਟੀ ਦੀ ਮੀਟਿੰਗ ਵੱਖ-ਵੱਖ ਯੂਨੀਅਨਾਂ ਨਾਲ ਹੋਈ।ਇਸ ਸਮੇਂ ਅੱਜ ਡੀ ਐੱਸ ਟੀ/ਸੀ ਟੀ ਐੱਸ ਕੰਟਰੈਕਟ ਇੰਸਟਰੱਕਟਰ ਯੂਨੀਅਨ ਦੇ ਪ੍ਰਧਾਨ ਨਾਲ ਵੀ ਯੂਨੀਅਨ ਦੀਆਂ ਜਾਇਜ਼ ਮੰਗਾਂ ਨੂੰ ਸੁਣਿਆ ਗਿਆ।ਯੂਨੀਅਨ ਵੱਲੋਂ ਪ੍ਰਧਾਨ ਸੰਦੀਪ ਸਿੰਘ ਤੇ ਉਪ ਪ੍ਰਧਾਨ ਸਿਮਰਨਜੀਤ ਸਿੰਘ ਨੇ ਆਪਣੀਆਂ ਜਾਇਜ਼ ਮੰਗਾਂ ਵਿੱਚ 58 ਸਾਲ ਦੀ ਉਮਰ ਤੱਕ ਸੇਵਾ ਦੀ ਸੁਰੱਖਿਆ ਦੇਣ, ਤਨਖਾਹਾਂ ਵਿੱਚ ਵਾਧਾ ਕਰਨ, ਸਾਲਾਨਾ ਇੰਕਰੀਮੈਂਟ ਦੇਣ, ਵੱਖ-ਵੱਖ ਛੁੱਟੀਆਂ ਦਾ ਲਾਭ ਦੇਣ, ਜਿਵੇਂ ਕਿ ਮੈਡੀਕਲ ਛੁੱਟੀ, ਮੈਟਰਨੀਟੀ ਛੁੱਟੀ, ਕੈਜ਼ੂਅਲ ਛੁੱਟੀ ਦੇਣ ਅਤੇ ਕਈ ਹੋਰ ਮੰਗਾਂ ਉੱਪਰ ਚਰਚਾ ਕੀਤੀ ਗਈ।ਉਨ੍ਹਾਂ ਦੱਸਿਆ ਕਿ ਮਾਨਯੋਗ ਵਿੱਤ ਮੰਤਰੀ ਵੱਲੋਂ ਮੀਟਿੰਗ ਵਿੱਚ ਮੌਜੂਦ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਡਾਇਰੈਕਟਰ ਸਾਹਿਬ, ਪਰਸੋਨਲ ਵਿਭਾਗ ਦੇ ਅਧਿਕਾਰੀ ਤੇ ਹੋਰ ਮੀਟਿੰਗ ਵਿੱਚ ਆਏ ਅਧਿਕਾਰੀਆਂ ਨੂੰ ਯੂਨੀਅਨ ਦੀਆਂ ਮੰਗਾਂ ਸਬੰਧੀ ਜਲਦੀ ਪ੍ਰਪੋਜ਼ਲ ਬਣਾਉਣ ਲਈ ਕਿਹਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਹ ਮੀਟਿੰਗ ਸਾਡੀਆਂ ਮੰਗਾਂ ਨੂੰ ਪੂਰਾ ਕਰਨ ਲਈ ਆਖਰੀ ਮੀਟਿੰਗ ਹੋਵੇਗੀ ਤੇ ਸਾਡੀਆਂ ਮੰਗਾਂ ਜਲਦੀ ਹੀ ਪੂਰੀਆਂ ਕੀਤੀਆਂ ਜਾਣਗੀਆਂ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡੀ.ਐੱਸ.ਟੀ./ਸੀ.ਟੀ.ਐੱਸ. ਕੰਟਰੈਕਟ ਇੰਸਟਰਕਟਰ ਯੂਨੀਅਨ ਦੇ ਪ੍ਰਧਾਨ ਸੰਦੀਪ ਸਿੰਘ, ਉੱਪ ਪ੍ਰਧਾਨ ਸਿਮਰਨਜੀਤ ਸਿੰਘ, ਸਵਰਨ ਸਿੰਘ, ਜਸਵਿੰਦਰ ਸਿੰਘ, ਵੀਰਪਾਲ ਸਿੰਘ ਤੇ ਨੀਨਾ ਰਾਣੀ ਆਦਿ ਸ਼ਾਮਲ ਸਨ।

## ਸਕੂਲ ਮੈਨੇਜਮੈਂਟ ਕਮੇਟੀ ਦੀ ਚੋਣ ਸ਼ਾਂਤੀਪੂਰਵਕ ਨੇਪਰੇ ਚੜ੍ਹੀ

ਮਾਨਸਾ/ਭੀਖੀ (ਆਤਮਾ ਸਿੰਘ ਪਮਾਰ)-ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅਨੁਸਾਰ ਸਕੂਲ ਮੈਨੇਜਮੈਂਟ ਕਮੇਟੀ ਸਰਕਾਰੀ ਸੈਕੰਡਰੀ ਸਕੂਲ (ਮੁੰਡੇ) ਦੀ ਚੋਣ ਨਗਰ ਪੰਚਾਇਤ ਤੇ ਪਤਵੰਤਿਆ ਦੀ ਹਾਜ਼ਰੀ ਵਿੱਚ ਅਮਨ ਅਮਾਨ ਨਾਲ ਨੇਪਰੇ ਚੜ੍ਹੀ।ਸਕੂਲ ਮੁਖੀ ਗੁਰਪਿੰਦਰ ਸਿੰਘ ਗਾਮੀਵਾਲਾ ਨੇ ਦੱਸਿਆ ਕਿ ਸਕੂਲ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਦਾ ਸਕੂਲ 'ਚ ਇਜਲਾਸ ਸੱਦਿਆ ਗਿਆ ਸੀ।ਇਜਲਾਸ ਦੌਰਾਨ ਸਕੂਲ ਮੈਨੇਜਮੈਂਟ ਕਮੇਟੀ ਦੀ ਚੋਣ, ਹਾਜ਼ਰ ਮਾਪਿਆ ਨੇ ਕੁਲਵੰਤ ਸਿੰਘ ਨੂੰ ਸਰਬਸੰਮਤੀ ਨਾਲ ਚੇਅਰਮੈਨ ਅਤੇ ਮਨਪ੍ਰੀਤ ਕੌਰ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ, ਜਗਸੀਰ ਸਿੰਘ ਬਾਬੇ ਕਾ ਨੂੰ ਸਮਾਜ ਸੇਵੀ ਅਤੇ ਬੁੱਧ ਸਿੰਘ ਸੇਵਾਮੁਕਤ ਅਧਿਆਪਕ ਵਜੋਂ ਸਿੱਖਿਆ ਮਾਹਰ ਦੇ ਤੌਰ 'ਤੇ ਚੁਣਿਆ ਗਿਆ।ਬਾਕੀ ਮੈਂਬਰ ਵੀ ਸਰਬਸੰਮਤੀ ਨਾਲ ਚੁਣੇ ਗਏ। ਨਗਰ ਪੰਚਾਇਤ ਭੀਖੀ ਦੇ ਪ੍ਰਧਾਨ ਦੇ ਪਤੀ ਸੁਖਦੇਵ ਸਿੰਘ ਮੀਤ ਪ੍ਰਧਾਨ ਪਰਮਿੰਦਰ ਗੋਰਾ ਤੇ ਪੱਪੀ ਸਿੰਘ, ਕ੍ਰਮਵਾਰ ਐਮ.ਸੀ. ਮਨਪ੍ਰੀਤ ਸਿੰਘ, ਰਾਮ ਸਿੰਘ ਚਹਿਲ ਤੇ ਸਮਾਜ ਸੇਵੀ ਰਜਿੰਦਰ ਜਾਫ਼ਰੀ, ਰਾਜ ਕੁਮਾਰ ਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।



## ਮਾਤਾ ਗੁਜਰੀ ਕਾਲਜ 'ਚ ਫ਼ਾਈਨ ਆਰਟਸ ਤੇ ਸੰਗੀਤ ਵਿਭਾਗ ਵੱਲੋਂ ਵਰਕਸ਼ਾਪ ਸੰਪੰਨ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਦੇ ਫ਼ਾਈਨ ਆਰਟਸ ਤੇ ਸੰਗੀਤ ਵਿਭਾਗ ਵੱਲੋਂ ਬਾਰਵੀਂ ਪਾਸ ਵਿਦਿਆਰਥੀਆਂ ਲਈ 'ਰਿਦਮਿਕ ਐਕਸਪ੍ਰੈਸ਼ਨਜ਼ ਆਫ਼ ਫ਼ਾਈਨ ਆਰਟਸ ਐਂਡ ਮਿਊਜ਼ਿਕ' ਵਿਸ਼ੇ 'ਤੇ ਦੋ ਹਫ਼ਤਿਆਂ ਦੀ ਵਿਸ਼ੇਸ਼ ਵਰਕਸ਼ਾਪ ਸਫ਼ਲਤਾਪੂਰਵਕ ਸੰਪੰਨ ਹੋ ਗਈ।ਇਸ ਵਰਕਸ਼ਾਪ ਵਿੱਚ ਵਿਦਿਆਰਥੀਆਂ ਨੂੰ ਲਿਪਨ ਆਰਟ, ਸੰਗੀਤ ਤੋਂ ਪ੍ਰੇਰਿਤ ਕੈਨਵਸ 'ਤੇ ਕਲਾ, ਟੈਕਸਟਾਈਲ ਡਿਜ਼ਾਈਨਿੰਗ ਤੇ ਲਾਈਵ ਸਟੂਡੀਓ ਰਿਕਾਰਡਿੰਗ ਆਦਿ ਕਲਾਵਾਂ ਸਬੰਧੀ ਮਹੱਤਵਪੂਰਨ ਸਿਖਲਾਈ ਪ੍ਰਦਾਨ ਕੀਤੀ ਗਈ।ਵਰਕਸ਼ਾਪ ਦੇ ਆਖਰੀ ਦਿਨ ਵਿਦਿਆਰਥੀਆਂ ਵੱਲੋਂ ਦੋ ਹਫ਼ਤਿਆਂ ਦੀ ਵਰਕਸ਼ਾਪ ਦੌਰਾਨ ਸਿੱਖੀਆਂ ਲਲਿਤ ਤੇ ਸੰਗੀਤ ਕਲਾਵਾਂ ਦੀ ਮਨਮੋਹਕ ਤੇ ਰਚਨਾਤਮਕ ਪੇਸ਼ਕਾਰੀ ਕੀਤੀ ਗਈ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਫ਼ਾਈਨ ਆਰਟਸ ਤੇ ਸੰਗੀਤ ਦੀਆਂ ਵੱਖ-ਵੱਖ ਵੰਨਗੀਆਂ ਉੱਪਰ ਇਸ ਤਰ੍ਹਾਂ ਦੀਆਂ ਸਿੱਖਿਆਦਾਇਕ ਵਰਕਸ਼ਾਪਾਂ ਕਰਵਾਉਣ ਲਈ ਉਤਸ਼ਾਹਤ ਕੀਤਾ।ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦੀ ਸਿਰਜਣਾਤਮਕ ਪ੍ਰਤਿਭਾ ਨੂੰ ਪਛਾਣਨ ਤੇ ਉਨ੍ਹਾਂ ਨੂੰ ਸੂਖਮ ਕਲਾਵਾਂ ਨਾਲ ਜੋੜਨ ਲਈ ਅਜਿਹੀਆਂ ਵਿਹਾਰਕ ਤੇ ਜਾਣਕਾਰੀ ਭਰਪੂਰ ਗਤੀਵਿਧੀਆਂ ਬਹੁਤ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਇਸ ਉਪਰੰਤ ਵਿਦਿਆਰਥੀਆਂ ਨੂੰ ਸਰਟੀਫ਼ਿਕੇਟ ਵੀ ਪ੍ਰਦਾਨ ਕੀਤੇ ਗਏ ਤੇ ਵਰਕਸ਼ਾਪ ਦੇ ਸਰਵੋਤਮ ਕਲਾਕਾਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਫ਼ਾਈਨ ਆਰਟਸ ਵਿਭਾਗ ਦੇ ਪ੍ਰੋ. ਬਨਿੰਦਰ ਕੌਰ, ਸੰਗੀਤ ਵਿਭਾਗ ਦੇ ਪ੍ਰੋ. ਹਰਦੀਪ ਸਿੰਘ ਤੇ ਵਿਦਿਆਰਥੀ ਹਾਜ਼ਰ ਸਨ।

## ਹੰਗਾਮੀ ਹਾਲਤ ਨਾਲ ਨਜਿੱਠਣ ਲਈ ਕਰਾਈ ਮੌਕ ਡਰਿੱਲ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਡੀਸੀ ਕੰਪਲੈਕਸ ਵਿਖੇ ਸਿਵਲ ਡਿਫੈਂਸ ਮੌਕ ਡਰਿੱਲ ਕਰਾਈ ਗਈ, ਜਿਸ ਵਿੱਚ ਦੁਸ਼ਮਣਾਂ ਵੱਲੋਂ ਕੀਤੇ ਜਾਣ ਵਾਲੇ ਸੰਭਾਵੀ ਡਰੋਨ ਹਮਲੇ ਮੌਕੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਦੀ ਤਿਆਰੀ ਵਜੋਂ ਪ੍ਰਸ਼ਾਸਨ, ਪੁਲਿਸ, ਪੰਜਾਬ ਹੋਮਗਾਰਡਜ਼, ਅੱਗ ਬੁਝਾਊ ਗੱਡੀਆਂ, ਸਿਹਤ, ਐਨ ਸੀ ਸੀ ਵਲੰਟੀਅਰਾਂ ਨੇ ਮੌਕ ਡਰਿੱਲ ਵਿਚ ਹਿੱਸਾ ਲਿਆ।ਇਹ ਡਰੋਨ ਹਮਲਾ ਮਿਲਟਰੀ ਸਟੇਸ਼ਨ ਉੱਤੇ ਹੋਇਆ ਦਰਸਾਇਆ ਗਿਆ।ਲੋਕਾਂ ਨੂੰ ਸੁਚੇਤ ਰਹਿਣ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਕਰਾਈ ਇਸ ਡਰਿੱਲ ਮੌਕੇ ਡਰੋਨ ਹਮਲੇ ਸਮੇਂ ਆਪਣੇ ਆਪ ਨੂੰ ਸੁਰੱਖਿਅਤ ਰੱਖਣ ਦੇ ਅਭਿਆਸ ਵਿੱਚ ਟੀਮਾਂ ਨੇ ਮੁਸਤੈਦੀ ਨਾਲ ਹਿੱਸਾ ਲਿਆ।ਇਸ ਸਬੰਧ ਵਿੱਚ ਸਾਇਰਨ ਵਜਾਏ ਗਏ, ਜਿਸ ਤੋਂ ਬਾਅਦ ਇਹ ਅਭਿਆਸ ਸ਼ੁਰੂ ਹੋਇਆ।ਇਹ ਅਭਿਆਸ ਲਗਭਗ ਅੱਧਾ ਘੰਟਾ ਚੱਲਿਆ ਤੇ ਇੱਕ ਹੋਰ ਸਾਇਰਨ ਵੱਜਣ ਨਾਲ ਖਤਮ ਹੋਇਆ।ਇਸ ਦੌਰਾਨ ਅਭਿਆਸ ਕੀਤਾ ਗਿਆ ਕਿ ਜੇਕਰ ਡਰੋਨ ਹਮਲਾ ਹੋ ਜਾਵੇ ਤੇ ਜਿਹੜੇ ਲੋਕ ਜ਼ਖ਼ਮੀ ਹੁੰਦੇ ਹਨ ਤਾਂ ਉਨ੍ਹਾਂ ਨੂੰ ਕਿਵੇਂ ਮੁੱਢਲੀ ਸਹਾਇਤਾ ਦੇਣੀ ਹੈ ਤੇ ਗੰਭੀਰ ਜ਼ਖ਼ਮੀਆਂ ਨੂੰ ਹਸਪਤਾਲ ਭਰਤੀ ਕਰਾਉਣ ਲਈ ਕਿੰਨੀ ਮੁਸਤੈਦੀ ਦਿਖਾਉਣੀ ਹੈ।ਇਸ ਡਰੋਨ ਹਮਲੇ ਦੌਰਾਨ ਕੋਈ ਇਮਾਰਤ ਢਹਿ ਢੇਰੀ ਹੋ ਜਾਂਦੀ ਹੈ ਤਾਂ ਉਸ ਵਿੱਚ ਫਸੇ ਲੋਕਾਂ ਨੂੰ ਜਾਂ ਜ਼ਖ਼ਮੀ ਹੋਏ ਲੋਕਾਂ ਨੂੰ ਕਿਵੇਂ ਬਚਾਉਣਾ ਹੈ। ਇਸ ਸਬੰਧੀ ਪੰਜਾਬ ਹੋਮਗਾਰਡਜ਼ ਤੇ ਸਿਵਲ ਡਿਫੈਂਸ ਦੀ ਰੈਸਕਿਊ ਟੀਮ ਨੇ ਵੱਖ-ਵੱਖ ਢੰਗਾਂ ਨਾਲ ਕਰਕੇ ਦਿਖਾਇਆ।

## ਯੂ ਪੀ ਐੱਸ ਸੀ ਦੀ ਪ੍ਰੀਖਿਆ ਪਾਸ ਕਰਨ ਵਾਲੇ ਨੌਜਵਾਨ ਦੇ ਘਰ ਪੁੱਜੇ ਸੰਧਵਾਂ



ਪਾਤੜਾਂ ਨਿਸ਼ਾਨ ਸਿੰਘ ਬਣਵਾਲਾ)-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇਸ਼ ਵਿੱਚ ਮੁਕਾਬਲੇ ਦੀ ਸਭ ਤੋਂ ਵਕਾਰੀ ਪ੍ਰੀਖਿਆ ਯੂਪੀਐੱਸਸੀ ਟੈਸਟ ਪਾਸ ਕਰਨ ਵਾਲੇ ਪਾਤੜਾਂ ਸ਼ਹਿਰ ਦੇ ਨੌਜਵਾਨ ਲਾਰਸਨ ਸਿੰਗਲਾ ਨੂੰ ਮੁਬਾਰਕਬਾਦ ਦੇਣ ਲਈ ਉਨ੍ਹਾਂ ਦੇ ਘਰ ਪੁੱਜੇ।ਸਪੀਕਰ ਸੰਧਵਾਂ ਨੇ ਲਾਰਸਨ, ਪਤਨੀ ਪ੍ਰਭ, ਉਸ ਦੇ ਪਿਤਾ ਸੰਤੋਸ਼ ਕੁਮਾਰ ਸਿੰਗਲਾ ਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਨੇਕਾਂ ਚੁਣੌਤੀਆਂ ਦੇ ਬਾਵਜੂਦ ਦੇਸ਼ ਦਾ ਸਭ ਤੋਂ ਵੱਧ ਮੁਕਾਬਲੇ ਵਾਲਾ ਵਕਾਰੀ ਟੈਸਟ ਪਾਸ ਕਰਕੇ ਲਾਰਸਨ ਸਿੰਗਲਾ ਪੰਜਾਬ ਦੇ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਬਣ ਗਿਆ ਹੈ।ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੀ ਹਾਜ਼ਰ ਸਨ।ਇਸ ਦੌਰਾਨ ਸਪੀਕਰ ਸੰਧਵਾਂ ਨੇ ਕਿਹਾ ਕਿ ਸਾਡੇ ਪੰਜਾਬ ਦੇ ਨੌਜਵਾਨਾਂ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ, ਪ੍ਰੰਤੂ ਇਸ ਨੂੰ ਨਿਖਾਰਨ ਦੀ ਲੋੜ ਸੀ, ਜਿਸ ਲਈ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੈਂਟਰਸ਼ਿਪ ਤੇ ਇੱਕ ਦਿਨ ਡੀਸੀ/ਐਸਐਸਪੀ ਸੰਗ ਪ੍ਰੋਗਰਾਮ ਸ਼ੁਰੂ ਕੀਤੇ ਹਨ, ਜਿਸ ਨਾਲ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ਜਾ ਰਿਹਾ ਹੈ। ਉਨ੍ਹਾਂ ਨੌਜਵਾਨਾਂ ਨੂੰ ਲਗਨ ਨਾਲ ਮਿਹਨਤ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਲਾਰਸਨ ਨੇ ਪੰਜਾਬ ਤੇ ਪਾਤੜਾਂ ਸਮੇਤ ਆਪਣੇ ਪਰਿਵਾਰ ਤੇ ਅਧਿਆਪਕਾਂ ਦਾ ਮਾਣ ਵਧਾਇਆ ਹੈ ਤੇ ਨਾਮ ਰੌਸ਼ਨ ਕੀਤਾ ਹੈ, ਜਿਸ ਲਈ ਨੌਜਵਾਨ ਪੀੜ੍ਹੀ ਲਾਰਸਨ ਵਰਗੇ ਹਿੰਮਤੀ ਨੌਜਵਾਨਾਂ ਤੋਂ ਪ੍ਰੇਰਿਤ ਹੋ ਕੇ ਆਪਣੇ ਟੀਚੇ ਹਾਸਲ ਕਰੇ।ਇਸ ਦੌਰਾਨ ਮਾਰਕੀਟ ਕਮੇਟੀ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ, ਐੱਸਡੀਐੱਮ ਅਸ਼ੋਕ ਕੁਮਾਰ, ਡੀਐੱਸਪੀ ਇੰਦਰਪਾਲ ਸਿੰਘ ਚੌਹਾਨ, ਲਾਇਨਜ਼ ਕਲੱਬ ਦੇ ਮੈਂਬਰਾਂ ਸਮੇਤ ਗਾਂਧੀ ਰਾਮ, ਡੇਵਿਡ ਸਿੰਗਲਾ, ਅੰਚਿਤ ਤੇ ਵਨੀਤ ਸਿੰਗਲਾ ਆਦਿ ਹੋਰ ਪਤਵੰਤੇ ਹਾਜ਼ਰ ਸਨ।

## ਜਨਮੇਜਾ ਸਿੰਘ ਜੌਹਲ ਵੱਲੋਂ ਪੰਜਾਬੀ 'ਚ ਏ ਆਈ ਸਿਖਾਉਣ ਦੀ ਖੁੱਲ੍ਹੀ ਪੇਸ਼ਕਸ਼

ਲੁਧਿਆਣਾ (ਰੈਕਟਰ ਕਥੂਰੀਆ)

ਜਨਮੇਜਾ ਸਿੰਘ ਜੌਹਲ ਸਾਡੇ ਵੇਲਿਆਂ ਦਾ ਇੱਕ ਅਜਿਹਾ ਗਿਆਨ ਸੂਚਨਾ ਦੂਤ ਹੈ, ਜਿਸਨੇ ਹਮੇਸ਼ਾ ਕਿਸੇ ਵਿਤਕਰੇ ਤੋਂ ਬਿਨਾਂ ਕਿਸੇ ਸਵਾਰਥ ਦੇ ਹਮੇਸ਼ਾ ਗਿਆਨ ਹੀ ਵੰਡਿਆ ਹੈ।ਜਦੋਂ ਬਹੁਗਿਣਤੀ ਲੋਕਾਂ ਨੇ ਕੰਪਿਊਟਰ ਦੀ ਸ਼ਕਲ ਵੀ ਨਹੀਂ ਸੀ ਦੇਖੀ, ਉਦੋਂ ਵੀ ਉਹ ਕੰਪਿਊਟਰ ਦੇ ਮਾਹਰ ਵਜੋਂ ਜਾਣਿਆ ਜਾਂਦਾ ਸੀ। ਜਦੋਂ ਕੰਪਿਊਟਰ ਵਿੱਚ ਵੰਨ ਸੁਵੰਨੇ ਡਿਜ਼ਾਈਨ ਵਾਲੇ ਫੌਂਟਾਂ ਦੀ ਗੱਲ ਚੱਲੀ ਤਾਂ ਉਦੋਂ ਵੀ ਜਨਮੇਜਾ ਜੌਹਲ ਨੇ ਬਹੁਤ ਕੁਝ ਨਵਾਂ ਲੱਭਿਆ ਤੇ ਸਭਨਾਂ ਦੇ ਸਾਹਮਣੇ ਲਿਆ ਰੱਖਿਆ।ਇਸ ਤੋਂ ਬਾਅਦ ਕੰਪਿਊਟਰ ਵਿੱਚ ਆਫ਼ਲਾਈਨ ਜਾਂ ਆਨਲਾਈਨ ਪੰਜਾਬੀ ਟਾਈਪ ਕਰਨ ਦਾ ਸੁਆਲ ਆਇਆ ਤਾਂ ਉਦੋਂ ਵੀ ਜਨਮੇਜਾ ਜੌਹਲ ਬਹੁਤ ਯਾਦਗਾਰੀ ਸੌਗਾਤ ਲੈ ਕੇ ਸਾਹਮਣੇ ਆਇਆ।ਸਾਹਿਤ ਦੇ ਨਾਲ-ਨਾਲ ਪੱਤਰਕਾਰੀ ਅਤੇ ਫੋਟੋਗ੍ਰਾਫੀ ਵਿੱਚ ਵੀ ਜਨਮੇਜਾ ਜੌਹਲ ਸਿਰਮੌਰ ਗਿਣਿਆ ਜਾਂਦਾ ਹੈ।ਹਿੰਦੀ ਅਖਬਾਰ ਜਨਸੱਤਾ ਵਿੱਚ ਉਸਦੀਆਂ ਟ੍ਰਾਂਸਪ੍ਰੈਸੀਆਂ ਦੀ ਉਡੀਕ ਅਕਸਰ ਸ਼ਿੱਦਤ ਨਾਲ ਰਹਿੰਦੀ।ਐਤਵਾਰ ਅਤੇ ਵੀਰਵਾਰ ਵਾਲੇ ਐਡੀਸ਼ਨਾਂ ਵਿਚ ਆਮ ਤੌਰ 'ਤੇ ਉਸਦੀ ਟ੍ਰਾਂਸਪੇਰੈਂਸੀ ਹੀ ਅਖਬਾਰ ਦਾ ਸ਼ਿੰਗਾਰ ਹੁੰਦੀ ਸੀ।ਹੁਣ ਦੌਰ ਆਰਟੀਫੀਸ਼ਲ ਇੰਟੈਲੀਜੈਂਸ ਦਾ ਹੈ।ਬਹੁਤਿਆਂ ਨੂੰ ਇਸ ਤਕਨੀਕ ਅਤੇ ਸਹੂਲਤ ਕਿਸੇ ਰਸਗੁੱਲੇ ਵਾਂਗ ਜਾਪਦੀ ਹੈ ਅਤੇ ਕਈਆਂ ਨੂੰ ਮੁਸੀਬਤ ਲੱਗਦੀ ਹੈ।ਕਈਆਂ ਨੂੰ ਅਜੇ ਸਮਝ ਵੀ ਨਹੀਂ ਆਈ।ਇਸ ਦੀ ਜਾਣਕਾਰੀ ਲੈਣ ਵਾਲਿਆਂ ਲਈ ਵੀ ਜਨਮੇਜਾ ਜੌਹਲ ਟਰੇਨਿੰਗ ਦੇਣ ਵਾਲੀ ਖੁਸ਼ਖਬਰੀ ਲੈ ਕੇ ਆਇਆ ਹੈ।ਜਨਮੇਜਾ ਜੌਹਲ ਨੇ ਟ੍ਰੇਨਿੰਗ ਦੇਣ ਵਾਲੀ ਆਪਣੀ ਅਨਮੋਲ ਪੇਸ਼ਕਸ਼ ਵਿੱਚ ਕਿਹਾ ਹੈ ਕਿ ਏ ਆਈ ਸਿੱਖਣ ਲਈ ਲੰਮੇ ਚੌੜੇ ਚੱਕਰਾਂ ਵਿੱਚ ਪੈਣ ਦੀ ਲੋੜ ਨਹੀਂ।ਹੁਣ ਤੁਸੀਂ ਆਪਣੇ ਲੇਖ, ਆਪਣਾ ਸਾਰਾ ਮੈਟਰ ਪੰਜਾਬੀ ਵਿੱਚ ਆਪੇ ਬੋਲ ਕੇ ਟਾਈਪ ਕਰ ਸਕਦੇ ਹੋ।ਇਸ ਤੋਂ ਇਲਾਵਾ ਏ ਆਈ ਤੋਂ ਤੁਸੀਂ ਕੋਈ ਵੀ ਸਵਾਲ ਪੰਜਾਬੀ ਵਿੱਚ ਪੁੱਛ ਸਕਦੇ ਹੋ ਤੇ ਜਵਾਬ ਪੰਜਾਬੀ ਵਿੱਚ ਲੈ ਸਕਦੇ ਹੋ।ਇਸੇ ਤਰ੍ਹਾਂ ਏਆਈ ਤੋਂ ਤੁਸੀਂ ਲੇਖ ਵੀ ਲਿਖਵਾ ਸਕਦੇ ਹੋ ਬੱਚਿਆਂ ਲਈ ਵੀ ਤੇ ਵੱਡਿਆਂ ਲਈ ਵੀ।ਇਸੇ ਤਰ੍ਹਾਂ ਹੀ ਏ ਆਈ ਤੋਂ ਤੁਸੀਂ ਕੋਈ ਵੀ ਜਾਣਕਾਰੀ ਪੰਜਾਬੀ ਵਿੱਚ ਲੈ ਸਕਦੇ ਹੋ।ਇਸੇ ਤਰ੍ਹਾਂ ਹੀ ਤੁਸੀਂ ਬੋਲ ਕੇ ਪੰਜਾਬੀ ਵਿੱਚ ਫੋਟੋਆਂ ਵੀ ਬਣਵਾ ਸਕਦੇ ਹੋ ਤੇ ਹੋਰ ਬਹੁਤ ਕੁਝ ਸਿੱਖ ਸਕਦੇ ਹੋ।ਇਸਦੇ ਲਈ ਮੁਫ਼ਤ ਕਲਾਸਾਂ 11 ਵਜੇ ਤੋਂ 1 ਵਜੇ ਤੱਕ ਪੰਜਾਬੀ ਭਵਨ ਲੁਧਿਆਣਾ ਵਿੱਚ ਲੱਗਣਗੀਆਂ।ਜਨਮੇਜਾ ਜੌਹਲ ਨੇ ਨਾ ਤਾਂ ਆਪਣੇ ਕਿਸੇ ਸਵਾਰਥ ਦੀ ਕੋਈ ਇੱਛਾ ਪ੍ਰਗਟਾਈ ਹੈ ਅਤੇ ਨਾ ਹੀ ਅਜਿਹੀ ਕੋਈ ਸ਼ਰਤ ਰੱਖੀ ਹੈ।




## ਸਮਾਜ ਸੇਵੀ ਭਾਨ ਸਿੰਘ ਜੱਸੀ ਵੱਲੋਂ ਗੁਰਦਿਆਂ ਦੀ ਬਿਮਾਰੀ ਤੋਂ ਪੀੜਤ ਵਿਦਿਆਰਥੀ ਦੀ ਵਿੱਤੀ ਮਦਦ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪਿੰਡ ਛੀਨੀਵਾਲ ਕਲਾਂ ਵਿਖੇ ਦਲਿਤ ਪਰਵਾਰ ਨਾਲ ਸੰਬੰਧਤ ਗਿਆਰਵੀਂ 'ਚ ਪੜ੍ਹਦੇ ਵਿਦਿਆਰਥੀ ਗੁਰਪ੍ਰੀਤ ਸਿੰਘ ਦੇ ਦੋਵੇਂ ਗੁਰਦੇ ਖਰਾਬ ਹੋਣ ਕਾਰਨ ਪਰਵਾਰ ਇਲਾਜ ਕਰਵਾਉਣ ਤੋਂ ਬੇਵੱਸ ਹੈ।ਪੀੜਤ ਬੱਚੇ ਦੇ ਪਿਤਾ ਬਲਦੇਵ ਸਿੰਘ ਛੀਨੀਵਾਲ ਕਲਾਂ ਨੇ ਭਰੇ ਮਨ ਨਾਲ ਦੱਸਿਆ ਕਿ ਪਰਵਾਰ ਵੱਲੋਂ ਸਾਰੀ ਪੂੰਜੀ ਪੀੜਤ ਬੱਚੇ ਦੇ ਇਲਾਜ ਉਪਰ ਖਰਚ ਕੀਤੀ ਜਾ ਚੁੱਕੀ ਹੈ।ਇਸ ਸਮੇਂ ਪਰਵਾਰ ਬੱਚੇ ਦਾ ਯੋਗ ਇਲਾਜ ਕਰਵਾਉਣ ਤੋਂ ਵੀ ਅਸਮਰੱਥ ਹੈ।ਇਸ ਪੀੜਤ ਪਰਵਾਰ ਦੇ ਦਰਦ ਨੂੰ ਮਹਿਸੂਸ ਕਰਦਿਆਂ ਗਰੀਬਾਂ ਤੇ ਲੋੜਵੰਦਾਂ ਦੀ ਸੇਵਾ ਵਿੱਚ ਜੁਟੇ ਸਮਾਜ ਸੇਵੀ ਭਾਨ ਸਿੰਘ ਜੱਸੀ ਵੱਲੋਂ ਬੱਚੇ ਦੇ ਇਲਾਜ ਲਈ 5 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦਾ ਯੋਗਦਾਨ ਪਾਉਂਦਿਆਂ ਦੇਸ਼ ਵਿਦੇਸ਼ ਦੇ ਦਾਨੀ ਸੱਜਣਾਂ, ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਪੀੜਤ ਬੱਚੇ ਦੀ ਜ਼ਿੰਦਗੀ ਬਚਾਉਣ ਲਈ ਪਰਵਾਰ ਦੀ 'ਦਸਵੰਦ' ਰਾਹੀਂ ਮਦਦ ਕਰਨ ਤਾਂ ਕਿ ਇਸ ਪੀੜਤ ਬੱਚੇ ਦਾ ਸਹੀ ਇਲਾਜ ਹੋ ਸਕੇ। ਇਸ ਮੌਕੇ ਭਾਕਿਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਨਿਰਭੈ ਸਿੰਘ ਗਿਆਨੀ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਭੋਲਾ ਸਿੰਘ ਕਲਾਲ ਮਾਜਰਾ, ਹੈਪੀ ਸਿੰਘ ਛੀਨੀਵਾਲ ਨੇ ਸਮਾਜ ਸੇਵੀ ਭਾਨ ਸਿੰਘ ਜੱਸੀ ਪੇਧਨੀ ਦਾ ਧੰਨਵਾਦ ਕਰਦਿਆਂ ਹੋਰਨਾਂ ਨੂੰ ਵੀ ਇਸ ਤੋਂ ਸੇਧ ਲੈ ਕੇ ਇਸ ਲੋਕ ਭਲਾਈ ਦੇ ਕਾਰਜ 'ਚ ਸਹਿਯੋਗ ਦੇਣ ਲਈ ਅੱਗੇ ਆਉਣ ਦੀ ਅਪੀਲ ਕੀਤੀ। ਆਗੂਆਂ ਨੇ ਪੀੜਤ ਵਿਦਿਆਰਥੀ ਦੇ ਮੁਫਤ ਇਲਾਜ ਲਈ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ।

## ਸ਼ਹੀਦੀ ਦਿਵਸ ਨੂੰ ਸਮਰਪਤ ਭਾਰਤ ਵਿਕਾਸ ਪ੍ਰੀਸ਼ਦ ਨੇ ਲਗਾਈ ਛਬੀਲ



ਬਾਘਾ ਪੁਰਾਣਾ (ਮਨੀ ਸਿੰਗਲਾ)-ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਭਾਰਤ ਵਿਕਾਸ ਪ੍ਰੀਸ਼ਦ ਦੀ ਟੀਮ ਵੱਲੋਂ ਸਥਾਨਕ ਸ਼ਹਿਰ ਦੇ ਚੰਨੂੰਵਾਲਾ ਰੋਡ ਉੱਪਰ ਬਣੇ ਬੱਸ ਸਟੈਂਡ ਵਿਖੇ ਚੇਅਰਮੈਨ ਸ਼ਸ਼ੀ ਗਰਗ ਤੇ ਪ੍ਰਧਾਨ ਭੂਸ਼ਣ ਗੋਇਲ ਦੀ ਅਗਵਾਈ ਵਿੱਚ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਰਘਬੀਰ ਗਰਗ ਨੇ ਦੱਸਿਆ ਕਿ ਇਹ ਛਬੀਲ ਗਰਮੀ ਦੇ ਮੌਸਮ ਵਿੱਚ ਨਿਰਵਿਘਨ ਚਾਲੂ ਰਹੇਗੀ।ਅਹੁਦੇਦਾਰਾਂ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਵੱਧ ਚੜ੍ਹ ਕੇ ਸਮਾਜ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ ਤੇ ਇਹ ਅੱਗੇ ਵੀ ਜਾਰੀ ਰਹਿਣਗੇ।ਇਸ ਮੌਕੇ ਭੂਸ਼ਣ ਗੋਇਲ ਪ੍ਰਧਾਨ, ਦਵਿੰਦਰ ਬਾਂਸਲ ਸੈਕਟਰੀ, ਅਜੈ ਗੁੰਬਰ ਕੈਸ਼ੀਅਰ, ਪ੍ਰੇਮ ਪਾਲ ਗਰਗ ਸਟੇਟ ਮੈਂਬਰ, ਕ੍ਰਿਸ਼ਨ ਬਾਂਸਲ ਸੀਨੀਅਰ ਮੀਤ ਪ੍ਰਧਾਨ, ਮੈਡਮ ਨੀਸ਼ਾ ਗੋਇਲ (ਮਹਿਲਾ ਪ੍ਰਮੁੱਖ), ਭਗਵੰਤ ਰਾਏ ਅਗਰਵਾਲ, ਦੀਪਕ ਤਲਵਾੜ, ਹਰਪ੍ਰੀਤ ਸਿੰਘ ਘੋਟੂ, ਮਨੋਜ ਗੋਇਲ, ਸੰਜੇ ਬਾਂਸਲ, ਮਨੋਜ ਗੋਇਲ, ਮੁਕੇਸ਼ ਸੈਣੀ, ਜਸਵੀਰ ਸ਼ਰਮਾਂ, ਸਾਹਿਲ ਅਰੋੜਾ ਤੋਂ ਇਲਾਵਾ ਹੋਰ ਮੈਂਬਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

## ਵਿਧਾਇਕ ਭੁੱਲਰ ਵੱਲੋਂ ਲੋਕਾਂ ਨੂੰ ਨਸ਼ਿਆਂ ਖਿਲਾਫ ਡਟਣ ਦਾ ਦਿੱਤਾ ਸੱਦਾ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਪਿੰਡਾਂ ਵਿਚ ਲਗਾਤਾਰ ਨਸ਼ਾ ਮੁਕਤੀ ਯਾਤਰਾਵਾਂ ਕੀਤੀਆਂ ਜਾ ਰਹੀਆਂ ਹਨ, ਜਿਸ ਦੇ ਚੱਲਦਿਆਂ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਹਲਕੇ ਦੇ ਪਿੰਡ ਕੋਤਵਾਲ, ਪੀਰੂਵਾਲਾ, ਸ਼ਾਹਦੀਨ ਵਾਲਾ, ਪੀਰ ਅਹਿਮਦ ਖਾਂ, ਬਸਤੀ ਖੇਮਕਰਨ, ਬਸਤੀ ਬਾਲਮੀਕਿ, ਹਾਮਦ ਵਾਲਾ ਤੇ ਕਮਾਲਾ ਮਿੱਡੂ ਵਿੱਚ ਪਹੁੰਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਜੰਗ ਜਿੱਤਣ ਲਈ ਸਮੂਹਕ ਪ੍ਰਣ ਦਿਵਾਇਆ ਤੇ ਨਸ਼ਿਆਂ ਖਿਲਾਫ ਡਟਣ ਦਾ ਸੱਦਾ ਦਿੱਤਾ ਗਿਆ। ਇਨ੍ਹਾਂ ਨਸ਼ਾ ਮੁਕਤੀ ਯਾਤਰਾਵਾਂ ਦੌਰਾਨ ਜਨ ਸਭਾਵਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਵਿੱਚ ਸਾਬਕਾ ਸਰਕਾਰਾਂ ਦੀਆਂ ਗਲਤ ਨੀਤੀਆਂ ਦੇ ਮੱਦੇਨਜ਼ਰ ਨਸ਼ਿਆਂ ਦਾ ਪ੍ਰਸਾਰ ਵਧਿਆ, ਜਿਸ ਦਾ ਸਭ ਤੋਂ ਜ਼ਿਆਦਾ ਬੁਰਾ ਅਸਰ ਪੰਜਾਬ ਤੇ ਪੰਜਾਬ ਦੀ ਨੌਜਵਾਨੀ ਨੂੰ ਝੱਲਣਾ ਪੈ ਰਿਹਾ ਹੈ, ਪਰ ਹੁਣ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਦ੍ਰਿੜ ਸੰਕਲਪ ਕਰਦਿਆਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਤਹੱਈਆ ਕੀਤਾ ਹੋਇਆ ਹੈ ਅਤੇ ਪਿੰਡਾਂ 'ਚ ਕੀਤੀਆਂ ਜਾ ਰਹੀਆਂ ਨਸ਼ਾ ਮੁਕਤੀ ਯਾਤਰਾਵਾਂ ਦੌਰਾਨ ਲੋਕਾਂ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਪੂਰਾ ਸਹਿਯੋਗ ਮਿਲ ਰਿਹਾ ਹੈ, ਜਿਸ ਦੇ ਨਤੀਜੇ ਵਜੋਂ ਨਸ਼ਾ ਤਸਕਰਾਂ ਵਿਰੁੱਧ ਲਹਿਰ ਖੜ੍ਹੀ ਹੋ ਗਈ ਹੈ। ਇਸ ਮੌਕੇ ਡਾ. ਅਮਨਦੀਪ ਕੌਰ ਗੋਸਲ (ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਹਲਕਾ ਫਿਰੋਜ਼ਪੁਰ ਸ਼ਹਿਰੀ) ਨੇ ਵੀ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਨੌਜਵਾਨੀ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਾ ਮੁਕਤ ਰੱਖਣ ਦੀ ਲੜਾਈ ਲੜ ਰਹੇ ਹਾਂ, ਜਿਸ ਦਾ ਸਮਰਥਨ ਕਰਨਾ ਹਰੇਕ ਨਾਗਰਿਕ ਦਾ ਨੈਤਿਕ ਫਰਜ਼ ਹੈ। ਉਨ੍ਹਾਂ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ 'ਚ ਉਤਸ਼ਾਹ ਨਾਲ ਸ਼ਮੂਲੀਅਤ ਕੀਤੇ ਜਾਣ ਲਈ ਲੋਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹਿਮਾਂਸ਼ੂ ਠੱਕਰ, ਰਾਜ ਬਹਾਦਰ ਸਿੰਘ, ਗੁਰਭੇਜ ਸਿੰਘ, ਦਲੇਰ ਸਰਪੰਚ (ਬਲਾਕ ਪ੍ਰਧਾਨ), ਬਲਦੇਵ ਸਿੰਘ (ਬਲਾਕ ਪ੍ਰਧਾਨ), ਕੁਲਦੀਪ ਸਿੰਘ (ਬਲਾਕ ਪ੍ਰਧਾਨ), ਅਮਰੀਕ ਸਿੰਘ ਸਰਪੰਚ (ਸ਼ਾਹੀਨ ਵਾਲਾ), ਕਾਰਜ ਸਿੰਘ ਸਰਪੰਚ (ਪੀਰ ਅਹਮਦ ਖਾਂ), ਸੁਖਵਿੰਦਰ ਸਿੰਘ ਸਰਪੰਚ (ਬਸਤੀ ਖੇਮਕਰਨ), ਸੰਜੀਤ ਸਰਪੰਚ (ਹਾਮਦ ਵਾਲਾ), ਸਿਕੰਦਰ ਸਿੰਘ, ਪਿੱਪਲ ਸਰਪੰਚ (ਬਲਾਕ ਪ੍ਰਧਾਨ), ਜਸਬੀਰ ਸਿੰਘ (ਬੱਗੇ ਵਾਲਾ), ਸਿਵਲ ਤੇ ਪੁਲਸ ਪ੍ਰਸ਼ਾਸਨਕ ਅਧਿਕਾਰੀਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

## ਲੈਕਚਰਾਰ ਜਗਦੀਸ਼ ਪਾਲ ਨੂੰ ਮਾਲਟੀ ਗਿਆਨ ਪੀਠ ਪੁਰਸਕਾਰ



ਜਗਰਾਉਂ (ਅਮਿਤ ਖੰਨਾ)-ਮਲਟੀਪਰਪਜ਼ ਹਾਲ ਕਮਲਾ ਦੇਵੀ ਕੰਪਲੈਕਸ ਨਵੀਂ ਦਿੱਲੀ ਵਿਖੇ ਮਾਲਟੀ ਗਿਆਨ ਪੀਠ ਪੁਰਸਕਾਰ 2025 ਦਾ ਸਮਾਗਮ ਹੋਇਆ, ਜਿਸ ਵਿੱਚ ਸ੍ਰੀ ਜਗਦੀਸ਼ ਧਨਕਰ ਮਾਨਯੋਗ ਉੱਪ ਰਾਸ਼ਟਰਪਤੀ ਤੇ ਸ੍ਰੀ ਗੁਲਾਬ ਚੰਦ ਕਟਾਰੀਆ ਪੰਜਾਬ ਦੇ ਰਾਜਪਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਤੋਂ ਇਲਾਵਾ ਸ੍ਰੀਮਤੀ ਮੇਨਿਕਾ ਸੰਜੇ ਗਾਂਧੀ ਤੇ ਸ੍ਰੀ ਅਜੇ ਸਿੰਘ ਚੌਟਾਲਾ ਵੀ ਹਾਜ਼ਰ ਹੋਏ। ਇਸ ਸਮਾਗਮ ਵਿੱਚ ਪੰਜਾਬ ਦੇ ਸਰਕਾਰੀ ਸੀਨੀਅਰ ਸੈਕੰਡਰੀ ਵਿੱਚੋਂ ਫਿਜਿਕਸ, ਕਮਿਸਟਰੀ, ਗਣਿਤ ਤੇ ਅੰਗਰੇਜ਼ੀ ਵਿਸ਼ੇ ਦੇ ਉੱਤਮ ਲੈਕਚਰਾਰਾਂ ਨੂੰ ਸਨਮਾਨਤ ਕੀਤਾ ਗਿਆ। ਅੰਗਰੇਜ਼ੀ ਵਿਸ਼ੇ ਲਈ ਵੀ ਸ੍ਰੀ ਜਗਦੀਸ਼ ਪਾਲ ਲੈਕਚਰਾਰ ਅੰਗਰੇਜ਼ੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਨੂੰ ਸ੍ਰੀ ਜਗਦੀਸ਼ ਧਨਕਰ ਉੱਪ-ਰਾਸ਼ਟਰਪਤੀ ਤੇ ਸ੍ਰੀ ਗੁਲਾਬ ਚੰਦ ਕਟਾਰੀਆ ਰਾਜਪਾਲ ਪੰਜਾਬ ਵੱਲੋਂ ਸਨਮਾਨਤ ਕੀਤਾ ਗਿਆ। ਇਨ੍ਹਾਂ ਨੂੰ ਇਨਾਮ ਦੇ ਰੂਪ ਵਿੱਚ ਇੱਕ ਲੱਖ ਰੁਪਏ ਕੈਸ਼ ਤੇ ਸਰਵਸ੍ਰੇਸ਼ਟ ਅਧਿਆਪਕ ਦਾ ਸਰਟੀਫਿਕੇਟ ਅਤੇ ਇੱਕ ਲੋਈ ਭੇਟ ਕੀਤੀ ਗਈ।ਸਕੂਲ ਆਉਣ 'ਤੇ ਪ੍ਰਿੰਸੀਪਲ ਸ੍ਰੀਮਤੀ ਰੁਪਿੰਦਰ ਕੌਰ ਹਾਂਸ ਤੇ ਸਮੂਹ ਅਧਿਆਪਕਾ ਵੱਲੋਂ ਸ੍ਰੀ ਜਗਦੀਸ਼ ਪਾਲ ਲੈਕਚਰਾਰ ਅੰਗਰੇਜ਼ੀ ਦਾ ਸਵਾਗਤ ਕੀਤਾ ਗਿਆ ਅਤੇ ਲੋਈ ਭੇਟ ਕਰਦੇ ਹੋਏ ਸਨਮਾਨਤ ਕੀਤਾ ਗਿਆ।

## ...ਸਫ਼ਾ 1 ਦੇ ਬਾਕੀ

### ਪੰਜਾਬ ਸਰਕਾਰ ਵਾਅਦੇ...


1968 ਦੀ ਸਿੱਖਿਆ ਨੀਤੀ ਹੋਰ ਸਾਰਥਿਕ ਵਾਧਿਆਂ ਨਾਲ ਲਾਗੂ ਕੀਤਾ ਜਾਵੇ, ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਬਰਾਬਰ ਕੰਮ ਬਰਾਬਰ ਤਨਖਾਹ ਦਾ ਸਿਧਾਂਤ ਲਾਗੂ ਕੀਤਾ ਜਾਵੇ, ਮਿਤੀ 1 ਜਨਵਰੀ 2026 ਤੋਂ ਲਾਗੂ ਕਰਨ ਲਈ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਤੁਰੰਤ ਕੀਤੀ ਜਾਵੇ, ਆਂਗਨਵਾੜੀ ਵਰਕਰਾਂ, ਹੈਲਪਰਾਂ, ਆਸ਼ਾ ਵਰਕਰਾਂ, ਫੈਸਲੀਟੇਟਰਾਂ, ਮਿਡ ਡੇ ਮੀਲ ਵਰਕਰਾਂ ਤੇ ਹੋਰ ਸਕੀਮ ਵਰਕਰਾਂ ਨੂੰ ਰੈਗੂਲਰ ਕਰਨ ਤੇ ਘੱਟੋ-ਘੱਟ ਉਜਰਤਾਂ ਦਾ ਕਾਨੂੰਨ ਲਾਗੂ ਕਰਕੇ ਤਨਖਾਹ 35000 ਰੁਪਏ ਮਹੀਨਾ ਦਿੱਤੀ ਜਾਵੇ। ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਸਿਫਾਰਸ਼ ਪੈਨਸ਼ਨਰਾਂ ਲਈ 2.59 ਦਾ ਗਣਾਂਕ ਤੁਰੰਤ ਲਾਗੂ ਕੀਤਾ ਜਾਵੇ ਅਤੇ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਪੈਦਾ ਕੀਤੀਆਂ ਗਈਆਂ ਤਰੁੱਟੀਆਂ ਨੂੰ ਤੁਰੰਤ ਦੂਰ ਕੀਤਾ ਜਾਵੇ। ਸਮੂਹ ਕਰਮਚਾਰੀਆਂ ਲਈ 4-9-14 ਸਾਲਾ ਏ ਸੀ ਪੀ ਸਕੀਮ ਸੋਧੇ ਤਨਖਾਹ ਸਕੇਲਾਂ ਅਨੁਸਾਰ ਲਾਗੂ ਕੀਤੀ ਜਾਵੇ, ਪੰਜਾਬ ਦੇ ਮੁਲਾਜ਼ਮਾਂ 'ਤੇ ਦਰਜ ਕੀਤੇ ਝੂਠੇ ਪੁਲਸ ਮੁਕੱਦਮੇ ਤੁਰੰਤ ਰੱਦ ਕੀਤੇ ਜਾਣ, ਵੱਖ-ਵੱਖ ਵਿਭਾਗਾਂ, ਬੋਰਡਾਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ, ਸਿਹਤ, ਸਿੱਖਿਆ, ਬਿਜਲੀ ਅਤੇ ਟਰਾਂਸਪੋਰਟ ਦਾ ਤੁਰੰਤ ਕੌਮੀਕਰਨ ਕੀਤਾ ਜਾਵੇ, ਦਰਜਾ ਚਾਰ ਮੁਲਾਜ਼ਮਾਂ ਨੂੰ 2011 ਵਿੱਚ ਦਿੱਤਾ ਇੱਕ ਸਪੈਸ਼ਲ ਇੰਕਰੀਮੈਂਟ ਦਾ ਲਾਭ ਨਵੇਂ ਤਨਖਾਹ ਸਕੇਲ ਲਾਗੂ ਕਰਨ ਮੌਕੇ ਕੱਟਣ ਦਾ ਫੈਸਲਾ ਵਾਪਸ ਲਿਆ ਜਾਵੇ, ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਫਿਕਸ ਮੈਡੀਕਲ ਭੱਤਾ 2500 ਰੁਪਏ ਮਹੀਨਾ ਦਿੱਤਾ ਜਾਵੇ, 1 ਜਨਵਰੀ 2026 ਤੋਂ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਤੁਰੰਤ ਸਥਾਪਨਾ ਕੀਤੀ ਜਾਵੇ, ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੇ ਤਨਖਾਹ ਸਕੇਲ ਸੰਬੰਧੀ ਸੁਪਰੀਮ ਕੋਰਟ ਦਾ ਫੈਸਲਾ ਤੁਰੰਤ ਜਨਰਲਾਇਜ਼ ਕੀਤਾ ਜਾਵੇ। ਇਹ ਵੀ ਫੈਸਲਾ ਕੀਤਾ ਗਿਆ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਦੀ ਚੋਣ ਵਿੱਚ ਪੰਜਾਬ ਸਰਕਾਰ ਦਾ ਲੋਕ, ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਚਿਹਰਾ ਨੰਗਾ ਕਰਨ ਲਈ 14 ਜੂਨ ਨੂੰ ਡਿਪਟੀ ਕਮਿਸ਼ਨਰ ਲੁਧਿਆਣਾ ਦੇ ਦਫਤਰ ਸਾਹਮਣੇ ਹੋਣ ਵਾਲੀ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ, 10 ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ 9 ਜੁਲਾਈ ਨੂੰ ਕੀਤੀ ਜਾ ਰਹੀ ਦੇਸ਼-ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਲਾਮਬੰਦੀ ਕੀਤੀ ਜਾਵੇਗੀ। ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਅਤੇ ਏਟਕ ਵਿੱਚ ਸ਼ਾਮਲ ਸਮੂਹ ਜਥੇਬੰਦੀਆਂ ਵੱਲੋਂ 21 ਅਗਸਤ ਨੂੰ ਸਾਂਝੇ ਤੌਰ 'ਤੇ ਮੁੱਖ ਮੰਤਰੀ ਪੰਜਾਬ ਦੇ ਵਿਧਾਨ ਸਭਾ ਹਲਕਾ ਧੂਰੀ ਵਿੱਚ ਸੂਬਾ ਪੱਧਰੀ ਰੋਸ ਰੈਲੀ ਅਤੇ ਮੁਜ਼ਾਹਰਾ ਕੀਤਾ ਜਾਵੇਗਾ। ਇਸ ਤੋਂ ਇਲਾਵਾ 15 ਜੂਨ ਨੂੰ ਰਾਜ ਭਰ ਵਿੱਚ ਮਰਹੂਮ ਆਗੂ ਸਾਥੀ ਸੱਜਣ ਸਿੰਘ ਦੇ ਬਰਸੀ ਸਮਾਗਮਾਂ ਨੂੰ ਮੰਗ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ਗਿਆ, ਇੱਕ ਹੋਰ ਮਤਾ ਪਾਸ ਕਰਕੇ ਕੇਂਦਰ ਸਰਕਾਰ ਵੱਲੋਂ ਪੈਨਸ਼ਨਰਾਂ ਦੇ ਡੀ ਏ ਅਤੇ ਤਨਖਾਹ ਕਮਿਸ਼ਨ ਨਾ ਦੇਣ ਸੰਬੰਧੀ ਪਾਰਲੀਮੈਂਟ ਵਿੱਚ ਪਾਸ ਕੀਤੇ ਗਏ ਨਵੇਂ ਕਾਨੂੰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਕਨਵੈਨਸ਼ਨ ਦੌਰਾਨ ਪੰਜਾਬ ਸਰਕਾਰ ਖਿਲਾਫ ਨਾਅਰਿਆਂ ਦੀ ਗੂੰਜ ਵਿੱਚ ਆਉਣ ਵਾਲੇ ਸਮੇਂ ਦੌਰਾਨ ਪੰਜਾਬ ਸਰਕਾਰ ਦੇ ਖਿਲਾਫ ਤਿੱਖਾ ਸੰਘਰਸ਼ ਜਾਰੀ ਰੱਖਣ ਦਾ ਅਹਿਦ ਲਿਆ ਗਿਆ। ਹੋਰਨਾਂ ਤੋਂ ਇਲਾਵਾ ਅਜੇ ਸਨੋਤਰਾ, ਪੋਹਲਾ ਸਿੰਘ ਬਰਾੜ, ਰਾਜਦੀਪ ਸਿੰਘ ਹੁਸ਼ਿਆਰਪੁਰ, ਕੁਲਵੰਤ ਸਿੰਘ ਚਾਨੀ, ਸੰਜੀਵ ਕੁਮਾਰ ਬਠਿੰਡਾ, ਰਾਜ ਕੁਮਾਰ ਮਾਨਸਾ, ਬੂਟਾ ਸਿੰਘ ਭੱਟੀ, ਲਛਮਣ ਸਿੰਘ ਮਲੂਕਾ, ਸੁਰਿੰਦਰ ਸਿੰਘ ਬਰਾੜ, ਗੁਰਪ੍ਰੀਤ ਸਿੰਘ ਮਾੜੀ ਮੇਘਾ, ਜਸਵੰਤ ਰਾਏ ਸ਼ਰਮਾ, ਗਗਨਦੀਪ ਸਿੰਘ ਖਾਲਸਾ, ਅਮਨਦੀਪ ਸਿੰਘ ਬੁਢਲਾਡਾ, ਪ੍ਰਿਤਪਾਲ ਸਿੰਘ ਪੰਡੋਰੀ, ਨਸੀਬ ਸਿੰਘ ਜੜੌਤ, ਬਲਰਾਜ ਸਿੰਘ, ਨਰਿਦਰ ਸ਼ਰਮਾ ਫਿਰੋਜ਼ਪੁਰ, ਗੁਰਤੇਜ ਸਿੰਘ ਗਿੱਲ ਬਠਿੰਡਾ, ਸੰਜੀਵ ਕੁਮਾਰ ਸ਼ਰਮਾ, ਜਸਪਾਲ ਸੰਧੂ ਜਲੰਧਰ, ਇਕਬਾਲ ਸਿੰਘ ਢੁੱਡੀ, ਬਲਕਾਰ ਸਿੰਘ ਸਹੋਤਾ, ਨਛੱਤਰ ਸਿੰਘ ਭਾਣਾ ਤੇ ਗੁਰਪ੍ਰੀਤ ਸਿੰਘ ਮੋਗਾ ਆਦਿ ਮੌਜੂਦ ਸਨ।

### ਐਡਵੋਕੇਟ ਧਾਮੀ ਅੱਜ...

ਵਿਰਾਗਮਈ ਹੁੰਦਾ ਹੈ। ਉਨ੍ਹਾ ਕਿਹਾ ਕਿ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ 1 ਤੋਂ 6 ਜੂਨ ਤੱਕ ਵਿਸ਼ਵ ਭਰ ਵਿੱਚ ਵਸਦੀ ਸਿੱਖ ਕੌਮ ਵੱਲੋਂ ਵਿਸ਼ੇਸ਼ ਗੁਰਮਤਿ ਸਮਾਗਮ, ਲੈਕਚਰ ਤੇ ਸੈਮੀਨਾਰ ਕਰਵਾਏ ਜਾਣ ਤੇ ਸ਼ਹੀਦਾਂ ਨੂੰ ਯਾਦ ਕਰਦਿਆਂ ਸੱਚੀ ਸ਼ਰਧਾਂਜਲੀ ਭੇਟ ਕਰਨ ਲਈ ਇਨ੍ਹਾਂ ਸ਼ਹੀਦਾਂ ਦੇ ਜੀਵਨ ਉੱਤੇ ਵੱਧ ਤੋਂ ਵੱਧ ਰਿਸਰਚ ਕਰਕੇ ਦਸਤਾਵੇਜ਼ ਤੇ ਪੁਸਤਕਾਂ ਪ੍ਰਕਾਸ਼ਤ ਕੀਤੀਆਂ ਜਾਣ, ਤਾਂ ਜੋ ਆਉਣ ਵਾਲੀ ਪੀੜ੍ਹੀ ਲਈ ਇਹ ਇਤਿਹਾਸ ਸਾਂਭਿਆ ਜਾ ਸਕੇ। ਉਨ੍ਹਾ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਜੂਨ 1984 ਦੇ ਸਮੂਹ ਸ਼ਹੀਦਾਂ ਦਾ ਇਤਿਹਾਸ ਜਥੇਬੰਦਕ ਢੰਗ ਨਾਲ ਪੰਜਾਬੀ ਤੇ ਅੰਗਰੇਜ਼ੀ ਭਾਸ਼ਾਵਾਂ ਵਿੱਚ ਵੱਡੇ ਪੱਧਰ ਉੱਪਰ ਪ੍ਰਕਾਸ਼ਤ ਕਰਕੇ ਸਮੁੱਚੇ ਵਿਸ਼ਵ ਦੇ ਸਾਹਮਣੇ ਲਿਆਂਦਾ ਜਾਵੇ।

ਜਥੇਦਾਰ ਨੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਤਾਕੀਦ ਕੀਤੀ ਕਿ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਗੁਰੂ ਘਰਾਂ ਅੰਦਰ ਵਿਸ਼ੇਸ਼ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਜਾਣ ਅਤੇ ਜੇਕਰ ਸਮੇਂ ਦੀ ਘਾਟ ਹੋਵੇ ਤਾਂ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਕੀਤੇ ਜਾਣ।

## ਮਹਾਰਾਜਾ ਅਗਰਸੈਨ ਕਾਲਜ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਪੰਜਾਬੀ ਯੂਨੀਵਰਸਿਟੀ ਪਟਿਆਲਾ ਵਲੋਂ ਬੀ.ਐਡ. ਸਾਲ ਦੂਜਾ ਸਮੈਸਟਰ ਤੀਜਾ ਦੇ ਐਲਾਨੇ ਗਏ ਨਤੀਜੇ ਵਿੱਚ ਮਾਹਾਰਾਜਾ ਅਗਰਸੇਨ ਕਾਲਜ ਆਫ਼ ਐਜੂਕੇਸ਼ਨ ਜੇ ਸਿੰਘ ਵਾਲਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਹਾਸਲ ਕਰਕੇ ਮੱਲਾਂ ਮਾਰੀਆਂ ਹਨ ਤੇ ਕਾਲਜ ਦਾ ਨਤੀਜਾ 100 ਫ਼ੀਸਦੀ ਰਿਹਾ। ਕਾਲਜ ਦੇ ਚੇਅਰਮੈਨ ਨਰੇਸ਼ ਅਗਰਵਾਲ ਨੇ ਦੱਸਿਆ ਕਿ ਉਕਤ ਨਤੀਜੇ ਵਿਚ ਉਨ੍ਹਾਂ ਦੇ ਕਾਲਜ ਦੇ ਵਿਦਿਆਰਥੀ ਕਸ਼ਿਸ਼ ਤੇ ਅਭਿਸ਼ੇਖ਼ ਨੇ 96.66 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਤੇ ਇਕਰਾਨਦੀਪ ਸਿੰਘ ਨੇ 96.33 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਮੱਲਿਆ ਹੈ, ਜਦਕਿ ਮਹਿੰਦਰ ਪਾਲ ਮੰਗਲਾ, ਰੂਪਮ ਬਜਾਜ, ਹਰਦੀਪ ਸਿੰਘ, ਅਮਨੀਸ਼ਾ, ਪਰਮਿੰਦਰ ਸਿੰਘ ਤੇ ਸਾਹਿਲ ਕੁਮਾਰ ਨੇ 96 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਕਾਲਜ ਦੇ 1 ਵਿਦਿਆਰਥੀ ਨੇ 95.66 ਫ਼ੀਸਦੀ,4 ਵਿਦਿਆਰਥੀ 95.33, 1 ਵਿਦਿਆਰਥੀ ਨੇ 95, 1 ਵਿਦਿਆਰਥੀ ਨੇ 94.66, 6 ਵਿਦਿਆਰਥੀ ਨੇ 94.33, 7 ਵਿਦਿਆਰਥਣਾਂ ਨੇ 94.8 ਵਿਦਿਆਰਥਣਾਂ ਨੇ 93.66, 3 ਵਿਦਿਆਰਥਣਾਂ ਨੇ 93.33, 4 ਵਿਦਿਆਰਥੀਆਂ ਨੇ 93, 2 ਵਿਦਿਆਰਥੀਆਂ ਨੇ 92.6, 1 ਵਿਦਿਆਰਥਣ ਨੇ 92.3 ਫ਼ੀਸਦੀ ਤੇ ਕਾਲਜ ਦੇ ਬਾਕੀ ਸਾਰੇ ਵਿਦਿਆਰਥੀਆਂ ਨੇ 92 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

2 Jun Page-3.qxd 6/1/2025 8:37 PM Page 1



## 2 ਪਿਸਟਲ, 4 ਮੈਗਜ਼ੀਨ ਤੇ ਦੋ ਜ਼ਿੰਦਾ ਰੌਂਦਾਂ ਸਮੇਤ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਪੁਰਾਣਾ ਸ਼ਾਲਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਹੱਥ ਲੱਗੀ ਜਦੋਂ ਇਕ ਵਿਅਕਤੀ ਨੂੰ 2 ਪਿਸਟਲਾਂ, 4 ਮੈਗਜ਼ੀਨ ਅਤੇ 2 ਜ਼ਿੰਦਾ ਰੌਂਦਾਂ ਸਮੇਤ ਕਾਬੂ ਕੀਤਾ ਗਿਆ। ਥਾਣਾ ਪੁਰਾਣਾ ਸ਼ਾਲਾ ਪੁਲਸ ਦੇ ਏ.ਐਸ.ਆਈ. ਰਣਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਮੁੱਖਬਰ ਦੀ ਇਤਲਾਹ 'ਤੇ ਭੈਣੀ ਮੀਲਾ ਪੁੱਸੀ ਬੇਨ੍ਹ ਨੇੜੇ ਪੁੱਲ ਵਿਖੇ ਨਾਕਾਬੰਦੀ ਕਰਕੇ ਹਰਮਨਪ੍ਰੀਤ ਸਿੰਘ ਪੁੱਤਰ ਲੇਟ. ਦਲਜੀਤ ਸਿੰਘ ਵਾਸੀ ਨੰਗਲ ਥਾਣਾ ਭੈਣੀ ਮੀਆਂ ਖਾਂ ਜੋ ਦਾਉਵਾਲ ਸਾਇਡ ਤੋਂ ਪੈਦਲ ਤੁਰਿਆ ਆ ਰਿਹਾ ਸੀ, ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਕੀਤੀ ਤਾਂ ਪਜਾਮੇ ਦੀ ਸੱਜੀ ਡੱਬ ਵਿੱਚੋਂ 1 ਪਿਸਟਲ 32 ਬੋਰ ਸਮੇਤ ਮੈਗਜ਼ੀਨ ਤੇ ਪਿਛਲੀ ਸਾਇਡ ਤੋਂ 1 ਪਿਸਟਲ 32 ਬੋਰ ਸਮੇਤ 2 ਮੈਗਜ਼ੀਨ, 2 ਰੌਂਦ ਜ਼ਿੰਦਾ 7.65 ਕੇ.ਐਫ. ਲਿਖਿਆ ਬਰਾਮਦ ਹੋਏ ਹਨ। ਪੁਲਸ ਨੇ ਹਰਮਨਪ੍ਰੀਤ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਖ਼ਿਲਾਫ਼ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਸ਼ਾਲਾ ਪੁਲਸ ਨੇ ਦੱਸਿਆ ਕਿ ਹਰਮਨਪ੍ਰੀਤ ਸਿੰਘ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰਨ ਉਪਰੰਤ ਰਿਮਾਂਡ ਹਾਸਲ ਕੀਤਾ ਜਾਵੇਗਾ ਜਿਸ ਪਾਸੋਂ ਹੋਰ ਵੀ ਖ਼ੁਲਾਸੇ ਹੋਣ ਦੀ ਸੰਭਾਵਨਾ ਹੈ।

## ਖ਼ਾਲਸਾ ਗਲੋਬਲ ਰੀਚ ਫ਼ਾਊਂਡੇਸ਼ਨ ਵੱਲੋਂ ਲੋੜਵੰਦ ਵਿਦਿਆਰਥਣਾਂ ਦੀ ਸਹਾਇਤਾ ਲਈ ਚੈੱਕ ਭੇਟ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਗਲੋਬਲ ਰੀਚ ਫ਼ਾਊਂਡੇਸ਼ਨ (ਅਮਰੀਕਾ) ਵੱਲੋਂ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸਤਿਆਜੀਤ ਸਿੰਘ ਮਜੀਠੀਆ ਨੂੰ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਦੀ ਮੌਜੂਦਗੀ 'ਚ ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ, ਖ਼ਾਲਸਾ ਕਾਲਜ ਫ਼ਾਰ ਵੂਮੈਨ ਅਤੇ ਖ਼ਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀਆਂ ਜ਼ਰੂਰਤਮੰਦ ਵਿਦਿਆਰਥਣਾਂ ਦੀ ਸਹਾਇਤਾ ਵਜੋਂ ਕ੍ਰਮਵਾਰ 3 ਲੱਖ, 3 ਲੱਖ ਅਤੇ 50 ਹਜ਼ਾਰ ਦਾ ਚੈਕ ਭੇਟ ਕੀਤਾ ਗਿਆ। ਕੌਂਸਲ ਦੇ ਮੈਂਬਰ ਅਤੇ ਫਾਊਂਡੇਸ਼ਨ ਦੇ ਕੋਆਰਡੀਨੇਟਰ ਡਾ. ਸਰਬਜੀਤ ਸਿੰਘ ਹੁਸ਼ਿਆਰ ਨਗਰ ਦੁਆਰਾ ਦਿੱਤੇ ਗਏ ਉਕਤ ਚੈਕ ਸ: ਮਜੀਠੀਆ ਵੱਲੋਂ ਐਜੂਕੇਸ਼ਨ ਕਾਲਜ ਪ੍ਰਿੰਸੀਪਲ ਡਾ. ਖੁਸ਼ਵਿੰਦਰ ਕੁਮਾਰ, ਵੂਮੈਨ ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਅਤੇ ਸਕੂਲ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ ਨੂੰ ਸੌਂਪ ਦਿੱਤੇ ਗਏ।ਇਸ ਮੌਕੇ ਸ: ਮਜੀਠੀਆ ਨੇ ਕਿਹਾ ਕਿ ਫ਼ਾਊਂਡੇਸ਼ਨ ਸਿੱਖਿਆ ਦੇ ਪ੍ਰਸਾਰ ਲਈ ਸ਼ਲਾਘਾਯੋਗ ਕਾਰਜ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਫਾਊਂਡੇਸ਼ਨ ਦੇ ਸਹਿਯੋਗ ਨਾਲ ਸੇਵਾ ਸੋਸਾਇਟੀ ਵੱਲੋਂ ਸਮੇਂ-ਸਮੇਂ 'ਤੇ ਯੋਗ ਅਧਿਆਪਕਾਂ ਨੂੰ ਉਤਸ਼ਾਹਿਤ ਕਰਨ ਲਈ ਕਰਵਾਏ ਜਾਂਦੇ ਅਵਾਰਡ ਸਮਾਗਮ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਦਿੱਤੀ ਜਾਣ ਵਾਲੀ ਸਕਾਲਰਸ਼ਿਪ ਮਹਾਨ ਕਾਰਜ ਹੈ।ਇਸ ਮੌਕੇ ਸ: ਛੀਨਾ ਨੇ ਯੋਗ ਵਿਦਿਆਰਥਣਾਂ ਦੀ ਲਈ ਰਾਹਤ ਵਜੋਂ ਦਿੱਤੇ ਗਏ ਉਕਤ ਚੈਕ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ ਯੂ. ਐੱਸ. ਏ. ਤੋਂ ਫਾਊਂਡੇਸ਼ਨ ਦੇ ਸਰਪ੍ਰਸਤ ਡਾ. ਬਖਸ਼ੀਸ਼ ਸਿੰਘ ਵੱਲੋਂ ਪਹਿਲਾਂ ਵੀ ਵਿਸ਼ੇਸ਼ ਮਾਲੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਗਲੋਬਲ ਰੀਚ ਫ਼ਾਊਂਡੇਸ਼ਨ ਵੱਲੋਂ ਪਹਿਲਾਂ ਵੀ ਵਿਸ਼ੇਸ਼ ਮਾਲੀ ਸਹਾਇਤਾ ਵੱਡੇ ਪੱਧਰ 'ਤੇ ਪ੍ਰਦਾਨ ਕੀਤੀ ਗਈ ਹੈ ਅਤੇ ਸਾਲਾਨਾ ਦਿੱਤੀ ਜਾਣ ਵਾਲੀ ਸਹਾਇਤਾ ਦੀ ਇਹ ਪਹਿਲੀ ਕਿਸ਼ਤ ਚੈਕਾਂ ਰਾਹੀਂ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਫ਼ਾਊਂਡੇਸ਼ਨ ਵੱਲੋਂ ਡਾ. ਸਰਬਜੀਤ ਸਿੰਘ ਦੁਆਰਾ ਉਕਤ ਦੋਹਾਂ ਕਾਲਜਾਂ ਅਤੇ ਸਕੂਲ ਦੀ ਕੁਲ ਬਣਦੀ ਰਕਮ ਸਾਢੇ 6 ਲੱਖ ਰੁਪਏ ਚੈਕਾਂ ਦੇ ਰੂਪ ਦਿੱਤੀ ਗਈ ਹੈ। ਉਨ੍ਹਾਂ ਇਸ ਮੌਕੇ ਗਲੋਬਲ ਰੀਚ ਫ਼ਾਊਂਡੇਸ਼ਨ ਦੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਿੰ: ਡਾ. ਕੁਮਾਰ, ਪ੍ਰਿੰ: ਡਾ. ਸੁਰਿੰਦਰ ਕੌਰ ਅਤੇ ਪ੍ਰਿੰ: ਨਾਗਪਾਲ ਨੇ ਸਾਂਝੇ ਤੌਰ 'ਤੇ ਕਿਹਾ ਕਿ ਇਹ ਸਹਾਇਤਾ ਜ਼ਰੂਰਤਮੰਦ ਪਰ ਹੋਣਹਾਰ ਬੱਚੀਆਂ ਤੱਕ ਪਹੁੰਚੇਗੀ ਤੇ ਉਹ ਇਸ ਲਈ ਖ਼ਾਲਸਾ ਗਲੋਬਲ ਰੀਚ ਫ਼ਾਊਂਡੇਸ਼ਨ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਸ਼ੁਕਰਗੁਜ਼ਾਰ ਹਨ।



## ਪ੍ਰਤਾਪ ਵਰਲਡ ਸਕੂਲ ਪਠਾਨਕੋਟ ਜ਼ੀ ਐਜੂਕੇਸ਼ਨ ਐਕਸੀਲੈਂਸ ਕਾਨਕਲੇਵ 'ਚ ਸਨਮਾਨਿਤ



**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਲਈ ਇਹ ਬੜੇ ਮਾਣ ਅਤੇ ਸਨਮਾਨ ਦਾ ਪਲ ਹੈ ਕਿ ਇਸ ਸਕੂਲ ਨੂੰ ਸਿੱਖਿਆ ਦੇ ਖੇਤਰ ਵਿੱਚ ਇਸਦੇ ਉੱਤਮ ਯੋਗਦਾਨ ਲਈ ਜ਼ੀ ਐਜੂਕੇਸ਼ਨ ਐਕਸੀਲੈਂਸ ਕਾਨਕਲੇਵ 2025 ਵਿੱਚ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਦਿੱਤਾ ਗਿਆ, ਜੋ ਪੰਜਾਬ ਸਰਕਾਰ ਵਿੱਚ ਸਕੂਲੀ ਸਿੱਖਿਆ, ਉੱਚ ਸਿੱਖਿਆ ਅਤੇ ਭਾਸ਼ਾਵਾਂ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੀ ਅਗਵਾਈ ਕਰ ਰਹੇ ਹਨ।ਇਹ ਸਨਮਾਨ ਨਿਰਦੇਸ਼ਕ ਸੰਨੀ ਮਹਾਜਨ ਅਤੇ ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਚੰਡੀਗੜ੍ਹ ਵਿੱਚ ਆਯੋਜਿਤ ਇੱਕ ਸ਼ਾਨਦਾਰ ਸਮਾਰੋਹ ਵਿੱਚ ਪ੍ਰਾਪਤ ਕੀਤਾ। ਇਸ ਮੌਕੇ ਸ੍ਰੀ ਮਹਾਜਨ ਨੇ ਕਿਹਾ ਕਿ ਸਕੂਲ ਦਾ ਉਦੇਸ਼ ਨਵੀਨਤਾ-ਅਧਾਰਤ ਅਤੇ ਮੁੱਲ-ਅਧਾਰਤ ਸਿੱਖਿਆ ਦੇ ਮਾਧਿਅਮ ਰਾਹੀਂ ਭਵਿੱਖ ਲਈ ਤਿਆਰ ਨਾਗਰਿਕਾਂ ਦਾ ਨਿਰਮਾਣ ਕਰਨਾ ਹੈ। ਨਿਰਦੇਸ਼ਕ ਮਹਾਜਨ ਨੇ ਕਿਹਾ ਕਿ ਇਹ ਪੁਰਸਕਾਰ ਸਾਡੀ ਟੀਮ ਦੀ ਅਟੁੱਟ ਪ੍ਰਤੀਬੱਧਤਾ ਦਾ ਸਬੂਤ ਹੈ, ਜੋ ਇੱਕ ਅਜਿਹਾ ਮਾਹੌਲ ਬਣਾਉਣ ਵਿੱਚ ਲੱਗੀ ਹੈ ਜਿੱਥੇ ਵਿਦਿਆਰਥੀ ਬੌਧਿਕ, ਭਾਵਨਾਤਮਕ ਅਤੇ ਨੈਤਿਕ ਰੂਪ ਵਿੱਚ ਵਿਕਸਿਤ ਹੋ ਸਕਣ। ਅਸੀਂ ਪਠਾਨਕੋਟ ਵਿੱਚ ਕਲਾਸਰੂਮਾਂ ਤੱਕ ਵਿਸ਼ਵਵਿਆਪੀ ਦ੍ਰਿਸ਼ਟੀਕੋਣ ਅਤੇ 21ਵੀਂ ਸਦੀ ਦੇ ਹੁਨਰ ਨੂੰ ਲਿਆਉਣ ਲਈ ਸਮਰਪਿਤ ਹਾਂ।ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਇਹ ਸਨਮਾਨ ਸਾਨੂੰ ਸਰਬੰਗੀ ਸਿੱਖਿਆ ਪ੍ਰਦਾਨ ਕਰਨ ਦੀ ਦਿਸ਼ਾ ਵੱਲ ਪ੍ਰੇਰਿਤ ਕਰਦਾ ਹੈ।ਸਾਡਾ ਧਿਆਨ ਹਮੇਸ਼ਾ ਹਰ ਬੱਚੇ ਦੇ ਸੰਪੂਰਣ ਵਿਕਾਸ—ਵਿੱਦਿਅਕ, ਰਚਨਾਤਮਕ ਅਤੇ ਨੈਤਿਕਤਾ 'ਤੇ ਰਹੇਗਾ।

## ਥਾਣਾ ਕਾਦੀਆਂ ਦੇ ਨਵੇਂ ਐੱਸ ਐੱਚ ਓ ਗੁਰਮੀਤ ਸਿੰਘ ਦਾ ਸਵਾਗਤ



**ਕਾਦੀਆਂ (ਕਾਦਵਿੰਦਰ ਸਿੰਘ ਮਲੋਤਰਾ)**- ਪੁਲਸ ਥਾਣਾ ਕਾਦੀਆਂ ਦੇ ਨਵੇਂ ਆਏ ਐੱਸਐੱਚਓ ਗੁਰਮੀਤ ਸਿੰਘ ਦਾ ਚਾਰਜ ਸੰਭਾਲਣ ਮੌਕੇ ਨਾਥਪੁਰ ਦੇ ਸਰਪੰਚ ਮਲਕੀਤ ਸਿੰਘ ਦਾ ਸਵਾਗਤ ਕੀਤਾ।ਸਰਪੰਚ ਨੇ ਕਿਹਾ ਕਿ ਐੱਸਐੱਚਓ ਗੁਰਮੀਤ ਸਿੰਘ ਨੇ ਹਮੇਸ਼ਾ ਹੀ ਲੋਕਾਂ ਨੂੰ ਇਨਸਾਫ ਦਿੱਤਾ ਹੈ। ਇਸ ਮੌਕੇ ਗੁਰਮੀਤ ਸਿੰਘ ਨੇ ਕਿਹਾ ਕਿ ਹਲਕੇ ਵਿੱਚ ਜੋ ਵੀ ਲੋਕ ਨਸ਼ੇ ਦਾ ਕਾਰੋਬਾਰ ਜਾਂ ਗੁੰਡਾਗਰਦੀ ਕਰਦੇ ਹਨ ਉਹ ਆਪਣਾ ਬੋਰੀ ਬਿਸਤਰਾ ਗੋਲ ਕਰ ਲੈਣ ਜਾਂ ਪੁਲਸ ਨੂੰ ਸਰੰਡਰ ਕਰ ਦੇਣ ਕਿਉਂਕਿ ਹੁਣ ਉਨ੍ਹਾਂ ਦੀ ਦੁਕਾਨਦਾਰੀ ਨਹੀਂ ਚੱਲਣ ਵਾਲੀ।ਇਸ ਮੌਕੇ ਐੱਸਐੱਚਓ ਮਲਕੀਤ ਸਿੰਘ ਦੇ ਨਾਲ ਬਲਾਕ ਯੂਥ ਪ੍ਰਧਾਨ ਕਾਦੀਆਂ ਸਰਬਜੀਤ ਮਹਿਤਾ, ਵਿਸ਼ਾਲ ਕੁਮਾਰ ਅਤੇ ਪ੍ਰਭਜੋਤ ਮਹਿਤਾ ਵੀ ਹਾਜ਼ਰ ਸਨ।

## ਸ਼ਹੀਦਾਂ ਦੇ ਸਿਰਤਾਜ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ।ਸਭ ਤੋਂ ਪਹਿਲਾਂ ਸਕੂਲ ਅਸੈਂਬਲੀ ਵਿੱਚ ਬੱਚਿਆਂ ਵੱਲੋਂ ਗੁਰੂ ਸਾਹਿਬਾਂ ਦੀ ਸ਼ਹੀਦੀ ਨਾਲ ਸੰਬੰਧਿਤ ਸ਼ਬਦ ਗਾਇਨ ਕੀਤੇ ਗਏ । ਉਪਰੰਤ ਦਸਵੀਂ ਕਲਾਸ ਦੀ ਗੁਰਲੀਨ ਕੌਰ ਨੇ ਆਪਣੇ ਸ਼ਬਦਾਂ ਰਾਹੀਂ ਗੁਰੂ ਸਾਹਿਬ ਜੀ ਦੀ ਜੀਵਨੀ ਬਾਰੇ ਦੱਸਿਆ। ਉਪਰੰਤ ਕਿੰਡਰ ਗਾਰਟਨ ਸੈਕਸ਼ਨ ਦੀ ਐਲਕੇਜੀ ਕਲਾਸ ਦੀ ਬੱਚੀ ਰਹਿਮਤਦੀਪ ਕੌਰ ਨੇ ਸ਼ਹੀਦੀ ਪੁਰਬ ਸਬੰਧੀ ਬੜੀ ਹੀ ਵੈਰਾਗਮਈ ਕਵਿਤਾ ਪੇਸ਼ ਕੀਤੀ ।ਅੱਠਵੀਂ ਦੀ ਸੀਰਤ ਕੌਰ ਨੇ ਵੀ ਕਵਿਤਾ ਰਾਹੀਂ ਗੁਰੂ ਸਾਹਿਬ ਦੀ ਉਸਤਤ ਕੀਤੀ।ਉਪਰੰਤ ਬੱਚਿਆਂ ਨੂੰ ਪੀਪੀਟੀ ਵਿਜ਼ੁਅਲ ਰਾਹੀਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ :ਮੰਗਲ ਸਿੰਘ ਕਿਸ਼ਨਪੁਰੀ ਨੇ ਬੱਚਿਆਂ ਨੂੰ ਗੁਰੂ ਸਾਹਿਬ ਦੇ ਸ਼ਹੀਦੀ ਇਤਿਹਾਸ ਤੋਂ ਜਾਣੂ ਕਰਵਾਇਆ। ਪ੍ਰਿੰਸੀਪਲ ਅਮਰਪ੍ਰੀਤ ਕੌਰ ਨੇ ਕਿਹਾ ਕਿ ਸਕੂਲਾਂ ਵਿੱਚ ਗੁਰੂ ਸਾਹਿਬਾਂ ਦੇ ਦਿਨ ਮਨਾਉਣੇ ਬਹੁਤ ਜ਼ਰੂਰੀ ਹਨ ਤਾਂ ਕਿ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਗੁਰ ਇਤਿਹਾਸ ਦਾ ਪਤਾ ਲੱਗੇ ਆਉਣ ਵਾਲੀ ਪੀੜ੍ਹੀ ਇਹ ਜਾਣ ਸਕੇ ਕਿ ਸਾਡੇ ਗੁਰੂਆਂ ਨੇ ਸਾਡੇ ਲਈ ਕਿੰਨੀਆਂ ਕੁਰਬਾਨੀਆਂ ਕੀਤੀਆਂ।ਇਸ ਮੌਕੇ ਸਾਰੀਆਂ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ।ਇਸ ਮੌਕੇ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਕੌਰ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨਿਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।




## ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਹੋਰ ਸਰਗਰਮ ਹੋਣ ਦਾ ਅਹਿਦ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਬਾਬਾ ਬਕਾਲਾ ਪ੍ਰਧਾਨ ਕੁਲਦੀਪ ਸਿੰਘ ਜੱਬੋਵਾਲ ਦੀ ਪ੍ਰਧਾਨਗੀ ਹੇਠ ਪਿੰਡ ਸਰਜਾ ਵਿਖੇ ਤਹਿਸੀਲ ਸਕੱਤਰ ਜਗੀਰ ਸਿੰਘ ਦੇ ਘਰ ਮੀਟਿੰਗ ਹੋਈ ਜਿਸ ਵਿੱਚ ਜਥੇਬੰਦੀ ਦੇ ਜਨਰਲ ਸਕੱਤਰ ਕਾਮਰੇਡ ਜਸਬੀਰ ਸਿੰਘ ਝਬਾਲ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਵਿੱਚ ਬੋਲਦਿਆਂ ਝਬਾਲ ਨੇ ਕਿਹਾ ਕਿ ਤਹਿਸੀਲ ਦੇ ਪਿੰਡਾਂ ਵਿੱਚ ਜਥੇਬੰਦੀ ਦੀ ਮੈਂਬਰਸ਼ਿਪ, ਯੂਨਿਟ ਅਤੇ ਸਕੂਲਿੰਗ ਕਰਨ ਦੀ ਮੁਹਿੰਮ ਨੂੰ ਹੋਰ ਪ੍ਰਚਾਰਨ ਦੀ ਲੋੜ ਹੈ।ਇਥੇ ਬਾਬਾ ਬਕਾਲਾ ਦੇ ਤਹਿਸੀਲ ਸਕੱਤਰ ਜਗੀਰ ਸਿੰਘ ਸਰਜਾ ਨੇ ਮੀਟਿੰਗ ਵਿੱਚ ਲਏ ਫੈਸਲਿਆਂ ਨੂੰ ਤਨਦੇਹੀ ਨਾਲ ਲਾਗੂ ਕਰਨ ਲਈ ਅਹੁਦੇਦਾਰ ਸਾਥੀਆਂ ਨੂੰ ਪੂਰੀ ਜ਼ਿੰਮੇਵਾਰੀ ਨਿਭਾਉਣ ਦਾ ਸੱਦਾ ਦਿੱਤਾ।ਮੀਟਿੰਗ ਵਿੱਚ ਸਾਥੀ ਕਾਮਰੇਡ ਸਰਵਣ ਸਿੰਘ ਤਰਸਿੱਕਾ, ਕਾਮਰੇਡ ਜਗੀਰ ਸਿੰਘ ਸਰਜਾ, ਕਾਮਰੇਡ ਬੂਟਾ ਸਿੰਘ ਮਧੇਪੁਰ, ਕਾਮਰੇਡ ਕੁਲਦੀਪ ਸਿੰਘ ਜੱਬੋਵਾਲ, ਕਾਮਰੇਡ ਬਲਦੇਵ ਸਿੰਘ ਡੇਅਰੀਵਾਲ, ਕਾਮਰੇਡ ਗੁਰਦੀਪ ਸਿੰਘ ਬੁਤਾਲਾ, ਕਾਮਰੇਡ ਕਰਤਾਰ ਸਿੰਘ ਛੱਜਲਵੱਡੀ ਆਦਿ ਹਾਜ਼ਰ ਹੋਏ।ਤਹਿਸੀਲ ਪ੍ਰਧਾਨ ਨੇ ਪਹੁੰਚੇ ਕਾਮਰੇਡ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਲਏ ਫੈਸਲਿਆਂ 'ਤੇ ਅਮਲ ਕਰਨ ਦਾ ਸੱਦਾ ਦਿੱਤਾ।

## ਭਿੰਡੀ ਔਲਖ ਵਿਖੇ ਅੱਖਾਂ ਦਾ ਮੁਫਤ ਮੈਡੀਕਲ ਚੈੱਕਅਪ ਕੈਂਪ ਲੱਗਾ

**ਅਜਨਾਲਾ (ਸੁੱਖ ਦਿੰਦਰ ਸਿੰਘ ਰਾਜੂ)**- ਸਰਹੱਦੀ ਪਿੰਡ ਭਿੰਡੀ ਔਲਖ ਵਿਖੇ ਸਰਹੱਦੀ ਤੇ ਪਛੜੇ ਵਰਗ ਦੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਡਾ. ਸਕਿਨ ਆਈ ਹਸਪਤਾਲ ਗਰੀਨ ਐਵਨਿਊ ਅੰਮ੍ਰਿਤਸਰ ਵੱਲੋਂ ਅੱਖਾਂ ਦਾ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ! ਅੱਖਾਂ ਦੇ ਸਪੈਸ਼ਲਿਸਟ ਡਾ. ਸੁਦਾਮਾ ਠਾਕੁਰ ਨੇ ਦੱਸਿਆ ਕਿ ਔਲਖ ਕਲੀਨਿਕ ਦੇ ਡਾ. ਮਨਜੀਤ ਸਿੰਘ ਲਾਡੀ ਦੇ ਉੱਦਮ ਸਦਕਾ ਇਹ ਕੈਂਪ ਲਗਾਇਆ ਗਿਆ ਜਿਸ ਵਿੱਚ 400 ਦੇ ਕਰੀਬ ਮਰੀਜ਼ਾਂ ਦਾ ਮੁਫਤ ਚੈੱਕਅਪ ਕਰਨ ਦੇ ਨਾਲ ਨਾਲ ਮੁਫਤ ਦਵਾਈਆਂ ਦਿੱਤੀਆਂ ਗਈਆਂ ਅਤੇ ਜਿਨ੍ਹਾਂ ਮਰੀਜ਼ਾਂ ਨੂੰ ਅਪਰੇਸ਼ਨ ਦੀ ਲੋੜ ਹੈ ਉਨ੍ਹਾਂ ਦੇ ਮੁਫਤ ਆਪਰੇਸ਼ਨ ਕੀਤੇ ਜਾਣਗੇ ਤੇ ਮੁਫਤ ਐਨਕਾਂ ਲਗਾਈਆਂ ਜਾਣਗੀਆਂ! ਉਨ੍ਹਾਂ ਕਿਹਾ ਕਿ ਸਕਿਨ ਆਈ ਹਸਪਤਾਲ ਅੰਮ੍ਰਿਤਸਰ ਵੱਲੋਂ ਸਰਹੱਦੀ ਖੇਤਰ ਦੇ ਵੱਖ-ਵੱਖ ਪਿੰਡਾਂ ਵਿੱਚ ਅੱਖਾਂ ਦੇ ਮੁਫਤ ਕੈਂਪ ਲਗਾਏ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਕੈਂਪ ਲਗਾਤਾਰ ਜਾਰੀ ਰਹਿਣਗੇ! ਇਸ ਮੌਕੇ ਮੈਡੀਕਲ ਪਟੀਸ਼ਨਰ ਐਸੋਸੀਏਸ਼ਨ ਅਜਨਾਲਾ ਦੇ ਪ੍ਰਧਾਨ ਡਾ. ਮੁਖਤਿਆਰ ਸਿੰਘ ਚੇਤਨਪੁਰਾ, ਪੀਆਰਓ ਰਣਜੀਤ ਸਿੰਘ, ਸਰਪੰਚ ਹਰਪਾਲ ਸਿੰਘ ਭਿੰਡੀ ਔਲਖ, ਨੰਬਰਦਾਰ ਹਰਜਿੰਦਰ ਸਿੰਘ, ਸਾਬਕਾ ਮੈਂਬਰ ਪੰਚਾਇਤ ਅਨੂਪ ਸਿੰਘ ਅਤੇ ਸਾਬਕਾ ਸਰਪੰਚ ਤੇ ਸੀਨੀਅਰ ਅਕਾਲੀ ਆਗੂ ਗੁਰਮੀਤ ਸਿੰਘ ਭੱਪਾ ਆਦਿ ਹਾਜ਼ਰ ਸਨ।



## ਸੰਧੂ ਵੱਲੋਂ ਕਾਂਗਰਸ ਪਾਰਟੀ ਦੀ ਬਿਹਤਰੀ ਲਈ ਹਲਕੇ ਦੇ ਵਰਕਰਾਂ ਨਾਲ ਵਿਚਾਰ-ਵਟਾਂਦਰਾ

**ਪੱਟੀ (ਸ਼ਮਸ਼ੇਰ ਸਿੰਘ ਯੋਧਾ)**- ਵਿਧਾਨ ਸਭਾ ਹਲਕਾ ਪੱਟੀ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਮੈਂਬਰ ਪੀਪੀਸੀਸੀ ਹਰਪ੍ਰੀਤ ਸਿੰਘ ਸੰਧੂ ਨੇ ਪੱਟੀ ਹਲਕੇ ਦੇ ਲੋਕਾਂ ਨਾਲ ਹਲਕੇ ਦੇ ਵੱਖ-ਵੱਖ ਪਿੰਡਾਂ ਅੰਦਰ ਕਾਂਗਰਸ ਪਾਰਟੀ ਦੀ ਬਿਹਤਰੀ ਲਈ ਵਿਸ਼ੇਸ਼ ਮੀਟਿੰਗਾਂ ਕੀਤੀਆਂ।ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਹਰਪ੍ਰੀਤ ਸਿੰਘ ਸੰਧੂ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਪੱਟੀ ਸ਼ਹਿਰ ਅਤੇ ਹਲਕੇ ਨਾਲ ਸਬੰਧਿਤ ਵੱਖ ਵੱਖ ਪਿੰਡਾਂ ਦੇ ਲੋਕਾਂ ਨਾਲ ਰਾਬਤਾ ਕਰਕੇ ਉਨ੍ਹਾਂ ਲੋਕਾਂ ਦੇ ਵਿਚਾਰ ਲਏ ਜਾ ਰਹੇ ਹਨ ਤਾਂ ਜੋ ਪਿੰਡ-ਪਿੰਡ ਕਾਂਗਰਸ ਪਾਰਟੀ ਦਾ ਝੰਡਾ ਗੱਡਿਆ ਜਾ ਸਕੇ।ਸੰਧੂ ਨੇ ਕਿਹਾ ਕਿ ਪਿੰਡਾਂ ਵਿੱਚ ਰਹਿੰਦੇ ਕੰਮਾਂ ਨੂੰ ਪਹਿਲ ਦੇ ਅਧਾਰ ਤੇ ਮੁਕੰਮਲ ਕੀਤਾ ਜਾਵੇਗਾ। ਸੰਧੂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਮੋਹ ਭੰਗ ਹੋ ਚੁੱਕਾ ਹੈ। ਪੰਜਾਬ ਵਿੱਚ ਲਾਅ ਐਂਡ ਆਰਡਰ ਦੀ ਸਥਿਤੀ ਡਾਵਾਂਡੋਲ ਹੋ ਚੁੱਕੀ ਹੈ। ਸੰਧੂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਕਾਂਗਰਸ ਪਾਰਟੀ ਵੱਡੇ ਪੱਧਰ ਤੇ ਸੀਟਾਂ ਜਿੱਤੇਗੀ ਤੇ ਭਾਰੀ ਬਹੁਮਤ ਨਾਲ ਸਰਕਾਰ ਬਣਾਏਗੀ।ਇਸ ਮੌਕੇ ਸੰਧੂ ਨਾਲ ਗੁਰਬੀਰ ਸਿੰਘ ਗਲੈਡੀ ਮੰਡ, ਮਾਸਟਰ ਸੰਜੀਵ ਕਾਚੀ, ਕਰਨ ਪੰਨੂ, ਸਿਕੰਦਰ ਸਿੰਘ ਨੰਦਪੁਰ, ਜਗਤਾਰ ਸਿੰਘ ਤਾਰੀ, ਮਨਦੀਪ ਸਿੰਘ ਉਦੈ, ਸੁੱਚਬੀਰ ਸਿੰਘ ਸਰਹਾਲੀ, ਪ੍ਰਭਜੋਤ ਸਿੰਘ ਨਬੀਪੁਰ, ਕੁਲਵਿੰਦਰ ਸਿੰਘ, ਭਗਵਾਨ ਸਿੰਘ ਬੁਰਜ, ਬਲਜੀਤ ਸਿੰਘ, ਹਰਦਿਆਲ ਸਿੰਘ ਦਦੇਹਰ ਸਾਹਿਬ, ਸਤਵਿੰਦਰ ਸਿੰਘ, ਗੁਰਮੀਤ ਸਿੰਘ, ਜਗਜੀਤ ਸਿੰਘ, ਗੁਰਦੇਵ ਸਿੰਘ, ਅਨਮੋਲ ਸਿੰਘ, ਅਜੈ ਕੁਮਾਰ ਆਦਿ ਹਾਜ਼ਰ ਸਨ।



## ਲੁਧਿਆਣਾ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਦੀ ਜਿੱਤ ਯਕੀਨੀ : ਰਾਜੀਵ ਸ਼ਰਮਾ

**ਗੁਰਦਾਸਪੁਰ (ਜਨਕ ਮਹਾਜਨ)**- ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਤੋਂ ਜ਼ਿਮਨੀ ਚੋਣ ਲੜ ਰਹੇ ਆਮ ਆਦਮੀ ਪਾਰਟੀ ਦੇ ਹਰਮਨ ਪਿਆਰੇ ਉਮੀਦਵਾਰ ਸੰਜੀਵ ਅਰੋੜਾ ਵੱਡੀ ਗਿਣਤੀ ਨਾਲ ਜਿੱਤ ਪ੍ਰਾਪਤ ਕਰਕੇ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਥ ਹੋਰ ਮਜ਼ਬੂਤ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਰਾਜੀਵ ਸ਼ਰਮਾ ਇੰਚਾਰਜ ਲੋਕ ਸਭਾ ਹਲਕਾ ਗੁਰਦਾਸਪੁਰ ਤੇ ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੇ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਰਾਜੀਵ ਸ਼ਰਮਾ ਨੇ ਦਸਿਆ ਕਿ ਆਪ ਦੇ ਉਮੀਦਵਾਰ ਸੰਜੀਵ ਅਰੋੜਾ ਲੁਧਿਆਣਾ ਦੇ ਪੱਛਮੀ ਹਲਕੇ ਦੇ ਲੋਕਾਂ ਨਾਲ ਕਈ ਸਾਲਾਂ ਤੋਂ ਜੁੜੇ ਹੋਏ ਹਨ। ਰਾਜੀਵ ਸ਼ਰਮਾ ਨੇ ਦੱਸਿਆ ਕਿ ਪਾਰਟੀ ਉਮੀਦਵਾਰ ਸੰਜੀਵ ਅਰੋੜਾ ਬੜੇ ਸੁਲਝੇ ਤੇ ਮਿਹਨਤੀ ਵਿਅਕਤੀ ਹਨ ਅਤੇ ਉਹ ਲੁਧਿਆਣਾ ਵਾਸੀਆਂ ਦੀ ਹਰ ਮੁਸ਼ਕਿਲ ਨੂੰ ਸਮਝਦੇ ਹਨ। ਉਨ੍ਹਾਂ ਦੱਸਿਆ ਕਿ ਲੁਧਿਆਣਾ ਵਾਸੀਆਂ ਦਾ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਪ੍ਰਤੀ ਪਿਆਰ ਅਤੇ ਮੋਹ ਵੇਖਣ 'ਤੇ ਲੱਗਦਾ ਹੈ ਕਿ ਉਨ੍ਹਾਂ ਦੀ ਜਿੱਤ ਸੌ ਫੀਸਦੀ ਯਕੀਨੀ ਹੈ ਜਦਕਿ ਵਿਰੋਧੀ ਪਾਰਟੀ ਦੇ ਖੇਮੇ ਵਿੱਚ ਨਿਰਾਸ਼ਾ ਵੇਖਣ ਨੂੰ ਮਿਲ ਰਹੀ ਹੈ। ਉਨ੍ਹਾਂ ਕਿਹਾ ਲੁਧਿਆਣਾ ਪੱਛਮੀ ਤੋਂ ਅਸੈਂਬਲੀ ਦੀ ਉਪ ਚੋਣ ਲੜ ਰਹੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੀ ਲੀਡ ਨਾਲ ਜਿੱਤ ਹਾਸਲ ਕਰਕੇ ਪੰਜਾਬ ਅਸੈਂਬਲੀ ਵਿੱਚ ਆਮ ਆਦਮੀ ਪਾਰਟੀ ਦੇ ਬਹੁਮਤ ਵਿੱਚ ਹੋਰ ਵਾਧਾ ਕਰਨਗੇ ਜੋ ਕਿ ਬੜੇ ਮਾਣ ਵਾਲੀ ਗੱਲ ਹੋਵੇਗੀ। ਉਨ੍ਹਾਂ ਕਿਹਾ ਕਿ ਲੁਧਿਆਣਾ ਪੱਛਮੀ ਵਿੱਚ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਹੋਈ ਚੋਣ ਰੈਲੀ ਦੌਰਾਨ ਲੋਕਾਂ ਦੇ ਇਕੱਠ ਨੂੰ ਵੇਖ ਕੇ ਸਾਫ ਪਤਾ ਲੱਗਦਾ ਹੈ ਕਿ ਇਸ ਵਾਰ ਲੋਕ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਵੋਟਾਂ ਪਾ ਕੇ ਵਿਧਾਇਕ ਬਣਾਉਣਗੇ।



## ਸੰਤ ਬਾਬਾ ਸੱਜਣ ਸਿੰਘ ਧਰਮ ਪ੍ਰਚਾਰ ਲਈ ਇੰਗਲੈਂਡ ਰਵਾਨਾ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਧਰਮ ਪ੍ਰਚਾਰ ਲਈ ਇੰਗਲੈਂਡ ਲਈ ਰਵਾਨਾ ਹੋ ਗਏ ਹਨ।ਉਹ ਇੰਗਲੈਂਡ ਦੀ ਧਰਤੀ ਤੇ ਕੇਵਲ ਇੱਕ ਮਹੀਨਾ ਵੱਖ-ਵੱਖ ਜਗ੍ਹਾ 'ਤੇ ਗੁਰੂ ਘਰ ਦੀ ਸੇਵਾ ਲਈ ਸੰਗਤਾਂ ਦੇ ਸੱਦੇ ਉਪਰ ਰੁਕਣਗੇ।ਇਸ ਮੌਕੇ ਆਤਮਜੀਤ ਸਿੰਘ, ਮੋਹਕਮ ਸਿੰਘ, ਹਰਪਾਲ ਸਿੰਘ, ਨਰਿੰਦਰ ਸਿੰਘ ਭੋਏ, ਰਣਜੀਤ ਸਿੰਘ ਰਾਣਾ ਬਾਬੋਵਾਲ, ਸਰਬਜੀਤ ਸਿੰਘ ਸਰਪੰਚ, ਬਲਜਿੰਦਰ ਸਿੰਘ, ਗਿਆਨ ਸਿੰਘ, ਜਗਰੂਪ ਸਿੰਘ, ਪ੍ਰਿੰ. ਗੁਰਸੇਵਕ ਸਿੰਘ, ਤਲਜਿੰਦਰ ਸਿੰਘ ਬੋਪਾਰਾਏ, ਬਾਬਾ ਰਾਜਾ, ਅਮਰਜੀਤ ਸਿੰਘ ਤਾਰਪੁਰ, ਅਵਤਾਰ ਸਿੰਘ ਬੋਪਾਰਾਏ, ਬਾਬਾ ਜੱਸਾ ਸਿੰਘ, ਬਾਬਾ ਸੁੱਖਾ ਸਿੰਘ, ਬੂਟਾ ਸਿੰਘ ਦਸਮੇਸ਼ ਨਗਰ, ਜੋਬਨ ਬੁਲਾਰਾ, ਬਲਹਾਰ ਸਿੰਘ, ਕਰਮ ਸਿੰਘ ਤਜਿੰਦਰ ਲਾਡੀ ਮਹਿਤਾ,ਹਰਜਿੰਦਰ ਸਿੰਘ ਮਹਿਤਾ, ਬਰਿੰਦਰ ਸਿੰਘ, ਨਿਰਵੈਰ ਸਿੰਘ ਬੁਲਾਰਾ, ਨੱਥਾ ਸਿੰਘ ਤਾਰਪੁਰ, ਕੁਲਦੀਪ ਸਿੰਘ ਬੋਪਾਰਾਏ, ਸੁਖਵਿੰਦਰ ਸਿੰਘ ਭੀਲੋਵਾਲ , ਮੇਜਰ ਸਿੰਘ, ਅਵਤਾਰ ਸਿੰਘ ਬੋਪਾਰਾਏ, ਬਾਬਾ ਸੁਲੱਖਣ ਸਿੰਘ ਹੈੱਡ ਗ੍ਰੰਥੀ ਆਦਿ ਹਾਜ਼ਰ ਸਨ।

## 11250 ਐੱਮ ਐੱਲ ਨਜਾਇਜ਼ ਸ਼ਰਾਬ ਸਣੇ ਵਿਅਕਤੀ ਪੁਲਸ ਅੜਿੱਕੇ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਕਲਾਨੌਰ ਪੁਲਸ ਦੇ ਏਐੱਸਆਈ ਕਸ਼ਮੀਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਅੱਡਾ ਪੁਰਾਣਾ ਸ਼ਾਲਾ ਮੌਜੂਦ ਸਨ ਤਾਂ ਮੁੱਖਬਰ ਨੇ ਇਤਲਾਹ ਦਿੱਤੀ ਕਿ ਇਕ ਵਿਅਕਤੀ ਟੀ ਪੁਆਇੰਟ ਨੇੜੇ ਬਿਜਲੀ ਘਰ ਕਲਾਨੌਰ ਜੋ ਜ਼ਹਿਰੀਲੇ/ ਗੈਰ ਸਿਹਮਅੰਦ ਪਦਾਰਥਾ ਤੋਂ ਸਰਾਬ ਤਿਆਰ ਕਰਦਾ ਹੈ, ਜਿਸ ਦੀ ਕੋਈ ਡਿਗਰੀ ਨਹੀ ਹੈ, ਜੋ ਮਨੁੱਖੀ ਜ਼ਿੰਦਗੀ ਨਾਲ ਖਿਲਵਾੜ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਇਸ ਬਾਰੇ ਇਤਲਾਹ ਮਿਲਣ 'ਤੇ ਤਫਤੀਸ਼ੀ ਅਫਸਰ ਨੇ ਸਮੇਤ ਪੁਲਸ ਪਾਰਟੀ ਟੀ. ਪੁਆਇੰਟ ਨੇੜੇ ਬਿਜਲੀ ਘਰ ਕਲਾਨੌਰ ਵਿਖੇ ਨਾਕਾ ਬੰਦੀ ਕਰਕੇ ਨਿੰਦ ਸਿੰਘ ਪੁੱਤਰ ਮੁਨਸ਼ੀ ਰਾਮ ਵਾਸੀ ਕਲਾਨੌਰ ਨੂੰ ਕਾਬੂ ਕੀਤਾ ਜਿਸ ਪਾਸੋਂ 11250 ਐੱਮ.ਐੱਲ. ਨਜਾਇਜ਼ ਸਰਾਬ ਬਰਾਮਦ ਕੀਤੀ ਗਈ। ਕਲਾਨੌਰ ਪੁਲਿਸ ਨੇ ਉਕਤ ਵਿਅਕਤੀ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਸੈਂਟਰਲ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ ਤੇ ਸਬ ਜੇਲ੍ਹ ਪੱਟੀ ਵਿਖੇ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਮਾਨਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸਏਐੱਸ ਨਗਰ ਦੀਆਂ ਹਦਾਇਤਾ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਦੇ ਸਾਰੇ ਸਕੂਲਾਂ ਵਿੱਚ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਗਿਆ ਅਤੇ ਜ਼ਿਲ੍ਹਾ ਤਰਨ ਤਾਰਨ ਦੇ ਵੱਖ-ਵੱਖ ਪਿੰਡਾਂ ਵਿੱਚ ਇਸ ਸੰਬੰਧੀ ਸੈਮੀਨਰ ਵੀ ਕਰਵਾਏ ਗਏ।ਇਸ ਤੋਂ ਇਲਾਵਾ ਸੈਂਟਰਲ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਵੀ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਗਿਆ।ਇਸ ਤੋਂ ਇਲਾਵਾ ਮਾਨਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸਏਐੱਸ ਨਗਰ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਕੰਵਲਜੀਤ ਸਿੰਘ ਬਾਜਵਾ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਅਤੇ ਮਿਸ ਸ਼ਿਲਪਾ, ਚੀਫ਼ ਜੁਡੀਸ਼ੀਅਲ ਮੈਜੀਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਦੀ ਅਗਵਾਈ ਵਿੱਚ ਸਬ ਜੇਲ੍ਹ ਪੱਟੀ ਵਿਖੇ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਗਿਆ।ਇਸ ਮੌਕੇ ਇੰਦਰਪ੍ਰੀਤ ਸਿੰਘ, ਡਿਪਟੀ ਸੁਪਰਡੈਂਟ ਸਬ ਜੇਲ੍ਹ ਪੱਟੀ, ਗੁਰਕੀਰਤ ਸਿੰਘ, ਅਸਿਸਟੈਂਟ, ਲੀਗਲ ਏਡ ਡੀਫੈਂਸ ਕੌਂਸਲ, ਤਰਨ ਤਾਰਨ, ਕਰਨਬੀਰ ਸਿੰਘ, ਅਸਿਸਟੈਂਟ, ਲੀਗਲ ਏਡ ਡਿਫੈਂਸ ਕੌਂਸਲ, ਤਰਨ ਤਾਰਨ, ਮਿਸ ਜੀਆ ਕੁੱਲਰ, ਅਸਿਸਟੈਂਟ, ਲੀਗਲ ਏਡ ਡਿਫੈਂਸ ਕੌਂਸਲ, ਤਰਨ ਤਾਰਨ, ਮਿਸ ਸੀਮਾ, ਅਸਿਸਟੈਂਟ, ਲੀਗਲ ਏਡ ਡਿਫੈਂਸ ਕੌਂਸਲ, ਤਰਨ ਤਾਰਨ ਅਤੇ ਪ੍ਰਭਦੀਪ ਸਿੰਘ, ਪੈਰਾ ਲੀਗਲ ਵਲੰਟੀਅਰ ਹਾਜ਼ਰ ਰਹੇ।ਇਸ ਮੌਕੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਤਰਨ ਤਾਰਨ ਦੇ ਹੁਕਮਾਂ ਅਨੁਸਾਰ ਸਬ ਜੇਲ੍ਹ ਪੱਟੀ ਵਿਖੇ ਮੈਡੀਕਲ ਕੈਂਪ ਵੀ ਲਗਵਾਇਆ ਗਿਆ। ਬਿਮਾਰੀਆਂ ਨਾਲ ਪੀੜਤ ਕੈਦੀਆਂ ਅਤੇ ਹਵਾਲਾਤੀਆਂ ਦਾ ਚੈਕਅੱਪ ਕੀਤਾ ਗਿਆ ਅਤੇ ਮੌਕੇ 'ਤੇ ਲੋੜ ਮੁਤਾਬਕ ਪੀੜਤ ਕੈਦੀਆਂ ਅਤੇ ਹਵਾਲਾਤੀਆਂ ਨੂੰ ਦਵਾਈਆਂ ਵੀ ਦਿੱਤੀਆਂ ਗਈਆਂ।ਇਸ ਮੌਕੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਤਰਨ ਤਾਰਨ ਵੱਲੋਂ ਸਬ ਜੇਲ੍ਹ ਪੱਟੀ ਵਿੱਚ ਕੈਦੀਆਂ ਅਤੇ ਹਵਾਲਾਤੀਆਂ ਨੂੰ ਵੱਖ-ਵੱਖ ਕਿਤਾਬਾਂ ਵੀ ਦਿੱਤੀਆਂ ਗਈਆਂ। ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਤਰਨ ਤਾਰਨ ਨੇ ਦੱਸਿਆ ਕਿ ਤੰਬਾਕੂ ਦੇ ਬਹੁਤ ਜ਼ਿਆਦਾ ਨੁਕਸਾਨ ਹਨ ਜਿਵੇਂ ਕਿ ਫੇਫੜਿਆਂ ਦਾ ਕੈਂਸਰ, ਦਿਲ ਦੀ ਬਿਮਾਰੀ, ਸਟ੍ਰੋਕ ਅਤੇ ਮੌਤ ਆਦਿ।




## ਬੋਰਡ ਦੀ ਪ੍ਰੀਖਿਆ 'ਚ ਵਧੀਆ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਮਾਪਿਆਂ ਦਾ ਸਨਮਾਨ




**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਵਿਖੇ ਦੱਸਵੀਂ ਅਤੇ ਬਾਰਵੀਂ ਜਮਾਤ ਦੇ ਸ਼ਾਨਦਾਰ ਨਤੀਜਿਆਂ ਨੂੰ ਮੁੱਖ ਰੱਖਦੇ ਹੋਏ ਸਨਮਾਨ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਸਰਵ ਸ੍ਰੇਸ਼ਟ ਨਤੀਜੇ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਵਿੱਚ ਇੱਕ ਖਾਸ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਨਮਾਨਿਤ ਕਰਨ ਲਈ ਸਕੂਲ ਦੀ ਮੈਨੇਜਮੈਂਟ ਕਮੇਟੀ ਵੱਲੋਂ ਖਾਸ ਪ੍ਰਬੰਧ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਪ੍ਰੈਜ਼ੀਡੈਂਟ ਬਲਜੀਤ ਕੌਰ ਰੰਧਾਵਾ ਅਤੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਸਕੂਲ ਦੀ ਦੱਸਵੀਂ ਅਤੇ ਬਾਰਵੀਂ ਜਮਾਤ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਬੇਮਿਸਾਲ ਰਿਹਾ।ਦਸਵੀਂ ਵਿੱਚ 25 ਵਿਦਿਆਰਥੀ ਨੇ 90% ਤੋਂ ਉਪਰ ਅੰਕ ਅਤੇ ਬਾਰ੍ਹਵੀਂ ਜਮਾਤ ਵਿੱਚੋਂ 15 ਵਿਦਿਆਰਥੀਆਂ ਨੇ 90% ਤੋਂ ਉੱਪਰ ਅੰਕ ਪ੍ਰਾਪਤ ਕੀਤੇ। ਬਾਰਵੀਂ ਜਮਾਤ ਦੀ ਭਵਨੀਤ ਕੌਰ ਜ਼ਿਲ੍ਹੇ ਵਿੱਚੋਂ ਅਵਲ ਰਹੀ ਅਤੇ ਦਸਵੀਂ ਜਮਾਤ ਦੀ ਹਰਲੀਨ ਕੌਰ ਨੇ ਪੂਰੇ ਤਰਨ ਤਾਰਨ ਜ਼ਿਲੇ ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ 21 ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚੋਂ 100 ਅੰਕ ਪ੍ਰਾਪਤ ਕਰਕੇ ਸਕੂਲ ਦੀ ਸ਼ਾਨ ਨੂੰ ਹੋਰ ਵਧਾਇਆ।ਇਸ ਮੌਕੇ ਕਮੇਟੀ ਮੈਂਬਰਾਂ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਨਮਾਨਿਤ ਕੀਤਾ।

## ਈਟੀਓ ਨੇ 82 ਲੱਖ ਰੁਪਏ ਦੀ ਲਾਗਤ ਨਾਲ ਨੇਪਰੇ ਚੜ੍ਹਨ ਵਾਲੇ ਕੰਮਾਂ ਦੀ ਸ਼ੁਰੂਆਤ ਕਰਵਾਈ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਆਪਣੇ ਹਲਕੇ ਜੰਡਿਆਲਾ ਗੁਰੂ ਵਿੱਚ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਅਧੀਨ ਸ਼ਹੀਦ ਸਰਬਜੀਤ ਸਿੰਘ ਸਰਕਾਰੀ ਐਲੀਮੈਂਟਰੀ ਸਕੂਲ ਤਰਸਿੱਕਾ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਕਿਲਾ ਜੀਵਨ ਸਿੰਘ ਵਾਲਾ ਵਿੱਚ ਲਗਭਗ 55 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਜਾਣ ਵਾਲੇ ਕੰਮਾਂ ਦੀ ਸ਼ੁਰੂਆਤ ਕਰਵਾਈ। ਦੱਸਣਯੋਗ ਹੈ ਕਿ ਕੁਝ ਦਿਨ ਪਹਿਲਾਂ ਹੀ ਕੈਬਨਿਟ ਮੰਤਰੀ ਤਰਸਿੱਕਾ ਸਕੂਲ ਵਿੱਚ ਗਏ ਸਨ, ਜਿੱਥੇ ਉਨ੍ਹਾਂ ਨੇ ਅਧਿਆਪਕਾਂ ਕੋਲੋਂ ਸਕੂਲ ਦੀਆਂ ਲੋੜਾਂ ਬਾਰੇ ਪੁੱਛਿਆ ਸੀ। ਅੱਜ ਲਗਭਗ 10 ਦਿਨ ਦੇ ਵਕਫੇ ਬਾਅਦ ਹੀ ਉਹਨਾਂ ਨੇ ਇਹ ਲੋੜਾਂ ਨੂੰ ਪ੍ਰਵਾਨ ਕਰਵਾ ਕੇ ਕੰਮਾਂ ਦੀ ਸ਼ੁਰੂਆਤ ਕਰਵਾ ਦਿੱਤੀ।ਇਸ ਮੌਕੇ ਸੰਬੋਧਨ ਕਰਦੇ ਕੈਬਨਿਟ ਮੰਤਰੀ ਨੇ ਕਿਹਾ ਕਿ ਅੱਜ ਕਿਉਂਕਿ ਸਕੂਲਾਂ ਵਿੱਚ ਛੁੱਟੀਆਂ ਤੋਂ ਪਹਿਲਾਂ ਆਖਰੀ ਦਿਨ ਹੈ।ਮੇਰੀ ਇੱਛਾ ਸੀ ਕਿ ਛੁੱਟੀਆਂ ਤੋਂ ਪਹਿਲਾਂ ਪਹਿਲਾਂ ਕੰਮ ਸ਼ੁਰੂ ਕਰਵਾ ਦਿੱਤੇ ਜਾਣ ਤਾਂ ਜੋ ਛੁੱਟੀਆਂ ਵਿੱਚ ਕੰਮ ਚੱਲਦਾ ਰਹੇ।ਉਨ੍ਹਾਂ ਨੇ ਕਿਹਾ ਕਿ ਸਕੂਲ ਬੱਚਿਆਂ ਦੇ ਭਵਿੱਖ ਨਾਲ ਜੁੜੇ ਹੋਏ ਹਨ ਅਤੇ ਇਨ੍ਹਾਂ ਸਕੂਲਾਂ ਨੂੰ ਬਿਹਤਰ ਬਣਾਉਣਾ ਸਾਡੀ ਸਰਕਾਰ ਦੀ ਪਹਿਲੀ ਤਰਜੀਹ ਹੈ, ਤਾਂ ਜੋ ਇੱਥੇ ਪੜ੍ਹਨ ਆਉਣ ਵਾਲੇ ਬੱਚੇ ਸੋਹਣੇ ਮਾਹੌਲ ਵਿੱਚ ਚੰਗੀ ਵਿਦਿਆ ਹਾਸਿਲ ਕਰਨ।ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਇਮਾਰਤਾਂ ਦੇ ਨਾਲ ਨਾਲ ਬਿਹਤਰ ਸਟਾਫ ਵੀ ਭਰਤੀ ਕੀਤਾ ਗਿਆ ਹੈ ਤਾਂ ਜੋ ਸਾਡੇ ਬੱਚੇ ਚੰਗੇ ਨਾਗਰਿਕ ਬਣ ਸਕਣ।ਉਨ੍ਹਾਂ ਇਸ ਮੌਕੇ ਪਿੰਡ ਦੇ ਮੋਹਤਬਾਰਾਂ, ਸਰਪੰਚਾਂ, ਅਹੁਦੇਦਾਰਾਂ, ਬੱਚਿਆਂ ਦੇ ਮਾਤਾ ਪਿਤਾ ਨੂੰ ਸਿੱਖਿਆ ਉੱਤੇ ਵੱਧ ਤੋਂ ਵੱਧ ਧਿਆਨ ਦੇਣ ਲਈ ਅਪੀਲ ਕੀਤੀ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ ਜੰਡਿਆਲਾ ਗੁਰੂ ਦੇ ਪਸ਼ੂ ਹਸਪਤਾਲ ਜੋ ਕਿ ਲੰਮੇ ਸਮੇਂ ਤੋਂ ਮੁਰੰਮਤ ਦੀ ਉਡੀਕ ਵਿੱਚ ਸੀ, ਵਿਖੇ ਕਰੀਬ 27 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਕੰਮਾਂ ਦੀ ਸ਼ੁਰੂਆਤ ਕਰਵਾਈ।ਉਨ੍ਹਾਂ ਕਿਹਾ ਕਿ ਪਸ਼ੂ ਸਾਡੇ ਰੁਜ਼ਗਾਰ ਦਾ ਵੱਡਾ ਸਾਧਨ ਹਨ ਅਤੇ ਜੇਕਰ ਇਨ੍ਹਾਂ ਹਸਪਤਾਲਾਂ ਵਿੱਚੋਂ ਸਾਡੇ ਕਿਸਾਨਾਂ ਮਜ਼ਦੂਰਾਂ ਦੇ ਪਸ਼ੂਆਂ ਦਾ ਬਿਹਤਰ ਇਲਾਜ ਹੋਵੇ ਤਾਂ ਉਹ ਸੌਖੀ ਰੋਟੀ ਖਾਂਦੇ ਰਹਿਣਗੇ।ਉਨ੍ਹਾਂ ਕਿਹਾ ਜੇਕਰ ਹੋਰ ਵੀ ਕੋਈ ਲੋੜ ਹਸਪਤਾਲ ਦੀ ਹੋਈ ਤਾਂ ਉਹ ਪੂਰੀ ਕੀਤੀ ਜਾਵੇਗੀ। ਇਸ ਮੌਕੇ ਸ੍ਰੀ ਨਰੇਸ਼ ਪਾਠਕ, ਐਕਸੀਅਨ ਰੰਧਾਵਾ ਅਤੇ ਹੋਰ ਆਗੂ ਵੀ ਹਾਜ਼ਰ ਸਨ।



## ਸ਼ੇਰਪੁਰ-ਪੰਜੌੜ ਅਤੇ ਫੁਲਪਿਆਰਾ-ਸੁਜਾਨਪੁਰ ਮਾਰਗਾਂ ਦੀ ਹੋਵੇਗੀ ਕਾਇਆ ਕਲਪ : ਕਟਾਰੂਚੱਕ

**ਪਠਾਨਕੋਟ (ਦਵਿੰਦਰ ਸਿੰਘ)**- ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀ ਦੀ ਯੋਗ ਅਗਵਾਈ ਵਿੱਚ ਪੂਰੇ ਪੰਜਾਬ ਅੰਦਰ ਲਗਾਤਾਰ ਵਿਕਾਸ ਕਾਰਜ ਜਾਰੀ ਹਨ ਅਤੇ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਵੀ ਬਿਨ੍ਹਾਂ ਕਿਸੇ ਭੇਦਭਾਵ ਦੇ ਸਮਪੂਰਨ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਵਿਧਾਨ ਸਭਾ ਹਲਕਾ ਭੋਆ ਅੰਦਰ ਸੜਕਾਂ ਦੀ ਨੁਹਾਰ ਬਦਲਣ ਦੇ ਲਈ 74 ਸੜਕਾਂ ਦਾ ਨਵ ਨਿਰਮਾਣ ਕੀਤਾ ਜਾ ਰਿਹਾ ਹੈ। ਸ਼ੇਰਪੁਰ ਨਜ਼ਦੀਕ ਜਿਸ ਰੋਡ ਦਾ ਉਦਘਾਟਨ ਕੀਤਾ ਗਿਆ ਹੈ ਇਸ 'ਤੇ 3.58 ਕਰੋੜ ਰੁਪਏ ਖਰਚ ਕੀਤੇ ਜਾਣੇ ਹਨ। ਇਸ ਮੌਕੇ ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਦੀਪਕ ਗਤੋਰਾ ਬਲਾਕ ਪ੍ਰਧਾਨ, ਰਜਿੰਦਰ ਭਿੱਲਾ ਬਲਾਕ ਪ੍ਰਧਾਨ, ਸਰਪੰਚ ਬਨੀਲੋਧੀ ਕਾਲਾ ਰਾਮ, ਸਰਪੰਚ ਰਜਿੰਦਰ ਕੌਰ ਆਸ਼ਾਬਾਨੋ, ਸਰਪੰਚ ਅਵਿਨਾਸ਼, ਉਰਮਿਲਾ ਦੇਵੀ ਸਰਪੰਚ ਕਟਾਰੂਚੱਕ, ਸਾਬਕਾ ਸਰਪੰਚ ਕਲੇਸਰ ਸੁਰਿੰਦਰ ਕੁਮਾਰ, ਰਾਕੇਸ਼ ਕੁਮਾਰ ਐਸਡੀਓ ਮੰਡੀ ਬੋਰਡ ਅਤੇ ਆਮ ਆਦਮੀ ਪਾਰਟੀ ਦੇ ਹੋਰ ਵੀ ਕਾਰਜਕਰਤਾ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਸ਼ੇਰਪੁਰ-ਪੰਜੌੜ ਅਤੇ ਫੁਲਪਿਆਰਾ-ਸੁਜਾਨਪੁਰ ਮਾਰਗ ਜਿਸ ਦੀ ਅੱਜ 25 ਸਾਲਾ ਬਾਅਦ ਸੁਣਵਾਈ ਹੋਈ ਹੈ। ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕਰਦੇ ਹਨ ਕਿ ਉਨ੍ਹਾਂ ਕਰੋੜਾਂ ਰੁਪਏ ਦੇ ਕੇ ਵਿਧਾਨ ਸਭਾ ਹਲਕਾ ਭੋਆ ਦੇ ਕਰੀਬ 74 ਰੋਡ ਦਾ ਨਿਰਮਾਣ ਕੀਤਾ ਜਾਣਾ ਹੈ ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ ਕਰੀਬ 15 ਕਰੋੜ ਰੁਪਏ ਖਰਚ ਕਰਕੇ ਮਲਿਕਪੁਰ, ਸੇਰਪੁਰ, ਬਨੀਲੋਧੀ, ਸੁੰਦਰਚੱਕ, ਸਿਹੋੜਾ, ਕਥਲੌਰ ਰੋਡ ਦਾ ਨਿਰਮਾਣ ਕੀਤਾ ਸੀ ਜਿਸ ਨਾਲ ਲੋਕਾਂ ਨੂੰ ਕਾਫੀ ਰਾਹਤ ਮਿਲੀ ਸੀ ਅਤੇ ਹੁਣ 3.58 ਕਰੋੜ ਨਾਲ ਇਸ ਮਾਰਗ ਦਾ ਉਦਘਾਟਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ ਇਸ ਰੋਡ ਦੀ ਖਸਤਾ ਹਾਲਤ ਹੋਣ ਕਰਕੇ ਸਕੂਲੀ ਵਿਦਿਆਰਥੀਆਂ ਨੂੰ ਵੀ ਆਉਣ ਜਾਣ ਦੀ ਕਾਫੀ ਪ੍ਰੇਸਾਨੀ ਸੀ ਪਰ ਹੁਣ ਇਸ ਦੇ ਨਿਰਮਾਣ ਨਾਲ ਖੇਤਰ ਦੇ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਵਿੱਚ ਵਿਕਾਸ ਕਾਰਜ ਕੀਤਾ ਜਾ ਰਿਹਾ ਹੈ ਉਨ੍ਹਾਂ ਵੱਲੋਂ ਅਤੇ ਖੇਤਰ ਵਾਸੀਆ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ ਹੈ।




## ਸੁਰਸਿੰਘ 'ਚ ਭੇਤਭਰੀ ਹਾਲਤ 'ਚ ਨੌਜਵਾਨ ਦੀ ਲਾਸ਼ ਮਿਲੀ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਸੁਰਸਿੰਘ 'ਚ ਦਾਣਾ ਮੰਡੀ ਨੇੜਿਓਂ 22 ਸਾਲਾ ਨੌਜਵਾਨ ਦੀ ਲਾਸ਼ ਮਿਲਣ ਦੀ ਖ਼ਬਰ ਹੈ।ਨੌਜਵਾਨ ਦੀ ਪਛਾਣ ਮਹਾਂਵੀਰ ਸਿੰਘ ਪੁੱਤਰ ਸਵਿੰਦਰ ਸਿੰਘ ਵਾਸੀ ਸੁਰਸਿੰਘ ਵਜੋਂ ਹੋਈ ਹੈ। ਘਟਨਾ ਦੀ ਜਾਣਕਾਰੀ ਮਿਲਦਿਆਂ ਭਿੱਖੀਵਿੰਡ ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਨੌਜਵਾਨ ਮਜ਼ਦੂਰੀ ਕਰਕੇ ਪਰਿਵਾਰ ਦਾ ਪਾਲਣ-ਪੋਸ਼ਣ ਕਰਦਾ ਸੀ।ਪਰਿਵਾਰਿਕ ਮੈਂਬਰਾਂ ਅਨੁਸਾਰ ਮਹਾਂਵੀਰ ਸਿੰਘ ਬੀਤੀ ਰਾਤ ਸਮਾਂ ਕਰੀਬ ਅੱਠ ਕੁ ਵਜੇ ਰੋਟੀ ਖਾਣ ਮਗਰੋਂ ਘਰੋਂ ਬਾਹਰ ਘੁੰਮਣ ਗਿਆ ਸੀ ਤੇ ਉਸ ਤੋਂ ਬਾਅਦ ਉਹ ਘਰ ਵਾਪਸ ਨਹੀਂ ਪਰਤਿਆ।ਉਨ੍ਹਾਂ ਨੇ ਮਹਾਂਵੀਰ ਸਿੰਘ ਨੂੰ ਲੱਭਣ ਦੀ ਬਹੁਤ ਕੋਸ਼ਿਸ਼ ਕੀਤੀ।ਪਰਵਾਰ ਨੇ ਦੱਸਿਆ ਕਿ ਅਗਲੀ ਸਵੇਰ ਉਨ੍ਹਾਂ ਨੂੰ ਜਾਣਕਾਰੀ ਮਿਲੀ ਕਿ ਮਹਾਂਵੀਰ ਦੀ ਲਾਸ਼ ਪਿੰਡ ਦੀ ਦਾਣਾ ਮੰਡੀ ਨੇੜੇ ਪਈ ਹੈ।ਮ੍ਰਿਤਕ ਦੇ ਪਿਤਾ ਨੇ ਦੱਸਿਆ ਕਿ ਉਨ੍ਹਾਂ ਨੇ ਪੁੱਤਰ ਦੇ ਸਰੀਰ ਉੱਤੇ ਸੱਟਾਂ ਦੇ ਨਿਸ਼ਾਨ ਸਨ।ਪਰਿਵਾਰਿਕ ਮੈਂਬਰਾਂ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਪੁੱਤਰ ਦਾ ਕਤਲ ਕੀਤਾ ਗਿਆ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਪਾਸੋਂ ਮਾਮਲੇ ਦੀ ਬਰੀਕੀ ਨਾਲ ਜਾਂਚ ਕਰਕੇ ਸੱਚ ਸਾਹਮਣੇ ਲਿਆਉਣ ਦੀ ਮੰਗ ਕੀਤੀ ਹੈ। ਘਟਨਾ ਦੀ ਸੂਚਨਾ ਮਿਲਣ ਉਪਰੰਤ ਮੌਕੇ 'ਤੇ ਪਹੁੰਚੇ ਐੱਸਐੱਚਓ ਭਿੱਖੀਵਿੰਡ ਮਨੋਜ ਕੁਮਾਰ ਨੇ ਦੱਸਿਆ ਕਿ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਪੱਟੀ ਵਿਖੇ ਭੇਜਿਆ ਦਿੱਤਾ ਗਿਆ ਹੈ।ਥਾਣਾ ਮੁਖੀ ਨੇ ਦੱਸਿਆ ਕਿ ਮਾਮਲੇ ਦੀ ਰਿਪੋਰਟ ਦਰਜ ਕਰਕੇ ਡੂੰਘਾਈ ਨਾਲ ਤਫ਼ਤੀਸ਼ ਕਰਕੇ ਪੋਸਟਮਾਰਟਮ ਰਿਪੋਰਟ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।ਜਦੋਂ ਥਾਣਾ ਮੁਖੀ ਨੂੰ ਪਰਿਵਾਰਕ ਮੈਂਬਰਾਂ ਵੱਲੋਂ ਕਤਲ ਦੀ ਸ਼ੰਕਾ ਜਤਾਉਣ ਬਾਰੇ ਸਵਾਲ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਪੋਸਟਮਾਰਟਮ ਰਿਪੋਰਟ ਤੇ ਤਫਤੀਸ਼ ਵਿੱਚ ਨੌਜਵਾਨ ਦੀ ਮੌਤ ਦੇ ਕਾਰਨਾਂ ਦਾ ਪਤਾ ਲਗਾਇਆ ਜਾਵੇਗਾ।



## ਆਂਗਣਵਾੜੀ ਸੈਂਟਰਾਂ 'ਚ ਹੁਣ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਬਰਾਬਰ ਛੁੱਟੀਆਂ ਹੋਣਗੀਆਂ : ਬਰਿੰਦਰ ਕੌਰ ਛੀਨਾ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਪੰਜਾਬ ਦੇ ਆਂਗਣਵਾੜੀ ਸੈਂਟਰਾਂ ਚ ਵੀ ਹੁਣ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਬਰਾਬਰ ਗਰਮੀ ਅਤੇ ਸਰਦੀ ਦੀਆਂ ਛੁੱਟੀਆਂ ਹੋਇਆ ਕਰਨਗੀਆਂ ਅਤੇ ਸਮੇਂ-ਸਮੇਂ ਅਨੁਸਾਰ ਪ੍ਰਾਇਮਰੀ ਸਕੂਲ ਦੇ ਟਾਈਮ ਟੇਬਲ ਵਿੱਚ ਬਦਲਾਵ ਆਉਣ ਤੇ ਆਂਗਣਵਾੜੀ ਸੈਂਟਰਾਂ 'ਚ ਵੀ ਸਮਾਨ ਟਾਈਮ ਟੇਬਲ ਲਾਗੂ ਹੋਵੇਗਾ। ਇਸ ਦੀ ਜਾਣਕਾਰੀ ਦਿੰਦਿਆਂ ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਪੰਜਾਬ ਪ੍ਰਧਾਨ ਮੈਡਮ ਬਰਿੰਦਰਜੀਤ ਕੌਰ ਛੀਨਾ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਜਥੇਬੰਦੀ ਵੱਲੋਂ ਮੰਗ ਕੀਤੀ ਜਾ ਰਹੀ ਸੀ ਕਿ ਵਿਭਾਗ ਵੱਲੋਂ ਛੁੱਟੀਆਂ ਅਤੇ ਟਾਈਮ ਟੇਬਲ ਸਕੂਲ ਦੀ ਤਰਜ਼ ਤੇ ਲਾਗੂ ਹੋਣਾ ਚਾਹੀਦਾ ਹੈ ਤਾਂ ਜੋ ਸਕੂਲ ਵਿੱਚ ਚੱਲ ਰਹੇ ਆਂਗਣਵਾੜੀ ਸੈਂਟਰਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾ ਸਕੇ। ਜ਼ਿਕਰਯੋਗ ਹੈ ਕਿ ਪਹਿਲਾਂ ਆਂਗਵਾੜੀ ਸੈਂਟਰਾਂ ਵਿੱਚ 15 ਜੂਨ ਤੋਂ 30 ਜੂਨ ਤੱਕ ਛੁੱਟੀਆਂ ਹੁੰਦੀਆਂ ਸਨ ਜੋ ਕਿ ਸਰਵ ਯੂਨੀਅਨ ਵੱਲੋਂ ਮੰਤਰੀ ਮੈਡਮ ਡਾਕਟਰ ਬਲਜੀਤ ਕੌਰ ਨੂੰ ਮਿਲ ਕੇ 15 ਮਈ 2023 ਵਿੱਚ ਮੀਟਿੰਗ ਦੌਰਾਨ ਪ੍ਰਾਇਮਰੀ ਸਕੂਲਾਂ ਦੀ ਤਰਜ਼ ਤੇ ਛੁੱਟੀਆਂ ਕਰਨ ਦੀ ਮੰਗ ਕੀਤੀ ਅਤੇ ਲਗਾਤਾਰ ਪਿਛਲੇ ਦੋ ਸਾਲਾਂ ਤੋਂ ਪੂਰੇ ਜੂਨ ਮਹੀਨੇ ਦੀਆਂ ਛੁੱਟੀਆਂ ਆਂਗਣਵਾੜੀ ਸੈਂਟਰਾਂ ਵਿੱਚ ਮੰਤਰੀ ਮੈਡਮ ਵੱਲੋਂ ਕੀਤੀਆਂ ਜਾ ਰਹੀਆਂ ਹਨ।ਦੂਸਰਾ ਸ਼ਨੀਵਾਰ ਸਕੂਲਾਂ ਵਿੱਚ ਛੁੱਟੀ ਹੋਣ ਕਾਰਨ ਵਰਕਰਾਂ ਨੂੰ ਪੋਸ਼ਣ ਟਰੈਕਰ ਐਪ ਤੇ ਬੱਚਿਆਂ ਦੀ ਹਾਜ਼ਰੀ ਲਗਾਉਣ ਵਿੱਚ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਸੋ ਇਸ ਸਬੰਧ ਵਿੱਚ ਵਿਭਾਗ ਅਤੇ ਮੰਤਰੀ ਮੈਡਮ ਨਾਲ ਹਰ ਮੀਟਿੰਗ ਵਿੱਚ ਮੰਗ ਕੀਤੀ ਜਾ ਰਹੀ ਸੀ ਕਿ ਵਿਭਾਗ ਵੱਲੋਂ ਇਸ ਸਬੰਧੀ ਚਿੱਠੀ ਜਾਰੀ ਕੀਤੀ ਜਾਵੇ। ਜਥੇਬੰਦੀ ਦੀ ਮੰਗ ਨੂੰ ਪ੍ਰਵਾਨ ਕਰਦਿਆਂ ਹੋਇਆਂ ਵਿਭਾਗ ਵੱਲੋਂ ਚਿੱਠੀ ਜਾਰੀ ਕਰਕੇ 2 ਜੂਨ ਤੋਂ 30 ਜੂਨ ਤੱਕ ਛੁੱਟੀਆਂ ਕੀਤੀਆਂ ਗਈਆਂ ਹਨ ਅਤੇ ਪ੍ਰਾਇਮਰੀ ਸਕੂਲ ਅਨੁਸਾਰ ਕੈਲੰਡਰ ਜਾਰੀ ਕਰ ਦਿੱਤਾ ਗਿਆ ਹੈ।



## 'ਸਾਡੀਆਂ ਨਰਸਾਂ, ਸਾਡਾ ਭਵਿੱਖ' ਵਿਸ਼ੇ 'ਤੇ ਸੈਮੀਨਾਰ ਕਰਵਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖ਼ਾਲਸਾ ਕਾਲਜ ਆਫ਼ ਨਰਸਿੰਗ ਵਿਖੇ ਅੰਤਰਰਾਸ਼ਟਰੀ ਨਰਸ ਦਿਵਸ ਨੂੰ ਸਮਰਪਿਤ 'ਸਾਡੀਆਂ ਨਰਸਾਂ, ਸਾਡਾ ਭਵਿੱਖ : ਨਰਸਾਂ ਦੀ ਦੇਖਭਾਲ ਅਰਥਵਿਵਸਥਾ ਨੂੰ ਮਜ਼ਬੂਤ ਬਣਾਉਂਦੀ ਹੈ' ਵਿਸ਼ੇ 'ਤੇ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਉਕਤ ਪ੍ਰੋਗਰਾਮ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਪ੍ਰੋਗਰਾਮ ਅਫਸਰ ਡਾ. ਨੀਲਮ ਭਗਤ ਨੇ ਮੁੱਖ ਮਹਿਮਾਨ ਅਤੇ ਜ਼ਿਲ੍ਹਾ ਹਸਪਤਾਲ ਸ੍ਰੀਮਤੀ ਰਾਜ ਕੌਰ ਮੇਟਰਨ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਪ੍ਰੋਗਰਾਮ ਦਾ ਅਗਾਜ਼ ਕਾਲਜ ਵਿਦਿਆਰਥਣਾਂ ਦੁਆਰਾ ਸ਼ਬਦ ਗਾਇਨ ਕਰਕੇ ਕੀਤਾ ਗਿਆ।ਉਪਰੰਤ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਆਏ ਮਹਿਮਾਨਾਂ ਨੂੰ ਪੌਦਾ ਭੇਟ ਕਰਕੇ ਸਵਾਗਤ ਕੀਤਾ ਗਿਆ।ਉਪਰੰਤ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਉਕਤ ਵਿਸ਼ੇ 'ਤੇ ਚਾਨਣਾ ਪਾਉਂਦਿਆਂ ਨਵੇਂ ਨਰਸਿੰਗ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੀ ਅੰਦਰੂਨੀ ਭਾਵਨਾਵਾਂ ਨੂੰ ਹਮੇਸ਼ਾਂ ਜਗਾ ਕੇ ਰੱਖਣ ਅਤੇ ਆਪਣੇ ਪ੍ਰੋਫੈਸ਼ਨਲ ਕੈਰੀਅਰ ਦੌਰਾਨ 3 ਐੱਚ ਜਿਸ 'ਚ ਸਿਰ (ਹੈੱਡ-ਗਿਆਨ), ਦਿਲ (ਹਾਰਟ-ਰਵੱਈਆ) ਅਤੇ ਹੱਥ (ਹੈਂਡ-ਹੁਨਰ) ਨੂੰ ਹਮੇਸ਼ਾਂ ਯਾਦ ਰੱਖਣ। ਇਸ ਮੌਕੇ ਡਾ. ਭਗਤ ਨੇ ਨਰਸ ਦਿਵਸ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਨ੍ਹਾਂ ਆਪਣੀ ਡਾਕਟਰੀ ਸੇਵਾਵਾਂ ਦੌਰਾਨ ਨਰਸਾਂ ਤੋਂ ਬਹੁਤ ਕੁਝ ਸਿੱਖਿਆ। ਜਦਕਿ ਰਾਜ ਕੌਰ ਨੇ ਫਲੋਰੈਂਸ ਨਾਇਟਿੰਗੇਲ ਦੀ ਜ਼ਿੰਦਗੀ 'ਤੇ ਚਾਨਣਾ ਪਾਇਆ।ਇਸ ਤੋਂ ਇਲਾਵਾ ਸਾਬੀਆ ਨੇ ਅੰਤਰਰਾਸ਼ਟਰੀ ਨਰਸ ਦਿਵਸ ਵਿਸ਼ੇ 'ਤੇ ਵਿਸਥਾਰਪੂਰਵਕ ਜਾਣਕਾਰੀ ਵਿਦਿਆਰਥੀਆਂ ਨਾਲ ਸਾਂਝੀ ਕੀਤੀ। ਜਦਕਿ ਵੰਦਨਾ ਰਿਆੜ ਨੇ ਸਾਲਾਨਾ ਐੱਸਐੱਨਏ ਰਿਪੋਰਟ ਪੇਸ਼ ਕੀਤੀ।ਇਸ ਮੌਕੇ ਪ੍ਰਿੰ: ਅਮਨਪ੍ਰੀਤ ਕੌਰ ਨੇ ਕਿਹਾ ਕਿ ਸਮੂਹ ਨਵੇਂ ਨਰਸਿੰਗ ਵਿਦਿਆਰਥੀਆਂ ਦਾ ਸਹੁੰ ਚੁੱਕ ਸਮਾਗਮ ਵੀ ਕਰਵਾਇਆ ਗਿਆ ਅਤੇ ਨਰਸਿਸ ਵੀਕ ਮੁਕਾਬਲੇ 'ਚ ਜੇਤੂ ਆਏ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫ਼ਿਕੇਟ ਤਕਸੀਮ ਕੀਤੇ ਗਏ।ਇਸ ਮੌਕੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਉਪਰੰਤ ਵਿਸ਼ੇ 'ਤੇ ਅਧਾਰਿਤ ਨਾਟਕ ਦੀ ਪੇਸ਼ਕਾਰੀ ਦਿੱਤੀ ਗਈ। ਇਸ ਦੌਰਾਨ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।



## ਕ੍ਰਾਂਪਟਨ ਵੱਲੋਂ ਸਾਈਲੈਂਟਪ੍ਰੋ ਫਲੂਇਡੋ ਸੀਰੀਜ਼ ਰਿਲੀਜ਼

**ਲੁਧਿਆਣਾ** : ਵਿਸ਼ਵ ਇੰਟੀਰੀਅਰ ਦਿਵਸ ਦੇ ਮੌਕੇ 'ਤੇ ਭਾਰਤ ਦੇ ਨੰਬਰ 1 ਫੈਨ ਬ੍ਰਾਂਡ ਕ੍ਰਾਂਪਟਨ ਗ੍ਰੀਵਜ਼ ਕੰਜ਼ਿਊਮਰ ਇਲੈਕਟ੍ਰੀਕਲਜ਼ ਲਿਮਟਿਡ ਨੇ ਸਾਈਲੈਂਟਪ੍ਰੋ ਦਾ ਉਦਘਾਟਨ ਕੀਤਾ।ਫਲੂਇਡੋ ਵੇਵ ਇਸਦਾ ਨਵਾਂ ਮਾਡਲ ਹੈ ਜੋ ਉੱਚ ਪ੍ਰਦਰਸ਼ਨ ਅਤੇ ਭਵਿੱਖ ਦੇ ਡਿਜ਼ਾਈਨ ਦਾ ਪ੍ਰਤੀਕ ਹੈ।ਇਸ ਲਾਂਚ ਦੇ ਨਾਲ ਕ੍ਰਾਂਪਟਨ ਛੱਤ ਵਾਲੇ ਪੱਖਿਆਂ ਦੇ ਇੱਕ ਨਵੇਂ ਯੁੱਗ ਦੀ ਨਿਸ਼ਾਨਦੇਹੀ ਹੋਈ ਹੈ ਜਿੱਥੇ ਰੂਪ ਕਾਰਜਸ਼ੀਲਤਾ ਨੂੰ ਪੂਰਾ ਕਰਦਾ ਹੈ ਅਤੇ ਡਿਜ਼ਾਈਨ ਨਿਵੇਕਲੇ ਪ੍ਰਦਰਸ਼ਨ ਨਾਲ ਮੇਲ ਖਾਂਦਾ ਹੈ। ਕ੍ਰਾਂਪਟਨ ਇੱਕ ਕਾਰਜਸ਼ੀਲ ਉਤਪਾਦ ਨੂੰ ਕਾਰੀਗਰੀ ਨਾਲ ਬਣੇ ਇੱਕ ਡਿਜ਼ਾਈਨਡ ਮਾਸਟਰਪੀਸ ਵਿੱਚ ਬਦਲ ਕੇ ਘਰੇਲੂ ਡਿਜ਼ਾਈਨ ਦੀਆਂ ਜ਼ਰੂਰੀ ਚੀਜ਼ਾਂ ਨੂੰ ਮੁੜ ਪਰਿਭਾਸ਼ਿਤ ਕਰ ਰਿਹਾ ਹੈ।

2-June-PAGE-4.qxd 6/1/2025 8:31 PM Page 1



# ਨਾਂਅ ਦੇ ਸਿਤਾਰੇ

*ਹਾਲੀਵੁੱਡ ਦੀ ਰਾਣੀ ਵਜੋਂ ਮਸ਼ਹੂਰ ਮੈਰਿਲ ਸਟ੍ਰਿਪ ਨੇ 8 ਜਨਵਰੀ 2017 ਨੂੰ ਗੋਲਡਨ ਗਲੋਬ ਐਵਾਰਡਜ਼ ਵਿੱਚ ਸੇਸਿਲ ਬੀ ਡੈਮਿਲ ਐਵਾਰਡ ਹਾਸਲ ਕਰਨ ਵੇਲੇ ਉਦੋਂ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਇੱਕ ਦਿਵਿਆਂਗ ਪੱਤਰਕਾਰ ਦਾ ਮਜ਼ਾਕ ਉਡਾਉਣ ਦਾ ਜ਼ਿਕਰ ਕਰਦਿਆਂ ਕਿਹਾ ਸੀ, 'ਜਦ ਸ਼ਕਤੀਸ਼ਾਲੀ ਲੋਕ ਆਪਣੀ ਸਥਿਤੀ ਦੀ ਦੁਰਵਰਤੋਂ ਕਰਦੇ ਹਨ ਤਾਂ ਉਹ ਸਾਨੂੰ ਸਭ ਨੂੰ ਨੀਵਾਂ ਦਿਖਾਉਂਦੇ ਹਨ। ਹਾਲੀਵੁੱਡ ਵਿੱਚ ਵਿਦੇਸ਼ੀ ਤੇ ਬਾਹਰੀ ਲੋਕ ਹਨ ਤੇ ਜੇ ਅਸੀਂ ਉਨ੍ਹਾਂ ਨੂੰ ਬਾਹਰ ਕੱਢ ਦੇਈਏ ਤਾਂ ਸਾਡੇ ਕੋਲ ਫੁੱਟਬਾਲ ਤੇ ਮਾਰਸ਼ਲ ਆਰਟਸ ਦੇ ਇਲਾਵਾ ਕੁਝ ਨਹੀਂ ਬਚੇਗਾ।' ਇਸ ਭਾਸ਼ਣ ਦੀ ਦੁਨੀਆ ਪੱਧਰ 'ਤੇ ਕਾਫੀ ਚਰਚਾ ਹੋਈ ਸੀ। ਟਰੰਪ ਨੇ ਸਟ੍ਰਿਪ ਨੂੰ ਓਵਰਰੇਟਡ ਤੇ ਹੰਕਾਰੀ ਕਿਹਾ ਸੀ, ਜਿਸ ਦੇ ਜਵਾਬ ਵਿੱਚ ਸਟ੍ਰਿਪ ਨੇ ਕਿਹਾ, 'ਹਾਂ, ਮੈਂ ਹੰਕਾਰੀ ਹਾਂ।'*

*ਭਾਰਤੀ ਸਿਤਾਰੇ ਸਟ੍ਰਿਪ ਵਰਗੇ ਨਹੀਂ। 'ਅਪ੍ਰੇਸ਼ਨ ਸਿੰਧੂਰ' 'ਤੇ ਉਹ ਕੁਝ ਵੀ ਬੋਲਣ ਤੋਂ ਬਚਦੇ ਹੀ ਨਜ਼ਰ ਆ ਰਹੇ ਹਨ। ਇਸ ਦਾ ਕਾਰਨ ਗੀਤਕਾਰ ਜਾਵੇਦ ਅਖਤਰ ਨੇ ਇਹ ਦੱਸਿਆ ਹੈ ਕਿ ਉਹ ਈ ਡੀ, ਸੀ ਬੀ ਆਈ ਤੇ ਇਨਕਮ ਟੈਕਸ ਵਾਲਿਆਂ ਦੇ ਛਾਪਿਆਂ ਤੋਂ ਡਰਦੇ ਹਨ।*

*ਅਜਿਹਾ ਵੀ ਨਹੀਂ ਹੈ ਕਿ ਭਾਰਤੀ ਫਿਲਮੀ ਸਿਤਾਰੇ ਵੱਖ-ਵੱਖ ਮੁੱਦਿਆਂ 'ਤੇ ਬੋਲਦੇ ਨਹੀਂ ਰਹੇ। ਉਹ ਸਮਾਜੀ ਤੇ ਸਿਆਸੀ ਮੁੱਦਿਆਂ 'ਤੇ ਖੁੱਲ੍ਹ ਕੇ ਟਿੱਪਣੀਆਂ ਕਰਦੇ ਰਹੇ ਹਨ। ਆਜ਼ਾਦੀ ਤੋਂ ਬਾਅਦ ਗਰੀਬਾਂ ਨੂੰ ਤਰੱਕੀ ਦਾ ਲਾਭ ਨਾ ਮਿਲਣ ਤੇ ਉਨ੍ਹਾਂ ਦਾ ਸ਼ੋਸ਼ਣ ਜਾਰੀ ਰਹਿਣ 'ਤੇ ਉਨ੍ਹਾਂ ਬਹੁਤ ਫਿਲਮਾਂ ਬਣਾਈਆਂ। ਰਾਜ ਕਪੂਰ ਦੀ ਆਵਾਰਾ (1951) ਨੇ ਗਰੀਬੀ, ਸਮਾਜੀ ਨਾਬਰਾਬਰੀ ਤੇ ਨਿਆਂ ਵਿਵਸਥਾ ਦੀਆਂ ਖਾਮੀਆਂ 'ਤੇ ਸਵਾਲ ਉਠਾਏ। ਫਿਲਮ ਦਾ ਗੀਤ 'ਆਵਾਰਾ ਹੂੰ' ਸਮਾਜੀ ਬਾਈਕਾਟ ਦਾ ਪ੍ਰਤੀਕ ਬਣਿਆ। ਬਿਮਲ ਰਾਇ ਦੀ 'ਦੋ ਬੀਘਾ ਜ਼ਮੀਨ' (1953) ਨੇ ਇੱਕ ਗਰੀਬ ਕਿਸਾਨ ਦੀ ਤ੍ਰਾਸਦੀ ਦਿਖਾਈ, ਜਿਹੜਾ ਜ਼ਮੀਨ ਬਚਾਉਣ ਲਈ ਸ਼ਹਿਰ ਵਿੱਚ ਮਜ਼ਦੂਰ ਬਣਦਾ ਹੈ। ਇਹ ਸਰਕਾਰੀ ਨੀਤੀਆਂ ਦੀ ਉਦਾਸੀਨਤਾ 'ਤੇ ਵਾਰ ਸੀ। ਗੁਰੂਦੱਤ ਦੀ 'ਪਿਆਸਾ' (1957) ਨੇ ਰਾਜ ਤੇ ਸਮਾਜ ਵਿੱਚ ਬੇਚੈਨੀ ਭਰ ਦਿੱਤੀ ਸੀ। ਇਸ ਫਿਲਮ ਵਿੱਚ ਸਾਹਿਰ ਲੁਧਿਆਣਵੀ ਦੇ ਗੀਤ 'ਜਿਨਹੇਂ ਨਾਜ਼ ਹੈ ਹਿੰਦ ਪਰ ਵੋ ਕਹਾਂ ਹੈਂ?' ਨੇ ਆਜ਼ਾਦੀ ਦੇ ਬਾਅਦ ਦੀ ਨਿਰਾਸ਼ਾ ਤੇ ਸਰਕਾਰ ਦੀਆਂ ਨਾਕਾਮੀਆਂ 'ਤੇ ਤਿੱਖਾ ਸਵਾਲ ਉਠਾਇਆ। ਐੱਮ ਐੱਸ ਸੱਥਿਊ ਦੀ ਵੰਡ ਦੇ ਪਿਛੋਕੜ ਵਾਲੀ ਫਿਲਮ 'ਗਰਮ ਹਵਾ' (1973) ਨੇ ਮੁਸਲਮ ਭਾਈਚਾਰੇ ਦੇ ਮਨੋਭਾਵ ਤੇ ਸਮੱਸਿਆਵਾਂ ਦਾ ਬਰੀਕ ਵਿਸ਼ਲੇਸ਼ਣ ਕਰਦਿਆਂ ਉਨ੍ਹਾਂ ਨੂੰ ਸਾਂਝੇ ਸੰਘਰਸ਼ ਵਿੱਚ ਸ਼ਾਮਲ ਹੋਣ ਦਾ ਰਾਹ ਦਿਖਾਇਆ। ਸ਼ਿਆਮ ਬੈਨੇਗਲ ਦੀ 'ਮੰਥਨ' (1976) ਨੇ ਪੇਂਡੂ ਭਾਰਤ ਵਿੱਚ ਸਹਿਕਾਰੀ ਅੰਦੋਲਨ ਤੇ ਸਰਕਾਰੀ ਉਦਾਸੀਨਤਾ ਨੂੰ ਉਜਾਗਰ ਕੀਤਾ। 1983 ਵਿੱਚ ਬੀ ਆਰ ਚੋਪੜਾ ਵੱਲੋਂ ਬਣਾਈ ਗਈ ਫਿਲਮ 'ਮਜ਼ਦੂਰ' ਨੇ ਸਨਅਤੀ ਮਜ਼ਦੂਰਾਂ ਦੇ ਸ਼ੋਸ਼ਣ ਨੂੰ ਉਜਾਗਰ ਕੀਤਾ। ਇਸ ਫਿਲਮ ਵਿੱਚ ਫੈਜ਼ ਅਹਿਮਦ ਫੈਜ਼ ਤੇ ਹਸਨ ਕਮਾਲ ਦਾ ਗੀਤ ਸੀ 'ਹਮ ਮਿਹਨਤਕਸ਼ ਜਗ ਵਾਲੋਂ ਸੇ ਜਬ ਅਪਨਾ ਹਿੱਸਾ ਮਾਂਗੇਂਗੇ, ਇੱਕ ਬਾਗ ਨਹੀਂ, ਇੱਕ ਦੇਸ਼ ਨਹੀਂ, ਹਮ ਸਾਰੀ ਦੁਨੀਆ ਮਾਂਗੇਂਗੇ,' ਅੱਜ ਅਜਿਹੇ ਗੀਤ ਨੂੰ ਅਰਬਨ ਨਕਸਲ ਕਰਾਰ ਦਿੱਤਾ ਜਾਣਾ ਸੀ। ਉਹ ਅਜਿਹਾ ਦੌਰ ਸੀ, ਜਦੋਂ ਬਲਰਾਜ ਸਾਹਨੀ, ਕੈਫੀ ਆਜ਼ਮੀ, ਖਵਾਜਾ ਅਹਿਮਦ ਅੱਬਾਸ, ਏ ਕੇ ਹੰਗਲ ਤੇ ਸ਼ੈਲੇਂਦਰ ਵਰਗੇ ਬੇਬਾਕੀ ਨਾਲ ਆਪਣੀ ਗੱਲ ਰੱਖਦੇ ਸਨ ਤੇ ਕਲਾ ਨੂੰ ਅਲੋਚਨਾ ਦਾ ਜ਼ਰੀਆ ਸਮਝਦੇ ਸਨ।*

*ਇਨ੍ਹਾਂ ਤੋਂ ਬਾਅਦ ਅਮਿਤਾਭ ਬੱਚਨ, ਸ਼ਤਰੂਘਨ ਸਿਨਹਾ, ਰਾਜੇਸ਼ ਖੰਨਾ, ਵਿਨੋਦ ਖੰਨਾ, ਧਰਮਿੰਦਰ, ਗੋਵਿੰਦਾ ਤੇ ਪਰੇਸ਼ ਰਾਵਲ ਵਰਗੇ ਸੰਸਦ ਦੇ ਮੈਂਬਰ ਵੀ ਬਣੇ, ਪਰ ਸਰਕਾਰ ਦੀਆਂ ਗਲਤ ਨੀਤੀਆਂ ਦੇ ਖਿਲਾਫ ਤੇ ਲੋਕਾਂ ਦੇ ਹੱਕ ਵਿੱਚ ਖੁੱਲ੍ਹ ਕੇ ਨਹੀਂ ਬੋਲੇ, ਬੱਸ ਸ਼ੋਅ ਪੀਸ ਹੀ ਬਣੇ ਰਹੇ। 2014 ਵਿੱਚ ਮੋਦੀ ਰਾਜ ਸ਼ੁਰੂ ਹੋਣ ਤੋਂ ਬਾਅਦ ਉਹ ਸਿਤਾਰਾ ਹੀ ਬੋਲਦਾ ਹੈ, ਜਿਸ ਨੇ ਸਰਕਾਰ ਦੀ ਤਾਰੀਫ ਕਰਨੀ ਹੁੰਦੀ ਹੈ। ਕੰਗਣਾ ਰਣੌਤ ਦਾ ਤਾਂ ਇੱਥੋਂ ਤੱਕ ਕਹਿਣਾ ਹੈ ਕਿ ਆਜ਼ਾਦੀ ਹੀ 2014 ਵਿੱਚ ਮਿਲੀ। 'ਦੀ ਕਸ਼ਮੀਰ ਫਾਈਲਜ਼' (2022) ਤੇ 'ਦੀ ਕੇਰਲ ਸਟੋਰੀ' (2023) ਵਰਗੀਆਂ ਨਫਰਤ-ਭਰਪੂਰ ਫਿਲਮਾਂ ਨੂੰ ਸਰਕਾਰ ਬੜ੍ਹਾਵਾ ਦੇ ਰਹੀ ਹੈ, ਜਦਕਿ ਜਿਓਤੀਬਾ ਫੂਲੇ ਦੇ ਜੀਵਨ 'ਤੇ ਬਣੀ ਫਿਲਮ ਦਾ ਸੈਂਸਰ ਨੇ ਸਾਹ-ਸਤ ਕੱਢ ਦਿੱਤਾ। ਇਸ ਦਾ ਫਿਲਮੀ ਸਿਤਾਰਿਆਂ ਨੇ ਵੀ ਖਾਸ ਵਿਰੋਧ ਨਹੀਂ ਕੀਤਾ। ਤਾਂ ਵੀ, ਇਹ ਦੇਖ ਕੇ ਕੁਝ ਸਕੂਨ ਮਿਲਦਾ ਹੈ ਕਿ ਦੱਖਣ ਦਾ ਪ੍ਰਕਾਸ਼ ਰਾਜ ਵਰਗਾ ਇੱਕ ਸਿਤਾਰਾ ਹੈ, ਜਿਹੜਾ ਸਾਨ੍ਹ ਨੂੰ ਸਿੰਗ ਤੋਂ ਫੜਨ ਦਾ ਹੌਸਲਾ ਰੱਖਦਾ ਹੈ। ਉਸ ਨੇ ਪਿਛਲੇ ਦਿਨੀਂ ਐਕਸ 'ਤੇ ਇੱਕ ਕਾਰਟੂਨ ਸ਼ੇਅਰ ਕੀਤਾ, ਜਿਸ ਵਿੱਚ 'ਸਿੰਧੂਰ ਡੋਨੇਸ਼ਨ ਕੈਂਪ' ਨੂੰ 'ਬਲੱਡ ਡੋਨੇਸ਼ਨ ਕੈਂਪ' ਦੀ ਥਾਂ ਦਿਖਾਇਆ ਗਿਆ ਅਤੇ ਲਿਖਿਆ : 'ਕੁਝ ਨਹੀਂ, ਬਸ ਨਸਾਂ ਵਿੱਚ ਚੋਣ ਹੀ ਦੌੜ ਰਹੀ ਹੈ।' ਇਹ ਸਿੱਧੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਟਿੱਪਣੀ ਸੀ, ਜਿਨ੍ਹਾ ਕਿਹਾ ਸੀ, 'ਮੇਰੀਆਂ ਨਸਾਂ ਵਿੱਚ ਗਰਮ ਸਿੰਧੂਰ ਵਹਿ ਰਿਹਾ ਹੈ।'*

# ਮੋਦੀ ਸਰਕਾਰ, ਵਕਫ ਅਤੇ ਵਕਫ ਕਾਨੂੰਨ

ਪੇਸ਼ਕਸ਼ ਡਾ. ਅਜੀਤਪਾਲ ਸਿੰਘ ਐਮ ਡੀ

ਬੀਤੇ ਸਾਲ ਅਗਸਤ ਮਹੀਨੇ ਵਿੱਚ ਲੋਕ ਸਭਾ ਵਿੱਚ ਵਕਫ ਸੋਧ ਬਿੱਲ-2024 ਪੇਸ਼ ਕੀਤਾ। ਇਸ ਸਾਲ ਇਹ ਕਨੂੰਨ ਬਣ ਚੁੱਕਿਆ ਹੈ। ਇਸ ਕਾਨੂੰਨ ਦਾ ਨਾਂਅ ਏਕੀਕ੍ਰਿਤ ਵਕਫ ਪ੍ਰਬੰਧਨ, ਸਸ਼ਕਤੀਕਰਨ ਦਕਸ਼ਤਾ ਤੇ ਵਿਕਾਸ ਦੇ ਵਿੱਚ ਅਧਿਨਿਯਮ 2025 ਹੈ। ਅੰਗਰੇਜ਼ੀ ਸ਼ਬਦਾਂ ਦੇ ਹਿਸਾਬ ਨਾਲ ਸੰਖੇਪ ਵਿੱਚ ਇਸ ਦਾ ਨਾਂਅ ਹੈ ਉਮੀਦ (UWMEED)। ਇਸ ਕਾਨੂੰਨ ਨੂੰ 1923 ਤੇ 1995 ਤੇ ਵਕਫ ਕਾਨੂੰਨ ਵਿੱਚ ਸੋਧ ਕਰਨ ਦੇ ਲਈ ਬਣਾਇਆ ਗਿਆ ਹੈ। ਮੋਦੀ ਸਰਕਾਰ ਦਾ ਦਾਅਵਾ ਹੈ ਕਿ ਇਸ ਕਥਿਤ 'ਉਮੀਦ' ਕਾਨੂੰਨ ਨਾਲ ਵਕਫ ਜਾਇਦਾਦਾਂ ਦੇ ਪ੍ਰਸ਼ਾਸਨ ਅਤੇ ਪ੍ਰਬੰਧਨ ਦੀ ਦਕਸ਼ਤਾ ਵਧੇਗੀ। ਮੋਦੀ ਸਰਕਾਰ ਦਾ ਦਾਅਵਾ ਹੈ ਕਿ ਵਕਫ ਦੀ ਆਮਦਨ ਦੀ ਵਰਤੋਂ ਸਕੂਲ, ਹਸਪਤਾਲ ਦੇ ਗਰੀਬ ਮੁਸਲਮਾਨਾਂ ਦੇ ਕਲਿਆਣ ਲਈ ਕੀਤੀ ਜਾਵੇ ਕਿ ਨਾ ਸਿਰਫ ਕੇਵਲ ਮਸਜਿਦਾਂ ਦੇ ਰੱਖ-ਰਖਾਅ ਵਿੱਚ, ਕਿਉਂਕਿ ਮੋਦੀ ਸਰਕਾਰ ਦੇ ਹਿਸਾਬ ਨਾਲ ਜਾਇਦਾਦਾਂ ਦਾ ਵੱਡਾ ਹਿੱਸਾ ਨਜਾਇਜ਼ ਕਬਜ਼ੇ ਭ੍ਰਿਸ਼ਟਾਚਾਰ ਤੇ ਆਪਰਾਧ ਲਈ ਵਰਤੋਂ 'ਚ ਲਿਆਂਦਾ ਜਾ ਰਿਹਾ ਸੀ। ਇਸ ਲਈ ਇਸ 'ਤੇ ਰੋਕ ਲਾਉਣ ਅਤੇ ਗਰੀਬ ਮੁਸਲਮਾਨਾਂ 'ਤੇ ਪਰਉਪਕਾਰ ਦਾ ਦਾਅਵਾ ਮੋਦੀ-ਸ਼ਾਹ ਦੀ ਸਰਕਾਰ ਨੇ ਕੀਤਾ ਹੈ। ਇਸ ਜੋੜੀ ਦਾ ਦਾਅਵਾ ਹੈ ਕਿ ਕੇਂਦਰੀ ਵਕਫ ਪ੍ਰੀਸ਼ਦ ਤੇ ਰਾਜ ਬੋਰਡਾਂ ਵਿੱਚ ਗੈਰ-ਮੁਸਲਮਾਨ ਮੈਂਬਰਾਂ ਨੂੰ ਸ਼ਾਮਿਲ ਕਰਨ ਨਾਲ ਸਮਾਜਿਕ ਸਮਰਸਤਾ ਵਧੇਗੀ ਅਤੇ ਪ੍ਰਬੰਧ ਵਿੱਚ ਵਿਵਿਧਤਾ ਆਵੇਗੀ। ਵਕਫ ਬੋਰਡਾਂ ਵਿੱਚ ਔਰਤਾਂ ਤੇ ਪਛੜੇ ਮੁਸਲਿਮ ਫਿਰਕਿਆਂ (ਜਿਵੇਂ ਬਹਾਰਾ, ਆਗਾਖਾਨੀ) ਨੂੰ ਪ੍ਰਤੀਨਿਧਤਾ ਦੇ ਕੇ ਸਮਾਜਿਕ ਨਿਆਂ ਯਕੀਨੀ ਬਣਾਇਆ ਜਾਵੇਗਾ। ਵੈਸੇ ਸੰਘ, ਇਸ ਦੇ ਸੰਗਠਨਾਂ ਤੇ ਭਾਜਪਾਈਆਂ ਨੇ ਕਈ ਸਾਲ ਝੂਠੇ ਦਾਅਵੇ, ਅੱਧੇ-ਅਧੂਰੇ ਤੱਥਾਂ ਦੀ ਤੋੜ-ਮਰੋੜ ਕੇ ਜਮੀਨ ਤੇ ਮਾਲਕੀ ਦੇ ਮਾਮਲੇ ਵਿੱਚ ਵੀ ਨਫਰਤ ਫੈਲਾਈ ਹੈ। ਲਵਜਹਾਦ ਵਾਂਗੂੰ ਲੈਂਡ ਜਹਾਦ ਵੀ ਸੰਘੀ ਪ੍ਰਯੋਗਸ਼ਾਲਾ ਵਿੱਚ ਪੈਦਾ ਕੀਤਾ ਗਿਆ। ਸੰਘੀਆਂ ਨੇ ਅਜਿਹੀ ਤਸਵੀਰ ਬਣਾਈ ਹੈ ਮਾਨੋ ਭਾਰਤ ਦੀ ਜਿੰਨੀ ਜ਼ਮੀਨ ਹੈ, ਉਸ ਦਾ ਵੱਡਾ ਹਿੱਸਾ (ਪਾਕਿਸਤਾਨ ਦੇ ਬਰਾਬਰ ਯਾਨਿ ਲਗਭਗ 22 ਲੱਖ ਏਕੜ) ਵਕਫ ਬੋਰਡ ਦੇ ਕਬਜ਼ੇ ਵਿੱਚ ਹੈ, ਭਾਵ ਮੁਸਲਮਾਨਾਂ ਦੇ ਕਬਜ਼ੇ ਵਿੱਚ ਹੈ। ਹਕੀਕਤ ਇਹ ਹੈ ਕਿ ਭਾਰਤ ਦਾ ਕੁੱਲ ਖੇਤਰਫਲ ਲਗਭਗ 8100 ਲੱਖ ਏਕੜ ਹੈ, ਜਦ ਕਿ ਵਕਫ ਬੋਰਡ ਦੇ ਪਾਸ ਜੋ ਜ਼ਮੀਨ ਹੈ, ਉਹ ਲਗਭਗ 9.4 ਲੱਖ ਏਕੜ ਹੈ, ਸਿਰਫ 0.11 ਫੀਸਦੀ। ਹੁਣ ਮੋਦੀ ਸਰਕਾਰ ਇਸ ਦੇ 38 ਲੱਖ ਏਕੜ ਹੋਣ ਦਾ ਦਾਅਵਾ ਕਰ ਰਹੀ ਹੈ, ਜੋ ਕਿ 0.47 ਫੀਸਦੀ ਹੈ। ਇਸ ਦੇ ਉਲਟ ਕੇਵਲ ਚਾਰ ਰਾਜਾਂ ਵਿੱਚ ਹੀ ਹਿੰਦੂ ਮੰਦਰਾਂ ਕੋਲ ਕਰੀਬ 10 ਲੱਖ ਏਕੜ ਜ਼ਮੀਨ ਮੌਜੂਦ ਹੈ, ਜਦ ਕਿ ਪੂਰੇ ਦੇਸ਼ ਭਾਰਤ ਵਿੱਚ ਅਨੁਮਾਨਤ ਤੌਰ 'ਤੇ ਇਸ ਨੂੰ 20 ਲੱਖ ਏਕੜ ਤੋਂ ਕਾਫੀ ਉਪਰ ਦੱਸਿਆ ਜਾਂਦਾ ਹੈ। ਆਸ਼ਰਮਾਂ, ਸ਼ਮਸ਼ਾਨ ਘਾਟਾਂ ਤੇ ਧਰਮਸ਼ਾਲਾਵਾਂ ਦੀ ਜ਼ਮੀਨ ਨੂੰ ਜੋੜ ਲਿਆ ਜਾਵੇ ਤਾਂ ਇਹ ਅੰਕੜਾ ਕਾਫੀ ਜ਼ਿਆਦਾ ਹੋ ਜਾਵੇਗਾ। ਸਾਰੇ ਧਰਮਾਂ ਦੇ ਧਾਰਮਿਕ ਸਥਲਾਂ ਕੋਲ ਭਾਰਤ ਵਿੱਚ ਭਰਪੂਰ ਜ਼ਮੀਨ ਹੈ। ਕੇਂਦਰੀ 'ਤੇ ਰਾਜਾਂ ਵੱਲੋਂ ਇਸ ਸਬੰਧ ਵਿੱਚ ਅੰਕੜਿਆਂ ਦੀ ਨਿਗਰਾਨੀ ਜਾਂ ਪੜਤਾਲ ਬੇਹਦ ਕਮਜ਼ੋਰ ਹੋਣ ਦੇ ਚਲਦਿਆ ਕੋਈ ਨਿਸ਼ਚਿਤ ਅੰਕੜਾ ਨਹੀਂ। ਜ਼ਮੀਨਾਂ ਦੀ ਮਾਲਕੀ ਦੀ ਗੱਲ ਕੀਤੀ ਜਾਵੇ ਤਾਂ ਜੇ ਰਾਜ ਸਰਕਾਰਾਂ ਤੇ ਇਹਨਾਂ ਦੇ ਵਿਭਾਗਾਂ ਨੂੰ ਛੱਡ ਦਿੱਤਾ ਜਾਏ ਤਾਂ ਸਿਰਫ ਭਾਰਤ ਸਰਕਾਰ/ਕੇਂਦਰ ਸਰਕਾਰ ਦੇ ਪਾਸ ਹੀ 58 ਲੱਖ ਏਕੜ ਜ਼ਮੀਨ ਹੈ, ਜਦ ਕਿ ਇਸ ਦੇ ਦੋ ਵਿਭਾਗਾਂ ਭਾਰਤੀ ਫੌਜ ਕੋਲ 17 ਲੱਖ ਅਤੇ ਰੇਲਵੇ ਕੋਲ 11 ਲੱਖ ਏਕੜ ਜਮੀਨ ਹੈ। ਸੰਘ ਅਤੇ ਭਾਜਪਾਈਆਂ ਦਾ ਇਹ ਦੁਰਪ੍ਰਚਾਰ ਵੀ ਹੈ ਕਿ ਬੀਤੇ ਸਮੇਂ 'ਚ ਸਰਕਾਰ ਨੇ ਆਜ਼ਾਦੀ ਪਿੱਛੋਂ ਹਿੰਦੂ ਮੰਦਰਾਂ ਨੂੰ ਕੰਟਰੋਲ ਕੀਤਾ ਕਿ ਸਰਕਾਰ ਨੇ ਮੰਦਰਾਂ ਨੂੰ ਕੰਟਰੋਲ ਕਰਨ ਲਈ ਬੋਰਡ ਜਾਂ ਟਰੱਸਟ ਬਣਾਏ ਅਤੇ ਉਹਨਾਂ ਦੀ ਕਮਾਈ ਨੂੰ ਹਥਿਆ ਲਿਆ, ਜਦ ਕਿ ਹੋਰ ਧਰਮਾਂ ਖਾਸ ਕਰਕੇ ਮੁਸਲਮਾਨਾਂ ਦੇ ਮਾਮਲੇ ਵਿੱਚ ਕੋਈ ਵੀ ਦਖਲਅੰਦਾਜ਼ੀ ਨਹੀਂ ਕੀਤੀ ਗਈ। ਮੁਸਲਮਾਨਾਂ ਨੂੰ ਛੋਟ ਦਿੱਤੀ ਗਈ। ਇਸ ਲਈ ਹੁਣ ਹਿੰਦੂ ਰਾਸ਼ਟਰਵਾਦੀ ਸਰਕਾਰ ਇੱਕ ਦੇਸ਼ ਵਿੱਚ ਦੋ ਕਾਨੂੰਨ ਨਹੀਂ, ਦੀ ਤਰਜ਼ 'ਤੇ ਮੁਸਲਮਾਨਾਂ ਨੂੰ ਵੀ ਇਸ ਦਾਇਰੇ ਵਿੱਚ ਲਿਆ ਕੇ ਬਰਾਬਰਤਾ ਸਥਾਪਤ ਕਰ ਰਹੀ ਹੈ। ਹਕੀਕਤ ਇਹ ਹੈ ਕਿ ਦੱਖਣੀ ਭਾਰਤ ਵਿੱਚ ਕੁਝ ਰਾਜਾਂ ਤੇ ਜੰਮੂ-ਕਸ਼ਮੀਰ 'ਚ ਵੈਸ਼ਨੋ ਦੇਵੀ ਨੂੰ ਛੱਡ ਕੇ ਹੋਰਾਂ ਥਾਵਾਂ 'ਤੇ ਹਿੰਦੂ ਧਾਰਮਿਕ ਸਥਾਨਾਂ ਨੂੰ ਕੰਟਰੋਲ ਕਰਨ ਵਾਲੇ ਬੋਰਡ ਜਾਂ ਟਰੱਸਟ ਆਮ ਤੌਰ 'ਤੇ ਨਹੀਂ ਹਨ ਜਾਂ ਬੇਹੱਦ ਕਮਜ਼ੋਰ ਹਨ। ਜ਼ਿਆਦਾਤਰ ਮੰਦਰ ਕੰਟਰੋਲ ਤੋਂ ਬਾਹਰ ਹਨ। ਉੱਤਰਾਖੰਡ ਵਿੱਚ ਖੁਦ ਮੋਦੀ ਸਰਕਾਰ ਨੇ ਦੇਵਸਥਾਨਮ ਬੋਰਡ ਬਣਾਉਣ ਦੀ ਕੋਸ਼ਿਸ਼ ਕੀਤੀ। ਵਿਰੋਧ ਦੇ ਚਲਦਿਆਂ ਇਸ ਫੈਸਲੇ ਨੂੰ ਵਾਪਸ ਲੈਣਾ ਪਿਆ। ਸੰਘੀਆਂ ਵੱਲੋਂ ਪ੍ਰਚਾਰਤ ਤੱਥ ਵੈਸੇ ਵੀ ਇਕਦਮ ਝੂਠੇ ਹਨ। ਬੋਧੀ, ਸਿੱਖ, ਈਸਾਈ ਮੁਸਲਮਾਨ ਆਦਿ ਸਾਰਿਆਂ ਸਬੰਧੀ ਕੇਂਦਰ ਜਾਂ ਕੁਝ ਰਾਜ ਸਰਕਾਰਾਂ ਨੇ ਬੋਰਡ ਜਾਂ ਟਰੱਸਟ ਦਾ ਗਠਨ ਘੱਟ ਜਾਂ ਜ਼ਿਆਦਾ ਰੂਪ ਵਿੱਚ ਕੀਤਾ ਹੈ ਜਾਂ ਕਾਨੂੰਨ ਬਣਾਇਆ ਹੈ। 1949 ਵਿੱਚ ਬੋਧਗਿਆ ਮੰਦਰ ਦਾ ਪ੍ਰਬੰਧ ਇੱਕ ਗੈਰ-ਬੋਧ ਟਰੱਸਟ (ਹਿੰਦੂ) ਵੱਲੋਂ ਕੀਤਾ ਜਾਂਦਾ ਹੈ। ਬੋਧ ਭਾਈਚਾਰੇ ਵਿੱਚ ਇਸ ਖਿਲਾਫ ਰੋਸ ਹੈ। ਇਸ ਤਰ੍ਹਾਂ ਸਿੱਖਾਂ ਦੇ ਮਾਮਲੇ ਵਿਚ ਵੀ ਸਿੱਖ ਗੁਰਦੁਆਰਾ ਐਕਟ 1925 ਅਤੇ ਹੋਰ ਧਰਮਾਂ ਦੇ ਮਾਮਲੇ ਵਿੱਚ ਕਾਨੂੰਨ ਬਣੇ ਹੋਏ ਹਨ। ਇਸ ਤਰ੍ਹਾਂ ਮੁਸਲਮਾਨਾਂ ਸੰਬੰਧੀ ਵਕਫ ਜਾਇਦਾਦਾਂ ਜਿਸ ਵਿੱਚ ਆਮ ਤੌਰ ਤੇ ਮਸਜਿਦ, ਮਦਰੱਸੇ ਤੇ ਕਬਰਸਤਾਨ ਆਦਿ ਸ਼ਾਮਿਲ ਹਨ। ਕੁਝ ਮਾਮਲਿਆਂ ਵਿੱਚ ਮੰਦਰ ਖੇਤੀ ਭੂਮੀ ਆਦਿ ਵੀ ਹਨ। ਇਹ ਸਾਰੇ ਵਕਫ ਬੋਰਡ ਵੱਲੋਂ ਕੰਟਰੋਲ ਕੀਤੇ ਜਾਂਦੇ ਹਨ। ਵਕਫ ਬੋਰਡ ਸਰਕਾਰ ਦੇ ਕੰਟਰੋਲ ਵਿੱਚ ਹੈ। ਆਮ ਤੌਰ 'ਤੇ ਵਕਫ ਕਿਸੇ ਵਿਅਕਤੀ ਵੱਲੋਂ ਕਿਸੇ ਅਜਿਹੇ ਮਕਸਦ ਲਈ ਜਾਇਦਾਦ ਦਾ ਸਥਾਈ ਦਾਨ ਹੈ, ਜਿਸ ਨੂੰ ਪਵਿੱਤਰ ਅਤੇ ਅੱਲਾਹ ਨੂੰ ਸਮਰਪਿਤ ਮੰਨਿਆ ਜਾਂਦਾ ਹੈ, ਜਿਸ ਦੀ ਖਰੀਦੋ-ਫਰੋਖਤ ਨਹੀਂ ਕੀਤੀ ਜਾ ਸਕਦੀ। ਦਾਨ ਦੇਣਾ ਯਾਨੀ ਵਕਫ ਕਰਨ ਦਾ ਮਕਸਦ ਹੈ ਧਰਮ ਅਰਥ ਜਾਂ ਕਲਿਆਣ ਦਾ ਕੰਮ ਯਾਨਿ ਮਸਜਿਦ ਤੇ ਕਬਰਿਸਤਾਨ ਬਣਾਉਣਾ ਅਤੇ ਇਸ ਦਾ ਰੱਖ-ਰਖਾਅ, ਵਿਦਿਅਕ ਸੰਸਥਾਵਾਂ ਅਤੇ ਸਿਹਤ ਸਹੂਲਤਾਂ ਨੂੰ ਸਥਾਪਿਤ ਕਰਨਾ। 1954 ਵਿੱਚ ਵਕਫ ਦੀ ਬਿਹਤਰ ਪਹਿਚਾਣ ਅਤੇ ਪ੍ਰਬੰਧ ਲਈ ਕੇਂਦਰੀ ਵਕਫ ਪ੍ਰੀਸ਼ਦ ਤੇ ਰਾਜ ਵਕਫ ਬੋਰਡ ਦੀ ਸਥਾਪਨਾ ਕੀਤੀ ਗਈ। 1995 ਦੇ ਅਧਿਨਿਯਮ ਵਿੱਚ ਵਕਫ ਸੰਬੰਧੀ ਝਗੜਿਆਂ ਦੇ ਫੈਸਲਿਆਂ ਲਈ ਨਿਆਂਧੀਕਰਨ ਗਠਨ ਤੇ ਬੋਰਡ ਵਿੱਚ ਇਸਲਾਮੀ ਧਰਮ ਸ਼ਾਸਤਰ ਦੇ ਚੁਣੇ ਹੋਏ ਮੈਂਬਰ ਤੇ ਨਾਮਜਦ ਵਿਦਵਾਨ ਦੀ ਵਿਵਸਥਾ ਕੀਤੀ ਗਈ। 2013 ਵਿੱਚ ਅਧਿਨਿਯਮ ਵਿੱਚ ਅਤਿਕਰਮਣ ਕਰਨ ਦੀ ਪਰਿਭਾਸ਼ਾ ਦਿੱਤੀ ਗਈ। ਇਸ ਦੇ ਜ਼ਰੀਏ ਨਿਆਂਧੀਕਰਨ ਦਾ ਆਕਾਰ ਵਧਾਉਣਾ ਤੇ ਵਕਫ ਦੇ ਪ੍ਰਬੰਧ ਤੇ ਵਕਫ ਬੋਰਡਾਂ ਦੀ ਵੱਧ ਨਿਗਰਾਨੀ ਕਰਨਾ, ਵਕਫ ਦੀਆਂ ਜ਼ਮੀਨਾਂ ਨੂੰ 30 ਸਾਲਾਂ ਤੱਕ ਪਟੇ 'ਤੇ ਦੇ ਸਕਣਾ ਅਤੇ ਅਧੀਨਿਯਮ ਵਿੱਚ ਹਰੇਕ ਰਾਜ ਵਕਫ ਬੋਰਡ ਵਿੱਚ ਦੋ ਔਰਤ ਮੈਂਬਰਾਂ ਨੂੰ ਵੀ ਲਾਜ਼ਮੀ ਦੇ ਨਾਲ ਹੀ ਵਕਫ ਜਾਇਦਾਦਾਂ ਦੀ ਵਿਕਰੀ ਜਾਂ ਗਿਫਟ ਦੇਣ 'ਤੇ ਪਾਬੰਦੀ ਲਾਈ ਗਈ। ਮੋਦੀ ਸਰਕਾਰ ਦਾ ਇਹ ਵਕਫ ਅਧਿਨਿਯਮ 2025 ਕੇਂਦਰੀ ਵਕਫ ਪ੍ਰੀਸ਼ਦ ਅਤੇ ਵਕਫ ਬੋਰਡ ਦੀ ਬਣਤਰ ਵਿੱਚ ਬਦਲਾਅ ਕਰਦਾ ਹੈ, ਜਿਸ ਨਾਲ ਗੈਰ-ਮੁਸਲਿਮ ਮੈਂਬਰਾਂ ਨੂੰ ਸ਼ਾਮਿਲ ਕੀਤੇ ਜਾਣ ਦਾ ਰਾਹ ਖੁੱਲ੍ਹਦਾ ਹੈ। ਸਰਵੇਖਣ ਕਮਿਸ਼ਨਰ ਦੀ ਥਾਂ ਕੁਲੈਕਟਰ ਨੂੰ ਨਿਯੁਕਤ ਕੀਤਾ ਗਿਆ ਹੈ, ਜਿਸ ਨੂੰ ਵਿਵਾਦਤ ਜਾਇਦਾਦਾਂ 'ਤੇ ਫੈਸਲੇ ਕਰਨ, ਇਸ ਦੀ ਮਾਲਕੀ ਤਹਿ ਕਰਨਾ ਅਤੇ ਵਕਫ ਜਾਇਦਾਦਾਂ ਦਾ ਸਰਵੇਖਣ ਕਰਨ ਦਾ ਅਧਿਕਾਰ ਮਿਲ ਗਿਆ ਹੈ। ਨਵੇਂ ਕਾਨੂੰਨ ਦੇ ਹਿਸਾਬ ਨਾਲ ਵਕਫ ਦੇ ਰੂਪ 'ਚ ਪਹਿਚਾਣੀ ਗਈ ਸਾਰੀ ਜਾਇਦਾਦ ਹੁਣ ਵਕਫ ਦੀ ਨਹੀਂ ਰਹਿ ਜਾਵੇਗੀ। ਅਧਿਨਿਯਮ ਵਿੱਚ ਵਕਫ ਪ੍ਰੀਸ਼ਦ ਵਿੱਚ ਸਾਂਸਦਾਂ, ਸਾਬਕਾ ਜੱਜਾਂ ਅਤੇ ਉੱਘੇ ਵਿਅਕਤੀਆਂ ਤੇ ਮੁਸਲਿਮ ਹੋਣ ਦੀ ਜ਼ਰੂਰਤ ਨੂੰ ਹਟਾ ਦਿੱਤਾ ਗਿਆ ਹੈ। ਰਾਜ ਵਕਫ ਬੋਰਡ ਅਤੇ ਕੇਂਦਰੀ ਵਕਫ ਪ੍ਰੀਸ਼ਦ ਵਿੱਚ ਗੈਰ-ਮੁਸਲਮਾਨ ਨੂੰ ਮੈਂਬਰ ਬਣਾਉਣ ਦੀ ਇਜ਼ਾਜਤ ਇਸ ਨੂੰ ਨਾ ਸਿਰਫ ਲਾਜ਼ਮੀ ਬਣਾਉਂਦੀ ਹੈ, ਬਲਕਿ ਗੈਰ ਮੁਸਲਮਾਨਾਂ ਦਾ ਬਹੁਮਤ ਕਾਇਮ ਕਰਨ ਅਤੇ ਘੱਟ ਗਿਣਤੀਆਂ ਨੂੰ ਘੱਟ ਗਿਣਤੀ ਵਿੱਚ ਪਾਉਣ ਦੀ ਸੰਭਾਵਨਾ ਵੀ ਪੈਦਾ ਕਰ ਦਿੱਤੀ ਹੈ, ਜਦ ਕਿ ਇਸ ਦੇ ਠੀਕ ਉਲਟ ਹਿੰਦੂ ਅਤੇ ਸਿੱਖ ਧਾਰਮਿਕ ਬੋਰਡ ਜਾਂ ਟਰੱਸਟ ਨੂੰ ਕੰਟਰੋਲ ਕਰਨ ਵਾਲੀਆਂ ਬਰਾਬਰ ਦੀਆਂ ਸੰਸਥਾਵਾਂ ਵਿੱਚ ਉਸੇ ਧਰਮ ਦੇ ਹੀ ਮੈਂਬਰ ਹੁੰਦੇ ਹਨ। ਅਯੁੱਧਿਆ ਵਿੱਚ ਮੰਦਰ ਟਰੱਸਟ ਦੇ ਸਾਰੇ 15 ਮੈਂਬਰ, ਜਿਸ ਵਿੱਚ ਜ਼ਿਲਾ ਅਧਿਕਾਰੀ ਤੋਂ ਇਲਾਵਾ ਅਤੇ ਸਰਕਾਰ ਵੱਲੋਂ ਨਾਮਜ਼ਦ ਹੋਣ ਵਾਲੇ ਸਾਰੇ ਮੈਂਬਰਾਂ ਦਾ ਵੀ ਹਿੰਦੂ ਹੋਣਾ ਲਾਜ਼ਮੀ ਹੈ। ਇਹ ਸਭ ਕੁਝ ਮੋਦੀ ਸਰਕਾਰ ਦੇ ਫਾਸ਼ੀਵਾਦੀ ਆਚਰਣ ਨੂੰ ਸਾਫ ਵਿਖਾਉਂਦਾ ਹੈ। ਬੋਰਡਾਂ ਵਿੱਚ ਸਾਰੇ ਮੈਂਬਰ ਸਿਰਫ ਨਾਮਜ਼ਦ ਹੀ ਹੋਣਗੇ, ਚੋਣ ਨਹੀਂ ਹੋਵੇਗੀ ਇਸ ਤਰਾਂ ਵਕਫ ਪ੍ਰੀਸ਼ਦਾਂ ਤੇ ਬੋਰਡਾਂ ਵਿੱਚ ਸੰਘੀ ਭਾਜਪਾਈ ਲੋਕਾਂ ਨੂੰ ਬਿਠਾ ਕੇ ਇਹਨਾਂ ਨੂੰ ਕੰਟਰੋਲ ਕਰਨ ਦਾ ਤਾਣਾ-ਬਾਣਾ ਬੁਣਿਆ ਗਿਆ ਹੈ। ਵਕਫ ਦੀਆਂ ਨਿਆਂਇਕ ਅਥਾਰਟੀਆਂ ਵਿੱਚ ਤਿੰਨ ਮੈਂਬਰਾਂ ਵਿੱਚੋਂ ਇੱਕੋ ਮੁਸਲਿਮ ਕਾਨੂੰਨ ਦੇ ਮਾਹਰ ਹੋਣ ਦੀ ਵਿਵਸਥਾ ਨੂੰ ਖਤਮ ਕਰ ਦਿੱਤਾ ਗਿਆ ਹੈ। ਇਸ ਵਿੱਚ ਫੈਸਲੇ ਲੈਣ ਵਾਲੇ ਵੀ ਹੁਣ ਸਰਕਾਰੀ ਅਧਿਕਾਰੀ ਹੀ ਹੋਣਗੇ। ਬਿੱਲ ਵਕਫ ਬਾਈਜ਼ੂਜ਼ਰ ਨੂੰ ਖਤਮ ਕਰਕੇ ਸਾਲੋਂ ਸਾਲ ਤੋਂ ਬਿਨਾਂ ਦਸਤਾਵੇਜ਼ ਦੇ ਪਰੰਪਰਾ ਵਿੱਚ ਵਕਫ ਵਾਂਗੂ ਇਸਤੇਮਾਲ ਹੋਣ ਵਾਲੀ ਜਾਇਦਾਦ ਨੂੰ ਵਕਫ ਜਾਇਦਾਦ ਮੰਨਣ ਦੀ ਵਿਵਸਥਾ ਨੂੰ ਖਤਮ ਕਰ ਦਿੱਤਾ ਗਿਆ ਹੈ। ਇਸ ਤਰ੍ਹਾਂ ਭਾਰੀ ਪੈਮਾਨੇ 'ਤੇ ਵਕਫ ਦੀ ਜਇਦਾਦ ਨੂੰ ਹੜੱਪਣ ਦਾ ਰਾਹ ਖੋਲ੍ਹ ਦਿੱਤਾ ਹੈ। ਅਧਿਨਿਯਮ ਦੇ ਤਹਿਤ ਰਾਜ ਸਰਕਾਰਾਂ ਨੂੰ ਰਾਜ ਵਕਫ ਬੋਰਡ ਵਿੱਚ ਇੱਕ ਮੁੱਖ ਕਾਰਜਕਾਰੀ ਅਧਿਕਾਰੀ (ਸੀ ਈ ਓ) ਨਿਯੁਕਤ ਕਰਨਾ ਜ਼ਰੂਰੀ ਹੈ। ਪਹਿਲਾਂ ਸੀ ਈ ਓ ਰਾਜ ਸਰਕਾਰ ਦੇ ਉਪ ਸਕੱਤਰ ਦੇ ਬਰਾਬਰ ਇਕ ਮੁਸਲਿਮ ਅਧਿਕਾਰੀ ਹੁੰਦਾ ਸੀ, ਜੇ ਉਸ ਰੈਂਕ ਦਾ ਕੋਈ ਮੁਸਲਿਮ ਅਧਿਕਾਰੀ ਮੁਹੱਈਆ ਨਾ ਹੁੰਦਾ ਤਾਂ ਉਸ ਦੇ ਬਰਾਬਰ ਦੇ ਰੈਂਕ ਦਾ ਮੁਸਲਿਮ ਅਧਿਕਾਰੀ ਨਿਯੁਕਤ ਕਰਨ ਦੀ ਵਿਵਸਥਾ ਸੀ, ਪਰ ਹੁਣ ਨਵੇਂ ਪਾਸ ਹੋਏ ਬਿੱਲ ਵਿੱਚ ਸੀ ਈ ਓ ਦੇ ਮੁਸਲਿਮ ਹੋਣ ਦੀ ਜ਼ਰੂਰਤ ਨੂੰ ਹਟਾ ਦਿੱਤਾ ਗਿਆ ਹੈ, ਜਦ ਕਿ ਇਸ ਦੇ ਉਲਟ ਹੋਰ ਧਾਰਮਿਕ ਬੋਰਡਾਂ ਜਾਂ ਟਰੱਸਟਾਂ ਦੇ ਮਾਮਲੇ ਵਿੱਚ ਕਨੂੰਨ ਦੇ ਤਹਿਤ ਸੀ ਈ ਓ ਦੇ ਬਰਾਬਰ ਪ੍ਰਸ਼ਾਸਕਾਂ, ਜਿਸ ਧਰਮ ਦਾ ਧਾਰਮਿਕ ਬੋਰਡ ਹੋਵੇ, ਇਸ ਤਰ੍ਹਾਂ ਇਹ ਸਪੱਸ਼ਟ ਹੈ ਕਿ ਮੋਦੀ ਸਰਕਾਰ ਦਾ ਇਹ ਵਕਫ ਕਾਨੂੰਨ ਵੀ ਇੱਕ ਪਾਸੇ ਧਰੁਵੀਕਰਨ ਦਾ ਸੰਦ ਹੈ, ਜੋ ਦੂਜੇ ਪਾਸੇ ਜਾਇਦਾਦ ਹੜੱਪਣ ਤੇ ਅਜਾਰੇਦਾਰ ਪੂੰਜੀ ਦੀ ਸੇਵਾ ਵਿੱਚ ਇਸ ਨੂੰ ਲੁਟਾਉਣ ਦਾ ਹੱਥਕੰਡਾ ਵੀ ਹੈ, ਜਿਸ ਤੇਜ਼ੀ ਨਾਲ ਮੋਦੀ ਸਰਕਾਰ ਨੇ ਅਜਾਏਦਾਰ ਪੂੰਜੀ ਦੇ ਮਾਲਕਾਂ ਦੀ ਸੇਵਾ ਵਿੱਚ ਭਾਂਤ-ਭਾਂਤ ਤੇ ਵੱਡੇ ਪ੍ਰੋਜੈਕਟ ਲਿਆਂਦੇ ਹਨ, ਜਿਸ ਦੇ ਲਈ ਵੱਡੇ ਪੈਮਾਨੇ 'ਤੇ ਜ਼ਮੀਨਾਂ ਵੀ ਚਾਹੀਦੀਆਂ ਸਨ ਤਾਂ ਉਸੇ ਅਨੁਸਾਰ ਵੱਡੇ ਪੈਮਾਨੇ 'ਤੇ ਅਲੱਗ-ਅਲੱਗ ਨਾਵਾਂ ਦੀ ਆੜ ਵਿੱਚ ਮਸਲਨ ਕਿਤੇ ਲੈਂਡ ਜਹਾਦ, ਕਿਤੇ ਨਜਾਇਜ਼ ਕਬਜ਼ੇ ਅਤੇ ਕਿਤੇ ਸੁੰਦਰੀਕਰਨ ਜਾਂ ਫਿਰ ਰਾਸ਼ਟਰ ਹਿੱਤ ਵਿੱਚ ਜ਼ਮੀਨਾਂ ਹੜਪਣ ਅਤੇ ਇਸ ਦੇ ਬਾਂਦਰ-ਵੰਡ ਲਈ ਵੱਡੇ ਪੈਮਾਨੇ 'ਤੇ ਬੁਲਡੋਜ਼ਰ ਰਾਹੀਂ ਢਹਿਢੇਰੀ ਕਰਨ ਅਤੇ ਬੇਦਖਲੀ ਦੀ ਮੁਹਿੰਮ ਚਲਾਈ ਗਈ ਹੈ। ਹੁਣ ਇਹੀ ਨੰਗੇ ਚਿੱਟੇ ਰੂਪ ਵਿੱਚ ਲੁੱਟ-ਖਸੁੱਟ ਦੇ ਮਾਮਲੇ ਵਿੱਚ ਵੀ ਹੋਣੀ ਹੈ, ਕਿਉਂਕਿ ਜਾਇਦਾਦਾਂ ਦਾ ਇੱਕ ਠੀਕ-ਠਾਕ ਹਿੱਸਾ ਸ਼ਹਿਰਾਂ ਵਿੱਚ ਜਾਂ ਇਸ ਦੇ ਆਸ-ਪਾਸ ਹੀ ਹੈ। ਅਜਿਹੇ ਵਿੱਚ ਸੰਘੀ ਸਰਕਾਰ ਦੇ ਇਸ ਦੇ ਮਹੱਤਵ ਨੂੰ ਸਮਝਿਆ ਜਾ ਸਕਦਾ ਹੈ। ਸਪੱਸ਼ਟ ਹੈ ਕਿ ਪਾਸ ਹੋਇਆ ਇਹ ਬਿੱਲ ਨਾ ਸਿਰਫ ਅਸੰਵਿਧਾਨਿਕ ਹੈ, ਬਲਕਿ ਇਹ ਮੁਸਲਮਾਨਾਂ ਨੂੰ ਹੋਰ ਜ਼ਿਆਦਾ ਖੂੰਜੇ ਲਾਉਣ ਵਾਲਾ ਸਾਬਤ ਹੋਵੇਗਾ। ਉਹਨਾਂ ਨੂੰ ਉਕਸਾਉਣ ਵਾਲਾ ਵੀ ਹੈ। ਜੇ ਇਹਨਾਂ ਦੀ ਯੋਜਨਾ ਦੇ ਅਨੁਸਾਰ ਮੁਸਲਿਮ ਭਾਈਚਾਰਾ ਸੜਕਾਂ 'ਤੇ ਆਉਂਦਾ ਹੈ ਤਾਂ ਸੰਘੀ ਬਹੁਗਿਣਤੀ ਹਿੰਦੂ ਆਪਣੇ ਪੱਖ ਵਿੱਚ ਮੁਹਿੰਮ ਲਾਮਬੰਦ ਕਰਨ ਲਈ ਮੁਹਿੰਮ ਚਲਾਉਣਗੇ, ਜਿਸ ਤਰ੍ਹਾਂ ਨਾਲ ਨਾਗਰਿਕਤਾ ਕਾਨੂੰਨ ਦੇ ਮਾਮਲੇ ਵਿੱਚ ਜਾਂ ਫਿਰ ਬਰਾਬਰ ਨਾਗਰਿਕ ਕੋਡ (ਯੂ ਸੀ ਸੀ) ਇਹ ਮੁੱਦੇ 'ਤੇ ਹਿੰਦੂ ਫਾਸ਼ਵਾਦੀ ਕਰ ਰਹੇ ਹਨ। ਆਜ਼ਾਦੀ ਦੇ ਪਿੱਛੋਂ ਇਥੇ ਜੋ ਪੂੰਜੀਵਾਦੀ ਰਾਜ ਕਾਇਮ ਹੋਇਆ, ਉਸ ਨੇ ਇਸ ਮਾਮਲੇ ਵਿੱਚ ਵੀ ਸਮਝੌਤਾ ਕੀਤਾ। ਧਰਮ ਨਿਰਪੱਖਤਾ ਤਾਂ ਕਹਿਣ ਦੀ ਹੀ ਸੀ, ਅਸਲ ਵਿੱਚ ਨਰਮ ਹਿੰਦੂਤਵ ਨੀਤੀ ਸਰਕਾਰਾਂ ਚੱਲੀਆਂ। ਧਰਮ ਤੇ ਰਾਜ ਦਾ ਅਦਭੁਤ ਗਠਜੋੜ ਚਲਦਾ ਰਿਹਾ। ਵੱਖ-ਵੱਖ ਧਰਮਾਂ ਦੀਆਂ ਪਿਛਲੇ ਦੋ-ਤਿੰਨ ਹਜਾਰ ਸਾਲਾਂ ਤੋਂ ਇੱਕਠੀਆਂ ਹੋਈਆਂ ਤੇ ਵਧਦੀਆਂ ਚੱਲ-ਅੱਚਲ ਜਾਇਦਾਦਾਂ ਇਹਨਾਂ ਦੇ ਹੱਥਾਂ ਵਿੱਚ ਬਣੀਆਂ ਰਹੀਆਂ। ਹੁਣ ਹਿੰਦੂ ਫਾਸ਼ੀਵਾਦੀ ਇਸ ਕੰਮ ਨੂੰ ਇਸ ਹੱਦ ਤੱਕ ਨਕਾਰਾਤਮਕ ਢੰਗ ਨਾਲ ਅੰਜਾਮ ਦੇ ਰਹੇ ਹਨ। ਇਸ ਲਈ ਜਿੱਥੋਂ ਤੱਕ ਇੱਕ ਪਾਸੇ ਸੋਧੇ ਹੋਏ ਵਕਫ ਕਾਨੂੰਨ ਦੇ ਜ਼ਰੀਏ ਘੱਟ ਗਿਣਤੀ 'ਤੇ ਬੋਲੇ ਜਾ ਰਹੇ ਹਮਲੇ ਦਾ ਵਿਰੋਧ ਕਰਨਾ ਜ਼ਰੂਰੀ ਹੈ, ਉਥੇ ਹਿੰਦੂ ਫਾਸ਼ੀਵਾਦੀਆਂ ਖਿਲਾਫ ਸੰਘਰਸ਼ ਨੂੰ ਹੋਰ ਅੱਗੇ ਵਧਾਉਂਦਿਆਂ ਧਰਮ ਨਿਰਪੱਖ ਸਮਾਜਵਾਦੀ ਰਾਜ ਵੱਲ ਵਧਣ ਨਾਲ ਹੀ ਇਸ ਦਾ ਹੱਲ ਸੰਭਵ ਹੈ।

**# ਸੰਪਰਕ : 98156-29301**

# ਹੁਣ ਨਹੀਂ ਰਿਹਾ ਛੁੱਟੀਆਂ ਦਾ ਚਾਅ...

ਡਾ. ਸੁਖਰਾਜ ਸਿੰਘ ਬਾਜਵਾ

ਗੱਲ ਉਨ੍ਹਾਂ ਦਿਨਾਂ ਦੀ ਹੈ, ਜਦ ਅਸੀਂ ਸਕੂਲ ਪੜ੍ਹਦੇ ਸਾਂ। ਮਈ ਮਹੀਨੇ ਸੂਰਜ ਦਾ ਪਾਰਾ ਵਧਣ ਨਾਲ ਹੀ ਸਕੂਲਾਂ ਵਿਚ ਛੁੱਟੀਆਂ ਹੋ ਜਾਣੀਆਂ। ਛੁੱਟੀਆਂ ਸ਼ੁਰੂ ਹੋਣ ਦਾ ਬੜੀ ਬੇਸਬਰੀ ਨਾਲ ਇੰਤਜਾਰ ਹੁੰਦਾ, ਇਸ ਲਈ ਨਹੀਂ ਕਿ ਸਕੂਲ ਨਹੀਂ ਜਾਣਾ ਪੈਣਾ, ਸਗੋਂ ਇਸ ਲਈ ਕਿ ਹੁਣ ਕਦੀ ਨਾਨਕੇ ਤੇ ਫੇਰ ਕੁਝ ਦਿਨ ਭੂਆ ਕੋਲ ਜਾ ਕੇ ਰਹਾਂਗੇ। ਮਾਮੇ-ਭੂਆ ਦੇ ਭੈਣ-ਭਾਈਆਂ ਨਾਲ ਖੇਡਣ ਦਾ ਚਾਅ ਹੁੰਦਾ। ਗੱਲ ਸਿਰਫ ਖੇਡਣ ਤੱਕ ਹੀ ਨਾ ਰਹਿੰਦੀ, ਸਗੋਂ ਉਨ੍ਹਾਂ ਦੇ ਘਰ ਜਾ ਕੇ ਬਰਾਬਰ ਦਾ ਕੰਮ ਵੀ ਕਰਦੇ। ਖਾਣ-ਪੀਣ ਨੂੰ ਕਦੀ ਅੰਬ, ਕਦੀ ਖਰਬੂਜ਼ੇ ਤੇ ਹਦਵਾਣੇ ਸਾਰਿਆਂ ਨੇ ਦੁਪਹਿਰ ਵੇਲੇ ਇਕੱਠੇ ਬੈਠ ਕੇ ਖਾਣੇ। ਰੋਟੀ ਵੀ ਚਾਹੇ ਸਵੇਰ ਦੀ ਹੋਵੇ ਜਾਂ ਰਾਤ ਦੀ, ਇਕੱਠੇ ਹੀ ਬੈਠ ਕੇ ਖਾਣੀ। ਰੋਟੀ ਸਾਦੀ ਹੁੰਦੀ, ਕਦੀ ਦਾਲ ਤੇ ਕਦੀ ਸਬਜ਼ੀ ਨਾਲ ਕਦੀ-ਕਦੀ ਨਿੰਬੂ ਜਾਂ ਸਿਰਕੇ ਵਾਲਾ ਪਿਆਜ਼ ਤੇ ਅੰਬਾਂ ਦੀ ਕੁੱਟੀ ਹੋਈ ਚਟਨੀ। ਸਵੇਰ ਵੇਲੇ ਦਹੀਂ ਵਿਚ ਨਾਨੀ ਜਾਂ ਭੂਆ ਨੇ ਜ਼ਬਰਦਸਤੀ ਮੱਖਣ ਦਾ ਮੋਟਾ ਢੇਲਾ ਪਾ ਦੇਣਾ ਤੇ ਕਹਿਣਾ ਹੁਣ ਖਾਓ। ਲੱਸੀ ਰੱਜ ਕੇ ਪੀਣ ਨੂੰ ਮਿਲਣੀ ਤੇ ਰਾਤ ਨੂੰ ਦੁੱਧ ਦਾ ਵੱਡਾ ਗਲਾਸ। ਰੱਜ ਕੇ ਖਾ-ਪੀ ਕੇ ਦੁਪਹਿਰ ਵੇਲੇ ਸਾਰੇ ਭੈਣ-ਭਾਈਆਂ ਇਕੱਠੇ ਸੌਂ ਜਾਣਾ ਤੇ ਆਥਣ ਵੇਲੇ ਆਪਣੇ ਮਾਮੇ, ਭੂਆ ਦੇ ਬੱਚਿਆਂ ਨਾਲ ਪੱਠੇ ਕੁਤਰਨ ਤੇ ਬਾਹਾਂ ਤੋਂ ਕਮੀਜ਼ ਚੱਕ ਚੱਕ ਦੇਖਣਾ ਕਿ ਡੋਲੇ ਕਿੰਨੇ ਕੁ ਬਣ ਗਏ। ਕਦੀ-ਕਦੀ ਖੇਤਾਂ ਵਿਚ ਜਾ ਕੇ ਦੌੜ ਲਾਉਣੀ ਜਾਂ ਕੁਸ਼ਤੀ ਤੇ ਕਬੱਡੀ ਵਰਗੀਆਂ ਖੇਡਾਂ ਖੇਡ ਕੇ ਥੱਕ ਜਾਣਾ ਤੇ ਰਾਤ ਨੂੰ ਨੀਂਦ ਵੀ ਏਦਾਂ ਆਉਣੀ-ਜਿੱਦਾਂ ਘੋੜੇ ਵੇਚ ਕੇ ਸੁੱਤੇ ਹੋਈਏ। ਸਵੇਰੇ ਪੰਜ ਵਜੇ ਉੱਠ ਕੇ ਖੇਤਾਂ ਵਿਚ ਜੰਗਲ-ਪਾਣੀ ਜਾਣਾ ਤੇ ਫੇਰ ਨਲਕਾ ਗੇੜ ਕੇ ਨਹਾਉਣਾ। ਉਨ੍ਹਾਂ ਦਿਨਾਂ ਵਿਚ ਦੁਧਾਰੂ ਪਸ਼ੂ ਹਰ ਘਰ ਵਿਚ ਹੁੰਦੇ ਸਨ ਤੇ ਕਦੀ-ਕਦੀ ਇਹ ਪਸ਼ੂ ਖੋਲ੍ਹ ਕੇ ਖੇਤਾਂ ਵਿਚ ਚਰਾਉਣ ਲਈ ਲੈ ਜਾਣਾ ਤੇ ਛੱਪੜ ਵਿਚ ਨਹਾਉਣ ਲਈ ਲੈ ਜਾਣੇ। ਛੱਪੜਾਂ ਦਾ ਪਾਣੀ ਪਸ਼ੂਆਂ ਲਈ ਸਾਫ ਹੀ ਹੁੰਦਾ ਸੀ। ਕਦੀ ਕਦੀ ਨੇੜਲੀ ਨਹਿਰ 'ਤੇ ਚਲੇ ਜਾਣਾ ਤੇ ਉਥੇ ਆਪ ਵੀ ਤਾਰੀਆਂ ਲਾ ਆਉਣੀਆਂ ਤੇ ਫੇਰ ਘਰ ਆ ਕੇ ਮਾਮੇ ਤੋਂ ਝਾੜ ਵੀ ਪੈਣੀ। ਸਭ ਕੁਝ ਚੰਗਾ ਲਗਦਾ ਸੀ। ਉਹ ਦਿਨ ਚੇਤੇ ਕਰਕੇ ਅੱਜ ਵੀ ਇੰਝ ਲਗਦਾ ਹੈ ਕਿ ਕਾਸ਼ ਉਹ ਦਿਨ ਜ਼ਿੰਦਗੀ ਵਿੱਚ ਮੁੜ ਆਉਣ, ਪਰ ਅੱਜ ਦੇ ਜੁਆਕਾਂ ਵਿਚ ਛੁੱਟੀਆਂ ਵਾਲਾ ਉਹ ਚਾਅ ਵੇਖਣ ਨੂੰ ਨਹੀਂ ਮਿਲਦਾ। ਹੁਣ ਤਾਂ ਚਾਅ ਸਿਰਫ ਇਸ ਗੱਲ ਦਾ ਹੁੰਦਾ ਹੈ ਕਿ ਚਲੋ ਸਕੂਲ ਨਹੀਂ ਜਾਣਾ ਪਵੇਗਾ ਤੇ ਸਵੇਰੇ ਜਲਦੀ ਨਹੀਂ ਉੱਠਣਾ ਪਏਗਾ ਤੇ ਨਾ ਹੀ ਰਾਤ ਜਲਦੀ ਸੌਣ ਲਈ ਕਿਹਾ ਜਾਵੇਗਾ। ਹੁਣ ਮੋਬਾਈਲ ਦੇ ਯੁੱਗ ਵਿਚ ਬੱਚੇ ਬਾਹਰ ਖੇਡਣ ਵਾਲੀਆਂ ਖੇਡਾਂ ਭੁੱਲ ਗਏ ਹਨ। ਹੁਣ ਤਾਂ ਟੈਲੀਵਿਜ਼ਨ 'ਤੇ ਆਉਣ ਵਾਲੇ ਕਾਰਟੂਨ ਵੀ ਉਨ੍ਹਾਂ ਨੂੰ ਚੰਗੇ ਨਹੀਂ ਲੱਗਦੇ। ਰਿਸ਼ਤਿਆਂ ਬਾਰੇ ਉਨ੍ਹਾਂ ਨੂੰ ਕੋਈ ਬਹੁਤਾ ਗਿਆਨ ਨਹੀਂ। ਸਿਰਫ ਮੋਬਾਈਲ 'ਤੇ ਖੇਡਣਾ ਜਾਂ ਸੋਸ਼ਲ ਮੀਡੀਆ 'ਤੇ ਐਕਟਿਵ ਰਹਿਣਾ ਹੀ ਉਨ੍ਹਾ ਲਈ ਛੁੱਟੀਆਂ ਦਾ ਅਨੰਦ ਬਣ ਕੇ ਰਹਿ ਗਿਆ ਹੈ। ਪਹਿਲੇ ਸਮਿਆਂ ਵਿਚ ਜਿੱਥੇ ਬੱਚੇ ਰਿਸ਼ਤੇਦਾਰਾਂ ਦੇ ਘਰ ਕਈ-ਕਈ ਦਿਨ ਰਹਿ ਕੇ ਆਪ ਵੀ ਸਮਾਜਿਕ ਪੱਖੋਂ ਮਜ਼ਬੂਤ ਹੁੰਦੇ ਸਨ ਅਤੇ ਰਿਸ਼ਤਿਆਂ ਬਾਰੇ ਗਿਆਨ ਹੁੰਦਾ ਸੀ, ਉਥੇ ਹੀ ਸਮਾਜ ਵਿਚ ਕਿਸ ਤਰ੍ਹਾਂ ਰਹਿਣਾ ਹੈ, ਬਾਰੇ ਸਿੱਖਦੇ ਸਨ। ਹੁਣ ਬੱਚੇ ਸਮਾਜ ਤੋਂ ਟੁੱਟ ਕੇ ਜੀ ਰਹੇ ਹਨ। ਚਾਚੇ, ਮਾਮੇ, ਫੁੱਫੜ ਸਭ ਲਈ ਇਕ ਹੀ ਨਾਂਅ ਅੰਕਲ ਤੇ ਚਾਚੀਆਂ, ਮਾਮੀਆਂ, ਭੂਆ ਸਭ ਆਂਟੀਆਂ। ਭੈਣ ਭਰਾ ਬਸ ਕਜ਼ਨ ਬਣ ਕੇ ਹੀ ਰਹਿ ਗਏ ਹਨ। ਬੱਚਿਆਂ ਦੇ ਦਿਮਾਗ ਵਿਚ ਇਹਨਾਂ ਰਿਸ਼ਤਿਆਂ ਵਿਚਲੀ ਦੂਰੀ ਏਨੀ ਵਧ ਗਈ ਹੈ ਕਿ ਸਿਵਾਏ ਕਿਸੇ ਫੰਕਸ਼ਨ ਦੇ ਇਹ ਹੁਣ ਇਕ-ਦੂਸਰੇ ਦੇ ਘਰ ਜਾਣਾ ਚੰਗਾ ਨਹੀਂ ਸਮਝਦੇ। ਘਰ ਆਏ ਰਿਸ਼ਤੇਦਾਰਾਂ ਨਾਲ ਵੀ ਵਿਵਹਾਰ ਬਹੁਤ ਵਧੀਆ ਨਹੀਂ ਹੁੰਦਾ, ਕਿਉਂਕਿ ਉਨ੍ਹਾਂ ਦਾ ਆਉਣਾ ਬੱਚਿਆਂ ਨੂੰ ਉਨ੍ਹਾਂ ਦੀ ਨਿੱਜਤਾ ਵਿੱਚ ਦਖਲਅੰਦਾਜ਼ੀ ਲਗਦਾ ਹੈ। ਜਦ ਬੱਚੇ ਛੁੱਟੀਆਂ ਵਿਚ ਆਪਣੇ ਨਾਨਕੇ ਘਰ ਜਾਂ ਭੂਆ, ਮਾਸੀਆਂ ਘਰ ਜਾਂਦੇ ਸੀ ਤਾਂ ਉਹ ਇਕ ਸਮਾਜਿਕ ਪ੍ਰਾਣੀ ਬਣਦੇ ਸਨ। ਉਨ੍ਹਾਂ ਨੂੰ ਰਿਸ਼ਤਿਆਂ ਦੀ ਪਹਿਚਾਣ ਹੁੰਦੀ ਸੀ ਅਤੇ ਉਨ੍ਹਾ ਦੇ ਸਰੀਰ ਦੇ ਨਾਲ-ਨਾਲ ਦਿਮਾਗ ਵੀ ਖੁਲ੍ਹਦੇ ਸਨ। ਉਦੋਂ ਬੱਚੇ ਬਹੁਤ ਘੱਟ ਮਾਨਸਿਕ ਰੋਗਾਂ ਦਾ ਸ਼ਿਕਾਰ ਹੁੰਦੇ ਸਨ ਅਤੇ ਆਤਮਹੱਤਿਆ ਵਰਗੀਆਂ ਘਟਨਾਵਾਂ ਨੌਜਵਾਨ ਵਰਗ ਵਿੱਚ ਨਾਮਾਤਰ ਹੀ ਹੁੰਦੀਆਂ ਸਨ। ਬੱਚੇ ਇਕ-ਦੂਸਰੇ ਨਾਲ ਪੜ੍ਹਾਈ ਅਤੇ ਆਪਣੇ ਭਵਿੱਖ ਬਾਰੇ ਗੱਲਾਂ ਕਰਦੇ ਸਨ ਤੇ ਉਨ੍ਹਾਂ ਦੇ ਗਿਆਨ ਵਿਚ ਵੀ ਵਾਧਾ ਹੁੰਦਾ ਸੀ। ਹੁਣ ਤਾਂ ਛੁੱਟੀਆਂ ਹੁੰਦੇ ਹੀ ਬੱਚਿਆਂ ਉਪਰ ਕੋਚਿੰਗ ਲੈਣ ਦਾ ਬੋਝ ਅਤੇ ਸਕੂਲਾਂ ਵੱਲੋਂ ਦਿੱਤੇ ਹੋਏ ਕੰਮ ਦਾ ਬੋਝ ਵਧੇਰੇ ਦਿਖਾਈ ਦੇਂਦਾ ਹੈ। ਇੰਝ ਲੱਗਦਾ ਹੈ ਕਿ ਸਕੂਲਾਂ ਵੱਲੋਂ ਛੁੱਟੀਆਂ ਵਿਚ ਬੱਚਿਆਂ ਨੂੰ ਕੋਈ ਸਜ਼ਾ ਦਿੱਤੀ ਹੋਵੇ ਤਾਂ ਜੋ ਉਹ ਆਪਣੇ ਦਿਮਾਗ ਨੂੰ ਆਰਾਮ ਨਾ ਦੇ ਸਕਣ।

ਛੁੱਟੀਆਂ ਤੋਂ ਪਹਿਲਾਂ ਹੀ ਇਕ ਲੰਬੀ ਲਿਸਟ ਬੱਚਿਆਂ ਨੂੰ ਦੇ ਦਿੱਤੀ ਜਾਂਦੀ ਹੈ ਜਾਂ ਵਟਸਐਪ ਕਰ ਦਿੱਤੀ ਜਾਂਦੀ ਹੈ, ਜਿਸ ਵਿਚ ਅਸਾਇਨਮੈਂਟ ਦੇ ਨਾਂਅ 'ਤੇ ਢੇਰ ਸਾਰਾ ਕੰਮ ਦਿੱਤਾ ਗਿਆ ਹੁੰਦਾ ਹੈ। ਛੁੱਟੀਆਂ ਦਾ ਕੰਮ ਪਹਿਲਾਂ ਵੀ ਮਿਲਦਾ ਰਿਹਾ ਹੈ, ਪਰ ਉਸ ਕੰਮ ਨੂੰ ਕਰਨ ਵਿਚ ਮਜ਼ਾ ਆਉਂਦਾ ਸੀ, ਕਿਉਂਕਿ ਉਹ ਕੰਮ ਜ਼ਿਆਦਾਤਰ ਕੋਈ ਪੁਰਾਣੀਆਂ ਵਸਤੂਆਂ ਜਾਂ ਵੱਖ-ਵੱਖ ਰੁੱਖਾਂ ਦੇ ਪੱਤੇ ਆਦਿ ਇਕੱਠੇ ਕਰਨ ਤੱਕ ਸੀਮਤ ਹੁੰਦਾ ਸੀ। ਸਮਰ ਕੈਂਪ ਦੇ ਨਾਂਅ 'ਤੇ ਸਕੂਲਾਂ ਵੱਲੋਂ ਬੱਚਿਆਂ ਨੂੰ ਛੁੱਟੀਆਂ ਵਿਚ ਸਕੂਲ ਬੁਲਾਉਣਾ ਅਸਲ ਵਿਚ ਕਮਾਈ ਦਾ ਸਾਧਨ ਹੈ, ਪਰ ਬੱਚਿਆਂ ਦੇ ਬੌਧਿਕ ਅਤੇ ਸਮਾਜਿਕ ਵਿਕਾਸ ਵਿਚ ਰੁਕਾਵਟ ਬਣਦਾ ਹੈ। ਸਮੇਂ ਦੇ ਨਾਲ-ਨਾਲ ਜਿੱਥੇ ਬਹੁਤ ਬਦਲਾਅ ਵੇਖਣ ਨੂੰ ਮਿਲ ਰਹੇ ਹਨ, ਸਿੱਖਿਆ ਢਾਂਚੇ ਵਿੱਚ ਨਵੇਂ ਪ੍ਰਯੋਗ, ਉੱਥੇ ਹੀ ਰਿਸ਼ਤੇਦਾਰੀਆਂ ਵੀ ਬਦਲ ਗਈਆਂ ਹਨ। ਹੁਣ ਰਿਸ਼ਤਿਆਂ ਵਿਚ ਵੀ ਪਹਿਲਾਂ ਵਾਲਾ ਨਿੱਘ ਨਹੀਂ ਰਿਹਾ, ਬਸ ਇਹੀ ਕਾਰਨ ਹੈ ਕਿ ਹੁਣ ਮਾਪਿਆਂ ਨੂੰ ਬੱਚਿਆਂ ਦੀਆਂ ਛੁੱਟੀਆਂ ਵਾਲਾ ਪਹਿਲਾਂ ਵਾਲਾ ਚਾਅ ਨਹੀਂ ਰਿਹਾ।

**# ਸੰਪਰਕ : 78886-84597**

# ਚੰਦਰੇ ਨਸ਼ਿਆਂ 'ਚ ਰੁੜ੍ਹਿਆ ਪੰਜਾਬ

ਬਘੇਲ ਸਿੰਘ ਧਾਲੀਵਾਲ

ਇੱਕ ਪੰਜਾਬੀ ਲੋਕ ਗੀਤ ਜਿਹੜਾ ਭਾਵੇਂ ਹੈ ਪੁਰਾਣਾ, ਪਰ ਮੌਜੂਦਾ ਸਮੇਂ ਦੀ ਤਰਜਮਾਨੀ ਵੀ ਕਰਦਾ ਰਿਹਾ ਹੈ, 'ਚੰਦਰੇ ਨੋਟਾਂ ਨੇ ਮੇਰਾ ਚੰਨ ਪਰਦੇਸੀ ਕੀਤਾ। ਇਹ ਗੀਤ ਸਿਰਫ ਘਰੋਂ ਬਾਹਰ ਰਹਿ ਕੇ ਕਮਾਈਆਂ ਕਰਨ ਗਏ ਨੌਜਵਾਨਾਂ ਦੀਆਂ ਤਰੀਮਤਾਂ ਦੇ ਵਿਛੋੜੇ ਨੂੰ ਦਰਸਾਉਂਦਾ ਹੈ, ਪਰ ਉਸ ਤੋਂ ਬਾਅਦ ਮੌਜੂਦਾ ਸਮੇ ਤੱਕ ਪੁੱਜਦਿਆਂ-ਪੁੱਜਦਿਆਂ ਹਾਲਾਤ ਹੋਰ ਦੇ ਹੋਰ ਬਣ ਗਏ, ਕਿਉਂਕਿ ਹੁਣ ਘਰ ਦਾ ਇੱਕ ਮੁਖੀ ਆਪਣੇ ਪਰਵਾਰ ਦੀ ਪੂਰਤੀ ਲਈ ਪਰਦੇਸੀ ਨਹੀਂ ਹੁੰਦਾ, ਬਲਕਿ ਪਰਵਾਰ ਵਿੱਚ ਜਿੰਨੇ ਵੀ ਜੀਅ ਹਨ, ਉਹਨਾਂ ਦੀ ਗਿਣਤੀ ਇੱਕ ਇੱਕ ਹੋਵੇ, ਦੋ-ਦੋ ਜਾਂ ਕਿੱਧਰੇ ਤਿੰਨ ਵੀ ਹੋ ਸਕਦੇ ਹਨ, ਉਹ ਸਾਰੇ ਹੀ ਪਰਦੇਸੀ ਕੂਚ ਕਰ ਗਏ ਹਨ, ਪਿੱਛੇ ਬੁੱਢੜੇ ਮਾਪੇ ਉਹਨਾਂ ਦੀ ਬਾਹਰਲੇ ਮੁਲਕਾਂ ਵਿੱਚ ਤਰੱਕੀ ਦੀ ਝੂਠੀ ਖੁਸ਼ੀ ਦੇ ਹੇਠਾਂ ਆਪਣੇ ਵਿਛੋੜੇ ਦੇ ਦੁੱਖਾਂ ਦਰਦਾਂ ਨੂੰ ਛੁਪਾਉਣ ਦਾ ਯਤਨ ਕਰਦੇ ਇਸ ਦੁਨੀਆਂ ਤੋਂ ਕੂਚ ਕਰ ਰਹੇ ਹਨ, ਕੁਝ ਮੰਜੇ ਨਾਲ ਮੰਜਾ ਹੋ ਗਏ, ਪਰ ਪਾਣੀ ਦੀ ਘੁੱਟ ਪੁੱਛਣ ਵਾਲਾ ਕੋਈ ਨਾ ਬਚਿਆ, ਇਹਦਾ ਮਤਲਬ ਇਹ ਹਰਗਿਜ਼ ਨਹੀਂ ਕਿ ਬਾਹਰ ਗਿਆਂ ਦਾ ਖੂਨ ਸਫੈਦ ਹੋ ਗਿਆ, ਉਹ ਮਾਪਿਆਂ ਨੂੰ ਭੁੱਲ ਭੁਲਾ ਗਏ ਹਨ, ਉਹ ਹੁਣ ਇੱਧਰ ਆਉਣਾ ਹੀ ਨਹੀ ਚਾਹੁੰਦੇ, ਨਹੀ ਅਜਿਹਾ ਨਹੀ, ਉਹ ਆਉਣਾ ਚਾਹੁੰਦੇ ਹਨ, ਉਹਨਾਂ ਨੂੰ ਐਥੇ ਨਸ਼ਿਆਂ ਤੋਂ, ਨਸ਼ੇ ਦੇ ਸੌਦਾਗਰਾਂ ਤੋਂ ਅਤੇ ਨਸ਼ੇ ਦੀ ਤੋਟ ਨੂੰ ਪੂਰਾ ਕਰਨ ਲਈ ਲੁੱਟਾਂ-ਖੋਹਾਂ ਕਰਦੇ ਨਸ਼ੇੜੀਆਂ ਤੋਂ ਸੁੱਰਖਿਅਤ ਰੱਖਣ ਦਾ ਜ਼ਿੰਮਾ ਕੌਣ ਲਵੇਗਾ? ਇਹੋ ਕਾਰਨ ਹੈ ਕਿ ਖੁਦ ਮਾਪੇ ਹੀ ਨਹੀ ਚਾਹੁੰਦੇ ਕਿ ਉਹਨਾਂ ਦੇ ਪਰਦੇਸਾਂ 'ਚ ਮਿਹਨਤਾਂ ਕਰਕੇ ਸਥਾਪਤ ਹੋ ਰਹੇ ਲਾਡਲੇ ਪੁੱਤ ਮੁੜ ਤੋਂ ਇੱਥੋਂ ਦੇ ਖਤਰਨਾਕ ਹੱਦ ਪਾਰ ਕਰ ਚੁੱਕੇ ਹਾਲਾਤ ਨਾਲ ਲੜਨ ਦਾ ਜੋਖਮ ਉਠਾਉਣ ਅਤੇ ਮੁੜ ਨਸ਼ਿਆਂ ਦੀ ਮੰਡੀ ਬਣੇ ਪੰਜਾਬ ਵਿੱਚ ਆਉਣ ਦੀ ਗਲਤੀ ਦੁਹਰਾਉਣ। ਉਹ ਆਪਣੇ ਚਾਵਾਂ ਅਤੇ ਮਮਤਾ ਨੂੰ ਔਲਾਦ ਦੀਆਂ ਖੁਸ਼ੀਆਂ ਤੋਂ ਕੁਰਬਾਨ ਕਰ ਰਹੇ ਹਨ। ਵੀਹਵੀਂ ਸਦੀ ਦੇ ਅੰਤਲੇ ਦਹਾਕਿਆਂ ਤੋਂ ਲੈ ਕੇ ਮੌਜੂਦਾ ਸਮੇਂ ਤੱਕ ਪੁੱਜਦਿਆਂ ਪੰਜਾਬ ਦਾ ਨਕਸ਼ਾ ਅਸਲੋਂ ਹੀ ਬਦਲ ਗਿਆ ਹੈ। ਕਮਾਈਆਂ ਕਰਨ ਗਏ ਢੋਲ ਦੇ ਵਿਛੋੜੇ ਦੇ ਗੀਤਾਂ ਦੇ ਅਰਥ ਬੇ-ਅਰਥੇ ਹੋ ਗਏ ਹਨ। ਉਹਨਾਂ ਲੋਕ ਗੀਤਾਂ ਦੀ ਸਾਰਥਿਕਤਾ ਪੇਤਲੀ ਪੈਂਦੀ ਦਿਖਾਈ ਦੇਣ ਲੱਗੀ ਹੈ ਜਾਂ ਕਹਿ ਲਵੋ ਅਜਿਹੇ ਲੋਕ ਗੀਤ ਹੁਣ ਪੁਰਾਣੇ ਸਮਿਆਂ ਦੇ ਯਾਦਗਾਰੀ ਗੀਤ ਬਣ ਕੇ ਰਹਿ ਗਏ ਹਨ।

ਤਰੱਕੀਆਂ ਲਈ ਬਾਹਰਲੇ ਮੁਲਕਾਂ ਵਿੱਚ ਜਾ ਕੇ ਮੱਲਾਂ ਮਾਰਨ ਵਾਲਿਆਂ ਦੀ ਰੀਸ ਕਰਦੇ-ਕਰਦੇ ਹਜ਼ਾਰਾਂ ਛੈਲ-ਛਬੀਲੇ ਗੱਭਰੂ ਨਸ਼ਿਆਂ ਦੇ ਸੌਦਾਗਰਾਂ ਦੇ ਹੱਥੀਂ ਜਾ ਚੜ੍ਹੇ, ਜਹਾਜ਼ੇ ਚੜ੍ਹਨ ਦਾ ਸੁਪਨਾ ਮਾਰ ਕੇ ਸਿਵਿਆਂ ਦੇ ਰਾਹਾਂ ਨੂੰ ਆਪਣੀ ਆਖਰੀ ਮੰਜ਼ਲ ਮੰਨ ਬੈਠੇ। ਇਹ ਪਤਾ ਹੀ ਨਹੀ ਲੱਗਾ ਕਿ ਕਦੋ ਹੱਸਦਾ-ਵੱਸਦਾ ਪੰਜਾਬ ਮੁੜ ਉਜਾੜੇ ਦੀ ਕਾਗਾਰ 'ਤੇ ਪੁੱਜ ਗਿਆ। ਕਹਿੰਦੇ ਹਨ ਕਿ ਪੰਜਾਬ ਦੇ ਜਾਏ ਨੂੰ ਨਿੱਤ ਮੁਹਿੰਮਾਂ, ਪਰ ਹੁਣ ਚਲਾਕ ਸਕਤੇ ਸਮਝ ਚੁੱਕੇ ਹਨ ਕਿ ਪੰਜਾਬ ਦੀ ਮਿੱਟੀ ਨੂੰ ਮਾਰਿਆਂ ਨਹੀਂ ਭੋਰਿਆ ਜਾਣਾ, ਬਲਕਿ ਇਹਦੀ ਜਣਨ ਸ਼ਕਤੀ ਨੂੰ ਜ਼ਹਿਰੀਲੇ ਤੱਤਾਂ ਨਾਲ ਬਾਂਝ ਬਣਾਉਣਾ ਹੋਵੇਗਾ। ਇੱਥੋਂ ਦੇ ਗਭਰੇਟਾਂ ਨੂੰ ਭੁੱਕੀ, ਅਫੀਮ ਵਰਗੇ ਕੁਦਰਤੀ ਨਸ਼ਿਆਂ ਤੋ ਹਟਾ ਕੇ ਰਸਾਇਣਕ ਨਸ਼ਿਆਂ ਦੀ ਤਤਪਰਤਾ ਦੇ ਆਦੀ ਬਣਾਉਣਾ ਹੋਵੇਗਾ। ਇਹਨਾਂ ਦੀ ਗੈਰਤ ਅਤੇ ਮਰਦਾਨਗੀ ਨੂੰ ਮਾਰਨਾ ਹੋਵੇਗਾ। ਪੰਜਾਬ ਵਿਰੋਧੀ ਤਾਕਤਾਂ ਦੇ ਇਹੋ ਜਿਹੇ ਰੁਝਾਨ ਦੀ ਬਦੌਲਤ ਇਹ ਅਖਾਣ ਵੀ ਬਦਲ ਗਈ, 'ਪੰਜਾਬ ਦੇ ਜਾਇਆਂ ਨੂੰ ਨਿੱਤ ਮੁਹਿੰਮਾਂ', ਕਿਉਕਿ ਮੁਹਿੰਮਾਂ ਦਾ ਨਾਂਅ ਸੁਣ ਕੇ ਤਾਂ ਪੰਜਾਬੀ ਜੁਆਨੀ ਨੂੰ ਚਾਅ ਚੜ੍ਹਦਾ ਹੈ, ਡੌਲੇ ਫਰਕਣ ਲੱਗਦੇ ਹਨ ਅਤੇ ਮਰ ਮਿਟਣ ਦੀ ਤਾਂਘ ਵਿਆਕੁਲ ਕਰਨ ਲੱਗਦੀ ਹੈ, ਸੋ ਇਸ ਜਜ਼ਬੇ ਨੂੰ ਖਤਮ ਕਰਨ ਲਈ ਹੀ ਤਾਂ ਅਜਿਹੇ ਤੀਰ ਚਲਾਏ ਗਏ, ਜਿਹੜੇ ਸਿੱਧੇ ਨਿਸ਼ਾਨੇ 'ਤੇ ਆਣ ਵੱਜੇ ਹਨ। ਪੋਸਤ, ਭੁੱਕੀ ਅਤੇ ਅਫੀਮ ਦਾ ਨਸ਼ਾ ਕਰਕੇ ਦਿਨ ਰਾਤ ਮਿੱਟੀ ਨਾਲ ਮਿੱਟੀ ਹੋ ਕੇ ਕਮਾਈਆਂ ਕਰਨ ਵਾਲੇ ਪੰਜਾਬੀ ਚਿੱਟਿਆਂ, ਸਮੈਕਾਂ, ਗੋਲੀਆਂ, ਕੈਪਸੂਲਾਂ ਅਤੇ ਜ਼ਹਿਰੀਲੀਆਂ ਸ਼ਰਾਬਾਂ ਨੇ ਸ਼ਦਾਈ ਬਣਾ ਦਿੱਤੇ ਹਨ, ਮਰਦਾਨਗੀ ਗੁਆ ਕੇ ਬੇ-ਗੈਰਤੇ ਹੋਏ ਪੰਜਾਬੀ ਸੰਤਾਨ ਸੁੱਖ ਤੋ ਵਾਂਝੇ ਹੋਣ ਵੱਲ ਵਧ ਰਹੇ ਹਨ। ਲਿਹਾਜ਼ਾ ਮੁੱਲ ਦੀਆਂ ਕੁੱਖਾਂ ਤੋ ਸੰਤਾਨ ਸੁੱਖ ਲੱਭਣ ਦਾ ਰੁਝਾਨ ਵਧਦਾ ਜਾ ਰਿਹਾ ਹੈ। ਇਹ ਕਹਿਣਾ ਗਲਤ ਨਹੀ ਕਿ ਪੰਜਾਬ ਜਣਨ ਸ਼ਕਤੀ ਗੁਆ ਰਿਹਾ ਹੈ। ਪੰਜਾਬ ਦੇ ਵਾਰਿਸ ਕੰਮ-ਕਾਰ ਨੂੰ ਅਸਲੋਂ ਹੀ ਭੁੱਲ ਕੇ ਜ਼ਮੀਨਾਂ ਵੇਚ-ਵੇਚ ਮਾਰੂ ਨਸ਼ਿਆਂ ਦੀ ਭੇਟ ਚੜ੍ਹਨ ਲੱਗੇ ਹਨ। ਜਿਹੜੇ ਕਦੀ ਹਕੂਮਤਾਂ ਨੂੰ ਵਖਤ ਪਾਉਣ ਵਾਲਿਆਂ ਵਿੱਚ ਮੋਹਰੀ ਹੁੰਦੇ ਸਨ, ਉਹ ਗਲੀਆਂ ਦੇ ਕੱਖ ਬਣ ਕੇ ਰਹਿ ਗਏ। ਪਿੰਡਾਂ, ਸ਼ਹਿਰਾਂ ਕਸਬਿਆਂ ਦੀ ਹਰ ਸੁੰਨੀ ਥਾਂ ਨਸ਼ਿਆਂ ਦੇ ਅੱਡੇ ਬਣ ਗਈ। ਗਲੀਆਂ, ਰਾਹਾਂ ਅਤੇ ਸੜਕਾਂ 'ਤੇ ਗੈਰਤ ਵਿਹੂਣੀ ਜੁਆਨੀ ਦੀਆਂ ਲਾਸ਼ਾਂ ਸੜਨ ਲੱਗ ਪਈਆਂ। ਇਹ ਸਮੇਂ ਦਾ ਦੁਖਾਂਤ ਹੈ। ਨਸ਼ਿਆਂ ਨਾਲ ਮਰਨ ਵਾਲੇ ਅਭਾਗਿਆਂ ਦੀ ਗਿਣਤੀ ਨਾ ਕੁਦਰਤੀ ਮੌਤ ਵਿੱਚ ਆਉਂਦੀ ਹੈ ਅਤੇ ਨਾ ਹੀ ਸਰਕਾਰੀ ਤੰਤਰ ਆਪਣੀ ਬਦਨਾਮੀ ਦੇ ਡਰੋਂ ਉਹਨਾਂ ਨੂੰ ਨਸ਼ਿਆਂ ਨਾਲ ਮਰ ਚੁੱਕੇ ਸਵੀਕਾਰ ਕਰਦਾ ਹੈ, ਜਦੋਂਕਿ ਇਹ ਸੱਚ ਨੂੰ ਝੁਠਲਾਇਆ ਹੀ ਨਹੀ ਜਾ ਸਕਦਾ ਕਿ ਮੈਲੇ-ਕੁਚੈਲੇ ਕੱਪੜਿਆਂ 'ਚ ਸ਼ੁਦਾਈਆਂ ਵਾਂਗ ਨਸ਼ਿਆਂ ਦੀ ਭਾਲ 'ਚ ਭਟਕਦੇ ਫਿਰਦੇ ਪੰਜਾਬੀ ਨੌਜਵਾਨਾਂ ਦੇ ਪਿੱਛੇ-ਪਿੱਛੇ ਮੌਤ ਦਾ ਅਟੱਲ ਪਹਿਰਾ ਹੈ। ਇਹ ਕੋਈ ਝੂਠੀ ਕਹਾਣੀ ਨਹੀ ਅਤੇ ਨਾ ਹੀ ਕਿਸੇ ਨਾਵਲ ਦੀ ਭੂਮਿਕਾ, ਸਗੋਂ ਇਹ ਪੰਜਾਬ ਦੇ ਫਿਕਰਮੰਦ ਸਾਹਿਤਕਾਰ ਮਰਹੂਮ ਜਸਵੰਤ ਸਿੰਘ ਕੰਵਲ ਦੇ ਸ਼ਬਦਾਂ ਵਿੱਚ ਰੁੜ੍ਹ ਚੱਲੇ ਪੰਜਾਬ ਦਾ ਦਰਦ ਹੈ, ਜਿਸ ਤੋ ਕੋਈ ਵੀ ਮੁਨਕਰ ਨਹੀ ਹੋ ਸਕਦਾ।

ਮੈਨੂੰ ਪਿਛਲੇ ਦਿਨੀ ਬਰਨਾਲਾ ਜ਼ਿਲ੍ਹੇ ਦੇ ਇੱਕ ਪਿੰਡ ਦੇ ਇੱਕ ਵਿਅਕਤੀ ਨੇ ਆਪਣਾ ਨਾਂਅ ਨਾ ਛਾਪਣ ਦੀ ਸ਼ਰਤ 'ਤੇ ਦੱਸਿਆ ਕਿ ਸਾਡੇ ਪਿੰਡ ਵਿੱਚ ਹਰ ਮਹੀਨੇ ਚਾਰ-ਪੰਜ ਨੌਜਵਾਨ ਨਸ਼ਿਆਂ ਨਾਲ ਜਾਨ ਗਵਾ ਰਹੇ ਹਨ। ਜੇਕਰ ਇਹਨੂੰ ਸੱਚ ਨਾ ਵੀ ਮੰਨਿਆ ਜਾਵੇ, ਤਾਂ ਵੀ ਇਸ ਗੱਲ ਤੋਂ ਵੀ ਮੁਨਕਰ ਨਹੀ ਹੋਇਆ ਜਾ ਸਕਦਾ ਕਿ ਓਥੇ ਕੋਈ ਮਰ ਹੀ ਨਹੀ ਰਿਹਾ, ਕਿਉਂਕਿ ਗੱਲਾਂ ਵੀ ਫਿਰ ਹੀ ਬਣਦੀਆਂ ਹਨ, ਜੇਕਰ ਕਿਸੇ ਗੱਲ ਦਾ ਮੂਲ ਸਰੂਪ ਹੋਵੇ, ਅਜਿਹਾ ਕਦੇ ਵੀ ਨਹੀਂ ਸੁਣਿਆ ਕਿ ਗੱਲ ਕੋਈ ਹੋਵੇ ਹੀ ਨਾ ਫਿਰ ਵੀ ਗੱਲਾਂ ਵੱਡੀਆਂ ਬਣ ਜਾਣ। ਉਪਰੋਕਤ ਵਿਅਕਤੀ ਨੇ ਤਾਂ ਇੱਥੋਂ ਤੱਕ ਦੱਸਿਆ ਕਿ ਨਸ਼ਿਆਂ 'ਚ ਗ੍ਰਸਤ ਹੋਣ ਵਾਲਿਆਂ ਵਿੱਚ 10 ਸਾਲ ਤੋਂ ਲੈ ਕੇ 15 ਸਾਲ ਤੱਕ ਦੇ ਬੇ-ਸਮਝ ਬੱਚੇ ਵੀ ਸ਼ਾਮਲ ਹਨ। ਇਹ ਇੱਕ ਪਿੰਡ ਦੀ ਕਹਾਣੀ ਨਹੀਂ, ਬਲਕਿ ਪੰਜਾਬ ਦੇ ਹਰ ਜ਼ਿਲ੍ਹੇ ਦੇ ਹਰ ਪਿੰਡ ਦੀ ਸਟੀਕ ਅਤੇ ਦੁਖਦ ਗਾਥਾ ਹੈ। ਪੁਲਸ ਦੀ ਕਾਰਗੁਜ਼ਾਰੀ 'ਤੇ ਹਾਸਾ ਨਹੀਂ ਆਉਂਦਾ ਹੈ, ਬਲਕਿ ਰੋਣਾ ਆਉਂਦਾ ਹੈ, ਆਵੇਂ ਵੀ ਕਿਉਂ ਨਾ, ਪੁਲਸ ਅਫੀਮ, ਭੁੱਕੀ ਫੜਨ 'ਤੇ ਸਾਰੀ ਤਾਕਤ ਝੋਕ ਰਹੀ ਹੈ ਜਦੋਂ ਕਿ ਨੌਜਵਾਨਾਂ ਦੀ ਮੌਤ ਰਸਾਇਣਕ ਨਸ਼ਿਆਂ ਨਾਲ ਹੋ ਰਹੀ ਹੈ। ਕੀ ਇਹ ਹੈਰਾਨੀ ਵਾਲੀ ਗੱਲ ਨਹੀ ਹੈ, ਕਿ ਦਿੱਲੀ ਤੋਂ ਆਉਣ ਵਾਲੇ ਨਸ਼ੇ ਹਰਿਆਣਾ ਪਾਰ ਕਰਕੇ ਪੰਜਾਬ 'ਚ ਹੀ ਕਿਉਂ ਆ ਕੇ ਵੇਚੇ ਜਾ ਰਹੇ ਹਨ, ਹਰਿਆਣੇ ਵਿੱਚ ਕਿਉਂ ਨਹੀ? ਉੱਤਰ ਪ੍ਰਦੇਸ ਵਿੱਚ ਕਿਉਂ ਨਹੀ?

ਜੇਕਰ ਪਾਕਿਸਤਾਨ ਤੋ ਆਉਣ ਵਾਲੇ ਨਸ਼ਿਆਂ ਦੀ ਗੱਲ ਕੀਤੀ ਜਾਵੇ, ਤਾਂ ਵੀ ਇਹ ਸਵਾਲ ਉੱਠਦਾ ਹੈ ਕਿ ਮਹਿਜ਼ ਪੰਜਾਬ ਦੀ 547 ਕਿਲੋਮੀਟਰ ਤੱਕ ਦੇ ਕਰੀਬ ਪਾਕਿਸਤਾਨ ਦੇ ਨਾਲ ਲੱਗਦੀ ਹੱਦ ਤੋਂ ਹੀ ਮਣਾਂਮੂੰਹੀ ਨਸ਼ਾ ਕਿਵੇਂ ਆ ਰਿਹਾ ਹੈ, ਜਦੋ ਕਿ ਰਾਜਸਥਾਨ ਦੀ 1,035 ਕਿਲੋਮੀਟਰ ਅਤੇ ਗੁਜਰਾਤ ਦੀ 512 ਕਿਲੋਮੀਟਰ ਦੀ ਹੱਦ ਪਾਕਿਸਤਾਨ ਦੇ ਨਾਲ ਲੱਗਣ ਦੇ ਬਾਵਜੂਦ ਰਾਜਸਥਾਨ ਅਤੇ ਗੁਜਰਾਤ ਵਿੱਚ ਨਸ਼ਿਆਂ ਦੀ ਸਪਲਾਈ ਦਾ ਨਾਮੋ-ਨਿਸ਼ਾਨ ਵੀ ਸੁਣਿਆ ਨਹੀਂ ਜਾ ਰਿਹਾ। ਉਪਰੋਕਤ ਦਾ ਸਾਰ ਅੰਸ਼ ਇਹ ਹੈ ਕਿ ਪੰਜਾਬ ਸਰਕਾਰ ਅਤੇ ਪੰਜਾਬ ਦੀ ਪੁਲਸ ਨੂੰ ਇਮਾਨਦਾਰੀ ਨਾਲ ਸਖਤ ਕਦਮ ਚੁੱਕਣ ਦੀ ਲੋੜ ਹੈ, ਹਾਥੀ ਲੰਘਾ ਕੇ ਪੂਛ ਫੜਨ ਦਾ ਕੋਈ ਫਾਇਦਾ ਨਹੀ ਹੋਣਾ। ਅਜਿਹਾ ਤਜਰਬਿਆਂ 'ਚ ਦੇਖਿਆ ਜਾ ਚੁੱਕਾ ਹੈ। ਭਾਵੇਂ ਪੁਲਸ ਹੋਵੇ ਜਾਂ ਰਾਜਨੀਤਕ ਲੋਕ ਇਹ ਸਭ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਕੇਂਦਰੀ ਤਾਕਤਾਂ ਪੰਜਾਬ ਨੂੰ ਹੱਸਦਾ-ਵੱਸਦਾ ਨਹੀ ਦੇਖਣਾ ਚਾਹੁੰਦੀਆਂ, ਇਸ ਲਈ ਦੂਜੇ ਦੇ ਘਰ ਲੱਗੀ ਅੱਗ ਨੂੰ ਬਸੰਤਰ ਨਾ ਸਮਝਿਆ ਜਾਵੇ, ਕਿਉਂਕਿ ਇਹਦਾ ਸੇਕ ਸਾਡੇ, ਤੁਹਾਡੇ ਸਭਨਾਂ ਦੇ ਘਰਾਂ ਤੱਕ ਆਉਣਾ ਹੀ ਆਉਣਾ ਹੈ। ਜਿੰਨੀ ਦੇਰ ਸ਼ਾਸਨ, ਪ੍ਰਸ਼ਾਸ਼ਨ ਅਤੇ ਲੋਕ ਇੱਕਸੁਰਤਾ ਨਾਲ ਸੁਹਿਰਦ ਸਮਝ ਨਹੀ ਅਪਣਾਉਣਗੇ, ਓਨੀ ਦੇਰ ਜੁਆਨੀ ਮਰਦੀ ਰਹੇਗੀ, ਸਿਵੇ ਬਲਦੇ ਰਹਿਣਗੇ ਅਤੇ ਪੰਜਾਬ ਉੱਜੜਦਾ ਰਹੇਗਾ।

**# ਸੰਪਰਕ : 99142-58142**

CMYK

2-JUNE-PAGE-5.qxd 6/1/2025 8:26 PM Page 1



# ਤਿੰਨ ਘਰਾਂ 'ਤੇ ਡਿੱਗੀ ਅਸਮਾਨੀ ਬਿਜਲੀ, ਪਰਵਾਰ ਸਦਮੇ 'ਚ

## ਸਿਹਤ ਮੰਤਰੀ ਨੇ ਦੌਰਾ ਕਰ ਪੀੜਤਾਂ ਨੂੰ ਰਾਹਤ ਰਾਸ਼ੀ ਪ੍ਰਦਾਨ ਕਰਨ ਦਾ ਕੀਤਾ ਐਲਾਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਦੇ ਖਾਲਸਾ ਨਗਰ ਭਾਦਸੋਂ ਰੋਡ ਵਿਖੇ ਅਸਮਾਨੀ ਬਿਜਲੀ ਗਿਰਣ ਕਰਕੇ ਤਿੰਨ ਘਰਾਂ ਦਾ ਭਾਰੀ ਨੁਕਸਾਨ ਹੋਇਆ ਹੈ, ਜਿਸ ਦੀ ਸੂਚਨਾ ਮਿਲਣ 'ਤੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਤੁਰੰਤ ਘਟਨਾ ਵਾਲੀ ਥਾਂ 'ਤੇ ਪੰਹੁਚ ਕੇ ਪ੍ਰਭਾਵਿਤ ਪਰਵਾਰਾਂ ਦੀ ਹਾਲਤ ਦਾ ਜਾਇਜ਼ਾ ਲਿਆ।ਉਨ੍ਹਾਂ ਪ੍ਰਭਾਵਿਤ ਘਰਾਂ ਦਾ ਮੁਆਇਨਾ ਕੀਤਾ, ਪਰਵਾਰ ਨਾਲ ਮਿਲੇ ਤੇ ਹਾਲਾਤ ਦੀ ਗੰਭੀਰਤਾ ਨੂੰ ਸਮਝਦਿਆਂ ਤੁਰੰਤ ਮਾਲੀ ਸਹਾਇਤਾ ਦੇਣ ਦੇ ਨਿਰਦੇਸ਼ ਜਾਰੀ ਕੀਤੇ।



ਸਿਹਤ ਮੰਤਰੀ ਨੇ ਪਰਵਾਰ ਨੂੰ ਭਰੋਸਾ ਦਿਵਾਇਆ ਕਿ ਦੁੱਖ ਦੀ ਇਸ ਘੜੀ ਵਿੱਚ ਉਹ ਪਰਵਾਰ ਦੇ ਨਾਲ ਹਨ ਤੇ ਪ੍ਰਭਾਵਿਤ ਪਰਵਾਰਾਂ ਦੀ ਸਰਕਾਰ ਵੱਲੋਂ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੂਰੀ ਸੰਭਵ ਮਦਦ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪ੍ਰਭਾਵਿਤ ਪਰਵਾਰਾਂ ਨੂੰ ਰਾਹਤ ਰਾਸ਼ੀ ਤੁਰੰਤ ਜਾਰੀ ਕਰਵਾਈ ਜਾਵੇਗੀ ਤੇ ਮੁੜ ਵਸੇਬੇ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਉਨ੍ਹਾਂ ਵਿਭਾਗੀ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਜਾਰੀ ਕੀਤੇ।

ਇਸ ਮੌਕੇ ਪ੍ਰਭਾਵਿਤ ਪਰਵਾਰ ਦੀ ਮਹਿਲਾ ਜੋ ਕਿ ਆਂਗਨਵਾੜੀ ਵਰਕਰ ਹੈ, ਉਸ ਨੇ ਦੱਸਿਆ ਕਿ ਇਹ ਬਿਜਲੀ ਮੌਤ ਨਹੀਂ ਲੈ ਕੇ ਆਈ, ਪਰ ਇਹ ਸਭ ਕੁੱਝ ਲੈ ਗਈ।ਘਰ ਵਿੱਚ ਟੀ.ਵੀ., ਫਰਿਜ, ਏ.ਸੀ., ਗੀਜ਼ਰ, ਇਨਵਰਟਰ, ਇਲੈਕਟ੍ਰਿਕ ਮੀਟਰ, ਬਿਜਲੀ ਦੀਆਂ ਤਾਰਾਂ ਗੱਦੇ ਸਭ ਕੁੱਝ ਫੂਕ ਹੋ ਗਿਆ।ਉਸ ਨੇ ਦੱਸਿਆ ਕਿ ਮਕਾਨ ਦੀਆਂ ਛੱਤਾਂ ਵੀ ਟੁੱਟ ਗਈਆਂ, ਕੰਧਾਂ 'ਚ ਦਰਾਰਾਂ ਪੈ ਗਈਆਂ, ਮੰਜੇ ਬਿਸਤਰੇ ਗੱਦੇ ਤੇ ਰਸੋਈ ਦਾ ਸਾਮਾਨ ਵੀ ਨਸ਼ਟ ਹੋ ਗਿਆ।ਪਰਿਵਾਰ ਵੱਲੋਂ ਵਿੱਤੀ ਸਹਾਇਤਾ ਦੀ ਮੰਗ ਕੀਤੀ ਗਈ ਹੈ। ਇਸ ਮੌਕੇ ਇਲਾਕੇ ਦੇ ਲੋਕ ਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਕਾਲਜ ਦੀ ਜ਼ਮੀਨ 'ਤੇ ਕਬਜ਼ੇ ਵਿਰੁੱਧ ਜਮਹੂਰੀ ਅਧਿਕਾਰ ਸਭਾ ਵੀ ਮੈਦਾਨ 'ਚ



**ਲੁਧਿਆਣਾ (ਰੈਕਟਰ ਕਥੂਰੀਆ)**

ਜਮਹੂਰੀ ਅਧਿਕਾਰ ਸਭਾ ਵੱਲੋਂ ਲੁਧਿਆਣੇ ਦੀਆਂ ਵੱਖ-ਵੱਖ ਜਨਤਕ ਜਮਹੂਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਕਰਾਏ ਗਏ ਇੱਕ ਸੈਮੀਨਾਰ ਵਿੱਚ ਲੜਕੀਆਂ ਦੇ ਸਰਕਾਰੀ ਕਾਲਜ ਦੀ ਜ਼ਮੀਨ 'ਤੇ ਕਬਜ਼ੇ ਦੀ ਕੋਸ਼ਿਸ਼ ਦੀ ਸਖਤ ਨਿਖੇਧੀ ਕੀਤੀ ਗਈ ਹੈ।ਇਸ ਸੈਮੀਨਾਰ ਨੇ ਇਸ ਸਬੰਧੀ ਇੱਕ ਵਿਸ਼ੇਸ਼ ਮਤਾ ਵੀ ਪਾਸ ਕੀਤਾ।

ਜਮਹੂਰੀ ਅਧਿਕਾਰ ਸਭਾ ਦੇ ਬੁਲਾਰੇ ਜਸਵੰਤ ਜੀਰਖ ਨੇ ਦੱਸਿਆ ਕਿ ਇਸ ਸੈਮੀਨਾਰ ਵਿੱਚ ਸ਼ਾਮਲ ਬੁੱਧੀਜੀਵੀਆਂ ਵੱਲੋਂ ਲੁਧਿਆਣਾ ਵਿਚਲੇ ਦਹਾਕਿਆਂ ਪੁਰਾਣੇ ਇਸ ਗਰਲਜ਼ ਕਾਲਜ ਦੀ ਜ਼ਮੀਨ 'ਤੇ ਕਬਜ਼ੇ ਕਰਨ ਕਰਾਉਣ ਦੀਆਂ ਸਾਜ਼ਿਸ਼ਾਂ ਦੀ ਵੀ ਨਿਖੇਧੀ ਕੀਤੀ ਗਈ। ਸੈਮੀਨਾਰ ਵਿੱਚ ਬਾਕਾਇਦਾ ਨਾਮ ਲੈ ਕੇ ਦੋਸ਼ ਲਾਇਆ ਗਿਆ ਕਿ ਇੱਕ ਮੌਜੂਦਾ ਐੱਮ ਪੀ ਜਿਹੜਾ ਹੁਣ ਸਿਆਸੀ ਕਾਰਨਾਂ ਕਰਕੇ ਐੱਮ ਐੱਲ ਏ ਦੀ ਚੋਣ ਲੜ ਰਿਹਾ ਹੈ, ਉਹੀ ਇਸ ਵਾਰ ਕਾਲਜ ਦੀ ਜ਼ਮੀਨ 'ਤੇ ਕਬਜ਼ਾ ਕਰਵਾ ਰਿਹਾ ਹੈ।ਇਸ ਕਾਲਜ ਵਿਚਲੇ ਖੇਡ ਮੈਦਾਨ ਵਿੱਚ ਇਸ ਲੀਡਰ ਦੀ ਸਿਆਸੀ ਸ਼ਹਿ 'ਤੇ ਹੀ ਮੰਦਰ ਵੱਲੋਂ ਕਾਲਜ ਦੀ ਕੰਧ ਤੋੜ ਕੇ ਦਿਨ ਦਿਹਾੜੇ ਐਂਕਰੋਚਮੈਂਟ ਕੀਤੀ ਗਈ।ਮੰਦਰ ਵੱਲੋਂ ਕਾਰਾਂ ਦੀ ਪਾਰਕਿੰਗ ਦੇ ਬਹਾਨੇ ਗ਼ੈਰ-ਕਾਨੂੰਨੀ ਉਸਾਰੀ ਹੋਣ ਦੀ ਖਬਰ ਸ਼ਹਿਰ ਵਿੱਚ ਜੰਗਲ ਦੀ ਅੱਗ ਵਾਂਗ ਫੈਲ ਗਈ।ਜਦੋਂ ਇਹ ਖਬਰ ਆਲੇ ਦੁਆਲ਼ੇ ਦੇ ਕਾਲਜਾਂ ਤੱਕ ਪਹੁੰਚੀ ਤਾਂ ਸਤੀਸ਼ ਚੰਦਰ ਧਵਨ ਕਾਲਜ ਦੇ ਵਿਦਿਆਰਥੀ ਤੇ ਵਿਦਿਆਰਥਣਾਂ ਤੁਰੰਤ ਕੁੜੀਆਂ ਦੇ ਕਾਲਜ ਪੁੱਜ ਗਏ ਅਤੇ ਕਬਜ਼ੇ ਦੇ ਮਕਸਦ ਨਾਲ ਕੀਤੀਆਂ ਸਾਰੀਆਂ ਉਸਾਰੀਆਂ ਮਿੱਟੀ ਵਿੱਚ ਮਿਲਾ ਦਿੱਤੀਆਂ। ਵਿਦਿਆਰਥੀਆਂ ਦੀ ਇਸ ਯੁਵਾ ਸ਼ਕਤੀ ਨੇ ਨਜਾਇਜ਼ ਉਸਾਰੀ ਲਈ ਵਰਤਿਆ ਸਾਰਾ ਸਾਮਾਨ ਜ਼ਬਤ ਕਰ ਕਾਲਜ ਦੀ ਪ੍ਰਿੰਸੀਪਲ ਸੁਮਨ ਲਤਾ ਦੀ ਨਿਗਰਾਨੀ ਹੇਠ ਇੱਕ ਕਮਰੇ ਵਿੱਚ ਰਖਵਾ ਦਿੱਤਾ ਗਿਆ।ਉਸ ਕਮਰੇ ਦੀਆਂ ਚਾਬੀਆਂ ਪ੍ਰਿੰਸੀਪਲ ਦੇ ਹਵਾਲੇ ਕਰ ਦਿੱਤੀਆਂ।

# ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਆਮ ਆਦਮੀ ਪਾਰਟੀ 'ਚ ਸ਼ਾਮਲ

## 'ਆਪ' 'ਚ ਸ਼ਾਮਲ ਹੋਣ ਵਾਲਿਆਂ ਨੂੰ ਦਿੱਤਾ ਜਾਵੇਗਾ ਬਣਦਾ ਸਤਿਕਾਰ : ਡਾ. ਅਰੋੜਾ

**ਮੋਗਾ (ਇਕਬਾਲ ਖਹਿਰਾ)**



ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਪਾਰਟੀ ਵਿੱਚ ਬਣਦਾ ਸਤਿਕਾਰ ਦਿੱਤਾ ਜਾ ਰਿਹਾ ਹੈ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀਆਂ ਵਿਕਾਸਮੁਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਅੱਜ ਵੱਡੀ ਗਿਣਤੀ ਵੱਖ ਵੱਖ ਪਾਰਟੀਆਂ ਦੇ ਆਗੂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੋਗਾ ਹਲਕਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਸ਼੍ਰੋਮਣੀ ਅਕਾਲੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਪ੍ਰਿੰਸਪਾਲ ਸਿੰਘ ਅਰੋੜਾ ਨੂੰ ਪਾਰਟੀ ਦਾ ਸਿਰੋਪਾਓ ਭੇਟ ਕਰਕੇ ਤੇ ਮੂੰਹ ਮਿੱਠਾ ਕਰਵਾਉਣ ਦੌਰਾਨ ਕੀਤਾ। ਇਸ ਮੌਕੇ ਨਗਰ ਨਿਗਮ ਦੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸ਼ਰਮਾ, 'ਆਪ' ਦੇ ਸ਼ਹਿਰੀ ਪ੍ਰਧਾਨ ਤੇ ਸਾਬਕਾ ਕੌਂਸਲਰ ਪ੍ਰੇਮ ਚੰਦ ਚੱਕੀ ਵਾਲਾ, ਕੌਂਸਲਰ ਦੇ ਪਤੀ ਜਗਦੀਪ ਸਿੰਘ ਜੱਗੂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਅਧਿਕਾਰੀ ਤੇ ਵਲੰਟੀਅਰ ਮੌਜੂਦ ਸਨ।

ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਪ੍ਰਿੰਸਪਾਲ ਸਿੰਘ ਅਰੋੜਾ ਨੂੰ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ-26 ਦਾ ਵਾਰਡ ਇੰਚਾਰਜ ਨਿਯੁਕਤ ਕਰਦੇ ਹੋਏ ਉਨ੍ਹਾਂ ਉਮੀਦ ਪ੍ਰਗਟਾਈ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਤਨਦੇਹੀ ਨਾਲ ਨਿਭਾਉਣਗੇ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਛੱਡ ਕੇ ਆਏ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਪ੍ਰਿੰਸਪਾਲ ਸਿੰਘ ਅਰੋੜਾ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ-26 ਦੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ, ਜੋ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਜ਼ੁੰਮੇਵਾਰੀ ਸੌਂਪੀ ਗਈ ਹੈ ਤੇ ਪਾਰਟੀ ਦੀ ਵਿਚਾਰਧਾਰਾ ਅਤੇ ਗਤੀਵਿਧੀਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡਣਗੇ। ਉਨ੍ਹਾਂ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਉਨ੍ਹਾਂ ਨੂੰ ਦਿੱਤੇ ਗਏ ਸਨਮਾਨ ਲਈ ਧੰਨਵਾਦ ਕੀਤਾ।

# ਮੁੱਖ ਮੰਤਰੀ ਦੇ ਦਾਅਵਿਆਂ ਦੀ ਫੂਕ ਨਿਕਲੀ

**ਜੈਤੋ (ਸਤੀਸ਼ ਕੁਮਾਰ ਭੀਰੀ)**-ਚਾਰ ਚੁਫ਼ੇਰੇ ਨਜ਼ਰ ਮਾਰੀਏ ਤਾਂ ਇੰਝ ਲੱਗੇਗਾ ਜਿਵੇਂ ਪੰਜਾਬ ਸਰਕਾਰ ਵੱਲੋਂ ਆਪਣੀ ਡਰਾਮੇਬਾਜ਼ੀ ਨੀਤੀ ਨੂੰ ਪਹਿਲ ਦਿੰਦੇ ਹੋਏ ਇਸ਼ਤਿਹਾਰਾਂ, ਬੈਨਰਾਂ ਤੇ ਅਨੇਕਾਂ ਹੋਰ ਸਾਧਨਾਂ ਰਾਹੀਂ ਕਰੋੜਾਂ ਰੁਪਏ ਦੀ ਬਰਬਾਦੀ ਕੀਤੀ ਗਈ ਹੋਵੇ।ਦੱਸਣਯੋਗ ਹੈ ਕਿ ਵੀ.ਆਈ.ਪੀ ਕਲਚਰ ਖ਼ਤਮ ਕਰਨ ਦਾ ਨਾਅਰਾ, ਮੁਹੱਲਾ ਕਲੀਨਿਕ, ਸਰਵ ਸਿੱਖਿਆ ਅਭਿਆਨ, ਭ੍ਰਿਸ਼ਟਾਚਾਰ ਦਾ ਅੰਤ ਤੇ ਹੁਣ ਤੋਂ ਪਹਿਲਾਂ ਯੁੱਧ ਨਸ਼ਿਆਂ ਵਿਰੁੱਧ ਆਦਿ ਵਿੱਢੀਆਂ ਕਾਰਵਾਈਆਂ ਪੰਜਾਬ ਦਾ ਸੁਧਾਰ ਕਰਨ ਦੀ ਥਾਂ 'ਤੇ ਲੋਕਾਂ ਦੇ ਨਿਰਾਸ਼ਾ ਪੱਲੇ ਪਾਉਣ ਲਈ ਮੋਹਰੀ ਰੋਲ ਅਦਾ ਕਰ ਰਹੀਆਂ ਹਨ, ਜਿਵੇਂ ਵੀ.ਆਈ.ਪੀ ਕਲਚਰ ਐਮ.ਐਲ.ਏ, ਐਮ.ਪੀ, ਮੰਤਰੀ ਤਾਂ ਇੱਕ ਪਾਸੇ ਇੱਥੇ ਛੋਟੇ ਮੋਟੇ ਅਦਾਰਿਆਂ ਦੇ ਚੇਅਰਮੈਨ ਤੇ ਵੱਖ-ਵੱਖ ਅਹੁਦਿਆਂ 'ਤੇ ਬਿਰਾਜਮਾਨ ਆਪ ਆਗੂਆਂ ਵੱਲੋਂ ਲਾਲ ਬੱਤੀ ਦੀ ਵਰਤੋਂ ਕਰਦੇ ਹੋਏ ਆਮ ਰਾਹਗੀਰਾਂ ਲਈ ਵਕਤ ਖੜਾ ਕਰ ਦਿੱਤਾ ਗਿਆ ਹੈ, ਸਰਵ ਸਿੱਖਿਆ ਅਭਿਆਨ ਦੀ ਫੂਕ ਉਸ ਸਮੇਂ ਨਿਕਲਕੇ ਚੀਕਾਂ ਮਾਰਨ ਲੱਗ ਪਈ, ਜਦੋਂ ਹਜ਼ਾਰਾਂ ਵਿਦਿਆਰਥੀ ਮਾਂ ਬੋਲੀ ਪੰਜਾਬੀ ਭਾਸ਼ਾ ਵਿਚੋਂ ਫੇਲ੍ਹ ਹੋ ਗਏ ਤੇ ਐਮੀਨੈਂਸ ਦੇ ਨਾਂਅ 'ਤੇ ਕਰੋੜਾਂ ਰੁਪਏ ਫ਼ੂਕਣ ਦੇ ਬਾਵਜੂਦ ਸਿਰਫ਼ ਕੁੱਝ ਬੱਚੇ ਹੀ ਮੈਰਿਟ ਸੂਚੀ ਵਿੱਚ ਆਪਣਾ ਨਾਂਅ ਸ਼ਾਮਲ ਕਰਾ ਸਕੇ।ਜੇਕਰ ਗੱਲ ਕਰੀਏ ਭ੍ਰਿਸ਼ਟਾਚਾਰ ਦੀ ਤਾਂ ਇਹ ਹੈ ਕਿ ਆਮ ਆਦਮੀ ਪਾਰਟੀ ਦੇ ਐਮਐਲਏ, ਮੰਤਰੀ ਤੇ ਉੱਚ ਅਧਿਕਾਰੀਆਂ ਵੱਲੋਂ ਫੈਲਾਏ ਗਏ ਭ੍ਰਿਸ਼ਟਾਚਾਰ ਰੂਪੀ ਦੈਂਤ ਨੇ ਪੰਜਾਬ ਵਿੱਚ ਚਲਦੀ ਅਮਨ ਚੈਨ ਦੀ ਪਟਰੀ ਦੇ ਨਟ ਬੋਲਟ ਢਿੱਲੇ ਕਰ ਦਿੱਤੇ। ਜੈਤੋ ਵਿਖੇ ਹੀ 30 ਕਰੋੜ ਰੁਪਏ ਦੇ ਵਿਕਾਸ ਕਾਰਜ ਸ਼ੁਰੂ ਕਰਨ ਦਾ ਦਾਅਵਾ ਕਰਨ ਦੇ ਬਾਵਜੂਦ 30 ਲੱਖ ਰੁਪਏ ਲੱਗੇ ਹੋਏ ਵੀ ਨਜ਼ਰ ਨਹੀਂ ਆ ਰਹੇ ਹਨ।ਹੁਣ ਯੁੱਧ ਨਸ਼ਿਆਂ ਵਿਰੁੱਧ 31 ਮਈ ਤੱਕ ਪੰਜਾਬ ਵਿੱਚੋਂ ਨਸ਼ਿਆਂ ਦਾ ਜਾਂ ਨਸ਼ੇ ਖਾਣ ਵਾਲਿਆਂ ਦਾ ਤੇ ਨਸ਼ਿਆਂ ਦੇ ਵਪਾਰੀਆਂ ਦਾ ਖਾਤਮਾ ਕਰਨ ਲਈ ਅਨੇਕਾਂ ਨਿਰਦੋਸ਼ ਨੌਜਵਾਨ ਬਲੀ ਦਾ ਬੱਕਰਾ ਬਣਾ ਦਿੱਤੇ ਗਏ ਤੇ ਜਿੱਥੋਂ ਤੱਕ ਨਸ਼ੇ ਦੇ ਖਾਤਮੇ ਦੀ ਗੱਲ ਹੈ ਤਾਂ ਉਸ ਸਬੰਧੀ ਹਿੱਕ ਥਾਪੜ ਕੇ ਕਿਹਾ ਜਾ ਸਕਦਾ ਕਿ ਜੈਤੋ ਤੇ ਇਸ ਦੇ ਤਮਾਮ ਪਿੰਡਾਂ ਦੇ ਨਾਲ ਨਾਲ ਪੰਜਾਬ ਦੇ ਕਿਹੜੇ ਹਿੱਸੇ 'ਚੋਂ ਕਿੰਨਾ ਲੈਣਾ।

# ਪਦਮਸ੍ਰੀ ਡਾ. ਰਤਨ ਸਿੰਘ ਜੱਗੀ ਨੂੰ ਹਜ਼ਾਰਾਂ ਸੇਜਲ ਅੱਖਾਂ ਵੱਲੋਂ ਸ਼ਰਧਾਂਜਲੀ ਭੇਟ

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਤਰਫ਼ੋਂ ਸਪੀਕਰ ਸੰਧਵਾਂ, ਮੰਤਰੀ ਡਾ. ਬਲਬੀਰ ਸਿੰਘ ਤੇ ਤਰੁਨਪ੍ਰੀਤ ਸਿੰਘ ਸੌਂਧ ਨੇ ਭੇਟ ਕੀਤੇ ਸ਼ਰਧਾ ਦੇ ਫੁੱਲ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਤੇ ਹਿੰਦੀ ਸਾਹਿਤ ਦੇ ਉੱਘੇ ਸਿੱਖ ਵਿਦਵਾਨ ਪਦਮਸ਼੍ਰੀ ਡਾ. ਰਤਨ ਸਿੰਘ ਜੱਗੀ (98 ਸਾਲ), ਜਿਨ੍ਹਾਂ ਦਾ ਬੀਤੇ ਦਿਨ ਦਿਹਾਂਤ ਹੋ ਗਿਆ ਸੀ, ਨਮਿੱਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ ਮੌਕੇ ਇੱਥੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਤਰਫ਼ੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਤੇ ਤਰੁਨਪ੍ਰੀਤ ਸਿੰਘ ਸੌਂਦ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਵੱਖ-ਵੱਖ ਸ਼ਖ਼ਸੀਅਤਾਂ ਨੇ ਡਾ. ਰਤਨ ਸਿੰਘ ਜੱਗੀ ਨੂੰ ਨਿੱਘੀਆਂ ਸ਼ਰਧਾਂਜਲੀਆਂ ਦਿੰਦਿਆਂ ਉਨ੍ਹਾਂ ਵੱਲੋਂ ਅੰਤਲੇ ਸਵਾਸਾਂ ਤੱਕ ਕਲਮ ਦੀ ਸੇਵਾ ਕਰਦਿਆਂ ਉਨ੍ਹਾਂ ਨੂੰ ਸਿੱਖ ਸਾਹਿਤ ਦਾ ਨਿਮਰਤਾ ਵਾਲਾ ਨਿਰਵਿਵਾਦ ਸੇਵਾਦਾਰ ਕਰਾਰ ਦਿੱਤਾ।

ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਆਖਿਆ ਕਿ ਡਾ. ਜੱਗੀ ਦਾ ਸਮੁੱਚਾ ਜੀਵਨ ਤੇ ਅਕਾਲ ਚਲਾਣਾ ਗੁਰਮਤਿ ਨਾਲ ਭਰਪੂਰ ਰਿਹਾ ਹੈ।ਉਨ੍ਹਾਂ ਕਿਹਾ ਕਿ ਡਾ. ਜੱਗੀ ਨੇ ਗੁਰੂ ਦੀ ਸੇਵਾ ਸਾਹਿਤ ਰਾਹੀਂ ਕੀਤੀ ਤੇ ਇਸੇ ਲਈ ਉਨ੍ਹਾਂ ਦੀ ਮਹਿਮਾ ਚਾਰੇ ਪਾਸੇ ਫੈਲੀ।ਸੰਧਵਾਂ ਨੇ ਡਾ. ਜੱਗੀ ਤੋਂ ਸੇਧ ਲੈਣ ਦਾ ਸੱਦਾ ਦਿੰਦਿਆਂ ਕਿਹਾ ਕਿ ਉਹ ਅੰਤਲੇ ਸਵਾਸਾਂ ਤੱਕ ਗੁਰੂ ਤੇ ਕਲਮ ਦੀ ਸੇਵਾ ਕਰਦੇ ਰਹੇ।ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਡਾ. ਰਤਨ ਸਿੰਘ ਜੱਗੀ ਦੀ ਸਾਹਿਤ ਨੂੰ ਲਾਮਿਸਾਲ ਸੇਵਾ



ਹੈ, ਜਿਸ ਨੂੰ ਰਹਿੰਦੀ ਦੁਨੀਆ ਤੱਕ ਯਾਦ ਰੱਖਿਆ ਜਾਵੇਗਾ।ਉੱਘੇ ਖੇਤੀਬਾੜੀ ਅਰਥਸ਼ਾਸਤਰੀ ਤੇ ਕਈ ਯੂਨੀਵਰਸਿਟੀਆਂ ਦੇ ਸਾਬਕਾ ਵੀ. ਸੀ. ਡਾ. ਸਰਦਾਰਾ ਸਿੰਘ ਜੌਹਲ ਨੇ ਡਾ. ਰਤਨ ਸਿੰਘ ਜੱਗੀ ਦੀਆਂ ਆਪਣੇ ਨਾਲ ਜੁੜੀਆਂ ਅਨੇਕਾਂ ਯਾਦਾਂ ਸਾਂਝੀਆਂ ਕਰਦਿਆਂ ਆਖਿਆ ਕਿ ਅੱਧੀ ਦਰਜਨ ਭਾਸ਼ਾਵਾਂ ਦੇ ਮਾਹਰ ਡਾ. ਜੱਗੀ ਨੇ ਆਖਰੀ ਦਮ ਤੱਕ ਕਲਮ ਨਹੀਂ ਛੱਡੀ ਤੇ ਉਹ ਕਦੇ ਕਿਸੇ ਵਿਵਾਦ ਵਿੱਚ ਨਹੀਂ ਪਏ।ਪੰਜਾਬੀ ਯੂਨੀਵਰਸਿਟੀ ਵੱਲੋਂ ਸ਼ਰਧਾਂਜਲੀ ਅਰਪਿਤ ਕਰਦਿਆਂ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਆਖਿਆ ਕਿ ਪੰਜਾਬੀ ਯੂਨੀਵਰਸਿਟੀ ਡਾ. ਰਤਨ ਸਿੰਘ ਜੱਗੀ ਵਰਗੇ ਵਿਲੱਖਣ ਵਿਦਵਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਦੀ ਹੋਈ ਖੋਜ ਕਾਰਜ ਜਾਰੀ ਰੱਖੇਗੀ।ਉਨ੍ਹਾਂ ਕਿਹਾ ਕਿ ਡਾ. ਜੱਗੀ ਦੀ ਖੋਜ ਤੇ ਕਾਰਜ ਦਸਮ ਗ੍ਰੰਥ 'ਤੇ ਇੱਕ ਅਥਾਰਟੀ ਹੈ।ਅੰਤ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਸਮੁੱਚੀ ਸੰਗਤ ਦਾ ਜੱਗੀ ਪਰਵਾਰ ਵੱਲੋਂ ਧੰਨਵਾਦ ਕਰਦਿਆਂ ਕਿਹਾ ਕਿ ਡਾ. ਰਤਨ ਸਿੰਘ ਜੱਗੀ ਦੀ ਸਮਾਜ ਤੇ ਸਾਹਿਤ ਨੂੰ ਵੱਡਮੁੱਲੀ ਦੇਣ ਰਹਿੰਦੀ ਦੁਨੀਆ ਤੱਕ ਸਾਨੂੰ ਸੇਧ ਦਿੰਦੀ ਰਹੇਗੀ।

ਇਸ ਮੌਕੇ ਡਾ. ਰਤਨ ਸਿੰਘ ਜੱਗੀ ਦੀ ਸੁਪਤਨੀ ਸਾਬਕਾ ਪ੍ਰਿੰਸੀਪਲ ਡਾ. ਗੁਰਸ਼ਰਨ ਕੌਰ ਜੱਗੀ ਅਤੇ ਸਪੁੱਤਰ ਤੇ ਸੇਵਾ ਮੁਕਤ ਆਈ.ਏ.ਐੱਸ. ਮਾਲਵਿੰਦਰ ਸਿੰਘ ਜੱਗੀ ਨੇ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਚੇਤਨ ਸਿੰਘ ਜੌੜਾਮਾਜਰਾ, ਗੁਰਲਾਲ ਘਨੌਰ, ਨਰਿੰਦਰ ਕੌਰ ਭਰਾਜ ਤੇ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ, ਆਪ ਦੇ ਬੁਲਾਰੇ ਬਲਤੇਜ ਪੰਨੂ ਤੇ ਮੇਅਰ ਕੁੰਦਨ ਗੋਗੀਆ ਨੇ ਆਖਿਆ ਕਿ ਡਾ. ਜੱਗੀ ਆਪਣੇ ਪਿੱਛੇ ਸਾਹਿਤ ਜਗਤ ਲਈ ਆਪਣੀਆਂ ਲਿਖਤਾਂ ਦੇ ਰੂਪ ਵਿੱਚ ਅਨਮੋਲ ਖ਼ਜ਼ਾਨਾ ਛੱਡ ਗਏ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ।ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਉਂਕਾਰ ਸਿੰਘ ਦੇ ਜਥੇ ਨੇ ਵੈਰਾਗਮਈ ਕੀਰਤਨ ਕੀਤਾ ਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਪ੍ਰਣਾਮ ਸਿੰਘ ਨੇ ਕੀਤੀ।

ਸ਼ਰਧਾਂਜਲੀ ਸਮਾਰੋਹ ਮੌਕੇ ਸਾਬਕਾ ਮੰਤਰੀ ਬਲਵੰਤ ਸਿੰਘ ਰਾਮੂਵਾਲੀਆ ਤੇ ਬ੍ਰਹਮ ਮਹਿੰਦਰਾ, ਸਾਬਕਾ ਮੁੱਖ ਸਕੱਤਰ ਤੇ ਟਰਾਂਸਪੇਰੈਂਸੀ ਕਮਿਸ਼ਨ ਦੇ ਚੇਅਰਮੈਨ ਵੀ. ਕੇ. ਜੰਜੂਆ, ਰੇਰਾ ਦੇ ਚੇਅਰਮੈਨ ਆਰ. ਕੇ. ਗੋਇਲ, ਪੀ.ਐਸ.ਪੀ.ਸੀ.ਐੱਲ. ਦੇ ਸੀ.ਐੱਮ.ਡੀ. ਅਜੋਏ ਕੁਮਾਰ ਸਿਨਹਾ, ਜਸਕਿਰਨ ਸਿੰਘ ਆਈਏਐਸ, ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਪਦਮਸ਼੍ਰੀ ਜਗਜੀਤ ਸਿੰਘ ਦਰਦੀ, ਪਦਮਸ਼੍ਰੀ ਪ੍ਰਾਣ ਸੱਭਰਵਾਲ, ਨਾਮਧਾਰੀ ਦਰਬਾਰ ਭੈਣੀ ਸਾਹਿਬ ਤੋਂ ਸੂਬਾ ਹਰਭਜਨ ਸਿੰਘ, ਸ਼ਹੀਦ ਭਾਈ ਮਨੀ ਸਿੰਘ ਟਕਸਾਲ ਦੇ ਮੁਖੀ ਸੰਤ ਅਮਨਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਧਾਰਮਿਕ, ਰਾਜਨੀਤਕ, ਸਮਾਜਿਕ ਤੇ ਸਾਹਿਤਕ ਸ਼ਖ਼ਸੀਅਤਾਂ ਨੇ ਆਪਣੀ ਹਾਜ਼ਰੀ ਲੁਆਈ।

# ਪੀ ਐੱਸ ਐੱਫ ਵਲੋਂ ਪੰਜਾਬ 'ਵਰਸਿਟੀ ਦੇ ਮੁੜ ਨਾਮਕਰਣ ਦਾ ਵਿਰੋਧ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਵਿਦਿਆਰਥੀ ਕੌਂਸਲ ਚੋਣਾਂ ਦੇ ਪ੍ਰਧਾਨ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ ਨਾਂਅ ਬਦਲ ਕੇ ਪੰਜਾਬ ਤੇ ਹਰਿਆਣਾ ਯੂਨੀਵਰਸਿਟੀ ਰੱਖਣ ਦਾ ਮੰਗ ਪੱਤਰ ਪ੍ਰਸ਼ਾਸਨ ਨੂੰ ਦਿੱਤਾ ਗਿਆ ਹੈ, ਜਦੋਂ ਪਹਿਲਾਂ ਹੀ ਯੂਨੀਅਨ ਸਰਕਾਰ ਵੱਲੋਂ ਪੰਜਾਬ ਤੋਂ ਇਸ ਯੂਨੀਵਰਸਿਟੀ ਦਾ ਲਗਭਗ ਸਾਰਾ ਅਧਿਕਾਰ ਧੱਕੇ ਨਾਲ਼ ਖੋਹ ਲਿਆ ਗਿਆ ਹੋਵੇ, ਜਦੋਂ ਬਾਕੀ ਬਚਦਾ ਹਿੱਸਾ ਖੋਹਣ ਦੀ ਤਿਆਰੀ ਚੱਲ ਰਹੀ ਹੋਵੇ, ਜਦੋਂ ਸੈਨੇਟ ਨੂੰ ਖਤਮ ਕਰਨ ਰਾਹੀਂ ਪੰਜਾਬ ਦੇ ਕਾਲਜਾਂ ਦੀ ਹਿੱਸੇਦਾਰੀ ਨੂੰ ਖੋਰਾ ਲਾਉਣ ਦੀ ਚਾਲ ਕਾਮਯਾਬ ਹੁੰਦੀ ਨਜਰ ਆ ਰਹੀ ਹੋਵੇ ਤਾਂ ਅਖੌਤੀ ਪ੍ਰਧਾਨ ਦਾ ਇਹ ਮੰਗ ਪੱਤਰ ਪੰਜਾਬ ਯੂਨੀਵਰਸਿਟੀ ਦੇ ਕੇਂਦਰੀਕਰਨ ਦੀ ਹੀ ਇੱਕ ਕੜੀ ਦੇ ਤੌਰ 'ਤੇ ਵੇਖਿਆ ਜਾਣਾ ਚਾਹੀਦਾ ਹੈ।

ਯੂਨਿਟ ਦੇ ਆਗੂਆਂ ਗਗਨ ਸਰਦੂਲਗੜ੍ਹ, ਰਵਿੰਦਰ ਲੋਹਗੜ੍ਹ, ਅਰਸ਼ਦੀਪ ਸਿੰਘ, ਕੰਚਨ ਮੱਟੂ ਨੇ ਕਿਹਾ ਕਿ ਇਹ ਮੰਗ ਪੱਤਰ, ਪੰਜਾਬ ਦੇ ਜ਼ਖ਼ਮਾਂ 'ਤੇ ਲੂਣ ਭੁੱਕਣ ਸਮਾਨ ਹੈ।ਪੰਜਾਬ ਯੂਨੀਵਰਸਿਟੀ ਦੀ ਸਥਾਪਨਾ ਤੋਂ ਲੈ ਕੇ ਅੱਜ ਤੱਕ ਦਾ ਇਸਦਾ ਇਤਿਹਾਸ ਗਵਾਹ ਹੈ ਕਿ ਇਸ ਯੂਨੀਵਰਸਿਟੀ ਉੱਤੇ ਪੰਜਾਬ ਦਾ ਜਮਹੂਰੀ ਹੱਕ ਹੈ।ਜਮਹੂਰੀ ਇਸ ਲਈ ਕਿਉਂਕਿ ਪੰਜਾਬ ਵਿੱਚ ਖੋਜ ਕਾਰਜ ਲਈ ਤੇ ਕਾਲਜਾਂ ਨੂੰ ਚਲਾਉਣ ਲਈ ਇਸ ਨੂੰ 1882 ਵਿੱਚ ਸ਼ੁਰੂ ਕੀਤਾ ਗਿਆ ਸੀ, ਇਸ ਲਈ ਕਿਉਂਕਿ ਪੰਜਾਬ ਦੇ 201 ਕਾਲਜ ਇਸ ਹੇਠ ਆਉਂਦੇ ਹਨ। ਇਸ ਲਈ ਕਿਉਂਕਿ 1966 ਤੋਂ ਬਾਅਦ ਹਰਿਆਣਾ ਤੇ ਹਿਮਾਚਲ ਵੱਲੋਂ ਇਸ ਦੀ ਹਿੱਸੇਦਾਰੀ (ਕਾਨੂੰਨ ਦੇ ਅਨੁਸਾਰੀ ਹੁੰਦੇ ਹੋਏ) ਛੱਡ ਦਿੱਤੀ ਗਈ ਸੀ, ਜਿਸ ਤੋਂ ਅੱਗੇ ਇਹ ਯੂਨੀਵਰਸਿਟੀ ਅਧਿਕਾਰਤ ਤੌਰ ਉੱਤੇ ਪੰਜਾਬ ਦੀ ਸੂਬਾ ਯੂਨੀਵਰਸਿਟੀ ਵਜੋਂ ਚਲਾਈ ਜਾਣੀ ਸੀ ਜਿਸ ਨੂੰ ਅੱਜ ਤੱਕ ਕੇਂਦਰੀਕਰਨ ਦੀ ਨੀਤੀ ਤਹਿਤ ਲਾਗੂ ਨਹੀਂ ਕੀਤਾ ਗਿਆ।ਬੜੀ ਸ਼ਰਮ ਦੀ ਗੱਲ ਹੈ ਕਿ ਕੇਂਦਰ ਦੀ ਇਸ ਵਾਅਦਾਖਿਲਾਫ਼ੀ ਦੇ ਵਿਰੁੱਧ ਅਵਾਜ਼ ਬੁਲੰਦ ਕਰਨ ਦੀ ਥਾਂ ਪੰਜਾਬ ਯੂਨੀਵਰਸਿਟੀ ਦੇ ਅਖੌਤੀ ਲੀਡਰ ਕੇਂਦਰ ਸਰਕਾਰ ਦੀ ਧੱਕੇਸ਼ਾਹੀ ਨੂੰ ਹੋਰ ਤੇਜ਼ ਕਰਨ ਦੀ ਮੰਗ ਕਰ ਰਹੇ ਹਨ।ਪੰਜਾਬ ਸਟੂਡੈਂਟਸ ਫੈਡਰੇਸ਼ਨ ਇਸ ਗੈਰ ਜਮਹੂਰੀ ਮੰਗ ਦੀ ਨਿਖੇਧੀ ਕਰਦੀ ਹੈ ਤੇ ਨਾਲ਼ ਇਹ ਵੀ ਮੰਗ ਕਰਦੀ ਹੈ ਕਿ ਪੰਜਾਬ ਯੂਨੀਵਰਸਿਟੀ ਨੂੰ ਪੰਜਾਬ ਦੀ ਯੂਨੀਵਰਸਿਟੀ ਐਲਾਨਿਆ ਜਾਵੇ ਕਿਉਂਕਿ ਕਾਨੂੰਨੀ, ਇਤਿਹਾਸਿਕ ਅਤੇ ਜਮਹੂਰੀ ਪੱਖ ਤੋਂ ਪੰਜਾਬ ਹੀ ਇਸਦਾ ਅਸਲ ਹੱਕਦਾਰ ਹੈ।

# ਨਸ਼ਾ ਮੁਕਤੀ ਯਾਤਰਾ ਤਹਿਤ ਵੱਖ-ਵੱਖ ਪਿੰਡਾਂ 'ਚ ਸਮਾਗਮ

## ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਲੋਕਾਂ ਦਾ ਪੂਰਨ ਸਹਿਯੋਗ ਮਿਲ ਰਿਹੈ : ਦਹੀਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਤੇ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਸਿਹਤਮੰਦ ਪੰਜਾਬ ਬਣਾਉਣ ਲਈ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਸਫਲ ਬਣਾਉਣ ਲਈ ਲੋਕਾਂ ਦਾ ਪੂਰਨ ਸਹਿਯੋਗ ਮਿਲ ਰਿਹਾ ਹੈ, ਜਿਸ ਕਰਕੇ ਇਹ ਮੁਹਿੰਮ ਹੁਣ ਦਿਨੋਂ ਦਿਨ ਕਾਮਯਾਬ ਹੋ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ ਵੱਲੋਂ ਹਲਕੇ ਦੇ ਪਿੰਡ ਬਸਤੀ ਜੀਆ ਬੱਗਾ, ਧੀਰਾ ਪੱਤਰਾ, ਝੋਕ ਹਰੀਹਰ, ਨਿਊ ਆਲੇ ਵਾਲਾ, ਪਾਇਨਰ ਕਲੋਨੀ ਤੇ ਗੱਜਣ ਸਿੰਘ ਕਲੋਨੀ ਵਿਖੇ ਕਰਵਾਏ ਗਏ ਵੱਖ ਵੱਖ ਸਮਾਗਮਾਂ ਵਿੱਚ ਸ਼ਿਰਕਤ ਕਰਨ ਸਮੇਂ ਕੀਤਾ ਗਿਆ। ਇਸ ਮੌਕੇ ਵਿਧਾਇਕ ਦਹੀਆ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਸੂਬਾ ਸਰਕਾਰ ਦੀ ਇਹ ਅਜਿਹੀ ਪਹਿਲ ਕਦਮੀ ਹੈ, ਜਿਸ ਰਾਹੀਂ ਲੋਕਾਂ ਨਾਲ ਸਿੱਧਾ ਰਾਬਤਾ ਰੱਖਿਆ ਜਾ ਰਿਹਾ ਹੈ ਅਤੇ ਇਸ ਨਾਲ ਸੂਬੇ ਵਿਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕਰਨ ਵਿੱਚ ਵੱਡੇ ਪੱਧਰ 'ਤੇ ਮਦਦ ਮਿਲ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਜਿੱਥੇ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕਰਕੇ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਤੌਰ 'ਤੇ ਖਾਤਮਾ ਕਰ ਰਹੀ ਹੈ, ਉੱਥੇ ਹੀ ਨਸ਼ਿਆਂ ਦੀ ਗ੍ਰਿਫਤ ਵਿੱਚ ਫਸੇ ਨੌਜਵਾਨਾਂ ਦਾ ਨਸ਼ਾ ਵੀ ਛੁਡਵਾ ਰਹੀ, ਤਾਂ ਜੋ ਉਹ ਸਮਾਜ ਵਿੱਚ ਬਿਹਤਰ ਜ਼ਿੰਦਗੀ ਬਤੀਤ ਕਰ ਸਕਣ ਅਤੇ ਪੰਜਾਬ ਨੂੰ ਮੁੜ ਤੋਂ ਸਿਹਤਮੰਦ ਪੰਜਾਬ ਬਣਾਇਆ ਜਾ ਸਕੇ। ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖਲ ਕਰਵਾਇਆ ਜਾਵੇ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਨਸ਼ਾ ਤਸਕਰ ਦਾ ਕੋਈ ਵੀ ਸਾਥ ਨਾ ਦੇਵੇ ਤੇ ਜੇਕਰ ਇਸ ਤਰ੍ਹਾਂ ਦਾ ਕੋਈ ਵੀ ਕੇਸ ਸਾਹਮਣੇ ਆਉਂਦਾ ਹੈ ਤਾਂ, ਉਸ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਜਾਵੇ। ਇਸ ਮੌਕੇ ਉਨ੍ਹਾਂ ਲੋਕਾਂ ਨੂੰ ਸਹੁੰ ਵੀ ਚੁਕਵਾਈ ਕਿ ਪਿੰਡ ਵਿੱਚ ਨਸ਼ਾ ਤਸਕਰਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕਿਸੇ ਵੀ ਨਸ਼ਾ ਤਸਕਰ ਦਾ ਕਿਸੇ ਵੱਲੋਂ ਵੀ ਸਾਥ ਨਹੀਂ ਦਿੱਤਾ ਜਾਵੇਗਾ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਹਲਕਾ ਕੋਆਰਡੀਨੇਟਰ ਹਰਮਨ ਸਿੱਧੂ, ਪ੍ਰਸ਼ਾਸਨਕ ਅਧਿਕਾਰੀਆਂ, ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ/ਵਰਕਰਾਂ, ਪਿੰਡਾਂ ਦੇ ਸਰਪੰਚਾਂ, ਪੰਚਾਂ, ਗਰਾਮ ਸੁਰੱਖਿਆ ਕਮੇਟੀਆਂ ਦੇ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕ ਹਾਜ਼ਰ ਸਨ।

# ਐੱਨ ਆਰ ਆਈ ਵੀਰਾਂ ਤੇ ਸ਼ਰਧਾਲੂਆਂ ਦੇ ਸਹਿਯੋਗ ਨਾਲ ਬਾਬਾ ਖੇਤਰਪਾਲ ਮੰਦਰ ਦਾ ਵਿਸ਼ਾਲ ਨਿਰਮਾਣ

## ਮੰਦਰ ਵਿਖੇ ਜਲਦ ਕੀਤੀਆਂ ਜਾਣਗੀਆਂ ਮੂਰਤੀਆਂ ਸਥਾਪਤ : ਕਮੇਟੀ ਮੈਂਬਰ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ 'ਚ ਬਾਬਾ ਖੇਤਰਪਾਲ ਮੰਦਰ ਦਾ ਪਿਛਲੇ ਲੰਮੇ ਸਮੇਂ ਤੋਂ ਨਵ-ਨਿਰਮਾਣ ਦਾ ਕੰਮ ਚੱਲ ਰਿਹਾ ਹੈ।ਮੰਦਰ ਦੀ ਉਸਾਰੀ ਨੂੰ ਲੈ ਕੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਹੈ ਤੇ ਹਰ ਇਕ ਸ਼ਰਧਾਲੂ ਆਪਣੀ ਇੱਛਾ ਅਨੁਸਾਰ ਇਸ ਮੰਦਰ ਦੇ ਨਵ-ਨਿਰਮਾਣ ਦੇ ਕਾਰਜ ਵਿੱਚ ਆਪਣਾ ਯੋਗਦਾਨ ਪਾ ਰਿਹਾ ਹੈ, ਜਿਸ ਕਰ ਕੇ ਅੱਜ ਬਾਬਾ ਖੇਤਰਪਾਲ ਮੰਦਰ ਦਾ ਵਿਸ਼ਾਲ ਨਿਰਮਾਣ ਹੋ ਚੁੱਕਾ ਹੈ, ਜਿਸ ਕਰ ਕੇ ਮੰਦਰ ਦੇ ਪ੍ਰਬੰਧਕਾਂ ਵੱਲੋਂ ਸਹਿਯੋਗ ਦੇਣ ਵਾਲੀਆਂ ਸੰਸਥਾਵਾਂ ਦੇ ਨਾਲ ਨਾਲ ਐੱਨ.ਆਰ.ਆਈ. ਭਰਾਵਾਂ ਤੇ ਸ਼ਰਧਾਲੂਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਕੱਢੇ ਗਏ ਦਸਵੰਧ ਸਦਕਾ ਬਾਬਾ ਖੇਤਰਪਾਲ ਜੀ ਦਾ ਮੰਦਰ ਵਿਸ਼ਾਲ ਬਣਿਆ ਹੈ।ਉਨ੍ਹਾਂ ਸਮੂਹ ਸੰਗਤ ਨੂੰ ਬੇਨਤੀ ਕੀਤੀ ਕਿ ਉਹ ਜੋ ਵੀ ਮੰਦਰ ਦੇ ਨਿਰਮਾਣ ਕਾਰਜ ਲਈ ਆਪਣਾ ਯੋਗਦਾਨ ਪਾ ਸਕਦੇ ਹਨ, ਉਹ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਕੱਢਦਿਆਂ ਇਸ ਨਿਰਮਾਣ ਕਾਰਜ ਵਿੱਚ ਆਪਣਾ ਯੋਗਦਾਨ ਜ਼ਰੂਰ ਕਰੇ।ਇਸ ਮੌਕੇ ਪੰਡਿਤ ਮੁਕੇਸ਼ ਕੁਮਾਰ ਸ਼ਰਮਾ, ਚੇਅਰਮੈਨ ਵਿਜੇ ਬਾਂਸਲ, ਪ੍ਰਧਾਨ ਸੰਜੀਵ ਕੁਮਾਰ ਗਰਗ, ਕੈਸ਼ੀਅਰ ਰਾਕੇਸ਼ ਜਿੰਦਲ ਤੋਤਾ, ਰਜਿੰਦਰ ਕੁਮਾਰ ਗੋਇਲ, ਪ੍ਰਸੰਨ ਕੁਮਾਰ, ਨਵੀਨ ਗੋਇਲ, ਜਗਪਤੀ ਪ੍ਰਸ਼ਾਦ, ਮੁਕੇਸ਼ ਗੋਇਲ, ਅਜੇ ਪੂਰੀ ਨੇ ਕਿਹਾ ਕਿ ਮੰਦਰ ਵਿੱਚ ਮੂਰਤੀਆਂ ਦੀ ਸਥਾਪਨਾ ਬਹੁਤ ਜਲਦ ਕੀਤੀ ਜਾਵੇਗੀ।



ਉਨ੍ਹਾਂ ਦੱਸਿਆ ਕਿ ਅੱਜ ਇਕ ਸ਼ਰਧਾਲੂ ਵੱਲੋਂ ਇਸ ਮੰਦਰ ਲਈ ਭਾਂਡਿਆਂ ਦੀ ਸੇਵਾ ਕੀਤੀ ਹੈ।ਇਸ ਮੌਕੇ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਸਮੂਹ ਕਮੇਟੀ ਮੈਂਬਰਾਂ ਤੇ ਸੇਵਾਦਾਰਾਂ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ ਹਰ ਐਤਵਾਰ ਨੂੰ ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਲੰਗਰ ਚਲਾਇਆ ਜਾਵੇਗਾ ਤੇ ਜੋ ਵੀ ਦਾਨੀ ਸੱਜਣ ਇਸ ਲੰਗਰ ਵਿੱਚ ਸੇਵਾ ਪਾਉਣਾ ਚਾਹੁੰਦਾ ਹੈ ਤਾਂ ਉਹ ਕਿਸੇ ਵੀ ਕਮੇਟੀ ਮੈਂਬਰ ਨਾਲ ਸੰਪਰਕ ਕਰ ਸਕਦੇ ਹਨ।

# ਬੇਗਮਪੁਰਾ ਵਸਾਉਣ ਨੂੰ ਲੈ ਕੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਤੇ ਸਰਕਾਰ 'ਚ ਗੱਲਬਾਤ ਸ਼ੁਰੂ

## ■ ਸੰਘਰਸ਼ 'ਚ ਗ੍ਰਿਫਤਾਰ ਕਾਰਕੁਨ ਤਿੰਨ ਦਿਨਾਂ 'ਚ ਬਿਨਾਂ ਸ਼ਰਤ ਹੋਣਗੇ ਰਿਹਾਅ ■ ਮੁੱਖ ਮੰਤਰੀ ਦੀ ਕੋਠੀ ਅੱਗੇ ਅੱਜ ਦਾ ਰੋਸ ਮੁਜ਼ਾਹਰਾ ਮੁਲਤਵੀ

**ਸੰਗਰੂਰ (ਪ੍ਰਵੀਨ ਸਿੰਘ)**-ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਤੇ ਸੰਗਰੂਰ ਪ੍ਰਸ਼ਾਸਨ ਦੀ ਮੀਟਿੰਗ ਤੋਂ ਬਾਅਦ 2 ਜੂਨ ਨੂੰ ਮੁੱਖ ਮੰਤਰੀ ਦੀ ਕੋਠੀ ਵੱਲ ਕੀਤਾ ਜਾਣ ਵਾਲਾ ਰੋਸ ਮੁਜ਼ਾਹਰਾ ਮੁਲਤਵੀ ਕਰ ਦਿੱਤਾ ਗਿਆ ਹੈ। ਇਸ ਸਬੰਧੀ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਨੇ ਦੱਸਿਆ ਕਿ ਅੱਜ ਸੰਗਰੂਰ ਪ੍ਰਸ਼ਾਸਨ ਦੇ ਐੱਸ ਪੀ ਡੀ ਦਵਿੰਦਰ ਕੁਮਾਰ ਅੱਤਰੀ, ਡੀਐੱਸਪੀ ਇੰਟੈਲੀਜੈਂਸ ਚਰਨਪਾਲ ਸਿੰਘ, ਇੰਸਪੈਕਟਰ ਸਪੈਸ਼ਲ ਬ੍ਰਾਂਚ ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਵਿੱਤ ਸਕੱਤਰ ਬਿੱਕਰ ਸਿੰਘ ਹਥੋਆ ਤੇ ਗੁਰਵਿੰਦਰ ਬੌੜਾ, ਸ਼ਿੰਗਾਰਾ ਹੇੜੀਕੇ, ਰਾਜ ਕੌਰ ਬਡਰੁੱਖਾਂ ਵਿਚਕਾਰ ਮੀਟਿੰਗ ਹੋਈ। ਮੀਟਿੰਗ ਵਿੱਚ ਜੀਂਦ ਰਿਆਸਤ ਦੇ ਰਾਜੇ ਦੀ 927 ਏਕੜ ਜ਼ਮੀਨ ਵਿੱਚ ਬੇਗਮਪੁਰਾ ਵਸਾਉਣ ਨੂੰ ਲੈ ਕੇ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਪੰਚਾਇਤ ਮੰਤਰੀ ਤਰਨਪ੍ਰੀਤ ਸੌਂਦ ਤੇ ਮਾਲ ਵਿਭਾਗ ਦੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਨਾਲ 18 ਜੂਨ ਨੂੰ ਪੰਜਾਬ ਭਵਨ ਚੰਡੀਗੜ੍ਹ 'ਚ ਮੀਟਿੰਗ ਤੈਅ ਕਰਵਾਈ ਗਈ ਅਤੇ ਸੰਘਰਸ਼ ਦਰਮਿਆਨ ਗ੍ਰਿਫਤਾਰ ਕੀਤੇ ਬਾਕੀ ਸਾਰੇ ਕਾਰਕੁਨਾਂ ਦੀ ਤਿੰਨ ਦਿਨਾਂ ਦੇ ਅੰਦਰ ਬਿਨਾਂ ਸ਼ਰਤ ਰਿਹਾਈ ਕਰਨ ਦਾ ਫੈਸਲਾ ਕੀਤਾ, ਜਿਸ ਤੋਂ ਬਾਅਦ ਸੰਘਰਸ਼ ਕਮੇਟੀ ਨੇ 2 ਜੂਨ ਨੂੰ ਮੁੱਖ ਮੰਤਰੀ ਦੀ ਕੋਠੀ ਅੱਗੇ ਕੀਤਾ ਜਾਣ ਵਾਲਾ ਰੋਸ ਮੁਜ਼ਾਹਰਾ ਮੁਲਤਵੀ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਦਲਿਤਾਂ ਤੇ ਬੇਜ਼ਮੀਨੇ ਲੋਕਾਂ ਨੂੰ ਗੁਰਬਤ ਦੀ ਜ਼ਿੰਦਗੀ ਵਿੱਚੋਂ ਕੱਢਣ ਤੇ ਮਾਣ-ਸਨਮਾਨ ਦੀ ਜ਼ਿੰਦਗੀ ਲਈ ਜ਼ਮੀਨ ਹੱਦਬੰਦੀ ਕਾਨੂੰਨ 1972 ਲਾਗੂ ਕਰਵਾਉਣ ਅਤੇ ਜ਼ਮੀਨ ਦੀ ਮੁੜ ਵੰਡ ਦੇ ਸੰਘਰਸ਼ ਨੂੰ ਲੜਨਾ ਅੱਜ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਬੇਗਮਪੁਰਾ ਸ਼ਹਿਰ ਅੰਦਰ ਦਲਿਤਾਂ ਨਾਲ ਕਿਸੇ ਵੀ ਕਿਸਮ ਦਾ ਕੋਈ ਜਾਤੀ ਭੇਦਭਾਵ ਨਹੀਂ ਹੋਵੇਗਾ। ਸਾਰੇ ਲੋਕਾਂ ਵਿੱਚ ਬਰਾਬਰ ਜ਼ਮੀਨ ਦੀ ਵੰਡ ਹੋਵੇਗੀ ਤੇ ਸਾਂਝੇ ਪ੍ਰਬੰਧ ਦੀ ਉਸਾਰੀ ਕੀਤੀ ਜਾਵੇਗੀ, ਜੋ ਪੂਰੇ ਦੇਸ਼ ਲਈ ਇੱਕ ਰੋਲ ਮਾਡਲ ਸਾਬਿਤ ਹੋਵੇਗਾ।



ਬਿੱਕਰ ਸਿੰਘ ਹਥੋਆ ਨੇ ਕਿਹਾ ਕਿ ਬੇਗਮਪੁਰਾ ਵਸਾਉਣ ਜਾ ਰਹੇ ਦਲਿਤਾਂ ਉੱਪਰ ਪੰਜਾਬ ਸਰਕਾਰ ਵੱਲੋਂ ਕੀਤੇ ਜਬਰ ਦਾ ਬਹੁਤ ਸਾਰੀਆਂ ਜਥੇਬੰਦੀਆਂ ਨੇ ਵਿਰੋਧ ਕੀਤਾ ਤੇ ਸੰਘਰਸ਼ ਦੀ ਹਮਾਇਤ ਕੀਤੀ, ਉਨ੍ਹਾਂ ਸਾਰਿਆਂ ਦਾ ਜਥੇਬੰਦੀ ਵੱਲੋਂ ਧੰਨਵਾਦ ਕੀਤਾ ਗਿਆ। ਅੰਤ ਵਿੱਚ ਉਨ੍ਹਾਂ ਕਿਹਾ ਕਿ ਜੇਕਰ ਸਾਥੀਆਂ ਦੀ ਬਿਨਾਂ ਸ਼ਰਤ ਰਿਹਾਈ ਤੇ ਪੰਜਾਬ ਸਰਕਾਰ ਨਾਲ ਮੀਟਿੰਗ ਤੋਂ ਵਾਅਦਾ ਖਿਲਾਫੀ ਹੁੰਦੀ ਹੈ ਤਾਂ ਮੁੜ ਤਿੱਖਾ ਸੰਘਰਸ਼ ਕੀਤਾ ਜਾਵੇਗਾ।

# ਸਨੌਰ ਨਗਰ ਕੌਂਸਲ ਸਮੱਸਿਆ ਹੱਲ ਕਰਨ 'ਚ ਬੁਰੀ ਤਰ੍ਹਾਂ ਫੇਲ੍ਹ



**ਪਟਿਆਲਾ (ਰਾਜਿੰਦਰ ਥਿੰਦ)**

ਸਨੌਰ ਵਿੱਚ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਵਰਤੋਂ ਇਕ ਗੰਭੀਰ ਸਮਾਜਿਕ ਤੇ ਵਾਤਾਵਰਣਕ ਸਮੱਸਿਆ ਬਣ ਚੁੱਕੀ ਹੈ।ਸਰਕਾਰੀ ਪਾਬੰਦੀ ਦੇ ਹੁਕਮਾਂ ਨੂੰ ਦੁਕਾਨਦਾਰ ਤੇ ਵਪਾਰੀ ਠੁੱਸ ਜਾਣਦੇ ਰਹੇ ਹਨ, ਪ੍ਰੰਤੂ ਇਸ ਕਾਰਨ ਸੀਵਰੇਜ ਅਕਸਰ ਜਾਮ ਰਹਿਣ ਕਾਰਨ ਲੋਕ ਪ੍ਰੇਸ਼ਾਨੀਆਂ ਦਾ ਸਾਹਮਣਾ ਕਰ ਰਹੇ ਹਨ।

ਪੰਜਾਬ ਸਰਕਾਰ ਵੱਲੋਂ ਪਲਾਸਟਿਕ ਦੇ ਕੈਰੀ ਬੈਗਾਂ 'ਤੇ ਲਾਈ ਗਈ ਪੂਰੀ ਪਾਬੰਦੀ ਦੇ ਬਾਵਜੂਦ ਇਥੇ ਇਹ ਉਲੰਘਣਾ ਰੋਜ਼ਾਨਾ ਦਾ ਹਿੱਸਾ ਬਣੀ ਹੋਈ ਹੈ।ਸਬਜ਼ੀ ਮੰਡੀ, ਜਨਰਲ ਸਟੋਰਾਂ, ਮੀਟ ਸ਼ਾਪਾਂ ਤੇ ਰੋਜ਼ਾਨਾ ਵਪਾਰ ਕਰਨ ਵਾਲੇ ਰੇਹੜੀਆਂ ਅਤੇ ਫੜੀਆਂ ਵਾਲਿਆਂ ਤੋਂ ਲੈ ਕੇ ਵੱਡੇ ਵਪਾਰੀਆਂ ਤੱਕ ਅਕਸਰ ਪਾਬੰਦੀਸ਼ੁਦਾ ਪਲਾਸਟਿਕ ਦੇ ਬੈਗਾਂ ਦੀ ਵਰਤੋਂ ਕਰਦੇ ਬਾਜ਼ਾਰਾਂ 'ਚ ਸ਼ਰੇਆਮ ਵੇਖੇ ਜਾ ਸਕਦੇ ਹਨ।ਇਹ ਉਲੰਘਣਾ ਸਿਰਫ਼ ਕਾਨੂੰਨੀ ਪੱਧਰ 'ਤੇ ਹੀ ਨਹੀਂ, ਸਗੋਂ ਵਾਤਾਵਰਣ ਤੇ ਸਿਹਤ ਸੰਬੰਧੀ ਪੱਧਰ 'ਤੇ ਵੀ ਵੱਡਾ ਖ਼ਤਰਾ ਪੈਦਾ ਕਰ ਰਹੀ ਹੈ।ਸ਼ਹਿਰ ਵਾਸੀਆਂ ਅਨੁਸਾਰ, ਇਨ੍ਹਾਂ ਲਿਫ਼ਾਫ਼ਿਆਂ ਦੀ ਬੇਤਹਾਸ਼ਾ ਵਰਤੋਂ ਕਰਕੇ ਕਸਬੇ ਦੇ ਗਟਰ ਤੇ ਸੀਵਰੇਜ ਲਾਈਨਾਂ ਅਕਸਰ ਜਾਮ ਹੋ ਜਾਂਦੀਆਂ ਹਨ।ਕਈ ਵਾਰ ਇਹ ਜਾਮ ਹਫ਼ਤਿਆਂ ਤੱਕ ਬਣਿਆ ਰਹਿੰਦਾ ਹੈ, ਜਿਸ ਕਾਰਨ ਗੰਦੇ ਪਾਣੀ ਦੀ ਵਹਾਅ ਸੜਕਾਂ 'ਤੇ ਹੋ ਜਾਂਦਾ ਹੈ।ਇਹ ਪਾਣੀ ਨਾ ਸਿਰਫ਼ ਬਦਬੂ ਪੈਦਾ ਕਰਦਾ ਹੈ, ਸਗੋਂ ਆਉਂਦੇ ਜਾਂਦੇ ਰਾਹਗੀਰਾਂ 'ਤੇ ਛਿੱਟੇ ਪੈਣ ਕਾਰਨ ਚਮੜੀ ਦੇ ਰੋਗਾਂ ਅਤੇ ਹੋਰ ਬਿਮਾਰੀਆਂ ਫੈਲਣ ਦੀ ਸੰਭਾਵਨਾ ਵਧ ਜਾਂਦੀ ਹੈ।ਇਸ ਤੋਂ ਇਲਾਵਾ ਸੜਕਾਂ 'ਤੇ ਫਿਰਦੇ ਅਵਾਰਾ ਡੰਗਰ, ਜਿਵੇਂ ਗਊ ਵੰਸ਼ ਆਦਿ, ਪਲਾਸਟਿਕ 'ਚ ਪਈ ਰਹਿੰਦ-ਖੂੰਹਦ ਖਾਣ ਦੇ ਚੱਕਰ ਵਿੱਚ ਇਹ ਲਿਫ਼ਾਫ਼ੇ ਵੀ ਖਾ ਜਾਂਦੇ ਹਨ, ਜੋ ਉਨ੍ਹਾਂ ਦੀਆਂ ਅੰਦਰੂਨੀ ਨਸਾਂ ਵਿੱਚ ਫਸ ਕੇ ਉਨ੍ਹਾਂ ਨੂੰ ਗੰਭੀਰ ਰੋਗਾਂ ਦਾ ਸ਼ਿਕਾਰ ਬਣਾ ਦਿੰਦੇ ਹਨ।ਵੈਟਰਨਰੀ ਡਾਕਟਰ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਪਲਾਸਟਿਕ ਖਾਣ ਕਾਰਨ ਕਈ ਵਾਰ ਇਨ੍ਹਾਂ ਬੇਜ਼ੁਬਾਨ ਪਸ਼ੂਆਂ ਦੀ ਮੌਤ ਵੀ ਹੋ ਜਾਂਦੀ ਹੈ।

ਅਕਸਰ ਜਦੋਂ ਬਰਸਾਤ ਹੁੰਦੀ ਹੈ ਤਾਂ ਇਹ ਸਥਿਤੀ ਹੋਰ ਭਿਆਨਕ ਹੋ ਜਾਂਦੀ ਹੈ।ਸਨੌਰ ਦੇ ਸਥਾਨਕ ਵਾਤਾਵਰਣ ਪ੍ਰੇਮੀਆਂ ਤੇ ਸਮਾਜ ਸੇਵੀ ਸੰਗਠਨਾਂ ਵੱਲੋਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਕਈ ਵਾਰ ਸਮੂਹਿਕ ਤੌਰ 'ਤੇ ਇਹ ਅਪੀਲ ਕੀਤੀ ਗਈ ਹੈ ਕਿ ਇਨ੍ਹਾਂ ਹਾਲਾਤਾਂ ਵੱਲ ਗੰਭੀਰਤਾ ਨਾਲ ਧਿਆਨ ਦਿੱਤਾ ਜਾਵੇ।

# ਹਰਪਾਲ ਚੀਮਾ ਨੇ ਦਿੜ੍ਹਬਾ 'ਚ ਡਾ. ਅੰਬੇਡਕਰ ਕਮਿਊਨਿਟੀ ਹਾਲ ਦਾ ਰੱਖਿਆ ਨੀਂਹ ਪੱਥਰ



**ਸੰਗਰੂਰ/ਦਿੜ੍ਹਬਾ (ਪ੍ਰਵੀਨ ਸਿੰਘ)**

ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਇਸੇ ਲੜੀ ਤਹਿਤ ਹਲਕੇ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ ਤੇ ਲੋਕਾਂ ਦੀਆਂ ਸਾਰੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਣਾ ਯਕੀਨੀ ਬਣਾਇਆ ਜਾ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਵਿਖੇ ਕਰੀਬ 02 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ।ਉਨ੍ਹਾਂ ਦੱਸਿਆ ਕਿ ਇਸ ਕਮਿਊਨਿਟੀ ਹਾਲ ਦਾ ਕੰਮ 06 ਮਹੀਨਿਆਂ ਵਿੱਚ ਮੁਕੰਮਲ ਕਰਵਾਇਆ ਜਾਵੇਗਾ ਤੇ ਇਸ ਦੀ ਸਮਰੱਥਾ 500 ਵਿਅਕਤੀਆਂ ਦੀ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਦਿੜ੍ਹਬਾ ਦੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਤੇ ਗਰੀਬ ਲੋਕਾਂ ਦੀ ਚਿਰੋਕਣੀ ਮੰਗ ਸੀ ਕਿ ਖੁਸ਼ੀ-ਗਮੀ ਦੇ ਸਮਾਗਮ ਕਰਨ ਲਈ ਕੋਈ ਹਾਲ ਬਣਾਇਆ ਜਾਵੇ, ਜਿਸ ਦੇ ਮੱਦੇਨਜ਼ਰ ਅੱਜ ਇਸ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਹਾਲ ਦਾ ਵੱਡੀ ਗਿਣਤੀ ਲੋਕਾਂ ਨੂੰ ਫਾਇਦਾ ਹੋਵੇਗਾ, ਖਾਸਕਰ ਕੇ ਗ਼ਰੀਬ ਤੇ ਮੱਧਵਰਗੀ ਪਰਵਾਰ ਆਪਣੇ ਖੁਸ਼ੀ ਤੇ ਗਮੀ ਸਬੰਧੀ ਸਮਾਗਮ ਬਹੁਤ ਸੌਖਿਆਂ ਇੱਥੇ ਕਰ ਸਕਣਗੇ।ਸ੍ਰ. ਚੀਮਾ ਨੇ ਦੱਸਿਆ ਕਿ ਦਿੜ੍ਹਬਾ ਵਿਖੇ ਗੁਰਦੁਆਰਾ ਸਾਹਿਬ ਵਾਲੇ ਤਿੰਨ ਗੇਟਾਂ ਸਬੰਧੀ ਵੀ ਪੈਸੇ ਜਾਰੀ ਕਰ ਦਿੱਤੇ ਗਏ ਹਨ।ਉਨ੍ਹਾ ਕਿਹਾ ਕਿ ਹਲਕਾ ਦਿੜ੍ਹਬਾ ਦੇ ਪਿੰਡਾਂ ਦੇ ਵਿਕਾਸ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਤੇ ਉਹ ਤਨਦੇਹੀ ਨਾਲ ਕੰਮ ਕਰਦੇ ਹੋਏ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਨੂੰ ਆਪਣੀ ਨਿਗਰਾਨੀ ਹੇਠ ਪੂਰਾ ਕਰਵਾ ਰਹੇ ਹਨ।ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਸੜਕਾਂ, ਗਲੀਆਂ, ਟੋਭਿਆਂ ਦੀ ਸਫਾਈ, ਪਿੰਡਾਂ ਦੇ ਸਕੂਲਾਂ ਦੀ ਕਾਇਆ ਕਲਪ, ਮੰਡੀਆਂ ਦੀ ਅਪਗ੍ਰੇਡੇਸ਼ਨ ਆਦਿ ਕੋਈ ਵੀ ਅਜਿਹਾ ਪੱਖ ਨਹੀਂ ਹੈ, ਜਿਸ ਸਬੰਧੀ ਵਿਕਾਸ ਕਾਰਜ ਨਾ ਹੋਏ ਹੋਣ ਜਾਂ ਵਿਕਾਸ ਕਾਰਜ ਨਾ ਚੱਲ ਰਹੇ ਹੋਣ।ਹਲਕਾ ਦਿੜ੍ਹਬਾ ਸੂਬੇ ਭਰ ਵਿੱਚ ਮਿਸਾਲ ਬਣ ਕੇ ਉੱਭਰ ਰਿਹਾ ਹੈ।

ਇਸ ਮੌਕੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ, ਨਗਰ ਪੰਚਾਇਤ ਦਿੜ੍ਹਬਾ ਦੇ ਪ੍ਰਧਾਨ ਮਨਿੰਦਰ ਸਿੰਘ, ਐੱਸ.ਡੀ.ਐੱਮ. ਦਿੜ੍ਹਬਾ ਰਾਜੇਸ਼ ਕੁਮਾਰ ਸ਼ਰਮਾ, ਡੀ.ਐੱਸ.ਪੀ. ਦਿੜ੍ਹਬਾ ਡਾ. ਰੁਪਿੰਦਰ ਕੌਰ ਬਾਜਵਾ, ਐੱਸ.ਡੀ.ਓ. ਲੋਕ ਨਿਰਮਾਣ ਦਲਜੀਤ ਸਿੰਘ, ਜੇ. ਈ. ਜੀਵਨਜੋਤ ਸਿੰਘ, ਅਜੈ ਸਿੰਗਲਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਸੁਨੀਲ ਬਾਂਸਲ, ਮੰਗਤ ਰਾਏ ਸ਼ੈਲਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ, ਸਮੂਹ ਐੱਮ. ਸੀ. ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਤੇ ਵੱਡੀ ਗਿਣਤੀ ਦਿੜ੍ਹਬਾ ਵਾਸੀ ਹਾਜ਼ਰ ਸਨ।

# ਸਰਕਾਰਾਂ ਦੀਆਂ ਮਾਰੂ ਨੀਤੀਆਂ ਖਿਲਾਫ ਜਨ-ਸੰਗਰਾਮ ਪ੍ਰਚੰਡ ਕਰਨ ਦਾ ਸੱਦਾ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਸਥਾਨਕ ਸ੍ਰੀ ਹਨੂੰਮਾਨ ਮੰਦਰ ਵਿਖੇ ਸਰਵਸਾਥੀ ਆਤਮਾ ਰਾਮ ਸਰਦੂਲਗੜ੍ਹ, ਮੰਗਤ ਰਾਮ ਕਰੰਡੀ, ਪਰਮਜੀਤ ਕੌਰ ਰੋੜਕੀ, ਦਯਾ ਰਾਮ ਦੀ ਪ੍ਰਧਾਨਗੀ ਹੇਠ ਜਨਤਕ ਜਥੇਬੰਦੀਆਂ ਦਾ ਸਾਂਝਾ ਮੰਚ (ਜੇਪੀਐੱਮਓ) ਦੀ ਤਹਿਸੀਲ ਪੱਧਰੀ ਕਨਵੈਨਸ਼ਨ ਸੱਦੀ ਗਈ। ਕਨਵੈਨਸ਼ਨ ਵਿੱਚ ਸੀਟੀਯੂ ਪੰਜਾਬ, ਦਿਹਾਤੀ ਮਜ਼ਦੂਰ ਸਭਾ, ਜਮਹੂਰੀ ਕਿਸਾਨ ਸਭਾ, ਪਸਸਫ 1406-22 ਬੀ ਚੰਡੀਗੜ੍ਹ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਪੰਜਾਬ ਸਟੂਡੈਂਟਸ ਫੈਡਰੇਸ਼ਨ, ਗੌਰਮਿੰਟ ਟੀਚਰ ਯੂਨੀਅਨ, ਸਫਾਈ ਸੇਵਕ ਯੂਨੀਅਨ, ਮਨਰੇਗਾ ਵਰਕਰ ਯੂਨੀਅਨ, ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਨੁਮਾਇੰਦੇ ਸ਼ਾਮਲ ਹੋਏ। ਮੁੱਖ ਬੁਲਾਰੇ, ਮੰਚ ਦੇ ਸੂਬਾਈ ਕੋ-ਆਰਡੀਨੇਟਰ ਸਾਥੀ ਮਹੀਪਾਲ ਨੇ ਕੇਂਦਰੀ ਤੇ ਸੂਬਾਈ ਸਰਕਾਰਾਂ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਨੀਤੀਆਂ ਖਿਲਾਫ ਜਨ ਸੰਗਰਾਮ ਪ੍ਰਚੰਡ ਕਰਨ ਦਾ ਸੱਦਾ ਦਿੱਤਾ।

ਉਨ੍ਹਾਂ ਲੋਕਾਂ ਨੂੰ ਕੁਰਾਹੇ ਪਾ ਰਹੀਆਂ ਫਿਰਕੂ-ਫਾਸ਼ੀ ਵੰਡਵਾਦੀ ਤਾਕਤਾਂ ਨੂੰ ਭਾਂਜ ਦੇਣ ਦੀ ਵੀ ਅਪੀਲ ਕੀਤੀ। ਲਾਲ ਚੰਦ ਸਰਦੂਲਗੜ੍ਹ, ਗੁਰਦਾਸ ਸਿੰਘ ਰਾਇਪੁਰ, ਗੁਰਦੇਵ ਸਿੰਘ ਲੋਹਗੜ੍ਹ ਨੇ ਵੀ ਵਿਚਾਰ ਰੱਖੇ। ਮੰਚ ਸੰਚਾਲਕ ਦੇ ਫਰਜ਼ ਸਾਥੀ ਦਰਸ਼ਨ ਸਿੰਘ ਜਟਾਣਾ ਨੇ ਬਾਖੂਬੀ ਨਿਭਾਏ। ਇਸ ਮੌਕੇ ਸਰਵਸੰਮਤੀ ਨਾਲ ਪ੍ਰਵਾਨ ਕੀਤੇ ਇਕ ਮਤੇ ਰਾਹੀਂ ਕੇਂਦਰੀ ਟਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾਂ ਨੇ 9 ਜੁਲਾਈ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ 'ਚ ਵਧ-ਚੜ੍ਹ ਕੇ ਸ਼ਾਮਲ ਹੋਣ ਦਾ ਨਿਰਣਾ ਲਿਆ। ਜੁਲਾਈ ਦੇ ਦੂਜੇ ਹਫਤੇ ਬਠਿੰਡਾ ਵਿਖੇ ਹੋਣ ਜਾ ਰਹੀ ਮਨਰੇਗਾ ਮਜ਼ਦੂਰਾਂ ਦੀ ਕਨਵੈਨਸ਼ਨ ਵਿੱਚ ਵਿਸ਼ਾਲ ਜੱਥਾ ਭੇਜਣ ਤੇ 3 ਜੁਲਾਈ ਨੂੰ ਸਫਾਈ ਸੇਵਕਾਂ ਵੱਲੋਂ ਸਰਦੂਲਗੜ੍ਹ ਵਿਖੇ ਕੀਤੇ ਜਾ ਰਹੇ ਰੋਸ ਮਜ਼ਾਹਰੇ 'ਚ ਵੀ ਭਰਵਾਂ ਹਿੱਸਾ ਪਾਉਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਪੁਲਸ ਹਿਰਾਸਤ ਵਿੱਚ ਤਸੀਹੇ ਦੇ ਕੇ ਮਾਰੇ ਗਏ ਗੋਨਿਆਣਾ ਮੰਡੀ ਦੇ ਅਧਿਆਪਕ ਨੂੰ ਇਨਸਾਫ ਦਿਵਾਉਣ ਲਈ 6 ਜੂਨ ਨੂੰ ਬਠਿੰਡਾ ਵਿਖੇ ਕੀਤੀ ਜਾਣ ਵਾਲੀ ਰੋਸ ਰੈਲੀ ਦੀ ਡਟਵੀਂ ਹਮਾਇਤ ਕਰਨ ਦਾ ਐਲਾਨ ਕੀਤਾ ਗਿਆ। ਇਸ ਮੌਕੇ ਸਰਵਸੰਮਤੀ ਨਾਲ ਗੁਰਦਾਸ ਸਿੰਘ ਰਾਇਪੁਰ, ਦਰਸ਼ਨ ਸਿੰਘ ਜਟਾਣਾ, ਦਇਆ ਰਾਮ, ਆਤਮ ਰਾਮ, ਲਾਲ ਚੰਦ, ਗੁਰਦੇਵ ਸਿੰਘ ਲੋਹਗੜ੍ਹ, ਮਨਦੀਪ ਸਿੰਘ 'ਤੇ ਅਧਾਰਤ ਤਾਲਮੇਲ ਕਮੇਟੀ ਚੁਣੀ ਗਈ। ਇਸ ਮੌਕੇ ਦੋਧੀ ਯੂਨੀਅਨ ਵੱਲੋਂ ਚਾਹ ਦਾ ਲੰਗਰ ਲਗਾਇਆ ਗਿਆ।

2- June - Page - 6.qxd 6/1/2025 9:10 PM Page 1



# ਪਟਿਆਲਾ-ਸਰਹਿੰਦ ਬਾਈਪਾਸ 'ਤੇ ਨਜਾਇਜ਼ ਕਬਜ਼ਿਆਂ ਨਾਲ ਟ੍ਰੈਫਿਕ ਸਮੱਸਿਆ ਬਣੀ ਗੰਭੀਰ



**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪਟਿਆਲਾ ਬੱਸ ਸਟੈਂਡ ਤੋਂ ਡੀ. ਐਮ. ਡਬਲਿਊ ਰਾਹੀਂ ਸਰਹਿੰਦ ਰੋਡ ਤੱਕ ਜਾ ਰਹੇ ਬਾਈਪਾਸ ਦੀ ਸੜਕ 'ਤੇ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਸੜਕ ਤੇ ਨਜਾਇਜ਼ ਕਬਜ਼ਿਆਂ ਦੀ ਭਰਮਾਰ ਗੰਭੀਰ ਹੋਈ ਹੈ, ਜਿਸ ਕਾਰਨ ਇਸ ਬਾਈਪਾਸ ਵਾਲੀ ਸੜਕ ਤੇ ਦਿਨੋਂ ਦਿਨ ਲੱਗ ਰਹੇ ਟ੍ਰੈਫਿਕ ਜਾਮ ਤੇ ਇਨ੍ਹਾਂ ਨਜਾਇਜ਼ ਕਬਜ਼ਿਆਂ ਕਾਰਨ ਟ੍ਰੈਫਿਕ ਸਮੱਸਿਆ ਦਿਨੋ-ਦਿਨ ਗੰਭੀਰ ਹੁੰਦੀ ਜਾ ਰਹੀ ਹੈ ਤੇ ਰਾਹਗੀਰਾਂ ਨੂੰ ਭਾਰੀ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਟਿਆਲਾ ਦੇ ਨਵੇਂ ਬੱਸ ਸਟੈਂਡ ਤੋਂ ਪਟਿਆਲਾ-ਸਰਹਿੰਦ ਬਾਈਪਾਸ ਨੂੰ ਜਾਣ ਵਾਲੀ ਸੜਕ ਤੇ ਨਵੇਂ ਬੱਸ ਸਟੈਂਡ ਦੇ ਬਣਨ ਨਾਲ ਟ੍ਰੈਫਿਕ ਵਿਚ ਬਹੁਤ ਵਾਧਾ ਹੋ ਗਿਆ ਹੈ, ਕਿਉਂਕਿ ਇਸ ਸੜਕ ਨੂੰ ਪ੍ਰਸ਼ਾਸਨ ਵਲੋਂ ਟ੍ਰੈਫਿਕ ਅਨੁਸਾਰ ਨਾ ਤਾਂ ਚੌੜਾ ਕੀਤਾ ਗਿਆ ਤੇ ਨਾ ਹੀ ਸੜਕ ਤੇ ਡਿਵਾਈਡਰ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਕਿਸੇ ਨੇ ਇਸ ਸੜਕ ਦੇ ਦੋਵੇਂ ਪਾਸੇ 100-100 ਫੁੱਟ ਤੱਕ ਲੋਕਾਂ ਵੱਲੋਂ ਕੀਤੇ ਗਏ ਨਜਾਇਜ਼ ਕਬਜ਼ਿਆਂ ਨੂੰ ਹਟਾਇਆ ਗਿਆ ਹੈ।ਇਸ ਬਾਈਪਾਸ ਵਾਲੀ ਸੜਕ ਦੇ ਦੋਵੇਂ ਪਾਸੇ ਜਿਥੇ ਦੁਕਾਨਦਾਰਾਂ ਨੇ ਇੱਟਾਂ-ਬੱਜਰੀ, ਮਿੱਟੀ ਤੇ ਰੇਤੇ ਦੇ ਢੇਰ ਲਾ ਕੇ ਅਤੇ ਟਿੱਪਰ ਅਤੇ ਟਰੱਕ ਖੜ੍ਹੇ ਕਰ ਕੇ ਨਜਾਇਜ਼ ਕਬਜ਼ਾ ਕਰ ਰੱਖਿਆ ਹੈ, ਉਥੇ ਇਕ ਦਰਜਨ ਦੇ ਕਰੀਬ ਪ੍ਰਵਾਸੀਆਂ ਵਲੋਂ ਨਰਸਰੀਆਂ ਖੋਲ੍ਹ ਰੱਖੀਆਂ ਹਨ। ਇਨ੍ਹਾਂ ਲੋਕਾਂ ਵੱਲੋਂ ਸੜਕ ਦੇ ਦੋਵੇਂ ਪਾਸੇ ਖਾਲੀ ਪਈਆਂ ਥਾਂਵਾਂ 'ਤੇ ਨਜਾਇਜ਼ ਕਬਜ਼ਾ ਕਰਕੇ ਬੂਟੇ, ਗਮਲੇ, ਇੱਟਾਂ, ਬੱਜਰੀ, ਰੇਤਾ ਰੱਖ ਕੇ ਸ਼ਰੇਆਮ ਕਾਨੂੰਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਮਿਲੇ ਵੇਰਵਿਆਂ ਅਨੁਸਾਰ ਇਹ ਸੜਕ ਪੀ. ਡਬਲਿਊ. ਡੀ. ਤੇ ਜੰਗਲਾਤ ਵਿਭਾਗ ਅਧੀਨ ਆਉਂਦੀ ਹੈ, ਇਹ ਵੀ ਪਤਾ ਲੱਗਾ ਹੈ ਕਿ ਇਸ ਵਿਭਾਗ ਦੇ ਕੁਝ ਕਰਮਚਾਰੀ ਸੜਕ 'ਤੇ ਰੇਤੇ, ਬੱਜਰੀ ਅਤੇ ਨਰਸਰੀਆਂ ਵਾਲਿਆਂ ਤੋਂ ਕਥਿਤ ਤੌਰ ਤੇ ਪ੍ਰਤੀ ਮਹੀਨਾ ਉਗਰਾਹੀ ਕਰਕੇ ਸਰਕਾਰ ਦੇ ਖ਼ਜ਼ਾਨੇ ਨੂੰ ਲੱਖਾਂ ਰੁਪਏ ਦਾ ਚੂਨਾ ਲਾ ਰਹੇ ਹਨ, ਜਦੋਂਕਿ ਇਨ੍ਹਾਂ ਨਜਾਇਜ਼ ਕਬਜ਼ਿਆਂ ਕਾਰਨ ਲੋਕਾਂ ਨੂੰ ਇਸਦਾ ਭਾਰੀ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ।

ਉਪਰੋਕਤ ਸੜਕ 'ਤੇ ਵੱਖ ਵੱਖ ਥਾਂਵਾਂ 'ਤੇ ਵੱਖ-ਵੱਖ ਦੁਕਾਨਦਾਰਾਂ ਨਾਲ ਕੀਤੇ ਗਏ ਨਜਾਇਜ਼ ਕਬਜ਼ਿਆਂ ਨੂੰ ਤੁਰੰਤ ਹਟਾਏ ਜਾਣ ਦੀ ਮੰਗ ਕਰਦਿਆਂ ਲੋਕਾਂ ਨੇ ਕਿਹਾ ਕਿ ਆਖਰ ਸਬੰਧਤ ਵਿਭਾਗ ਇਨ੍ਹਾਂ ਵੱਲ ਧਿਆਨ ਕਿਉਂ ਨਹੀਂ ਦਿੰਦਾ, ਕਿਉਂਕਿ ਜਦੋਂ ਇਹ ਪੁਰਾਣੇ ਹੋ ਜਾਂਦੇ ਹਨ ਤਾਂ ਫਿਰ ਪੱਕਾ ਕਬਜ਼ਾ ਹੀ ਕਰ ਲੈਂਦੇ ਹਨ।

# ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਵਿਸ਼ੇਸ਼ ਸਮਾਗਮ



**ਜਗਰਾਉਂ (ਅਮਿਤ ਖੰਨਾ)** ਸ਼ਿਵਾਲਿਕ ਮਾਡਲ ਸਕੂਲ ਵਿੱਚ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦਿਹਾੜੇ ਨੂੰ ਸਮਰਪਤ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਗੁਰੂ ਸਾਹਿਬ ਦੇ ਉੱਚ ਆਦਰਸ਼ਾਂ ਤੇ ਉਨ੍ਹਾਂ ਦੀ ਅਮਰ ਸ਼ਹੀਦੀ ਨੂੰ ਯਾਦ ਕਰਦਿਆਂ ਗੁਰਬਾਣੀ ਉਚਾਰਣ, ਕਵਿਤਾਵਾਂ ਤੇ ਭਾਵਨਾਤਮਕ ਭਾਸ਼ਣ ਰਾਹੀਂ ਉਨ੍ਹਾਂ ਦੀ ਜੀਵਨ ਯਾਤਰਾ ਨੂੰ ਸਾਕਾਰ ਕੀਤਾ।ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ, ਜਿਸ ਨੇ ਪੂਰੇ ਮਾਹੌਲ ਨੂੰ ਆਧਿਆਤਮਿਕਤਾ ਨਾਲ ਭਰ ਦਿੱਤਾ।ਵਿਦਿਆਰਥੀਆਂ ਵੱਲੋਂ ਗੁਰੂ ਜੀ ਦੀ ਜ਼ਿੰਦਗੀ, ਉਨ੍ਹਾਂ ਦੀ ਕੁਰਬਾਨੀ ਤੇ ਮਨੁੱਖਤਾ ਦੀ ਭਲਾਈ ਲਈ ਕੀਤੇ ਯਤਨਾਂ 'ਤੇ ਰੋਸ਼ਨੀ ਪਾਈ ਗਈ।ਸਮਾਗਮ ਦੌਰਾਨ ਉਲੇਖ ਕੀਤਾ ਗਿਆ ਕਿ ਗੁਰੂ ਅਰਜਨ ਦੇਵ ਜੀ ਨੇ ਆਪਣੇ ਉੱਤੇ ਹੋ ਰਹੇ ਅਨਿਆਂ ਦੁੱਖ ਸਹਿਣ ਕਰਕੇ ਵੀ ਸੱਚ ਦੀ ਰਾਹ ਨਹੀਂ ਛੱਡਿਆ। ਸਕੂਲ ਦੇ ਪ੍ਰਿੰਸੀਪਲ ਨੀਲਮ ਸ਼ਰਮਾ ਨੇ ਵਿਦਿਆਰਥੀਆਂ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਬੱਚਿਆਂ ਵਿੱਚ ਸਿਰਫ ਅਕਾਦਮਿਕ ਗਿਆਨ ਹੀ ਨਹੀਂ, ਸਗੋਂ ਉਨ੍ਹਾਂ ਦੇ ਅੰਦਰ ਮਨੁੱਖਤਾ, ਸਹਿਣਸ਼ੀਲਤਾ ਤੇ ਆਧਿਆਤਮਿਕਤਾ ਨੂੰ ਵੀ ਉਤਸ਼ਾਹਤ ਕਰ ਰਹੇ ਹਾਂ।ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਸਾਡੀ ਅਨਮੋਲ ਵਿਰਾਸਤ ਹੈ, ਜਿਸ ਤੋਂ ਸਾਨੂੰ ਹਰ ਰੋਜ਼ ਪ੍ਰੇਰਣਾ ਲੈਣੀ ਚਾਹੀਦੀ ਹੈ।ਇਹ ਸਮਾਗਮ ਨਾ ਸਿਰਫ ਇੱਕ ਸਿੱਖ ਇਤਿਹਾਸਕ ਦਿਹਾੜਾ ਸੀ, ਸਗੋਂ ਇੱਕ ਆਤਮਿਕ ਜਾਗਰੂਕਤਾ ਦਾ ਮੌਕਾ ਵੀ ਸੀ, ਜਿਸ ਨੇ ਹਰ ਹਾਜ਼ਰ ਵਿਅਕਤੀ ਦੇ ਮਨ ਨੂੰ ਛੋਹ ਲਿਆ।

# ਹਵਾ ਦੀ ਸ਼ੁੱਧਤਾ ਨੂੰ ਤੁਰੰਤ ਜਾਂਚ ਸਕਣ ਵਾਲਾ ਉਪਕਰਣ ਕੀਤਾ ਵਿਕਸਤ

**ਭਾਰਤ ਸਰਕਾਰ ਤੋਂ ਪੇਟੈਂਟ ਹੋਇਆ ਪ੍ਰਾਪਤ**



**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪੰਜਾਬੀ ਯੂਨੀਵਰਸਿਟੀ ਲਈ ਮਾਣ ਵਾਲੀ ਗੱਲ ਹੈ ਕਿ ਯੂਨੀਵਰਸਿਟੀ ਦੇ ਇੱਕ ਖੋਜਾਰਥੀ ਵੱਲੋਂ ਵਿਕਸਤ ਕੀਤੇ ਗਏ ਹਵਾ ਦੀ ਸ਼ੁੱਧਤਾ/ਗੁਣਵੱਤਾ ਦੇ ਪੱਧਰ ਨੂੰ ਤੁਰੰਤ ਮਾਪ ਸਕਣ ਵਾਲੇ ਇੱਕ ਵਿਸ਼ੇਸ਼ ਯੰਤਰ ਨੂੰ ਭਾਰਤ ਸਰਕਾਰ ਤੋਂ ਪੇਟੈਂਟ ਹਾਸਲ ਹੋ ਗਿਆ ਹੈ।ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਤੇ ਇੰਜਨੀਅਰਿੰਗ ਵਿਭਾਗ ਤੋਂ ਪੀ-ਐੱਚ.ਡੀ. ਕਰ ਰਹੇ ਖੋਜਾਰਥੀ ਬਚਨਦੀਪ ਸਿੰਘ ਭੱਠਲ ਨੇ 'ਰੀਅਲ ਟਾਈਮ ਏਅਰ ਕੁਆਲਿਟੀ ਇੰਡੈਕਸ ਡਿਟੈਕਟਰ' ਨਾਮਕ ਇਹ ਉਪਕਰਣ ਡਿਜ਼ਾਇਨ ਕੀਤਾ ਹੈ, ਜਿਸ ਦੀ ਮਦਦ ਨਾਲ ਹਵਾ ਦੀ ਗੁਣਵੱਤਾ ਨੂੰ ਤੁਰੰਤ ਚੈੱਕ ਕੀਤਾ ਜਾ ਸਕਦਾ ਹੈ।ਯੂਨੀਵਰਸਿਟੀ ਵਿਖੇ ਉਹ ਡਾ. ਗੌਰਵ ਗੁਪਤਾ ਤੇ ਬਠਿੰਡਾ ਤੋਂ ਡਾ. ਬਲਜੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਆਪਣਾ ਪੀ-ਐੱਚ.ਡੀ. ਖੋਜ ਕਾਰਜ ਕਰ ਰਿਹਾ ਹੈ।ਜ਼ਿਕਰਯੋਗ ਹੈ ਕਿ ਇਸ ਖੋਜ ਵਿੱਚ ਡਾ. ਗੁਰਜੀਤ ਸਿੰਘ ਭੱਠਲ ਤੇ ਡਾ. ਪ੍ਰਿਯੰਕਾ ਗੁਪਤਾ ਦਾ ਵੀ ਯੋਗਦਾਨ ਰਿਹਾ ਹੈ। ਬਚਨਦੀਪ ਸਿੰਘ ਭੱਠਲ ਨੇ ਦੱਸਿਆ ਕਿ ਡਿਜ਼ਾਇਨ ਕੀਤੇ ਗਏ ਇਸ ਵਿਸ਼ੇਸ਼ ਉਪਕਰਣ ਦੀ ਖਾਸੀਅਤ ਇਹ ਹੈ ਕਿ ਇਹ ਵਰਤੋਂਕਾਰਾਂ ਲਈ ਆਸਾਨ ਹੈ ਤੇ ਕਿਸੇ ਵੀ ਇੰਡੋਰ ਭਾਵ ਬੰਦ ਜਗ੍ਹਾ ਜਿਵੇਂ ਸਮਾਰਟ ਕਮਰਾ, ਹਸਪਤਾਲ, ਦਫ਼ਤਰ, ਸ਼ਾਪਿੰਗ ਮਾਲ, ਪਾਰਟੀ ਹਾਲ, ਬੇਸਮੈਂਟ, ਘਰ ਆਦਿ ਦੀ ਸੀਮਿਤ ਥਾਂ ਵਿਚਲੀ ਹਵਾ ਦੀ ਗੁਣਵੱਤਾ ਤੇ ਸ਼ੁੱਧਤਾ ਨੂੰ ਤੁਰੰਤ ਮਾਪ ਸਕਦਾ ਹੈ।

ਡਾ. ਗੌਰਵ ਗੁਪਤਾ ਨੇ ਦੱਸਿਆ ਕਿ ਉਪਕਰਣ ਦੀ ਇਸ ਖਾਸੀਅਤ ਦਾ ਲਾਭ ਇਹ ਹੈ ਕਿ ਕਿਸੇ ਵੀ ਥਾਂ ਉੱਤੇ ਹਵਾ ਦੀ ਗੁਣਵੱਤਾ ਬਾਰੇ ਤੁਰੰਤ ਪਤਾ ਲੱਗਣ ਨਾਲ ਉਸ ਨੂੰ ਠੀਕ ਕਰਨ ਜਾਂ ਉਸ ਦੇ ਬਦਲ ਵਜੋਂ ਕੋਈ ਢੰਗ ਵਿਉਂਤੇ ਜਾਣ ਦੇ ਉਪਰਾਲੇ ਸੰਭਵ ਹੋ ਸਕਦੇ ਹਨ।ਅਜਿਹਾ ਹੋਣ ਨਾਲ ਸਬੰਧਤ ਖੇਤਰ ਵਿਚਲੇ ਲੋਕਾਂ ਦੀ ਸਿਹਤ ਉੱਤੇ ਪੈਣ ਵਾਲੇ ਮਾੜੇ ਅਸਰਾਂ ਤੋਂ ਬਚਿਆ ਜਾ ਸਕਦਾ ਹੈ।

ਡਾ. ਬਲਜੀਤ ਸਿੱਧੂ ਨੇ ਦੱਸਿਆ ਕਿ ਆਮ ਰਵਾਇਤੀ ਕਿਸਮ ਦੇ ਏਅਰ ਕੁਆਲਿਟੀ ਸਿਸਟਮ ਨਾਲੋਂ ਇਸ ਉਪਕਰਣ ਦਾ ਇਹ ਫ਼ਰਕ ਹੈ ਕਿ ਇਸ ਨੂੰ ਵਿਸ਼ੇਸ਼ ਤੌਰ ਉੱਤੇ ਬੰਦ ਥਾਵਾਂ ਦੀ ਹਵਾ ਜਾਂਚਣ ਲਈ ਡਿਜ਼ਾਇਨ ਕੀਤਾ ਗਿਆ ਹੈ।ਇਸ ਰਾਹੀਂ ਰੀਅਲ-ਟਾਈਮ ਭਾਵ ਉਸੇ ਸਮੇਂ ਤੁਰੰਤ ਪਤਾ ਲਗਾਇਆ ਜਾ ਸਕਦਾ ਹੈ ਕਿ ਹਵਾ ਦੀ ਸ਼ੁੱਧਤਾ ਦਾ ਮਿਆਰ/ਪੱਧਰ ਕੀ ਹੈ।ਤੁਰੰਤ ਅਜਿਹਾ ਪਤਾ ਲੱਗਣ ਨਾਲ ਹਵਾ ਨੂੰ ਸ਼ੁੱਧ ਕਰਨ ਜਾਂ ਨਿਕਾਸੀ ਆਦਿ ਦੇ ਪ੍ਰਬੰਧ ਕਰਨੇ ਆਸਾਨ ਹੋ ਸਕਦੇ ਹਨ।ਉਨ੍ਹਾਂ ਦੱਸਿਆ ਕਿ ਇਹ ਇੱਕ ਥਾਂ ਤੋਂ ਦੂਜੀ ਥਾਂ ਲਿਜਾਏ ਜਾ ਸਕਣ ਦੀ ਸਹੂਲਤ ਨਾਲ ਸੰਪੰਨ ਬਿਹਤਰ ਡਿਜ਼ਾਇਨ ਵਾਲਾ ਉਪਕਰਣ ਹੈ।

ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਇਸ ਪ੍ਰਾਪਤੀ ਲਈ ਖੋਜਾਰਥੀ ਬਚਨਦੀਪ ਸਿੰਘ ਭੱਠਲ ਅਤੇ ਉਸ ਦੇ ਨਿਗਰਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀ ਖੋਜ ਅਤੇ ਅਜਿਹੀਆਂ ਕਾਢਾਂ ਦੇ ਜੀਵਨ ਪੱਧਰ ਨੂੰ ਸਰਲ ਅਤੇ ਬਿਹਤਰ ਬਣਾਉਣ ਵਿੱਚ ਮਦਦਗਾਰ ਸਾਬਤ ਹੋਣ ਵਾਲੀਆਂ ਖੋਜਾਂ ਕਰਨਾ ਉਸ ਅਦਾਰੇ ਦੀ ਸਮਰੱਥਾ ਦੇ ਨਾਲ ਉਸ ਦੀਆਂ ਤਰਜੀਹਾਂ ਬਾਰੇ ਵੀ ਗਵਾਹੀ ਭਰਦਾ ਹੈ।

# ਸੰਵਿਧਾਨ ਬਚਾਓ ਰੈਲੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗਾਂ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)-** ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਵੱਖ ਵੱਖ ਪਿੰਡਾਂ 'ਚ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਅਗਵਾਈ ਹੇਠ ਦੋ ਜੂਨ ਦੀ ਸੰਵਿਧਾਨ ਬਚਾਓ ਬਰਨਾਲਾ ਰੈਲੀ ਦੀ ਸਫਲਤਾ ਸਬੰਧੀ ਮੀਟਿੰਗਾਂ ਕਰਕੇ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ।ਇਹ ਜਾਣਕਾਰੀ ਕਾਂਗਰਸ ਪਾਰਟੀ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਕੋਆਰਡੀਨੇਟਰ ਗੁਰਮੇਲ ਸਿੰਘ ਮੌੜ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਲੋਕਾਂ ਵਿੱਚ ਕਾਂਗਰਸ ਪਾਰਟੀ ਪ੍ਰਤੀ ਪਾਏ ਜਾ ਰਹੇ ਉਤਸ਼ਾਹ ਸਦਕਾ ਬਰਨਾਲਾ ਰੈਲੀ ਦਾ ਰਿਕਾਰਡ ਤੋੜ ਇਕੱਠ ਆਪ ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗਾ।ਇਸ ਰੈਲੀ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜਨਰਲ ਸਕੱਤਰ ਕੈਪਟਨ ਸੰਦੀਪ ਸੰਧੂ, ਸੁਖੀ ਹੀ ਸਮੇਤ ਸੀਨੀਅਰ ਆਗੂ ਸੰਬੋਧਨ ਕਰਨਗੇ। ਇਸ ਮੌਕੇ ਜੁਗਿੰਦਰ ਸਿੰਘ, ਡਾ: ਗੁਰਪ੍ਰੀਤ ਸਿੰਘ, ਹਰਨੇਕ ਸਿੰਘ, ਗੁਰਚਰਨ ਸਿੰਘ, ਦਰਸ਼ਨ ਸਿੰਘ, ਅਵਤਾਰ ਸਿੰਘ, ਮਨੋਹਰ ਲਾਲ, ਹਰਬੰਸ ਸਿੰਘ, ਨਛੱਤਰ ਸਿੰਘ, ਗੁਰਪ੍ਰੀਤ ਸਿੰਘ ਆਦਿ ਆਗੂਆਂ ਨੇ ਪਰਵਾਰਾਂ ਸਮੇਤ 2 ਜੂਨ ਨੂੰ ਬਰਨਾਲਾ ਰੈਲੀ ਵਿੱਚ ਕਾਫਲੇ ਬੰਨ੍ਹ ਕੇ ਸ਼ਮੂਲੀਅਤ ਕਰਨ ਦਾ ਵਿਸ਼ਵਾਸ ਦਿਵਾਇਆ।

# ਕਾਂਗਰਸ ਵੱਲੋਂ ਸੰਵਿਧਾਨ ਬਚਾਓ ਰੈਲੀ ਆਯੋਜਿਤ

**ਜਲਾਲਾਬਾਦ, (ਜੀਤ ਕੁਮਾਰ)** ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਆਦੇਸ਼ਾਂ ਅਨੁਸਾਰ ਬਲਾਕ ਕਾਂਗਰਸ ਕਮੇਟੀ ਜਲਾਲਾਬਾਦ ਵੱਲੋਂ ਪੰਜਾਬ ਪ੍ਰਦੇਸ਼ ਤੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਬਾਰੇ ਜਾਗਰੂਕ ਕਰਨ ਲਈ ਅਤੇ ਸੰਵਿਧਾਨ ਬਚਾਓ ਰੈਲੀ ਦਾ ਆਯੋਜਨ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਘੁਬਾਇਆ (ਸਾਬਕਾ ਵਿਧਾਇਕ) ਦੀ ਪ੍ਰਧਾਨਗੀ ਹੇਠ ਕੀਤਾ ਗਿਆ, ਜਿਸ ਵਿੱਚ ਫ਼ਿਰੋਜ਼ਪੁਰ ਲੋਕ ਸਭਾ ਹਲਕੇ ਦੇ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ, ਸਾਬਕਾ ਮੰਤਰੀ ਸ਼੍ਰੀ ਹੰਸ ਰਾਜ ਜੋਸਨ, ਸਾਬਕਾ ਸੰਸਦ ਡਾ. ਮੋਹਨ ਸਿੰਘ ਫਲੀਆਂਵਾਲਾ, ਸਪੋਕਸਪਰਸਨ ਪੰਜਾਬ ਰੁਪਿੰਦਰ ਸਿੰਘ ਰੂਬੀ ਗਿੱਲ, ਰਜਿੰਦਰ ਕੌਰ ਇੰਚਾਰਜ ਬੱਲੂਆਣਾ, ਬਲਤੇਜ ਸਿੰਘ ਬਰਾੜ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਲੀਡਰ ਹਾਜ਼ਰ ਹੋਏ। ਸ਼ੇਰ ਸਿੰਘ ਘੁਬਾਇਆ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਲੰਮਾ ਸਮਾਂ ਦੇਸ਼ ਤੇ ਰਾਜ ਕੀਤਾ ਹੈ ਤੇ ਹਮੇਸ਼ਾ ਕਾਂਗਰਸ ਦੇ ਸਮੇਂ ਹੀ ਦੇਸ਼ ਦੀ ਤਰੱਕੀ ਹੋਈ ਹੈ ਤੇ ਹਰੇਕ ਵਰਗ ਦੇ ਲੋਕਾਂ ਦੇ ਮਸਲੇ ਹੱਲ ਹੋਏ ਹਨ। ਉਨ੍ਹਾਂ ਕਿਹਾ ਕਿ ਭਾਜਪਾ ਨੇ ਆਪਣੇ ਦਫ਼ਤਰਾਂ ਵਿੱਚ ਆਪਣੀ ਪਾਰਟੀ ਦਾ ਹੀ ਝੰਡਾ ਲਾਇਆ ਹੈ, ਇਸ ਲਈ ਉਹ ਕੇਵਲ ਤਿਰੰਗੇ ਦਾ ਬਣਦਾ ਸਨਮਾਨ ਨਹੀਂ ਕਰ ਸਕਦੇ ਤਾਂ ਉਹ ਦੇਸ਼ ਦੇ ਲੋਕਾਂ ਦਾ ਕੀ ਸਨਮਾਨ ਕਰਨਗੇ। ਭਾਜਪਾ ਦੇਸ਼ ਵਾਸੀਆਂ ਨੂੰ ਗੁਲਾਮੀ ਵੱਲ ਲੈ ਕੇ ਜਾਣਾ ਚਾਹੁੰਦੀ ਹੈ। ਇਸੇ ਲਈ ਦੇਸ਼ ਵਾਸੀਆਂ ਤੋਂ ਉਹਨਾਂ ਦੇ ਸੰਵਿਧਾਨਿਕ ਹੱਕ ਖੋਹਣ ਤੇ ਲੱਗੀ ਹੋਈ ਹੈ ਤਾਂ ਜੁ ਲੋਕ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਨੂੰ ਸਵਾਲ ਵੀ ਨਾ ਕਰ ਸਕਣ।

ਘੁਬਾਇਆ ਨੇ ਕਿਹਾ ਕਿ ਜਲਾਲਾਬਾਦ ਹਲਕੇ ਦੇ ਕਾਂਗਰਸੀ ਵਰਕਰਾਂ ਵੱਲੋਂ ਮਿਹਨਤ ਤੇ ਲਗਨ ਨਾਲ ਪਹਿਲਾਂ ਵੀ ਕਿਸੇ ਵਾਰੀ ਇਕ ਬਾਹਰੀ ਲੀਡਰ ਨੂੰ ਜਲਾਲਾਬਾਦ ਤੋਂ ਚੋਣ ਜਿਤਾਈ ਗਈ ਸੀ, ਪਰ ਉਕਤ ਲੀਡਰ ਨੇ ਲੀਡਰਾਂ ਦੇ ਨਾਲ ਨਾਲ ਵਰਕਰਾਂ ਵਿੱਚ ਵੀ ਆਪਸੀ ਫੁੱਟ ਪੁਆ ਦਿੱਤੀ। ਉਨ੍ਹਾਂ ਕਿਹਾ ਕਿ ਉਕਤ ਲੀਡਰ ਬਾਰੇ ਹੁਣ ਵੀ ਪਤਾ ਨਹੀਂ ਹੈ ਕਿ ਉਹ ਕਿਸ ਪਾਰਟੀ ਵਿਚ ਹੈ। ਸਾਬਕਾ ਜੰਗਲਾਤ ਮੰਤਰੀ ਹੰਸ ਰਾਜ ਜੋਸਨ ਨੇ ਸੰਬੋਧਿਤ ਕਰਦਿਆਂ ਕਿਹਾ ਕਿ ਹਿੰਦੁਸਤਾਨ ਦੇ ਸੰਵਿਧਾਨ ਨੂੰ ਖਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕਾਂ ਦੇ ਹਿੱਤ ਦੀ ਰਾਖੀ ਸਿਰਫ ਰਾਹੁਲ ਗਾਂਧੀ ਕਰ ਸਕਦੇ ਹਨ, ਕਿਉਂਕਿ ਉਹ ਆਮ ਲੋਕਾਂ ਵਿੱਚ ਆਮ ਬਣ ਕੇ ਹੀ ਵਿਚਰਦੇ ਹਨ ਤੇ ਸੁੱਖ-ਦੁੱਖ ਸਮਝਦੇ ਹਨ ਬੀਜੇਪੀ ਸਿਰਫ ਵਪਾਰਕ ਘਰਾਣਿਆਂ ਦੇ ਕਹਿਣ ਤੇ ਦੇਸ਼ ਦੇ ਲੋਕਾਂ ਨੂੰ ਸੰਵਿਧਾਨ ਤੋਂ ਵਾਂਝੇ ਕਰਨ ਵਿੱਚ ਲੱਗੀ ਹੋਈ ਹੈ।

# ਜਸਮਿੰਦਰ ਜੱਸੀ ਵਾਈਸ ਪ੍ਰੈਜ਼ੀਡੈਂਟ ਨਿਯੁਕਤ



**ਦੋਰਾਹਾ, (ਹਰਮਿੰਦਰ ਸੇਠ)-** ਹਿਊਮਨ ਰਾਈਟ ਕੌਂਸਲ ਇੰਡੀਆ ਦੀ ਇੱਕ ਵਿਸ਼ੇਸ਼ ਮੀਟਿੰਗ ਮਾਡਲ ਟਾਊਨ ਲੁਧਿਆਣਾ ਵਿਖੇ ਹੋਈ, ਜਿਸ ਵਿੱਚ ਅਵਤਾਰ ਰਾਜਪੂਤ ਪ੍ਰੈਜ਼ੀਡੈਂਟ ਆਫ ਇੰਡੀਆ, ਸੁਖਵੰਤ ਸਿੰਘ ਪੰਨੂ ਪ੍ਰੈਜ਼ੀਡੈਂਟ ਆਫ ਪੰਜਾਬ, ਮਨਜੂ ਕਪੂਰ ਵਾਈਸ ਪ੍ਰੈਜ਼ੀਡੈਂਟ ਆਫ ਇੰਡੀਆ, ਅਪਾਰ ਸਿੰਘ ਤੇ ਹੋਰਨਾਂ ਸ਼ਖਸੀਅਤਾਂ ਨੇ ਭਾਗ ਲਿਆ। ਮੀਟਿੰਗ 'ਚ ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਪਾਹਲਗਾਮ ਹਮਲੇ 'ਤੇ ਵੀ ਗੱਲ ਕੀਤੀ ਗਈ, ਜਿਸ ਤੋਂ ਬਾਅਦ 2 ਮਿੰਟ ਦਾ ਮੌਨ ਵੀ ਰੱਖਿਆ ਗਿਆ।ਇਸ ਮੌਕੇ ਨਵੀਆਂ ਨਿਯੁਕਤੀਆਂ ਵੀ ਕੀਤੀ ਗਈਆਂ।ਇਸ ਮੌਕੇ ਜਸਮਿੰਦਰ ਸਿੰਘ ਜੱਸੀ ਖੰਨਾ ਨੂੰ ਵਾਈਸ ਪ੍ਰੈਜ਼ੀਡੈਂਟ ਆਫ ਪੰਜਾਬ, ਅਵਤਾਰ ਸਿੰਘ ਰਾਜਗੜ੍ਹ ਨੂੰ ਪ੍ਰੈਜ਼ੀਡੈਂਟ ਆਫ ਪਾਇਲ, ਰੋਹਨਪ੍ਰੀਤ ਸਿੰਘ ਬੈਨੀਪਾਲ ਨੂੰ ਪ੍ਰੈਜ਼ੀਡੈਂਟ ਆਫ ਸਮਰਾਲਾ, ਰਾਜਿੰਦਰ ਸਿੰਘ ਨੂੰ ਪ੍ਰੈਜ਼ੀਡੈਂਟ ਆਫ ਪਟਿਆਲਾ, ਗੁਰਵੀਰ ਸਿੰਘ ਗੁਰੀ ਕੰਗ ਨੂੰ ਪ੍ਰੈਜ਼ੀਡੈਂਟ ਆਫ ਮੋਹਾਲੀ ਨਿਯੁਕਤ ਕੀਤਾ ਗਿਆ।ਇਸ ਸਾਰੀ ਮੀਟਿੰਗ ਦਾ ਪ੍ਰਬੰਧ ਐਡਵੋਕੇਟ ਗੁਰਿੰਦਰਪ੍ਰੀਤ ਸਿੰਘ ਤੇ ਜਸਮਿੰਦਰ ਸਿੰਘ ਜੱਸੀ ਖੰਨਾ ਨੇ ਕੀਤਾ।

# ਬਰਸਾਤੀ ਮੌਸਮ ਨੂੰ ਦੇਖਦੇ ਹੋਏ ਨਾਲਿਆਂ ਦੀ ਸਾਫ਼-ਸਫ਼ਾਈ ਲਈ ਟੀਮ ਗਠਿਤ



**ਬਾਘਾਪੁਰਾਣਾ, (ਮਨੀ ਸਿੰਗਲਾ)** ਬਰਸਾਤੀ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਤੇ ਸ਼ਹਿਰ ਅੰਦਰ ਸਾਫ਼-ਸਫ਼ਾਈ ਦੀ ਵਿਵਸਥਾ ਲੈ ਕੇ ਨਗਰ ਕੌਂਸਲ ਦੇ ਪ੍ਰਧਾਨ ਪਵਨ ਗੁਪਤਾ ਵੱਲੋਂ ਇੱਕ ਟੀਮ ਦਾ ਗਠਨ ਕੀਤਾ ਗਿਆ, ਜੋ ਸ਼ਹਿਰ ਅੰਦਰ ਵੱਡੇ ਨਾਲਿਆਂ ਦੇ ਇਲਾਵਾ ਨਾਲੀਆਂ ਦੀ ਸਾਫ਼-ਸਫ਼ਾਈ ਮੁਕੰਮਲ ਕਰਨ ਵਿਚ ਆਪਣਾ ਵਿਸ਼ੇਸ਼ ਧਿਆਨ ਦੇਵੇਗੀ। ਪ੍ਰਧਾਨ ਪਵਨ ਗੁਪਤਾ ਨੇ ਕਿਹਾ ਕਿ ਉਕਤ ਟੀਮ ਦਾ ਗਠਨ ਉਨ੍ਹਾਂ ਵੱਲੋਂ ਸ਼ਹਿਰ ਵਾਸੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਤੋਂ ਨਿਜਾਤ ਦਿਵਾਉਣ ਦੇ ਲਈ ਕੀਤਾ ਗਿਆ, ਕਿਉਂਕਿ ਬਰਸਾਤੀ ਦਿਨਾਂ ਵਿਚ ਜਦੋਂ ਕਦੇ ਮੀਂਹ ਪੈਂਦਾ ਹੈ ਤਾਂ ਨਾਲੇ ਓਵਰਫਲੋਅ ਹੋ ਜਾਂਦੇ ਹਨ, ਜਿਸ ਨਾਲ ਬਾਰਿਸ਼, ਨਾਲਿਆਂ ਤੇ ਨਾਲੀਆਂ ਦਾ ਪਾਣੀ ਗਲੀਆਂ ਵਿਚ ਇਕੱਠ ਹੋ ਜਾਂਦਾ ਹੈ, ਜਿਸ ਕਾਰਨ ਲੋਕਾਂ ਨੂੰ ਅਨੇਕਾਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਕਰਕੇ ਇਸ ਸਮੱਸਿਆ ਤੋਂ ਨਜਿੱਠਣ ਦੇ ਲਈ ਅੱਜ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਦਵਿੰਦਰ ਸਿੰਘ ਤੂਰ ਦੀ ਅਗਵਾਈ ਵਿਚ ਟੀਮ ਦਾ ਗਠਨ ਕੀਤਾ ਗਿਆ।ਇਸ ਮੌਕੇ ਵਾਰਡ ਨੰਬਰ ਦੇ ਕੌਂਸਲਰ ਮਨਦੀਪ ਕੱਕੜ, ਸੈਨਟਰੀ ਇੰਸਪੈਕਟਰ ਦੀਪਕ ਕੁਮਾਰ, ਮੇਟ ਮੰਗਲ ਸਿੰਘ, ਮੇਟ ਰਾਜ ਕੁਮਾਰ, ਮੇਟ ਪ੍ਰਿਪਾ ਸਿੰਘ, ਮੇਟ ਸਵਾਰਣ ਸਿੰਘ ਤੇ ਦਫ਼ਤਰੀ ਸਟਾਫ਼ ਵਿਚ ਸੰਦੀਪ ਕੁਮਾਰ ਅਤੇ ਵੀ ਹਾਜ਼ਰ ਸਨ।ਟੀਮ ਦੇ ਸਮੂਹ ਕਰਮਚਾਰੀਆਂ ਨੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਵੱਲੋਂ ਸ਼ਹਿਰ ਦੇ 15 ਵਾਰਡਾਂ ਦੇ ਵੱਡੇ ਨਾਲਿਆਂ ਸਮੇਤ ਨਾਲੀਆਂ ਦੀ ਸਫ਼ਾਈ ਗਰਾਊਂਡ ਲੈਵਲ ਤੇ ਕੀਤੀ ਜਾਵੇਗੀ ਤਾਂ ਜੁ ਸ਼ਹਿਰ ਵਾਸੀਆਂ ਨੂੰ ਬਾਰਿਸ਼ ਦੇ ਦਿਨਾਂ ਵਿਚ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਾ ਆਵੇ।ਪ੍ਰਧਾਨ ਪਵਨ ਗੁਪਤਾ ਅਤੇ ਨਗਰ ਕੌਂਸਲ ਦੀ ਟੀਮ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ਼ਹਿਰ ਦੀ ਸਾਫ਼-ਸਫ਼ਾਈ ਰੱਖਣ ਵਿਚ ਉਨ੍ਹਾਂ ਦਾ ਸਹਿਯੋਗ ਕਰਨ ਅਤੇ ਮੋਮੀ ਲਿਫ਼ਾਫ਼ਿਆਂ ਦੇ ਇਲਾਵਾ ਪਲਾਸਟਿਕ ਦੀਆਂ ਬੋਤਲਾਂ ਨਾਲੀਆਂ ਵਿੱਚ ਨਾ ਸੁੱਟਣ ਕਿਉਂਕਿ ਇਸ ਨਾਲ ਵੱਡੇ ਨਾਲੇ ਤੇ ਨਾਲੀਆਂ ਬਲੌਕਜ ਹੋ ਜਾਂਦੀਆਂ ਹਨ।

# ਗੁਰਦੁਆਰਾ ਸ੍ਰੀ ਦੂਖ-ਨਿਵਾਰਨ ਵਿਖੇ ਪੰਚਮੀ ਦਾ ਦਿਹਾੜਾ ਮਨਾਇਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)-** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖ-ਨਿਵਾਰਨ ਸਾਹਿਬ ਵਿਖੇ ਪੰਚਮੀ ਦੇ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਗੁਰੂ ਘਰ ਨਤਮਸਤਕ ਹੋਈਆਂ ਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ। ਇਸ ਦੌਰਾਨ ਜਿੱਥੇ ਸੰਗਤਾਂ ਨੇ ਗੁਰੂ ਘਰ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ, ਉੱਥੇ ਹੀ ਪੰਗਤ ਤੇ ਸੰਗਤ ਦਾ ਅਨੰਦ ਵੀ ਮਾਣਿਆ।ਤੜਕ ਸਵੇਰੇ ਕਵਾੜ ਖੁੱਲ੍ਹਣ ਮਗਰੋਂ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਪਵਿੱਤਰ ਦਿਹਾੜੇ ਮੌਕੇ ਗੁਰੂ ਘਰ ਦੇ ਦੀਵਾਨਾਂ ਵਿੱਚ ਨਿਰੰਤਰ ਗੁਰਬਾਣੀ ਪ੍ਰਵਾਹ ਚੱਲਿਆ। ਇਸ ਦੌਰਾਨ ਢਾਡੀ ਕਵੀਸ਼ਰੀ ਜਥਿਆਂ ਨੇ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਇਤਿਹਾਸ ਦੀ ਰੌਸ਼ਨੀ ਵਿੱਚ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ। ਧਾਰਮਿਕ ਦੀਵਾਨਾਂ ਵਿੱਚ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਗੁਰਦੁਆਰਾ ਪ੍ਰਬੰਧਕਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਜਿੱਥੇ ਪੰਚਮ ਪਾਤਸ਼ਾਹ ਦੀ ਸ਼ਹੀਦੀ ਦਾ ਜ਼ਿਕਰ ਕੀਤਾ, ਉੱਥੇ ਹੀ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ 350 ਸਾਲਾ ਸ਼ਹੀਦੀ ਦਿਹਾੜਾ ਅਤੇ ਦਸਮੇਸ਼ ਪਿਤਾ ਦੇ ਗੁਰਤਾਗੱਦੀ ਬਾਬਤ ਜਾਣੂੰ ਕਰਵਾਇਆ। ਉਨ੍ਹਾਂ ਕਿਹਾ ਕਿ ਅੱਜ ਬਹੁਤ ਸਾਰੀਆਂ ਅਜਿਹੀਆਂ ਤਾਕਤਾਂ ਹਨ, ਜੋ ਸਿੱਖ ਕੌਮ ਦਾ ਨੁਕਸਾਨ ਕਰਨਾ ਚਾਹੁੰਦੀਆਂ, ਇਤਿਹਾਸ ਨੂੰ ਤਰੋੜ ਮਰੋੜ ਕੇ ਪੇਸ਼ ਕਰਨਾ ਚਾਹੁੰਦੀਆਂ ਤਾਂ ਕਿ ਅਜੋਕੀ ਪੀੜ੍ਹੀ ਨੂੰ ਉਨ੍ਹਾਂ ਦੀ ਮਹਾਨ ਵਿਰਾਸਤ ਨਾਲੋਂ ਤੋੜਿਆ ਜਾ ਸਕੇ।ਪ੍ਰੋ. ਬਡੂੰਗਰ ਨੇ ਕਿਹਾ ਕਿ ਅਜੋਕੀ ਪੀੜ੍ਹੀ ਨੂੰ ਅਜਿਹੀਆਂ ਚਾਲਾਂ ਤੋਂ ਸੁਚੇਤ ਰਹਿਣਾ ਹੋਵੇਗਾ।ਇਸ ਦੌਰਾਨ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਢਾਡੀ ਕਵੀਸ਼ਰੀ ਜਥਿਆਂ ਨੂੰ ਸਿਰੋਪਾਉ ਭੇਟ ਕੀਤਾ ਤੇ ਸੰਗਤਾਂ ਧੰਨਵਾਦ ਕੀਤਾ ਗਿਆ।ਧਾਰਮਿਕ ਸਮਾਗਮ ਦੌਰਾਨ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ, ਐਡੀਸ਼ਨਲ ਮੈਨੇਜਰ ਜਸਵਿੰਦਰ ਸਿੰਘ, ਮੀਤ ਮੈਨੇਜਰ ਗੁਰਬਚਨ ਸਿੰਘ, ਅਕਾਊਂਟੈਂਟ ਗੁਰਮੀਤ ਸਿੰਘ, ਭਾਰਤੀ ਘੱਟ ਗਿਣਤੀ ਦਲਿਤ ਫ਼ਰੰਟ ਦੇ ਪ੍ਰਧਾਨ ਜੋਗਿੰਦਰ ਸਿੰਘ ਪੰਛੀ, ਪ੍ਰਚਾਰਕ ਅਵਤਾਰ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਹਜ਼ੂਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਤੇ ਸਟਾਫ਼ ਮੈਂਬਰ ਸ਼ਾਮਲ ਸਨ।

# ਚੇਅਰਮੈਨ ਦੀਦਾਰੇਵਾਲਾ ਨੇ ਸਰਪੰਚ ਨੂੰ ਸੌਂਪਿਆ 4 ਲੱਖ ਦਾ ਚੈੱਕ



**ਬਾਘਾ ਪੁਰਾਣਾ, (ਮਨੀ ਸਿੰਗਲਾ)** ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਹਰਮਨਜੀਤ ਸਿੰਘ ਦੀਦਾਰੇਵਾਲਾ ਹਲਕਾ ਬਾਘਾਪੁਰਾਣਾ ਅੰਦਰ ਕਾਫੀ ਸਰਗਰਮ ਹਨ ਤੇ ਆਏ ਦਿਨ ਹਲਕੇ ਦੇ ਪਿੰਡਾਂ ਵਿੱਚ ਜਾ ਕੇ ਪੰਚਾਇਤਾਂ ਦੇ ਇਲਾਵਾ ਸਕੂਲਾਂ ਦੀ ਦਿਸ਼ਾ ਦਸ਼ਾ ਸੁਧਾਰਨ ਲਈ ਵੀ ਰਾਸ਼ੀ ਦੇ ਚੈੱਕ ਵੀ ਦਿੱਤੇ ਜਾ ਚੁੱਕੇ ਹਨ।ਇਸੇ ਕੜੀ ਨੂੰ ਜਾਰੀ ਰੱਖਦਿਆਂ ਚੇਅਰਮੈਨ ਹਰਮਨਜੀਤ ਸਿੰਘ ਦੀਦਾਰੇਵਾਲਾ ਵੱਲੋਂ ਪੰਜਾਬ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਅਧੀਨ ਪੈਂਦੇ ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਨੂੰ ਪਿੰਡ ਦੀ ਧਰਮਸ਼ਾਲਾ ਦੇ ਨਵਨਿਰਮਾਣ ਦੇ ਲਈ ਚਾਰ ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ।ਹਰਮਨਜੀਤ ਸਿੰਘ ਦੀਦਾਰੇਵਾਲਾ ਨੇ ਕਿਹਾ ਕਿ ਉਸ ਵੱਲੋਂ ਆਪਣੇ ਚੇਅਰਮੈਨੀ ਦੇ ਕੋਟੇ ਵਿਚ ਇਹ ਰਾਸ਼ੀ ਪਿੰਡ ਦੇ ਸਰਪੰਚ ਰਾਜਾ ਮੱਲਕੇ ਨੂੰ ਸੌਂਪੀ ਗਈ ਅਤੇ ਇਸ ਤੋਂ ਪਹਿਲਾਂ ਵੀ ਉਹ ਹਲਕੇ ਦੇ ਕਈ ਪਿੰਡਾਂ ਨੂੰ ਆਪਣੇ ਅਖਤਿਆਰੀ ਕੋਟੇ ਵਿੱਚ ਰਾਸ਼ੀ ਮੁਹੱਈਆ ਕਰਾ ਚੁੱਕੇ ਹਨ।ਉਨ੍ਹਾਂ ਪਿੰਡ ਮੱਲਕੇ ਦੇ ਸਰਪੰਚ ਰਾਜਾ ਵੱਲੋਂ ਪਿੰਡ ਵਿਚ ਕੀਤੇ ਜਾ ਰਹੇ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਸਰਬਪੱਖੀ ਵਿਕਾਸ ਦੀ ਸ਼ਲਾਘਾ ਵੀ ਕੀਤੀ ਤੇ ਕਿਹਾ ਕਿ ਉਹ ਆਉਂਦੇ ਦਿਨਾਂ ਵਿਚ ਪਿੰਡ ਮੱਲਕੇ ਦੇ ਸਰਬਪੱਖੀ ਵਿਕਾਸ ਦੇ ਲਈ ਪਿੰਡ ਦੇ ਸਰਪੰਚ ਨੂੰ ਆਪਣੇ ਅਖਤਿਆਰੀ ਕੋਟੇ ਵਿਚ ਹੋਰ ਵੀ ਰਾਸ਼ੀ ਮੁਹੱਈਆ ਕਰਾਈ ਜਾਵੇਗੀ। ਇਸ ਮੌਕੇ ਸਰਪੰਚ ਰਾਜਾ ਨੇ ਚੇਅਰਮੈਨ ਹਰਮਨਜੀਤ ਸਿੰਘ ਦੀਦਾਰੇਵਾਲਾ ਦਾ ਧਰਮਸ਼ਾਲਾ ਦੇ ਨਵੀਨੀਕਰਨ ਲਈ ਸੌਂਪੇ ਗਏ 4 ਲੱਖ ਦੇ ਚੈੱਕ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

# ਸ਼ਹੀਦ ਬੀਬੀ ਕਿਰਨਜੀਤ ਕੌਰ ਸਕੂਲ ਦੀ ਮੈਨੇਜਮੈਂਟ ਕਮੇਟੀ ਦੀ ਚੋਣ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)-** ਸ਼ਹੀਦ ਬੀਬੀ ਕਿਰਨਜੀਤ ਕੌਰ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਮਹਿਲ ਕਲਾਂ ਵਿੱਚ ਸਕੂਲ ਮੈਨੇਜਮੈਂਟ ਕਮੇਟੀ ਦੀ ਚੋਣ ਪ੍ਰਿੰਸੀਪਲ ਰਜਿੰਦਰਪਾਲ ਸਿੰਘ ਦੀ ਅਗਵਾਈ ਹੇਠ ਵਿਦਿਆਰਥੀਆਂ ਦੇ ਮਾਪਿਆਂ, ਦੋਵੇਂ ਗ੍ਰਾਮ ਪੰਚਾਇਤਾਂ, ਵੱਖ-ਵੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਸਰਬਸੰਮਤੀ ਨਾਲ ਹੋਈ।ਚੋਣ ਦੌਰਾਨ ਚੇਅਰਮੈਨ ਅਮਨਦੀਪ ਸਿੰਘ ਤੇ ਮਨਜੀਤ ਸਿੰਘ ਨੂੰ ਵਾਇਸ ਚੇਅਰਮੈਨ ਚੁਣਿਆ ਗਿਆ, ਜਦਕਿ ਮੈਨੇਜਮੈਂਟ ਕਮੇਟੀ ਮੈਂਬਰ ਵਜੋਂ ਰੇਸ਼ਮ ਸਿੰਘ, ਗੁਰਸੇਵਕ ਸਿੰਘ, ਗੁਰਮੀਤ ਕੌਰ, ਸੁਖਪਾਲ ਕੌਰ, ਅਕੀ ਕੌਰ, ਦਵਿੰਦਰਪਾਲ ਕੌਰ, ਪਰਮਜੀਤ ਕੌਰ, ਸੰਤੋਸ਼ ਮਿਸ਼ਰਾ, ਸਰਬਜੀਤ ਸਿੰਘ ਤੇ ਗੁਰਪ੍ਰੀਤ ਸਿੰਘ ਨੂੰ ਚੁਣਿਆ ਗਿਆ।ਇਸ ਮੌਕੇ ਪੰਚ ਮਨਜੀਤ ਸਿੰਘ, ਸਿੱਖਿਆ ਸ਼ਾਸਤਰੀ ਹਰਮੇਲ ਸਿੰਘ ਮਠਾੜੂ, ਵਿਜੇ ਕੁਮਾਰ ਤੇ ਅਧਿਆਪਕ ਜਗਦੀਪ ਸਿੰਘ ਨੇ ਚੋਣ ਦੀ ਪ੍ਰਵਾਨਗੀ ਦਿੱਤੀ।ਪ੍ਰਿੰਸੀਪਲ ਰਜਿੰਦਰਪਾਲ ਸਿੰਘ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਸਰਪੰਚ ਕਿਰਨਾ ਰਾਣੀ, ਨੌਜਵਾਨ ਆਗੂ ਅਰੁਣ ਕੁਮਾਰ ਬਾਂਸਲ ਨੇ ਨਵੀਂ ਕਮੇਟੀ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਨਵੇਂ ਚੁਣੇ ਚੇਅਰਮੈਨ ਅਮਨਦੀਪ ਸਿੰਘ ਤੇ ਵਾਇਸ ਚੇਅਰਮੈਨ ਮਨਜੀਤ ਸਿੰਘ ਨੇ ਪਿੰਡ ਵਾਸੀਆਂ, ਦੋਵੇਂ ਗ੍ਰਾਮ ਪੰਚਾਇਤਾਂ ਤੇ ਸਕੂਲ ਸਟਾਫ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦੁਆਇਆ ਕਿ ਉਹ ਆਪਣੀ ਜ਼ਿੰਮੇਵਾਰੀ ਇਮਾਨਦਾਰੀ, ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਨਵੀਂ ਚੁਣੀ ਕਮੇਟੀ ਤੇ ਪ੍ਰਬੰਧਕਾਂ ਵੱਲੋਂ ਸਕੂਲ ਮੈਨੇਜਮੈਂਟ ਕਮੇਟੀ ਦੇ ਸਾਬਕਾ ਚੇਅਰਮੈਨ ਭਾਈ ਜਗਸੀਰ ਸਿੰਘ ਖਾਲਸਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਦਿਆਂ ਉਨ੍ਹਾਂ ਵੱਲੋਂ ਨਿਭਾਈਆਂ ਅਣਥੱਕ ਸੇਵਾਵਾਂ ਦੀ ਸ਼ਲਾਘਾ ਕੀਤੀ।ਇਸ ਸਮੇ ਮਾ: ਤਰਲੋਕ ਸਿੰਘ, ਗੁਰਚਰਨ ਸਿੰਘ ਆਦਿ ਹਾਜ਼ਰ ਸਨ।



ਨਿਹਾਲ ਸਿੰਘ ਵਾਲਾ ਦੇ ਮੇਨ ਚੌਕ ਵਿੱਚ ਮੀਟਰ ਦੇ ਖੁੱਲ੍ਹੇ ਬਕਸੇ ਦੇ ਰਹੇ ਨੇ ਮੌਤ ਨੂੰ ਸੱਦਾ। ਐੱਸ ਡੀ ਓ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਜੇ ਈ ਨੂੰ ਕਹਿ ਕੇ ਇਸ ਖੁੱਲ੍ਹੇ ਹੋਏ ਮੀਟਰ ਦੇ ਬਕਸਿਆਂ ਦਾ ਜਲਦੀ ਹੱਲ ਕਰਵਾਇਆ ਜਾਵੇਗਾ।

(ਫੋਟੋ ਤੇ ਵੇਰਵਾ-ਲਵਲੀ ਕੁਮਾਰ)

## ਨਿਲਾਮੀ ਨੋਟਿਸ

ਹਰ ਆਮ ਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗ੍ਰਾਮ ਪੰਚਾਇਤ ਬੁਆਣੀ ਦੇ ਫਿਸ਼ ਪੌਂਡ ਟੋਭੇ ਦੀ ਨਿਲਾਮੀ ਪੰਜ ਸਾਲ ਲਈ ਮਿਤੀ 5 ਜੂਨ 2025 ਨੂੰ 11 ਵਜੇ ਅਲੀ ਸ਼ੇਰ ਧਰਮਸ਼ਾਲਾ ਵਿੱਚ ਸਾਂਝੀ ਥਾਂ 'ਤੇ ਕੀਤੀ ਜਾਵੇਗੀ, ਬਾਕੀ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

## COURT NOTICE

(U/o 5 Rule 20 CPC)
In the Court of
Sh. Vineet Kumar Narang
Additional Principal Judge
Family Court-II, Jalandhar
CNR No. PBJL01-014362-2022
Next Date :- 03-07-2025

Anju W/o Rajesh Gupta and D/o Ajay Kumar R/o Friends Colony, Grain Market Jalandhar.

Vs.

Rajesh Gupta S/o Ram Sneh Gupta R/o House No. 241, Aman Nagar, Jalandhar.

Petition Under Section 13 of Hindu Marriage Act for dissolution of Marriage by a decree of divorce.

Publication Issued to :
Rajesh Gupta,
Son :- Ram Sneh Gupta
House No. 241, Aman Nagar, Jalandhar.

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 03.07.2025 at 10:00 A.M.

For details logon to https://highcourtchd.gov.in/?mod=district_notice&district=Jalandhar

Additional Principal Judge
Family Court-II, Jalandhar
Dated this day of 20-05-2025

## COURT NOTICE

(U/o 5 Rule 20 CPC)
(Succession Case)
In the Court of
Ms. Harpreet Kaur Nafra
Additional Civil Judge (Senior Division), Amloh (P)
CNR No. PBFGA0-000103-2025
Next Date :- 01-07-2025

Nirbhai Singh aged about 37 years S/o Late Jang Singh @ Jang Bahadur R/o House No. 7369, Street No. 2. Maha Singh Nagar, Daba, Distt. Ludhiana
2. Ravinder Kaur D/o Late Jang Singh @ Jang Bahadur (Now W/o both are childern of Tejinder Kaur, Who was Predeceased Daughter of Deceased Kulwant Singh.
3. Harjinder Kaur W/o Late Jang Singh @ Jang Bahadur R/o House No. 7369, Street No. 2. Maha Singh Nagar, Daba, District Ludhiana (Daughter of deceased Kulwant Singh)

Vs.

General Public
Succession Certificate Application
Notice To :
General Public

In above titled case, the defendant(s)/ respondent(s)/ General Public could not be served. It is ordered that defendant(s)/ respondent(s) should appear in person or through counsel on 01.07.2025 at 10:00 a.m.

For details logon to https://highcourtchd.gov.in/?mod=district_notice&district=mogacourt.

Additional Civil Judge (Senior Division), Amloh (P)
Dated this day of 29-05-2025

## COURT NOTICE

(U/o 5 Rule 20 CPC)
(Under Guardian and Ward Act)
In the Court of
Parminder Kaur Bains
Civil Judge (Senior Division), Amritsar
CNR No. PBAS02-002432-2025
Next Date :- 07-07-2025

Gagandeep W/o Late Sudhir Kumar through her Mother and natural Guardian namely Harshit Dhand and Kunwar Dhand Sons of Late Sh. Sudhir Kumar R/o 22, New Golden Avenue, Backside Panjpeer Amritsar

Vs.

General Public
Guardianship Act
Notice To :
General Public
:- Whom May its Concern

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 07.07.2025 at 10:00 A.M.

For details logon to https://highcourtchd.gov.in/?trs=district_notice&district=Amritsar

Civil Judge (Senior Division), Amritsar
Dated this day of 29-05-2025

## COURT NOTICE

(U/o 5 Rule 20 CPC)
(Under Guardian and Ward Act)
In the Court of
Parminder Kaur Bains
Civil Judge (Senior Division), Amritsar
CNR No. PBAS02-002326-2025
Next Date :- 25-07-2025

Rajni Kaur W/o Gurnam Singh R/o Village Balia Manipur, Tehsil and Distt. Amritsar

Vs.

General Public
Notice To :
General Public
:- Whom May its Concern

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 25.07.2025 at 10:00 A.M.

For details logon to https://highcourtchd.gov.in/?trs=district_notice&district=Amritsar

Civil Judge (Senior Division), Amritsar
Dated this day of 29-05-2025

## COURT NOTICE

(U/o 5 Rule 20 CPC)
In the Court of
Ms. Rana Kanwardeep Kaur Chahal
Principal Judge Family Court, Kapurthala
CNR No. PBKP01-004225-2024
Next Date :- 24-07-2025

Baljit Singh

Vs.

General Public
Narinder Kaur
Publication Issued to :
Narinder Kaur D/o Urdeep Singh R/o Village Nangal Lubana Bholath Kapurthala.

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 24.07.2025 at 10:00 A.M.

For details logon to https://highcourtchd.gov.in/?mod=district_notice&district=Kapurthala

Principal Judge Family Court, Kapurthala
Dated this day of 29-05-2025

## COURT NOTICE

(U/o 5 Rule 20 CPC)
(Under Guardian and Ward Act)
In the Court of
Ms. Harpreet Kaur Nafra
Additional Civil Judge (Senior Division), Amloh (P)
CNR No. PBFGA0-000343-2025
Next Date :- 17-07-2025

Joban Rehal aged about 33 years Widow of late Satwinder Singh Rehal Resident of Village Habitpur, Tehsil Amloh, District Fatehgarh Sahib

Vs.

General Public
Petition U/S 8 of Hindu Minority and guardianship Act.
Notice To :
General Public

In above titled case, the defendant(s)/ respondent(s)/ General Public could not be served. It is ordered that defendant(s)/ respondent(s) should appear in person or through counsel on 17.07.2025 at 10:00 a.m.

For details logon to https://highcourtchd.gov.in/?mod=district_notice&district=mogacourt.

Additional Civil Judge (Senior Division), Fatehgarh Sahib*
Dated this day of 29-05-2025

## COURT NOTICE

(U/o 5 Rule 20 CPC)
In the Court of
Sh. Nirbhow Singh Gill
District and Sessions Judge, Jalandhar
CNR No. PBJL01-006577-2023
Next Date :- 21-07-2025

Lekh Raj

Vs.

Pargat Singh Alias Bhaga
Appeal against Judgment and decree dated 18.03.2023, Passed by The Court of Dr. Prabhjot Kaur, CJJD, Jalandhar.

Publication Issued to :
Pargat Singh Alias Bhaga S/o not known, R/o Village Bhakriana, Tehsil Phagwara, Distt. Kapurthala.

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 21.07.2025 at 10:00 A.M.

For details logon to https://highcourtchd.gov.in/?mod=district_notice&district=Jalandhar

District and Sessions Judge, Jalandhar
Dated this day of 29-05-2025

## COURT NOTICE

(U/o 5 Rule 20 CPC)
In the Court of
Sh. Vineet Kumar Narang
Additional Principal Judge Family Court-II, Jalandhar
CNR No. PBJL01-009557-2024
Next Date :- 07-08-2025

Komal aged 29 years W/o Satinder Singh D/o Satpal Singh R/o Village Bhundian, PO. Behram Sarishta, Distt. Jalandhar.

Vs.

Satinder Singh S/o Jagir Singh R/o H. No. 205/07 Dashmesh Nagar, Bhogpur, Jalandhar.

Petition Under Section 13 of Hindu Marriage Act for dissolution of Marriage by a decree of divorce.

Publication Issued to :
Satinder Singh
Father :- Jagir Singh R/o H. No. 205/07 Dashmesh Nagar, Bhogpur, Jalandhar.

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 07.08.2025 at 10:00 A.M.

For details logon to https://highcourtchd.gov.in/?mod=district_notice&district=Jalandhar

Additional Principal Judge Family Court-II, Jalandhar
Dated this day of 20-05-2025

# ਸਰਕਾਰ ਚੋਣ ਮੈਨੀਫੈਸਟੋ 'ਚ ਕੀਤੇ ਵਾਅਦਿਆਂ ਲਈ ਕਾਨੂੰਨੀ ਰੂਪ 'ਚ ਪਾਬੰਦ ਹੋਵੇ : ਬਲਕਰਨ ਮੋਗਾ



**ਮੋਗਾ, (ਇਕਬਾਲ ਖਹਿਰਾ)-** ਪ੍ਰਗਤੀਸ਼ੀਲ ਮੰਚ ਦੀ ਹੰਗਾਮੀ ਮੀਟਿੰਗ ਪਰਮਜੀਤ ਸਿੰਘ ਬਿੱਟੂ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਚ ਦੇ ਆਗੂ ਬਲਕਰਨ ਮੋਗਾ, ਨਵਜੋਤ ਸਿੰਘ ਜੋਗੇਵਾਲਾ ਤੇ ਅਮਨਦੀਪ ਸਿੰਘਾਵਾਲਾ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਲੋਕਾਂ ਨਾਲ ਝੂਠੇ ਵਾਅਦੇ ਤੇ ਸਬਜ਼ਬਾਗ ਵਿਖਾ ਕੇ ਸੱਤਾ ਹਥਿਆਉਣ ਵਿੱਚ ਕਾਮਯਾਬ ਹੋਈ ਸੀ, ਪਰ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋਈ ਹੈ। ਸਰਕਾਰ ਭੁੱਲ ਚੁੱਕੀ ਹੈ ਕਿ ਉਸ ਨੇ ਚੋਣਾਂ ਦੌਰਾਨ ਹਰ ਔਰਤ ਨੂੰ ਮਹੀਨਾਵਾਰ 1000 ਰੁਪੈ ਤੇ ਬੁਢਾਪਾ, ਵਿਧਵਾ ਪੈਨਸ਼ਨ 2500 ਰੁਪਏ ਦੇਣ ਦਾ ਵੀ ਵਾਅਦਾ ਕੀਤਾ ਸੀ। ਸ੍ਰੀ ਗੁਰੂ ਨਾਨਕ ਦੀ ਧਰਤੀ ਦੇ ਲੋਕ ਸਾਂਝੀਵਾਲਤਾ ਦਾ ਸਮਾਜ ਸਿਰਜਣ ਲਈ ਹਰ ਇਕ ਲਈ ਸਿਹਤ ਵਿੱਦਿਆ ਤੇ ਰੁਜ਼ਗਾਰ ਦੀ ਗਰੰਟੀ ਦਾ ਕਾਨੂੰਨ ਚਾਹੁੰਦੇ ਹਨ। ਆਗੂਆਂ ਨੇ ਕਿਹਾ ਕਿ ਪ੍ਰਗਤੀਸ਼ੀਲ ਮੰਚ ਪੰਜਾਬ ਇੱਕ ਅਜਿਹਾ ਕਾਨੂੰਨ ਚਾਹੁੰਦੀ ਹੈ ਕਿ ਚੁਣੀ ਗਈ ਸਰਕਾਰ ਚੋਣ ਮੈਨੀਫੈਸਟੋ ਵਿੱਚ ਕੀਤੇ ਗਏ ਵਾਅਦਿਆਂ ਨੂੰ ਲਾਗੂ ਕਰਨ ਲਈ ਕਾਨੂੰਨੀ ਰੂਪ ਵਿੱਚ ਪਾਬੰਦ ਹੋਵੇ। ਇਸ ਮੌਕੇ ਜਗਜੀਤ ਸਿੰਘ ਭੁੱਲਰ, ਬਲਵੰਤ ਸਿੰਘ ਤੇ ਸੁਖਜਿੰਦਰ ਸਿੰਘ ਨੇ ਕਿਹਾ ਕਿ ਪ੍ਰਗਤੀਸ਼ੀਲ ਮੰਚ ਸਾਂਝੀਵਾਲਤਾ ਦੇ ਪਵਿੱਤਰ ਉਦੇਸ਼ ਲਈ ਲੋਕਾਂ ਦੀ ਵਿਸ਼ਾਲ ਲਾਮਬੰਦੀ ਕੀਤੀ ਜਾਵੇਗੀ। ਇਸ ਮੌਕੇ ਹਾਜ਼ਰ ਮੈਂਬਰਾਂ ਵਿੱਚ ਨਿਰਮਲ ਸਿੰਘ, ਅਮਰੀਕ ਸਿੰਘ, ਅਮਿਤ ਕੁਮਾਰ ਤੇ ਦਸਜੀਤ ਸਿੰਘ ਸ਼ਾਮਲ ਸਨ।

# ਕਲਾਸੀਫਾਈਡ ਇਸ਼ਤਿਹਾਰ

## Change of Name

I Rakesh Mahajan S/o Jagdish Chander Mahajan R/o H.No. 106, Model Town Pathankot 145001, hereby declare that I have changed my name from Rakesh Gupta to Rakesh Mahajan both name pertains to one and the same person. Vide affidavit attested by Notary Public (Govt of india) kindly correct it.

I, Chinni Mahajan D/O Vinod kumar Mahajan R/o C-208 Alpha International City Daburji GT Road Amritsar have changed my name from Chinni Mahajan to Navya Mahajan.

I Nakshita d/o Jatinder Kumar R/o 6A, New Model Town, Khandwala, G.T.Road Chheharta, Amritsar, Punjab- 143001 have changed my name from Nakshita to Nakshita Wadhwa.

I, Deep Singh S/o Jaspal Singh R/o Near Jhandia Wala Pir, H.No. 1, Mohalla Shantokh Pura Nivi Abadi, Jalandhar have changed my minor son's name from Viraj Singh to Virajdeep Singh. All concerned please note.

I, Pallvi W/O Jitender Kumar, R/o H.No- 4369, Anaj Mandi, Ambala Cantt, Ambala, Haryana- 133001. have changed my name and shall hereafter be Known as Pallvi Gupta.

I, Sukhvir Singh S/O Sodhi Ram, R/o Ward No. 10, Vill Boparai Khurd Goraya Phillaur, Jalandhar, Punjab-144409, have changed my name and shall hereafter be Known as Harbinder Singh.

I, Gursimran Singh S/O Sukhjeet Singh, R/o Atari Wala, Anandpur Sahib, Rupnagar, Punjab- 140118, I have changed the name of my minor daughter Darshpreet Kaur aged about 17 years and She shall hereafter be known as Diljot Kaur.

I, Jasvir Kaur W/O Major Singh, R/o 750 Badala Road, Sector- 10, Kharar, SAS Nagar(Mohali), Punjab-140301. have changed my name and shall hereafter be Known as Rajinder Kaur.

I, Deepak Kumar S/O Mangat Ram, R/o 235, Ward No-12, Kainthan Mohalla, Dasuya, Hoshiarpur, Punjab-144205, I have changed the name of my minor Son Kartik aged about 13 Years and He shall hereafter be known as Kartik Verma.

I, Dalbiro W/O Buta Singh R/o Village Fatehpur, P.O. Kular (Jalandhar) Have Changed My Name From Dalbiro to Dalvir Kaur. Please Note.

## Change of Name

I, Mohinder Singh S/o Piara Singh R/o V.Bhagwanpur, Po.Tajpur, Distt.Jalandhar, Punjab have changed my name from Mahinder Singh to Mohinder Singh. All please note.

I, Kamaljeet Kaur W/O Daljit Singh Multani R/O House Number 163, Hardayal Nagar, Jalandhar -144001, Punjab have changed my name from Kamaljeet Kaur To Kamaljeet Kaur Multani. All note.

I, Megha Rani D/o Rajinder Singh R/o H. No 1332 Mohalla Ajit Nagar, Gali No 8 Jalandhar Punjab -144004 have changed my name and shall hereafter be known as Megha Rani (Surname as Rani).

I, Amanpreet Kaur D/O Angrej Singh R/O VPO Nangal Lubana, Teh. Bholath, Distt. Kapurthala, I Have changed My Name From Amanpreet Kaur to Kaur Amanpreet.(Kaur is my Surname ). All Please Note.

I Rajwinder Kaur Dhaliwal W/o Sukhjinder Singh R/o Village Sarai Kham P.O. Gill, Tehsil Nakodar Distt. Jalandhar Punjab India I Have Changed My Name from Rajwinder Kaur Dhaliwal to Rajwinder Kaur. All Conc6erned Note.

I Sukhjinder Singh Dhaliwal S/o Jasvir Singh R/o Village Sarai Kham P.O. Gill, Tehsil Nakodar Distt. Jalandhar Punjab India I Have changed my name from Sukhjinder Singh Dhaliwal to Sukhjinder Singh. All concerned Note.

I, Pooja w/o Baljinder Rattu r/o H.No.1874, Mohalla Saran, Nakodar, Distt.Jalandhar have changed my name to Pooja Rattu by marriage. All Please Note.

I, Ranjit Singh Samra s/o Mohan Singh R/o Patti Kalla, Dalla, VPO. Samrai, Tehsil Phillaur, Distt. Jalandhar declare that Ranjit Singh Samra & Ranjit Singh is one and the same person. All Please Note.

I, hitherto Known as Manjeet Kaur D/o Rajinder Singh W/o Jasbir Singh R/o H.No. 66, Maharaja Garden, Basti Peer Dad Road, Po. Basti Bawa Khel, Jalandhar-144021, Punjab have changed my name and shall hereafter be known as Manpreet Kaur.

## Change of Name

I, Sarabjit W/o Gobind Singh R/o Vill. Chhouni Kalan, Po. Ram Colony Camp, Distt. Hoshiarpur have changed my name from Sarabjit to Sarbjit Kaur. All Please Note.

## ਬੇਦਖਲੀ ਨੋਟਿਸ

ਅਸੀਂ ਰਜਿੰਦਰ ਸਿੰਘ ਪੁੱਤਰ ਧਰਮ ਸਿੰਘ ਅਤੇ ਸਪਨਾ ਪਤਨੀ ਰਜਿੰਦਰ ਸਿੰਘ ਵਾਸੀਆਨ ਮਕਾਨ ਨੰਬਰ 1215, ਗਲੀ ਨੰਬਰ 7, ਬਾਬਾ ਬੁੱਢਾ ਜੀ ਨਗਰ, ਰਾਮਾ ਮੰਡੀ, ਜਲੰਧਰ-2, ਜ਼ਿਲ੍ਹਾ ਜਲੰਧਰ, ਪੰਜਾਬ-144023 ਸੂਚਿਤ ਕਰਦੇ ਹਾਂ ਕਿ ਮੇਰੀ ਲੜਕੀ ਅੰਮ੍ਰਿਤਾ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਸੁਨੀਤਾ ਕੁਮਾਰੀ ਪਤਨੀ ਸੋਨੂੰ ਵਾਸੀ ਗਾਂਧੀ ਨਗਰ ਕੈਂਪ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਸੋਨੂੰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਮੁਲਖ ਰਾਜ ਪੁੱਤਰ ਸ੍ਰੀ ਨਿਆਮਤ ਮਸੀਹ ਵਾਸੀ ਪਿੰਡ ਵਿੰਜਵਾਂ, ਡਾਕਖਾਨਾ ਭੂਲਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਕੈਪਟਨ ਮਸੀਹ ਅਤੇ ਮੇਰੀ ਨੂੰਹ ਪਿੰਕੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਦਰਸ਼ਨਾ ਪਤਨੀ ਅਸ਼ੋਕ ਕੁਮਾਰ ਵਾਸੀ ਬੀਰ ਪਿੰਡ ਤਹਿਸੀਲ ਨਕੋਦਰ (ਜਲੰਧਰ) ਸੂਚਿਤ ਕਰਦੀ ਕਿ ਮੇਰਾ ਲੜਕਾ ਰਵਿੰਦਰ ਕੁਮਾਰ ਦਾਦਰੀਆ (ਲੜਕਾ) ਹਰਪ੍ਰੀਤ ਕੌਰ (ਨੂੰਹ) ਉਕਤ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਉਕਤ ਦੋਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਉਕਤ ਨਾਲ ਕੋਈ ਸੰਬੰਧ ਨਹੀਂ ਰਿਹਾ। ਉਕਤ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸ਼ੱਲੋ ਵਿਧਵਾ ਸਵ: ਸ੍ਰੀ ਮੱਖਣ ਸਿਘ ਵਾਸੀ ਪਿੰਡ ਚੱਲ ਬਾਹਮਣੀਆਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੇਵਕ (ਕੁਵਾਰਾ) ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## ਆਮ ਸੂਚਨਾ

ਮੋਟਰ ਕੁਨੈਕਸ਼ਨ ਖਾਤਾ ਨੰਬਰ ਏਪੀ09/325 (6 ਬੀ ਐੱਚ ਪੀ), ਜੋ ਕਿ ਚਰਨ ਸਿੰਘ ਪੁੱਤਰ ਜਵਾਲਾ ਸਿੰਘ ਰਕਬਾ ਮੋਟਰ ਪਿੰਡ ਬੂੜੇਵਾਲ, ਮੁਲਾਬਾਂਹਾ ਕਪੂਰਥਲਾ ਦੇ ਨਾਂਅ ਪਰ ਚੱਲ ਰਹੀ ਹੈ, ਨੂੰ ਜਸਬੀਰ ਸਿੰਘ ਪੁੱਤਰ ਦਲਜੀਤ ਸਿੰਘ ਵਾਸੀ ਪਿੰਡ ਬੂੜੇਵਾਲ, ਜ਼ਿਲ੍ਹਾ ਕਪੂਰਥਲਾ ਨੇ ਆਪਣੇ ਨਾਂਅ ਪਰ ਕਰਵਾਉਣ ਲਈ ਅਰਜ਼ੀ ਦਿੱਤੀ ਹੈ। ਇਸ ਸੰਬੰਧ ਵਿਚ ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ ਪਾਵਰਕਾਮ ਦੇ ਦਫ਼ਤਰ ਟਿੱਬਾ ਸ/ਡ ਕਪੂਰਥਲਾ ਵਿਖੇ ਇਤਰਾਜ਼ ਪੇਸ਼ ਕਰੇ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਲੜਕੀ ਦੇ ਖੁਦਕੁਸ਼ੀ ਮਾਮਲੇ 'ਚ ਉਸ ਦਾ ਦੋਸਤ ਗ੍ਰਿਫ਼ਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੈਂਕ 'ਚ ਕੈਸ਼ੀਅਰ ਵਜੋਂ ਕੰਮ ਕਰਦੀ ਇੱਕ ਲੜਕੀ ਵੱਲੋਂ ਨਹਿਰ 'ਚ ਛਾਲ ਮਾਰ ਕੇ ਕੀਤੀ ਗਈ ਕਥਿਤ ਖੁਦਕੁਸ਼ੀ ਦੇ ਮਾਮਲੇ 'ਚ ਅਮਲੋਹ ਪੁਲਸ ਵੱਲੋਂ ਮ੍ਰਿਤਕਾ ਦੇ ਦੋਸਤ ਲੜਕੇ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕਾ ਦੇ ਪਿਤਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਲੜਕੀ ਅਮਲੋਹ ਦੇ ਇੱਕ ਬੈਂਕ 'ਚ ਕੈਸ਼ੀਅਰ ਵਜੋਂ ਨੌਕਰੀ ਕਰ ਰਹੀ ਸੀ, ਜੋ ਬੀਤੀ 26 ਮਈ ਨੂੰ ਡਿਊਟੀ ਤੋਂ ਬਾਅਦ ਘਰ ਨਹੀਂ ਪਰਤੀ, ਜਿਸ ਦੀ ਭਾਲ ਦੌਰਾਨ ਸੰਦੀਪ ਕੌਰ ਦੀ ਲਾਸ਼ ਸਰਹਿੰਦ ਨਜ਼ਦੀਕ ਭਾਖੜਾ ਨਹਿਰ 'ਚੋਂ ਮਿਲੀ।ਇਸ ਸਬੰਧੀ ਕੀਤੀ ਗਈ ਪੜਤਾਲ ਦੌਰਾਨ ਉਨ੍ਹਾਂ ਨੂੰ ਪਤਾ ਲੱਗਾ ਕਿ ਅਮਲੋਹ ਤੋਂ ਇੱਕ ਲੜਕਾ ਮੋਟਰਸਾਈਕਲ 'ਤੇ ਬਿਠਾ ਕੇ ਸੰਦੀਪ ਕੌਰ ਨੂੰ ਲੈ ਕੇ ਗਿਆ ਸੀ।ਗੁਰਮੁੱਖ ਸਿੰਘ ਵਾਸੀ ਪਿੰਡ ਜਾਤੀਵਾਲ ਉਸ ਦੀ ਲੜਕੀ ਨੂੰ ਕਾਫੀ ਸਮੇਂ ਤੋਂ ਜਾਣਦਾ ਸੀ, ਜਿਸ ਨਾਲ ਸੰਦੀਪ ਵਿਆਹ ਕਰਵਾਉਣਾ ਚਾਹੁੰਦੀ ਸੀ, ਪਰ ਗੁਰਮੁੱਖ ਸਿੰਘ ਹੁਣ ਉਸ ਨਾਲ ਵਿਆਹ ਕਰਵਾਉਣ ਤੋਂ ਇਨਕਾਰ ਕਰ ਰਿਹਾ ਸੀ।ਗੁਰਮੁੱਖ ਸਿੰਘ ਤੋਂ ਦੁਖੀ ਹੋ ਕੇ ਸੰਦੀਪ ਕੌਰ ਨੇ ਨਹਿਰ 'ਚ ਛਾਲ ਮਾਰ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ।ਮ੍ਰਿਤਕਾ ਦੇ ਪਿਤਾ ਦੇ ਬਿਆਨਾਂ 'ਤੇ ਅ/ਧ 108 ਬੀ.ਐੱਨ.ਐੱਸ. ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਗੁਰਮੁੱਖ ਸਿੰਘ ਵਾਸੀ ਪਿੰਡ ਜਾਤੀਵਾਲ (ਪਟਿਆਲਾ) ਨੂੰ ਹਿਰਾਸਤ 'ਚ ਲੈ ਕੇ ਥਾਣਾ ਅਮਲੋਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਸ਼ਾਮ ਸਿੰਗਲਾ ਆਪ ਦੇ ਜ਼ਿਲ੍ਹਾ ਇੰਚਾਰਜ ਨਿਯੁਕਤ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਵੱਲੋਂ ਜਥੇਬੰਦਕ ਢਾਂਚੇ ਦੇ ਕੀਤੇ ਗਏ ਐਲਾਨ ਵਿੱਚ ਸਥਾਨਕ ਯੂਥ ਆਗੂ ਸ਼ਾਮ ਸਿੰਗਲਾ ਨੂੰ ਆਮ ਆਦਮੀ ਪਾਰਟੀ ਜ਼ਿਲ੍ਹਾ ਸੰਗਰੂਰ ਦਾ ਇੰਚਾਰਜ ਨਿਯੁਕਤ ਕੀਤਾ ਹੈ, ਜਿਸ ਕਾਰਨ ਹਲਕੇ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਸਿੰਗਲਾ ਪਰਿਵਾਰ ਨੂੰ ਖੁਸ਼ੀਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।ਉਨ੍ਹਾਂ ਆਪਣੀ ਨਿਯੁਕਤੀ 'ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਤੇ ਪੰਜਾਬ ਪ੍ਰਧਾਨ ਅਮਨ ਅਰੋੜਾ, ਸਮੇਤ ਸਮੁੱਚੀ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਸ ਨੂੰ ਤਨਦੇਹੀ ਤੇ ਮਿਹਨਤ ਨਾਲ ਨਿਭਾਵਾਂਗਾ।ਦੱਸਣਯੋਗ ਹੈ ਕਿ ਸ਼ਾਮ ਸਿੰਗਲਾ ਮਰਹੂਮ ਆਪ ਆਗੂ ਸੰਦੀਪ ਸਿੰਗਲਾ ਦੇ ਹਕੀਕੀ ਭਰਾ ਤੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ ਦੇ ਫਰਜ਼ੰਦ ਹਨ।ਉਨ੍ਹਾਂ ਕਿਹਾ ਕਿ ਹੁਣ ਜਿੱਥੇ ਪਾਰਟੀ ਨੂੰ ਬੂਥ ਪੱਧਰ 'ਤੇ ਹੋਰ ਮਜ਼ਬੂਤ ਕਰਨਗੇ, ਉਥੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਲਿਜਾਇਆ ਜਾਵੇਗਾ ਤੇ 2027 ਵਿੱਚ ਪੰਜਾਬ ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਆਮ ਮੁਹਾਰੇ ਕੁੱਦਣ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਲੋਕਾਂ ਦਾ ਸਹਿਯੋਗ ਚਾਹੀਦਾ ਹੈ।

## ਸਰਕਾਰੀ ਸਕੂਲ ਪੱਦੀ ਵਿਖੇ ਲੀਫੋਰਡ ਨੇ ਪੌਦੇ ਲਗਾਏ




**ਦੋਰਾਹਾ (ਹਰਮਿੰਦਰ ਸੇਠ)**-ਵਿਸ਼ਵ ਵਾਤਾਵਰਨ ਦਿਵਸ ਦੇ ਸਬੰਧ 'ਚ ਸਰਕਾਰੀ ਹਾਈ ਸਕੂਲ ਪੱਦੀ ਲੁਧਿਆਣਾ ਵਿਖੇ ਲੀਫੋਰਡ ਫਾਰਮਾਸਿਊਟੀਕਲ ਕੰਪਨੀ ਵੱਲੋਂ ਸਕੂਲ ਕੈਂਪਸ ਵਿਖੇ ਪੌਦੇ ਲਗਾਏ ਗਏ ।ਕੰਪਨੀ ਦੇ ਜਨਰਲ ਮੈਨੇਜਰ (ਐੱਚ ਆਰ) ਸੁਤਿਕਸ਼ਨ ਕੁਮਾਰ ਤੇ ਮੈਨੇਜਰ ਅਮਰਜੀਤ ਸਿੰਘ ਨੇ ਸਕੂਲ ਵਿੱਚ ਹੋਣ ਵਾਲੇ ਵੱਖ-ਵੱਖ ਕਾਰਜਾਂ ਸਬੰਧੀ ਸਕੂਲ ਮੁਖੀ ਲਖਵੀਰ ਸਿੰਘ ਨਾਲ ਵਿਚਾਰ ਵਟਾਂਦਰਾ ਵੀ ਕੀਤਾ।ਭਵਿੱਖ ਵਿੱਚ ਉਨ੍ਹਾਂ ਵੱਲੋਂ ਸਕੂਲ ਦੇ ਲੋੜੀਂਦੇ ਕੰਮ ਕੰਪਨੀ ਦੀ ਸੀ.ਐੱਸ.ਆਰ. ਐਕਟੀਵਿਟੀ ਵਿੱਚੋਂ ਕਰਵਾਉਣ ਦਾ ਭਰੋਸਾ ਦਿੱਤਾ।ਉਨ੍ਹਾਂ ਦਾ ਇਸ ਕਾਰਜ ਲਈ ਸਕੂਲ ਮੁਖੀ ਲਖਵੀਰ ਸਿੰਘ ਤੇ ਸਕੂਲ ਦੇ ਸਮੂਹ ਸਟਾਫ ਮੈਂਬਰਾਂ ਵੱਲੋਂ ਧੰਨਵਾਦ ਕੀਤਾ ਗਿਆ।

## ਕਾਮਰੇਡ ਤੇਜਾ ਸਿੰਘ ਸੁਤੰਤਰ ਯੂਥ ਕਲੱਬ ਦੀ ਚੋਣ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਕਾਮਰੇਡ ਤੇਜਾ ਸਿੰਘ ਸੁਤੰਤਰ ਯੂਥ/ਸਪੋਰਟਸ ਕਲੱਬ ਨਿਆਲ ਦੀ ਦੁਬਾਰਾ ਚੋਣ ਸਰਪੰਚ ਪ੍ਰਲਾਦ ਸਿੰਘ ਨੰਬਰਦਾਰ (ਸਾਬਕਾ ਪ੍ਰਧਾਨ) ਦੀ ਸਰਪ੍ਰਸਤੀ ਹੇਠ ਪਿੰਡ ਦੀ ਧਰਮਸ਼ਾਲਾ ਵਿਖੇ ਹੋਈ।ਇਸ ਦੌਰਾਨ ਨਵੀਂ ਚੋਣ ਦੌਰਾਨ ਸਰਪੰਚ ਪ੍ਰਲਾਦ ਸਿੰਘ ਨੂੰ ਕਲੱਬ ਸਰਪ੍ਰਸਤ ਚੁਣਿਆ ਗਿਆ, ਜਦਕਿ ਕਲੱਬ ਪ੍ਰਧਾਨ ਮਨਦੀਪ ਸਿੰਘ, ਸੈਕਟਰੀ ਸ਼ਰਨਜੀਤ ਸਿੰਘ, ਖਜ਼ਾਨਚੀ ਮੱਖਣ ਸਿੰਘ, ਸੀਨੀਅਰ ਮੀਤ ਪ੍ਰਧਾਨ ਜਗਸੀਰ ਸਿੰਘ, ਮੀਤ ਪ੍ਰਧਾਨ ਵਿਕੀ ਕੁਮਾਰ ਤੇ ਅੰਮ੍ਰਿਤਪਾਲ ਸਿੰਘ, ਮੁੱਖ ਸਲਾਹਕਾਰ ਹਰਸ਼ਦੀਪ ਸਿੰਘ, ਪ੍ਰਚਾਰ ਸੱਕਤਰ ਦਲਵੀਰ ਸਿੰਘ, ਪ੍ਰੈੱਸ ਸਕੱਤਰ ਸੁਖਪਾਲ ਸਿੰਘ, ਸਤਨਾਮ ਸਿੰਘ, ਰੋਬਿਨ, ਅਮਨਦੀਪ, ਮਿੰਟੂ, ਗੁਰਪਿਆਰ, ਹੁਸਨ ਸ਼ਰਨਪ੍ਰੀਤ ਲਵਪ੍ਰੀਤ, ਫ਼ਤਹਿ, ਕਮਲ ਆਦਿ ਨੂੰ ਅਹੁਦੇਦਾਰਾਂ ਵਿੱਚ ਸ਼ਾਮਲ ਕੀਤਾ ਗਿਆ।ਇਸ ਤੋਂ ਇਲਾਵਾ ਪਿੰਡ ਦੀ ਪੰਚਾਇਤ ਤੇ ਨਗਰ ਨਿਵਾਸੀਆਂ ਵੱਲੋਂ ਨੌਜਵਾਨਾਂ ਨੂੰ ਪੂਰਾ ਸਹਿਯੋਗ ਦਿੱਤਾ ਗਿਆ।ਸਰਪੰਚ ਪ੍ਰਲਾਦ ਸਿੰਘ ਨੇ ਕਿਹਾ ਕਿ ਜਿਸ ਤਰ੍ਹਾਂ ਕਾਮਰੇਡ ਤੇਜਾ ਸਿੰਘ ਸੁਤੰਤਰ ਨੇ ਸਮਾਜ ਸੁਧਾਰਕ ਤੇ ਸਮਾਜ ਸੇਵੀ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਇਆ ਹੈ, ਉਸੇ ਤਰ੍ਹਾਂ ਨੌਜਵਾਨਾਂ ਨੂੰ ਪਿੰਡ ਦੇ ਲੋਕਾਂ ਦੀ ਭਲਾਈ ਤੇ ਸਮਾਜ ਸੇਵੀ ਕਾਰਜਾਂ ਵਿੱਚ ਅਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵੱਲ ਧਿਆਨ ਦੇਣਾ ਚਾਹੀਦਾ ਹੈ।

## ਸਿਲਾਈ ਦੀ ਸਿਖਲਾਈ ਪ੍ਰਾਪਤ ਸਿਖਿਆਰਥਣਾਂ ਨੂੰ ਸਰਟੀਫਿਕੇਟ ਵੰਡੇ



**ਸੁਨਾਮ/ਲੌਂਗੋਵਾਲ (ਅਸ਼ੋਕ ਬਾਂਸਲ, ਹਾਕਮ ਭੱਟੀ/ਪ੍ਰਦੀਪ ਸੱਪਲ)**-'ਆਪ' ਪੰਜਾਬ ਪ੍ਰਧਾਨ ਤੇ ਕੈਬਨਿਟ ਮੰਤਰੀ ਪੰਜਾਬ ਸ੍ਰੀ ਅਮਨ ਅਰੋੜਾ ਵੱਲੋਂ ਚਲਾਈ ਜਾ ਰਹੀ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਤਹਿਤ ਲੜਕੀਆਂ ਤੇ ਔਰਤਾਂ ਨੂੰ ਸਿਲਾਈ ਦੀ ਮੁਫ਼ਤ ਸਿਖਲਾਈ ਦੇਣ ਲਈ ਸੁਨਾਮ ਹਲਕੇ ਦੇ ਪਿੰਡਾਂ ਵਿੱਚ ਲਾਏ ਜਾਂਦੇ ਮੁਫਤ ਸਿਲਾਈ ਕੈਂਪਾਂ ਤਹਿਤ ਚੱਠੇ ਸੇਖਵਾਂ ਵਿਖੇ ਕੋਰਸ ਪੂਰਾ ਕਰਨ ਵਾਲੀਆਂ 57, ਉਪਲੀ ਵਿਖੇ 72 ਤੇ ਲੌਂਗੋਵਾਲ (ਪਿੰਡੀ ਭਾਈ ਕੀ ਸਮਾਧ) ਵਿਖੇ 25 ਸਿਖਿਆਰਥਣਾਂ ਨੂੰ ਸਰਟੀਫਿਕੇਟਾਂ ਦੀ ਵੰਡ ਮਾਰਕੀਟ ਕਮੇਟੀ ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ ਤੇ ਸਮਾਜਿਕ ਤੇ ਆਰ.ਟੀ.ਆਈ. ਕਾਰਕੁਨ ਜਤਿੰਦਰ ਜੈਨ ਵੱਲੋਂ ਕੀਤੀ ਗਈ।ਇਸ ਮੌਕੇ ਸ੍ਰੀ ਜੁਨੇਜਾ ਤੇ ਸ੍ਰੀ ਜੈਨ ਨੇ ਕਿਹਾ ਕਿ ਕਿਸੇ ਨੂੰ ਰੋਜ਼ਗਾਰ ਦੇ ਕਾਬਲ ਬਣਾ ਕੇ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਬਹੁਤ ਵੱਡੀ ਸੇਵਾ ਹੈ।ਇਸ ਨਾਲ ਨਾ ਕੇਵਲ ਰੋਜ਼ਗਾਰ ਪ੍ਰਾਪਤ ਕਰਨ ਵਾਲੇ ਦੀ ਜ਼ਿੰਦਗੀ ਬਣਦੀ ਹੈ, ਸਗੋਂ ਉਸ ਦੇ ਪਰਿਵਾਰ ਦਾ ਜੀਵਨ ਪੱਧਰ ਵੀ ਉੱਚਾ ਹੋ ਜਾਂਦਾ ਹੈ।ਸਮਾਜ ਸੇਵਾ ਦੇ ਖੇਤਰ ਵਿੱਚ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਦਾ ਯੋਗਦਾਨ ਬਹੁਤ ਅਹਿਮ ਹੈ।ਉਨ੍ਹਾਂ ਕਿਹਾ ਕਿ ਇਸ ਸੰਸਥਾ ਵੱਲੋਂ ਸਾਲ 2021 ਤੋਂ ਲੈ ਕੇ ਹੁਣ ਤੱਕ ਹਜ਼ਾਰਾਂ ਲੜਕੀਆਂ ਤੇ ਔਰਤਾਂ ਨੂੰ ਸਿਖਲਾਈ ਦੇ ਕੇ ਆਤਮ ਨਿਰਭਰ ਕੀਤਾ ਗਿਆ ਹੈ।ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਜਿੱਥੇ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਵਿੱਚ ਕਸਰ ਨਹੀਂ ਛੱਡੀ ਜਾ ਰਹੀ, ਉੱਥੇ ਉਹ ਇਸ ਸੰਸਥਾ ਜ਼ਰੀਏ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਵਚਨਬੱਧ ਹਨ।ਉਨ੍ਹਾਂ ਨੇ ਔਰਤਾਂ ਤੇ ਲੜਕੀਆਂ ਨੂੰ ਅਪੀਲ ਕੀਤੀ ਕਿ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ ਸਲਾਈ ਸੈਂਟਰਾਂ ਵਿੱਚ ਦਿੱਤੀ ਜਾ ਰਹੀ ਮੁਫਤ ਸਿਖਲਾਈ ਦਾ ਵੱਧ ਤੋਂ ਵੱਧ ਲਾਭ ਲੈ ਕੇ ਆਪਣੇ ਪੈਰਾਂ 'ਤੇ ਖੜ੍ਹੀਆਂ ਹੋਣ।ਇਸ ਮੌਕੇ ਪੀ. ਏ. ਸਰਜੀਵਨ ਕੁਮਾਰ ਲੱਕੀ, ਸੁਰਿੰਦਰ ਪਰੂਤੀ, ਸਰਪੰਚ ਚਰਨਜੀਤ ਕੌਰ, ਸਰਪੰਚ ਭੀਮ ਦਾਸ, ਸਰਪੰਚ ਬਲਵਿੰਦਰ, ਸੂਬੇਦਾਰ ਮੇਲਾ ਸਿੰਘ, ਰਾਜ ਸਿੰਘ ਰਾਜੂ, ਅੰਮ੍ਰਿਤ ਸਿੰਘ, ਅੰਮ੍ਰਿਤਪਾਲ ਸਿੰਘ ਸਿੱਧੂ, ਅਧਿਆਪਕ ਰਣਜੀਤ ਕੌਰ, ਕਰਮਜੀਤ ਕੌਰ, ਮਨਪ੍ਰੀਤ ਸਿੰਘ ਮਨੀ ਸਮੇਤ ਸਿਖਲਾਈ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਤੇ ਔਰਤਾਂ ਹਾਜ਼ਰ ਸਨ।

## ਪੰਜਾਬੀ ਵਿਸ਼ੇ 'ਚੋਂ ਉਚੇਰੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਸਨਮਾਨਤ




**ਮਾਨਸਾ (ਆਤਮਾ ਸਿੰਘ ਪਮਾਰ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਨਸਾ ਵਿਖੇ ਪ੍ਰਿੰਸੀਪਲ ਗੁਰਸਿਮਰ ਕੌਰ ਦੀ ਪ੍ਰਧਾਨਗੀ ਹੇਠ ਪੰਜਾਬੀ ਬੋਲੀ ਨੂੰ ਸਮਰਪਤ ਇੱਕ ਸੰਖੇਪ ਸਮਾਗਮ ਕੀਤਾ ਗਿਆ, ਜਿਸ ਵਿੱਚ ਸੁਮਨਦੀਪ ਕੌਰ ਲੈਕਚਰਾਰ ਪੰਜਾਬੀ ਵੱਲੋਂ ਆਪਣੇ ਪਿਤਾ ਉੱਘੇ ਪੱਤਰਕਾਰ ਤੇ ਲੇਖਕ ਗੁਰਮੀਤ ਸਿੰਘ ਕੋਟਕਪੂਰਾ ਦੀ ਯਾਦ ਵਿੱਚ ਦਸਵੀਂ ਤੇ ਬਾਰਵੀਂ ਜਮਾਤ ਦੀ ਪ੍ਰੀਖਿਆ ਵਿੱਚ ਪੰਜਾਬੀ ਵਿਸ਼ੇ ਵਿੱਚੋਂ ਉਚੇਰੇ ਅੰਕ ਪ੍ਰਾਪਤ ਕਰਨ ਵਾਲੇ ਦੋ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।ਇਹ ਸਨਮਾਨ ਬਾਰਵੀਂ ਸ਼੍ਰੇਣੀ ਦੀ ਬੋਰਡ ਦੀ ਪ੍ਰੀਖਿਆ ਵਿੱਚੋਂ ਪੰਜਾਬੀ ਵਿਸ਼ੇ ਵਿੱਚੋਂ 100 ਫੀਸਦੀ ਅੰਕ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਹਰਮਨਦੀਪ ਕੌਰ ਤੇ ਮੈਟ੍ਰਿਕ ਪ੍ਰੀਖਿਆ ਵਿੱਚ ਪੰਜਾਬੀ ਵਿੱਚੋਂ 94 ਫੀਸਦੀ ਅੰਕ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਦੀਪਿਕਾ ਨੂੰ ਗੁਰਮੀਤ ਸਿੰਘ ਕੋਟਕਪੂਰਾ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਸੁਮਨਦੀਪ ਕੌਰ ਨੇ ਆਪਣੇ ਪਿਤਾ ਜੀ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਪਿਤਾ ਜੀ ਨੇ ਜਿੱਥੇ ਕਿੱਤੇ ਵਜੋਂ ਕਾਲਜ ਲਾਇਬ੍ਰੇਰੀਅਨ ਦੇ ਤੌਰ 'ਤੇ ਵਿਦਿਆਰਥੀਆਂ ਨੂੰ ਸਾਹਿਤ ਨਾਲ ਜੋੜਿਆ, ਉਥੇ ਉਨ੍ਹਾਂ ਨੇ ਪੰਜਾਬੀ ਦੇ ਵਿਕਾਸ ਵਿੱਚ ਆਪਣੀਆਂ ਵੱਡਮੁੱਲੀਆਂ ਲਿਖਤਾਂ ਨਾਲ ਯੋਗਦਾਨ ਪਾਇਆ।ਉਨ੍ਹਾਂ ਕਿਹਾ ਕਿ ਇਹ ਸਨਮਾਨ ਹਰ ਸਾਲ ਦਸਵੀਂ ਤੇ ਬਾਰਵੀਂ ਪ੍ਰੀਖਿਆ ਵਿੱਚੋਂ ਉਚੇਰੇ ਅੰਕ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਦਿੱਤਾ ਜਾਇਆ ਕਰੇਗਾ।ਇਸ ਪ੍ਰੋਗਰਾਮ ਦਾ ਮੰਚ ਸੰਚਾਲਨ ਡਾ. ਸੁਸ਼ੀਲ ਕੁਮਾਰ ਵੱਲੋਂ ਕੀਤਾ ਗਿਆ।ਸਕੂਲ ਪ੍ਰਿੰਸੀਪਲ ਗੁਰਸਿਮਰ ਕੌਰ ਨੇ ਕਿਹਾ ਕਿ ਮਾਤ-ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਇਹ ਇੱਕ ਸ਼ਾਲਾਘਾਯੋਗ ਕਦਮ ਹੈ।ਇਸ ਮੌਕੇ ਲੈਕਚਰਾਰ ਪਰਮਜੀਤ ਕੌਰ, ਰੇਖਾ ਰਾਣੀ, ਸੁਨੀਤਾ ਰਾਣੀ, ਅਨੁਪਮ, ਪੰਜਾਬੀ ਅਧਿਆਪਕ ਸੁਖਵੀਰ ਕੌਰ, ਅੰਜਨਾ ਤੇ ਡਾ. ਵਿਨੋਦ ਮਿੱਤਲ ਹਾਜ਼ਰ ਸਨ।

# ਪੁਲਸ ਜਬਰ ਖਿਲਾਫ ਜਗਰਾਓਂ ਰੈਲੀ ਤੇ ਮੁਜ਼ਾਹਰੇ ਲਈ ਲਾਮਬੰਦੀ



**ਜਗਰਾਉਂ (ਨਛੱਤਰ ਸੰਧੂ)**

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਭਲਕੇ ਜਗਰਾਂਓ ਦਾਨਾ ਮੰਡੀ ਚ ਪੁਲਸ ਜਬਰ ਖਿਲਾਫ ਵਿਸ਼ਾਲ ਰੈਲੀ ਦੀ ਲਾਮਬੰਦੀ ਲਈ ਸਿੱਧਵਾਂਬੇਟ ਬਲਾਕ ਦੇ ਪਿੰਡਾਂ ਭਮਾਲ, ਸ਼ੇਖਦੌਲਤ, ਲੀਲਾਂ, ਰਾਮਗੜ, ਸਵੱਦੀ ਖੁਰਦ, ਗਾਲਬ ਕਲਾਂ, ਸ਼ੇਰਪੁਰਾ ਕਲਾਂ, ਸ਼ੇਰਪੁਰਾ ਖੁਰਦ , ਕਲੇਰ, ਲੋਧੀਵਾਲਾ, ਕੰਨੀਆ, ਤਿਹਾੜਾ, ਗਿੱਦੜਵਿੰਡੀ ਆਦਿ ਚ ਕਿਸਾਨਾਂ ਮਜਦੂਰਾਂ ਦੀਆ ਮੀਟਿੰਗਾਂ ਕੀਤੀਆਂ ਗਈਆ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੋਂਦਾ ਦੇ ਬਲਾਕ ਪ੍ਰਧਾਨ ਜਗਜੀਤ ਸਿੰਘ ਕਲੇਰ ਦੀ ਅਗਵਾਈ ਚ ਪਿੰਡਾਂ ਚ ਕਿਸਾਨਾਂ ਨਾਲ ਮੀਟਿੰਗਾਂ ਕਰਦਿਆ ਪੁਲਸ ਜਬਰ ਖਿਲਾਫ ਰੈਲੀ ਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਗਿਆ। ਇਸ ਸਮੇ ਬੋਲਦਿਆ ਬਲਾਕ ਸੱਕਤਰ ਕੁਲਵੰਤ ਸਿੰਘ ਗਾਲਬ ਅਤੇ ਜਿਲਾ ਮੀਤ ਪ੍ਰਧਾਨ ਇੰਦਰਜੀਤ ਸਿੰਘ ਲੋਧੀਵਾਲਾ ਨੇ ਕਿਹਾ ਕਿ ਕਿਸਾਨਾਂ ਨੇ ਖੇਤੀ ਮੰਡੀਕਰਨ ਐਕਟ ਭਗਵੰਤ ਮਾਨ ਸਰਕਾਰ ਤੋ ਰੱਦ ਕਰਵਾਇਆ ਪਰ ਕਿਸਾਨਾਂ ਨੂੰ ਮਿਹਣੇ ਮਾਰਨ ਤੇ ਇਲਜਾਮ ਲਾਉਣ ਵਾਲੀ ਭਗਵੰਤ ਮਾਨ ਸਰਕਾਰ ਨੇ ਡੈਮ ਸੇਫਟੀ ਐਕਟ ਤੇ ਜਲਵਾਯੂ ਪ੍ਰਦੂਸਨ ਐਕਟ ਕਿਸਾਨ ਜਥੇਬੰਦੀਆ ਵਲੋ ਮੰਗ ਕਰਨ ਦੇ ਬਾਵਜੂਦ ਵਿਧਾਨ ਸਭਾ ਚ ਮਨਜੂਰ ਕਰਕੇ ਅਪਨਾ ਕਿਸਾਨ ਵਿਰੋਧੀ ਹੋਣ ਦਾ ਸਬੂਤ ਦੇ ਦਿੱਤਾ। ਹੁਣ ਕਿਸਾਨਾਂ ਨੂੰ ਪਾਣੀ ਦੇ ਮੁੱਦੇ ਤੇ ਮਿਹਣੇ ਮਾਰ ਰਹੀ ਮਾਨ ਸਰਕਾਰ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਸੰਯੁਕਤ ਕਿਸਾਨ ਮੋਰਚੇ ਨੇ ਬੀ ਬੀ ਐਮ ਬੀ ਤੋ ਪੰਜਾਬ ਦਾ ਪਾਣੀ ਖੋਹਣ ਖਿਲਾਫ ਧਰਨਾ ਲਾਇਆ ਸੀ ਹਾਲਾਂਕਿ ਪਹਿਲਾਂ ਵੀ ਅਨੇਕਾਂ ਵੇਰ ਕਿਸਾਨ ਪਾਣੀ ਦੇ ਮੁੱਦੇ ਤੇ ਸੰਘਰਸ਼ ਕਰ ਚੁੱਕੇ ਹਨ। ਉਨਾਂ ਕਿਹਾ ਕਿ ਹੁਣ ਜਦੋਂ ਝੋਨੇ ਅਤੇ ਮੱਕੀ ਦੀ ਬਿਜਾਈ ਲਈ ਡੀ ਏ ਪੀ ਦੀ ਲੋੜ ਹੈ ਤਾਂ ਸਪਲਾਈ ਘੱਟ ਹੋਣ ਕਾਰਨ ਕਿਸਾਨ ਧੱਕੇ ਖਾ ਰਹੇ ਹਨ।ਉਨਾਂ ਡੀ ਏ ਪੀ ਦੀ ਸਪਲਾਈ ਵਧਾਉਣ , ਬਲੈਕ ਰੋਕਣ ਦੀ ਮੰਗ ਕੀਤੀ। ਉਨਾਂ ਕਿਹਾ ਲੋਕ ਮਸਲੇ ਹੱਲ ਕਰਨੱਤੋ ਅਸਮਰਥ ਮਾਨ ਸਰਕਾਰ ਹੁਣ ਡੰਡੇ ਦੇ ਜੋਰ ਹਕੂਮਤ ਚਲਾਉਣਾ ਚਾਹੁੰਦੀ ਹੈ ਜਿਸਦੀ ਇਜਾਜਤ ਨਹੀ ਦਿੱਤੀ ਜਵੇਗੀ।ਉਨਾਂ ਕਿਹਾ ਕਿ ਬਾਇਓ ਗੈਸ ਫੈਕਟਰੀਆ ਖਿਲਾਫ ਚੱਲ ਰਹੇ ਮੋਰਚਿਆ ਤੇ ਪੁਲਸ ਤਸ਼ਦਦ, ਕਿਸਾਨਾਂ ਮਜਦੂਰਾਂ ਦੇ ਧਰਨਿਆ ਤੇ ਲਾਠੀਚਾਰਜ ਅਤੇ ਪਰਚੇ ਸਮੇਤ ਜੇਲਾਂ ਚ ਬੰਦ ਕਰਨਾਂ ,ਇੱਕ ਆਮ ਵਰਤਾਰਾ ਬਣ ਗਿਆ ਹੈਜਿਸ ਖਿਲਾਫ ਜਗਰਾਂਓ ਰੈਲੀ ਇੱਕ ਚੱਟਾਨ ਬਣੇਗੀ।ਉਨਾਂ ਕਿਹਾ ਕਿ ਇਸ ਸਮੇ ਲੁਧਿਆਣਾ ਜਿਲੇ ਚ ਗਲਾਡਾ ਵਲੋ ਕਿਸਾਨਾਂ ਦੀ 24311 ਏਕੜ ਜਮੀਨ ਖੋਹਣ ਖਿਲਾਫ ਸੰਘਰਸ ਦੀ ਵੀ ਚਰਚਾ ਹੋਵਗੀ। ਇਸ ਸਮੇ ਜਸਵਿੰਦਰ ਸਿੰਘ ਕਾਕਾ, ਪਿੰਦਰ ਸਿੰਘ , ਰਾਜ ਸਿੰਘ ਆਦਿ ਹਾਜਰ ਸਨ।

## ਡਰੋਨ ਰਾਹੀਂ ਹੈਰੋਇਨ ਭੇਜਣ ਦੀ ਕੋਸ਼ਿਸ਼, 8 ਗ੍ਰਿ.ਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਜ਼ਿਲ੍ਹਾ ਫਿਰੋਜ਼ਪੁਰ ਪੁਲਸ ਵੱਲੋਂ ਨਸ਼ਾ ਤਸਕਰੀ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਹੇਠ ਵੱਡੀ ਸਫਲਤਾ ਹਾਸਲ ਕਰਦਿਆਂ 530 ਗ੍ਰਾਮ ਹੈਰੋਇਨ, ਇਕ ਡਰੋਨ ਤੇ ਪੈਕਿੰਗ ਮਟੀਰੀਅਲ ਸਮੇਤ 8 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਨ੍ਹਾਂ ਖਿਲਾਫ ਵੱਖ ਵੱਖ ਥਾਣਿਆਂ ਵਿੱਚ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲੇ ਦਰਜ ਕੀਤੇ ਗਏ ਹਨ। ਥਾਣਾ ਸਦਰ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਬੀ.ਐੱਸ.ਐੱਫ. ਨੇ ਪਿੰਡ ਮਾਛੀਵਾੜਾ ਦੇ ਖੇਤਾਂ 'ਚੋਂ ਇਕ ਡਰੋਨ ਤੇ 508 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸ ਸਬੰਧੀ ਬੀ.ਐੱਸ.ਐੱਫ. ਨੇ ਥਾਣੇ ਨੂੰ ਪੱਤਰ ਰਾਹੀਂ ਜਾਣਕਾਰੀ ਦਿੱਤੀ, ਜਿਸ 'ਤੇ ਅਣਪਛਾਤੇ ਵਿਅਕਤੀ ਖਿਲਾਫ ਐੱਨ.ਡੀ.ਪੀ.ਐੱਸ. ਤੇ ਏਅਰਕਰਾਫਟ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ। ਇਸ ਦੇ ਇਲਾਵਾ ਥਾਣਾ ਆਰਿਫ ਕੇ ਦੇ ਸਹਾਇਕ ਥਾਣੇਦਾਰ ਨਿਰਮਲ ਸਿੰਘ ਨੇ ਦੱਸਿਆ ਕਿ ਦਾਣਾ ਮੰਡੀ ਨੇੜੇ ਗਸ਼ਤ ਦੌਰਾਨ ਸੁਰਿੰਦਰ ਸਿੰਘ ਵਾਸੀ ਮਹਾਲਮ ਕੋਲੋਂ 10 ਗ੍ਰਾਮ ਹੈਰੋਇਨ ਮਿਲੀ ਹੈ। ਥਾਣਾ ਕੁੱਲਗੜ੍ਹੀ ਦੇ ਸਬ ਇੰਸਪੈਕਟਰ ਪ੍ਰਵੀਨ ਕੁਮਾਰ ਨੇ ਕਰਨਪ੍ਰੀਤ ਸਿੰਘ ਉਰਫ ਕਰਨ ਨੂੰ 5 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ। ਥਾਣਾ ਸਿਟੀ ਫਿਰੋਜ਼ਪੁਰ ਦੇ ਇੰਸਪੈਕਟਰ ਜਤਿੰਦਰ ਸਿੰਘ ਨੇ ਗਗਨਦੀਪ ਸਿੰਘ ਤੇ ਅਰਨ ਕੋਲੋਂ 2 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇੰਸਪੈਕਟਰ ਪਰਮਜੀਤ ਸਿੰਘ ਨੇ ਔਰਤ ਸ਼ਿਖਾ ਕੋਲੋਂ 2 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਸਹਾਇਕ ਥਾਣੇਦਾਰ ਸੁਖਚੈਨ ਸਿੰਘ ਨੇ ਰਾਮ ਪ੍ਰਕਾਸ਼ ਉਰਫ ਪਾਸ਼ਾ, ਅਜੀਤ ਸਿੰਘ ਉਰਫ ਹੈਪੀ ਤੇ ਕੇਵਲ ਕ੍ਰਿਸ਼ਨ ਉਰਫ ਰੋਹਿਤ ਤੋਂ 2 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਅਧਿਕਾਰੀਆਂ ਮੁਤਾਬਿਕ ਸਾਰੇ ਦੋਸ਼ੀਆਂ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ ਤੇ ਅੱਗੇ ਦੀ ਜਾਂਚ ਜਾਰੀ ਹੈ।

## ਬਲਜਿੰਦਰ ਢਿੱਲੋਂ 'ਆਪ' ਦੇ ਹਲਕਾ ਪਟਿਆਲਾ ਦੇ ਇੰਚਾਰਜ ਬਣੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਫਨ ਵਰਲਡ ਦੇ ਸੰਚਾਲਕ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਜਿੰਦਰ ਸਿੰਘ ਢਿੱਲੋਂ ਨੂੰ ਪਾਰਟੀ ਦੀ ਸੂਬਾਈ ਲੀਡਰਸ਼ਿਪ ਨੇ ਆਮ ਆਦਮੀ ਪਾਰਟੀ ਲੋਕ ਸਭਾ ਹਲਕਾ ਪਟਿਆਲਾ ਦਾ ਇੰਚਾਰਜ ਨਿਯੁਕਤ ਕੀਤਾ ਹੈ।ਲੰਘੀਆਂ ਚੋਣਾਂ ਦੌਰਾਨ ਉਹ ਵਿਧਾਨ ਸਭਾ ਹਲਕਾ ਸਨੌਰ ਤੋਂ 'ਆਪ' ਦੀ ਟਿਕਟ ਦੇ ਦਾਵੇਦਾਰ ਵੀ ਸਨਠ ਪਰ ਟਿਕਟ ਨਾ ਮਿਲਣ ਦੇ ਬਾਵਜੂਦ ਉਨ੍ਹਾਂ ਪਾਰਟੀ ਪ੍ਰਤੀ ਆਪਣੀ ਵਫ਼ਾਦਾਰੀ ਦੇ ਸੇਵਾਵਾਂ ਜਾਰੀ ਰੱਖੀਆਂ।ਪਾਰਟੀ ਨੇ ਬਲਜਿੰਦਰ ਸਿੰਘ ਨੂੰ ਲੋਕ ਸਭਾ ਹਲਕਾ ਪਟਿਆਲਾ ਦਾ ਇੰਚਾਰਜ ਲਾਇਆ ਹੈ।ਇਸ ਤੋਂ ਪਹਿਲਾਂ ਲੋਕ ਸਭਾ ਹਲਕਾ ਪਟਿਆਲਾ ਦੇ ਇੰਚਾਰਜ ਦੀ ਜ਼ਿੰਮੇਵਾਰੀ ਸਨੌਰ ਹਲਕੇ ਨਾਲ ਹੀ ਸਬੰਧਿਤ ਇੰਦਰਜੀਤ ਸਿੰਘ ਸੰਧੂ ਵੱਲੋਂ ਨਿਭਾਈ ਜਾ ਰਹੀ ਸੀ, ਪਰ ਪਿਛਲੇ ਦਿਨੀਂ ਉਨ੍ਹਾਂ ਨੂੰ ਪੰਜਾਬ ਪੱਧਰ ਦੀ ਇਕ ਚੇਅਰਮੈਨੀ ਦੇ ਕੇ ਨਿਵਾਜਿਆ ਗਿਆ।ਪਾਰਟੀ ਹਾਈ ਕਮਾਨ ਨੇ ਇੰਪਰੂਵਮੈਂਟ ਟਰੱਸਟ ਪਟਿਆਲਾ ਦੇ ਚੇਅਰਮੈਨ ਮੇਘ ਚੰਦ ਸ਼ੇਰਮਾਜਰਾ ਨੂੰ ਮੁੜ ਤੋਂ ਆਮ ਆਦਮੀ ਪਾਰਟੀ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਹੈ, ਜਦਕਿ ਪਟਿਆਲਾ ਦੇ ਐਮਸੀ ਤਜਿੰਦਰ ਸਿੰਘ ਮਹਿਤਾ ਨੂੰ ਲਗਾਤਾਰ ਤੀਜੀ ਵਾਰ ਆਮ ਆਦਮੀ ਪਾਰਟੀ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਬਣਾਇਆ ਗਿਆ ਹੈ।

## ਪੀ ਜੀ ਆਈ ਡਾਕਟਰਾਂ ਨੇ ਸਾਲਾਨਾ ਖੇਡ ਮੁਕਾਬਲਿਆਂ 'ਚ ਮਾਰੀਆਂ ਮੱਲਾਂ



**ਸਮਰਾਲਾ (ਸੁਰਜੀਤ ਸਿੰਘ)**-ਪੀ ਜੀ ਆਈ ਚੰਡੀਗੜ੍ਹ ਦੇ ਡਾਕਟਰਾਂ ਨੇ ਜਿੱਥੇ ਦੁਨੀਆ ਭਰ ਵਿੱਚ ਆਪਣੀ ਪੇਸ਼ੇਵਰਾਨਾ ਮੁਹਾਰਤ ਦਾ ਲੋਹਾ ਮਨਵਾਇਆ ਹੈ ਤੇ ਮੈਡੀਕਲ ਖ਼ੋਜ ਖੇਤਰ ਵਿੱਚ ਵੱਡੀਆਂ ਮੱਲਾਂ ਮਾਰੀਆਂ ਹਨ, ਉੱਥੇ ਚੰਡੀਗੜ੍ਹ ਵਿਖੇ ਕਰਵਾਏ ਗਲਾਡੀਅਸ-4 ਸਾਲਾਨਾ ਖੇਡ ਮੁਕਾਬਲਿਆਂ ਵਿੱਚ ਤੈਰਾਕੀ ਤੇ ਜੈਵਲਿਨ ਥ੍ਰੋ ਸਮੇਤ ਵੱਖ-ਵੱਖ ਖੇਡਾਂ ਵਿੱਚ ਆਪਣੀ ਖੇਡ ਕੁਸ਼ਲਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਇਹ ਸਮਾਗਮ ਵੱਖ-ਵੱਖ ਵਿਸ਼ੇਸ਼ਤਾਵਾਂ ਵਾਲੇ ਮੈਡੀਕਲ ਪੇਸ਼ੇਵਰਾਂ ਨੂੰ ਇੱਕਠੇ ਹੋਣ ਤੇ ਆਪਣੇ ਐਥਲੈਟਿਕ ਹੁਨਰ ਦਿਖਾਉਣ ਦਾ ਮੌਕਾ ਬਣਿਆ।ਟੇਬਲ ਟੈਨਿਸ ਦੇ ਫਾਈਨਲ ਵਿੱਚ ਨਿਊਰੋਸਰਜਰੀ ਦੀ ਡਾ. ਪ੍ਰਾਚੀ ਨੇ ਮਹਿਲਾ ਸ਼੍ਰੇਣੀ ਵਿੱਚ ਸੋਨੇ ਦਾ ਤਮਗਾ ਜਿੱਤਿਆ, ਜਦਕਿ ਪਾਥੋਲੋਜੀ ਦੀ ਡਾ. ਸ਼ੰਭਵੀ ਦੂਜੇ ਤੇ ਇੰਟਰਨਲ ਮੈਡੀਸਨ ਦੀ ਡਾ. ਰਿਚਾ ਤੀਜੇ ਸਥਾਨ 'ਤੇ ਰਹੀ।

ਪੁਰਸ਼ਾਂ ਦੀ ਜੈਵਲਿਨ ਥ੍ਰੋ ਵਿੱਚ ਆਰਥੋਪੈਡਿਕਸ ਦੇ ਡਾ. ਪਵਨ ਨੇ ਸੋਨਾ ਜਿੱਤਿਆ, ਜਦਕਿ ਆਰਥੋਪੈਡਿਕਸ ਦੇ ਹੀ ਡਾ. ਸ਼ਾਨ ਨੇ ਚਾਂਦੀ ਤੇ ਪੀਡੀਆਟ੍ਰਿਕਸ ਦੇ ਡਾ. ਰਾਜ ਨੇ ਕਾਂਸੀ ਦਾ ਤਮਗਾ ਜਿੱਤਿਆ।

ਮਹਿਲਾ ਜੈਵਲਿਨ ਥ੍ਰੋ ਵਿੱਚ ਜਨਰਲ ਸਰਜਰੀ ਦੀ ਡਾ. ਸ਼ਿਵਾਂਗੀ ਪਹਿਲੇ ਸਥਾਨ 'ਤੇ ਰਹੀ, ਅਨੇਸਥੀਸ਼ੀਆ ਦੀ ਡਾ. ਸਾਹਿਤਿਆ ਦੂਜੇ ਤੇ ਡੈਂਟਲ ਦੀ ਡਾ. ਨੇਹਾ ਤੀਜੇ ਸਥਾਨ 'ਤੇ ਰਹੀ।ਫੀਫਾ-ਈ ਮੁਕਾਬਲੇ 'ਚ ਤੀਖੀ ਟੱਕਰ ਵੇਖਣ ਨੂੰ ਮਿਲੀ, ਜਿੱਥੇ ਮੈਡੀਸਨ ਦੇ ਡਾ. ਰਿਸ਼ਭ, ਕਾਰਡੀਓਲੋਜੀ ਦੇ ਡਾ. ਸਿਧਾਂਤ ਤੇ ਡਾ. ਅਰਘਦੀਪ ਰਾਊਂਡ 1 ਦੇ ਜੇਤੂ ਰਹੇ।ਤੈਰਾਕੀ ਮੁਕਾਬਲਿਆਂ ਵਿੱਚ ਅਨੇਸਥੀਸ਼ੀਆ ਦੀ ਡਾ. ਸ਼ਿੰਜਿਨੀ ਨੇ ਮਹਿਲਾ ਇਵੈਂਟਾਂ 'ਚ ਵਧੀਆ ਪ੍ਰਦਰਸ਼ਨ ਕਰਦਿਆਂ 25 ਮੀਟਰ ਫ੍ਰੀਸਟਾਈਲ ਤੇ 25 ਮੀਟਰ ਬੈਕਸਟ੍ਰੋਕ ਵਿੱਚ ਸੋਨੇ ਤਮਗੇ ਜਿੱਤੇ।

ਪੁਰਸ਼ਾਂ ਵਿੱਚ, ਪੀਡੀਆਟ੍ਰਿਕਸ ਦੇ ਡਾ. ਸੁਮਿਤ ਨੇ 25 ਮੀਟਰ ਫ੍ਰੀਸਟਾਈਲ ਤੇ ਬੈਕਸਟ੍ਰੋਕ ਵਿੱਚ ਸੋਨਾ ਜਿੱਤਿਆ, ਜਦਕਿ ਡੀ ਐੱਮ ਐੱਸ ਆਰ ਨੈਫਰੋਲੋਜੀ ਦੇ ਡਾ. ਅਵਿੱਚਲ ਨੇ 25 ਮੀਟਰ ਬ੍ਰੈਸਟਸਟ੍ਰੋਕ ਤੇ ਬਟਰਫਲਾਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ।50 ਮੀਟਰ ਫ੍ਰੀਸਟਾਈਲ ਵਿੱਚ ਪੀਡੀਆਟ੍ਰਿਕਸ ਦੇ ਡਾ. ਸੰਚਿਤ ਨੇ ਸੋਨੇ ਦਾ ਤਮਗਾ ਹਾਸਲ ਕੀਤਾ।

# ਭਾਜਪਾ ਦੀ ਕੇਂਦਰ ਸਰਕਾਰ ਕਿਸਾਨ ਹਿਤੈਸ਼ੀ : ਸੋਨੂੰ ਮਿੱਤਲ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**

ਕੇਂਦਰ ਸਰਕਾਰ ਵੱਲੋਂ ਸਾਉਣੀ ਦੀਆਂ ਫ਼ਸਲਾਂ ਦੇ ਘੱਟੋ- ਘੱਟ ਸਮਰਥਨ ਮੁੱਲ (ਐੱਮਐੱਸਪੀ) ਵਿੱਚ ਕੀਤੇ ਗਏ ਵਾਧੇ ਨੂੰ ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸੋਨੂੰ ਮਿੱਤਲ ਨੇ ਕਿਸਾਨ ਹਿਤੈਸ਼ੀ ਕਦਮ ਕਰਾਰ ਦਿੱਤਾ ਹੈ।ਪਾਤੜਾਂ ਵਿਖੇ ਵੱਖ-ਵੱਖ ਥਾਵਾਂ 'ਤੇ ਪਾਰਟੀ ਆਗੂਆਂ ਨਾਲ ਰਾਬਤਾ ਕਰਨ ਤੋਂ ਬਾਅਦ ਗੱਲਬਾਤ ਕਰਦਿਆਂ ਭਾਜਪਾ ਆਗੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਹਮੇਸ਼ਾ ਕਿਸਾਨਾਂ ਤੇ ਕਿਸਾਨੀ ਨੂੰ ਮਹੱਤਵ ਦਿੱਤਾ ਹੈ ਅਤੇ ਉਨ੍ਹਾਂ ਦੇ ਹਿੱਤ ਵਿੱਚ ਮਹੱਤਵਪੂਰਨ ਫ਼ੈਸਲੇ ਲਏ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਜਪਾ ਆਗੂ ਸੋਨੂੰ ਮਿੱਤਲ ਨੇ ਦੱਸਿਆ ਕਿ ਕੇਂਦਰ ਸਰਕਾਰ ਨੇ ਝੋਨੇ ਸਮੇਤ 14 ਫ਼ਸਲਾਂ ਦੀ ਐੱਮਐੱਸਪੀ ਵਿੱਚ ਵਾਧਾ ਕਰਕੇ ਕਿਸਾਨਾਂ ਨੂੰ ਵੱਡਾ ਤੋਹਫਾ ਦਿੱਤਾ ਹੈ। ਇਨ੍ਹਾਂ ਫ਼ਸਲਾ ਵਿੱਚ ਝੋਨਾ, ਜੌਂ, ਬਾਜਰਾ, ਰਾਗੀ, ਮੱਕਾ, ਮੂੰਗ, ਉੜਦ, ਮੂੰਗਫਲੀ, ਸੂਰਜਮੁਖੀ, ਸੋਇਆਬੀਨ, ਤਿਲ, ਰਾਮਤਿਲ ਤੇ ਕਪਾਹ ਸ਼ਾਮਲ ਹਨ। ਉਨ੍ਹਾ ਖਾਸ ਤੌਰ 'ਤੇ ਰਾਗੀ, ਕਪਾਹ ਤੇ ਤਿਲ ਦੇ ਭਾਅ ਵਿੱਚ ਕੀਤੇ ਗਏ ਵਾਧੇ ਦਾ ਜ਼ਿਕਰ ਕੀਤਾ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਨੂੰ ਬਿਨਾਂ ਵਜ੍ਹਾ ਕਿਸਾਨ ਵਿਰੋਧੀ ਦੱਸਿਆ ਜਾ ਰਿਹਾ ਹੈ, ਜਦੋਂਕਿ ਕਿਸਾਨੀ ਹਿੱਤ ਵਿੱਚ ਜਿੰਨੇ ਫੈਸਲੇ ਮੋਦੀ ਸਰਕਾਰ ਨੇ ਲਏ ਹਨ, ਉਨੇ ਫੈਸਲੇ ਅੱਜ ਤੱਕ ਕਿਸੇ ਵੀ ਸਰਕਾਰ ਨੇ ਨਹੀਂ ਲਏ।ਉਨ੍ਹਾਂ ਕਿਹਾ ਕਿ ਇਹ ਫੈਸਲਾ ਕੇਂਦਰ ਸਰਕਾਰ ਦੀ 2018-19 ਦੇ ਬਜਟ ਘੋਸ਼ਣਾ ਦੇ ਅਨੁਸਾਰ ਹੈ, ਜਿਸ ਵਿੱਚ ਕਿਹਾ ਗਿਆ ਸੀ ਕਿ ਐੱਮਐੱਸਪੀ ਘੱਟੋ-ਘੱਟ ਆਲ ਇੰਡੀਆ ਔਸਤ ਉਤਪਾਦਨ ਲਾਗਤ ਦਾ 1.5 ਗੁਣਾ ਹੋਵੇਗਾ।ਉਨ੍ਹਾ ਕਿਹਾ ਕਿ ਇਸ ਨਾਲ ਕਿਸਾਨਾਂ ਨੂੰ ਆਪਣੀ ਲਾਗਤ 'ਤੇ ਘੱਟੋ-ਘੱਟ 50 ਫ਼ੀਸਦੀ ਦਾ ਮੁਨਾਫਾ ਮਿਲੇਗਾ। ਖਾਸ ਕਰਕੇ, ਬਾਜ਼ਰੇ ਲਈ 63 ਫ਼ੀਸਦੀ ਮੁਨਾਫੇ, ਮੱਕੇ ਤੇ ਅਰਹਰ ਲਈ 59 ਫ਼ੀਸਦੀ ਤੇ ਉੜਦ ਲਈ 53 ਫ਼ੀਸਦੀ ਦਾ ਅਨੁਮਾਨ ਹੈ।ਇਸ ਤੋਂ ਇਲਾਵਾ ਕਿਸਾਨਾਂ ਦੇ ਹੱਕ ਵਿੱਚ ਕੀਤੇ ਕੰਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਖਾਤਿਆਂ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਵਰਗੀਆ ਯੋਜਨਾਵਾਂ ਰਾਹੀਂ ਪੈਸੇ ਪਾਉਣ ਤੇ ਫ਼ਸਲਾਂ 'ਤੇ ਵਾਜਬ ਭਾਅ ਦੇਣ ਦੇ ਨਾਲ-ਨਾਲ ਹੁਣ ਐੱਮ ਐੱਸ ਪੀ ਵਿੱਚ ਇਹ ਵਾਧਾ ਕਰਕੇ ਸਰਕਾਰ ਨੇ ਸਾਬਿਤ ਕਰ ਦਿੱਤਾ ਹੈ ਕਿ ਉਹ ਕਿਸਾਨ ਹਿਤੈਸ਼ੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਸ਼ਹਿਰੀ ਮੰਡਲ ਪ੍ਰਧਾਨ ਸਤੀਸ਼ ਕੁਮਾਰ ਗਰਗ, ਬਗੀਚਾ ਸਿੰਘ ਦੁਤਾਲ ਜ਼ਿਲ੍ਹਾ ਪ੍ਰਧਾਨ ਕਿਸਾਨ ਮੋਰਚਾ, ਨਰਿੰਦਰ ਕੁਮਾਰ, ਗਿਆਨ ਸਿੰਘ ਧਾਲੀਵਾਲ, ਜਗਦੀਸ਼ ਚੰਦ ਪੰਛੀ ਤੇ ਜਸਵਿੰਦਰ ਸਿੰਘ ਸੇਖੋਂ ਆਦਿ ਹਾਜ਼ਰ ਸਨ।

## ਲੁਧਿਆਣਾ ਜ਼ਿਮਨੀ ਚੋਣ 'ਚ ਸੰਜੀਵ ਅਰੋੜਾ ਦੀ ਜਿੱਤ ਪੱਕੀ : ਬਰਸਟ

### ਲੋਕ ਇੱਕ ਵਾਰ ਫਿਰ ਤੋਂ 'ਆਪ' ਦੇ ਕੰਮਾਂ 'ਤੇ ਲਗਾਉਣਗੇ ਮੋਹਰ

**ਸਮਾਣਾ (ਗੁਰਪਿਆਰ ਸਿੰਘ ਬੱਲ)**-ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਨੂੰ ਲੋਕਾਂ ਦਾ ਭਰਪੂਰ ਪਿਆਰ ਤੇ ਸਾਥ ਮਿਲ ਰਿਹਾ ਹੈ ਅਤੇ ਜ਼ਿਮਨੀ ਚੋਣ ਵਿੱਚ ਸੰਜੀਵ ਅਰੋੜਾ ਦੀ ਜਿੱਤ ਪੱਕੀ ਹੈ।ਇਹ ਦਾਅਵਾ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਆਪ ਉਮੀਦਵਾਰ ਸੰਜੀਵ ਅਰੋੜਾ ਸੂਝਵਾਨ ਤੇ ਇਮਾਨਦਾਰ ਵਿਅਕਤੀ ਹਨ, ਜੋ ਸਮਾਜ ਦੇ ਹਰ ਵਰਗ ਨਾਲ ਜੁੜੇ ਹੋਏ ਹਨ।ਸ੍ਰ. ਬਰਸਟ ਨੇ ਕਿਹਾ ਕਿ ਸੰਜੀਵ ਅਰੋੜਾ ਬਤੌਰ ਰਾਜ ਸਭਾ ਮੈਂਬਰ ਰਹਿੰਦੇ ਹੋਏ ਲੁਧਿਆਣਾ ਵਾਸੀਆਂ ਤੇ ਪੰਜਾਬ ਵਾਸੀਆਂ ਲਈ ਆਵਾਜ਼ ਚੁੱਕਦੇ ਆ ਰਹੇ ਹਨ ਅਤੇ ਲੁਧਿਆਣਾ ਦੇ ਵਿਕਾਸ ਨੂੰ ਹਮੇਸ਼ਾ ਪਹਿਲ ਦਿੰਦੇ ਆ ਰਹੇ ਹਨ।ਉਹ ਲੋਕ ਭਲਾਈ ਤੇ ਸਮਾਜ ਸੇਵਾ ਲਈ ਹਮੇਸ਼ਾ ਤੱਤਪਰ ਰਹਿੰਦੇ ਹਨ।ਸੰਜੀਵ ਅਰੋੜਾ ਪ੍ਰਤੀ ਲੋਕਾਂ ਦੇ ਪਿਆਰ ਤੇ ਵਿਸ਼ਵਾਸ ਨੂੰ ਦੇਖਦਿਆਂ ਇਹ ਯਕੀਨ ਹੋ ਗਿਆ ਹੈ ਕਿ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਵੱਡੇ ਅੰਤਰ ਨਾਲ ਜਿੱਤ ਹਾਸਲ ਕਰੇਗੀ। ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਮਿਸਾਲੀ ਕਾਰਜ ਕੀਤੇ ਗਏ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਲੋਕ ਭਲਾਈ ਦੇ ਕੰਮਾਂ ਨੂੰ ਹੀ ਪਹਿਲ ਦਿੱਤੀ ਹੈ।ਆਪ ਦਾ ਮੁੱਖ ਮਕਸਦ ਸੂਬੇ ਦਾ ਚਹੁੰਪੱਖੀ ਵਿਕਾਸ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਪੰਜਾਬ ਸਰਕਾਰ ਵੱਲੋਂ ਆਪਣੇ 3 ਸਾਲ ਦੇ ਕਾਰਜਕਾਲ ਦੌਰਾਨ ਹਰ ਖੇਤਰ ਵਿੱਚ ਬਹੁਤ ਸੁਧਾਰ ਕੀਤੇ ਗਏ ਹਨ।ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿਸ਼ੇਸ਼ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਹੈ, ਜਿਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ ਤੇ ਲੋਕਾਂ ਵੱਲੋਂ ਵੀ ਸਹਿਯੋਗ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਜਿੱਥੇ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ, ਉੱਥੇ ਹੀ ਖੇਡ ਮੈਦਾਨ ਵੀ ਬਣਵਾਏ ਜਾ ਰਹੇ ਹਨ।ਲੋਕ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਬਹੁਤ ਖੁਸ਼ ਹਨ।ਉਨ੍ਹਾਂ ਸਾਰੇ ਵਲੰਟੀਅਰਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਉਣ।


## ਮਹਿਲਾ ਵਿੰਗ ਦੀ ਪ੍ਰਧਾਨ ਵੱਲੋਂ ਆਪਣੀ ਪਾਰਟੀ ਖਿਲਾਫ ਧਰਨਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੀ ਸੂਬਾਈ ਮਹਿਲਾ ਵਿੰਗ ਦੀ ਪ੍ਰਧਾਨ ਪ੍ਰੀਤੀ ਮਲਹੋਤਰਾ ਦੀ ਅਗਵਾਈ ਹੇਠ ਆਪਣੀ ਪਾਰਟੀ ਖ਼ਿਲਾਫ਼ ਧਰਨਾ ਦਿੱਤਾ ਗਿਆ।ਉਨ੍ਹਾਂ 'ਪੰਜਾਬ ਬਚਾਓ ਦਿੱਲੀ ਵਾਲੇ ਭਜਾਓ' ਦੇ ਨਾਅਰੇ ਵੀ ਲਾਏ।ਵੱਡੀ ਗਿਣਤੀ ਵਿੱਚ ਔਰਤਾਂ ਵੱਲੋਂ ਪ੍ਰੀਤੀ ਮਲਹੋਤਰਾ ਦੀ ਅਗਵਾਈ ਹੇਠ ਪਟਿਆਲਾ ਵਿਖੇ ਆਪਣੀ ਹੀ ਪਾਰਟੀ ਵਿਰੁੱਧ ਧਰਨਾ ਲਗਾ ਕੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਉਧਰ 'ਆਪ' ਹਾਈ ਕਮਾਨ ਨੇ ਧਰਨਾ ਲਾਉਣ ਦੇ ਮਾਮਲੇ 'ਚ ਪ੍ਰੀਤੀ ਮਲਹੋਤਰਾ ਨੂੰ ਅਹੁਦੇ ਤੋਂ ਹਟਾ ਦਿੱਤਾ ਹੈ।ਇਹ ਜ਼ਿੰਮੇਵਾਰੀ ਹੁਣ ਮਹਿਲਾ ਵਿੰਗ ਦੀ ਮੀਤ ਪ੍ਰਧਾਨ ਅਮਨਦੀਪ ਕੌਰ ਨੂੰ ਦਿੱਤੀ ਗਈ ਹੈ।

## ਔਰਤ ਤੋਂ ਮੋਬਾਇਲ ਖੋਹ ਕੇ ਫਰਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਕੈਂਟ 'ਚ ਦਿਨ ਦਿਹਾੜੇ ਇੱਕ ਔਰਤ ਤੋਂ ਦੋ ਨੌਜਵਾਨ ਮੋਬਾਇਲ ਫੋਨ ਖੋਹ ਕੇ ਫਰਾਰ ਹੋ ਗਏ। ਥਾਣਾ ਕੈਂਟ ਦੀ ਪੁਲਸ ਨੇ ਇੱਕ ਨਾਮਜ਼ਦ ਤੇ ਇੱਕ ਅਣਪਛਾਤੇ ਵਿਅਕਤੀ ਖ਼ਿਲਾਫ ਮਾਮਲਾ ਦਰਜ ਕਰ ਲਿਆ ਹੈ। ਸ਼ਿਕਾਇਤਕਰਤਾ ਸਿਮਰਨਜੀਤ ਕੌਰ ਵਾਸੀ ਪਿੰਡ ਆਲੇ ਵਾਲਾ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਹ ਆਪਣੇ ਪਤੀ ਨੂੰ ਫੋਨ ਕਰ ਰਹੀ ਸੀ, ਜਦੋਂ ਕਰੀਬ 4:30 ਵਜੇ ਬਿਨਾਂ ਨੰਬਰ ਪਲੇਟ ਵਾਲੀ ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨ ਉਸ ਕੋਲ ਆਏ। ਮੋਟਰਸਾਈਕਲ ਚਾਲਕ ਨੌਜਵਾਨ ਆਪਣਾ ਚਿਹਰਾ ਢੱਕੇ ਹੋਏ ਸੀ, ਜਦਕਿ ਪਿੱਛੇ ਬੈਠੇ ਵਿਅਕਤੀ ਨੇ ਮੂੰਹ ਨਹੀਂ ਲਪੇਟਿਆ ਸੀ। ਉਨ੍ਹਾਂ ਵਿੱਚੋਂ ਪਿੱਛੇ ਬੈਠੇ ਵਿਅਕਤੀ ਨੇ ਝਪਟਮਾਰ ਕਰਕੇ ਸਿਮਰਨਜੀਤ ਕੌਰ ਦੇ ਹੱਥ ਤੋਂ ਗਲੈਕਸੀ ਏ 04 ਐੱਸ ਸੈਮਸੰਗ ਮੋਬਾਇਲ ਖੋਹ ਲਿਆ ਤੇ ਦੋਵੇਂ ਪਾਇਲਟ ਚੌਕ ਵੱਲ ਭੱਜ ਗਏ। ਇਕ ਦੋਸ਼ੀ ਦੀ ਪਛਾਣ ਰੋਮਸ ਮਸੀਹ ਪੁੱਤਰ ਸਾਦਕ ਵਾਸੀ ਗਲੀ ਨੰਬਰ 27, ਬਸਤੀ ਟੈਂਕਾਂਵਾਲੀ, ਫਿਰੋਜ਼ਪੁਰ ਕੈਂਟ ਵਜੋਂ ਕੀਤੀ। ਸਹਾਇਕ ਥਾਣੇਦਾਰ ਸਲਵਿੰਦਰ ਸਿੰਘ ਨੇ ਦੱਸਿਆ ਕਿ ਉਕਤ ਦੋਸ਼ੀਆਂ ਖ਼ਿਲਾਫ ਮਾਮਲਾ ਦਰਜ ਕਰ ਲਿਆ ਹੈ।

# ਠੀਕਰੀਵਾਲਾ 'ਚ ਕਿਸਾਨਾਂ ਨੂੰ ਨਵੀਂਆਂ ਤਕਨੀਕਾਂ ਲਈ ਪ੍ਰੇਰਿਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਦੇ ਤੀਜੇ ਦਿਨ ਕ੍ਰਿਸ਼ੀ ਵਿਗਿਆਨ ਕੇਂਦਰ ਬਰਨਾਲਾ ਵੱਲੋਂ ਪਿੰਡ ਠੀਕਰੀਵਾਲਾ ਵਿਖੇ ਕਿਸਾਨ ਜਾਗਰੂਕਤਾ ਪ੍ਰੋਗਰਾਮ ਦਾ ਕਰਾਇਆ ਗਿਆ।ਇਸ ਮੌਕੇ ਗੁਰੂ ਅੰਗਦ ਦੇਵ ਵੈਟਰਨਰੀ ਤੇ ਪਸ਼ੂ ਵਿਗਿਆਨ ਯੂਨੀਵਰਸਿਟੀ ਲੁਧਿਆਣਾ ਦੇ ਉਪ-ਕੁਲਪਤੀ ਡਾ. ਜੇ.ਪੀ.ਐੱਸ. ਗਿੱਲ, ਨਿਦੇਸ਼ਕ ਪਸਾਰ ਸਿੱਖਿਆ ਡਾ. ਆਰ. ਐੱਸ. ਗਰੇਵਾਲ ਤੇ ਡਾ. ਪਰਮਿੰਦਰ ਚਾਵਲਾ, ਏ.ਡੀ.ਈ., ਗੁਰੂ ਅੰਗਦ ਦੇਵ ਵੈਟਰਨਰੀ ਤੇ ਪਸ਼ੂ ਵਿਗਿਆਨ ਯੂਨੀਵਰਸਿਟੀ ਲੁਧਿਆਣਾ ਵੀ ਸ਼ਾਮਲ ਹੋਏ।ਇਹ ਅਭਿਆਨ ਪੂਰੇ ਭਾਰਤ ਵਿੱਚ 29 ਮਈ ਤੋਂ 12 ਜੂਨ 2025 ਤੱਕ ਚਲਾਇਆ ਜਾ ਰਿਹਾ ਹੈ। ਇਸ ਦਾ ਮੁੱਖ ਮੰਤਵ ਜ਼ਿਲ੍ਹੇ ਦੇ ਸਾਰੇ ਪਿੰਡਾਂ ਦਾ ਦੌਰਾ ਕੀਤਾ ਜਾਵੇ ਅਤੇ ਖੇਤੀਬਾੜੀ ਖੋਜ ਪ੍ਰਣਾਲੀ ਦੁਆਰਾ ਵਿਕਸਿਤ ਕੀਤੀਆਂ ਗਈਆਂ ਨਵੀਆਂ ਤਕਨੀਕਾਂ, ਕਿਸਾਨ ਭਲਾਈ ਲਈ ਸਰਕਾਰ ਦੁਆਰਾ ਦਿੱਤੀਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ, ਮਿੱਟੀ ਸਿਹਤ ਕਾਰਡ, ਖੇਤੀਬਾੜੀ ਵਿੱਚ ਪਾਣੀ ਬਚਾਉਣ ਵਾਲੀਆਂ ਤਕਨੀਕਾਂ ਬਾਰੇ ਚਰਚਾ ਕੀਤੀ ਜਾਵੇ।ਉਪ-ਕੁਲਪਤੀ ਨੇ ਯੂਨੀਵਰਸਿਟੀ ਦੁਆਰਾ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਚਰਚਾ ਕੀਤੀ।ਉਨ੍ਹਾਂ ਯੂਨੀਵਰਸਿਟੀ ਦੁਆਰਾ ਵਿਕਸਤ ਕੀਤੀਆਂ ਗਈਆਂ ਬਿਹਤਰ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ, ਜਿਸ ਨੂੰ ਅਪਣਾ ਕੇ ਪਸ਼ੂਧਨ ਉੱਦਮਾਂ ਦੀ ਉਤਪਾਦਕਤਾ ਤੇ ਮੁਨਾਫੇ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ।ਕਿਸਾਨ ਪਸ਼ੂ ਪਾਲਣ ਤੇ ਖੇਤੀਬਾੜੀ ਨਾਲ ਸਬੰਧਤ ਆਪਣੀ ਸਮੱਸਿਆ ਦੇ ਹੱਲ ਲਈ ਯੂਨੀਵਰਸਿਟੀ ਤੇ ਕੇਵੀਕੇ ਨਾਲ ਸੰਪਰਕ ਕਰਨ ਲਈ ਕਿਹਾ।ਡਾ. ਗਰੇਵਾਲ ਨੇ ਸਾਈਲੇਜ ਤਿਆਰ ਕਰਨ ਦੀ ਤਕਨਾਲੋਜੀ 'ਤੇ ਚਰਚਾ ਕੀਤੀ।ਪ੍ਰੋਗਰਾਮ ਦੌਰਾਨ ਡਾ. ਪਰਮਿੰਦਰ ਸਿੰਘ ਏ.ਡੀ.ਈ. ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਡਾ. ਪੀ. ਐੱਸ. ਤੰਵਰ ਐਸੋਸੀਏਟ ਡਾਇਰੈਕਟਰ ਕੇ. ਵੀ. ਕੇ. ਬਰਨਾਲਾ ਨੇ ਕਿਹਾ ਕਿ ਕੇ. ਵੀ. ਕੇ. ਦੀਆਂ ਗਤੀਵਿਧੀਆਂ, ਮਿੱਟੀ ਦੀ ਜਾਂਚ ਤੇ ਸਿਫਾਰਸ਼ ਅਨੁਸਾਰ ਖਾਦ ਦੀ ਵਰਤੋਂ, ਝੋਨਾ, ਕਣਕ, ਮੱਕੀ ਤੇ ਕਪਾਹ ਵਿੱਚ ਨਾਈਟ੍ਰੋਜਨ ਦੀ ਸੁਚੱਜੀ ਵਰਤੋਂ ਲਈ ਪੱਤਾ ਰੰਗ ਚਾਰਟ ਦੀ ਵਰਤੋਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ।ਇਸ ਮੌਕੇ ਖੇਤੀਬਾੜੀ ਵਿਭਾਗ, ਪਸ਼ੂ ਪਾਲਣ ਵਿਭਾਗ, ਸਹਿਕਾਰੀ ਸਭਾ, ਸਰਪੰਚ ਕਿਰਨਜੀਤ ਸਿੰਘ ਹੈਪੀ, ਕੇ. ਵੀ. ਕੇ. ਡਾ. ਸੁਰੇਂਦਰ ਸਿੰਘ, ਡਾ. ਅੰਜੁਲੀ ਸ਼ਰਮਾ, ਸ੍ਰੀ ਪ੍ਰਦੀਪ ਕੁਮਾਰ ਮੌਜੂਦ ਸਨ।

## ਬਰੌਂਡਵੇ ਐੱਫ ਐੱਮ ਦੀ ਟੀਮ ਨੇ ਸ਼ਾਨਦਾਰ ਮਿਸਾਲ ਕਾਇਮ ਕੀਤੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਡਵੇ ਐੱਫ ਐੱਮ ਦੀ ਟੀਮ ਨੇ ਸਿਰਜਣਾਤਮਕਤਾ ਦੇ ਪ੍ਰੇਰਣਾਦਾਇਕ ਪ੍ਰਦਰਸ਼ਨ ਵਿੱਚ ਇੱਕ ਸ਼ਾਨਦਾਰ ਮਿਸਾਲ ਕਾਇਮ ਕੀਤੀ ਹੈ।ਨਰਿੰਦਰ ਸਰ ਦੀ ਅਗਵਾਈ ਹੇਠ ਹਰੇਕ ਮੈਂਬਰ ਜੋਸ਼ ਨਾਲ ਯੋਗਦਾਨ ਪਾ ਰਿਹਾ ਹੈ। ਪ੍ਰੋਡਕਸ਼ਨ ਦੇ ਹਰ ਕਦਮ ਨੇ ਏਕਤਾ, ਜਨੂੰਨ ਤੇ ਪੇਸ਼ੇਵਰਤਾ ਦੀ ਭਾਵਨਾ ਨੂੰ ਦਰਸਾਇਆ ਹੈ।ਸੰਪਾਦਕੀ ਟੀਮ ਨੇ ਸਮੱਗਰੀ ਨੂੰ ਆਕਾਰ ਦੇਣ ਲਈ ਅਣਥੱਕ ਮਿਹਨਤ ਕੀਤੀ ਹੈ।ਇੰਟਰਵਿਊ ਟੀਮ ਨੇ ਵੀ ਸ਼ਲਾਘਾਯੋਗ ਯੋਗਦਾਨ ਪਾਇਆ ਹੈ।ਇਨ੍ਹਾਂ ਨੂੰ 'ਵਿਜ਼ਡਮ ਟਾਕਸ' ਦੁਆਰਾ ਹੋਰ ਅਮੀਰ ਬਣਾਇਆ ਗਿਆ ਹੈ, ਜਿਸ ਦਾ ਉਦੇਸ਼ ਵਿਚਾਰਸ਼ੀਲ ਪਹਿਲਕਦਮੀ ਤੇ ਪ੍ਰੇਰਨਾਦਾਇਕ ਕਹਾਣੀਆਂ ਨੂੰ ਸਾਂਝਾ ਕਰਨਾ ਹੈ, ਜੋ ਕਿ ਤਜਰਬੇਕਾਰ ਬੁਲਾਰਿਆਂ ਦੁਆਰਾ ਮਾਰਗਦਰਸ਼ਨ ਕਰਦਾ ਹੈ।ਇਸ ਮੌਕੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫੀ ਨੇ ਉਨ੍ਹਾਂ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਜਿਨ੍ਹਾਂ ਨੂੰ ਬਰੌਡਵੇ ਐੱਫ ਐੱਮ ਦੀ ਜੀਵਨ ਭਰ ਦੀ ਮੈਂਬਰਸ਼ਿਪ ਦਿੱਤੀ ਗਈ ਸੀ, ਉਨ੍ਹਾਂ ਦੇ ਸਮਰਪਣ ਤੇ ਯੋਗਦਾਨ ਨੂੰ ਸਵੀਕਾਰ ਕਰਦੇ ਹੋਏ ਪ੍ਰਿੰਸੀਪਲ ਮੁਹੰਮਦ ਆਰਿਫ ਸੈਫੀ ਨੇ ਉਨ੍ਹਾਂ ਦੀ ਪ੍ਰਸ਼ੰਸਾ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਪਲੇਟਫਾਰਮ ਆਉਣ ਵਾਲੇ ਸਾਲਾਂ ਲਈ ਉਨ੍ਹਾਂ ਦੇ ਸਹਿਯੋਗੀ ਹੁਨਰ ਤੇ ਰਚਨਾਤਮਕ ਵਿਕਾਸ ਨੂੰ ਜਾਰੀ ਰੱਖੇਗਾ।

## ਆਟੋ ਯੂਨੀਅਨ ਦੀ ਮੀਟਿੰਗ 'ਚ ਡਾ. ਚੌਹਾਨ ਵੱਲੋਂ ਮੁਸ਼ਕਲਾਂ ਦੇ ਹੱਲ ਲਈ ਭਰੋਸਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸ਼ਹੀਦ ਭਗਤ ਸਿੰਘ ਵੈੱਲਫੇਅਰ ਸੋਸਾਇਟੀ ਰਜਿਸਟਰ ਆਟੋ ਯੂਨੀਅਨ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾਕਟਰ ਦਲਜੀਤ ਸਿੰਘ ਚੌਹਾਨ ਪੰਜਾਬ ਪ੍ਰਧਾਨ ਗੁਰੂ ਗਿਆਨ ਨਾਥ ਵਾਲਮੀਕ ਧਰਮ ਸਮਾਜ ਰਜਿਸਟਰ ਭਾਰਤ ਪਾਵਨ ਵਾਲਮੀਕ ਦੀ ਸ੍ਰੀ ਅੰਮ੍ਰਿਤਸਰ ਸਾਹਿਬ ਪਹੁੰਚੇ ਤੇ ਆਟੋ ਯੂਨੀਅਨ ਦੇ ਮੈਂਬਰਾਂ ਨਾਲ ਵਿਚਾਰ ਵਟਾਂਦਰਾ ਕੀਤਾ ਅਤੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਾਉਣ ਦਾ ਭਰੋਸਾ ਦਿਵਾਇਆ।ਯੂਨੀਅਨ ਦੇ ਪ੍ਰਧਾਨ ਰਵੀ ਲਹੇਰਾ ਨੇ ਦੱਸਿਆ ਕਿ ਯੂਨੀਅਨ ਕੋਲ ਕੋਈ ਵੀ ਆਟੋ ਖੜਨ ਵਾਸਤੇ ਆਪਣੀ ਕੋਈ ਵੀ ਜਗ੍ਹਾ ਨਹੀਂ ਹੈ।ਸਮੇਂ ਸਮੇਂ ਦੀਆਂ ਸਰਕਾਰਾਂ ਨੇ ਉਨ੍ਹਾਂ ਨੂੰ ਭਰੋਸਾ ਦੇ ਕੇ ਟਾਲ ਮਟੋਲ ਦੀ ਨੀਤੀ ਕੀਤੀ।ਸਾਡੇ ਆਟੋ ਪਹਿਲਾਂ ਬੱਸ ਸਟੈਂਡ ਵਿੱਚ ਖੜ੍ਹਦੇ ਸੀ, ਹੁਣ ਬੱਸ ਸਟੈਂਡ ਵਿੱਚ ਕਮੇਟੀ ਵਾਲੇ ਆਟੋ ਖੜ੍ਹਨ ਨਹੀਂ ਦਿੰਦੇ, ਜਿਸ ਕਰਕੇ ਟ੍ਰੈਫਿਕ ਦੀ ਸਮੱਸਿਆ ਬਹੁਤ ਆਉਂਦੀ ਹੈ ਅਤੇ ਸਾਨੂੰ ਪੁਲਸ ਪ੍ਰਸ਼ਾਸਨ ਵੀ ਕਈ ਵਾਰੀ ਮਾੜਾ ਚੰਗਾ ਬੋਲ ਜਾਂਦਾ ਹੈ। ਜੇਕਰ ਸਾਨੂੰ ਬੱਸ ਸਟੈਂਡ ਅੰਦਰ ਖੜਨ ਵਾਸਤੇ ਜਗ੍ਹਾ ਦਿੱਤੀ ਜਾਂਦੀ ਹੈ ਤਾਂ ਅਸੀਂ ਉਸ ਦੀ ਐਂਟਰੀ ਫੀਸ ਵੀ ਜਮ੍ਹਾਂ ਕਰਾਉਣ ਲਈ ਤਿਆਰ ਹਾਂ।ਇਹ ਸਾਰੇ ਵਿਚਾਰ ਸੁਣਨ ਤੋਂ ਬਾਅਦ ਡਾਕਟਰ ਦਲਜੀਤ ਸਿੰਘ ਚੌਹਾਨ ਨੇ ਡਿਪਟੀ ਕਮਿਸ਼ਨਰ ਬਠਿੰਡਾ ਨੂੰ ਇੱਕ ਮੰਗ ਪੱਤਰ ਲਿਖਿਆ, ਜਿਸ ਵਿੱਚ ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਨੂੰ ਆਟੋ ਸਟੈਂਡ ਵਾਸਤੇ ਜਗ੍ਹਾ ਦਿੱਤੀ ਜਾਵੇ, ਜੇਕਰ ਆਉਣ ਵਾਲੇ ਦਿਨਾਂ ਵਿੱਚ ਮੰਗ ਪੱਤਰ 'ਤੇ ਗੌਰ ਨਹੀਂ ਹੁੰਦੀ ਤਾਂ ਜਥੇਬੰਦੀ ਗੁਰੂਗਿਆਨਾ ਵਾਲਮੀਕ ਧਰਮ ਸਮਾਜ ਰਜਿਸਟਰ ਭਾਰਤ ਇਨ੍ਹਾਂ ਦੇ ਨਾਲ ਚਟਾਨ ਵਾਂਗੂੰ ਖੜੀ ਹੈ।ਜਥੇਬੰਦੀ ਨੂੰ ਜੇਕਰ ਕੋਈ ਸੰਘਰਸ਼ ਕਰਨਾ ਪਿਆ ਤਾਂ ਉਹ ਸੰਘਰਸ਼ ਕਰੇਗੀ। ਜੇਕਰ ਆਟੋ ਯੂਨੀਅਨ ਨੂੰ ਖੜਨ ਲਈ ਜਗ੍ਹਾ ਮਿਲ ਜਾਂਦੀ ਹੈ ਤਾਂ ਸ਼ਹਿਰ ਦੀ ਟ੍ਰੈਫਿਕ ਸਮੱਸਿਆ ਹੱਲ ਹੋ ਜਾਵੇਗੀ। ਆਟੋ ਯੂਨੀਅਨ ਦਾ ਸ਼ਹਿਰ ਦੀਆਂ ਸਵਾਰੀਆਂ ਦੀ ਢੋਆ ਢੁਆਈ 'ਚ ਅਹਿਮ ਰੋਲ ਹੈ।

## ਵਿਸ਼ਵ ਸਾਈਕਲ ਦਿਵਸ ਮਨਾਇਆ




**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਸਰੀਰਕ ਸਿੱਖਿਆ ਵਿਭਾਗ, ਐੱਨ ਐੱਸ ਐੱਸ ਤੇ ਐੱਨ ਸੀ ਸੀ ਯੂਨਿਟਾਂ ਵੱਲੋਂ ਵਿਸ਼ਵ ਸਾਈਕਲ ਦਿਵਸ ਮਨਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਭਾਰਤੀ ਵਿਸ਼ਵਵਿਦਿਆਲੇ ਸੰਘ ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫਿਟ ਇੰਡੀਆ ਮੂਵਮੈਂਟ ਦੇ ਤਹਿਤ ਕਾਲਜ ਵੱਲੋਂ ਵਿਸ਼ਵ ਸਾਈਕਲ ਦਿਵਸ ਮਨਾਉਂਦਿਆਂ ਇੱਕ ਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਨਿਰਲੇਪ ਕੌਰ ਨੇ ਸਾਈਕਲ ਰੈਲੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਸਾਈਕਲ ਰੈਲੀ ਵਿੱਚ ਕਾਲਜ ਦੇ ਖਿਡਾਰੀ ਵਿਦਿਆਰਥੀਆਂ, ਐੱਨ ਐੱਸ ਐੱਸ ਵਾਲੰਟੀਅਰਾਂ, ਐੱਨ ਸੀ ਸੀ ਕੈਡਿਟਾਂ ਅਤੇ ਨਗਰ ਨਿਵਾਸੀਆਂ ਨੇ ਭਾਗ ਲੈਂਦਿਆਂ ਸਮਾਜ ਨੂੰ ਸਰਗਰਮ ਤੇ ਕਿਰਿਆਸ਼ੀਲ ਜੀਵਨ ਜਾਚ ਅਪਨਾਉਣ ਲਈ ਪ੍ਰੇਰਿਆ। ਇਸ ਸਾਈਕਲ ਰੈਲੀ ਰਾਹੀਂ ਰੋਜ਼ਾਨਾ ਸਾਈਕਲ ਚਲਾਉਣ ਨਾਲ ਸਿਹਤ ਤੇ ਵਾਤਾਵਰਨ ਨੂੰ ਹੋਣ ਵਾਲੇ ਫ਼ਾਇਦਿਆਂ ਬਾਰੇ ਜਾਗਰੂਕ ਕੀਤਾ ਗਿਆ।ਇਸ ਰੈਲੀ ਦੇ ਆਯੋਜਨ ਵਿੱਚ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਨਿਰਲੇਪ ਕੌਰ, ਐੱਨ ਐੱਸ ਐੱਸ ਪ੍ਰੋਗਰਾਮ ਅਫ਼ਸਰ ਡਾ. ਗੁਰਪ੍ਰੀਤ ਸਿੰਘ, ਏ ਐੱਨ ਓ ਲੈਫ਼ਟੀਨੈਂਟ ਪ੍ਰੋ. ਸਨਦੀਪ ਸਿੰਘ ਹੁੰਦਲ ਅਤੇ ਡਾ. ਕਰਮਜੀਤ ਸਿੰਘ ਨੇ ਮਹੱਤਵਪੂਰਨ ਯੋਗਦਾਨ ਪਾਇਆ।

## ਹਰ ਪਿੰਡ 'ਚ ਪੇਂਡੂ ਡਿਫੈਂਸ ਕਮੇਟੀਆਂ ਪੂਰੀ ਤਰ੍ਹਾਂ ਕਾਰਜਸ਼ੀਲ : ਵਿਧਾਇਕ ਸੇਖੋਂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਸ਼ਾ ਮੁਕਤੀ ਯਾਤਰਾ ਦਾ ਮੁੱਖ ਮਕਸਦ ਆਮ ਲੋਕਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਾ ਕੇ ਨਸ਼ਿਆਂ ਦੇ ਦਲਦਲ ਵਿੱਚ ਫਸੇ ਲੋਕਾਂ ਦਾ ਇਲਾਜ ਕਰਾ ਕੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਹੈ।ਇਹ ਪ੍ਰਗਟਾਵਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਹਲਕਾ ਫ਼ਰੀਦਕੋਟ ਦੇ ਵੱਖ-ਵੱਖ ਪਿੰਡਾਂ ਵਿੱਚ ਜਾਗਰੂਕਤਾ ਸਭਾਵਾਂ ਨੂੰ ਸੰਬੋਧਨ ਕਰਦੇ ਕੀਤਾ।ਪਿੰਡ ਨਵੀਂ ਤੇ ਪੁਰਾਣੀ ਪਿੱਪਲੀ, ਭਾਗਥਲਾ ਕਲਾਂ, ਭਾਗਥਲਾ ਖੁਰਦ, ਪਹਿਲੂਵਾਲਾ, ਨਵਾਂ ਪਹਿਲੂਵਾਲਾ ਵਿਖੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚਕਾਉਣ ਉਪਰੰਤ ਵਿਧਾਇਕ ਸੇਖੋਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਹਰ ਇੱਕ ਪਿੰਡ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ ਤੇ ਇਹ ਡਿਫੈਂਸ ਕਮੇਟੀਆਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਸ਼ਿੱਦਤ ਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਨਸ਼ਾ ਤਸਕਰਾਂ ਦੇ ਕਾਰੋਬਾਰ ਨੂੰ ਮੁਕੰਮਲ ਤੌਰ 'ਤੇ ਬੰਦ ਕਰਾਉਣ ਵਿੱਚ ਯੋਗਦਾਨ ਪਾਉਣਗੀਆਂ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਤੇ ਸ਼ਹਿਰੀ ਵਿੱਚ ਹਰੇਕ ਨਾਗਰਿਕ ਤੱਕ ਸਿੱਧੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਨਸ਼ਾ ਮੁਕਤੀ ਯਾਤਰਾ ਆਰੰਭ ਕੀਤੀ ਗਈ ਹੈ ਤਾਂ ਜੁ ਲੋਕਾਂ ਨਾਲ ਸਿੱਧੇ ਤੌਰ 'ਤੇ ਰਾਬਤਾ ਕਾਇਮ ਕਰਕੇ ਨਸ਼ਿਆਂ ਦੀ ਸਪਲਾਈ ਲਾਈਨ ਤੋੜੀ ਜਾ ਸਕੇ ਤੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਦਾ ਮੁਫਤ ਤੇ ਢੁੱਕਵਾਂ ਇਲਾਜ ਕਰਾਇਆ ਜਾ ਸਕੇ।

## ਮਾਤਾ ਕੁਲਦੀਪ ਕੌਰ ਦੀ ਯਾਦ 'ਚ ਵਿਦਿਆਰਥਣਾਂ ਨੂੰ ਸਾਈਕਲ ਦਾਨ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਪਿੰਡ ਫ਼ਤਿਹਪੁਰ ਰਾਜਪੂਤਾਂ ਵਿਖੇ ਧੰਜੂ ਪਰਵਾਰ ਵੱਲੋਂ ਸਰਕਾਰੀ ਹਾਈ ਸਕੂਲ ਦੀਆਂ ਹੋਣਹਾਰ ਲੋੜਵੰਦ ਬੱਚੀਆਂ ਨੂੰ ਸਵ: ਮਾਤਾ ਕੁਲਦੀਪ ਕੌਰ ਧੰਜੂ ਦੀ ਯਾਦ ਵਿੱਚ 13 ਨਵੇਂ ਸਾਈਕਲ ਦਿੱਤੇ ਗਏ। ਇਸ ਮੌਕੇ ਧੰਜੂ ਪਰਵਾਰ ਵੱਲੋਂ ਐਡਵੋਕੇਟ ਦਲਵਿੰਦਰ ਸਿੰਘ ਧੰਜੂ ਵਾਈਸ ਪ੍ਰੈਜੀਡੈਂਟ ਕਿਸਾਨ ਕਾਂਗਰਸ ਪੰਜਾਬ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਸ਼ੁਰੂ ਹੋਏ ਇਹ ਲੋਕ ਸੇਵਾ ਦੇ ਉਪਰਾਲੇ ਅੱਗੇ ਵੀ ਨਿਰੰਤਰ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਵੱਡੇ ਭਰਾ ਦਿਲਦੀਪ ਸਿੰਘ ਧੰਜੂ ਤੇ ਸਾਰੇ ਧੰਜੂ ਪਰਵਾਰ ਦੇ ਸਾਥ ਅਤੇ ਪਟਿਆਲਾ ਦੇ ਸੰਸਦ ਡਾ. ਧਰਮਵੀਰ ਗਾਂਧੀ ਤੇ ਆਵਾਜ਼-ਏ-ਪੰਜਾਬ ਸੁਖਪਾਲ ਸਿੰਘ ਖਹਿਰਾ ਵਰਗੇ ਆਗੂਆਂ ਦੇ ਆਸ਼ੀਰਵਾਦ ਰਾਹੀਂ ਹੀ ਅਜਿਹੇ ਉਪਰਾਲੇ ਸਾਕਾਰ ਹੋ ਰਹੇ ਹਨ।ਪ੍ਰੋ. ਸ਼ਾਹਬਾਜ਼ ਸਿੰਘ ਧੰਜੂ ਨੇ ਵੀ ਸਕੂਲੀ ਵਿਦਿਆਰਥਣਾਂ ਨੂੰ ਸੇਧ ਦੇਣ ਸਬੰਧੀ ਵਿਚਾਰ ਪੇਸ਼ ਕੀਤੇ।ਇਸ ਮੌਕੇ ਬਾਪੂ ਦਿਲਦਾਰ ਸਿੰਘ ਧੰਜੂ ਤੋਂ ਇਲਾਵਾ ਕੈਪਟਨ ਇੰਦਰਜੀਤ ਸਿੰਘ, ਮਨਦੀਪ ਸਿੰਘ ਫ਼ਤਿਹਪੁਰ, ਸਰਪੰਚ ਬੀਬੀ ਕੁਲਵਿੰਦਰ ਕੌਰ, . ਸੁਖਦੀਪ ਸਿੰਘ, ਭੁਪਿੰਦਰ ਸਿੰਘ ਪ੍ਰਧਾਨ ਫ਼ਤਿਹ ਵੈਲਫੇਅਰ, ਜਸਪਾਲ ਸਿੰਘ, ਜਥੇਦਾਰ ਕੁਲਬੀਰ ਸਿੰਘ ਡੇਰਾ, ਕੰਵਲ ਡੇਰਾ, ਵਿਸ਼ਾਲ, ਆਸ਼ੂ ਸਨੌਰ, ਮੋਹਨ ਲਾਲ ਹੀਰਾਗੜ੍ਹ, ਜਗੀਰ ਸਿੰਘ, ਅੰਗਰੇਜ਼ ਸਿੰਘ, ਹਰਨੇਕ ਸਿੰਘ ਐਡਵੋਕੇਟ ਮਨਮੋਹਨ ਸਿੰਘ ਸਮਰਾਓ, ਸੀਨੀਅਰ ਐਡਵੋਕੇਟ ਵਰਿੰਦਰ ਕੌਸ਼ਲ, ਐਡਵੋਕੇਟ ਬਲਕਾਰ ਸਿੰਘ, ਸਕੂਲ ਮੁਖੀ ਮਨਦੀਪ ਕੌਰ, ਕੁਲਦੀਪ ਸਿੰਘ ਫ਼ਤਿਹਪੁਰ, ਹਰਪਾਲ ਸਿੰਘ ਜੰਮੂ, ਵਿਸ਼ਾਲ ਫ਼ਤਿਹਪੁਰ, ਰਾਜਕੁਮਾਰ ਚੇਅਰਮੈਨ ਸਮੂਹ ਸਟਾਫ ਤੇ ਵਿਦਿਆਰਥਣਾਂ ਦੇ ਮਾਪੇ ਵੀ ਹਾਜ਼ਰ ਸਨ।

# 30 ਹਜ਼ਾਰ ਰਿਸ਼ਵਤ ਲੈਂਦਾ ਸਬ-ਇੰਸਪੈਕਟਰ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**— ਭ੍ਰਿਸ਼ਟਾਚਾਰ ਵਿਰੁੱਧ ਆਪਣੀ ਮੁਹਿੰਮ ਜਾਰੀ ਰੱਖਦਿਆਂ ਪੰਜਾਬ ਵਿਜੀਲੈਂਸ ਬਿਊਰੋ ਨੇ ਸੀਆਈਏ ਸਟਾਫ ਜਲੰਧਰ ਵਿਖੇ ਤਾਇਨਾਤ ਪੁਲਸ ਸਬ-ਇੰਸਪੈਕਟਰ (ਐਸਆਈ) ਸੁਖਰਾਜ ਸਿੰਘ ਨੂੰ 30,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਸ ਮੁਲਾਜ਼ਮ ਨੂੰ ਅੰਮ੍ਰਿਤਸਰ ਦੀ ਤਹਿਸੀਲ ਅਜਨਾਲਾ ਦੇ ਪਿੰਡ ਸੈਦਪੁਰ ਕਲਾਂ ਦੇ ਵਸਨੀਕ ਅਤੇ ਰੈਡੀਮੇਡ ਕੱਪੜਿਆਂ ਦੀ ਦੁਕਾਨ ਦੇ ਮਾਲਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਹੈ। ਸ਼ਿਕਾਇਤ ਮੁਤਾਬਕ ਐਸਆਈ ਸੁਖਰਾਜ ਸਿੰਘ ਨੇ ਸ਼ਿਕਾਇਤਕਰਤਾ ਦੇ ਜਵਾਈ ਨੂੰ ਐਨਡੀਪੀਐਸ ਐਕਟ ਦੀ ਧਾਰਾ 21 ਤਹਿਤ 403 ਗ੍ਰਾਮ ਹੈਰੋਇਨ ਦੇ ਸਬੰਧ ਵਿੱਚ ਉਸ ਵੇਲੇ ਗ੍ਰਿਫ਼ਤਾਰ ਕੀਤਾ ਸੀ ਜਦੋਂ ਉਹ 18 ਮਈ, 2025 ਨੂੰ ਜਲੰਧਰ ਤੋਂ ਤਰਪਾਲਾਂ ਖਰੀਦਣ ਲਈ ਆਇਆ ਸੀ, ਜਿਸ ਸਬੰਧੀ ਕੇਸ ਪੁਲਸ ਥਾਣਾ ਡਿਵੀਜ਼ਨ ਨੰਬਰ 1 ਵਿਖੇ ਦਰਜ ਹੈ। ਰਿਮਾਂਡ ਦੀ ਮਿਆਦ ਦੌਰਾਨ ਉਕਤ ਐਸਆਈ ਨੇ ਸ਼ਿਕਾਇਤਕਰਤਾ ਨੂੰ ਦੱਸਿਆ ਕਿ ਉਸਦੇ ਜਵਾਈ ਦੀ ਗੱਡੀ ਅਤੇ ਦੋ ਮੋਬਾਈਲ ਫੋਨ ਉਸਦੇ ਕਬਜ਼ੇ ਵਿੱਚ ਹਨ ਜੋ ਅਜੇ ਕੇਸ ਪ੍ਰਾਪਰਟੀ ਵਜੋਂ ਸੂਚੀਬੱਧ ਨਹੀਂ ਕੀਤੇ ਗਏ ਅਤੇ ਪੁਲਸ ਮੁਲਾਜ਼ਮ ਨੇ ਸ਼ਿਕਾਇਤਕਰਤਾ ਨੂੰ ਸਬੰਧਤ ਚੀਜ਼ਾਂ ਵਾਪਸ ਕਰਨ ਦਾ ਭਰੋਸਾ ਦਿੱਤਾ। ਜਦੋਂ ਸ਼ਿਕਾਇਤਕਰਤਾ ਗੱਡੀ ਅਤੇ ਮੋਬਾਈਲ ਫੋਨ ਲੈਣ ਲਈ ਪੁਲਸ ਥਾਣੇ ਗਿਆ ਤਾਂ ਉਕਤ ਐਸਆਈ ਨੇ ਇਹ ਚੀਜ਼ਾਂ ਵਾਪਸ ਕਰਨ ਲਈ ਉਸ ਤੋਂ 50,000 ਰੁਪਏ ਦੀ ਰਿਸ਼ਵਤ ਮੰਗੀ। ਗੱਲਬਾਤ ਉਪਰੰਤ ਉਕਤ ਮੁਲਜ਼ਮ 30,000 ਰੁਪਏ ਰਿਸ਼ਵਤ ਲੈਣ ਲਈ ਸਹਿਮਤ ਹੋ ਗਿਆ ਪਰ ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਸਬੰਧੀ ਪੂਰੀ ਗੱਲਬਾਤ ਰਿਕਾਰਡ ਕਰ ਲਈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਐਸਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 30000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧ ਵਿੱਚ ਉਕਤ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ, ਜਲੰਧਰ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।



# ਸੂਬਾ ਸਰਕਾਰ ਪਿੰਡ ਵਾਸੀਆਂ ਦੀ ਹਰੇਕ ਸਹੂਲਤ ਲਈ ਵਚਨਬੱਧ : ਰਾਜਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਸਰਕਾਰ ਵੱਲੋਂ ਪਿੰਡਾਂ ਨੂੰ ਹਰ ਸੰਭਵ ਸਹੂਲਤ ਦੇਣ ਲਈ ਵਿਸ਼ੇਸ਼ ਸਕੀਮਾਂ ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਪ੍ਰਗਟਾਵਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਪਿੰਡ ਸਹਿਬਾਜ਼ਪੁਰ ਵਿਖੇ ਇੱਕ ਸਮਾਗਮ ਵਿੱਚ ਕੀਤਾ। ਇਸ ਮੌਕੇ ਉਨਾਂ ਦੇ ਨਾਲ ਇੰਪਰੂਵਮੈਂਟ ਟਰੱਸਟ ਹੁਸ਼ਿਆਰਪੁਰ ਦੇ ਸਾਬਕਾ ਚੇਅਰਮੈਨ ਹਰਮੀਤ ਸਿੰਘ ਔਲਖ ਤੇ ਹੋਰ ਪਿੰਡ ਵਾਸੀ ਵੀ ਮੌਜੂਦ ਸਨ। ਰਾਜਾ ਨੇ ਪਿੰਡ ਸਹਿਬਾਜ਼ਪੁਰ ਵਿੱਚ 49 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਜਾ ਰਹੇ ਸੀਵਰੇਜ ਦੇ ਨਿਰਮਾਣ ਕਾਰਜ ਦੀ ਆਰੰਭਤਾ ਵੀ ਕਰਵਾਈ।ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਿੱਚ ਸੂਬੇ ਦੇ ਹਰੇਕ ਖੇਤਰ ਵਿੱਚ ਇਤਿਹਾਸਿਕ ਵਿਕਾਸ ਕਾਰਜ ਹੋ ਰਹੇ ਹਨ ਅਤੇ ਇਹਨਾਂ ਵਿਕਾਸ ਕਾਰਜਾਂ ਵਿੱਚ ਸਰਕਾਰ ਵੱਲੋਂ ਹੋਰ ਜਿਆਦਾ ਤੇਜ਼ੀ ਆਉਣ ਵਾਲੇ ਸਮੇਂ ਵਿੱਚ ਲਿਆਂਦੀ ਜਾਵੇਗੀ।ਇਸ ਮੌਕੇ ਸੰਬੋਧਨ ਕਰਦੇ ਹੋਏ ਸਾਬਕਾ ਚੇਅਰਮੈਨ ਹਰਮੀਤ ਸਿੰਘ ਔਲਖ ਨੇ ਪੰਜਾਬ ਸਰਕਾਰ ਤੇ ਵਿਧਾਇਕ ਜਸਵੀਰ ਸਿੰਘ ਰਾਜਾ ਦਾ ਧੰਨਵਾਦ ਕੀਤਾ। ਇਸ ਸਮੇਂ ਸਰਪੰਚ ਕੁਲਵਿੰਦਰ ਕੌਰ, ਗੁਰਵਿੰਦਰ ਸਿੰਘ ਲਾਡੀ ਔਲਖ, ਨੰਬਰਦਾਰ ਬਲਦੇਵ ਸਿੰਘ, ਪੰਚ ਫ਼ਕੀਰ ਸਿੰਘ ਸੋਢੀ, ਪੰਚ ਜਤਿੰਦਰ ਸਿੰਘ ਔਲਖ, ਜੱਸੀ ਔਲਖ, ਪਰਮਜੀਤ ਸਿੰਘ, ਪੰਚ ਜਸਵਿੰਦਰ ਕੌਰ, ਮਨਪ੍ਰੀਤ ਮਨੀ, ਹਰਪ੍ਰੀਤ ਸਿੰਘ ਗਿੱਲ, ਬਲਜੀਤ ਸਿੰਘ ਰਿਓਲ, ਜਸਵਿੰਦਰ ਸਿੰਘ, ਮਨਜੀਤ ਸੋਢੀ ਔਲਖ, ਕੋਚ ਅਮਰਜੀਤ ਸਿੰਘ, ਸਾਬਕਾ ਸਰਪੰਚ ਗੁਲਜਾਰ ਸਿੰਘ, ਬਲਜਿੰਦਰ ਸਿੰਘ ਔਲਖ, ਪੂਰਨ ਸਿੰਘ, ਸਾਧੂ ਸਿੰਘ ਤੋਂ ਇਲਾਵਾ ਪੰਚਾਇਤ ਸਕੱਤਰ ਰਵਿੰਦਰ ਸਿੰਘ ਰਵੀ, ਜੱਗਾ ਔਜਲਾ, ਗੁਰਮੇਲ ਸਿੰਘ ਗੇਲੀ, ਸੁਖਵਿੰਦਰ ਸਿੰਘ ਸੋਢੀ, ਰਣਜੀਤ ਸਿੰਘ ਗਿੱਲ, ਪ੍ਰਧਾਨ ਓਂਕਾਰ ਸਿੰਘ, ਜੈ ਰਾਮ ਤੇ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ।

# ਰਿਆਤ-ਬਾਹਰਾ ਵਿਖੇ ਸਿਟੀ ਟਾਪਰਾਂ ਨੂੰ ਸਨਮਾਨਤ ਕਰਨ ਲਈ ਸਮਾਰੋਹ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ-ਬਾਹਰਾ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਨੈਨੋ ਟੈਕਨਾਲੋਜੀ, ਹੁਸ਼ਿਆਰਪੁਰ ਵੱਲੋਂ ਐਡਮਿਸ਼ਨ ਸੈੱਲ ਦੇ ਸਹਿਯੋਗ ਨਾਲ 'ਸਿਟੀ ਟਾਪਰ ਐਵਾਰਡ ਸਮਾਰੋਹ' ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ। ਇਸ ਸਮਾਰੋਹ ਦਾ ਮੁੱਖ ਉਦੇਸ਼ 12ਵੀਂ ਜਮਾਤ ਦੇ ਨਾਨ-ਮੈਡੀਕਲ ਵਿਦਿਆਰਥੀਆਂ ਵੱਲੋਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸ਼ਹਿਰ ਦਾ ਨਾਮ ਰੌਸ਼ਨ ਕਰਨ ਉਤੇ ਉਨ੍ਹਾਂ ਨੂੰ ਸਨਮਾਨਿਤ ਕਰਨਾ ਸੀ। ਇਸ ਮੌਕੇ 'ਤੇ ਸ਼ਹਿਰ ਦੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਤੋਂ 150 ਤੋਂ ਵੱਧ ਵਿਦਿਆਰਥੀਆਂ ਨੇ ਆਪਣੇ ਮਾਪਿਆਂ ਸਮੇਤ ਸ਼ਿਰਕਤ ਕੀਤੀ। ਸਮਾਰੋਹ ਸਿਰਫ਼ ਸਨਮਾਨ ਤੱਕ ਸੀਮਿਤ ਨਹੀਂ ਸੀ, ਸਗੋਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸੁਨਹਿਰੇ ਭਵਿੱਖ ਵੱਲ ਪ੍ਰੇਰਿਤ ਕਰਨ ਵਾਲਾ ਇੱਕ ਉਤਸ਼ਾਹਵਰਤਕ ਮੰਚ ਵੀ ਸੀ। ਸਮਾਗਮ ਦੀ ਅਗਵਾਈ ਕਰਦੇ ਹੋਏ ਕਾਲਜ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਕਿਹਾ ਕਿ ਇਨ੍ਹਾਂ ਨੌਜਵਾਨਾਂ ਦੀ ਲਗਨ, ਅਨੁਸ਼ਾਸਨ ਅਤੇ ਮਿਹਨਤ ਇਹ ਦਰਸਾਉਂਦੀ ਹੈ ਕਿ ਭਵਿੱਖ ਵਿੱਚ ਇਹੀ ਸਮਾਜ ਦੇ ਨੇਤਾ ਬਣਨਗੇ। ਉਨ੍ਹਾਂ ਨੇ ਕਾਲਜ ਦੀਆਂ ਅਕਾਦਮਿਕ ਉਪਲਬਧੀਆਂ ਅਤੇ ਵਿਦਿਆਰਥੀਆਂ ਦੀਆਂ ਪ੍ਰੇਰਕ ਕਹਾਣੀਆਂ ਵੀ ਸਾਂਝੀਆਂ ਕੀਤੀਆਂ।ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਨੇ ਆਪਣੀ ਗੱਲ ਵਿਚ ਕਿਹਾ, 'ਸਿੱਖਿਆ ਸਿਰਫ਼ ਅੰਕ ਪ੍ਰਾਪਤ ਕਰਨ ਲਈ ਨਹੀਂ, ਸਗੋਂ ਇਹ ਜੀਵਨ ਨੂੰ ਸਹੀ ਦਿਸ਼ਾ ਦੇਣ ਦਾ ਸਾਧਨ ਹੈ।' ਉਨ੍ਹਾਂ ਕੈਂਪਸ ਦੀਆਂ ਭਵਿੱਖ ਦੀਆਂ ਯੋਜਨਾਵਾਂ ਬਾਰੇ ਵੀ ਜਾਣੂ ਕਰਵਾਇਆ।ਸਮਾਰੋਹ ਦੇ ਅੰਤ ਵਿੱਚ, ਸਾਰੇ ਟਾਪਰ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਡਾ. ਕੁਲਦੀਪ ਵਾਲੀਆ, ਹਰਿੰਦਰ ਜਸਵਾਲ, ਗੁਰਪ੍ਰੀਤ ਬੇਦੀ ਸਮੇਤ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀ ਅਤੇ ਅਧਿਆਪਕ ਵੀ ਹਾਜ਼ਰ ਰਹੇ।

# ਗੰਨਾ ਪਿੰਡ 'ਚ ਨਸ਼ਾ ਤਸਕਰ ਮਹਿਲਾ ਵੱਲੋਂ ਪੰਚਾਇਤੀ ਜ਼ਮੀਨ 'ਤੇ ਉਸਾਰੇ ਕਮਰੇ 'ਚ ਬਣੇਗਾ ਜਿੰਮ

**ਫਿਲੌਰ (ਹਰਜਿੰਦਰ ਕੌਰ ਚਾਹਲ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵਲੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਲੰਧਰ ਦਿਹਾਤੀ ਪੁਲਸ ਵਲੋਂ ਸਿਵਲ ਪ੍ਰਸ਼ਾਸਨਿਕ ਅਧਿਕਾਰੀਆਂ ਸਮੇਤ ਸਬ ਡਵੀਜ਼ਨ ਫਿਲੌਰ ਅਧੀਨ ਪੈਂਦੇ ਗੰਨਾ ਪਿੰਡ ਵਿਖੇ ਜਿੱਥੇ ਪੰਚਾਇਤੀ ਜ਼ਮੀਨ 'ਤੇ ਉਸਾਰੇ ਕਮਰੇ ਨੂੰ ਛੁਡਵਾਇਆ ਗਿਆ, ਉੱਥੇ ਇਸ ਕਮਰੇ ਦੇ ਨਾਲ ਵਾਧੂ ਥਾਂ ਉੱਤੇ ਕੀਤੇ ਕਬਜ਼ੇ ਨੂੰ ਵੀ ਹਟਾਇਆ ਗਿਆ।ਐਸ.ਐਸ.ਪੀ. ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਨਸ਼ਾ ਤਸਕਰ ਮਹਿਲਾ ਦੇਸ਼ੋ ਪਤਨੀ ਕੁਲਦੀਪ ਕੁਮਾਰ ਵਾਸੀ ਗੰਨਾ ਪਿੰਡ ਖਿਲਾਫ਼ ਥਾਣਾ ਫਿਲੌਰ ਵਿਖੇ ਐਨ.ਡੀ.ਪੀ.ਐਸ. ਐਕਟ ਦੇ 3 ਮਾਮਲੇ ਦਰਜ ਹਨ। ਇਸ ਤੋਂ ਇਲਾਵਾ ਇਸ ਮਹਿਲਾ ਨੂੰ ਸਜ਼ਾ ਵੀ ਹੋ ਚੁੱਕੀ ਹੈ। ਐਸ.ਐਸ.ਪੀ. ਨੇ ਦੱਸਿਆ ਕਿ ਪਿੰਡ ਦੀ ਕਰੀਬ 8 ਮਰਲੇ ਜ਼ਮੀਨ 'ਤੇ ਇਸ ਵਲੋਂ ਕਬਜ਼ਾ ਕੀਤਾ ਹੋਇਆ ਸੀ ਅਤੇ ਇਕ ਕਮਰੇ ਦੀ ਉਸਾਰੀ ਵੀ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਉਕਤ ਕਮਰਾ ਪੰਚਾਇਤ ਵਿਭਾਗ ਦੇ ਹਵਾਲੇ ਕਰ ਦਿੱਤਾ ਗਿਆ ਹੈ ਅਤੇ ਕਮਰੇ ਦੇ ਨਾਲ ਨਜਾਇਜ਼ ਕਬਜ਼ੇ ਨੂੰ ਐਸ.ਪੀ. ਹੈੱਡ ਕੁਆਰਟਰ ਪਰਮਿੰਦਰ ਸਿੰਘ ਹੀਰ ਅਤੇ ਡੀ.ਐਸ.ਪੀ. ਸਵਰਨ ਸਿੰਘ ਬੱਲ ਦੀ ਨਿਗਰਾਨੀ ਹੇਠ ਜਲੰਧਰ ਦਿਹਾਤੀ ਪੁਲਸ ਅਤੇ ਬੀ.ਡੀ.ਪੀ.ਓ. ਫਿਲੌਰ ਦੀ ਅਗਵਾਈ ਵਿੱਚ ਹਟਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਚਾਇਤ ਵਿਭਾਗ ਦੀ ਸ਼ਿਕਾਇਤ 'ਤੇ ਇਹ ਕਾਰਵਾਈ ਕੀਤੀ ਗਈ ਹੈ। ਐਸ.ਪੀ. ਹੈੱਡ ਕੁਆਰਟਰ ਪਰਮਿੰਦਰ ਸਿੰਘ ਹੀਰ ਨੇ ਦੱਸਿਆ ਕਿ ਗੈਰ ਕਾਨੂੰਨੀ ਤੌਰ 'ਤੇ ਉਸਾਰੇ ਕਮਰੇ ਨੂੰ ਪੰਚਾਇਤ ਵਿਭਾਗ ਦੇ ਹਵਾਲੇ ਕਰ ਦਿੱਤਾ ਗਿਆ ਹੈ, ਜਿੱਥੇ ਵਿਭਾਗ ਵਲੋਂ ਨੌਜਵਾਨਾਂ ਲਈ ਜਿੰਮ ਬਣਾਇਆ ਜਾਵੇਗਾ। ਪਿੰਡ ਗੰਨਾ ਦੀ ਪੰਚਾਇਤ ਨੇ ਪੰਜਾਬ ਸਰਕਾਰ ਵਲੋਂ ਨਸ਼ਾ ਤਸਕਰਾਂ ਖਿਲਾਫ਼ ਕੀਤੀ ਜਾ ਰਹੀ ਕਾਰਵਾਈ ਦਾ ਸਵਾਗਤ ਕਰਦਿਆਂ ਕਿਹਾ ਕਿ ਪਿੰਡ ਵਿੱਚ ਜਿੰਮ ਦੀ ਸਹੂਲਤ ਮਿਲਣ ਨਾਲ ਨੌਜਵਾਨ ਨਸ਼ਿਆਂ ਤੋਂ ਦੂਰ ਰਹਿਣਗੇ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਲਈ ਉਤਸ਼ਾਹਿਤ ਹੋਣਗੇ।



# ਸੰਗਤਾਂ ਨੂੰ ਪ੍ਰਭੂ ਦੀ ਭਗਤੀ ਨਾਲ ਜੁੜਨ ਲਈ ਪ੍ਰੇਰਿਆ



ਅੱਡਾ ਸਰਾਂ (ਜਸਵੀਰ ਕਾਜਲ)–ਡੇਰਾ ਸੱਚਖੰਡ ਬੱਲਾਂ ਦੇ ਸਰਪ੍ਰਸਤ 108 ਸੰਤ ਨਿਰੰਜਨ ਦਾਸ ਮਹਾਰਾਜ ਹੁਸ਼ਿਆਰਪੁਰ ਦੇ ਮਹੱਲਾ ਗਰੀਨ ਵੈਲੀ ਦੇ ਸੇਵਕਾਂ ਦੇ ਘਰ ਪਹੁੰਚ ਕੇ ਸੰਗਤਾਂ ਨੂੰ ਦਰਸ਼ਨ ਦੀਦਾਰੇ ਦਿੱਤੇ ਤੇ ਸੰਗਤਾਂ ਨੂੰ ਪ੍ਰਭੂ ਦੀ ਭਗਤੀ ਨਾਲ ਜੁੜਨ ਲਈ ਪ੍ਰੇਰਿਆ।ਡੇਰਾ ਸੱਚਖੰਡ ਵੱਲੋਂ ਪ੍ਰਕਾਸ਼ਿਤ ਸ੍ਰੀ ਅੰਮ੍ਰਿਤ ਬਾਣੀ ਦੇ ਪ੍ਰਕਾਸ਼ ਕੀਤੇ ਗਏ ਅਤੇ ਪਾਠਾਂ ਦੇ ਭੋਗ ਪਾਉਣ ਉਪਰੰਤ ਕੀਰਤਨ ਦੀਵਾਨ ਸਜਾਏ ਗਏ ।ਡੇਰਾ ਸੱਚਖੰਡ ਬੱਲਾਂ ਦੇ ਕੀਰਤਨੀ ਜਥਿਆਂ ਨੇ ਸ੍ਰੀ ਰਵਿਦਾਸ ਜੀ ਦੀ ਰਚੀ ਬਾਣੀ ਦਾ ਕੀਰਤਨ ਕੀਤਾ। ਨੇੜੇ ਅਤੇ ਦੂਰ ਦੁਰਾਡੇ ਪਿੰਡਾਂ ਤੋਂ ਸੰਗਤ ਨੇ ਹਾਜ਼ਰੀ ਭਰੀ।ਇਸ ਮੌਕੇ ਮਾਸਟਰ ਬਲਜਿੰਦਰ ਸਿੰਘ ,ਬੀਬੀ ਕੁਲਵਿੰਦਰ ਕੌਰ ਅਨੁਰਾਗ ਸਹੋਤਾ, ਅੰਕਿਤ ਸਹੋਤਾ ਮਹੱਲਾ ਗਰੀਨ ਵੈਲੀ ਦੇ ਪਰਵਾਰ ਵੱਲੋਂ ਠੰਡੇ ਮਿੱਠੇ ਜਲ, ਚਾਹ- ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਲੰਬਰਦਾਰ ਹਰਜਿੰਦਰ ਸਿੰਘ, ਮਾਸਟਰ ਜਰਨੈਲ ਸਿੰਘ ਸੀਕਰੀ, ਬਾਸੂ ਦੇਵ ਰਾਏਪੁਰ ਅਦਿ ਹਾਜਰ ਸਨ।

# ਸੀਕਰੀ ਵਿਖੇ ਕਰੀਮਪੁਰੀ ਨੇ ਕੀਤਾ ਪੰਜਾਬ ਸੰਭਾਲੋ ਮੁਹਿੰਮ ਤਹਿਤ ਲਾਮਬੰਦ

**ਅੱਡਾ ਸਰਾਂ (ਕਾਜਲ)**- ਬਹੁਜਨ ਸਮਾਜ ਪਾਰਟੀ ਦੇ ਪੰਜਾਬ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਪਿੰਡ ਸੀਕਰੀ ਵਿਖੇ ਪਹੁੰਚੇ ਤੇ ਪੰਜਾਬ ਸੰਭਾਲੋ ਮੁਹਿੰਮ ਤਹਿਤ ਉਨ੍ਹਾਂ ਬਸਪਾ ਵਰਕਰਾਂ ਨੂੰ ਲਾਮਬੰਦ ਕੀਤਾ । ਕਰੀਮਪੁਰੀ ਨੇ ਆਖਿਆ ਕਿ ਪੰਜਾਬ ਸਰਕਾਰ ਨਸ਼ੇ ਨੂੰ ਖਤਮ ਕਰਨ ਵਿਚ ਬਿਲਕੁਲ ਫੇਲ੍ਹ ਹੋ ਚੁੱਕੀ ਹੈ ਅਤੇ ਨਸ਼ਾ ਮੁਕਤੀ ਦਾ ਡਰਾਮਾ ਕਰ ਰਹੀ ਹੈ । ਅੱਜ ਵੀ ਮਾਵਾਂ ਦੇ ਪੁੱਤ ਭੈਣਾਂ ਦੇ ਭਰਾਵਾਂ ਦੀਆਂ ਮੌਤਾਂ ਜਹਿਰੀਲੀ ਸ਼ਰਾਬ ਨਾਲ ਹੋ ਰਹੀਆਂ ਹਨ । ਉਨ੍ਹਾਂ ਕਿਹਾ ਕਿ ਬਸਪਾ ਪੰਜਾਬ ਸੰਭਾਲੋ ਮੁਹਿੰਮ ਘਰ ਘਰ ਲੈ ਕੇ ਜਾਵਾਂਗੇ ਅਤੇ ਪੰਜਾਬ ਸਰਕਾਰ ਦੀਆਂ ਨਸ਼ੇ ਪ੍ਰਤੀ ਮਾੜੀ ਨੀਤੀਆਂ ਬਾਰੇ ਲੋਕਾਂ ਨੂੰ ਪਹੁੰਚਾ ਕੇ ਜਾਗਰੂਕ ਕੀਤਾ ਜਾਵੇਗਾ । ਇਸ ਮੌਕੇ ਪਾਰਟੀ ਦੀ ਮਜਬੂਤੀ ਲਈ ਬਲਵਿੰਦਰ ਸਿੰਘ ਸੀਕਰੀ ਨੂੰ ਵਿਧਾਨ ਸਭਾ ਹਲਕਾ ਟਾਂਡਾ ਅਤੇ ਵਿਧਾਨ ਸਭਾ ਹਲਕਾ ਸ਼ਾਮ ਚੌਰਾਸੀ ਬਾਮਸੇਫ ਦਾ ਇੰਚਾਰਜ ਨਿਯੁਕਤ ਕੀਤਾ ਗਿਆ । ਇਸੇ ਤਰ੍ਹਾਂ ਐਡਵੋਕੇਟ ਮਲਕੀਤ ਸਿੰਘ ਸੀਕਰੀ ਨੂੰ ਜ਼ਿਲ੍ਹਾ ਸਕੱਤਰ ਅਤੇ ਪਰਮਜੀਤ ਸਿੰਘ ਨੈਣੋਵਾਲ ਨੂੰ ਸੈਕਟਰੀ ਨਿਯੁਕਤ ਕੀਤਾ ਗਿਆ । ਇਸ ਮੌਕੇ ਪੰਜਾਬ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ, ਪੰਜਾਬ ਸਕੱਤਰ ਮਨਿੰਦਰ ਸਿੰਘ ਸ਼ੇਰਪੁਰੀ, ਜ਼ਿਲ੍ਹਾ ਪ੍ਰਧਾਨ ਦਲਜੀਤ ਰਾਏ, ਹਲਕਾ ਇੰਚਾਰਜ ਜਸਵਿੰਦਰ ਦੁੱਗਲ, ਹਲਕਾ ਪ੍ਰਧਾਨ ਸੰਤੋਖ ਸਿੰਘ ਨਰਿਆਲ, ਹਲਕਾ ਵਾਈਸ ਪ੍ਰਧਾਨ ਚਮਨ ਸਿੰਘ ਸੀਕਰੀ, ਪ੍ਰਬੰਧਕੀ ਸਕੱਤਰ ਕੁਲਵੰਤ ਸਿੰਘ ਸੀਕਰੀ, ਚਮਨ ਸਿੰਘ ਸੀਕਰੀ, ਜਗਤਾਰ ਸਿੰਘ ਦਾਰਾ, ਡਾ. ਚਰਨਜੀਤ ਸਿੰਘ ਚੰਨੀ, ਬਿਸ਼ਨ ਸਿੰਘ, ਨਿਰੰਜਨ ਸਿੰਘ, ਰੋਹਿਤ ਕੁਮਾਰ ਤੇ ਹੋਰ ਵੀ ਵੱਡੀ ਗਿਣਤੀ ਵਿਚ ਬਸਪਾ ਦੇ ਕਾਰਕੁੰਨ ਮੌਜੂਦ ਰਹੇ ।



# ਸੂਬਾ ਸਰਕਾਰ ਵਾਅਦੇ ਮੁਤਾਬਕ ਕੱਚੇ ਸਫ਼ਾਈ ਕਰਮਚਾਰੀਆਂ ਨੂੰ ਪੱਕਿਆਂ ਕਰੇ : ਸੇਠੀ



**ਅੱਡਾ ਸਰਾਂ (ਜਸਵੀਰ ਕਾਜਲ)** ਪੰਜਾਬ ਦੇ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਵਿਚ ਕੰਮ ਕਰ ਰਹੇ ਕੱਚੇ ਸਫ਼ਾਈ ਕਰਮਚਾਰੀਆਂ ਨੂੰ ਪੰਜਾਬ ਸਰਕਾਰ ਤੁਰੰਤ ਪੱਕਿਆਂ ਕਰ ਕੇ ਚੋਣਾਂ ਦੌਰਾਨ ਕੀਤਾ ਹੋਇਆ ਵਾਅਦਾ ਤੁਰੰਤ ਪੂਰਾ ਕਰੇ। ਇਹ ਪ੍ਰਗਟਾਵਾ ਭਾਰਤੀ ਵਾਲਮੀਕੀ ਧਰਮ ਸਮਾਜ ਪੰਜਾਬ ਦੇ ਪ੍ਰਧਾਨ ਸੇਠ ਰਾਮ ਸੇਠੀ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਠੇਕੇਦਾਰੀ ਪ੍ਰਥਾ ਅਧੀਨ ਕੰਮ ਕਰ ਰਿਹੇ ਸੇਵਕਾਂ ਦੇ ਹੱਕ ਵਿੱਚ ਅਤੇ ਠੇਕੇਦਾਰੀ ਪ੍ਰਥਾ ਖਿਲਾਫ ਅਵਾਜ਼ ਬੁਲੰਦ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਵਿੱਚ ਜਿੱਤ ਹਾਸਲ ਕਰਨ ਤੋਂ ਪਹਿਲਾਂ ਸਫ਼ਾਈ ਸੇਵਕਾਂ ਨਾਲ ਇਹ ਵਾਅਦਾ ਕੀਤਾ ਸੀ ਕਿ ਉਨ੍ਹਾਂ ਨੂੰ ਬਿਨਾਂ ਕਿਸੇ ਸ਼ਰਤ ਦੇ ਪੱਕਾ ਕਰ ਦਿੱਤਾ ਜਾਵੇਗਾ । ਅੱਜ 3 ਸਾਲ ਤੋਂ ਉਪਰ ਹੋਣ ਤੋਂ ਬਾਅਦ ਵੀ ਸਫ਼ਾਈ ਸੇਵਕ ਕੱਚਿਆਂ ਦੇ ਤੌਰ 'ਤੇ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਠੇਕੇਦਾਰੀ ਪ੍ਰਥਾ ਅਧੀਨ ਕੰਮ ਕਰ ਰਹੇ ਸਫ਼ਾਈ ਸੇਵਕਾਂ ਦਾ ਗੁਜ਼ਾਰਾ ਬਹੁਤ ਮੁਸ਼ਕਲ ਚਲ ਰਿਹਾ ਹੈ। ਉਨ੍ਹਾਂ ਹੋਰ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੇ ਉਮਰ ਹੱਦ 47 ਸਾਲ ਕੀਤੀ ਸੀ ,ਪ੍ਰੰਤੂ 20 ਵਿਚ ਕਾਂਗਰਸ ਸਰਕਾਰ ਨੇ ਇਹ ਹੱਦ ਉਮਰ ਘਟਾਕੇ 47 ਤੋਂ 42 ਸਾਲ ਕਰ ਦਿੱਤੀ ਸੀ। ਉਨ੍ਹਾਂ ਮੌਜੂਦਾ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਫਾਈ ਸੇਵਕਾਂ ਦੀ ਉਮਰ ਹੱਦ ਬੰਦੀ ਆਪਣੇ ਕੀਤੇ ਮੁਤਾਬਿਕ ਸਰਕਾਰ ਵਲੋਂ ਖ਼ਤਮ ਕੀਤੀ ਜਾਵੇ। ਇਸ ਮੌਕੇ ਸੇਠੀ ਨੇ ਕਿਹਾ ਜੇਕਰ ਤਾਂ ਸਫ਼ਾਈ ਸੇਵਕਾਂ ਦੀ ਇਸ ਮੰਗ ਵੱਲ ਧਿਆਨ ਨਾ ਦਿੱਤਾ ਤਾਂ ਸਫ਼ਾਈ ਸੇਵਕ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਉਨ੍ਹਾਂ ਨਾਲ ਨਿਰਮਲ ਸਿੰਘਾ ਮੂਨਕ,ਬੀਰਬਲ,ਸੋਹਣ ਲਾਲ ਭੱਟੀ,ਗੌਰਵ ਕੁਮਾਰ, ਸੋਢੀ ਨਗਲ ਅਤੇ ਜਗਦੀਸ਼ ਬੱਬੀ ਵੀ ਹਾਜ਼ਰ ਸਨ।

# ਐੱਸ ਡੀ ਕਾਲਜ ਫਾਰ ਵੂਮੈਨ 'ਚ ਵਰਡ ਨੋ ਤੰਬਾਕੂ ਡੇ ਮਨਾਇਆ

**ਸੁਲਤਾਨਪੁਰ ਲੋਧੀ (ਹਨੀ)** ਐਸ.ਡੀ.ਕਾਲਜ ਫਾਰ ਵੂਮੈਨ ਵਿਖੇ ਐਨ.ਐਸ.ਐਸ ਵਿਭਾਗ ਤੇ ਰੈਡ ਰਿਬਨ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਵਰਡ ਨੋ ਤੰਬਾਕੂ ਡੇ ਮਨਾਇਆ ਗਿਆ। ਜਿਸ ਦਾ ਮੁੱਖ ਉਦੇਸ਼ ਨਸ਼ਿਆਂ ਵਿਰੁੱਧ ਨੌਜਵਾਨਾਂ ਨੂੰ ਜਾਗਰੂਕ ਕਰਨਾ ਤੇ ਵਿਸ਼ੇਸ਼ ਕਰਕੇ ਤੰਬਾਕੂ ਦੇ ਸੇਵਨ ਦਾ ਨਿਸ਼ੇਦ ਕਰਨਾ ਦੱਸਿਆ ਗਿਆ। ਤੰਬਾਕੂ ਤੋਂ ਹੋਣ ਵਾਲੇ ਬੁਰੇ ਪ੍ਰਭਾਵਾਂ ਤੇ ਜਾਨਲੇਵਾ ਬਿਮਾਰੀਆਂ ਤੋਂ ਵੀ ਜਾਣੂ ਕਰਵਾਇਆ ਗਿਆ, ਤਾਂ ਜੋ ਇਸ ਦੇ ਬੁਰੇ ਪ੍ਰਭਾਵਾਂ ਤੋਂ ਬਚਿਆ ਜਾ ਸਕੇ ਤੇ ਇੱਕ ਤੰਦਰੁਸਤ ਰਾਸ਼ਟਰ ਦਾ ਨਿਰਮਾਣ ਹੋ ਸਕੇ ।ਇਹ ਵੀ ਦੱਸਿਆ ਗਿਆ ਕਿ ਸਾਨੂੰ ਇਹੋ ਜਿਹੇ ਨਸ਼ੇ ਤੋਂ ਬਚਣਾ ਚਾਹੀਦਾ ਹੈ, ਜਿਸ ਨਾਲ ਸਮਾਂ, ਪੈਸੇ ਤੇ ਸਿਹਤ ਦਾ ਨੁਕਸਾਨ ਹੁੰਦਾ ਹੈ। ਇਸ ਦੇ ਬੁਰੇ ਪ੍ਰਭਾਵਾਂ ਨੂੰ ਪੋਸਟਰਾਂ ਰਾਹੀਂ ਵੀ ਸਮਝਾਇਆ ਗਿਆ। ਹਰ ਇੱਕ ਵਿਦਿਆਰਥੀ ਨੇ ਇਸ ਨੂੰ ਅਮਲ ਵਿੱਚ ਲਿਆਉਂਦੇ ਹੋਏ ਤੇ ਆਪਣੇ ਆਲੇ ਦੁਆਲੇ ਮੁਹੱਲੇ, ਸ਼ਹਿਰ ਤੇ ਪਿੰਡਾਂ ਵਿੱਚ ਵੀ ਤੰਬਾਕੂ ਦੇ ਬੁਰੇ ਪ੍ਰਭਾਵਾਂ ਦਾ ਪ੍ਰਚਾਰ ਕਰਨ ਲਈ ਕਿਹਾ ਗਿਆ ।



# ਅੰਮ੍ਰਿਤਪਾਲ ਸਿੰਘ ਫਿਰ ਪ੍ਰਧਾਨ ਨਿਯੁਕਤ

**ਜਲੰਧਰ (ਸ਼ੈਲੀ ਐਲਬਰਟ)** ਆਮ ਆਦਮੀ ਪਾਰਟੀ ਦੀ ਹਾਈਕਮਾਨ ਵੱਲੋਂ ਪੰਜਾਬ ਭਰ ਵਿੱਚ ਆਪਣੇ ਅਹੁਦੇਦਾਰਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਤੇ ਜਲੰਧਰ ਸ਼ਹਿਰੀ ਦੇ ਮੌਜੂਦਾ ਪ੍ਰਧਾਨ ਅੰਮ੍ਰਿਤਪਾਲ ਸਿੰਘ 'ਤੇ ਪਾਰਟੀ ਨੇ ਇਕ ਵਾਰ ਫਿਰ ਤੋਂ ਵਿਸ਼ਵਾਸ ਪ੍ਰਗਟਾਉਂਦਿਆਂ ਉਨ੍ਹਾਂ ਨੂੰ ਜਲੰਧਰ ਸ਼ਹਿਰੀ ਦੇ ਪ੍ਰਧਾਨ ਦੀ ਵਾਗਡੋਰ ਸੌਂਪੀ ਹੈ। ਇਹ ਜ਼ਿੰਮੇਵਾਰੀ ਸੌਂਪਣ 'ਤੇ ਅੰਮ੍ਰਿਤਪਾਲ ਸਿੰਘ ਨੇ ਪਾਰਟੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਗਏ ਭਰੋਸੇ ਨੂੰ ਕਦੇ ਵੀ ਟੁੱਟਣ ਨਹੀਂ ਦੇਣਗੇ ਅਤੇ ਪਾਰਟੀ ਨੂੰ ਇਕਜੁੱਟ ਰੱਖ ਕੇ ਹਮੇਸ਼ਾ ਇਸਦੀ ਮਜ਼ਬੂਤੀ ਲਈ ਕੰਮ ਕਰਨਗੇ।



# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਲੁਧਿਆਣਾ 'ਚ ਰੋਸ ਮਾਰਚ 14 ਨੂੰ



**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਸਾਂਝਾ ਫਰੰਟ ਦੇ ਕਨਵੀਨਰ ਸਾਥੀ ਗਗਨਦੀਪ ਸਿੰਘ ਭੁੱਲਰ ਦੀ ਪ੍ਰਧਾਨਗੀ ਹੇਠ ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਵਿਖੇ ਹੋਈ। ਮੀਟਿੰਗ ਉਪਰੰਤ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਕਨਵੀਨਰਜ਼ ਸਤੀਸ਼ ਰਾਣਾ, ਜਰਮਨਜੀਤ ਸਿੰਘ, ਸੁਵਿੰਦਰਪਾਲ ਸਿੰਘ ਮੋਲੋਵਾਲੀ, ਰਣਜੀਤ ਸਿੰਘ ਰਾਣਵਾਂ, ਕਰਮ ਸਿੰਘ ਧਨੋਆ,ਬਾਜ ਸਿੰਘ ਖਹਿਰਾ, ਸੁਰਿੰਦਰ ਰਾਮ ਕੁੱਸਾ,ਬੀ.ਐਸ.ਸੈਣੀ ਅਤੇ ਅਮਰੀਕ ਸਿੰਘ ਮਸੀਤਾ ਨੇ ਆਖਿਆ ਕਿ ਸਾਂਝਾ ਫਰੰਟ ਨੇ ਫੈਸਲਾ ਕੀਤਾ ਹੈ ਕਿ 14 ਜੂਨ ਨੂੰ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਪੱਛਮੀ ਅੰਦਰ ਹੋ ਰਹੀ ਉਪ ਚੋਣ ਮੌਕੇ ਰੋਸ ਮਾਰਚ ਕੀਤਾ ਜਾਵੇਗਾ ਅਤੇ ਸਰਕਾਰ ਦੀਆਂ ਨਾਕਾਮੀਆਂ ਪ੍ਰਤੀ ਹੈਂਡ ਬਿਲ ਵੰਡਣਗੇ । ਜਿਸ ਵਿਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਤੋਂ ਇਲਾਵਾ ਪੰਜਾਬ ਦੇ ਆਮ ਲੋਕਾਂ ਨਾਲ ਕੀਤੇ ਵਾਅਦੇ ਵੀ ਉਜਾਗਰ ਕਰਕੇ ਸਰਕਾਰ ਨੂੰ ਯਾਦ ਕਰਾਏ ਜਾਣਗੇ। ਸਾਂਝਾ ਫਰੰਟ ਵੱਲੋਂ 12 ਜੂਨ ਨੂੰ ਐਨ.ਪੀ.ਐਸ. ਮੁਲਾਜ਼ਮਾਂ ਵੱਲੋਂ ਅਤੇ 15 ਜੂਨ ਨੂੰ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਪੱਛਮੀ ਅੰਦਰ ਕੀਤੇ ਜਾ ਰਹੇ ਰੋਸ ਮਾਰਚਾਂ ਦੀ ਵੀ ਹਮਾਇਤ ਕੀਤੀ। ਮੀਟਿੰਗ ਵਿੱਚ ਸਾਂਝਾ ਫਰੰਟ ਵੱਲੋਂ ਇਹ ਵੀ ਫੈਸਲਾ ਕੀਤਾ ਗਿਆ ਕਿ ਕੇਂਦਰੀ ਟਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾਂ ਵੱਲੋਂ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਦੇ ਖਿਲਾਫ ਜੋ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ ਉਸ ਵਿੱਚ ਵੱਧ ਚੜ ਕੇ ਹਿੱਸਾ ਲਿਆ ਜਾਵੇਗਾ ਅਤੇ ਉਸ ਦਿਨ ਹੋ ਰਹੇ ਸਾਂਝੇ ਐਕਸ਼ਨਾਂ ਵਿੱਚ ਵੀ ਸ਼ਮੂਲੀਅਤ ਕੀਤੀ ਜਾਵੇਗੀ। ਆਗੂਆਂ ਇਹ ਵੀ ਫੈਸਲਾ ਕੀਤਾ ਕਿ ਸਾਂਝਾ ਫਰੰਟ ਤੋਂ ਬਾਹਰ ਰਹਿ ਰਹੀਆਂ ਧਿਰਾਂ ਨਾਲ ਮੁੜ ਫਿਰ ਤਾਲਮੇਲ ਕੀਤਾ ਜਾਵੇਗਾ ਤਾਂ ਜੋ ਪੰਜਾਬ ਅੰਦਰ ਇਸ ਜਾਬਰ ਸਰਕਾਰ ਦੇ ਖਿਲਾਫ ਇੱਕ ਸ਼ਕਤੀਸ਼ਾਲੀ ਅੰਦੋਲਨ ਖੜਾ ਕੀਤਾ ਜਾ ਸਕੇ। ਸਾਂਝਾ ਫਰੰਟ ਵੱਲੋਂ ਉਲੀਕੇ ਐਕਸ਼ਨਾਂ ਦਾ ਰਿਵਿਊ ਕਰਨ ਅਤੇ ਅਗਲੇ ਐਕਸ਼ਨਾਂ ਦੀ ਵਿਉਂਤਬੰਦੀ ਕਰਨ ਲਈ ਮੁੜ 20 ਜੁਲਾਈ ਨੂੰ ਲੁਧਿਆਣਾ ਵਿਖੇ ਮੀਟਿੰਗ ਕੀਤੀ ਜਾਵੇਗੀ। ਮੀਟਿੰਗ ਵਿੱਚ ਉਕਤ ਆਗੂਆਂ ਤੋਂ ਇਲਾਵਾ ਜਸਮੀਤ ਸਿੰਘ, ਦਿਵਾਰਕਾ ਪ੍ਰਸ਼ਾਦ, ਵੇਦ ਰਾਜ ,ਅਵਤਾਰ ਸਿੰਘ ਤਾਰੀ, ਤੀਰਥ ਸਿੰਘ ਬਾਸੀ ,ਕੁਲਵਰਨ ਸਿੰਘ, ਸ਼ਿਵ ਕੁਮਾਰ ਤਿਵਾੜੀ, ਪਿਆਰਾ ਸਿੰਘ, ਸੁਖਦੇਵ ਸਿੰਘ, ਉਮਾ ਕਾਂਤ, ਸੁਖਦੇਵ ਸਿੰਘ ਪੰਨੂ , ਜੇ.ਪੀ.ਸਿੰਘ, ਹਰਜੀਤ ਸਿੰਘ, ਅਮਨਦੀਪ ਸਿੰਘ ਬਾਗਪੁਰ ਆਦਿ ਆਗੂ ਹਾਜਰ ਸਨ।

# 32 ਬੋਰ ਦੇ ਪਿਸਤੌਲ ਤੇ 5 ਰੌਂਦਾਂ ਸਮੇਤ ਗ੍ਰਿਫਤਾਰ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**— ਇੰਸਪੈਕਟਰ ਹਰਮਿੰਦਰ ਸਿੰਘ, ਇੰਚਾਰਜ ਸੀ.ਆਈ.ਏ. ਸਟਾਫ ਦੀ ਟੀਮ ਨੇ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ ਇੱਕ ਨਜਾਇਜ ਹਥਿਆਰ ਪਿਸਟਲ .32 ਬੋਰ ਸਮੇਤ 05 ਰੌਂਦ ਜਿੰਦਾ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।ਸੌਰਵ ਜਿੰਦਲ, ਕਪਤਾਨ ਪੁਲਸ (ਜਾਂਚ) ਨੇ ਦੱਸਿਆ ਕਿ ਮਿਤੀ 28-05-2025 ਨੂੰ ਸੀ.ਆਈ.ਏ. ਸਟਾਫ ਦੀ ਪੁਲਸ ਪਾਰਟੀ ਨੇੜੇ ਬਲਟਾਣਾ ਚੌਂਕੀ ਮੌਜੂਦ ਸੀ ਤਾਂ ਸੀ.ਆਈ.ਏ. ਸਟਾਫ ਦੇ ਏ ਐਸ ਆਈ ਜਤਿੰਦਰ ਸਿੰਘ ਨੂੰ ਮੁਖਬਰੀ ਮਿਲੀ ਕਿ ਮਨਦੀਪ ਸਿੰਘ ਪੁੱਤਰ ਗੁਰਨਾਮ ਸਿੰਘ ਜੋ ਕਿ ਪਿੰਡ ਰਾਏਪੁਰ ਕਲਾਂ, ਚੰਡੀਗੜ੍ਹ ਦਾ ਰਹਿਣ ਵਾਲਾ ਹੈ ਅਤੇ ਪ੍ਰਾਪਰਟੀ ਡੀਲਰ ਦਾ ਕੰਮ ਕਰਦਾ ਹੈ। ਉਸਨੇ ਬਲਟਾਣਾ-ਰਾਏਪੁਰ ਰੋਡ ਪਰ ਪ੍ਰਾਪਰਟੀ ਡੀਲਰ ਦਾ ਦਫਤਰ ਖੋਲ੍ਹਿਆ ਹੋਇਆ ਹੈ, ਜਿਸ ਪਾਸ ਨਜਾਇਜ ਹਥਿਆਰ ਹੈ। ਮਨਦੀਪ ਸਿੰਘ ਉਕਤ ਵਿਰੁੱਧ ਮੁਕੱਦਮਾ ਨੰ: 255 ਮਿਤੀ 28-05-2025 ਅ/ਧ 25-54-59 ਆਰਮਜ਼ ਐਕਟ ਥਾਣਾ ਜ਼ੀਰਕਪੁਰ ਦਰਜ ਕੀਤਾ ਗਿਆ ਤੇ ਉਸਦੇ ਦਫ਼ਤਰ ਤੋਂ ਗ੍ਰਿਫ਼ਤਾਰ ਕਰਕੇ ਉਸ ਪਾਸੋਂ ਇੱਕ ਨਜਾਇਜ ਪਿਸਤੌਲ .32 ਬੋਰ ਸਮੇਤ 05 ਰੌਂਦ ਬੋਰ ਬ੍ਰਾਮਦ ਕੀਤੇ ਗਏ। ਮਨਦੀਪ ਸਿੰਘ ਪੁੱਤਰ ਲੇਟ ਗੁਰਨਾਮ ਸਿੰਘ ਵਾਸੀ ਪਿੰਡ ਰਾਏਪੁਰ ਕਲਾਂ, ਥਾਣਾ ਮੌਲੀ ਜਾਗਰਾਂ, ਚੰਡੀਗੜ੍ਹ ਜਿਸਦੀ ਉਮਰ ਕ੍ਰੀਬ 35 ਸਾਲ ਹੈ, 10 ਕਲਾਸਾਂ ਪਾਸ ਹੈ ਅਤੇ ਸ਼ਾਦੀ ਸ਼ੁਦਾ ਹੈ। ਉਸ ਵਿਰੁੱਧ ਪਹਿਲਾਂ ਕੋਈ ਮੁਕੱਦਮਾ ਦਰਜ ਨਹੀਂ ਹੈ, ਪਰ ਇਸਦਾ ਭਰਾ ਹਰਦੀਪ ਸਿੰਘ ਨਸ਼ਾ ਤਸਕਰੀ ਦੇ ਕੇਸ ਵਿੱਚ ਨਾਭਾ ਜੇਲ੍ਹ ਵਿੱਚ ਬੰਦ ਹੈ।



# ਧਨੀ ਪਿੰਡ ਸਕੂਲ ਨੂੰ 60 ਹਜ਼ਾਰ ਦਾ ਵਾਟਰ ਕੂਲਰ ਦਾਨ

**ਫਗਵਾੜਾ (ਜਸਵਿੰਦਰ ਢੱਡਾ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਨੀ ਪਿੰਡ ਵਿਖੇ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ (ਸਟੇਟ ਅਵਾਰਡੀ) ਦੇ ਯਤਨਾਂ ਅਤੇ ਸਕੂਲ ਦੇ ਚੇਅਰਮੈਨ ਦਵਿੰਦਰ ਸਿੰਘ ਦੀ ਪ੍ਰੇਰਨਾ ਸਦਕਾ ਪਿੰਡ ਦੇ ਸਾਬਕਾ ਸਰਪੰਚ ਮਹਿੰਦਰ ਸਿੰਘ ਕੂੰਨਰ ਅਤੇ ਉਹਨਾਂ ਦੇ ਸਪੁੱਤਰ ਗੁਰਮੀਤ ਸਿੰਘ ਕੂੰਨਰ ਐਨ. ਆਰ. ਆਈ. ਅਤੇ ਕਮਲਦੀਪ ਸਿੰਘ ਕੂੰਨਰ ਵਲੋਂ ਸਕੂਲ ਨੂੰ 60 ਹਜ਼ਾਰ ਰੁਪਏ ਦੀ ਕੀਮਤ ਦਾ ਵਾਟਰ ਕੂਲਰ ਦਾਨ ਕੀਤਾ ਗਿਆ। ਮਹਿੰਦਰ ਸਿੰਘ ਨੇ ਇਸ ਮੌਕੇ 'ਤੇ ਕਿਹਾ ਕਿ ਭਵਿੱਖ ਵਿਚ ਵੀ ਜੇਕਰ ਸਕੂਲ ਨੂੰ ਕੋਈ ਜ਼ਰੂਰਤ ਪੈਂਦੀ ਹੈ ਤਾਂ ਦਾਨੀ ਪਰਵਾਰ ਸਕੂਲ ਦੀ ਮਦਦ ਲਈ ਸਦਾ ਤਤਪਰ ਰਹੇਗਾ। ਪ੍ਰਿੰਸੀਪਲ ਹਰਮੇਸ਼ ਘੇੜਾ ਨੇ ਦਾਨੀ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਦਾ ਵਾਟਰ ਕੂਲਰ ਖਰਾਬ ਹੋਣ ਕਰਕੇ ਵਿਦਿਆਰਥੀਆਂ ਨੂੰ ਪਾਣੀ ਦੀ ਬਹੁਤ ਮੁਸ਼ਕਿਲ ਆ ਰਹੀ ਸੀ। ਦਾਨੀ ਪਰਵਾਰ ਵਲੋਂ ਦਿੱਤੇ ਗਏ ਵਾਟਰ ਕੂਲਰ ਨਾਲ ਸਕੂਲ ਵਿੱਚ ਠੰਡੇ ਪਾਣੀ ਦੀ ਸਮੱਸਿਆ ਹੱਲ ਹੋ ਗਈ ਹੈ। ਸਕੂਲ ਸਕੂਲ ਸਟਾਫ, ਪ੍ਰਬੰਧਕੀ ਕਮੇਟੀਆਂ ਅਤੇ ਗ੍ਰਾਮ ਪੰਚਾਇਤ ਵੱਲੋਂ ਦਾਨੀ ਸੱਜਣਾਂ ਨੂੰ ਮੋਮੈਂਟੋ ਅਤੇ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਸਰਪੰਚ ਬਲਕਾਰ ਸਿੰਘ ਕੂੰਨਰ, ਚੇਅਰਮੈਨ ਦਵਿੰਦਰ ਸਿੰਘ, ਕਾਮਰੇਡ ਕੁਲਵੰਤ ਸਿੰਘ, ਰਾਮ ਗੋਪਾਲ ਸਾਬਕਾ ਸਰਪੰਚ, ਸਤਨਾਮ ਸਿੰਘ, ਵਾਈਸ ਪ੍ਰਿੰਸੀਪਲ ਰਿਸ਼ੀ ਕੁਮਾਰ, ਲੈਕ. ਕੁਲਵੰਤ ਰਾਮ, ਲੈਕ. ਤੀਰਥ ਸਿੰਘ ਬਾਸੀ, ਮੁਨੀਸ਼ ਕੁਮਾਰ, ਜਸਵਿੰਦਰ ਸਾਂਪਲਾ, ਮੰਜੂ ਰਾਣੀ, ਅੰਸ਼ੂ ਸੱਭਰਵਾਲ, ਸਰਬਜੀਤ ਕੌਰ, ਜਸਵੀਰ ਕੌਰ ਅਤੇ ਰਜਨੀ ਸੂਦ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਹਾਜਰ ਸਨ।



# ਢਾਡੀ ਰਣਜੀਤ ਸਿੰਘ ਜੰਡਿਆਲਾ ਨੇ ਵੱਖ-ਵੱਖ ਸਮਾਗਮਾਂ 'ਚ ਗੁਰ ਇਤਿਹਾਸ ਦੀ ਸਾਂਝ ਪਾਈ



**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**- ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਦੀਵਾਨ ਗੁਰਦੁਆਰਾ ਨਾਨਕਸਰ ਸਾਹਿਬ ਫਰਿਜਨੋ ਕੈਲੀਫੋਰਨੀਆ ਯੂਐਸਏ ਵਿਖੇ ਪ੍ਰਬੰਧਕ ਕਮੇਟੀ ਦੀ ਦੇਖ-ਰੇਖ 'ਚ ਸਮੁੱਚੀ ਸਾਧ ਸੰਗਤ ਦੇ ਸਹਿਯੋਗ ਨਾਲ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਧਾਰਮਿਕ ਸਮਾਗਮ ਮੌਕੇ ਵੱਖ ਵੱਖ ਕੀਰਤਨੀ ਜਥਿਆਂ ਨੇ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ। ਢਾਡੀ ਰਣਜੀਤ ਸਿੰਘ ਜੰਡਿਆਲਾ ਨੇ ਗੁਰੂ ਇਤਿਹਾਸ ਦੀ ਸਾਂਝ ਪਾਉਂਦਿਆਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੇ ਇਤਿਹਾਸ ਸਬੰਧੀ ਖੋਜ ਭਰਪੂਰ ਕਥਾ ਵਿਚਾਰ ਕੀਤੀ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਇਤਿਹਾਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕਰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਸਤਿਗੁਰੂ ਜੀ ਦੀਆਂ ਸਿੱਖਿਆਵਾਂ ਤੇ ਚੱਲ ਕੇ ਆਪਣਾ ਜਨਮ ਸਫਲ ਬਣਾਉਣਾ ਚਾਹੀਦਾ ਹੈ। ਇਸ ਸਮੇਂ ਪ੍ਰਬੰਧਕ ਕਮੇਟੀ ਦੇ ਭਾਈ ਲਸ਼ਕਰ ਸਿੰਘ, ਭਾਈ ਸਰਬਜੀਤ ਸਿੰਘ ਕਰਮਨ, ਭਾਈ ਦਾਰਾ ਸਿੰਘ ਆਦਿ ਵੱਲੋਂ ਢਾਡੀ ਰਣਜੀਤ ਸਿੰਘ ਜੰਡਿਆਲਾ ਦੇ ਜਥੇ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ। ਢਾਡੀ ਰਣਜੀਤ ਸਿੰਘ ਜੰਡਿਆਲਾ ਨੇ ਅਮਰੀਕਾ ਦੇ ਗੁਰਦਵਾਰਾ ਨਾਨਕਸਰ ਸਾਹਿਬ ਫਰਿਜਨੋ ( ਕੈਲੀਫੋਰਨੀਆਂ ) ਤੇ ਗੁਰਦਵਾਰਾ ਗੁਰੂ ਅਮਰਦਾਸ ਜੀ ਸੇਲਮ ( ਪੋਰਟਲੈਂਡ) ਤੇ ਹੋਰ ਵੱਖ ਵੱਖ ਸ਼ਹਿਰਾਂ ਵਿੱਚ ਹਾਜਰੀ ਭਰੀ।

# ਮਹਿੰਦਰਾ ਪਿਕਅਪ ਗੱਡੀ ਨੁਕਸਾਨੀ, ਡਰਾਈਵਰ ਗੰਭੀਰ ਜ਼ਖਮੀ

**ਫਿਲੌਰ (ਨਿਰਮਲ)**- ਮਹਿੰਦਰਾ ਪਿਕਅਪ ਗੱਡੀ ਨੰਬਰ ਪੀ ਬੀ 10 ਜੇ ਐਲ 6927 ਜੋ ਕਿ ਦੁੱਧ ਸਪਲਾਈ ਕਰਕੇ ਗੋਰਾਇਆਂ ਤੋਂ ਫਿਲੌਰ ਵੱਲ ਜਾ ਰਹੀ ਸੀ ਤਾਂ ਪਿੰਡ ਖਹਿਰਾ ਨੇੜੇ ਸਿਕਸ ਲੇਨ 'ਤੇ ਕਿਸੇ ਅਣਪਛਾਤੇ ਹੈਵੀ ਵਹੀਕਲ ਨਾਲ ਟਕਰਾਉਣ ਕਾਰਨ ਬੁਰੀ ਤਰ੍ਹਾਂ ਨੁਕਸਾਨੀ ਗਈ। ਚਾਲਕ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ, ਜਿਸ ਦੀ ਇਕ ਬਾਂਹ ਬੁਰੀ ਤਰ੍ਹਾਂ ਨੁਕਸਾਨੀ ਗਈ। ਉਸ ਨੂੰ ਸੜਕ ਸੁਰੱਖਿਆ ਫੋਰਸ ਦੀ ਟੀਮ ਥਾਣੇਦਾਰ ਸਰਬਜੀਤ ਸਿੰਘ ਅਤੇ ਸੁਖਜੀਤ ਸਿੰਘ ਨੇ ਮੌਕੇ 'ਤੇ ਪੁੱਜ ਕੇ ਮੁਢਲੀ ਸਹਾਇਤਾ ਦੇਣ ਉਪਰੰਤ ਜ਼ਖਮੀ ਚਾਲਕ ਨੂੰ ਸਿਵਲ ਹਸਪਤਾਲ ਫਿਲੌਰ ਦਾਖਲ ਕਰਵਾਇਆ। ਡਾਕਟਰਾਂ ਨੇ ਉਸ ਦੀ ਹਾਲਤ ਗੰਭੀਰ ਹੋਣ ਕਾਰਨ ਲੁਧਿਆਣਾ ਹਸਪਤਾਲ ਵਿਖੇ ਰੈਫਰ ਕਰ ਦਿੱਤਾ । ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਨੁਕਸਾਨੇ ਵਾਹਨ ਨੂੰ ਇੱਕ ਪਾਸੇ ਕਰਾ ਕੇ ਟਰੈਫਿਕ ਚਾਲੂ ਕਰਵਾਇਆ। ਦੁੱਧ ਦੇ ਪੈਕਟ ਸੜਕ ਤੇ ਖਿੱਲਰੇ ਪਏ ਸਨ, ਜਿਨ੍ਹਾਂ ਨੂੰ ਕਰੇਟ ਵਿੱਚ ਪਾ ਕੇ ਇੱਕ ਪਾਸੇ ਕੀਤਾ।



# ਹੰਗਾਮੀ ਹਾਲਤ ਦੌਰਾਨ ਸ਼ਾਨਦਾਰ ਸੇਵਾਵਾਂ ਦੇਣ ਵਾਲੇ ਅਧਿਕਾਰੀਆਂ ਦਾ ਸਨਮਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦੇਸ਼ ਦੀ ਸਰਹੱਦ 'ਤੇ ਪੈਦਾ ਹੋਏ ਤਣਾਅਪੂਰਨ ਹਾਲਾਤ ਅਤੇ ਜੰਗ ਵਰਗੇ ਮਾਹੌਲ ਦੌਰਾਨ ਹੁਸ਼ਿਆਰਪੁਰ ਜ਼ਿਲ੍ਹੇ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦੇਣ ਲਈ ਇਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਨੇ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਨਮਾਨਿਤ ਕੀਤਾ, ਜਿਨ੍ਹਾਂ ਨੇ ਬੇਹੱਦ ਸੰਕਟ ਦੀ ਘੜੀ ਵਿਚ ਮਿਸਾਲੀ ਸੇਵਾ ਭਾਵਨਾ ਅਤੇ ਦੇਸ਼ ਭਗਤੀ ਦਾ ਪ੍ਰਦਰਸ਼ਨ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਦੋਂ ਸਰਹੱਦ 'ਤੇ ਤਣਾਅ ਵਧਿਆ ਅਤੇ ਸਥਿਤੀ ਗੰਭੀਰ ਹੋ ਗਈ ਤਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਆਪਣੀਆਂ ਜਾਨਾਂ ਦੀ ਪਰਵਾਹ ਕੀਤੇ ਬਿਨਾਂ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਈ। ਉਨ੍ਹਾਂ ਕਿਹਾ ਕਿ ਅਜਿਹੇ ਹਾਲਾਤ ਵਿਚ ਜਿਸ ਤਰ੍ਹਾਂ ਦਾ ਸਬਰ, ਹਿੰਮਤ ਅਤੇ ਚੌਕਸੀ ਦਿਖਾਈ ਗਈ ਹੈ, ਉਹ ਸ਼ਲਾਘਾਯੋਗ ਹੈ ਅਤੇ ਇਹ ਸਮਰਪਿਤ ਅਧਿਕਾਰੀ ਪ੍ਰਸ਼ਾਸਨ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਸਬ-ਡਵੀਜ਼ਨ, ਕਲੱਸਟਰ, ਪਿੰਡ ਅਤੇ ਵਾਰਡ ਪੱਧਰ ਤੱਕ ਪ੍ਰਸ਼ਾਸਕੀ ਨੈੱਟਵਰਕ ਨੂੰ ਸਰਗਰਮ ਕੀਤਾ ਗਿਆ ਹੈ ਅਤੇ ਵਿਸ਼ੇਸ਼ ਆਫ਼ਤ ਪ੍ਰਬੰਧਨ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿਚ ਲੋਕਾਂ ਨੂੰ ਜ਼ਰੂਰੀ ਸੇਵਾਵਾਂ ਤੁਰੰਤ ਉਪਲਬੱਧ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਸਾਡੇ ਅਧਿਕਾਰੀ ਹਰ ਚੁਣੌਤੀ ਲਈ ਤਿਆਰ ਹਨ ਅਤੇ ਪੂਰੀ ਤਨਦੇਹੀ ਨਾਲ ਆਪਣੇ ਫਰਜ਼ ਨਿਭਾਉਂਦੇ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਰਬੀਰ ਕੌਰ ਭੁੱਲਰ, ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਓਇਸ਼ੀ ਮੰਡਲ, ਐਸ.ਪੀ ਨਵਨੀਤ ਕੌਰ ਗਿੱਲ, ਆਰ.ਟੀ.ਓ ਸੰਜੀਵ ਕੁਮਾਰ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਮੁੱਖ ਮੰਤਰੀ ਫੀਲਡ ਅਫ਼ਸਰ-ਕਮ-ਐਸ.ਡੀ.ਐਮ ਟਾਂਡਾ ਪਰਮਪ੍ਰੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।



# ਬੇਲਾ ਕਾਲਜ ਵੱਲੋਂ ਨਵੇਂ ਸੈਸ਼ਨ ਦਾ ਪ੍ਰਾਸਪੈਕਟਸ ਰਿਲੀਜ਼



**ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਵੱਲੋਂ ਨਵੇਂ ਸੈਸ਼ਨ ਦਾ ਪ੍ਰਾਸਪੈਕਟਸ ਰਿਲੀਜ਼ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਕੇਂਦਰੀਕ੍ਰਿਤ ਦਾਖਲਾ ਪੋਰਟਲ 'ਤੇ ਸਾਰੇ ਅੰਡਰ ਗ੍ਰੈਜੂਏਟ ਕੋਰਸਾਂ ਦੇ ਦਾਖਲੇ ਸ਼ੁਰੂ ਹੋ ਚੁੱਕੇ ਹਨ ਅਤੇ ਪੋਸਟ ਗ੍ਰੈਜੂਏਟ ਕੋਰਸਾਂ ਦੇ ਦਾਖਲੇ 1 ਜੁਲਾਈ ਤੋਂ ਸ਼ੁਰੂ ਹੋਣੇ ਹਨ। ਇਸੇ ਦੇ ਮੱਦੇਨਜ਼ਰ ਕਾਲਜ ਦੇ ਨਵੇਂ ਸੈਸ਼ਨ ਦਾ ਪ੍ਰਾਸਪੈਕਟਸ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ, ਸੀਨੀਅਰ ਵਾਈਸ ਪ੍ਰਧਾਨ ਹਰਮਿੰਦਰ ਸਿੰਘ, ਸਕੱਤਰ ਜਗਵਿੰਦਰ ਸਿੰਘ ਪੰਮੀ, ਮੈਨੇਜਰ ਸੁਖਵਿੰਦਰ ਸਿੰਘ ਵਿਸਕੀ, ਚੇਅਰਮੈਨ ਫਾਰਮੇਸੀ ਕਾਲਜ ਕੈਪਟਨ ਐਮ.ਪੀ.ਸਿੰਘ, ਮੈਂਬਰ ਗਿਆਨ ਸਿੰਘ, ਗੁਰਮੇਲ ਸਿੰਘ, ਗੁਰਿੰਦਰ ਸਿੰਘ ਅਤੇ ਪ੍ਰਿੰਸੀਪਲ ਫਾਰਮੇਸੀ ਕਾਲਜ ਡਾ. ਸ਼ੈਲੇਸ ਸ਼ਰਮਾ ਵੱਲੋਂ ਰਿਲੀਜ਼ ਕੀਤਾ ਗਿਆ। ਡਾ. ਮਮਤਾ ਅਰੋੜਾ ਨੇ ਦੱਸਿਆ ਕਿ ਕਾਲਜ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ ਨੇ ਆਟੋਨੋਮਸ ਸਟੇਟਸ ਅਧੀਨ ਕਾਲਜ ਦੀ ਪਹਿਲੀ ਪੁਲਾਂਘ 'ਤੇ ਸੰਸਥਾ ਦੀ ਤਰੱਕੀ ਲਈ ਕਾਮਨਾ ਕੀਤੀ। ਪ੍ਰਿੰਸੀਪਲ ਡਾ. ਸ਼ਾਹੀ ਨੇ ਦੱਸਿਆ ਕਿ ਸੰਸਥਾ ਵਿੱਚ ਸੱਭਿਅਕ, ਖੇਡਾਂ ਤੋਂ ਬਿਨਾਂ ਰੈਡ ਕਰਾਸ, ਐਨਸੀਸੀ (ਆਰਮੀ ਵਿੰਗ ਤੇ ਨੇਵਲ ਵਿੰਗ) ਸਮੇਤ ਐਨਐਸਐਸ ਦੇ ਯੂਨਿਟ ਵੀ ਚੱਲ ਰਹੇ ਹਨ। ਇਸ ਮੌਕੇ ਪ੍ਰੋ. ਇਸ਼ੂ ਬਾਲਾ, ਪ੍ਰੋ. ਪਰਮਿੰਦਰ ਕੌਰ, ਪ੍ਰੋ. ਪ੍ਰਿਤਪਾਲ ਸਿੰਘ ਅਤੇ ਪ੍ਰੋ. ਅਮਰਜੀਤ ਸਿੰਘ ਆਦਿ ਹਾਜ਼ਰ ਸਨ।

# ਫਾਲਕਨ ਸਕੂਲ ਦੇ ਵਿਦਿਆਰਥੀਆਂ ਦਾ ਧਾਰਮਿਕ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ

**ਸੁਲਤਾਨਪੁਰ ਲੋਧੀ (ਹਨੀ)** ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਲਈ ਗਈ ਸਾਲਾਨਾ ਪ੍ਰੀਖਿਆ ਵਿਚ ਫਾਲਕਨ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ । ਜਿਸ ਵਿੱਚ ਚੌਥੀ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਗ ਲਿਆ । ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਸੁਖਦੇਵ ਸਿੰਘ ਅਤੇ ਫਾਲਕਨ ਸਕੂਲ ਦੇ ਵਾਇਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਨੇ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ । ਉਹਨਾਂ ਨੇ ਵਿਦਿਆਰਥੀਆਂ ਨੂੰ ਧਾਰਮਿਕ ਪ੍ਰੀਖਿਆ ਵਿੱਚ ਵਧ ਚੜ੍ਹ ਕੇ ਭਾਗ ਲੈਣ ਅਤੇ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਨੇ ਧਾਰਮਿਕ ਪ੍ਰੀਖਿਆ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਸਕੂਲ ਦੀ ਵਾਇਸ ਪ੍ਰਿੰਸੀਪਲ ਰਵਿੰਦਰਜੀਤ ਕੌਰ, ਮੈਡਮ ਰਜਨੀ ਧੀਰ, ਮੈਡਮ ਤਾਨੀਆ, ਮੈਡਮ ਨਵਨੀਤ ਕੌਰ, ਮੈਡਮ ਨੀਤਾ, ਮੈਡਮ ਕੁਲਵਿੰਦਰ ਕੌਰ, ਸੁਨੀਲ ਕੁਮਾਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।



# ਮਜ਼ਦੂਰਾਂ 'ਤੇ ਮੁਕੱਦਮਾ ਦਰਜ ਕਰਕੇ ਹੱਕ ਤੇ ਸੱਚ ਨੂੰ ਦਬਾਇਆ ਨਹੀਂ ਜਾ ਸਕਦਾ : ਪੀਟਰ

**ਮਹਿਤਪੁਰ (ਰਾਜਾ)**- ਪੰਚਾਇਤੀ ਐਕਟ ਤਹਿਤ ਹਰ ਸਾਲ ਪਿੰਡਾਂ ਵਿੱਚ ਹੋਣ ਵਾਲੀਆਂ ਗ੍ਰਾਮ ਸਭਾ 'ਚ ਬੇਸ਼ੱਕ ਪਿੰਡ ਦੇ ਹਰ ਵੋਟਰ ਨੂੰ ਆਪਣੀ ਗੱਲ ਕਹਿਣ ਦਾ ਕਾਨੂੰਨੀ ਅਧਿਕਾਰ ਦਿੰਦੀ ਹੈ ਪਰ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਮਹਿਤਪੁਰ ਬਲਾਕ ਦੇ ਮਹਿਸਮਪੁਰ ਪਿੰਡ ਦੇ ਮਨਰੇਗਾ ਵਰਕਰਾਂ ਨੂੰ ਗ੍ਰਾਮ ਸਭਾ ਵਿੱਚ ਮਨਰੇਗਾ ਕਾਨੂੰਨ ਹੇਠ ਕੰਮ ਮੰਗਣਾ ਐਨਾ ਮਹਿੰਗਾ ਪਿਆ ਕਿ ਪਿੰਡ ਦੇ ਸਰਪੰਚ ਨੇ ਵਿਹੜੇ ਦੀਆਂ ਔਰਤਾਂ ਦੇ ਗ੍ਰਾਮ ਸਭਾ ਵਿੱਚ ਆ ਕੇ ਬੋਲਣ ਨੂੰ ਆਪਣੀ ਪੰਚਾਇਤ ਦੀ ਹੱਤਕ ਸਮਝਦਿਆਂ ਮਨਰੇਗਾ ਵਰਕਰਾਂ ਦੀ ਆਗੂ ਮੇਟ ਜਸਵਿੰਦਰ ਕੌਰ ਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਨਾਲ ਸੰਬੰਧਤ ਦੋ ਔਰਤਾਂ ਅਤੇ ਦੋ ਦਲਿਤ ਮਜ਼ਦੂਰਾਂ 'ਤੇ ਮਹਿਤਪੁਰ ਥਾਣੇ ਵਿੱਚ ਪਰਚਾ ਦਰਜ ਕਰਵਾ ਦਿੱਤਾ। ਮਹਿਤਪੁਰ ਥਾਣੇ ਦੀ ਪੁਲਸ ਨੇ ਵੀ ਬਿਨਾਂ ਜਾਂਚ ਪੜਤਾਲ ਕੀਤਿਆਂ ਨਵੇਂ ਨਵੇਂ ਕਾਂਗਰਸ ਚੋਂ ਆਮ ਆਦਮੀ ਪਾਰਟੀ ਵਿੱਚ ਗਏ ਸਰਪੰਚ ਨੂੰ ਖੁਸ਼ ਕਰਨ ਲਈ ਮਨਰੇਗਾ ਵਰਕਰਾਂ ਦੀ ਮੇਟ ਜਸਵਿੰਦਰ ਕੌਰ ਨੂੰ ਉਸ ਦੇ 2 ਮਜ਼ਦੂਰਾਂ ਸਾਥੀ ਰੇਸ਼ਮ ਲਾਲ ਅਤੇ ਕੁਲਵਿੰਦਰ ਸਿੰਘ ਨੂੰ ਥਾਣੇ ਲਿਆ ਕੇ ਬੰਦ ਕਰ ਦਿੱਤਾ। ਜਿਸ ਦੇ ਵਿਰੋਧ ਵਿੱਚ ਮਹਿਤਪੁਰ ਥਾਣੇ ਅੱਗੇ ਇਕੱਠੇ ਹੋਏ ਮਜ਼ਦੂਰਾਂ ਨੇ ਫੜੇ ਗਏ ਸਾਥੀਆਂ ਦੇ ਬਾਹਰ ਆਉਣ ਤੇ ਮਹਿਤਪੁਰ ਥਾਣੇ ਅੱਗੇ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਐਲਾਨ ਕੀਤਾ ਕਿ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ 2 ਜੂਨ ਨੂੰ ਪੰਜਾਬ ਭਰ ਵਿੱਚ ਜ਼ਿਲ੍ਹਾ ਹੈਡਕੁਆਰਟਰਾਂ ਤੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਦੀ ਕੜੀ ਵਿੱਚ ਜਲੰਧਰ ਵਿੱਚ ਹੋਣ ਵਾਲੇ ਰੋਸ ਪ੍ਰਦਰਸ਼ਨ ਵਿੱਚ ਹਾਕਮ ਪਾਰਟੀ ਦੇ ਸਰਪੰਚ ਅਤੇ ਪੁਲਸ ਦੀ ਮਿਲੀਭੁਗਤ ਨਾਲ ਦਰਜ ਕੀਤੇ ਗਏ ਝੂਠੇ ਪਰਚੇ ਦਾ ਮਾਮਲਾ ਵੀ ਉਠਾਇਆ ਜਾਵੇਗਾ। ਯੂਨੀਅਨ ਦੇ ਤਹਿਸੀਲ ਪ੍ਰਧਾਨ ਕਸ਼ਮੀਰ ਮੰਡਿਆਲਾ ਅਤੇ ਸਕੱਤਰ ਵਿਜੇ ਬਾਠ ਨੇ ਕਿਹਾ ਕਿ ਮਹਿਤਪੁਰ ਬਲਾਕ ਦੇ ਹਰ ਪਿੰਡ ਵਿੱਚ ਰੋਸ ਪ੍ਰਦਰਸ਼ਨ ਕਰਕੇ ਪੁਲਸ ਤੇ ਹਾਕਮ ਪਾਰਟੀ ਦੇ ਗਠਜੋੜ ਨੂੰ ਨੰਗਾ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਹਾਕਮ ਪਾਰਟੀ ਸੂਬੇ ਨੂੰ ਪੁਲਸ ਰਾਜ ਵਿੱਚ ਤਬਦੀਲ ਕਰਨ ਦੇ ਰਾਹ ਤੁਰੀ ਹੋਈ ਹੈ, ਜਿਸ ਦਾ ਪੇਂਡੂ ਮਜ਼ਦੂਰ ਡਟ ਕੇ ਵਿਰੋਧ ਕਰਨਗੇ। ਇਸ ਮੌਕੇ ਥਾਣੇ ਅੱਗੇ ਰੋਸ ਪ੍ਰਗਟ ਕਰਨ ਵਾਲੇ ਮਜ਼ਦੂਰਾਂ ਨੂੰ ਪੇਂਡੂ ਮਜ਼ਦੂਰ ਯੂਨੀਅਨ ਦੇ ਤਹਿਸੀਲ ਪ੍ਰਧਾਨ ਕਸ਼ਮੀਰ ਮੰਡਿਆਲਾ, ਸਕੱਤਰ ਵਿਜੇ ਬਾਠ, ਸਾਬਕਾ ਸਰਪੰਚ ਪ੍ਰਕਾਸ਼ ਚੰਦ, ਮਨਰੇਗਾ ਵਰਕਰਾਂ ਦੀ ਆਗੂ ਬਖਸ਼ੋ ਰਾਣੀ ਨੇ ਸੰਬੋਧਨ ਕੀਤਾ। ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਮਜ਼ਦੂਰਾਂ 'ਤੇ ਦਰਜ ਕੀਤੇ ਮੁਕੱਦਮੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਹੱਕ ਤੇ ਸੱਚ ਨੂੰ ਕਦੀ ਵੀ ਦਬਾਇਆ ਨਹੀਂ ਜਾ ਸਕਦਾ, ਅਸੀਂ ਇਸ ਦਾ ਡੱਟਕੇ ਵਿਰੋਧ ਕਰਾਂਗੇ।ਜਦ ਮਹਿਸਮਪੁਰ ਪਿੰਡ ਦੇ ਸਰਪੰਚ ਦਲਬੀਰ ਸਿੰਘ ਨਾਲ ਸੰਪਰਕ ਕੀਤਾ ਤਾਂ ਉਹਨਾਂ ਕਿਹਾ ਕਿ ਗ੍ਰਾਮ ਸਭਾ ਵਿੱਚ ਆਉਂਦੇ ਸਾਰ ਹੀ 4-5 ਔਰਤਾਂ ਸਰਪੰਚ ਦੇ ਖ਼ਿਲਾਫ ਗਾਲੀ ਗਲੋਚ ਕਰਨ ਲੱਗ ਪਈਆਂ, ਜਿਸ ਦਾ ਮੌਕੇ 'ਤੇ ਮੌਜੂਦ ਪਿੰਡ ਵਾਸੀਆਂ ਨੇ ਇਤਰਾਜ਼ ਜਤਾਇਆ ਤੇ ਇਸ ਨੂੰ ਪੰਚਾਇਤ ਦੀ ਹੱਤਕ ਸਮਝਿਆ, ਇਸ ਸਾਰੇ ਘਟਨਾਕ੍ਰਮ ਸਬੰਧੀ ਅਸੀਂ ਪਿੰਡ ਵਾਸੀਆਂ ਨੇ ਬੀ. ਡੀ. ਪੀ. ਓ. ਮਹਿਤਪੁਰ ਨੂੰ ਲਿਖਤੀ ਸ਼ਿਕਾਇਤ ਦੇ ਕੇ ਦੋਸ਼ੀਆਂ ਖ਼ਿਲਾਫ ਕਾਨੂੰਨ ਅਨੁਸਾਰ ਕਾਰਵਾਈ ਦੀ ਮੰਗ ਕੀਤੀ ਸੀ, ਜਿਸ ਤੇ ਕਾਰਵਾਈ ਕਰਦਿਆਂ ਮਹਿਤਪੁਰ ਪੁਲਸ ਵਲੋਂ ਦੋਸ਼ੀਆਂ ਖ਼ਿਲਾਫ ਬਣਦੀ ਕਾਰਵਾਈ ਕਰਦਿਆਂ ਮੁਕੱਦਮਾ ਦਰਜ ਕੀਤਾ ਗਿਆ।



# ਸੁਧੀਰ ਨਾਹਰ ਦੀ ਅਗਵਾਈ 'ਚ ਮਸੀਹੀ ਭਾਈਚਾਰੇ ਦੀ ਹੋਈ ਵਿਸ਼ੇਸ਼ ਮੀਟਿੰਗ

**ਸ਼ਾਹਕੋਟ (ਗਿਆਨ ਸੈਦਪੁਰੀ)** ਪੰਜਾਬ ਕ੍ਰਿਸ਼ਚਨ ਮੂਵਮੈਂਟ ਯੂਥ ਵਿੰਗ ਦੇ ਸੂਬਾ ਪ੍ਰਧਾਨ ਸੁਧੀਰ ਨਾਹਰ ਦੀ ਅਗਵਾਈ ਵਿੱਚ ਵਿਸ਼ੇਸ਼ ਇਕੱਤਰਤਾ ਹੋਈ। ਮੀਟਿੰਗ ਵਿੱਚ ਇਲਾਕੇ ਦੇ ਬਹੁਤ ਸਾਰੇ ਪਾਦਰੀਆਂ ਸਮੇਤ ਇਸਾਈ ਭਾਈਚਾਰੇ ਨਾਲ ਸਬੰਧਤ ਲੋਕਾਂ ਨੇ ਸ਼ਿਰਕਤ ਕੀਤੀ। ਮੁੱਖ ਮਹਿਮਾਨ ਵਜੋਂ ਪੰਜਾਬ ਕ੍ਰਿਸ਼ਚਨ ਮੂਵਮੈਂਟ ਦੇ ਸੂਬਾ ਪ੍ਰਧਾਨ ਹਮੀਦ ਮਸੀਹ ਸ਼ਾਮਲ ਹੋਏ। ਪੈਂਤੀਕਾਸਟਲ ਕ੍ਰਿਸ਼ਚਨ ਪ੍ਰਬੰਧਕ ਕਮੇਟੀ ਯੂਥ ਵਿੰਗ ਦੇ ਪ੍ਰਧਾਨ ਮਾਰਕ ਸਿੱਧੂ ਵੀ ਮੀਟਿੰਗ ਵਿੱਚ ਸ਼ਾਮਲ ਹੋਏ। ਸ਼ੁਰੂ ਵਿੱਚ ਪਾਸਟਰ ਭੁਪਿੰਦਰ ਨੇ ਸਭ ਲਈ ਪ੍ਰਾਰਥਨਾ ਕੀਤੀ। ਬਿਸ਼ਪ ਡੇਨੀਅਨ ਕਾਂਗਣਾ ਨੇ ਪਵਿੱਤਰ ਬਾਈਬਲ ਵਿੱਚੋਂ ਹਾਜ਼ਰੀਨ ਨੂੰ ਵਚਨ ਸੁਣਾਇਆ। ਉਪਰੰਤ ਪ੍ਰਧਾਨ ਹਮੀਦ ਮਸੀਹ ਨੇ ਮਸੀਹੀ ਭਾਈਚਾਰੇ ਨਾਲ ਦਰਪੇਸ਼ ਸਮੱਸਿਆਵਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ। ਇਸੇ ਦੌਰਾਨ ਕੁਝ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਕੀਤੀ ਗਈ। ਪਤਰਸ ਮਸੀਹ ਪਰਜੀਆਂ ਨੂੰ ਹਲਕਾ ਸ਼ਾਹਕੋਟ ਦਾ ਯੂਥ ਪ੍ਰਧਾਨ ਤੇ ਅਨੋਸ਼ ਮਸੀਹ ਨੂੰ ਮੀਤ ਪ੍ਰਧਾਨ ਬਣਾਇਆ ਗਿਆ। ਇਸੇ ਤਰ੍ਹਾਂ ਜਗਜੀਤ ਮਸੀਹ ਜੱਗੀ ਨੂੰ ਜਲੰਧਰ (ਦਿਹਾਤੀ) ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ।ਪਾਸਟਰ ਵੈਲਫੇਅਰ ਸੁਸਾਇਟੀ ਨਕੋਦਰ ਦੇ ਪ੍ਰਧਾਨ ਮਨਜੀਤ ਨੇ ਨਵੇਂ ਅਹੁਦੇਦਾਰਾਂ ਲਈ ਪ੍ਰਾਥਨਾ ਕੀਤੀ ਗਈ। ਅੰਤ ਵਿੱਚ ਯੂਥ ਪ੍ਰਧਾਮ ਸੁਧੀਰ ਨਾਹਰ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਸਭ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੇ ਫਰਜ਼ ਪਾਸਟਰ ਐਸੋਸੀਏਸ਼ਨ ਸ਼ਾਹਕੋਟ ਦੇ ਚੇਅਰਮੈਨ ਯੂਸਫ ਮਸੀਹ ਨੇ ਬਾਖੂਬੀ ਨਿਭਾਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਸਟਰ ਪ੍ਰੇਮ, ਪਾਸਟਰ ਸੋਹਣ ਲਾਲ, ਪਾਸਟਰ ਵੀਰ ਸਿੰਘ, ਪਾਸਟਰ ਯੂਸਫ ਆਦਮਪੁਰ, ਪਾਸਟਰ ਰਾਜ ਕੁਮਾਰ, ਪਾਸਟਰ ਹਾਰੂਨ ਧਰਮਕੋਟ, ਪਾਸਟਰ ਸੁਖਦੇਵ,ਮਰਕੁਸ ਵਾਲੀਆ, ਜੋਹਨ ਮਸੀਹ, ਗੁਰਪ੍ਰੀਤ, ਅਭਿ ਮਸੀਹ, ਨਾਨਕ ਮਸੀਹ, ਜੌਲੀ ਨਾਹਰ, ਹੈਪੀ ਪੌਲ, ਰਾਜ ਵਾਲੀਆ,ਯੂਨਸ, ਸੰਜੂ ਪਰਜੀਆਂ ਆਦਿ ਮੌਜੂਦ ਸਨ।



# ਜੰਗਲਾਤ ਵਿਭਾਗ ਦੇ 378 ਕਰਮਚਾਰੀਆਂ ਨੂੰ ਕੀਤਾ ਪੱਕਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਨੇ ਸ਼ਨੀਵਾਰ ਨੂੰ ਜੰਗਲਾਤ ਵਿਭਾਗ ਦੇ 378 ਅਸਥਾਈ ਕਰਮਚਾਰੀਆਂ ਦੀਆਂ ਨੌਕਰੀਆਂ ਨੂੰ ਨਿਯਮਤ ਕਰਨ ਦਾ ਐਲਾਨ ਕੀਤਾ ਹੈ। ਪਿਛਲੇ ਕਈ ਸਾਲਾਂ ਤੋਂ, ਇਹ ਕਰਮਚਾਰੀ ਘੱਟ ਤਨਖ਼ਾਹਾਂ 'ਤੇ ਅਤੇ ਬਿਨਾਂ ਕਿਸੇ ਮਿਹਨਤਾਨੇ ਦੇ ਕੰਮ ਕਰ ਰਹੇ ਸਨ।ਜੰਗਲਾਤ ਵਿਭਾਗ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸਾਰੇ ਕਰਮਚਾਰੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪਿਛਲੀ ਕੈਬਨਿਟ ਮੀਟਿੰਗ ਵਿੱਚ ਜੰਗਲਾਤ ਵਿਭਾਗ ਦੇ 378 ਕਰਮਚਾਰੀਆਂ ਨੂੰ ਰੈਗੂਲਰ ਕਰਨ ਦਾ ਫ਼ੈਸਲਾ ਲਿਆ ਗਿਆ ਸੀ ਜੋ ਰੋਜ਼ਾਨਾ ਦਿਹਾੜੀ 'ਤੇ ਕੰਮ ਕਰ ਰਹੇ ਸਨ। ਮੈਨੂੰ ਇਹ ਐਲਾਨ ਕਰਦੇ ਹੋਏ ਬਹੁਤ ਖ਼ੁਸ਼ੀ ਹੋ ਰਹੀ ਹੈ। ਪਿਛਲੀਆਂ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ ਦੇ ਰੁਜ਼ਗਾਰ ਵਿਰੋਧੀ ਅਤੇ ਕਰਮਚਾਰੀ ਵਿਰੋਧੀ ਰਵੱਈਏ ਕਾਰਨ ਉਨ੍ਹਾਂ ਦੀਆਂ ਨੌਕਰੀਆਂ ਸਥਾਈ ਨਹੀਂ ਕੀਤੀਆਂ ਜਾ ਸਕੀਆਂ ਸਨ, ਪਰ ਮੁੱਖ ਮੰਤਰੀ ਭਗਵੰਤ ਮਾਨ ਦੇ ਯਤਨਾਂ ਸਦਕਾ ਉਨ੍ਹਾਂ ਨੂੰ ਨਿਯਮਤ ਕਰਨ ਵਿੱਚ ਸਫਲ ਹੋਏ ਹਾਂ। ਮੰਤਰੀ ਨੇ ਕਿਹਾ ਕਿ ਅਗਲੇ ਕੁਝ ਦਿਨਾਂ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਸਾਰੇ ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਵੀ ਸੌਂਪਣਗੇ।

# 9 ਨੂੰ ਜਲ ਸਪਲਾਈ ਦੇ ਹੈੱਡ ਆਫ਼ਿਸ ਮੋਹਾਲੀ ਵਿਖੇ ਹੋਵੇਗਾ ਧਰਨਾ ਪ੍ਰਦਰਸ਼ਨ : ਸ਼ੇਖੋਂ

**ਜਲੰਧਰ (ਰਾਜੇਸ਼ ਥਾਪਾ)** ਪੀ.ਡਬਲਿਊ.ਡੀ. ਫੀਲਡ ਅਤੇ ਵਰਕਸ਼ਾਪ ਵਰਕਰਜ਼ ਯੂਨੀਅਨ ਜੋਨ ਜਲੰਧਰ ਕਪੂਰਥਲਾ ਵੱਲੋਂ ਜਥੇਬੰਦੀ ਦੀ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਨਿਗਰਾਨ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਹਲਕਾ ਜਲੰਧਰ ਦੇ ਦਫ਼ਤਰ ਅੱਗੇ ਜਲ ਸਪਲਾਈ ਸਕੀਮਾਂ ਦੇ ਪੰਚਾਇਤੀ ਕਰਨ ਖਿਲਾਫ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਅਮਰੀਕ ਸਿੰਘ ਸੇਖੋਂ, ਪ੍ਰਸ਼ਪਿੰਦਰ ਕੁਮਾਰ ਵਿਰਦੀ, ਸੰਜੀਵ ਕੌਂਡਲ, ਤਰਸੇਮ ਮਾਧੋਪੁਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਲ ਸਪਲਾਈ ਸਕੀਮਾਂ ਦੇ ਪੰਚਾਇਤੀ ਕਰਨ ਦੀ ਆੜ ਹੇਠ ਨਿੱਜੀਕਰਣ ਦੀ ਤਿਆਰੀ ਕੀਤੀ ਜਾ ਰਹੀ ਹੈ। ਜਲ ਸਪਲਾਈ ਵਿਭਾਗ ਦੇ ਨਿੱਜੀਕਰਣ ਹੋਣ ਨਾਲ ਸਾਫ਼ ਪੀਣ ਵਾਲਾ ਪਾਣੀ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਜਾਵੇਗਾ। ਪੰਚਾਇਤਾਂ ਕੋਲ ਆਮਦਨ ਦੇ ਸਾਧਨ ਅਤੇ ਤਕਨੀਕੀ ਤਜ਼ਰਬਾ ਨਾ ਹੋਣ ਕਰਕੇ ਪੰਚਾਇਤਾਂ ਦੇ ਹਵਾਲੇ ਕੀਤੀਆਂ ਜਾਣ ਵਾਲੀਆਂ ਜਲ ਸਪਲਾਈ ਸਕੀਮਾਂ ਬੰਦ ਹੋ ਜਾਣਗੀਆਂ। ਜਿਸ ਕਾਰਨ ਲੋਕਾਂ ਨੂੰ ਮਹਿੰਗੇ ਭਾਅ ਪੀਣ ਵਾਲਾ ਪਾਣੀ ਖਰੀਦਣਾ ਪਵੇਗਾ।ਸਰਕਾਰ ਜਲ ਸਪਲਾਈ ਸਕੀਮਾਂ ਨੂੰ 15-15 ਸਾਲਾਂ ਤੋਂ ਵੀ ਵੱਧ ਸਮੇਂ ਤੋਂ ਕੰਮ ਕਰ ਰਹੇ ਹੈ। ਜਿਸ ਨਾਲ ਆਮ ਲੋਕਾਂ ਤੋਂ ਸਾਫ਼ ਪੀਣ ਵਾਲੇ ਪਾਣੀ ਦਾ ਹੱਕ ਵੀ ਖੋਹਿਆ ਜਾ ਰਿਹਾ ਠੇਕਾ ਮੁਲਾਜ਼ਮਾਂ ਨੂੰ ਪੰਚਾਇਤੀਕਰਨ/ ਨਿੱਜੀਕਰਣ ਦੇ ਨਾਂਅ 'ਤੇ ਕੱਢਣ ਦੀ ਤਿਆਰੀ ਕਰ ਰਹੀ ਹੈ ਉਨ੍ਹਾਂ ਕਿਹਾ ਕਿ ਜਲ ਸਪਲਾਈ ਸਕੀਮਾਂ ਤੇ ਨਵੀਂ ਭਰਤੀ ਕੀਤੀ ਜਾਵੇ, ਠੇਕੇ 'ਤੇ ਕੰਮ ਕਰ ਰਹੇ ਕਾਮਿਆਂ ਨੂੰ ਵਿਭਾਗ ਵਿੱਚ ਲੈ ਕੇ ਪੱਕੇ ਕੀਤਾ ਜਾਵੇ।ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਜਲ ਸਪਲਾਈ ਸਕੀਮਾਂ ਨੂੰ ਪੰਚਾਇਤਾਂ ਦੇ ਹਵਾਲੇ ਕਰਨਾ ਬੰਦ ਨਹੀਂ ਕੀਤਾ ਤਾਂ 09 ਜੂਨ ਨੂੰ ਹੈੱਡ ਆਫ਼ਿਸ ਮੋਹਾਲੀ ਵਿਖੇ ਜਲ ਸਪਲਾਈ ਦੇ ਮੁਲਾਜ਼ਮ ਪੰਜਾਬ ਸਰਕਾਰ ਵਿਰੁੱਧ ਤਿੱਖਾ ਸੰਘਰਸ਼ ਕਰਨਗੇ। ਇਸ ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਸੰਦੀਪ ਕੁਮਾਰ, ਰੋਸ਼ਨ ਲਾਲ, ਬੂੰਗਾ ਸਿੰਘ, ਬਲਵਿੰਦਰ ਸਿੰਘ, ਤਰਲੋਕ ਸਿੰਘ, ਜਗਤ ਪਾਲ, ਰਾਜਿੰਦਰ ਕੁਮਾਰ, ਸੁਖਵੀਰ ਸਿੰਘ, ਕਰਮਜੀਤ ਸਿੰਘ,ਓਮ ਪ੍ਰਕਾਸ਼,ਹਰੀ ਰਾਮ, ਸਤਵਿੰਦਰ ਸਿੰਘ,ਕਮਲ ਚੰਦ ਸਿੰਘ, ਨਰੇਸ਼ ਨਾਹਰ ਆਦਿ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਸ਼ਾਮਲ ਸਨ।



# ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੇ ਅੱਠ ਕੈਡਿਟ ਐਨ ਡੀ ਏ ਤੋਂ ਗ੍ਰੈਜੂਏਟ ਹੋਏ

**ਚੰਡੀਗੜ੍ਹ (ਗੁਰਜੀਤ ਬਿੱਲਾ)**— ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸਏਐਸ ਨਗਰ ਦੇ ਅੱਠ ਕੈਡਿਟ ਨੈਸ਼ਨਲ ਡਿਫੈਂਸ ਅਕੈਡਮੀ (ਐਨਡੀਏ) ਖੜਕਵਾਸਲਾ (ਪੁਣੇ) ਤੋਂ ਗ੍ਰੈਜੂਏਟ ਹੋਏ ਹਨ। ਇਨ੍ਹਾਂ ਕੈਡਿਟਾਂ ਨੇ 148ਵੇਂ ਐਨਡੀਏ ਕੋਰਸ ਦੀ ਪਾਸਿੰਗ ਆਊਟ ਪਰੇਡ ਵਿੱਚ ਹਿੱਸਾ ਲਿਆ, ਜਿਸ ਦਾ ਨਿਰੀਖਣ ਪੀਵੀਐਸਐਮ, ਏਵੀਐਸਐਮ, ਵਾਈਐਸਐਮ, ਐਡੀਸੀ (ਸੇਵਾਮੁਕਤ), ਮਿਜ਼ੋਰਮ ਦੇ ਰਾਜਪਾਲ ਅਤੇ ਸਾਬਕਾ ਫੌਜ ਮੁਖੀ ਜਨਰਲ ਵੀਕੇ ਸਿੰਘ ਵੱਲੋਂ ਕੀਤਾ ਗਿਆ।ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਨ੍ਹਾਂ ਅੱਠ ਕੈਡਿਟਾਂ- ਹੁਸ਼ਿਆਰਪੁਰ ਤੋਂ ਪਰਮਜੋਤ ਸਿੰਘ ਤੇ ਅਨੀਕੇਤ ਕਾਹੋਲ, ਸੰਗਰੂਰ ਤੋਂ ਅਰਪਿਤ ਪਰਾਸ਼ਰ, ਐਸਏਐਸ ਨਗਰ ਤੋਂ ਅਤੇ ਸਿੰਘ ਰਾਘਵ ਅਤੇ ਵਿਸ਼ੇਸ਼ ਸੂਦ, ਰੋਪੜ ਤੋਂ ਉਧੀਰੀਤ ਸਿੰਘ ਅਤੇ ਪਠਾਨਕੋਟ ਤੋਂ ਅਨੁਰਾਗ ਚੌਹਾਨ ਅਤੇ ਤਨਮਯ ਸ਼ਰਮਾ- ਨੇ ਐਨਡੀਏ ਵਿਖੇ ਤਿੰਨ ਸਾਲਾਂ ਦੀ ਸਿਖਲਾਈ ਸਫਲਤਾਪੂਰਵਕ ਪੂਰੀ ਕਰ ਲਈ ਹੈ ਅਤੇ ਹੁਣ ਉਹ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫ਼ਸਰ ਬਣਨ ਤੋਂ ਪਹਿਲਾਂ ਇੱਕ ਸਾਲ ਦੀ ਸਿਖਲਾਈ ਲਈ ਸਰਵਿਸ ਟ੍ਰੇਨਿੰਗ ਅਕੈਡਮੀਆਂ ਵਿੱਚ ਜਾਣਗੇ।ਉਨ੍ਹਾਂ ਨੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਵੱਲੋਂ ਦਿੱਤੇ ਜਾ ਰਹੇ ਸ਼ਾਨਦਾਰ ਨਤੀਜਿਆਂ 'ਤੇ ਖੁਸ਼ੀ ਤੇ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ।ਇਸ ਇੰਸਟੀਚਿਊਟ ਦੇ ਡਾਇਰੈਕਟਰ ਮੇਜਰ ਜਨਰਲ ਅਜੇ ਐਚ. ਚੌਹਾਨ, ਵੀਐਸਐਮ (ਸੇਵਾਮੁਕਤ) ਨੇ ਕੈਡਿਟਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ 28 ਹੋਰ ਕੈਡਿਟ ਸਰਵਿਸ ਟ੍ਰੇਨਿੰਗ ਅਕੈਡਮੀਆਂ ਵਿੱਚ ਕਮਿਸ਼ਨ ਕਰਨ ਲਈ ਆਪਣੇ ਕਾਲ-ਅੱਪ ਲੈਟਰ ਉਡੀਕ ਰਹੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਪ੍ਰੈਪਰੇਟਰੀ ਇੰਸਟੀਚਿਊਟ ਦੇ ਤਿੰਨ ਕੈਡਿਟ ਇਸ ਸਮੇਂ ਐਨਡੀਏ, ਖੜਕਵਾਸਲਾ ਵਿਖੇ ਇੰਸਟ੍ਰਕਟਰ ਵਜੋਂ ਸੇਵਾ ਨਿਭਾਅ ਰਹੇ ਹਨ।



# ਸਰਕਾਰ ਦੇ ਇਸ਼ਾਰੇ 'ਤੇ ਤਰਸੇਮ ਪੀਟਰ ਨੂੰ ਕੀਤਾ ਗ੍ਰਿਫ਼ਤਾਰ



**ਜਲੰਧਰ (ਪੱਤਰ ਪ੍ਰੇਰਕ)** ਸਾਂਝਾ ਮਜ਼ਦੂਰ ਮੋਰਚਾ ਪੰਜਾਬ ਨੇ ਮੋਰਚੇ ਵਲੋਂ ਹੱਕਾਂ ਲਈ ਉੱਠਣ ਵਾਲੀ ਆਵਾਜ਼ ਤੋਂ ਮੁਕਤ ਪੰਜਾਬ ਬਣਾਉਣ ਲਈ ਕੀਤੇ ਜਾ ਰਹੇ ਜਬਰ ਅਤੇ ਝੂਠੇ ਐਸਮਾਰਨ ਮਾਮਲੇ ਸਮੇਤ ਗ੍ਰਿਫ਼ਤਾਰ ਕੀਤੇ ਆਗੂਆਂ, ਮਜ਼ਦੂਰਾਂ ਨੂੰ ਬਿਨ੍ਹਾਂ ਸ਼ਰਤ ਰਿਹਾਅ ਕਰਨ ਆਦਿ ਲਈ 2 ਜੂਨ ਨੂੰ ਪੰਜਾਬ ਭਰ ਵਿੱਚ ਜ਼ਿਲ੍ਹਾ ਕੇਂਦਰਾਂ ਉੱਤੇ ਕੀਤੇ ਜਾਣ ਵਾਲੇ ਮੁਜ਼ਾਹਰਿਆਂ ਨੂੰ ਤਾਰਪੀਡੋ ਕਰਨ ਲਈ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਸਾਂਝਾ ਮਜ਼ਦੂਰ ਮੋਰਚਾ ਦੇ ਪ੍ਰਮੁੱਖ ਆਗੂ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰਧਾਨ ਤਰਸੇਮ ਪੀਟਰ ਨੂੰ ਜਲੰਧਰ ਦਿਹਾਤੀ ਦੀ ਮਹਿਤਪੁਰ ਪੁਲਸ ਵਲੋਂ ਗ੍ਰਿਫ਼ਤਾਰ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਸੰਘਰਸ਼ਸ਼ੀਲ ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝਾ ਮਜ਼ਦੂਰ ਮੋਰਚਾ ਪੰਜਾਬ ਦੇ ਪ੍ਰਮੁੱਖ ਆਗੂ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਕਸ਼ਮੀਰ ਸਿੰਘ ਘੁੱਗਸ਼ੋਰ, ਦਿਹਾਤੀ ਮਜ਼ਦੂਰ ਸਭਾ ਦੇ ਦਰਸ਼ਨ ਨਾਹਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਕੁਲਵੰਤ ਸਿੰਘ ਸੇਲਬਰਾਹ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਕੁਲਵੰਤ ਸਿੰਘ ਸੇਲਬਰਾਹ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਗੁਰਪ੍ਰੀਤ ਸਿੰਘ ਚੀਦਾ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਮੁਕੇਸ਼ ਮਲੌਦ ਨੇ ਜਾਰੀ ਬਿਆਨ ਰਾਹੀਂ ਕਿਹਾ ਕਿ 2 ਜੂਨ ਦੇ ਜ਼ਿਲ੍ਹਾ ਕੇਂਦਰਾਂ ਉੱਤੇ ਕੀਤੇ ਜਾ ਰਹੇ ਮੁਜ਼ਾਹਰਿਆਂ ਦੀ ਤਿਆਰੀ ਮੁਕੰਮਲ ਹੋ ਚੁੱਕੀ ਹੈ।ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮਜ਼ਦੂਰ ਮੋਰਚੇ ਵਲੋਂ 2 ਜੂਨ ਦੇ ਜ਼ਿਲ੍ਹਾ ਕੇਂਦਰਾਂ ਉੱਤੇ ਕੀਤੇ ਜਾ ਰਹੇ ਮੁਜ਼ਾਹਰਿਆਂ ਨੂੰ ਸਫ਼ਲ ਬਣਾਉਣ ਦਾ ਸੱਦਾ ਦਿੱਤਾ ਹੈ।

# ਸੜਕ ਦੀ ਮੁਰੰਮਤ ਲਈ ਜਿੰਪਾ ਵੱਲੋਂ 7.5 ਲੱਖ ਰੁਪਏ ਦੀ ਰਾਸ਼ੀ ਜਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ, ਸਾਈਂ ਬਾਬਾ ਮੰਦਿਰ ਨੇੜੇ ਆਲਮਗੜ੍ਹ ਨੂੰ ਜਾਣ ਵਾਲੀ ਮੁੱਖ ਸੜਕ ਦੀ ਮੁਰੰਮਤ ਲਈ 7.5 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਇਸ ਸੜਕ ਦੀ ਮੁਰੰਮਤ ਦਾ ਕੰਮ ਕੀਤਾ ਜਾਵੇਗਾ ਤਾਂ ਜੋ ਇਲਾਕੇ ਦੇ ਲੋਕਾਂ ਨੂੰ ਸੁਚਾਰੂ ਅਤੇ ਸੁਰੱਖਿਅਤ ਯਾਤਰਾ ਦੀ ਸਹੂਲਤ ਮਿਲ ਸਕੇ। ਜਿੰਪਾ ਨੇ ਕਿਹਾ ਕਿ ਇਹ ਸੜਕ ਸਾਲਾਂ ਤੋਂ ਖਸਤਾ ਹਾਲਤ ਵਿੱਚ ਸੀ, ਜਿਸ ਕਾਰਨ ਸਥਾਨਕ ਨਿਵਾਸੀਆਂ ਅਤੇ ਰਾਹਗੀਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਨ੍ਹਾਂ ਕਿਹਾ ਕਿ ਜਦੋਂ ਇਹ ਸਮੱਸਿਆ ਉਨ੍ਹਾਂ ਦੇ ਧਿਆਨ ਵਿੱਚ ਆਈ ਤਾਂ ਉਨ੍ਹਾਂ ਤੁਰੰਤ ਇਸ ਸੜਕ ਦੀ ਮੁਰੰਮਤ ਦਾ ਕੰਮ ਪਹਿਲ ਦੇ ਆਧਾਰ 'ਤੇ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਕੰਮ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਕੰਮ ਨਿਰਧਾਰਤ ਸਮੇਂ ਦੇ ਅੰਦਰ ਪੂਰਾ ਹੋਵੇ।ਉਨ੍ਹਾਂ ਕਿਹਾ ਕਿ ਲੋਕ ਨਿਰਮਾਣ ਵਿਭਾਗ ਨੂੰ ਨਿਯਮਤ ਤੌਰ 'ਤੇ ਕੰਮ ਦੀ ਨਿਗਰਾਨੀ ਕਰਨ ਅਤੇ ਸਾਰੇ ਤਕਨੀਕੀ ਮਾਪਦੰਡਾਂ ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਹ ਪਹਿਲ ਨਾ ਸਿਰਫ਼ ਇਲਾਕੇ ਦੀ ਸੁੰਦਰਤਾ ਨੂੰ ਵਧਾਏਗੀ ਬਲਕਿ ਲੋਕਾਂ ਦੀ ਰੋਜ਼ਾਨਾ ਆਵਾਜਾਈ ਨੂੰ ਵੀ ਸੌਖਾ ਬਣਾਏਗੀ।

# ਬਸਪਾ ਦੇ ਖਾਸ ਕਾਰਕੁਨਾਂ ਨੂੰ 15 ਨੂੰ ਕੀਤਾ ਜਾਵੇਗਾ ਸਨਮਾਨਤ : ਡਾ. ਨਛੱਤਰ ਪਾਲ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਬਹੁਜਨ ਸਮਾਜ ਪਾਰਟੀ ਦੇ ਮੁੱਖ ਦਫਤਰ ਚੰਡੀਗੜ੍ਹ ਰੋਡ ਕੋਠੀ ਟਾਵਰ ਨਵਾਂਸ਼ਹਿਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਬਹੁਜਨ ਸਮਾਜ ਪਾਰਟੀ ਦੇ ਵਿਧਾਇਕ ਡਾ. ਨਛੱਤਰ ਪਾਲ ਵਿਸ਼ੇਸ਼ ਤੌਰ 'ਤੇ ਪੁੱਜੇ। ਮੀਟਿੰਗ ਜ਼ਿਲ੍ਹਾ ਪ੍ਰਧਾਨ ਸਰਬਜੀਤ ਜਾਫਰਪੁਰ ਦੀ ਅਗਵਾਈ ਹੇਠ ਕੀਤੀ ਗਈ। ਵਿਧਾਇਕ ਨੇ ਸਮੂਹ ਵਰਕਰਾਂ ਨੂੰ 15 ਜੂਨ 2025 ਨੂੰ ਪਾਰਟੀ ਵੱਲੋਂ ਨਵਾਂਸ਼ਹਿਰ ਵਿਖੇ ਹੋਣ ਵਾਲੇ ਵਿਸ਼ੇਸ਼ ਪ੍ਰੋਗਰਾਮ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਬਹੁਜਨ ਸਮਾਜ ਪਾਰਟੀ ਦੇ ਸੀਨੀਅਰ ਸਿਟੀਜਨ,ਜੋ ਵੀ ਅੰਦਰ ਬੂਥ ਉਤੇ ਬੈਠਣ ਵਾਲੇ ਪੋਲਿੰਗ ਏਜੰਟ, ਸਰਪੰਚ,ਪੰਚ ਅਤੇ ਇਲੈਕਸ਼ਨਾਂ ਦੇ ਸਮੇਂ ਪਾਰਟੀ ਵੱਲੋਂ ਲਗਾਈ ਗਈ ਡਿਊਟੀ ਨਿਭਾਉਣ ਵਾਲੇ ਬੀਬੀਆਂ ਆਦਿ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਪਰਵੀਨ ਬੰਗਾ ਜਨਰਲ ਸਕੱਤਰ ਪੰਜਾਬ, ਰਸ਼ਪਾਲ ਮਹਾਲੋਂ ਪ੍ਰਧਾਨ, ਗਿਆਨ ਚੰਦ ਦਫਤਰ ਇੰਚਾਰਜ, ਗੁਰਮੁੱਖ ਨੌਰਥ ਵਾਇਸ ਪ੍ਰਧਾਨ ਨਗਰ ਕੌਂਸਲ, ਵਕੀਲ ਰਾਜ ਕੁਮਾਰ, ਵਕੀਲ ਮੁਕੇਸ਼ ਬਾਲੀ, ਸੁਰਿੰਦਰ ਪਾਲ, ਹਰਮੇਸ਼ ਨੰਗਲ, ਅਮਰੀਕ ਸਿੰਘ ਬੰਗਾ, ਮਨਜੀਤ ਰਾਜੂ ਪ੍ਰਿੰਟਿੰਗ, ਹਰਬਲਾਸ ਬੱਧਣ, ਰਕੇਸ਼ ਉਦਾਨੋਵਾਲ, ਹਰਮੇਸ਼ ਸੀਮਰ, ਵਿਜੇ ਗੁਣਾ ਚੱਕ, ਅਸ਼ਵਨੀ ਕੁਮਾਰ, ਨਿਰੰਜਨ, ਪ੍ਰਿਥੀ ਕੁਮਾਰ ਰਾਜਾ, ਮਾਸਟਰ ਪ੍ਰੇਮ ਰਤਨ, ਮਦਨ ਸਿੱਧੂ, ਬਲਦੇਵ ਮਾਹੀ ਚਮਨ ਲਾਲ, ਧਰਮਪਾਲ, ਦਲੀਪ ਕੁਮਾਰ, ਸਤਪਾਲ ਲੰਗੜੋਆਂ, ਬਲਵਿੰਦਰ ਭੰਗਲ, ਰਾਣਾ ਭੰਗਲ, ਡਾਕਟਰ ਮਹਿੰਦਰ ਪਾਲ, ਹਰਬੰਸ, ਕੇਸਰ ਸੱਲਣ, ਸੋਹਣ ਸਿੰਘ ਪਰਸਸ਼ਤਮ ਲੱਧੜ, ਕਸ਼ਮੀਰ ਸਿੰਘ ਅਤੇ ਹੋਰ ਵੀ ਸਾਥੀ ਹਾਜ਼ਰ ਸਨ।

# ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਦੇ ਸਾਲਾਨਾ ਜੋੜ ਮੇਲੇ ਦਾ ਪੋਸਟਰ ਜਾਰੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ 430ਵੇਂ ਪ੍ਰਕਾਸ਼ ਉਤਸਵ ਸਮਰਪਿਤ ਇਤਿਹਾਸਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿੱਚ ਕਰਵਾਏ ਜਾ ਰਹੇ ਸਾਲਾਨਾ ਸਮਾਗਮ ਅਤੇ ਜੋੜ ਮੇਲੇ ਸਬੰਧੀ ਸਮਾਗਮ ਦੇ ਮੁੱਖ ਪ੍ਰਬੰਧਕ ਤੇ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੌਜੂਦਾ ਮੁਖੀ ਜਿੰਦਾ ਸ਼ਹੀਦ, ਪੰਥ ਰਤਨ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਨੇ ਹੋਰਨਾਂ ਪ੍ਰਬੰਧਕਾਂ ਸੇਵਾਦਾਰਾਂ ਦੇ ਨਾਲ ਸੰਗਤ ਦੀ ਹਾਜ਼ਰੀ ਵਿੱਚ ਸਮਾਗਮ ਦਾ ਪੋਸਟਰ ਜਾਰੀ ਕੀਤਾ। ਗੁਰਦੁਆਰਾ ਟਾਹਲੀ ਸਾਹਿਬ ਦੇ ਸੇਵਾਦਾਰ ਬਾਬਾ ਕੁਲਦੀਪ ਸਿੰਘ, ਭਾਈ ਹਰਪ੍ਰੀਤ ਸਿੰਘ ਸੀਕਰੀ ਦੀ ਮੌਜੂਦਗੀ ਵਿੱਚ ਸੰਤ ਬਾਬਾ ਨਿਹਾਲ ਸਿੰਘ ਨੇ ਪੋਸਟਰ ਜਾਰੀ ਕਰਦੇ ਹੋਏ ਦੱਸਿਆ ਕਿ ਦੇਸ਼- ਵਿਦੇਸ਼, ਇਲਾਕੇ ਤੇ ਨਗਰ ਦੀਆਂ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ 12 ਜੂਨ ਦਿਨ ਮੰਗਲਵਾਰ ਨੂੰ ਕਰਵਾਏ ਜਾ ਰਹੇ ਸਲਾਨਾ ਜੋੜ ਮੇਲੇ ਦੌਰਾਨ ਸਮੁੱਚੀਆਂ ਤਿਆਰੀਆਂ ਚੱਲ ਰਹੀਆਂ ਹਨ।ਉਹਨਾਂ ਦੱਸਿਆ ਕਿ ਜੋੜ ਮੇਲੇ ਸੰਬੰਧੀ ਗੁਰੂ ਘਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਨਿਰੰਤਰ ਜਾਰੀ ਹੈ ਇਸ ਦੌਰਾਨ ਮੁੱਖ ਸਮਾਗਮ 12 ਜੂਨ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਹੋਵੇਗਾ, ਜਿਸ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪਾਉਣ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸਜਣ ਵਾਲੇ ਕੀਰਤਨ ਦਰਬਾਰ ਵਿੱਚ ਰਾਗੀ ਗਿਆਨੀ ਪ੍ਰਿਤਪਾਲ ਸਿੰਘ ਪਟਿਆਲਾ ਵਾਲੇ, ਅੰਤਰ ਰਾਸ਼ਟਰੀ ਗੋਲਡ ਮੈਡਲਿਸਟ ਢਾਡੀ ਜੱਥਾ ਗਿਆਨੀ ਸਰੂਪ ਸਿੰਘ ਕਡਿਆਣਾ, ਭਾਈ ਸਰਬਰਨ ਸਿੰਘ ਪਟਿਆਲਾ ਵਾਲੇ, ਸੰਤ ਬਾਬਾ ਪਿਆਰਾ ਸਿੰਘ ਸਿਰਥਲੇ ਵਾਲੇ, ਬਾਬਾ ਜੰਗਾ ਸਿੰਘ ਰਾਮੂ ਬਿਆਸਾ ਵਾਲੇ, ਬਾਬਾ ਹਰਭਜਨ ਸਿੰਘ ਸੋਤਲਾ ਵਾਲੇ, ਭਾਈ ਕੁਲਦੀਪ ਸਿੰਘ ਚੌਹਾਨਾਂ ਵਾਲੇ, ਭਾਈ ਕੁਲਵਿੰਦਰ ਸਿੰਘ ਕੰਗਮਾਈ ਵਾਲੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਨਗੇ। ਇਸ ਮੌਕੇ ਸੰਤ ਬਾਬਾ ਨਿਹਾਲ ਸਿੰਘ ਨੇ ਹੋਰ ਦੱਸਿਆ ਕਿ ਸਮਾਗਮ ਦੌਰਾਨ 12 ਜੂਨ ਨੂੰ ਗੁਰਦੁਆਰਾ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ।



# ਕਿੰਡਰ ਗਾਰਟਨ ਦੇ ਵਿਦਿਆਰਥੀਆਂ ਲਈ ਮਸਤੀ ਨਾਲ ਭਰੀ ਪੂਲ ਪਾਰਟੀ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਗਰਮੀਆਂ ਦੇ ਇੱਕ ਮਨਮੋਹਕ ਜਸ਼ਨ ਵਿੱਚ, ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਨੇ 31 ਮਈ ਨੂੰ ਆਪਣੇ ਕਿੰਡਰਗਾਰਟਨ ਦੇ ਵਿਦਿਆਰਥੀਆਂ ਲਈ ਇੱਕ ਖੁਸ਼ੀ ਭਰੀ ਪੂਲ ਪਾਰਟੀ ਦਾ ਆਯੋਜਨ ਕੀਤਾ। ਇਹ ਸਮਾਗਮ ਸਕੂਲ ਕੈਂਪਸ ਦੇ ਅੰਦਰ ਆਯੋਜਿਤ ਕੀਤਾ ਗਿਆ ਸੀ ਅਤੇ ਇਸਦਾ ਉਦੇਸ਼ ਛੋਟੇ ਵਿਦਿਆਰਥੀਆਂ ਨੂੰ ਇੱਕ ਮਜ਼ੇਦਾਰ ਅਤੇ ਤਾਜ਼ਗੀ ਭਰਪੂਰ ਅਨੁਭਵ ਪ੍ਰਦਾਨ ਕਰਨਾ ਸੀ।ਛੋਟੇ-ਛੋਟੇ ਬੱਚੇ ਰੰਗ-ਬਿਰੰਗੇ ਤੈਰਾਕੀ ਕੱਪੜੇ ਪਾ ਕੇ, ਉਤਸ਼ਾਹ ਨਾਲ ਭਰੇ ਹੋਏ ਪਹੁੰਚੇ।



ਪੂਲ ਨੂੰ ਪਾਣੀ ਦੇ ਖਿਡੌਣਿਆਂ, ਗੁਬਾਰਿਆਂ ਅਤੇ ਸੰਗੀਤ ਨਾਲ ਇੱਕ ਜੀਵੰਤ, ਬੱਚਿਆਂ ਦੇ ਅਨੁਕੂਲ ਜ਼ੋਨ ਵਿੱਚ ਬਦਲ ਦਿੱਤਾ ਗਿਆ ਸੀ। ਪ੍ਰਿੰਸੀਪਲ ਸ਼੍ਰੀਮਤੀ ਕਵਿਤਾ ਅਤਰੀ, ਇੰਚਾਰਜ ਸ਼੍ਰੀਮਤੀ ਮੋਨਿਕਾ ਪੂਰੀ ਅਤੇ ਸਹਾਇਕ ਸਟਾਫ ਦੀ ਨਿਗਰਾਨੀ ਅਤੇ ਮਾਰਗਦਰਸ਼ਨ ਹੇਠ, ਬੱਚਿਆਂ ਨੇ ਪਾਣੀ ਵਿੱਚ ਖੇਡਣ ਦੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਅਤੇ ਗਰਮੀਆਂ ਦੀ ਮਸਤੀ ਵਿੱਚ ਡੁੱਬਣ ਦਾ ਆਨੰਦ ਮਾਣਿਆ।ਪ੍ਰਿੰਸੀਪਲ ਸ਼੍ਰੀਮਤੀ ਕਵਿਤਾ ਅਤਰੀ ਨੇ ਕਿਹਾ, ਇਸ ਤਰ੍ਹਾਂ ਦੇ ਸਮਾਗਮ ਬੱਚਿਆਂ ਨੂੰ ਸੁਰੱਖਿਅਤ ਅਤੇ ਦਿਲਚਸਪ ਵਾਤਾਵਰਣ ਵਿੱਚ ਖੇਡ ਰਾਹੀਂ ਸਿੱਖਣ ਦੀ ਆਗਿਆ ਦੇ ਕੇ ਸੰਪੂਰਨ ਵਿਕਾਸ ਵਿੱਚ ਸਹਾਇਤਾ ਕਰਦੇ ਹਨ। ਉਨ੍ਹਾਂ ਦੇ ਖੁਸ਼ ਚਿਹਰੇ ਦੇਖਣਾ ਸੱਚਮੁੱਚ ਫਲਦਾਇਕ ਹੁੰਦਾ ਹੈ।ਇਹ ਪ੍ਰੋਗਰਾਮ ਬੱਚਿਆਂ ਲਈ ਖੁਸ਼ਹਾਲ ਮੁਸਕਰਾਹਟਾਂ, ਹਾਸੇ ਅਤੇ ਅਭੁੱਲ ਯਾਦਾਂ ਨਾਲ ਸਮਾਪਤ ਹੋਇਆ।

# ਸੁਮੇਧਾ ਬਜਾਜ ਤੇ ਬਿੰਦੂ ਆਨੰਦ ਦਾ ਸਨਮਾਨ

**ਫਗਵਾੜਾ (ਡਾ. ਰਮਨ)** ਪ੍ਰਿੰਸੀਪਲ ਸ਼੍ਰੀਮਤੀ ਮੀਨੂ ਗੁਪਤਾ ਨੇ ਪ੍ਰੈਸ ਨਾਲ ਖੁਸ਼ੀ ਸਾਂਝੀ ਕਰਦਿਆਂ ਦੱਸਿਆ ਕਿ ਸਕੂਲ ਦੇ ਦੋ ਅਧਿਆਪਕਾਂ ਸ਼੍ਰੀਮਤੀ ਸੁਮੇਧਾ ਬਜਾਜ ਲੈਕਚਰਾਰ ਕੈਮਿਸਟਰੀ ਅਤੇ ਸ਼੍ਰੀਮਤੀ ਬਿੰਦੂ ਆਨੰਦ ਮੈਥ ਮਿਸਟ੍ਰਸ ਨੂੰ ਦਿੱਲੀ ਵਿਖੇ ਸ਼ਾਨਦਾਰ ਸਮਾਗਮ ਵਿੱਚ ਸਨਮਾਨਿਤ ਕੀਤਾ ਗਿਆ। ਮਾਲਤੀ ਗਿਆਨਪੀਠ ਐਵਾਰਡ ਮਨੋਜ ਸਿੰਘਲ ਨੇ ਆਪਣੀ ਮਾਤਾ ਦੇ 104ਵੀਂ ਜਨਮ ਦਿਨ ਦੀ ਯਾਦ ਵਿੱਚ ਅੱਠਵਾਂ ਐਡੀਸ਼ਨ ਦਾ ਸਨਮਾਨ ਸਮਾਰੋਹ ਆਯੋਜਿਤ ਕੀਤਾ। ਸਮਾਗਮ ਦੇ ਮੁੱਖ ਮਹਿਮਾਨ ਜਗਦੀਪ ਦਨਕਰ ਭਾਰਤ ਦੇ ਉਪਰਾਸ਼ਟਰਪਤੀ ਸਨ। ਗੈਸਟ ਆਫ ਓਨਰ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਸਨ। ਸ਼੍ਰੀਮਤੀ ਮੀਨੂ ਗੁਪਤਾ ਜੀ ਦਿੱਲੀ ਸਮਾਗਮ ਵਿੱਚ ਹਾਜ਼ਰ ਹੋਏ। ਇਨਾਮ ਵਜੋਂ ਇਕ ਲੱਖ ਦੀ ਇਨਾਮ ਰਾਸ਼ੀ, ਰੋਬ ਆਫ ਆਨਰ, ਇੱਕ ਸ਼ਾਲ ਦਿੱਤਾ ਗਿਆ ।ਸਮੁੱਚੇ ਪੰਜਾਬ ਵਿੱਚੋਂ ਪੰਜ ਅਧਿਆਪਕਾਂ ਦੀ ਸਨਮਾਨ ਲਈ ਚੋਣ ਹੋਈ ਸੀ। ਜਿਸ ਵਿੱਚੋਂ ਦੋ ਅਧਿਆਪਕ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਫਗਵਾੜਾ ਦੇ ਹਨ।ਸਕੂਲ ਪੁੱਜਣ 'ਤੇ ਪ੍ਰਿੰਸੀਪਲ ਸ਼੍ਰੀਮਤੀ ਮੀਨੂ ਗੁਪਤਾ ਅਤੇ ਸਮੁੱਚੇ ਸਟਾਫ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ।



# ਨਕਲੀ ਤੇ ਜ਼ਹਿਰੀਲੀ ਸ਼ਰਾਬ ਦੀ ਰੋਕਥਾਮ ਲਈ ਬੋਤਲਾਂ ਨਸ਼ਟ ਕਰਨੀਆਂ ਜ਼ਰੂਰੀ : ਬੇਦੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਆਬਕਾਰੀ ਅਫਸਰ ਜਸਵਿੰਦਰ ਜੀਤ ਸਿੰਘ ਬੇਦੀ ਦੀ ਅਗਵਾਈ 'ਚ ਸਥਾਨਕ ਆਬਕਾਰੀ ਦਫ਼ਤਰ ਵਿਖੇ ਮੈਰਿਜ ਪੈਲੇਸਾਂ, ਰੈਸਟੋਰੈਂਟਾਂ, ਹੋਟਲਾਂ ਅਤੇ ਬਾਰ ਮਾਲਕਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ ਤੇ ਉਨ੍ਹਾਂ ਨੂੰ ਕਿਹਾ ਗਿਆ ਕਿ ਵਰਤੋਂ ਤੋਂ ਬਾਅਦ ਸ਼ਰਾਬ ਦੀਆਂ ਖਾਲੀ ਬੋਤਲਾਂ ਨੂੰ ਆਬਕਾਰੀ ਨਿਰੀਖਕ ਸੰਬੰਧਤ ਸਰਕਲ ਦੀ ਹਾਜ਼ਰੀ ਵਿੱਚ ਨਸ਼ਟ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਬਹੁਤ ਜਰੂਰੀ ਕਾਰਵਾਈ ਹੈ ਜਿਸ ਨੂੰ ਹਰ ਹਾਲ ਯਕੀਨੀ ਬਣਾਇਆ ਜਾਵੇ ਤਾਂ ਜੋ ਇਨ੍ਹਾਂ ਬੋਤਲਾਂ ਦੀ ਵਰਤੋਂ ਨਕਲੀ ਅਤੇ ਸਸਤੀ ਸ਼ਰਾਬ ਭਰਨ ਲਈ ਨਾ ਕੀਤੀ ਜਾ ਸਕੇ । ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਅਜਿਹੇ ਅਨਸਰ ਸਰਗਰਮ ਰਹਿੰਦੇ ਹਨ ਜੋ ਅਜਿਹੀਆਂ ਬੋਤਲਾਂ ਵਿੱਚ ਜਹਿਰੀਲੀ ਸ਼ਰਾਬ ਭਰ ਕੇ ਸਸਤੇ ਭਾਅ 'ਤੇ ਵੇਚਦੇ ਹਨ । ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਮਨੁੱਖੀ ਸਿਹਤ ਅਤੇ ਜਾਨੀ ਨੁਕਸਾਨ ਨੂੰ ਅੰਜਾਮ ਦਿੰਦਿਆਂ ਹਨ ਜਿਨ੍ਹਾਂ ਨੂੰ ਰੋਕਣ ਲਈ ਸਾਰਿਆਂ ਦਾ ਸਹਿਯੋਗ ਜਰੂਰੀ ਹੈ।ਉਨ੍ਹਾਂ ਕਿਹਾ ਕਿ ਆਬਕਾਰੀ ਵਿਭਾਗ ਦੀਆਂ ਟੀਮਾਂ ਵੱਲੋਂ ਜ਼ਿਲ੍ਹੇ ਵਿਚ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ ਤਾਂ ਜੋ ਅਜਿਹੀ ਕਿਸੇ ਵੀ ਕਾਰਵਾਈ ਨੂੰ ਰੋਕਿਆ ਜਾ ਸਕੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਇਸ ਸੰਬੰਧੀ ਕਿਸੇ ਤਰ੍ਹਾਂ ਦੀ ਕੋਈ ਜਾਣਕਾਰੀ ਹੋਵੇ ਤਾਂ ਆਬਕਾਰੀ ਵਿਭਾਗ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ। ਇਸ ਮੌਕੇ ਆਬਕਾਰੀ ਨਿਰੀਖਕ ਸੁਨੀਲ ਭਾਰਦਵਾਜ ਅਤੇ ਗੁਰਪ੍ਰੀਤ ਸਿੰਘ ਵੀ ਮੌਜੂਦ ਸਨ।

# ਸੰਤ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੇ ਯਾਦਗਾਰੀ ਸਮਾਗਮ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਗੁਰੂ ਗੋਬਿੰਦ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ (ਲਖਿੰਦਰ) ਮਿਆਣੀ ਸਥਿਤ ਗੁਰਦੁਆਰਾ ਗੋਬਿੰਦ ਪ੍ਰਵੇਸ਼ ਵਿਖੇ ਮਹਾਨ ਤਪਸਵੀ ਵਿੱਦਆਦਾਨੀ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ 75ਵੀਂ ਬਰਸੀ ਦੇ ਸਬੰਧ ਵਿੱਚ ਆਰੰਭ ਹੋਈ ਸ੍ਰੀ ਅਖੰਡ ਪਾਠ ਸਾਹਿਬ ਲੜੀ ਦੇ 39 ਪਾਠਾਂ ਦੇ ਭੋਗ ਪਾਏ ਗਏ।ਸਾਲਾਨਾ ਸਮਾਗਮ ਦੇ ਸੰਬੰਧ ਵਿੱਚ 15 ਮਈ ਤੋਂ ਆਰੰਭ ਕੀਤੀ ਗਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੌਰਾਨ ਹਰਮਨਦੀਪ ਸਿੰਘ ਹਰਦੀਪ ਸਿੰਘ, ਲਖਵਿੰਦਰ ਸਿੰਘ, ਹਰਜਿੰਦਰ ਸਿੰਘ, ਕੁਲਵੰਤ ਸਿੰਘ, ਗੁਰਪ੍ਰੀਤ ਸਿੰਘ, ਭੁਪਿੰਦਰ ਸਿੰਘ, ਕੁਲਵੰਤ ਸਿੰਘ, ਹਰਜਿੰਦਰ ਕੌਰ, ਸੁਰਿੰਦਰ ਕੌਰ ਤੇ ਸਰਪੰਚ ਨਿਸ਼ਾਨ ਸਿੰਘ ਸੁਜਲਾਨਾ ਵੱਲੋਂ ਰਖਾਏ ਗਏ 10 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਭਾਈ ਸਰਬਜੀਤ ਸਿੰਘ, ਭਾਈ ਪ੍ਰਦੀਪ ਸਿੰਘ ਦੇ ਜਥਿਆਂ ਨੇ ਗੁਰਬਾਣੀ ਦੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਦੇ ਹੋਏ ਸੰਤ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ ਜੀਵਨੀ 'ਤੇ ਚਾਨਣਾ ਪਾਇਆ। ਇਸ ਮੌਕੇ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ, ਸੁਰਿੰਦਰ ਕੌਰ ਚੌਧਰੀ, ਡਾ.ਲਖਮੀਰ ਸਿੰਘ ਚੌਧਰੀ ,ਪ੍ਰਧਾਨ ਡਾ. ਸਤਨਾਮ ਸਿੰਘ, ਬਲਜੀਤ ਸਿੰਘ ਮੁਲਤਾਨੀ, ਨੰਬਰਦਾਰ ਕਿਰਪਾਲ ਸਿੰਘ ਪੰਡੋਰੀ, ਪ੍ਰਿੰਸੀਪਲ ਕੁਲਦੀਪ ਰਾਜ, ਪ੍ਰਿੰਸੀਪਲ ਹਰਭਜਨ ਸਿੰਘ ਮਲੀ, ਮੈਨੇਜਰ ਲਖਵਿੰਦਰ ਸਿੰਘ, ਬਲਦੇਵ ਸਿੰਘ, ਦਵਿੰਦਰ ਸਿੰਘ ਲਾਡੀ ਮੂਨਕਾ, ਸਾਬਕਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਤੋਂ ਇਲਾਵਾ ਸੂਬੇਦਾਰ ਮੇਜਰ ਅਵਤਾਰ ਸਿੰਘ, ਦਰਸ਼ਨ ਸਿੰਘ ਹਰਜਿੰਦਰ ਸਿੰਘ ਨਿਰੰਜਨ ਸਿੰਘ ਜੋਗਿੰਦਰ ਸਿੰਘ ਸੂਬੇਦਾਰ ਰਾਮ ਸਿੰਘ, ਸੁਰਿੰਦਰ ਸਿੰਘ, ਸੇਵਾ ਸਿੰਘ, ਬਲਵਿੰਦਰ ਸਿੰਘ ਸਤ ਕਰਤਾਰ ਪਰਮਜੀਤ ਸਿੰਘ ਖਾਲਸਾ ਬਲਵੀਰ ਕੌਰ, ਬਲਵਿੰਦਰ ਕੌਰ , ਪ੍ਰੋਫੈਸਰ ਹਰਜਿੰਦਰ ਕੌਰ,ਕਮਲੇਸ਼ ਕੌਰ ਤੋਂ ਇਲਾਵਾ ਦਲਜੀਤ ਸਿੰਘ, ਭੁਪਿੰਦਰ ਸਿੰਘ, ਮਹਿੰਦਰ ਸਿੰਘ, ਗੁਰਦੀਪ ਸਿੰਘ, ਡਾ. ਸਤਨਾਮ ਸਿੰਘ, ਸਰਜੀਤ ਸਿੰਘ , ਜਸਵਿੰਦਰ ਸਿੰਘ, ਤਰਸੇਮ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ।



# ਅੰਤਰਰਾਸ਼ਟਰੀ ਤੰਬਾਕੂ ਰਹਿਤ ਦਿਵਸ ਮੌਕੇ ਰੈਲੀ

**ਨਵਾਸ਼ਹਿਰ (ਮਨੋਜ ਲਾਡੀ)** ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਅੰਤਰਰਾਸ਼ਟਰੀ ਤੰਬਾਕੂ ਰਹਿਤ ਦਿਵਸ ਮੌਕੇ ਰੈਲੀ-ਕਮ-ਵਾਕਥੌਨ ਕੱਢੀ ਗਈ।ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਅਤੇ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ ਏ ਐਸ ਨਗਰ ਜੀਆਂ ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ.ਭ.ਸ ਨਗਰ ਵੱਲੋਂ ਬੀ ਏ ਵੀ ਸਕੂਲ, ਤਹਿਸੀਲ ਬਲਾਚੌਰ, ਸ਼ਹੀਦ ਭਗਤ ਸਿੰਘ ਨਗਰ ਦੇ ਵਿਦਿਆਰਥੀਆ ਨਾਲ ਬਲਾਚੌਰ ਵਿਖੇ ਆਮ ਲੋਕਾਂ ਅਤੇ ਨੌਜਵਾਨ ਪੀੜੀ ਨੂੰ ਤਬਾਕੂ ਤੋਂ ਦੂਰ ਰਹਿਣ ਸੰਬੰਧੀ ਜਾਗਰੂਕਤਾ ਰੈਲੀ-ਕਮ-ਵਾਕਥੌਨ ਕੱਢੀ ਗਈ। ਇਸ ਰੈਲੀ ਨੂੰ ਜਿਲ੍ਹਾਂ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀਮਤੀ ਪ੍ਰਿਆ ਸੂਦ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਸੀ.ਜੀ.ਐਮ-ਕਮ-ਸਕੱਤਰ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਡਾ. ਅਮਨਦੀਪ ਅਤੇ ਸਾਰੇ ਨਿਆਂਇਕ ਅਧਿਕਾਰੀ ਤੇ ਜਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਸਕੂਲ ਦੇ ਪ੍ਰਿੰਸੀਪਲ, ਸਕੂਲ ਦੇ ਵਿਦਿਆਰਥੀ, ਜ਼ਿਲ੍ਹਾ ਨਵਾਸ਼ਹਿਰ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸ. ਐੱਸ. ਐੱਸ ਕੁੰਦਰਾ ਅਤੇ ਬਾਰ ਮੈਂਬਰ ਅਤੇ ਤਹਿਸੀਲ ਬਲਾਚੌਰ ਦੇ ਪ੍ਰਧਾਨ ਐੱਚ.ਐੱਸ ਸੈਣੀ ਅਤੇ ਬਾਰ ਮੈਂਬਰ ਹਾਜਰ ਸਨ। ਇਸ ਮੌਕੇ ਜਿਲ੍ਹਾਂ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀਮਤੀ ਪ੍ਰਿਆ ਵੱਲੋ ਕਿਹਾ ਗਿਆ ਕਿ ਇਸ ਰੈਲੀ ਦਾ ਮੁੱਖ ਮੰਤਵ ਆਮ ਲੋਕਾਂ ਅਤੇ ਨੌਜਵਾਨਾਂ ਨੂੰ ਤਬਾਕੂ ਤੋਂ ਦੂਰ ਰਹਿਣ ਬਾਰੇ ਜਾਗਰੂਕਤ ਕਰਨਾ ਹੈ।

# ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਸਰਕਾਰੀ ਕਾਲਜ ਡੇਰਾ ਬੱਸੀ ਵਿਖੇ ਪ੍ਰਿੰਸੀਪਲ ਸ਼੍ਰੀਮਤੀ ਗਿਤਾਂਜਲੀ ਕਾਲੜਾ ਦੀ ਸਰਪ੍ਰਸਤੀ ਹੇਠ ਕਾਲਜ ਦੇ ਐੱਨ ਐੱਸ ਐੱਸ ਵਿਭਾਗ ਵੱਲੋਂ ਮਿਤੀ 31-05-2025 ਨੂੰ ਤੰਬਾਕੂ ਦੀ ਵੱਧਦੀ ਸਮੱਸਿਆ ਨੂੰ ਰੋਕਣ ਅਤੇ ਬੱਚਿਆਂ ਤੇ ਨੌਜਵਾਨਾਂ, ਖ਼ਾਸ ਕਰਕੇ ਕਿਸ਼ੋਰ ਅਵਸਥਾ ਦੇ ਵਿਦਿਆਰਥੀਆਂ ਵਿਚ ਇਸ ਦੀ ਵਰਤੋਂ ਦੇ ਖ਼ਿਲਾਫ਼ ਜਾਗਰੂਕਤਾ ਫੈਲਾਉਣ ਲਈ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ।ਇਸ ਮੌਕੇ ਪ੍ਰੋ. ਰਵਿੰਦਰ ਸਿੰਘ ਨੇ ਐਨ ਐਸ ਐਸ ਵਲੰਟੀਅਰਾ ਨੂੰ ਸੰਬੋਦਿਤ ਕਰਦੇ ਹੋਏ ਦੱਸਿਆ ਕਿ ਤੰਬਾਕੂ ਦੀ ਵਰਤੋਂ ਨਾਲ ਸਰੀਰ ਦੇ ਲਗਭਗ ਹਰ ਅੰਗ ਨੂੰ ਨੁਕਸਾਨ ਪਹੁੰਚਦਾ ਹੈ ਅਤੇ ਇਹ ਕੈਂਸਰ (ਖਾਸ ਕਰਕੇ ਫੇਫੜਿਆਂ ਦੇ ਕੈਂਸਰ), ਦਿਲ ਦੀ ਬੀਮਾਰੀ, ਦਿਲ ਦੇ ਦੌਰੇ, ਸਾਹ-ਸੰਬੰਧੀ ਬੀਮਾਰੀਆਂ ਦਾ ਕਾਰਨ ਵੀ ਹੰਦਾ ਹੈ।ਆਮ ਤੌਰ 'ਤੇ ਨੌਜਵਾਨ ਕਿਸ਼ੋਰ ਅਵਸਥਾ ਵਿੱਚ ਹੀ ਤੰਬਾਕੂ ਸੇਵਨ ਸ਼ੁਰੂ ਕਰਦੇ ਹਨ, ਜਿਸਦੇ ਸੁੱਖ ਕਾਰਨ ਪੀਅਰ ਪ੍ਰੈਸ਼ਰ, ਵਿਗਿਆਪਨ ਅਤੇ ਜਿਗਿਆਸਾ ਹੁੰਦੇ ਹਨ।ਉਨ੍ਹਾਂ ਨੇ ਇਹ ਵੀ ਕਿਹਾ ਕਿ ਈ-ਸਿਗਰਟ ਅਤੇ ਵੇਪਿੰਗ ਵਰਗੇ ਤੰਬਾਕੂ ਦੇ ਨਵੇਂ ਰੂਪਾਂ ਨੂੰ ਅਕਸਰ ਸੁਰੱਖਿਅਤ ਦੱਸਿਆ ਜਾਂਦਾ ਹੈ ਪਰ ਇਹਨਾ ਦਾ ਵੀ ਸਿਹਤ ਤੇ ਹਾਨੀਕਾਰਕ ਪ੍ਰਭਾਵ ਹੁੰਦਾ ਹੈ।ਇਸ ਮੌਕੇ ਐਨ.ਐਸ.ਐਸ ਦੇ ਪ੍ਰੋਗਰਾਮ ਅਫਸਰ ਪ੍ਰੋ. ਕੋਮਲ ਦਿਓਲ ਨੇ ਸਿੱਖਿਆ ਮੰਤਰਾਲੇ ਵੱਲੋਂ ਜਾਰੀ ਵਿਸ਼ਵ ਤੰਬਾਕੂ ਰਹਿਤ ਦਿਵਸ ਜਾਗਰੂਕਤਾ ਕੁਇਜ਼ ਵੀ ਕਰਵਾਇਆ, ਜਿਸ ਵਿੱਚ ਐਨ.ਐਸ.ਐਸ ਵਲੰਟੀਅਰਾਂ ਦੇ ਨਾਲ ਸਟਾਫ ਮੈਂਬਰਾਂ ਨੇ ਵੀ ਹਿੱਸਾ ਲਿਆ।



# ਸੰਤੁਲਨ ਵਿਗੜਨ ਕਾਰਨ ਹਾਦਸਾਗ੍ਰਸਤ



**ਬਲਾਚੌਰ (ਜਸਵਿੰਦਰ ਬੈਂਸ)**- ਚੰਡੀਗੜ੍ਹ-ਜਲੰਧਰ ਮੁੱਖ ਮਾਰਗ ਤੇ ਬਲਾਚੌਰ ਬਾਈਪਾਸ ਮੈਕਡੋਨਲ ਦੇ ਨਜਦੀਕ ਸੰਤੁਲਨ ਵਿਗੜ ਜਾਣ ਕਾਰਨ ਇੱਕ ਕਾਰ ਪਲਟ ਗਈ। ਐਸ ਐਸ ਐਫ ਟੀਮ ਦੇ ਇੰਚਾਰਜ ਏਐਸਆਈ ਵਿਜੇ ਕੁਮਾਰ ਨੇ ਦੱਸਿਆ ਕਿ ਇਕ ਈਟੀਓਜ ਕਾਰ ਪੀ ਬੀ 08 ਸੀ ਐਨ 2416 ਜਿਸ ਨੂੰ ਸ਼ਿਵਮ ਪੁੱਤਰ ਅਸ਼ੋਕ ਵਾਸੀ ਜਲੰਧਰ ਚਲਾ ਰਿਹਾ ਸੀ ਅਤੇ ਨਾਲ ਅਵਨੀਸ਼ ਪੁੱਤਰ ਸੰਜੀਵ ਵਾਸੀ ਜਲੰਧਰ ਜੋ ਕਿ ਜਲੰਧਰ ਤੋਂ ਬਲਾਚੌਰ ਨੂੰ ਆ ਰਹੇ ਸਨ ਕਿ ਬਲਾਚੌਰ ਬਾਈਪਾਸ ਮੈਕਡੋਨਲ ਦੇ ਨਜ਼ਦੀਕ ਟਾਇਰ ਫਟਣ ਕਾਰਨ ਡਿਵਾਈਡਰ ਵਿੱਚ ਵੱਜ ਕੇ ਹਾਦਸਾ ਗ੍ਰਸਤ ਹੋ ਗਈ ਜਿਸ ਵਿੱਚ ਸਵਾਰ ਵਿਅਕਤੀ ਨੂੰ ਮਾਮੂਲੀ ਸੱਟਾਂ ਵੱਜੀਆਂ ਜਦ ਕਿ ਕਾਰ ਬਹੁਤ ਬੁਰੀ ਤਰ੍ਹਾਂ ਨੁਕਸਾਨੀ ਗਈ। ਐਸ ਐਸ ਐਫ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਜਖਮੀਆਂ ਨੂੰ ਫਸਟ ਏਡ ਦਿੱਤੀ ਅਤੇ ਟਰੈਫਿਕ ਨੂੰ ਚਾਲੂ ਕਰਵਾਇਆ।

# ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ ਕਰਵਾਏ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬਜਵਾੜਾ ਕਲਾਂ ਗੁਰਦੁਆਰਾ ਸ਼੍ਰੀ ਸਿੰਘ ਸਭਾ ਜੀ ਛਾਉਣੀ ਨਿਹੰਗ ਸਿੰਘਾਂ ਦੇ ਅਸਥਾਨ 'ਤੇ ਸ਼ਹੀਦਾਂ ਦੇ ਸਿਰਤਾਜ ਪਾਤਸ਼ਾਹੀ ਪੰਜਵੀਂ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਜਥੇਬੰਦੀ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਮੁੱਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਦੀ ਅਗਵਾਈ ਹੇਠ ਕਰਵਾਏ ਗਏ।ਬਾਬਾ ਰਾਜਵੀਰ ਸਿੰਘ ਹੁਸ਼ਿਆਰਪੁਰ ਨੇ ਦੱਸਿਆ ਕਿ ਸਮਾਗਮ ਦੌਰਾਨ ਸ਼੍ਰੀ ਆਖੰਡ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਦੀਵਾਨ ਹਾਲ ਵਿੱਚ ਸਿੰਘ ਸਾਹਿਬ ਜਥੇਦਾਰ ਬਾਬਾ ਸਿੰਘ ਸਾਹਿਬ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ ਬਜਵਾੜਾ ਕਲਾਂ, ਬਾਬਾ ਪਿਆਰ ਦੀਪ ਸਿੰਘ ਰਾਣੀਪੁਰ,ਬੇਬੀ ਹਰਲੀਨ ਕੌਰ, ਬੇਬੀ ਗੁਰਲੀਨ ਕੌਰ, ਬੇਬੀ ਜਸਲੀਨ ਕੌਰ ਆਦਿ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਹਰਗੁਰਮਿੰਦਰ ਸਿੰਘ ਨੂੰ ਕਪੂਰਥਲਾ ਦਾ ਜਥੇਦਾਰ, ਮਹਾਂਕਾਲ ਸਿੰਘ ਨੂੰ ਜਲੰਧਰ ਦਾ ਜਥੇਦਾਰ ਅਤੇ ਅਰਸਵੰਤ ਸਿੰਘ ਨੂੰ ਜਲੰਧਰ ਸ਼ਹਿਰ ਦਾ ਜਥੇਦਾਰ ਨਿਯੁਕਤ ਕੀਤਾ ਗਿਆ।ਸਮਾਗਮ ਦੌਰਾਨ ਰਾਜਵੀਰ ਸਿੰਘ ਹੁਸ਼ਿਆਰਪੁਰ, ਸਰਬਜੀਤ ਸਿੰਘ ਸਾਬਾ ਢੁਬਾਈ, ਮਾਨ ਸਿੰਘ ਬੱਬੀ, ਅਜਮੇਹਰ ਸਿੰਘ ਮੁੱਖਲਿਆਣਾ, ਬਲਵੀਰ ਸਿੰਘ ਹੇੜੀਆ, ਬਲਦੇਵ ਸਿੰਘ ਅਜੜਾਮ, ਹਰਜੀਤ ਸਿੰਘ ਲੁਧਿਆਣਾ, ਰੋਹਿਤ ਸਿੰਘ, ਅਰਸ਼ਵੀਰ ਸਿੰਘ ਡਾਨਸੀਵਾਲ, ਗੁਰਪਾਲ ਸਿੰਘ, ਮਨਜਿੰਦਰ ਸਿੰਘ ਲੰਗੇਰੀ, ਕਿਰਨਜੋਤ ਕੌਰ ਬਲਾ, ਬਲਵੀਰ ਸਿੰਘ ਮੇਘਾ, ਉਮ ਪ੍ਰਕਾਸ਼, ਮਨਜੀਤ ਸਿੰਘ, ਜਸਵਿੰਦਰ ਸਿੰਘ, ਨਰਿੰਦਰ ਅਨੰਦ, ਹਰਜਿੰਦਰ ਕੌਰ, ਬਲਵੰਤ ਕੌਰ, ਜਸਵਿੰਦਰ ਸਿੰਘ ਹੀਰ, ਭੁਪਿੰਦਰ ਸਿੰਘ, ਰਾਜੂ ਸਿੰਘ ਆਦਿ ਹਾਜ਼ਰ ਸਨ।ਸਮਾਗਮ ਦੌਰਾਨ ਛਬੀਲ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।



# ਬਕਾਏ ਦੀ ਕਿਸ਼ਤ ਨਾ ਦੇਣ ਕਾਰਨ ਪੈਨਸ਼ਨਰਾਂ 'ਤੇ ਮੁਲਾਜ਼ਮਾਂ 'ਚ ਭਾਰੀ ਰੋਸ




**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚੋਂ ਸੇਵਾ ਮੁਕਤ ਹੋਏ ਮੁਲਾਜ਼ਮਾਂ ਨੂੰ ਕਮਾਈ ਛੁੱਟੀ ਦੇ ਬਣਦੇ ਬਕਾਏ ਦੀ ਕਿਸ਼ਤ ਨਾ ਦੇਣ ਕਾਰਨ ਪੈਨਸ਼ਨਰ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਦੇ ਵਿੱਤ ਵਿਭਾਗ ਨੇ ਪੱਤਰ ਨੰਬਰ 03/01 2021-ਆਈ ਐਫ ਪੀ ਆਈ ,12 ਮਿਤੀ ਚੰਡੀਗੜ੍ਹ 18/02/2025 ਰਾਹੀਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਛੇਵੇਂ ਪੇ ਕਮਿਸ਼ਨ ਦੇ ਬਕਾਏ ਦੇਣ ਲਈ ਪੱਤਰ ਜਾਰੀ ਕੀਤਾ ਸੀ। ਮਈ ਮਹੀਨਾ ਵੀ ਬੀਤ ਗਿਆ ਹੈ,ਪਰ ਪੈਨਸ਼ਨਰਾਂ ਨੂੰ ਕਮਾਈ ਛੁੱਟੀ ਦੇ ਬਕਾਏ ਦੀ ਅਪ੍ਰੈਲ 2025 ਵਿੱਚ ਮਿਲਣ ਵਾਲੀ ਪਹਿਲੀ ਕਿਸ਼ਤ ਅਜੇ ਤੱਕ ਵੀ ਨਹੀਂ ਮਿਲੀ। ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਸਰਪ੍ਰਸਤ ਕਰਨੈਲ ਸਿੰਘ ਸੰਧੂ, ਪ੍ਰਧਾਨ ਮੋਹਣ ਸਿੰਘ ਭੱਟੀ, ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ,ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਜੁਆਇੰਟ ਸਕੱਤਰ ਸਤਪਾਲ ਸਿੰਘ ਖੱਟਕੜ, ਐਡੀਟਰ ਕ੍ਰਿਸ਼ਨ ਗੋਪਾਲ ਚੋਪੜਾ, ਹਰਭਜਨ ਲਾਲ ਕੌਲ,ਕੇ ਕੇ ਪਾਂਡੇ ਆਦਿ ਆਗੂਆਂ ਨੇ ਪੰਜਾਬ ਸਰਕਾਰ ਦੇ ਵਿੱਤ ਵਿਭਾਗ ਵੱਲੋਂ ਪੈਨਸ਼ਨਰਾਂ ਨੂੰ ਕਮਾਈ ਛੁੱਟੀ ਦਾ ਬਣਦਾ ਬਕਾਇਆ ਦੇਣ ਲਈ ਸਾਫਟਵੇਅਰ ਅੱਪਡੇਟ ਨਾ ਕਰਨ ਦੀ ਤਿੱਖੀ ਨਿਖੇਧੀ ਕਰਦੇ ਹੋਏ ਜ਼ੋਰਦਾਰ ਢੰਗ ਨਾਲ ਮੰਗ ਕੀਤੀ ਕਿ 01/01/2016 ਤੋਂ 30/06/2021 ਤੱਕ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਛੇਵੇਂ ਪੇ ਕਮਿਸ਼ਨ ਦੇ ਅਨੁਸਾਰ ਸੋਧੀ ਹੋਈ ਤਨਖਾਹ ਅਨੁਸਾਰ ਕਮਾਈ ਛੁੱਟੀ ਦੇ ਬਕਾਏ ਦਾ ਬਣਦਾ ਭੁਗਤਾਨ ਕਰਨ ਲਈ ਜਲਦੀ ਤੋਂ ਜਲਦੀ ਕੀਤਾ ਜਾਵੇ । ਇਸ ਸਮੇਂ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਕੇਵਲ ਸਿੰਘ, ਪ੍ਰਿੰਸੀਪਲ ਧਰਮਵੀਰ ਨਾਰੰਗ, ਅਸ਼ਵਨੀ ਕੁਮਾਰ, ਪਿਆਰਾ ਰਾਮ ਪਲਾਹੀ, ਸੁੱਚਾ ਰਾਮ ਬੰਗੜ,ਰਤਨ ਸਿੰਘ,ਰਾਜ ਕੁਮਾਰ ਸਾਹਨੀ ਆਦਿ ਪੈਨਸ਼ਨਰ ਸਾਥੀ ਹਾਜ਼ਰ ਹੋਏ ਸਨ।

# ਕੰਧਾਲਾ ਜੱਟਾਂ ਵਿਖੇ ਸ਼ਹੀਦੀ ਦਿਹਾੜਾ ਸ਼ਰਧਾ-ਪੂਰਵਕ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)** ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਚੜ੍ਹਦੀ ਪੱਤੀ ਪਿੰਡ ਕੰਧਾਲਾ ਜੱਟਾਂ ਵਿਖੇ ਸਾਲਾਨਾ ਦੀ ਤਰ੍ਹਾਂ ਗੁਰੂਦੁਆਰਾ ਪ੍ਰਬੰਧਕ ਕਮੇਟੀ ਵਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ਼ਹੀਦਾਂ ਦੇ ਸਿਰਤਾਜ ਸ਼ਾਂਤੀ ਦੇ ਪੁੰਜ ਸ੍ਰੀ ਗੁਰੂ ਅਰਜਨ ਦੇਵ ਦਾ ਸ਼ਹੀਦੀ ਦਿਹਾੜਾ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ ਸ੍ਰੀ ਆਖੰਡ ਪਾਠ ਜੀ ਦੇ ਭੋਗ ਉਪਰੰਤ ਹਾਜ਼ੂਰੀ ਰਾਗੀ ਭਾਈ ਜੋਗਿੰਦਰ ਸਿੰਘ ਬੈਚਾਂ ਵਾਲਿਆਂ ਨੇ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕੀਤਾ ਅਤੇ ਸਿੱਖ ਕੌਮ ਦੇ ਕੁਰਬਾਨੀਆਂ ਭਰੇ ਇਤਿਹਾਸ ਨਾਲ ਜੋੜਿਆ ਇਸ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਹੈਂਡ ਗ੍ਰੰਥੀ ਬਾਬਾ ਅਵਤਾਰ ਸਿੰਘ, ਪ੍ਰਧਾਨ ਗੁਰਵਿੰਦਰ ਸਿੰਘ ਗਿਤਾ, ਮਨਜੀਤ ਸਿੰਘ ਧਾਲੀਵਾਲ, ਇੰਦਰਜੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਧਾਲੀਵਾਲ, ਅਵਤਾਰ ਸਿੰਘ ਯੂ ਐਸ ਏ, ਕੁਲਵਿੰਦਰ ਸਿੰਘ, ਹਰਪ੍ਰੀਤ ਸਿੰਘ ਹੈਪੀ ਬਾਬਾ, ਗੁਰਜੋਤ ਸਿੰਘ ਜੋਤ, ਜਸਪਾਲ ਸਿੰਘ ਭੱਟੀ, ਰਸ਼ਪਾਲ ਸਿੰਘ ਪਾਲਾ, ਮਾਸਟਰ ਜਗਜੀਤ ਸਿੰਘ, ਹਰਵਿੰਦਰ ਪਾਲ ਸਿੰਘ,ਸੁਚਾ ਸਿੰਘ ਨੰਬਰਦਾਰ, ਰੇਸ਼ਮ ਸਿੰਘ,ਸਰਵਨ ਸਿੰਘ ਪੰਚ, ਹਰਪ੍ਰੀਤ ਸਿੰਘ ਧਾਲੀਵਾਲ, ਇਕਬਾਲ ਸਿੰਘ ਬਾਲੀ,ਕਨਵਰਦੀਪ ਸਿੰਘ ਧਾਲੀਵਾਲ,ਮਨਰਾਜ ਸਿੰਘ, ਅਮ੍ਰਿਤਪਾਲ ਸਿੰਘ, ਅਕਾਸ਼ ਸਿੰਘ, ਸਾਹਿਬ ਸਿੰਘ, ਗੁਰਤੇਜ ਸਿੰਘ, ਮਹਿੰਦਰ ਸਿੰਘ ਬਿਲਾ, ਪ੍ਰਭ ਸਿਮਰਤ ਸਿੰਘ, ਜੰਗ ਸਿੰਘ, ਜੁਝਾਰ ਸਿੰਘ, ਜਪਜੋਤ ਸਿੰਘ ਅਦਿ ਨਗਰ ਦੀਆਂ ਸੰਗਤਾਂ ਹਾਜ਼ਰ ਸਨ।



# ਮਲਕਪੁਰ ਵਿਖੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਸਾਲਾਨਾ ਜੋੜ ਮੇਲਾ

**ਫਗਵਾੜਾ (ਡਾ. ਰਮਨ)** ਦਰਬਾਰ ਬਾਬਾ ਖੇੜੀ ਵਾਲੀ ਸਰਕਾਰ ਪਿੰਡ ਮਲਕਪੁਰ ਤਹਿਸੀਲ ਫਗਵਾੜਾ ਵਿਖੇ ਦੋ ਰੋਜਾ ਸਾਲਾਨਾ ਜੋੜ ਮੇਲਾ ਮੁੱਖ ਸੇਵਾਦਾਰ ਬਾਬਾ ਪਰਗਟ ਸਿੰਘ ਦੀ ਰਹਿਨੁਮਾਈ ਅਤੇ ਕਮੇਟੀ ਪ੍ਰਧਾਨ ਪਰਮਿੰਦਰ ਸਿੰਘ ਘੁੰਮਣ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ, ਐਨ.ਆਰ.ਆਈ. ਵੀਰਾਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਪੂਰਵਕ ਕਰਵਾਇਆ ਗਿਆ। ਪਹਿਲੇ ਦਿਨ ਸਵੇਰੇ ਝੰਡੇ ਤੇ ਚਾਦਰ ਦੀ ਰਸਮ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਈ। ਸ਼ਾਮ ਨੂੰ ਚਰਾਗ਼ ਰੁਸ਼ਨਾਏ ਗਏ ਅਤੇ ਮਹਿੰਦੀ ਦੀ ਰਸਮ ਹੋਈ। ਰਾਤ ਨੂੰ ਨੱਕਾਲ ਪਾਰਟੀ ਸੁਨੈਨਾ ਬੰਗਾ ਵਾਲਿਆਂ ਨੇ ਆਪਣੇ ਫਨ ਦਾ ਮੁਜਾਹਰਾ ਕੀਤਾ। ਦੂਸਰੇ ਦਿਨ ਬਾਅਦ ਦੁਪਿਹਰ ਸੱਭਿਆਚਾਰਕ ਸਟੇਜ ਸਜਾਈ ਗਈ। ਜਿਸ ਵਿਚ ਪੰਜਾਬ ਦੇ ਪ੍ਰਸਿੱਧ ਪੰਜਾਬੀ ਗਾਇਕ ਰੰਧਾਵਾ ਬ੍ਰਦਰਜ ਨੇ ਸੱਭਿਆਚਾਰਕ ਗੀਤਾਂ ਰਾਹੀਂ ਹਾਜਰੀਨ ਦਾ ਖੂਬ ਮਨੋਰੰਜਨ ਕੀਤਾ। ਇਸ ਤੋਂ ਪਹਿਲਾਂ ਨਕਲਾਂ ਦਾ ਰੰਗਾਰੰਗ ਪ੍ਰੋਗਰਾਮ ਵੀ ਹੋਇਆ। ਮੁੱਖ ਸੇਵਾਦਾਰ ਬਾਬਾ ਪਰਗਟ ਸਿੰਘ ਨੇ ਹਾਜਰੀਨ ਸੰਗਤ ਨੂੰ ਸਾਲਾਨਾ ਜੋੜ ਮੇਲੇ ਦੀ ਵਧਾਈ ਦਿੱਤੀ। ਪ੍ਰਬੰਧਕਾਂ ਵਲੋਂ ਪ੍ਰਮੁੱਖ ਸ਼ਖਸੀਅਤਾਂ, ਕਲਾਕਾਰਾਂ, ਸੇਵਾਦਾਰਾਂ ਅਤੇ ਸਹਿਯੋਗੀਆਂ ਨੂੰ ਸਨਮਾਨਤ ਕੀਤਾ ਗਿਆ। ਜੋੜ ਮੇਲੇ ਦੌਰਾਨ ਠੰਡੇ ਮਿੱਠੇ ਜਲ ਅਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਗਈ। ਸ਼ਾਮ ਨੂੰ ਛਿੰਝ ਮੇਲੇ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਉੱਭਰਦੇ ਪਹਿਲਵਾਨਾਂ ਨੇ ਵੱਧ ਚੜ੍ਹ ਕੇ ਭਾਗ ਲਿਆ। ਇਸ ਮੌਕੇ ਭੁਪਿੰਦਰ ਸਿੰਘ ਭਿੰਦਾ, ਸੰਤੋਖ ਸਿੰਘ, ਬਿੰਦਰ ਪਾਲ, ਹਰਦੀਪ ਸਿੰਘ ਘੁੰਮਣ, ਗੁਰਮਿੰਦਰ ਸਿੰਘ ਘੁੰਮਣ, ਸੀਨੀਅਰ ਕਿਸਾਨ ਆਗੂ ਹਰਭਜਨ ਸਿੰਘ ਬਾਜਵਾ ਮਲਕਪੁਰ, ਸ਼ੇਰਵੀਰ ਸਿੰਘ, ਸੁਖਵਿੰਦਰ ਸਿੰਘ ਸਾਬਕਾ ਸਰਪੰਚ, ਹਰਿੰਦਰ ਸਿੰਘ ਲਾਡੀ, ਜਤਿੰਦਰ ਸਿੰਘ, ਇੰਦਰਜੀਤ ਸਿੰਘ, ਸਤਵਿੰਦਰ ਸਿੰਘ ਘੁੰਮਣ ਸਮਾਜ ਸੇਵੀ, ਲਾਲ ਸਿੰਘ, ਸੁਰਿੰਦਰ ਸਿੰਘ ਜੇ.ਈ., ਜਸਵਿੰਦਰ ਸਿੰਘ ਬਾਜਵਾ, ਸੋਨੂੰ ਸਤਨਾਮਿਆ, ਜੋਗਾ ਸਿੰਘ, ਪ੍ਰਦੀਪ ਸਿੰਘ ਘੁੰਮਣ, ਮਨਜਿੰਦਰ ਸਿੰਘ, ਬਲਵਿੰਦਰ ਸਿੰਘ, ਲਖਵਿੰਦਰ ਸਿੰਘ ਬਦੇਸ਼ਾ, ਗੁਰਮੀਤ ਸਿੰਘ ਘੁੰਮਣ, ਦਿਲਬਾਗ ਸਿੰਘ ਬਾਗਾ, ਗੁਰਮੁਖ ਸਿੰਘ, ਪ੍ਰਦੀਪ ਸਿੰਘ ਸਾਹੀ, ਸਤਨਾਮ ਸਿੰਘ ਮੱਲ੍ਹੀ, ਜੋਗਾ ਸਿੰਘ ਸਾਹੀ, ਜੀਤ ਸਿੰਘ ਡਰਾਇਵਰ, ਜਸਬੀਰ ਸਿੰਘ ਅਤੇ ਕਰਨੈਲ ਸਿੰਘ ਢੀਂਡਸਾ ਆਦਿ ਹਾਜਰ ਸਨ।



# 'ਯੁੱਧ ਨਸ਼ਿਆਂ ਵਿਰੁੱਧ' ਜਾਗਰੂਕਤਾ ਸੈਮੀਨਾਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਯੁੱਧ ਨਸ਼ਿਆਂ ਵਿਰੁੱਧ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਜੌੜਾ ਵਿੱਚ ਨਸ਼ਿਆਂ ਖਿਲਾਫ ਵਿਸ਼ਾਲ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਦੀ ਅਗਵਾਈ ਅਤੇ ਸਰਪੰਚ ਮਨਪ੍ਰੀਤ ਸਿੰਘ ਗੋਲਡੀ ਨਰਵਾਲ ਤੇ ਨਸ਼ਾ ਮੁਕਤੀ ਮੋਰਚਾ ਯਾਤਰਾ ਦੇ ਹਲਕਾ ਕੋਆਰਡੀਨੇਟਰ ਜਸਵੰਤ ਸਿੰਘ ਬਿੱਟੂ ਦੀ ਦੇਖ ਰੇਖ ਹੇਠ ਕਰਵਾਏ। ਇਸ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਤੋਂ ਇਲਾਵਾ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ, ਥਾਣਾ ਮੁਖੀ ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ, ਬੀ.ਡੀ.ਪੀ.ਓ ਰਾਜਵਿੰਦਰ ਕੌਰ, ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਬਲਾਕ ਪ੍ਰਧਾਨ ਲਖਵਿੰਦਰ ਸਿੰਘ ਸੇਠੀ, ਤਹਿਸੀਲਦਾਰ ਮਨਪ੍ਰੀਤ ਸਿੰਘ, ਸਰਪੰਚ ਜਸਵੰਤ ਸਿੰਘ ਬਿੱਟੂ, ਸਰਪੰਚ ਸੁਖਵਿੰਦਰਜੀਤ ਸਿੰਘ ਝਾਵਰ ਨੇ ਲੋਕਾਂ ਨੂੰ ਜਾਗਰੂਕ ਨਸ਼ਿਆਂ ਦੇ ਖਿਲਾਫ ਜਾਗਰੂਕ ਕੀਤਾ। ਵਿਧਾਇਕ ਰਾਜਾ ਗਿੱਲ ਨੇ ਹੋਰ ਕਿਹਾ ਕਿ ਨਸ਼ਿਆਂ ਦਾ ਗੋਰਖ ਧੰਦਾ ਕਰਨ ਵਾਲਿਆਂ ਨਸ਼ਾ ਤਸਕਰਾਂ ਖਿਲਾਫ ਪੰਜਾਬ ਸਰਕਾਰ ਵੱਲੋਂ ਕਿਸੇ ਵੀ ਤਰ੍ਹਾਂ ਦੀ ਕੋਈ ਢਿਲ ਮਠ ਜਾਂ ਲਾਪਰਵਾਹੀ ਨਹੀਂ ਵਰਤੀ ਜਾਵੇਗੀ ਤੇ ਜੋ ਵੀ ਇਸ ਗੋਰਖ ਧੰਦੇ ਵਿੱਚ ਸ਼ਾਮਲ ਹੋਇਆ ਉਸ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।ਸੈਮੀਨਾਰ ਦੀ ਸਮਾਪਤੀ ਤੇ ਜਿੱਥੇ ਮਨਪ੍ਰੀਤ ਸਿੰਘ ਗੋਲਡੀ ਨਰਵਾਲ ਨੇ ਸੂਬਾ ਸਰਕਾਰ ਵਿਧਾਇਕ ਜਸਵੀਰ ਸਿੰਘ ਰਾਜਾ ਧੰਨਵਾਦ ਕੀਤਾ। ਇਸ ਮੌਕੇ ਪੰਚ ਸੁਰਿੰਦਰ ਸਿੰਘ, ਪੰਚ ਜਸਵੀਰ ਸਿੰਘ ,ਪੰਚ ਗੁਰਦੀਪ ਸਿੰਘ, ਪੰਚ ਨਿਰਮਲ ਕੌਰ, ਕੁਲਵੀਰ ਸਿੰਘ ਸੈਂਡੀ, ਗੁਰਪ੍ਰੀਤ ਗੋਪੀ, ਗਿਆਨ ਸਿੰਘ, ਠੇਕੇਦਾਰ ਸੁਰਿੰਦਰ ਸਿੰਘ, ਬੁੱਧ ਸਿੰਘ, ਬਲ ਜਿੰਦਰ ਨਿੱਕੂ, ਲੇਖ ਰਾਜ, ਬਲਵਿੰਦਰ ਸੈਂਡੀ, ਤਰਸੇਮ ਸਿੰਘ, ਕਿਰਪਾਲ ਸਿੰਘ, ਕਮਲਜੀਤ ਸਿੰਘ, ਬਬ ਜੌੜਾ, ਵਿਜੇ, ਗੋਪੀ ਜੌੜਾ, ਦਰਸ਼ਨ ਸਿੰਘ ਮਨਤੇਜ ਸਿੰਘ, ਪ੍ਰਸ਼ੋਤਮ ਲਾਲ, ਮਨਜਿੰਦਰ ਸਿੰਘ ਲਾਲੀ ਜੌੜਾ, ਸੁਖਬੀਰ ਸਿੰਘ, ਬੀਰਾ, ਰਤਨ ਸਿੰਘ ਸੁਖਵਿੰਦਰ ਸਿੰਘ ਵੀ ਹਾਜ਼ਰ ਸਨ।



# 11 ਸਰਕਾਰੀ ਸਕੂਲਾਂ ਅੰਦਰ 74 ਲੱਖ ਰੁਪਏ ਦੇ ਵਿਕਾਸ ਕੰਮਾਂ ਦੇ ਉਦਘਾਟਨ

**ਕਪੂਰਥਲਾ (ਬਲਵੀਰ ਸ਼ਾਲ੍ਹਪੁਰੀ)**- ਪੰਜਾਬ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਸ਼ੁਰੂ ਕੀਤੀ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਜ਼ਿਲ੍ਹੇ ਦੇ 11ਹੋਰ ਸਕੂਲਾਂ ਅੰਦਰ 74 ਲੱਖ ਰੁਪਏ ਦੀ ਲਾਗਤ ਦੇ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਗਏ। ਇਸ ਮੌਕੇ ਭੁਲੱਥ ਹਲਕੇ ਦੇ ਸਰਕਾਰੀ ਸਕੂਲਾਂ ਲਿੱਟਾਂ, ਸ਼ਾਦੀਪੁਰ, ਰੰਧਾਵਾ, ਮੁਸਤਫਾਬਾਦ, ਸੰਗਰਾਈ, ਹੈਬਤਪੁਰ, ਬੁਤਾਲਾ ਵਿਖੇ ਡਾਇਰੈਕਟਰ ਜਲ ਸਰੋਤ ਵਿਭਾਗ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਨੇ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ। ਸੁਲਤਾਨਪੁਰ ਲੋਧੀ ਬਲਾਕ ਵਿਖੇ ਚੇਅਰਮੈਨ ਨਗਰ ਸੁਧਾਰ ਟਰੱਸਟ ਸੱਜਣ ਸਿੰਘ ਚੀਮਾ ਨੇ ਸਰਕਾਰੀ ਸਕੂਲ ਬਣਾਂਵਾਲਾ, ਮੱਲੀਆਂ ਤੇ ਅਹਿਮਦਪੁਰ ਵਿਖੇ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ।



# ਨਿਹੰਗ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਸੱਸ ਮਾਂ ਨਹੀਂ ਰਹੇ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਪੰਥਕ ਹਲਕਿਆਂ ਵਿੱਚ ਇਹ ਖਬਰ ਬੜੇ ਦੁਖ ਨਾਲ ਪੜੀ ਜਾਵੇਗੀ ਕਿ ਸਿੰਘ ਸਾਹਿਬ ਜਥੇ: ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਧਰਮ ਮਾਤਾ ਸੱਸ ਅਤੇ ਇਕਬਾਲ ਸਿੰਘ ਢਿੱਲੋਂ ਦੇ ਮਾਤਾ, ਬੀਬੀ ਅਮਰਜੀਤ ਕੌਰ ਢਿੱਲੋਂ (84 ਸਾਲ) ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ 'ਚ ਜਾ ਬਿਰਾਜੇ ਹਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿ. ਰਘਬੀਰ ਸਿੰਘ, ਸਿੰਘ ਸਾਹਿਬ ਗਿ. ਸੁਲਤਾਨ ਸਿੰਘ, ਸਿੰਘ ਸਾਹਿਬ ਗਿ. ਅਮਰਜੀਤ ਸਿੰਘ ਨੇ ਮਾਤਾ ਅਮਰਜੀਤ ਕੌਰ ਦੇ ਚਲਾਣੇ 'ਤੇ ਗਹਿਰੇ ਦੁਖ ਦਾ ਇਜ਼ਹਾਰ ਕੀਤਾ ਹੈ।

# ਨਸ਼ਿਆਂ ਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ ਮੁਹਿੰਮ ਜਾਰੀ ਰਹੇਗੀ : ਡਾ. ਰਹਿਮਾਨ

## ਪਿੰਡ-ਪਿੰਡ ਪਹੁੰਚ ਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਕੀਤਾ ਜਾ ਰਿਹਾ ਲਾਮਬੰਦ



**ਮਾਲੇਰਕੋਟਲਾ (ਅਸਗਰ ਪਰਿਹਾਰ)** ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚੋਂ ਨਸ਼ਿਆਂ ਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਜੋਸ਼ ਖਰੋਸ਼ ਨਾਲ ਜਾਰੀ ਰਹੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਪਿੰਡ ਨੱਥੋਹੇੜੀ, ਸੇਖੂਪੁਰ ਖੁਰਦ, ਸੁਲਤਾਨਪੁਰ ਦੇ ਲੋਕਾਂ ਨੂੰ ਨਸ਼ਿਆਂ ਖਿਲਾਫ ਲਾਮਬੰਦ ਕਰਦਿਆ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਮੰਤਵ ਸਮੂਹ ਵਰਗਾਂ ਦੇ ਸਹਿਯੋਗ ਨਾਲ ਨਸ਼ਿਆਂ ਦਾ ਖਾਤਮਾ ਕਰਨਾ ਹੈ ਅਤੇ ਹਰੇਕ ਪਿੰਡ ਤੇ ਵਾਰਡ ਦੀ ਹਰੇਕ ਗਲੀ ਨੂੰ ਨਸ਼ਾ ਮੁਕਤ ਕਰਨਾ ਸਰਕਾਰ ਦੀ ਤਰਜੀਹ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਜਿਥੇ ਨਸ਼ਿਆਂ ਦੇ ਸੌਦਾਗਰਾਂ ਵਿਰੁੱਧ ਸਖਤ ਕਾਰਵਾਈ ਕਰ ਕੇ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਤੌਰ 'ਤੇ ਖਾਤਮਾ ਕਰ ਰਹੀ ਹੈ, ਉੱਥੇ ਨਸ਼ਿਆਂ ਦੀ ਗ੍ਰਿਫਤ 'ਚ ਫਸੇ ਨੌਜਵਾਨਾਂ ਦਾ ਨਸ਼ਾ ਛੁਡਵਾ ਕੇ ਉਨ੍ਹਾਂ ਨੂੰ ਮੁੜ ਤੋਂ ਆਪਣੇ ਪੈਰਾਂ 'ਤੇ ਖੜੇ ਕਰ ਰਹੀ ਤਾਂ ਜੋ ਉਹ ਸਮਾਜ 'ਚ ਬਿਹਤਰ ਜ਼ਿੰਦਗੀ ਬਤੀਤ ਕਰ ਸਕਣ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਪਿੰਡ ਨੱਥੋਹੇੜੀ, ਸੇਖੂਪੁਰ ਖੁਰਦ, ਸੁਲਤਾਨਪੁਰ ਦੇ ਲੋਕਾਂ ਨੂੰ ਨਸ਼ਿਆਂ ਖਿਲਾਫ ਲਾਮਬੰਦ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਇਹ ਯਾਤਰਾ ਲੋਕਾਂ ਦੇ ਮਨਾਂ 'ਤੇ ਡੂੰਘਾ ਪ੍ਰਭਾਵ ਪੈਦਾ ਕਰ ਰਹੀ ਹੈ, ਜਿਸ ਕਾਰਨ ਇਸ ਯਾਤਰਾ ਦਾ ਲੋਕਾਂ ਵੱਲੋਂ ਭਰਵਾਂ ਸਹਿਯੋਗ ਮਿਲ ਰਿਹਾ ਹੈ ਅਤੇ ਨਸ਼ਿਆਂ ਦੇ ਖਾਤਮੇ ਦੇ ਰੂਪ ਵਿੱਚ ਨਸ਼ਾ ਮੁਕਤੀ ਯਾਤਰਾ ਇਕ ਇਤਿਹਾਸ ਸਿਰਜ ਰਹੀ ਹੈ, ਜਿਸ 'ਤੇ ਆਉਣ ਵਾਲੀਆਂ ਪੀੜ੍ਹੀਆਂ ਮਾਣ ਕਰਨਗੀਆਂ।ਇਸ ਯਾਤਰਾ ਤਹਿਤ ਨਸ਼ਿਆਂ ਦੇ ਖਾਤਮੇ ਹਿੱਤ ਲੋਕ ਨਸ਼ਿਆਂ ਦੇ ਕਾਰੋਬਾਰੀਆਂ ਬਾਰੇ ਖੁੱਲ੍ਹ ਕੇ ਪੁਲਸ ਨੂੰ ਜਾਣਕਾਰੀ ਦੇ ਰਹੇ ਹਨ।ਹੁਣ ਜਦੋਂ ਲੋਕ ਇਸ ਅਲਾਮਤ ਖਿਲਾਫ ਉੱਠ ਖੜ੍ਹੇ ਹੋਏ ਹਨ ਤਾਂ ਪੰਜਾਬ ਦੀ ਧਰਤੀ 'ਤੇ ਹੁਣ ਜ਼ਿਆਦਾ ਦੇਰ ਨਸ਼ੇ ਨਹੀਂ ਰਹਿਣਗੇ।ਇਸ ਮੌਕੇ ਉਨ੍ਹਾਂ ਖਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਅਹਿਮ ਭੂਮਿਕਾ ਅਦਾ ਕਰਕੇ ਸਰਕਾਰ ਦਾ ਸਾਥ ਦੇਣ ਅਤੇ ਇੱਕ ਰੰਗਲੇ ਪੰਜਾਬ ਵੱਲ ਆਪਣੇ ਕਦਮ ਪੁੱਟਣ।ਉਕਤ ਸਮਾਗਮਾਂ ਉਪਰੰਤ ਵਿਧਾਇਕ ਮਾਲੇਰਕੋਟਲਾ ਨੇ ਹਲਕੇ ਦੇ ਪਿੰਡ ਅਬਦੁੱਲਾਪੁਰ, ਕਾਸਿਮਪੁਰ ਤੇ ਇਸਤਫਾਪੁਰਾ ਵਿਖੇ ਨਸ਼ਾ ਮੁਕਤੀ ਯਾਤਰਾਂ ਦੇ ਪ੍ਰੋਗਰਾਮ 'ਤੇ ਵਿਧਾਇਕ ਮਾਲੇਰਕੋਟਲਾ ਪਿੰਡਾਂ ਦੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਵੀ ਕੀਤਾ।ਇਸ ਮੌਕੇ ਕੋਆਰਡੀਨੇਟਰ ਨਸ਼ਾ ਛੁਡਾਉ ਕਮੇਟੀ ਸ਼ਿਗਾਰਾ ਸਿੰਘ, ਬੀ.ਡੀ.ਪੀ.ਓ. ਜਗਰਾਜ ਸਿੰਘ, ਪੰਚਾਇਤ ਅਫਸਰ ਦਵਿੰਦਰ ਕੁਮਾਰ ਗੋਗੀ, ਪੰਚਾਇਤ ਸਕੱਤਰ ਜਗਮੋਹਨ ਸਿੰਘ, ਪੰਚਾਇਤ ਸਕੱਤਰ ਮੁਹੰਮਦ ਜਮੀਲ, ਨਰੇਗਾ ਸਕੱਤਰ ਸੰਦੀਪ ਕੌਰ, ਸਰਪੰਚ ਬਲਜੀਤ ਕੌਰ, ਸਰਪੰਚ ਅਮਨਦੀਪ ਸਿੰਘ, ਪੰਚਾਇਤ ਸਕੱਤਰ ਬਲਵਿੰਦਰ ਸਿੰਘ, ਗੁਰਵੀਰ ਸਿੰਘ ਤੋਂ ਇਲਾਵਾ ਸਮੂਹ ਪੰਚਾਇਤ ਮੈਂਬਰ ਤੇ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

## ਭਾਕਿਯੂ ਏਕਤਾ ਉਗਰਾਹਾਂ ਝੰਡੇਵਾਲ ਕਮੇਟੀ ਦੀ ਚੋਣ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਪਿੰਡ ਝੰਡੇਵਾਲ ਦੀ ਮੀਟਿੰਗ ਗੁਰਦਵਾਰਾ ਸਾਹਿਬ ਵਿਖੇ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਆਗੂ ਬਲੌਰ ਸਿੰਘ, ਬਲਾਕ ਮੋਗਾ ਵੰਨ ਦੇ ਪ੍ਰਧਾਨ ਜਗਜੀਤ ਸਿੰਘ ਮੱਦੋਕੇ, ਬਲਾਕ ਮੋਗਾ ਵੰਨ ਵਿੱਤ ਸਕੱਤਰ ਲਖਵੀਰ ਸਿੰਘ ਚੜਿੱਕ ਹਾਜ਼ਰ ਹੋਏ। ਜ਼ਿਲ੍ਹਾ 'ਤੇ ਬਲਾਕ ਆਗੂਆਂ ਦੀ ਦੇਖ-ਰੇਖ ਹੇਠ ਨਵੀਂ ਪਿੰਡ ਕਮੇਟੀ ਦੀ ਚੋਣ ਪਿੰਡ ਵਾਸੀਆਂ ਵੱਲੋਂ ਪੂਰਨ ਸਰਬਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਪ੍ਰਧਾਨ ਜਸਵਿੰਦਰ ਸਿੰਘ, ਮੀਤ ਪ੍ਰਧਾਨ ਹਰੀ ਸਿੰਘ, ਜਨਰਲ ਸਕੱਤਰ ਨੱਛਤਰ ਸਿੰਘ, ਸਹਾਇਕ ਸਕੱਤਰ ਅਜਮੇਰ ਸਿੰਘ, ਵਿੱਤ ਸਕੱਤਰ ਮਹਿੰਦਰ ਸਿੰਘ, ਪ੍ਰੈੱਸ ਸਕੱਤਰ ਸਾਧੂ ਸਿੰਘ ਤੇ ਇਕਬਾਲ ਸਿੰਘ, ਅਵਤਾਰ ਸਿੰਘ, ਰਤਨ ਸਿੰਘ, ਜਗਜੀਤ ਸਿੰਘ, ਗੁਰਨਾਮ ਸਿੰਘ, ਗੁਰਮੇਲ ਸਿੰਘ, ਅਜੀਤ ਸਿੰਘ, ਦਵਿੰਦਰ ਸਿੰਘ ਫੌਜੀ, ਸੁਦਾਗਰ ਸਿੰਘ, ਗੁਰਦੇਵ ਸਿੰਘ ਸਲਾਹਕਾਰ ਚੁਣੇ ਗਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਜੇਕਰ ਜ਼ਮੀਨਾਂ, ਖੇਤੀ ਕਿੱਤੇ ਤੇ ਇਸ ਨਾਲ ਜੁੜੇ ਕਿਰਤੀ ਲੋਕਾਂ ਦੇ ਰੁਜ਼ਗਾਰ ਨੂੰ ਬਚਾਉਣਾ ਹੈ ਤਾਂ ਜਥੇਬੰਦੀ ਦੀ ਨੀਤੀ ਨੂੰ ਘਰ ਘਰ ਪਹੁੰਚਾਉਣਾ ਹੋਵੇਗਾ ਤਾਂ ਕਿ ਸੰਘਰਸ਼ ਦੇ ਦਾਇਰੇ ਨੂੰ ਹੋਰ ਵਿਸ਼ਾਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਖਾਸਕਰ ਪੰਜਾਬ ਦੀਆਂ ਜ਼ਮੀਨਾਂ 'ਤੇ ਕਾਰਪੋਰੇਟ ਦੀ ਬੁਰੀ ਨਜ਼ਰ ਹੈ, ਉਹ ਹਰ ਹੀਲੇ ਜ਼ਮੀਨਾਂ ਖੋਹਣ ਦੀ ਤਿਆਰੀ ਕਰੀ ਬੈਠੇ ਨੇ, ਜਿਸਦੀਆਂ ਤਾਜ਼ੀਆਂ ਉਦਾਹਰਣਾਂ ਪਿੰਡ ਜਿਓਂਦ, ਭਾਰਤ ਮਾਲਾ ਪ੍ਰੋਜੈਕਟ ਤੇ ਪੰਜਾਬ ਸਰਕਾਰ ਵੱਲੋਂ ਇਕਵਾਇਰ ਕੀਤੀ ਜਾ ਰਹੀ ਹਜ਼ਾਰਾਂ ਏਕੜ ਤੋਂ ਮਿਲਦੀਆਂ ਹਨ। ਉਨ੍ਹਾਂ ਕਿਹਾ ਇਸੇ ਜਬਰ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ 2 ਜੂਨ ਨੂੰ ਜਗਰਾਓਂ ਦਾਣਾ ਮੰਡੀ ਵਿੱਚ ਜਬਰ ਵਿਰੋਧੀ ਰੈਲੀ ਰੱਖੀ ਗਈ ਹੈ, ਜਿਸ ਵਿੱਚ ਕਿਸਾਨ ਮਜ਼ਦੂਰ ਤੇ ਮਾਵਾਂ ਭੈਣਾਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਉਕਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਨੌਜਵਾਨ ਹਾਜ਼ਰ ਸਨ।

## ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਜ਼ਿਲ੍ਹਾ ਪੱਧਰੀ ਮੀਟਿੰਗ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਸੰਗਰੂਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਦੀ ਅਗਵਾਈ ਹੇਠ ਭਾਈ ਟੀਕਮ ਦਾਸ ਉਗਰਾਹਾਂ ਵਿਖੇ ਹੋਈ, ਜਿਸ ਵਿੱਚ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੂਬਾ ਮੀਤ ਪ੍ਰਧਾਨ ਜਨਕ ਸਿੰਘ ਭੁਟਾਲ ਕਲਾਂ, ਸੂਬਾ ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾਝਾੜ ਵਿਸ਼ੇਸ਼ ਤੌਰ 'ਤੇ ਪਹੁੰਚੇ ਹੋਏ। ਮੀਟਿੰਗ ਵਿੱਚ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰਾਂ ਦੀ ਸ਼ਹਿ 'ਤੇ ਕਾਰਪੋਰੇਟ ਵੱਲੋਂ ਹਮਲੇ ਕੀਤੇ ਜਾ ਰਹੇ ਹਨ ਜਿਵੇਂ ਕਿ ਲੈਂਡ ਬੈਂਕ ਵਾਲੀ ਸਕੀਮ ਸੂਬੇ ਤੇ ਕੇਂਦਰ ਦੀ ਸਰਕਾਰ ਪਹਿਰੇਦਾਰੀ ਕਰ ਰਹੀ ਹੈ, ਜਿਵੇਂ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਜਿਉਂਦ ਪਿੰਡ ਵਿੱਚ ਲਗਾਤਾਰ ਜ਼ਮੀਨ ਦੀ ਲੜਾਈ ਲੜੀ ਜਾ ਰਹੀ ਹੈ ਅਤੇ ਪਟਿਆਲੇ ਜ਼ਿਲ੍ਹੇ ਦੇ ਪਿੰਡ ਬਠੋਈ ਕਲਾਂ ਵਿੱਚ ਜਥੇਬੰਦੀ ਵੱਲੋਂ ਇੱਕ ਡਾਹ ਕੇ ਲੜਾਈ ਲੜੀ ਅਤੇ ਸਰਕਾਰ ਨੂੰ ਪਿੱਛੇ ਮੁੜਨਾ ਪਿਆ।ਇਸੇ ਤਰ੍ਹਾਂ ਲੁਧਿਆਣਾ ਜ਼ਿਲ੍ਹੇ ਵਿੱਚ ਸਰਕਾਰ ਵੱਲੋਂ 24311 ਪਿੰਡਾਂ ਵਿੱਚ ਜ਼ਮੀਨ ਅਕਵਾਇਰ ਕਰਨ ਦੇ ਆਦੇਸ਼ ਦੇ ਦਿੱਤੇ ਹਨ, ਜਿਸ ਤੋਂ ਉੱਥੋ ਦੇ ਕਿਸਾਨਾਂ ਨੂੰ ਫਿਕਰ ਹੈ ਕਿ ਜੇਕਰ ਸਾਡੀਆਂ ਜ਼ਮੀਨਾਂ ਖੁਸ ਗਈਆਂ ਤਾਂ ਸਾਡੇ ਬੱਚਿਆਂ ਦਾ ਗੁਜ਼ਾਰਾ ਉਜੜ ਜਾਵੇਗਾ। ਆਗੂਆਂ ਨੇ ਕਿਹਾ ਕਿ ਪੰਜਾਬ ਦੀਆਂ ਜ਼ਮੀਨਾਂ ਬਚਾਉਣ ਲਈ ਵੱਡੀ ਲਾਮਬੰਦੀ ਦੀ ਲੋੜ ਹੈ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ, ਜ਼ਿਲ੍ਹਾ ਖਜ਼ਾਨਚੀ ਭਰਪੂਰ ਸਿੰਘ ਮੌੜਾਂ, ਦਰਸ਼ਨ ਸਿੰਘ ਚੰਗਾਲੀਵਾਲ, ਜਸਵੰਤ ਸਿੰਘ ਤੋਲਾਵਾਲ, ਜਗਤਾਰ ਸਿੰਘ ਲੱਡੀ, ਅਜੈਬ ਸਿੰਘ ਲੱਖੇਵਾਲ, ਹਰਜੀਤ ਸਿੰਘ ਮਹਿਲਾਂ, ਬਹਾਦਰ ਸਿੰਘ ਭੁਟਾਲ ਖੁਰਦ, ਸੁਖਦੇਵ ਸਿੰਘ ਕਣਕਵਾਲ, ਰਾਮ ਸਿੰਘ ਕੈਂਪਰ ਆਦਿ ਹਾਜ਼ਰ ਸਨ।

## ਐਗਰੀਮ ਕਲੱਬ ਵੱਲੋਂ ਵਿਦਿਆਰਥੀਆਂ ਨੂੰ ਨਿੱਘੀ ਵਿਦਾਇਗੀ, ਜੈਕਸਨ ਨੂੰ ਮਿਸਟਰ ਫੇਅਰਵੈੱਲ ਤੇ ਮਾਨਸੀ ਰਾਠੌਰ ਨੂੰ ਮਿਸ ਫੇਅਰਵੈੱਲ ਦਾ ਮਿਲਿਆ ਖਿਤਾਬ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਐਗਰੀਮ ਕਲੱਬ ਆਫ ਐਗਰੀਕਲਚਰ ਐਂਡ ਲਾਈਫ ਸਾਇੰਸ ਨੇ ਵਿਦਿਆਰਥੀਆਂ ਨੂੰ ਵਿਦਾਇਗੀ ਦੇਣ ਲਈ ਇੱਕ ਯਾਦਗਾਰੀ ਸਮਾਗਮ ਕਰਵਾਇਆ।ਇਹ ਸਮਾਗਮ ਡਾ. ਏਪੀਜੇ ਅਬਦੁਲ ਕਲਾਮ ਸੈਮੀਨਾਰ ਹਾਲ ਵਿੱਚ ਕਰਵਾਇਆ ਗਿਆ, ਜੋ ਖ਼ੁਸ਼ੀ, ਸਨਮਾਨ ਤੇ ਭਾਵਨਾਤਮਕ ਪਲਾਂ ਵਾਲਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਦੇਸ਼ ਭਗਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਦੁਆਰਾ ਰਸਮੀ ਜੋਤੀ ਜਗਾਉਣ ਨਾਲ ਹੋਈ, ਜਿਸ ਤੋਂ ਬਾਅਦ ਡੀਬੀਯੂ ਗੀਤ ਦੀ ਪੇਸ਼ਕਾਰੀ ਕੀਤੀ ਗਈ।ਇਸ ਮੌਕੇ ਚਾਂਸਲਰ (ਡਾ.) ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ (ਡਾ.) ਤਜਿੰਦਰ ਕੌਰ ਨੇ ਸ਼ਿਰਕਤ ਕੀਤੀ ਤੇ ਵਿਦਿਆਰਥੀਆਂ ਨੂੰ ਪ੍ਰੇਰਨਾਦਾਇਕ ਸ਼ਬਦਾਂ ਨਾਲ ਉਤਸ਼ਾਹਤ ਕੀਤਾ।ਉਨ੍ਹਾਂ ਆਪਣੇ ਆਸ਼ੀਰਵਾਦ ਪ੍ਰਗਟ ਕੀਤੇ ਤੇ ਵਿਦਾਈ ਦੇਣ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਸਾਰੇ ਯਤਨਾਂ ਵਿੱਚ ਸਫਲਤਾ ਦੀ ਕਾਮਨਾ ਕੀਤੀ। ਇਸ ਤੋਂ ਬਾਅਦ ਡਾ. ਐੱਚ. ਕੇ. ਸਿੱਧੂ ਨੇ ਪਤਵੰਤਿਆਂ ਤੇ ਹਾਜ਼ਰੀਨ ਦਾ ਰਸਮੀ ਸਵਾਗਤ ਕੀਤਾ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਮਾਗਮ ਸਿਰਫ਼ ਵਿਦਾਇਗੀ ਨਹੀਂ ਸੀ, ਸਗੋਂ ਇਕੱਠ ਤੇ ਸਾਂਝੀਆਂ ਯਾਦਾਂ ਦਾ ਜਸ਼ਨ ਸੀ।ਇਸ ਸਮਾਗਮ ਵਿੱਚ ਜੀਵੰਤ ਸੱਭਿਆਚਾਰਕ ਪ੍ਰਦਰਸ਼ਨ ਪੇਸ਼ ਕੀਤੇ ਗਏ।ਸਮਾਗਮ ਦੇ ਮੁੱਖ ਆਕਰਸ਼ਣ ਵਿੱਚ ਸ਼੍ਰੀ ਜੈਕਸਨ ਨੂੰ ਮਿਸਟਰ ਫੇਅਰਵੈੱਲ ਦਾ ਤਾਜ ਪਹਿਨਾਇਆ ਗਿਆ, ਜਦੋਂਕਿ ਮਾਨਸੀ ਰਾਠੌਰ ਨੂੰ ਮਿਸ ਫੇਅਰਵੈੱਲ ਦਾ ਖਿਤਾਬ ਦਿੱਤਾ ਗਿਆ।ਸਮਾਗਮ ਦਾ ਸਮਾਪਨ ਡਾ. ਅਵਿਨਾਸ਼ ਭਾਟੀਆ ਦੇ ਧੰਨਵਾਦ ਨਾਲ ਹੋਇਆ।

## ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪਾਬੰਦੀ

**ਮਾਨਸਾ (ਆਤਮਾ ਸਿੰਘ ਪਮਾਰ)**

ਪ੍ਰਮੁੱਖ ਸਕੱਤਰ ਗ੍ਰਹਿ ਮਾਮਲੇ ਤੇ ਨਿਆਂ ਵਿਭਾਗ (ਗ੍ਰਹਿ-2 ਸ਼ਾਖਾ) ਪੰਜਾਬ ਸਰਕਾਰ ਚੰਡੀਗੜ੍ਹ ਵੱਲੋਂ ਪ੍ਰਾਪਤ ਹਦਾਇਤਾਂ ਦੀ ਰੋਸ਼ਨੀ ਵਿੱਚ ਜ਼ਿਲ੍ਹੇ ਅੰਦਰ ਅਮਨ ਤੇ ਕਾਨੂੰਨ ਦੀ ਸਥਿਤੀ ਕਾਇਮ ਰੱਖਣ ਲਈ ਜ਼ਿਲ੍ਹਾ ਮੈਜਿਸਟ੍ਰੇਟ ਕੁਲਵੰਤ ਸਿੰਘ ਆਈ.ਏ.ਐੱਸ. ਨੇ ਭਾਰਤੀ ਸੁਰੱਖਿਆ ਸੰਹਿਤਾ ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਲੋਕ ਹਿੱਤ ਤੇ ਮੌਜੂਦਾ ਸਥਿਤੀ ਦੇ ਮੱਦੇਨਜ਼ਰ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਲਗਾਈ ਹੈ। ਉਨ੍ਹਾਂ ਕਿਹਾ ਕਿ ਇਹ ਪਾਬੰਦੀ ਸੋਸ਼ਲ ਮੀਡੀਆ 'ਤੇ ਹਥਿਆਰਾਂ ਦੇ ਪ੍ਰਦਰਸ਼ਨ 'ਤੇ ਵੀ ਲਾਗੂ ਹੋਵੇਗੀ।ਹੁਕਮ ਵਿੱਚ ਉਨ੍ਹਾਂ ਕਿਹਾ ਕਿ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਵੀ ਪੂਰਨ ਪਾਬੰਦੀ ਹੋਵੇਗੀ।ਇਸ ਤੋਂ ਇਲਾਵਾ ਜਨਤਕ ਇੱਕਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿੱਚ ਹਥਿਆਰ ਲਿਜਾਣ ਤੇ ਪ੍ਰਦਰਸ਼ਨ ਕਰਨ 'ਤੇ ਵੀ ਪੂਰਨ ਰੂਪ ਵਿੱਚ ਮਨਾਹੀ ਹੋਵੇਗੀ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ 'ਤੇ ਵੀ ਪੂਰਨ ਪਾਬੰਦੀ ਰਹੇਗੀ।ਇਹ ਹੁਕਮ 31 ਜੁਲਾਈ 2025 ਤੱਕ ਲਾਗੂ ਰਹੇਗਾ।

# ਵਾਰਡ ਨੰਬਰ 30 ਤੇ 31 'ਚ ਵਾਟਰ ਸਪਲਾਈ ਦੀ ਪਾਈਪ ਪਾਉਣ ਦਾ ਕੰਮ ਸ਼ੁਰੂ

## ਮੇਰਾ ਮੁੱਖ ਉਦੇਸ਼ ਮੋਗਾ ਹਲਕੇ ਦਾ ਸਰਵਪੱਖੀ ਵਿਕਾਸ : ਵਿਧਾਇਕ ਡਾ. ਅਰੋੜਾ



**ਮੋਗਾ (ਇਕਬਾਲ ਖਹਿਰਾ)**-ਸ਼ਹਿਰ ਦੇ ਵਾਰਡ ਨੰਬਰ 30 ਤੇ 31 ਵਿੱਚ ਲੋਕ ਲੰਬੇ ਸਮੇਂ ਤੋਂ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਸਾਹਮਣਾ ਕਰ ਰਹੇ ਸਨ। ਲੋਕਾਂ ਦੀ ਮੁੱਖ ਸਮੱਸਿਆ ਨੂੰ ਦੇਖਦੇ ਹੋਏ, ਅੱਜ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਬਹਾਦਰ ਨਗਰ ਵਿੱਚ ਪੀਣ ਵਾਲੇ ਪਾਣੀ ਦੀਆਂ ਪਾਈਪਾਂ ਵਿਛਾਉਣ ਦਾ ਕੰਮ ਆਰੰਭ ਕਰਵਾਇਆ ਗਿਆ। ਇਸ ਮੌਕੇ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ, ਕੌਂਸਲਰ ਬੂਟਾ ਸਿੰਘ, ਕੌਂਸਲਰ ਗੁਰਦੀਪ ਕੌਰ, ਕੌਂਸਲਰ ਪਾਇਲ ਗਰਗ ਦੇ ਪਤੀ 'ਆਪ' ਆਗੂ ਗੌਰਵ ਗਰਗ, ਸਾਬਕਾ ਕੌਂਸਲਰ ਦਵਿੰਦਰ ਤਿਵਾੜੀ, ਬਾਬਾ ਟੇਕ ਸਿੰਘ, ਬਲਦੇਵ ਕੋਠੇ ਪੱਤੀ ਮੁਹੱਬਤ, ਆਦੇਸ਼ ਸਹਿਗਲ ਤੋਂ ਇਲਾਵਾ ਵਾਰਡ ਵਾਸੀ ਮੌਜੂਦ ਸਨ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੀਣ ਵਾਲੇ ਪਾਣੀ ਦੀ ਪਾਈਪਲਾਈਨ ਦੀ ਸਮੱਸਿਆ ਬਹਾਦਰ ਨਗਰ ਵਾਸੀਆਂ ਵੱਲੋਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਗਈ ਸੀ, ਜਿਸ 'ਤੇ ਉਨ੍ਹਾਂ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਵਿਕਾਸ ਕਾਰਜਾਂ ਲਈ ਗ੍ਰਾਂਟ ਪ੍ਰਾਪਤ ਕਰਕੇ ਵਾਰਡ ਵਿੱਚ ਵਿਕਾਸ ਕਾਰਜ ਸ਼ੁਰੂ ਕਰਵਾਏ। ਉਨ੍ਹਾਂ ਕਿਹਾ ਕਿ ਨਗਰ ਨਿਗਮ ਵੱਲੋਂ ਸਾਰੇ ਵਸਨੀਕਾਂ ਦੇ ਪੀਣ ਵਾਲੇ ਪਾਣੀ ਦੇ ਕੁਨੈਕਸ਼ਨ ਜੋੜੇ ਜਾਣਗੇ, ਤਾਂ ਜੋ ਹਰ ਘਰ ਨੂੰ ਸਾਫ਼ ਪਾਣੀ ਦੀ ਸਪਲਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਟੀਚਾ ਮੋਗਾ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਅਤੇ ਸਰਬ-ਪਾਰਟੀ ਢੰਗ ਨਾਲ ਕਰਵਾਉਣਾ ਹੈ।

ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਵਾਰਡ ਨਿਵਾਸੀ ਨੂੰ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤਾਂ ਉਸ ਨੂੰ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ, ਜਿਸ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਵਾਰਡ ਨਿਵਾਸੀਆਂ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਵਾਰਡ ਦੇ ਵਿਕਾਸ ਕਾਰਜ ਸ਼ੁਰੂ ਕਰਨ ਲਈ ਧੰਨਵਾਦ ਕੀਤਾ।

## ਮਾਤਾ ਗੁਜਰੀ ਸਕੂਲ ਵੱਲੋਂ ਸ਼ਹੀਦੀ ਦਿਵਸ ਨੂੰ ਸਮਰਪਤ ਸਮਾਗਮ



**ਦੇਵੀਗੜ੍ਹ (ਬਿੰਦ ਰਾਜਿੰਦਰ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵਿੱਚ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦਿਵਸ ਨੂੰ ਸਮਰਪਤ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਗਿਆ।ਸਰਬੱਤ ਦੇ ਭਲੇ ਦੀ ਅਰਦਾਸ ਤੋਂ ਬਾਅਦ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਸਕੂਲ ਪ੍ਰਬੰਧਕਾਂ ਡਾਇਰੈਕਟਰ ਸ੍ਰ: ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ੍ਰੀਮਤੀ ਮਮਤਾ ਮੱਕੜ, ਅਕਾਦਮਿਕ ਡਾਇਰੈਕਟਰ ਸ੍ਰੀਮਤੀ ਤੇਜਿੰਦਰ ਕੌਰ ਵਾਲੀਆ ਨੇ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਸਾਨੂੰ ਹਮੇਸ਼ਾ ਨਿਮਰਤਾ, ਸਚਾਈ ਤੇ ਸੇਵਾ ਦੇ ਰਾਹ 'ਤੇ ਤੁਰਨਾ ਸਿਖਾਉਂਦੀ ਹੈ।

## ਜ਼ਿਲ੍ਹੇ 'ਚੋਂ ਅੱਵਲ ਰਹੀ ਜਸਮੀਤ ਕੌਰ ਦਾ ਐੱਸ.ਐੱਸ.ਪੀ. ਵੱਲੋਂ ਸਨਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਸਕੂਲ ਸਿੱਖਿਆ ਬੋਰਡ ਦੇ 10ਵੀਂ ਦੇ ਨਤੀਜੇ 2024-25 ਵਿੱਚੋਂ ਸਕੂਲ ਆਫ ਐਮੀਨੈਂਸ ਸੰਦੌੜ ਦੀ ਵਿਦਿਆਰਥਣ ਜਸਮੀਤ ਕੌਰ ਨੇ 10ਵੀਂ ਜਮਾਤ ਵਿੱਚੋਂ 624/650 ਅੰਕ ਪ੍ਰਾਪਤ ਕਰਕੇ ਮਾਲੇਰਕੋਟਲਾ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸ ਦੇ ਸੰਦਰਭ 'ਚ ਪੰਜਾਬ ਸਰਕਾਰ ਦੀਆਂ ਦੀਆਂ ਹਦਾਇਤਾਂ ਅਨੁਸਾਰ ਸਕੂਲ ਦਾ 10ਵੀਂ ਜਮਾਤ 'ਚ ਜ਼ਿਲ੍ਹੇ ਵਿੱਚੋਂ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀ ਦਾ ਇੱਕ ਦਿਨ ਪੰਜਾਬ ਸਰਕਾਰ ਦੇ ਉੱਚ ਅਧਿਕਾਰੀ ਨਾਲ ਬਤੀਤ ਕਰਨ ਸਬੰਧੀ ਇਸ ਬੱਚੀ ਨੂੰ ਮਾਣ ਪ੍ਰਾਪਤ ਹੋਇਆ, ਜਿਸ 'ਚ ਸਕੂਲ ਦੇ ਪ੍ਰਿੰਸੀਪਲ ਸ੍ਰ. ਦਲਬੀਰ ਸਿੰਘ ਤੇ ਐੱਸ.ਐੱਸ.ਪੀ. ਸ੍ਰੀ ਗਗਨ ਅਜੀਤ ਸਿੰਘ ਸਾਰਾ ਦਿਨ ਇਸ ਬੱਚੀ ਦੇ ਨਾਲ ਰਹੇ ਅਤੇ ਇਸ ਨੂੰ ਵਿਸ਼ੇਸ਼ ਸਨਮਾਨ ਵੀ ਦਿੱਤਾ।

## ਸਮਰ ਕੈਂਪ 'ਚ ਵਿਦਿਆਰਥੀਆਂ ਵੱਲੋਂ ਤਿਆਰ ਕਲਾਕ੍ਰਿਤਾਂ ਦੀ ਪ੍ਰਦਰਸ਼ਨੀ ਲਗਾਈ



**ਜਲਾਲਾਬਾਦ (ਜੀਤ ਕੁਮਾਰ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਸੈਦੋਕੇ ਵਿਖੇ 6ਵੀਂ ਤੋਂ 8ਵੀਂ ਜਮਾਤਾਂ ਦੇ ਚੱਲ ਰਹੇ ਸਮਰ ਕੈਂਪ ਵਿੱਚ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਕਲਾਕ੍ਰਿਤਾਂ ਦੀ ਪ੍ਰਦਰਸ਼ਨੀ ਲਗਾਈ ਗਈ, ਜਿਸ ਨੂੰ ਦੇਖਣ ਲਈ ਬੱਚਿਆਂ ਦੇ ਮਾਪਿਆਂ ਤੇ ਇਲਾਕੇ ਦੇ ਪਤਵੰਤੇ ਵਿਅਕਤੀਆਂ ਵਿੱਚ ਭਰਪੂਰ ਉਤਸ਼ਾਹ ਪਾਇਆ ਗਿਆ। ਇਸ ਮੌਕੇ ਵਿਦਿਆਰੀਆਂ ਨੇ ਪਲਾਸਟਿਕ ਦੇ ਬੈਗਾਂ ਨੂੰ ਨਕਾਰਦੇ ਹੋਏ ਪੁਰਾਣੇ ਕੱਪੜਿਆਂ ਤੋਂ ਤਿਆਰ ਕਰਕੇ ਬੈਗਾਂ ਦੀ ਪ੍ਰਦਰਸ਼ਨੀ ਲਗਾਈ। ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਸਿੱਖਿਆ ਅਫ਼ਸਰ ਅਜੇ ਕੁਮਾਰ ਸ਼ਰਮਾ ਨੇ ਵਿਦਿਆਰਥੀਆਂ ਦੀ ਇਸ ਐਕਟੀਵਿਟੀ ਨੂੰ ਬਹੁਤ ਸਲਾਹਿਆ। ਇਸ ਮੌਕੇ ਉਨ੍ਹਾਂ ਵੱਖ-ਵੱਖ ਜਮਾਤਾਂ ਵਿੱਚ ਪਹੁੰਚ ਕੇ ਵਿਦਿਆਰਥੀਆਂ ਦੀ ਪੜ੍ਹਾਈ ਦੇ ਪੱਧਰ ਦਾ ਨਿਰੀਖਣ ਕੀਤਾ। ਸਕੂਲ ਵਿੱਚ ਚੱਲ ਰਹੇ ਸਮਰ ਕੈਂਪ ਵਿੱਚ ਉਨ੍ਹਾਂ ਮੈਡੀਕੇਟਡ ਤੁਲਸੀ ਦਾ ਪੌਦਾ ਲਗਾ ਕੇ ਵਣ ਮਹਾਂਉਤਸਵ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਸਮੇਂ ਉਨ੍ਹਾਂ ਨੇ ਸਕੂਲ ਪੀ ਟੀ ਐੱਮ 'ਤੇ ਤਸੱਲੀ ਪ੍ਰਗਟਾਈ ਤੇ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਹਾਜ਼ਰੀ ਸਕੂਲ ਵਿੱਚ ਯਕੀਨੀ ਬਣਾਉਣ ਲਈ ਸਹਿਯੋਗ ਮੰਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਅਨੀਤਾ ਕਾਲੜਾ ਨੇ ਦੱਸਿਆ ਕਿ ਇਸ ਕੈਂਪ ਦਾ ਵਿਦਿਆਰਥੀਆਂ ਨੂੰ ਬਹੁਤ ਫਾਇਦਾ ਹੋ ਰਿਹਾ ਹੈ, ਜਿੱਥੇ ਵਿਦਿਆਰਥੀਆਂ ਵਿੱਚ ਕਿਰਿਆਤਮਕ ਗੁਣ ਪੈਦਾ ਹੋਇਆ ਹੈ, ਉੱਥੇ ਉਹ ਤੇਲਗੂ ਭਾਸ਼ਾ ਸਿੱਖਣ ਵਿੱਚ ਬਹੁਤ ਦਿਲਚਸਪੀ ਲੈ ਰਹੇ ਹਨ। ਅੱਜ ਦੀ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਨੇ ਆਪਣੇ ਹੁਨਰ ਦਾ ਬਾਖੂਬੀ ਪ੍ਰਦਰਸ਼ਨ ਕੀਤਾ। ਐੱਸ ਐੱਮ ਸੀ ਦੇ ਅਹੁਦੇਦਾਰਾਂ, ਮਾਪਿਆਂ ਤੇ ਅਧਿਆਪਕਾਂ ਨੇ ਬਹੁਤ ਸਲਾਹਿਆ।

## ਸਰਕਾਰੀ ਗਰਲਜ਼ ਕਾਲਜ ਦੇ ਗਰਾਊਂਡ ਨੂੰ ਪਾਰਕਿੰਗ 'ਚ ਬਦਲਣ ਦੇ ਵਿਰੋਧ 'ਚ ਅਨੇਕਾਂ ਜਥੇਬੰਦੀਆਂ ਤੇ ਉੱਘੀਆਂ ਸ਼ਖਸੀਅਤਾਂ ਮੈਦਾਨ 'ਚ ਨਿੱਤਰੀਆਂ

**ਲੁਧਿਆਣਾ (ਕਥੂਰੀਆ, ਸਿੰਗਲਾ)**

ਕਈ ਸੰਗਠਨਾਂ, ਵਿਦਿਆਰਥੀਆਂ ਤੇ ਡਾਕਟਰਾਂ ਨੇ ਲੜਕੀਆਂ ਦੇ ਸਰਕਾਰੀ ਕਾਲਜ ਦੇ ਮੈਦਾਨ ਨੂੰ ਪਾਰਕਿੰਗ ਵਿੱਚ ਤਬਦੀਲ ਕਰਨ 'ਤੇ ਗੰਭੀਰ ਇਤਰਾਜ਼ ਜਤਾਇਆ ਹੈ।ਇਸ ਤਰ੍ਹਾਂ ਦੀ ਸੋਚ ਲੜਕੀਆਂ ਵਿੱਚ ਸਿੱਖਿਆ ਨੂੰ ਪ੍ਰੋਤਸ਼ਾਹਤ ਕਰਨ ਦੀ ਮੂਲ ਸੋਚ ਦੇ ਪੂਰੀ ਤਰ੍ਹਾਂ ਖਿਲਾਫ ਹੈ।ਇਸ ਮਾਮਲੇ ਪ੍ਰਤੀਕਿਰਿਆ ਦਿੰਦਿਆਂ ਕਾਲਜ ਦੀ ਪੂਰਵ ਪ੍ਰਿੰਸੀਪਲ ਡਾ. ਮੋਹਿੰਦਰ ਕੌਰ ਗਰੇਵਾਲ ਨੇ ਕਿਹਾ ਕਿ ਕਾਲਜ ਦਾ ਇਹ ਮੈਦਾਨ ਲੜਕੀਆਂ ਵੱਲੋਂ ਖੇਡਾਂ ਤੇ ਹੋਰ ਗਤੀਵਿਧੀਆਂ ਲਈ ਵਰਤਿਆ ਜਾਂਦਾ ਹੈ, ਪਰ ਸਮੇਂ-ਸਮੇਂ 'ਤੇ ਇਹ ਮੈਦਾਨ ਪ੍ਰਦਰਸ਼ਨੀਆਂ ਤੇ ਹੋਰ ਸਮਾਗਮਾਂ ਲਈ ਵੀ ਵਰਤਿਆ ਜਾਂਦਾ ਰਿਹਾ ਹੈ, ਜੋ ਕਿ ਰੋਕਿਆ ਜਾਣਾ ਚਾਹੀਦਾ ਹੈ।ਇਹ ਮੈਦਾਨ ਸਿਰਫ਼ ਤੇ ਸਿਰਫ਼ ਵਿੱਦਿਆ ਸਬੰਧੀ ਗਤੀਵਿਧੀਆਂ ਲਈ ਹੀ ਵਰਤਿਆ ਜਾਣਾ ਚਾਹੀਦਾ ਹੈ।ਪੰਜਾਬ ਇਸਤਰੀ ਸਭਾ ਲੁਧਿਆਣਾ ਨੇ ਵੀ ਇਸ ਗੱਲ ਦਾ ਗੰਭੀਰ ਨੋਟਿਸ ਲਿਆ ਹੈ ਕਿ ਇੱਕ ਪਾਸੇ ਤਾਂ ਸਰਕਾਰਾਂ ਇਸਤਰੀਆਂ ਦੀ ਪੜ੍ਹਾਈ ਨੂੰ ਉਤਸ਼ਾਹਤ ਕਰਨ ਦੀਆਂ ਗੱਲਾਂ ਕਰਦੀਆਂ ਹਨ, ਦੂਜੇ ਪਾਸੇ ਉਨ੍ਹਾਂ ਦਾ ਸਰਬਪੱਖੀ ਵਿਕਾਸ ਕਰਨ 'ਚ ਰੁਕਾਵਟਾਂ ਪਾ ਰਹੀਆਂ ਹਨ।ਗਵਰਨਮੈਂਟ ਕਾਲਜ ਫਾਰ ਗਰਲਜ਼ ਦੇ ਗਰਾਊਂਡ ਨੂੰ ਪਾਰਕਿੰਗ 'ਚ ਬਦਲਣਾ ਲੜਕੀਆਂ ਦੇ ਸਰਪੱਖੀ ਵਿਕਾਸ ਦੇ ਰੋਕਣ ਦੇ ਬਰਾਬਰ ਹੈ। ਰਾਸ਼ਟਰੀ ਪੁਰਸਕਾਰ ਜੇਤੂ ਅਧਿਆਪਕਾ ਡਾਕਟਰ ਗੁਰਚਰਨ ਕੌਰ ਕੋਚਰ ਪ੍ਰਧਾਨ ਪੰਜਾਬ ਇਸਤਰੀ ਲੁਧਿਆਣਾ, ਰਾਸ਼ਟਰੀ ਪੁਰਸਕਾਰ ਜੇਤੂ ਅਧਿਆਪਕਾ ਡਾ. ਕੁਸਮ ਲਤਾ ਮੀਤ ਪ੍ਰਧਾਨ ਪੰਜਾਬ ਇਸਤਰੀ ਸਭਾ ਲੁਧਿਆਣਾ, ਸ੍ਰੀਮਤੀ ਕੁਲਵੰਤ ਕੌਰ ਸਕੱਤਰ ਤੇ ਅਨੁ ਭੱਟੀ ਸੰਗਠਨ ਸਕੱਤਰ ਨੇ ਕਿਹਾ ਕਿ ਪੰਜਾਬ ਇਸਤਰੀ ਸਭਾ ਇਸ ਕਿਸਮ ਦੀ ਕਾਰਵਾਈ ਦਾ ਡੱਟ ਕੇ ਵਿਰੋਧ ਕਰੇਗੀ।ਸ਼ਹਿਰ ਦੇ ਵੱਖ-ਵੱਖ ਡਾਕਟਰਾਂ, ਡਾ. ਅਰੁਣ ਮਿਤਰਾ (ਈ.ਐੱਨ.ਟੀ. ਸਰਜਨ), ਡਾ. ਗਗਨਦੀਪ (ਅਸਥੀ ਰੋਗ ਮਾਹਰ), ਡਾ. ਪਰਮ ਸੈਣੀ (ਕਲੀਨਿਕਲ ਮਾਨਸਿਕ ਵਿਗਿਆਨਕ), ਡਾ. ਐੱਸ. ਕੇ. ਪ੍ਰਭਾਕਰ (ਨਿਊਰੋ ਸਾਇਕਾਟਰਿਸਟ), ਡਾ. ਪ੍ਰਗਿਆ ਸ਼ਰਮਾ (ਅੱਖ ਰੋਗ ਦੇ ਮਾਹਰ) ਤੇ ਡਾ. ਅੰਕੁਸ਼ ਕੁਮਾਰ (ਡੈਂਟਲ ਸਰਜਨ) ਨੇ ਕਿਹਾ ਕਿ ਪਾਠਕ੍ਰਮ ਤੋਂ ਇਲਾਵਾ ਹੋਰ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਬਹੁਤ ਜ਼ਰੂਰੀ ਹਨ।ਕਾਲਜ ਸਿਰਫ਼ ਅਕਾਦਮਿਕ ਪੜ੍ਹਾਈ ਲਈ ਨਹੀਂ, ਸਗੋਂ ਇਹ ਇਕ ਐਸੀ ਥਾਂ ਹੈ ਜਿੱਥੇ ਸਰੀਰਕ, ਮਾਨਸਿਕ ਤੇ ਸੰਸਕ੍ਰਿਤਕ ਵਿਕਾਸ ਵੀ ਹੁੰਦਾ ਹੈ।ਅਸੀਂ ਲੜਕੀਆਂ ਦੇ ਅਧਿਕਾਰਾਂ ਨੂੰ ਖੋਹ ਰਹੇ ਹਾਂ।ਇਸ ਸੰਸਥਾ ਦੀਆਂ ਬੱਚੀਆਂ ਨੇ ਕਈ ਵਾਰੀ ਖੇਡਾਂ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਉੱਤਮ ਪ੍ਰਦਰਸ਼ਨ ਕੀਤਾ ਹੈ।ਇਸ ਮਾਮਲੇ 'ਚ ਵਿਦਿਆਰਥੀਆਂ ਵੱਲੋਂ ਕੀਤਾ ਜਾ ਰਿਹਾ ਰੋਸ ਪ੍ਰਗਟਾਵਾ ਸਮਾਜ ਦੇ ਹਰ ਵਰਗ ਤੋਂ ਸਮਰਥਨ ਯੋਗ ਹੈ।ਸੋਸ਼ਲ ਥਿੰਕਰਜ਼ ਫੋਰਮ ਦੇ ਕਨਵੀਨਰ ਐੱਮ. ਐੱਸ. ਭਾਟੀਆ ਨੇ ਸੰਬੰਧਤ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਇਸ ਕੰਮ ਨੂੰ ਤੁਰੰਤ ਰੋਕਿਆ ਜਾਵੇ ਅਤੇ ਜਿਨ੍ਹਾਂ ਨੇ ਇਹ ਖੇਤਰ ਬੰਦ ਕਰਕੇ ਤੇ ਤਾਰਾਂ ਲਗਾ ਕੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ, ਉਨ੍ਹਾਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇ।

## ਨਸ਼ੀਲੀਆਂ ਗੋਲੀਆਂ ਸਮੇਤ 2 ਕਾਬੂ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਇੰਸਪੈਕਟਰ ਗੁਰਮੇਲ ਸਿੰਘ ਮੁੱਖ ਅਫ਼ਸਰ ਥਾਣਾ ਬੱਧਨੀ ਕਲਾਂ ਵੱਲੋਂ ਮਾੜੇ ਅਨਸਰਾਂ ਖਿਲਾਫ਼ ਚਲਾਈ ਗਈ ਮੁਹਿੰਮ ਤਹਿਤ ਬੀਤੇ ਦਿਨ ਏ ਐੱਸ ਆਈ ਸੰਤੋਖ ਸਿੰਘ ਮੋਗਾ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਸਵਰਨਜੀਤ ਸਿੰਘ ਉਰਫ਼ ਸ਼ੌਕੀ ਪੁੱਤਰ ਬੁੱਧ ਸਿੰਘ ਤੇ ਸੇਵਕ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਰਾਊਕੇ ਕਲਾਂ ਨੂੰ ਗ੍ਰਿਫਤਾਰ ਕਰਕੇ ਦੋਨਾਂ ਮੁਲਜ਼ਮਾਂ ਪਾਸੋਂ ਕੁੱਲ 90 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਮੁਕੱਦਮਾ ਥਾਣਾ ਬੱਧਨੀ ਕਲਾਂ ਵਿਖੇ ਦਰਜ ਕੀਤਾ ਗਿਆ।ਤਫਦੀਸ਼ ਦੌਰਾਨ ਉਕਤਾਨ ਮੁਲਜ਼ਮਾਂ ਦੀ ਪੁੱਛਗਿੱਛ 'ਤੇ ਬੱਬਲੂ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਰਾਊਕੇ ਕਲਾਂ ਨੂੰ ਬੈਕਵਰਡ ਲਿੰਕ ਤਹਿਤ ਬਤੌਰ ਦੋਸ਼ੀ ਨਾਮਜ਼ਦ ਕਰਕੇ ਉਸ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।



## ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ ਦੀ ਅਗਵਾਈ ਵਿੱਚ ਸੀ.ਐੱਚ.ਸੀ. ਮਾਛੀਵਾੜਾ ਸਾਹਿਬ ਤੇ ਇਸ ਅਧੀਨ ਆਉਂਦੇ ਸਿਹਤ ਕੇਂਦਰਾਂ ਵਿੱਚ ਵਿਸ਼ਵ ਤੰਬਾਕੂ ਦਿਵਸ ਮੌਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਬਲਾਕ ਐਜੂਕੇਟਰ ਪਰਦੀਪ ਸਿੰਘ ਨੇ ਕਿਹਾ ਕਿ ਤੰਬਾਕੂ ਦਾ ਕਿਸੇ ਵੀ ਰੂਪ ਵਿੱਚ ਸੇਵਨ ਸਿਹਤ ਲਈ ਹਾਨੀਕਾਰਕ ਹੈ, ਜੋ ਮੂੰਹ, ਗਲੇ, ਫੇਫੜਿਆਂ ਤੇ ਜੀਭ ਦੇ ਕੈਂਸਰ ਦਾ ਵੀ ਕਾਰਨ ਬਣਦਾ ਹੈ, ਇਸ ਲਈ ਤੰਬਾਕੂ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਇਸ ਮੌਕੇ ਡਾ. ਰਸ਼ਪਾਲ ਸਿੰਘ, ਡਾ. ਸਤਵਿੰਦਰ ਕੌਰ, ਸਿਮਰਨਦੀਪ ਕੌਰ ਅਪਥਲਮਿਕ ਅਫ਼ਸਰ, ਕੁਲਵੀਰ ਕੌਰ ਐੱਲ.ਐੱਚ.ਵੀ., ਗੁਰਜੀਤ ਕੌਰ ਏ.ਐੱਨ.ਐੱਮ., ਗੁਰਪ੍ਰੀਤ ਕੌਰ ਸੀ.ਐੱਚ.ਓ. ਤੇ ਹਰਵਿੰਦਰ ਕੌਰ ਕੌਂਸਲਰ ਤੋਂ ਇਲਾਵਾ ਸਮੂਹ ਸਟਾਫ਼ ਮੈਂਬਰ ਆਦਿ ਹਾਜ਼ਰ ਸਨ।

## ਬੀ ਬੀ ਐੱਸ ਬੀ ਦੇ ਵਿਦਿਆਰਥੀਆਂ ਕਬੱਡੀ 'ਚ ਮਾਰੀਆਂ ਮੱਲਾਂ



**ਜਗਰਾਉਂ (ਅਮਿਤ ਖੰਨਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਵਿਦਿਆਰਥੀਆਂ ਨੇ ਕਬੱਡੀ ਨੈਸ਼ਨਲ ਸਟਾਇਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣਾ ਤੇ ਸਕੂਲ ਦਾ ਨਾਂਅ ਚਮਕਾਇਆ।ਬੀਤੇ ਦਿਨ ਗੋਲਡਨ ਅਰਥ ਸਕੂਲ ਮੁੱਲਾਂਪੁਰ, ਲੁਧਿਆਣਾ ਵਿਖੇ ਕਬੱਡੀ ਦੇ ਮੈਚ ਹੋਏ ਸਨ, ਜਿਨ੍ਹਾਂ ਵਿੱਚ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਅੰਡਰ 14 ਲੜਕਿਆਂ ਤੇ ਲੜਕੀਆਂ ਨੇ ਪਹਿਲਾ, ਅੰਡਰ 17 ਲੜਕਿਆਂ ਤੇ ਲੜਕੀਆਂ ਨੇ ਪਹਿਲਾ ਅਤੇ ਅੰਡਰ 19 ਲੜਕਿਆਂ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਸਾਰੇ ਲੜਕੇ ਤੇ ਲੜਕੀਆਂ ਨੇ ਬਹੁਤ ਹੀ ਸੁੰਦਰ ਪ੍ਰਦਰਸ਼ਨ ਕੀਤਾ ਅਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਮੋਨਾ ਠਾਕੁਰ ਨੇ ਬੱਚਿਆਂ, ਉਨ੍ਹਾਂ ਦੇ ਮਾਪਿਆਂ ਤੇ ਡੀ ਪੀ ਅਧਿਆਪਕਾਂ ਦਾ ਖਾਸ ਤੌਰ 'ਤੇ ਧੰਨਵਾਦ ਕੀਤਾ ਅਤੇ ਹੋਰਨਾਂ ਬੱਚਿਆਂ ਨੂੰ ਵੀ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਨੇ ਇਸ ਉਪਲਬਧੀ ਦਾ ਸਿਹਰਾ ਸਕੂਲ ਪ੍ਰਿੰਸੀਪਲ ਮੈਡਮ ਨੂੰ ਦਿੱਤਾ, ਕਿਉਂਕਿ ਇਹ ਉਨ੍ਹਾਂ ਦੇ ਦਿਸ਼ਾ ਨਿਰਦੇਸ਼ਾਂ ਸਦਕਾ ਹੀ ਸੰਭਵ ਹੋ ਸਕਿਆ ਹੈ।ਇਸ ਮੌਕੇ ਸਕੂਲ ਦੀ ਸਮੂਹ ਮੈਨੇਜਮੈਂਟ, ਜਿਸ ਵਿੱਚ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ, ਗਗਨਦੀਪ ਬਾਵਾ ਜੀ ਖਾਸ ਤੌਰ 'ਤੇ ਮੌਜੂਦ ਸਨ।

## ਨਸ਼ੇ ਦੇ ਟੀਕਿਆਂ ਸਮੇਤ ਗ੍ਰਿਫ਼ਤਾਰ ਵਿਅਕਤੀ ਪੁਲਸ ਨੂੰ ਚਕਮਾ ਦੇ ਕੇ ਫਰਾਰ

**ਸ੍ਰੀ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਖਮਾਣੋਂ ਪੁਲਸ ਵੱਲੋਂ ਨਸ਼ੇ ਦੇ ਟੀਕਿਆਂ ਸਮੇਤ ਗ੍ਰਿਫ਼ਤਾਰ ਕੀਤੇ ਗਏ ਇੱਕ ਵਿਅਕਤੀ ਵੱਲੋਂ ਪੁਲਸ ਨੂੰ ਚਕਮਾ ਦੇ ਕੇ ਹਿਰਾਸਤ ਵਿੱਚੋਂ ਫਰਾਰ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ 28 ਮਈ ਨੂੰ ਥਾਣਾ ਖਮਾਣੋਂ ਦੀ ਇੱਕ ਪੁਲਸ ਪਾਰਟੀ ਵੱਲੋਂ ਜਗਜੀਤ ਸਿੰਘ ਉਰਫ ਰਵੀ ਵਾਸੀ ਪਿੰਡ ਰਾਮਗੜ੍ਹ ਨੂੰ ਨਸ਼ੇ ਦੇ ਟੀਕਿਆਂ ਸਮੇਤ ਗ੍ਰਿਫ਼ਤਾਰ ਕਰਕੇ ਉਸ ਵਿਰੁੱਧ ਐੱਨ.ਡੀ.ਪੀ.ਐੱਸ. ਐਕਟ ਤਹਿਤ ਕੇਸ ਦਰਜ ਕੀਤਾ ਗਿਆ ਸੀ, ਜਿਸ ਨੂੰ ਪੁਲਸ ਪਾਰਟੀ ਜਦੋਂ ਅਦਾਲਤ ਵਿੱਚ ਪੇਸ਼ ਕਰਨ ਲਈ ਲੈ ਕੇ ਜਾ ਰਹੀ ਸੀ ਤਾਂ ਜਗਜੀਤ ਸਿੰਘ ਉਰਫ ਰਵੀ ਨੇ ਹੋਮ ਗਾਰਡ ਦੇ ਜਵਾਨ ਨੂੰ ਧੱਕਾ ਮਾਰ ਕੇ ਸੁੱਟ ਦਿੱਤਾ ਤੇ ਟ੍ਰੈਫਿਕ ਜਾਮ ਹੋਣ ਕਰਕੇ ਭੀੜ ਦਾ ਫਾਇਦਾ ਚੁੱਕਦਾ ਹੋਇਆ ਉਹ ਮੌਕੇ ਤੋਂ ਫਰਾਰ ਹੋ ਗਿਆ।ਜਗਜੀਤ ਸਿੰਘ ਉਰਫ ਰਵੀ ਵਿਰੁੱਧ ਅ/ਧ 262 ਬੀ.ਐੱਨ.ਐੱਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਉਸ ਦੀ ਭਾਲ ਕੀਤੀ ਜਾ ਰਹੀ ਹੈ।

# ਇਤਿਹਾਸ ਨੂੰ ਗਲਤ ਰੰਗਤ ਦੇਣ ਵਾਲੀਆਂ ਤਾਕਤਾਂ ਤੋਂ ਸੁਚੇਤ ਹੋਣ ਦੀ ਲੋੜ : ਘਰਿਆਲਾ

## ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸੰਗਤਾਂ ਨੇ ਕੀਤਾ ਪ੍ਰਣਾਮ



**ਕੋਟਕਪੂਰਾ (ਰਛਪਾਲ ਭੁੱਲਰ)**

ਨੇੜਲੇ ਪਿੰਡ ਹਰੀਨੌਂ ਦੇ ਗੁਰਦਵਾਰਾ ਸਾਹਿਬ ਵਿਖੇ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਅਖੰਡ ਪਾਠ ਸਾਹਿਬ ਦੇ ਭੋਗ, ਗੁਰਬਾਣੀ ਕੀਰਤਨ, ਕਥਾ ਵਿਚਾਰਾਂ, ਅਰਦਾਸ ਬੇਨਤੀ ਤੇ ਪਵਿੱਤਰ ਹੁਕਮਨਾਮਾ ਲੈਣ ਤੋਂ ਬਾਅਦ ਸੰਗਤਾਂ ਨੇ ਰਲ ਕੇ ਲੰਗਰ ਛਕਿਆ। ਗੁਰਦਵਾਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਪਾਲਾ ਸਿੰਘ ਨੇ ਦੱਸਿਆ ਕਿ ਗੁਰੂ ਅਰਜਨ ਦੇਵ ਜੀ ਦੀ ਜੀਵਨੀ ਤੋਂ ਇਲਾਵਾ ਗੁਰਬਾਣੀ ਤੇ ਸਿੱਖ ਇਤਿਹਾਸ ਬਾਰੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਚਾਰਕ ਭਾਈ ਅਵਤਾਰ ਸਿੰਘ ਘਰਿਆਲਾ ਨੇ ਵਿਚਾਰਾਂ ਸਾਂਝੀਆਂ ਕੀਤੀਆਂ।ਭਾਈ ਘਰਿਆਲਾ ਮੁਤਾਬਿਕ ਗੁਰੂ ਅਰਜਨ ਦੇਵ ਜੀ ਹਾੜ੍ਹ ਦੇ ਮਹੀਨੇ ਤਪਦੀਆਂ ਧੁੱਪਾਂ, ਤਪਦੀਆਂ ਲੋਆਂ ਤੇ ਹਰ ਪਾਸੋਂ ਆਉਂਦੀਆਂ ਤੱਤੀਆਂ ਹਵਾਵਾਂ ਦੇ ਬਾਵਜੂਦ ਸ਼ਾਂਤ ਰਹੇ ਅਤੇ ਆਪਣਾ ਹਿਰਦਾ ਵੀ ਸ਼ਾਂਤ ਰੱਖਿਆ।ਭਾਈ ਘਰਿਆਲਾ ਨੇ ਮਾਤਾ ਗੰਗਾ ਜੀ ਖਿਲਾਫ ਸੁਣਾਈਆਂ ਜਾਂਦੀਆਂ ਗਲਤ ਸਾਖੀਆਂ ਦਾ ਵੀ ਅੰਕੜਿਆਂ ਸਹਿਤ ਦਲੀਲ ਨਾਲ ਖੰਡਨ ਕਰਦਿਆਂ ਆਖਿਆ ਕਿ ਇਤਿਹਾਸ ਨੂੰ ਮਿਥਿਹਾਸ ਬਣਾਉਣ ਜਾਂ ਗਲਤ ਰੰਗਤ ਦੇਣ ਵਾਲਿਆਂ ਤੋਂ ਸੁਚੇਤ ਹੋਣ ਦੀ ਲੋੜ ਹੈ।ਉਨ੍ਹਾ ਗੁਰੂ ਅਰਜਨ ਦੇਵ ਜੀ ਸਮੇਤ ਗੁਰੂ ਹਰਗੋਬਿੰਦ ਰਾਏ, ਪ੍ਰਿਥੀ ਚੰਦ, ਜਹਾਂਗੀਰ ਨਾਲ ਜੁੜੇ ਗੁਰਇਤਿਹਾਸ ਦੀ ਸਾਂਝ ਪਾਉਂਦਿਆਂ ਦੱਸਿਆ ਕਿ ਪ੍ਰਿਥੀ ਚੰਦ ਦੀਆਂ ਸਾਜ਼ਿਸ਼ਾਂ ਕਾਮਯਾਬ ਨਾ ਹੋ ਸਕੀਆਂ। ਗੁਰਦਵਾਰਾ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਜਸਦੀਪ ਸਿੰਘ ਤੇ ਸੇਵਾਦਾਰ ਬਾਬਾ ਮੁਕੰਦ ਸਿੰਘ ਮੁਤਾਬਿਕ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਚਰਨ ਸਿੰਘ, ਮਨਜੀਤ ਸਿੰਘ, ਸੁਖਦੀਪ ਸਿੰਘ ਰੋਛਾ, ਇਕਬਾਲ ਸਿੰਘ ਮੈਂਬਰਾਨ ਵੱਲੋਂ ਭਾਈ ਅਵਤਾਰ ਸਿੰਘ ਘਰਿਆਲਾ ਤੇ ਸਮਾਜਸੇਵੀ ਗੁਰਿੰਦਰ ਸਿੰਘ ਮਹਿੰਦੀਰੱਤਾ ਦਾ ਸਿਰੋਪਾਉ ਦੀ ਬਖਸ਼ਿਸ਼ ਨਾਲ ਸਨਮਾਨ ਕੀਤਾ ਗਿਆ। ਪ੍ਰਬੰਧਕਾਂ ਨੇ ਸ਼ਰਧਾਲੂਆਂ ਨੂੰ ਗਰਮੀ ਤੋਂ ਰਾਹਤ ਦਿਵਾਉਣ ਲਈ ਸੰਗਤਾਂ ਦੇ ਸਹਿਯੋਗ ਨਾਲ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਾਈ ਤੇ ਗੁਰੂ ਦਾ ਲੰਗਰ ਅਤੁੱਟ ਵਰਤਿਆ।

## ਸ੍ਰੀ ਸੀਮੈਂਟ ਕੰਪਨੀ ਵੱਲੋਂ ਸ੍ਰੀ ਵਿਸ਼ਵਕਰਮਾ ਮਹਾਸੰਮੇਲਨ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਸ੍ਰੀ ਸੀਮੈਂਟ ਕੰਪਨੀ ਨੇ ਸਮਾਣਾ (ਪਟਿਆਲਾ) ਵਿੱਚ ਸ੍ਰੀ ਵਿਸ਼ਵਕਰਮਾ ਮਹਾਸੰਮੇਲਨ ਕੀਤਾ ਗਿਆ।ਕੰਪਨੀ ਵੱਲੋਂ ਗੁਰਪ੍ਰੀਤ ਸਿੰਘ ਚੌਹਾਨ ਸਟੇਟ ਹੈੱਡ (ਮਾਰਕੀਟਿੰਗ), ਸ੍ਰੀ ਰਜਨੀਸ਼ ਸ਼ਰਮਾ ਸਟੇਟ ਹੈੱਡ (ਤਕਨੀਕੀ), ਖੇਤਰੀ ਹੈੱਡ ਸਚਿਨ ਕਾਂਸਲ, ਮਾਰਕੀਟਿੰਗ ਇੰਚਾਰਜ ਨਰਿੰਦਰ ਵਾਲੀਆ, ਗਗਨਦੀਪ ਗੋਸਲ, ਸੇਲਜ਼ ਪ੍ਰਮੋਟਰ ਰਾਜਵਿੰਦਰ ਸਿੰਘ ਮਾਲਵਾ ਸੀਮਿੰਟ ਸਟੋਰ, ਬਾਵਾ ਜੀ, ਖੁਸ਼ਨੀਲ ਸਿੰਗਲਾ, ਕੰਪਨੀ ਦੇ ਅਧਿਕਾਰੀ ਰਾਮ ਸਿੰਘ, ਮਨਦੀਪ ਸ਼ਰਮਾ, ਲਖਵਿੰਦਰ ਸਿੰਘ, ਪ੍ਰੀਤ ਪਾਲ ਸਿੰਘ, ਵਿਕਰਮ ਤੇ ਸਾਹਿਲ ਮੌਜੂਦ ਸਨ।ਪ੍ਰੋਗਰਾਮ ਵਿੱਚ ਕੰਪਨੀ ਦੇ ਅਧਿਕਾਰੀਆਂ ਨੇ ਸ੍ਰੀ ਸੀਮੈਂਟ ਕੰਪਨੀ ਦੇ ਪ੍ਰੀਮੀਅਮ ਬ੍ਰਾਂਡ ਰੁਫਾਨ ਅਤੇ ਮੈਗਨਾ ਸੀਮੈਂਟ ਦੀ ਗੁਣਵੱਤਾ ਬਾਰੇ ਜਾਣਕਾਰੀ ਦਿੱਤੀ।ਕੰਪਨੀ ਨੇ ਸਾਰੇ ਆਉਣ ਵਾਲੇ ਠੇਕੇਦਾਰਾਂ ਨੂੰ ਕੂਲਰ, ਪੈਡਸਟਲ ਪੱਖੇ, ਜੂਸਰ, ਮਿਕਸਰ ਤੇ ਹੋਰ ਇਨਾਮ ਦੇ ਕੇ ਸਨਮਾਨਤ ਕੀਤਾ।ਠੇਕੇਦਾਰ ਭਰਾਵਾਂ ਨੇ ਰੁਫਾਨ ਤੇ ਮੈਗਨਾ ਸੀਮੈਂਟ ਦੀ ਗੁਣਵੱਤਾ ਦੀ ਬਹੁਤ ਪ੍ਰਸ਼ੰਸਾ ਕੀਤੀ।

## ਗੁਰੂ ਨਾਨਕ ਨੈਸ਼ਨਲ ਕਾਲਜ 'ਚ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਐੱਨ. ਐੱਸ. ਐੱਸ. ਯੂਨਿਟ ਵੱਲੋਂ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵਾਲੰਟੀਅਰ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਹਰ ਤਰ੍ਹਾਂ ਦੇ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਆ।ਇਸ ਅਵਸਰ 'ਤੇ ਹਾਜ਼ਰ ਅਧਿਆਪਕ ਸਾਹਿਬਾਨ ਤੇ ਵਾਲੰਟੀਅਰ ਵਿਦਿਆਰਥੀਆਂ ਵੱਲੋਂ ਤੰਬਾਕੂ ਦੀ ਵਰਤੋਂ ਨਾ ਕਰਨ ਦੀ ਸਹੁੰ ਚੁੱਕੀ ਗਈ।ਇਸ ਮੌਕੇ ਡੀਨ ਐਕਸਟੈਂਸ਼ਨ ਐਕਟੀਵਿਟੀਜ਼ ਡਾ. ਲਵਲੀਨ ਬੈਂਸ, ਪ੍ਰੋ. ਅਮਨਦੀਪ ਚੀਮਾ (ਐੱਨ. ਐੱਸ. ਐੱਸ. ਪ੍ਰੋਗਰਾਮ ਅਫ਼ਸਰ), ਡਾ. ਗੁਰਪ੍ਰੀਤ ਸਿੰਘ (ਐੱਨ. ਐੱਸ. ਐੱਸ. ਪ੍ਰੋਗਰਾਮ ਅਫ਼ਸਰ), ਪ੍ਰੋ. ਕੁਲਦੀਪ ਕੌਰ ਤੇ ਪ੍ਰੋ. ਹਰਦੀਪ ਕੌਰ ਹਾਜ਼ਰ ਸਨ।ਇਸ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੁੱਚੀ ਟੀਮ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਮੁਬਾਰਕਬਾਦ ਦਿੱਤੀ।

## ਐੱਸ.ਐੱਸ.ਡੀ. ਸਰਕਾਰੀ ਸਕੂਲ 'ਚ ਮਾਪੇ-ਅਧਿਆਪਕ ਮਿਲਣੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ੍ਰੀ ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਚ ਮਾਪੇ-ਅਧਿਆਪਕ ਮਿਲਣੀ ਕਰਵਾਈ ਗਈ। ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਦੀ ਅਗਵਾਈ ਵਿੱਚ ਹੋਈ ਮਿਲਣੀ ਦੌਰਾਨ ਵੱਡੀ ਗਿਣਤੀ ਮਾਪਿਆਂ ਨੇ ਬੱਚਿਆਂ ਸਮੇਤ ਸ਼ਿਰਕਤ ਕੀਤੀ। ਇਸ ਮੌਕੇ ਬਹੁਤ ਸਾਰੀਆਂ ਵਿੱਦਿਅਕ ਸਹਿ-ਗਤੀਵਿਧੀਆਂ, ਜਿਸ ਵਿੱਚ ਬੈਗਲੈੱਸ ਡੇਅ ਤਹਿਤ ਮਨੋਰੰਜਕ ਢੰਗ ਨਾਲ ਬੱਚਿਆਂ ਨੂੰ ਸਿੱਖਣ ਸਿਖਾਉਣ ਦੀ ਪ੍ਰਕਿਰਿਆ ਸਮਝਾਈ ਗਈ। ਇਸੇ ਤਰ੍ਹਾਂ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ, ਜਿਸ ਤਹਿਤ ਅਧਿਆਪਕਾਂ ਵੱਲੋਂ ਮੈਡੀਕਲ ਗੁਣਾਂ ਵਾਲੇ ਬੂਟੇ ਵੰਡੇ ਗਏ। ਇਸ ਮੌਕੇ ਨੋ ਪਲਾਸਟਿਕ ਤੇ ਨੋ ਤੰਬਾਕੂ ਗਤੀਵਿਧੀਆਂ ਤਹਿਤ ਇਨ੍ਹਾਂ ਤੋਂ ਦੂਰ ਰਹਿਣ ਦੀ ਪ੍ਰੇਰਣਾ ਦਿੱਤੀ ਅਤੇ ਵਿਦਿਆਰਥੀਆਂ ਨੇ ਘਰ ਦੇ ਬਣੇ ਕੱਪੜੇ ਵਾਲੇ ਥੈਲੇ, ਜਿਊਟ ਵਾਲੇ ਥੈਲੇ ਤੇ ਕਾਗਜ਼ਾਂ ਤੋਂ ਤਿਆਰ ਲਿਫਾਫ਼ਿਆਂ ਦੀ ਪ੍ਰਦਰਸ਼ਨੀ ਵੀ ਲਗਾਈ। ਇਸ ਮੌਕੇ ਸ਼ਿਵ ਕੁਮਾਰ ਸ਼ਿਵਲੀ, ਪੁਲਸ ਸਾਂਝ ਕੇਂਦਰ ਦੇ ਨੁਮਾਇੰਦੇ ਤੇ ਹੋਰ ਪਤਵੰਤੇ ਮੌਜੂਦ ਸਨ।



# ਸਫਾਈ ਕਰਮਚਾਰੀਆਂ ਦੀਆਂ ਹੱਕੀ ਮੰਗਾਂ ਮੰਨਵਾਉਣ ਤੱਕ ਸੰਘਰਸ਼ ਜਾਰੀ ਰਹੇਗਾ : ਸੰਜੀਵ ਰੱਤੀ

## ਸਫਾਈ ਸੇਵਕ ਯੂਨੀਅਨ ਭਲਕੇ ਬਰੇਟਾ 'ਚ ਕਰੇਗੀ ਜ਼ਿਲ੍ਹਾ ਪੱਧਰੀ ਮੁਜ਼ਾਹਰਾ



**ਭੀਖੀ (ਧਰਮਵੀਰ ਸ਼ਰਮਾ)**-ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਵੱਖ ਵੱਖ ਸਥਾਨਕ ਇਕਾਈਆਂ ਦੇ ਸਫਾਈ ਕਰਮਚਾਰੀਆਂ ਵੱਲੋਂ ਅਣਮਿੱਥੇ ਸਮੇਂ ਲਈ ਕੀਤੀ ਹੜਤਾਲ ਸਬੰਧੀ ਨਗਰ ਪੰਚਾਇਤ ਭੀਖੀ ਵਿਖੇ ਯੂਨੀਅਨ ਦੇ ਸੂਬਾਈ ਉੱਪ-ਪ੍ਰਧਾਨ ਸੰਜੀਵ ਰੱਤੀ ਨੇ ਕਿਹਾ ਕਿ ਸਫਾਈ ਕਰਮਚਾਰੀਆਂ ਦੀਆਂ ਹੱਕੀ ਮੰਗਾਂ ਮਨਵਾਉਣ ਲਈ ਯੂਨੀਅਨ ਲਗਾਤਾਰ ਸੰਘਰਸ਼ ਕਰੇਗੀ।ਉਨ੍ਹਾਂ ਕਿਹਾ ਕਿ ਮੌਜੂਦਾ ਸੂਬਾ ਸਰਕਾਰ ਨੇ ਸਫਾਈ ਕਰਮਚਾਰੀਆਂ ਦੀਆਂ ਹੱਕੀ ਮੰਗਾਂ ਨੂੰ ਨਜ਼ਰਅੰਦਾਜ਼ ਹੀ ਨਹੀਂ ਕੀਤਾ, ਬਲਕਿ ਉਨ੍ਹਾਂ ਦੇ ਬਣਦੇ ਹੱਕ ਦੇਣ ਤੋਂ ਵੀ ਕੰਨੀਂ ਕਤਰਾ ਰਹੀ ਹੈ।ਹਾਲਾਤ ਇੰਨੇ ਮਾੜੇ ਹਨ ਕਿ ਸਫਾਈ ਕਰਮਚਾਰੀਆਂ ਨੂੰ ਸਮੇਂ ਸਿਰ ਤਨਖਾਹਾਂ ਵੀ ਨਸੀਬ ਨਹੀਂ ਹੋ ਰਹੀਆਂ।ਉਨ੍ਹਾਂ ਕਿਹਾ ਕਿ ਜੋ ਕਰਮਚਾਰੀ ਆਪਣੇ 3 ਸਾਲ ਦਾ ਸਮਾਂ ਮੁਕੰਮਲ ਕਰ ਚੁੱਕੇ ਹਨ, ਨੂੰ ਪੱਕਿਆਂ ਕੀਤਾ ਜਾਵੇ ਤੋਂ ਇਲਾਵਾ ਜਿਸ ਸਫਾਈ ਕਰਮਚਾਰੀ ਦੀ ਮੌਤ ਹੋ ਚੁੱਕੀ ਹੈ, ਉਨ੍ਹਾਂ ਦੇ ਆਸ਼ਰਤਾਂ ਨੂੰ ਠੇਕੇ 'ਤੇ ਭਰਤੀ ਕੀਤਾ ਜਾਵੇ, ਹਾਦਸਾਗ੍ਰਸਤ ਸਫਾਈ ਕਰਮਚਾਰੀਆਂ ਨੂੰ ਤੁਰੰਤ ਬਣਦੇ ਫੰਡ ਦਿੱਤੇ ਜਾਣ ਅਤੇ ਸਫਾਈ ਕਰਮਚਾਰੀਆਂ ਦਾ ਬੀਮਾ ਨਿਸ਼ਚਿਤ ਕੀਤਾ ਜਾਵੇ।ਉਨ੍ਹਾਂ ਮੰਗ ਕੀਤੀ ਕਿ ਪੱਕੇ ਸਫਾਈ ਕਰਮਚਾਰੀਆਂ ਨੂੰ ਵਰਦੀਆਂ, ਸੁਰੱਖਿਆ ਸਾਧਨ ਤੇ ਸਮਾਂਬੱਧ ਭੱਤੇ ਦਿੱਤੇ ਜਾਣ।ਇਸ ਮੌਕੇ ਉਨ੍ਹਾਂ ਸਫਾਈ ਕਰਮਚਾਰੀਆਂ ਨੂੰ ਅਹਿਦ ਕੀਤਾ ਕਿ ਉਹ ਆਪਣੀਆਂ ਹੱਕੀ ਮੰਗਾਂ ਮਨਵਾਏ ਬਿਨਾਂ ਕਿਸੇ ਦਬਾਅ ਦੇ ਸੰਘਰਸ਼ ਵਿੱਚ ਕੁੱਦਣ।ਉਨ੍ਹਾਂ ਦੱਸਿਆ ਕਿ 3 ਜੂਨ ਨੂੰ ਬਰੇਟਾ ਵਿਖੇ ਜ਼ਿਲ੍ਹਾ ਪੱਧਰੀ ਰੋਸ ਮੁਜਾਹਰਾ ਕੀਤਾ ਜਾਵੇਗਾ ਅਤੇ ਉਨ੍ਹਾਂ ਵੱਧ ਤੋਂ ਵੱਧ ਸਫਾਈ ਕਰਮਚਾਰੀਆਂ ਨੂੰ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਵਿਵਾਜ ਕੁਮਾਰ ਨੂਰੀ, ਐਕਸ਼ਨ ਕਮੇਟੀ ਮੈਂਬਰ ਪਵਨ ਕੁਮਾਰ ਟਾਂਕ, ਜ਼ਿਲ੍ਹਾ ਉਪ ਪ੍ਰਧਾਨ ਹਰਬੰਸ ਸਿੰਘ ਤੋਂ ਇਲਾਵਾ ਸਥਾਨਕ ਕਮੇਟੀ ਦੇ ਕਰਮਚਾਰੀ ਸ਼੍ਰੀ ਚੰਦ, ਬਨੀਆ ਰਾਮ, ਪੂਰਨ ਚੰਦ, ਵਿਨੋਦ ਕੁਮਾਰ, ਮਿਥੁਨ ਕੁਮਾਰ ਤੇ ਰਵੀ ਕੁਮਾਰ ਤੋਂ ਇਲਾਵਾ ਸਮੂਹ ਕਰਮਚਾਰੀ ਮੌਜੂਦ ਸਨ।

## 80 ਗ੍ਰਾਮ ਹੈਰੋਇਨ ਸਮੇਤ 5 ਨਸ਼ਾਖੋਰ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਪੁਲਸ ਨੇ ਵੱਖ-ਵੱਖ ਇਲਾਕਿਆਂ ਵਿੱਚ ਗਸ਼ਤ ਤੇ ਛਾਪੇਮਾਰੀ ਦੌਰਾਨ 80 ਗ੍ਰਾਮ ਹੈਰੋਇਨ ਜ਼ਬਤ ਕਰਕੇ 5 ਨਸ਼ਾਖੋਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ ਦੋਸ਼ੀਆਨ ਖਿਲਾਫ਼ ਥਾਣਾ ਸਿਟੀ, ਥਾਣਾ ਕੈਂਟ, ਥਾਣਾ ਸਦਰ, ਥਾਣਾ ਤਲਵੰਡੀ ਭਾਈ ਤੇ ਥਾਣਾ ਮੱਲਾਂਵਾਲਾ ਪੁਲਸ ਨੇ ਨਾਰਕੋਟਿਕਸ ਡਰੱਗਸ ਐਂਡ ਸਾਈਕੋਟਰੋਪਿਕ ਸਬਸਟੈਂਸਜ਼ (ਐੱਨਡੀਪੀਐੱਸ) ਐਕਟ ਅਧੀਨ ਕੇਸ ਦਰਜ ਕੀਤੇ ਹਨ। ਥਾਣਾ ਸਿਟੀ ਪੁਲਸ ਨੇ ਮਾਲ ਰੋਡ ਨੇੜੇ ਮਾਲਵਾ ਖਾਲਸਾ ਸਕੂਲ ਦੀ ਕੰਧ ਕੋਲੋਂ ਕਰਤਾਰ ਸਿੰਘ ਪੁੱਤਰ ਓਮ ਪ੍ਰਕਾਸ਼ ਪਾਸੋਂ 3 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਕੈਂਟ ਪੁਲਸ ਨੇ ਕੈਨਾਲ ਕਾਲੋਨੀ ਵਿੱਚ ਰਾਜਿੰਦਰ ਕੁਮਾਰ ਉਰਫ਼ ਰਾਜਾ ਪਾਸੋਂ 3 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਥਾਣਾ ਸਦਰ ਪੁਲਸ ਨੇ ਨਹਿਰੀ ਇਲਾਕੇ ਵਿੱਚ ਦਿਲਪ੍ਰੀਤ ਸਿੰਘ ਉਰਫ਼ ਜੈਲੀ ਕੋਲੋਂ 5 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਥਾਣਾ ਤਲਵੰਡੀ ਭਾਈ ਦੀ ਪੁਲਸ ਨੇ ਕੋਟ ਕਰੋੜ ਦੇ ਬੱਸ ਸਟੈਂਡ 'ਤੇ ਸਾਜਨ ਕੁਮਾਰ ਪਾਸੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਮੱਲਾਂਵਾਲਾ ਦੀ ਪੁਲਸ ਨੇ ਖੋਸਾ ਦਲ ਸਿੰਘ ਗੇਟ 'ਤੇ ਬੱਬਲ ਸਿੰਘ ਕੋਲੋਂ 65 ਗ੍ਰਾਮ ਹੈਰੋਇਨ ਦੀ ਬਰਾਮਦ ਕੀਤੀ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਕਾਰਵਾਈ ਨਸ਼ੀਲੇ ਪਦਾਰਥਾਂ ਵਿਰੁੱਧ ਚੱਲ ਰਹੀ ਮੁਹਿੰਮ ਦਾ ਹਿੱਸਾ ਹੈ। ਐੱਸ ਐੱਸ ਪੀ ਫਿਰੋਜ਼ਪੁਰ ਨੇ ਇਲਾਕੇ ਵਿੱਚ ਨਸ਼ਾਖੋਰੀ ਰੋਕਣ ਲਈ ਹੋਰ ਵੀ ਸਖ਼ਤ ਕਦਮ ਚੁੱਕਣ ਦਾ ਐਲਾਨ ਕੀਤਾ ਹੈ। ਗ੍ਰਿਫ਼ਤਾਰ ਕੀਤੇ ਗਏ ਸਾਰੇ ਦੋਸ਼ੀਆਨ ਨੂੰ ਕੋਰਟ ਵਿੱਚ ਪੇਸ਼ ਕੀਤਾ ਗਿਆ। ਪੁਲਸ ਨੇ ਦੱਸਿਆ ਇਨ੍ਹਾਂ ਦੋਸ਼ੀਆਨ ਦੇ ਸੰਪਰਕਾਂ ਤੇ ਨਸ਼ੇ ਦੀ ਤਸਕਰੀ ਦੇ ਨੈੱਟਵਰਕ ਦਾ ਪਤਾ ਲਗਾਉਣ ਲਈ ਜਾਂਚ ਕਰ ਰਹੀ ਹੈ।

## ਬਲੌਜ਼ਮਜ਼ ਸਕੂਲ ਦੇ ਵਿਦਿਆਰਥੀਆਂ ਹਰਿਆਣਵੀ ਪਕਵਾਨ ਬਣਾਉਣੇ ਸਿੱਖੇ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਸੀ.ਬੀ.ਐੱਸ.ਈ. ਦੀਆਂ ਹਦਾਇਤਾਂ ਤਹਿਤ ਚੱਲ ਰਹੇ ਸਮਰ ਕੈਂਪ ਦੌਰਾਨ ਚੌਥੇ ਦਿਨ ਦੇ ਗੁਜ਼ਰਦਿਆਂ ਸਕੂਲੀ ਵਿਦਿਆਰਥੀਆਂ ਨੇ ਹਰਿਆਣਵੀਂ ਪਕਵਾਨ ਬਣਾਉਣਾ ਸਿੱਖਿਆ।ਉਨ੍ਹਾਂ ਵੱਲੋਂ ਕੜੀ-ਪਕੌੜਾ, ਹਲਵਾ, ਬਥੂਆ ਦਾ ਰਾਇਤਾ, ਚਾਵਲ ਬਣਾਉਣੇ ਸਿੱਖੇ।ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਕਿਹਾ ਕਿ ਇਹ ਇਕ ਅਜਿਹੀ ਪ੍ਰਕਿਰਿਆ ਹੈ, ਜਿਸ ਵਿੱਚ ਸਾਰੇ ਵਿਦਿਆਰਥੀਆਂ ਨੂੰ ਮੁਹਾਰਤ ਹਾਸਲ ਕਰਨੀ ਚਾਹੀਦੀ ਹੈ। ਆਪਣੇ ਘਰ ਤੋਂ ਅਜਿਹੀਆਂ ਗਤੀਵਿਧੀਆਂ ਸਿੱਖ ਕੇ ਆਪਣੇ ਘਰ ਦੀ ਰਸੋਈ ਵਿੱਚ ਆਪਣੇ ਮਾਪਿਆਂ ਦੀ ਮਦਦ ਕਰਨ ਦਾ ਹੁਨਰ ਵਿਦਿਆਰਥੀਆਂ ਵਿੱਚ ਸਹਿਜੇ ਹੀ ਆ ਜਾਂਦਾ ਹੈ, ਅਸੀਂ ਆਪਣੇ ਸਕੂਲ ਦੇ ਬੱਚਿਆਂ ਨੂੰ ਸਰਵਪੱਖੀ ਸੰਪੂਰਨ ਕਰਨ ਵਿੱਚ ਹਰ ਸੰਭਵ ਯਤਨ ਕਰਦੇ ਹਾਂ।ਇਸ ਮੌਕੇ ਸਕੂਲ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਵਿਦਿਆਰਥੀਆਂ ਨੂੰ ਨਸੀਹਤ ਦਿੱਤੀ ਕਿ ਇਥੋਂ ਸਿੱਖੇ ਬੱਚੇ ਵਿਦੇਸ਼ਾਂ ਵਿੱਚ ਜਾ ਕਦੇ ਡੋਲਦੇ ਨਹੀਂ।

# ਬਖਤਪੁਰ, ਲੱਖਣ ਕਲਾਂ, ਬੁੱਚੇਨੰਗਲ, ਸੰਗਤਪੁਰ, ਬਖਸ਼ੀਵਾਲ ਤੇ ਮੌਰ 'ਚ ਕੱਢੀ ਨਸ਼ਾ ਮੁਕਤੀ ਯਾਤਰਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਰਹੱਦੀ ਖੇਤਰ ਵਿੱਚੋਂ ਨਸ਼ਾ



ਖਤਮ ਕਰਨ ਲਈ ਲੋਕਾਂ ਕੋਲੋਂ ਸਾਥ ਮੰਗਦਿਆਂ ਕਿਹਾ ਹੈ ਕਿ ਨਸ਼ਾ ਖਤਮ ਕਰਨਾ ਸਾਡੀਆਂ ਨਸਲਾਂ ਦੇ ਭਵਿੱਖ ਲਈ ਜ਼ਰੂਰੀ ਹੈ, ਇਸ ਲਈ ਤੁਸੀਂ ਸਾਰੇ ਪੰਜਾਬ ਸਰਕਾਰ ਦਾ ਸਾਥ ਦਿਓ ਤਾਂ ਜੋ ਇਸ ਕੋਹੜ ਨੂੰ ਜੜ੍ਹੋਂ ਲਾਹਿਆ ਜਾ ਸਕੇ। ਉਨ੍ਹਾਂ ਕਿਹਾ ਕਿ ਆਪਾਂ ਅਫਗਾਨੀ ਧਾੜਵੀ ਰੋਕ ਲਏ, ਅੰਗਰੇਜ਼ਾਂ ਨੂੰ ਦੇਸ਼ 'ਚੋਂ ਕੱਢ ਦਿੱਤਾ, ਗਵਾਂਢੀ ਦੇਸ਼ਾਂ ਨਾਲ ਜੰਗਾਂ ਜਿੱਤ ਲਈਆਂ, ਅੱਤਵਾਦ ਉੱਤੇ ਫਤਿਹ ਪਾ ਲਈ ਅਤੇ ਹੁਣ ਵੇਲਾ ਨਸ਼ਿਆਂ ਵਿਰੁੱਧ ਯੁੱਧ ਦਾ ਹੈ ਅਤੇ ਇਸ ਵਿੱਚ ਵੀ ਜਿੱਤ ਆਪਣੀ ਹੀ ਹੋਣੀ ਹੈ, ਬਸ ਲੋੜ ਤੁਹਾਡੇ ਸਾਥ ਦੀ ਹੈ। ਬੀਤੀ ਸ਼ਾਮ ਡੇਰਾ ਬਾਬਾ ਨਾਨਕ ਹਲਕੇ ਦੇ ਪਿੰਡ ਬਖਤਪੁਰ, ਲੱਖਣ ਕਲਾਂ, ਬੁੱਚੇਨੰਗਲ, ਸੰਗਤਪੁਰ, ਬਖਸ਼ੀਵਾਲ ਅਤੇ ਮੌਰ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਕਰਵਾਈਆਂ ਗਈਆਂ ਪ੍ਰਭਾਵਸ਼ਾਲੀ ਨਸ਼ਾ ਵਿਰੋਧੀ ਜਾਗਰੂਕਤਾ ਰੈਲੀਆਂ ਦੌਰਾਨ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਪੰਜਾਬ ਵਿੱਚ ਨਸ਼ੇ ਦੇ ਪਸਾਰੇ ਲਈ ਕਾਂਗਰਸ ਤੇ ਅਕਾਲੀ ਭਾਜਪਾ ਸਰਕਾਰਾਂ ਨੂੰ ਕਟਹਿਰੇ 'ਚ ਖੜ੍ਹਾ ਕਰਦਿਆਂ ਕਿਹਾ ਕਿ ਇਨ੍ਹਾਂ ਸਰਕਾਰਾਂ ਦੇ ਆਗੂਆਂ ਵੱਲੋਂ ਨਸ਼ਾ ਤਸਕਰਾਂ ਨੂੰ ਸਰਪ੍ਰਸਤੀ ਦਿੱਤੀ ਜਾਂਦੀ ਸੀ। ਉਨ੍ਹਾਂ ਕਿਹਾ ਕਿ ਹੁਣ ਭਗਵੰਤ ਮਾਨ ਸਰਕਾਰ ਨੇ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਜੰਗ ਦਾ ਐਲਾਨ ਕਰ ਦਿੱਤਾ ਹੈ ਅਤੇ ਸਰਕਾਰ ਵੱਲੋਂ ਨਸ਼ਾ ਤਸਕਰਾਂ ਖਿਲਾਫ ਵੱਡੀਆਂ ਕਾਰਵਾਈਆਂ ਜਾਰੀ ਹਨ। ਉਨ੍ਹਾਂ ਸਪਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਕਿਸੇ ਕਿਸਮ ਦੀ ਸਿਆਸੀ ਦਖਲਅੰਦਾਜ਼ੀ ਨਾ ਪਹਿਲਾਂ ਕੀਤੀ ਜਾ ਰਹੀ ਸੀ, ਨਾ ਹੁਣ ਕੀਤੀ ਜਾ ਰਹੀ ਹੈ, ਸਗੋਂ ਨਸ਼ਾ ਤਸਕਰਾਂ ਪ੍ਰਤੀ ਢਿੱਲ ਵਰਤਣ ਵਾਲੇ ਪੁਲੀਸ ਅਫਸਰਾਂ ਤੇ ਮੁਲਾਜ਼ਮਾਂ ਵਿਰੁੱਧ ਵੀ ਵਿਭਾਗੀ ਕਾਰਵਾਈ ਕਰਨ ਤੋਂ ਸੰਕੋਚ ਨਹੀਂ ਕੀਤਾ ਜਾ ਰਿਹਾ। ਵਿਧਾਇਕ ਰੰਧਾਵਾ ਨੇ ਮੌਜੂਦ ਅਧਿਕਾਰੀਆਂ ਸਣੇ ਪੰਚਾਇਤੀ ਨੁਮਾਇੰਦਿਆਂ, ਨੰਬਰਦਾਰਾਂ, ਵਿਲੇਜ ਡਿਫੈਂਸ ਕਮੇਟੀਆਂ ਨੂੰ ਸਮੂਹਿਕ ਤੌਰ 'ਤੇ ਨਸ਼ਿਆਂ ਵਿਰੁੱਧ ਹਲਫ ਦਿਵਾਉਂਦਿਆਂ ਦਾਅਵਾ ਕੀਤਾ ਕਿ ਸੂਬਾ ਸਰਕਾਰ ਤੁਹਾਡੇ ਸਹਿਯੋਗ ਨਾਲ ਇਸ ਯੁੱਧ ਵਿੱਚ ਵੀ ਫਤਿਹ ਹਾਸਲ ਕਰਨ ਜਾ ਰਹੀ ਹੈ। ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਪੀ ਏ ਲਵਪ੍ਰੀਤ ਸਿੰਘ, ਹਲਕਾ ਕੋਆਰਡੀਨੇਟਰ ਅਰਸ਼ਦੀਪ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਕਾਮਰੇਡ ਬਲਬੀਰ ਸਿੰਘ ਧੂੰਦਾ ਨਹੀਂ ਰਹੇ

**ਫਤਿਆਬਾਦ, (ਸਰਬਜੀਤ ਸਿੰਘ ਸੰਧਾ)**-ਕਾਮਰੇਡ ਬਲਬੀਰ ਸਿੰਘ ਧੂੰਦਾ ਦਾ ਕੁਝ ਦਿਨ ਬੀਮਾਰ ਰਹਿਣ ਕਰਕੇ ਦਿਹਾਂਤ ਹੋ ਗਿਆ। ਉਹ ਤਕਰੀਬਨ 70 ਸਾਲ ਦੇ ਸਨ ਉਹ ਆਪਣੇ ਪਿੱਛੇ ਤਿੰਨ ਪੁੱਤਰ ਨਿਸ਼ਾਨ ਸਿੰਘ, ਹਰਜੀਤ ਸਿੰਘ ਤੇ



ਗੋਪੂ ਅਤੇ ਧੀ ਮਨਪ੍ਰੀਤ ਕੌਰ ਨੂੰ ਛੱਡ ਗਏ ਹਨ। ਬਲਬੀਰ ਸਿੰਘ ਕੁੱਲ ਹਿੰਦ ਕਿਸਾਨ ਸਭਾ ਦੇ ਸਰਗਰਮ ਸਿਪਾਹੀ ਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਕਮੇਟੀ ਮੈਂਬਰ ਸਨ। ਉਹ ਪਾਰਟੀ ਸਰਗਰਮੀਆਂ ਵਿੱਚ ਲਗਾਤਾਰ ਐਕਟਿਵ ਰਹਿੰਦੇ ਸਨ। ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਪਾਰਟੀ ਦੇ ਜ਼ਿਲ੍ਹਾ ਸੱਕਤਰ ਕਾਮਰੇਡ ਦਵਿੰਦਰ ਕੁਮਾਰ ਸੋਹਲ, ਜ਼ਿਲ੍ਹਾ ਮੀਤ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ, ਬਲਾਕ ਕਮੇਟੀ ਦੇ ਮੀਤ ਸਕੱਤਰ ਬਲਦੇਵ ਸਿੰਘ ਧੂੰਦਾ, ਦਰਸ਼ਨ ਸਿੰਘ ਬਿਹਾਰੀਪੁਰ ਦੀ ਅਗਵਾਈ ਵਿਚ ਪਾਰਟੀ ਦਾ ਲਾਲ ਝੰਡਾ ਪਾ ਕੇ ਅੰਤਿਮ ਵਿਦਾਇਗੀ ਦਿੱਤੀ ਗਈ।

# ਪ੍ਰਸ਼ਾਸਨ ਵੱਲੋਂ ਦਿਆਲਪੁਰਾ 'ਚ ਗਰੀਬ ਦਾ ਘਰ ਢਾਹੁਣ ਕਰਕੇ ਪਿੰਡ ਵਾਸੀਆਂ 'ਚ ਗੁੱਸੇ ਦੀ ਲਹਿਰ

ਅਜਨਾਲਾ (ਸੁਖਜਿੰਦਰ ਸਿੰਘ ਰਾਜੂ)-ਪੰਜਾਬ ਸਰਕਾਰ ਦਾ ਫੈਸਲਾ ਹੈ ਕਿ ਪਿੰਡ ਦੀ ਲਾਲ ਲਕੀਰ ਵਿੱਚ ਆਉਂਦੇ ਕਿਸੇ ਵੀ ਗਰੀਬ ਗੁਰਬੇ ਦਾ ਘਰ ਨਹੀਂ ਢਾਹਿਆ ਜਾਵੇਗਾ ਪ੍ਰੰਤੂ ਇਸ ਫੈਸਲੇ ਨੂੰ ਛਿੱਕੇ ਟੰਗ ਕੇ ਅਤੇ ਮਾਨਯੋਗ ਕੋਰਟ ਦੀ ਹਦਾਇਤ ਨੂੰ ਵੀ ਨਾ ਮੰਨਦੇ ਹੋਏ ਪਿੰਡ ਦਿਆਲਪੁਰਾ ਤਹਿਸੀਲ ਅਜਨਾਲਾ ਦੇ ਸਰਪੰਚ ਤੇ ਉਸ ਦੇ ਸਾਥੀਆਂ ਵੱਲੋਂ ਅਤਿ ਗਰੀਬ (ਦਲਿਤ) ਦੇ ਲਾਲ ਲਕੀਰ ਅੰਦਰ ਆਉਂਦੇ ਘਰ ਦੀ ਕੰਧ ਢਾਹ ਦੇਣ ਵਿਰੁੱਧ ਪਿੰਡ ਦੇ ਇਨਸਾਫ ਪਸੰਦ ਲੋਕਾਂ ਤੇ ਗਰੀਬਾਂ ਵਿੱਚ ਡਾਢਾ ਗੁੱਸਾ ਪਾਇਆ ਜਾ ਰਿਹਾ ਹੈ। ਦਲਿਤ ਭਾਈ ਸੁਰਜੀਤ ਸਿੰਘ ਨੂੰ ਇਨਸਾਫ ਦਿਵਾਉਣ ਅਤੇ ਕੰਧ ਢਾਹੁਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਾਉਣ ਲਈ ਪਿੰਡ ਦਿਆਲਪੁਰ ਵਿੱਚ ਜਨਤਕ ਜਥੇਬੰਦੀਆਂ ਵੱਲੋਂ ਗੁਰਪ੍ਰੀਤ ਸਿੰਘ, ਮਲੂਕ ਸਿੰਘ, ਕਾਬਲ ਸਿੰਘ, ਗੁਰਤੇਜ ਸਿੰਘ ਤੇ ਮੁਹੱਬਤਪਾਲ ਕੌਰ ਦੀ ਪ੍ਰਧਾਨਗੀ ਹੇਠ ਵਿਸ਼ਾਲ ਇਕੱਠ ਕੀਤਾ ਗਿਆ ਜਿਸ ਵਿੱਚ ਇਲਾਕੇ ਭਰ ਦੇ ਦਿਆਲਪੁਰਾ ਸਮੇਤ ਨਾਸਰ, ਧਾਰੀਵਾਲ, ਭੂਰੇ ਗਿੱਲ, ਮੋਹਣ ਭੰਡਾਰੀਆਂ ਆਦਿ ਪਿੰਡਾਂ ਦੇ ਕਿਸਾਨ, ਮਜ਼ਦੂਰ, ਨੌਜਵਾਨ ਤੇ ਔਰਤਾਂ ਸੈਂਕੜਿਆਂ ਦੀ ਗਿਣਤੀ ਵਿੱਚ ਸ਼ਾਮਿਲ ਹੋਏ। ਸੰਯੁਕਤ ਕਿਸਾਨ ਮੋਰਚੇ ਦੇ



ਪ੍ਰਮੁੱਖ ਆਗੂ ਤੇ ਜਮੂਹਰੀ ਕਿਸਾਨ ਸਭਾ ਦੇ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਪਿਛਲੇ ਸਮੇਂ ਵਿੱਚ ਜਿੰਨੀਆਂ ਵੀ ਤਹਿਸ਼ੁਦਾ ਮੀਟਿੰਗਾਂ ਮੁੱਖ ਮੰਤਰੀ ਭਗਵੰਤ ਮਾਨ ਨਾਲ ਹੋਈਆਂ ਹਨ ਉਸ ਵਿੱਚ ਹਮੇਸ਼ਾ ਹੀ ਕਿਹਾ ਜਾਂਦਾ ਰਿਹਾ ਹੈ ਕਿ ਸਰਕਾਰ ਦੇ ਪੱਕੇ ਹੁਕਮ ਹਨ ਕਿ ਪਿੰਡ ਦੀ ਲਾਲ ਲਕੀਰ ਵਿੱਚ ਆਉਂਦੇ ਕਿਸੇ ਦੇ ਵੀ ਘਰ ਨੂੰ ਢਾਹਿਆ ਜਾਂ ਤੋੜਿਆ ਨਹੀਂ ਜਾਵੇਗਾ ਪ੍ਰੰਤੂ ਅਜਿਹਾ ਨਹੀਂ ਹੋਇਆ ਜਿਸ ਦੀ ਤਾਜ਼ਾ ਮਿਸਾਲ ਹੈ ਕਿ ਲਾਲ ਲਕੀਰ ਵਿੱਚ ਆਉਂਦੇ ਦਲਿਤ ਸੁਰਜੀਤ ਸਿੰਘ ਦੇ ਘਰ ਨੂੰ ਢਾਹਿਆ ਦੇਖਿਆ ਜਾ ਸਕਦਾ ਹੈ। ਇਕੱਠ ਉਪਰੰਤ ਸੁਰਜੀਤ ਸਿੰਘ ਦੇ ਘਰ ਦੀ ਕੰਧ ਢਾਹੁਣ ਵਾਲਾ ਮੌਕਾ ਵੇਖਿਆ ਤੇ ਪਰਿਵਾਰ ਨੂੰ ਦਿਲਾਸਾ ਦਿੱਤਾ ਕਿ ਤੁਹਾਡੇ ਨਾਲ ਸਾਰਾ ਇਲਾਕਾ ਖੜ੍ਹਾ ਹੈ ਅਤੇ ਜਲਦੀ ਹੀ ਤੁਹਾਨੂੰ ਇਨਸਾਫ ਦਿਵਾਇਆ ਜਾਵੇਗਾ। ਇਸ ਮੌਕੇ ਸਿਤਾਰਾ ਸਿੰਘ, ਸੁਰਜੀਤ ਸਿੰਘ ਭੂਰੇ ਗਿੱਲ, ਬਲਤੇਜ ਸਿੰਘ ਦਿਆਲਪੁਰਾ, ਸੁਖਦੇਵ ਸਿੰਘ, ਜਸਪਾਲ ਸਿੰਘ, ਕੁਲਦੀਪ ਸਿੰਘ, ਅਮਰੀਕ ਸਿੰਘ, ਲੋਕ ਸੇਵਕ ਜੀਵਨ ਸਿੰਘ, ਵੀਰ ਸਿੰਘ, ਬਿਕਰਮਜੀਤ ਸਿੰਘ, ਸੰਦੀਪ ਸਿੰਘ, ਗੁਲਜ਼ਾਰ ਸਿੰਘ, ਸਵਿੰਦਰ ਕੌਰ, ਪ੍ਰਗਟ ਮਸੀਹ, ਮਲਕੀਅਤ ਕੌਰ ਤੇ ਅਵਤਾਰ ਸਿੰਘ ਆਦਿ ਨੇ ਵੀ ਪੀੜਿਤ ਸੁਰਜੀਤ ਸਿੰਘ ਨਾਲ ਇੱਕਮੁਠਤਾ ਜਤਾਈ। ਇਸ ਮੌਕੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਔਰਤਾਂ ਦੀਆਂ ਜਥੇਬੰਦੀਆਂ ਦਾ ਗਠਨ ਵੀ ਕੀਤਾ ਗਿਆ।

# ਪਿੰਡ-ਪਿੰਡ ਲੋਕਾਂ ਵੱਲੋਂ ਨਸ਼ਿਆਂ ਖਿਲਾਫ ਲੜਨ ਦਾ ਪ੍ਰਣ

ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਹਲਕਾ ਫਤਿਹਗੜ੍ਹ ਚੂੜੀਆਂ ਵਿੱਚ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਪਿੰਡ ਨਠਵਾਲ, ਪੁਰੀਆਂ ਕਲਾਂ, ਬਲ,



ਮਰੜ, ਰਿਆਲੀ ਕਲਾਂ, ਰਿਆਲੀ ਖੁਰਦ ਵਿੱਚ ਪਿੰਡ ਵਾਸੀਆਂ ਨਾਲ ਮੀਟਿੰਗ ਕੀਤੀ ਤੇ ਨਸ਼ਿਆਂ ਖਿਲਾਫ ਲੜਨ ਦਾ ਪ੍ਰਣ ਕਰਵਾਇਆ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਬਲਬੀਰ ਸਿੰਘ ਪਨੂੰ ਨੇ ਕਿਹਾ ਕਿ ਨਿਸ਼ਆਂ ਵਿਰੁੱਧ ਚੱਲ ਰਹੀ ਯਾਤਰਾ ਵਿੱਚ ਪਿੰਡ ਵਾਲਿਆਂ ਦਾ ਸਾਥ ਬਹੁਤ ਜ਼ਰੂਰੀ ਹੈ ਤਾਂ ਜੋ ਹਰ ਇੱਕ ਪਿੰਡ ਵਿੱਚ ਨਸ਼ਾ ਖਤਮ ਹੋ ਸਕੇ ਅਤੇ ਸੂਬੇ ਨੂੰ ਮੁੜ ਹੱਸਦਾ ਵੱਸਦਾ ਰੰਗਲਾ ਪੰਜਾਬ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਮੂਹਿਕ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਚੱਲ ਰਹੇ ਯੁੱਧ ਨੂੰ ਜਿੱਤਿਆ ਜਾਵੇਗਾ ਅਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਵਿਰੁੱਧ ਸਰਕਾਰ ਵੱਲੋਂ ਸਖਤ ਰੁਖ ਅਖਤਿਆਰ ਕੀਤਾ ਗਿਆ ਹੈ। ਇਸ ਮੌਕੇ ਸਰਪੰਚ ਪੂਰਨ ਸਿੰਘ ਨਿੱਕੇ ਨਠਵਾਲ, ਪ੍ਰਭਜੀਤ ਸਿੰਘ ਨਠਵਾਲ, ਮਲਜਿੰਦਰ ਸਿੰਘ ਪੁਰੀਆਂ, ਕੁਲਜੀਤ ਬੱਲ ਗੁਰਸੇਵਕ ਸਿੰਘ, ਬਿਕਰਮਜੀਤ ਸਿੰਘ ਜਸ ਸਰਪੰਚਰਿਆਂ, ਸਰਪੰਚ ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਸਤਨਾਮ ਸਿੰਘ, ਰਣਜੀਤ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਸਰਪੰਚ ਗੁਰਬਿੰਦਰ ਸਿੰਘ ਕਾਦੀਆਂ, ਬਲਾਕ ਪ੍ਰਧਾਨ ਹਰਦੀਪ ਸਿੰਘ, ਸਰਪੰਚ ਹਰਦੀਪ ਸਿੰਘ ਦਮੋਦਰ, ਰਘਬੀਰ ਸਿੰਘ ਅਠਵਾਲ, ਗਗਨਦੀਪ ਸਿੰਘ ਕੋਟਲਾ ਬਾਮਾ, ਗੁਰਪ੍ਰਤਾਪ ਸਿੰਘ, ਗੁਰਦੇਵ ਔਜਲਾ, ਬਲਾਕ ਪ੍ਰਧਾਨ ਜਗਜੀਤ ਸਿੰਘ ਆਜ਼ਮਪੁਰ ਅਤੇ ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਲੁਧਿਆਣਾ ਜ਼ਿਮਨੀ ਸੀਟ ਤੋਂ ਕਾਂਗਰਸ ਦੀ ਹੋਵੇਗੀ ਵੱਡੀ ਜਿੱਤ: ਹਰਪ੍ਰਤਾਪ ਅਜਨਾਲਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਅਥਾਹ ਵੋਟਾਂ ਪਾਈਆਂ। ਆਪ ਦੇ ਹੱਕ ਵਿੱਚ ਅਜਿਹੀ ਲਹਿਰ ਚੱਲੀ ਕਿ ਪਾਰਟੀ ਦੇ ਉਮੀਦਵਾਰ ਉਥੋਂ ਵੀ ਜਿੱਤ ਗਏ ਜਿੱਥੇ ਬੂਥ ਵੀ ਨਹੀਂ ਲੱਗੇ ਸਨ, ਪਰ ਹੁਣ ਸਮਾਂ ਬਦਲ ਚੁੱਕਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਉਸ ਸਮੇਂ ਜਿਹੜੇ ਲੋਕਾਂ ਨੇ ਅੱਡੀ ਚੋਟੀ ਦਾ ਜ਼ੋਰ ਲਾਇਆ, ਉਨ੍ਹਾਂ ਵਿੱਚੋਂ ਲਗਭਗ ਅੱਧੇ ਲੋਕ ਇਸ ਪਾਰਟੀ ਤੋਂ ਕਿਨਾਰਾ ਕਰ ਚੁੱਕੇ ਹਨ ਕਿਉਂਕਿ ਉਨ੍ਹਾਂ ਭਾਂਪ ਲਿਆ ਹੈ ਕਿ ਪਾਰਟੀ ਵਿੱਚ ਇਮਾਨਦਾਰ ਅਤੇ ਮਿਹਨਤੀ ਵਰਕਰਾਂ ਦੀ ਕੋਈ ਵੁੱਕਤ ਨਹੀਂ ਹੈ। ਲੋਕਾਂ ਦੀਆਂ ਆਸਾਂ 'ਤੇ ਸਰਕਾਰ ਦੇ ਖਰੇ ਨਾ ਉਤਰਨ ਕਾਰਨ ਲੋਕ ਮਨਾਂ ਵਿਚ ਸਰਕਾਰ ਦਾ ਅਕਸ ਖਰਾਬ ਹੋ ਜਾਂਦਾ ਹੈ। ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਧੜਾ ਧੜ ਕਾਂਗਰਸ ਵਿੱਚ ਸ਼ਾਮਿਲ ਹੋਣਾ ਇਹ



ਦਰਸਾਉਂਦਾ ਹੈ ਕਿ ਪੰਜਾਬ ਵਿੱਚ ਆਉਣ ਵਾਲੀ ਸਰਕਾਰ ਕਾਂਗਰਸ ਦੀ ਹੋਵੇਗੀ ਜਿਸ ਦਾ ਟਰੇਲਰ ਲੁਧਿਆਣਾ ਦੇ ਵੋਟਰ ਕਾਂਗਰਸ ਦੇ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਨੂੰ ਵੱਡੀ ਗਿਣਤੀ ਵਿੱਚ ਵੋਟਾਂ ਪਾ ਕੇ ਜਿਤਾ ਕੇ ਦਿਖਾਉਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਅਜਨਾਲਾ ਦੇ ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਦਿਹਾਤੀ ਅੰਮ੍ਰਿਤਸਰ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਅਜਨਾਲਾ ਨੇ ਅਜਨਾਲਾ ਵਿਖੇ ਵਾਰਡ ਨੰਬਰ -1 ਦੇ ਸਾਬਕਾ ਐਮਸੀ ਗੋਪਾਲ ਸਿੰਘ ਅਤੇ ਵੱਡੀ ਗਿਣਤੀ ਵਿੱਚ ਵਿਅਕਤੀਆਂ ਵੱਲੋਂ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਣ 'ਤੇ ਪੱਤਰਕਾਰਾਂ ਵੱਲੋਂ ਪੁੱਛੇ ਸਵਾਲ ਤੇ ਟਿੱਪਣੀ ਕਰਦਿਆਂ ਕੀਤਾ। ਅਜਨਾਲਾ ਨੇ ਅੱਗੇ ਕਿਹਾ ਕਿ ਆਮ ਆਦਮੀ ਦੀ ਸਰਕਾਰ ਸਮੇਂ ਪੰਜਾਬ ਆਰਥਿਕ ਤੌਰ ਤੇ ਕਾਫੀ ਪਛੜ ਗਿਆ ਹੈ, ਪੰਜਾਬ ਸਿਰ ਇਸ ਸਮੇਂ 4 ਲੱਖ ਕਰੋੜ ਰੁਪਏ ਦਾ ਕਰਜ਼ਾ ਹੈ, ਜਿਸ ਵਿੱਚੋਂ 2 ਲੱਖ ਕਰੋੜ ਰੁਪਏ ਦਾ ਕਰਜ਼ਾ ਪਿਛਲੇ ਤਿੰਨ ਸਾਲਾਂ ਵਿੱਚ ਭਗਵੰਤ ਮਾਨ ਦੀ ਸਰਕਾਰ ਸਮੇਂ ਪੰਜਾਬ ਸਿਰ ਚੜ੍ਹਿਆ ਹੈ, ਜਦੋਂ ਕਿ ਭਗਵੰਤ ਮਾਨ ਅਤੇ ਉਸਦੇ ਮੰਤਰੀ ਸਕੂਲਾਂ ਵਿੱਚ ਪਖਾਨਿਆਂ ਦੇ ਉਦਘਾਟਨ ਕਰਨ ਨੂੰ ਹੀ ਵਿਕਾਸ ਸਮਝੀ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਵਿੱਚ ਨਸ਼ੇ, ਗੁੰਡਾਗਰਦੀ ਤੇ ਗੈਂਗਸਟਰਵਾਦ ਪੂਰੀ ਤਰਾਂ ਨਾਲ ਆਪਣੀ ਚਰਮ ਸੀਮਾ 'ਤੇ ਹਨ। ਕਤਲੋਗਾਰਤ ਅਤੇ ਲੁੱਟਾਂ ਖੋਹਾਂ ਆਮ ਜਿਹੀ ਗੱਲ ਹੋ ਗਈ ਹੈ। ਉਨ੍ਹਾਂ ਵਰਕਰਾਂ ਨੂੰ ਹੁਣ ਤੋਂ ਹੀ ਬੂਥ ਪੱਧਰ ਤੇ ਡਟ ਕੇ ਕੰਮ ਕਰਨ ਦੀ ਅਪੀਲ ਕੀਤੀ ਤਾਂ ਕਿ ਪੰਜਾਬ ਵਿੱਚੋਂ ਆਮ ਆਦਮੀ ਪਾਰਟੀ, ਅਕਾਲੀ ਦਲ ਅਤੇ ਭਾਜਪਾ ਦਾ ਸਫਾਇਆ ਕੀਤਾ ਜਾ ਸਕੇ। ਇਸ ਸਮੇਂ ਉਨ੍ਹਾਂ ਨਾਲ ਕੰਵਰ ਪ੍ਰਤਾਪ ਸਿੰਘ ਅਜਨਾਲਾ, ਜਗਰੂਪ ਸਿੰਘ ਹਲਕਾ ਇੰਚਾਰਜ ਸੋਸ਼ਲ ਮੀਡੀਆ, ਰਾਣਾ ਬੱਲ ਗੁਰਾਲਾ ਜ਼ਿਲ੍ਹਾ ਪ੍ਰਧਾਨ ਸੋਸ਼ਲ ਮੀਡੀਆ, ਸਰਪੰਚ ਹਰਭੇਜ ਸਿੰਘ ਤੇੜੀ, ਬਲਕਾਰ ਸਿੰਘ ਗੁਰਾਲਾ, ਗੁਰਵਿੰਦਰ ਪ੍ਰਧਾਨ ਲਸਕਰੀ ਨੰਗਲ, ਗੁਰਪਾਲ ਸਿੰਘ ਸਿੰਧੀ, ਰਾਜਬੀਰ ਮੱਧੂਛਾਂਗਾ, ਕਾਬਲ ਸਿੰਘ ਸਾਬਕਾ ਸਰਪੰਚ ਨੰਗਲ, ਸਾਬਕਾ ਸਰਪੰਚ ਮਨਜੀਤ ਕੌਰ ਚੇਤਨਪੁਰੀ, ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ ਬਿੱਟੂ, ਮੰਗਲ ਸਿੰਘ ਸਾਬਕਾ ਸਰਪੰਚ, ਹਰਪ੍ਰੀਤ ਨੰਗਲ, ਸਿਮਰਨ ਸੰਧੂ, ਅਮਰਜੀਤ ਸਿੰਘ ਗਿੱਲ ਚੇਤਨਪੁਰਾ ਅਤੇ ਰਾਣਾ ਭੱਖਾ ਆਦਿ ਕਾਂਗਰਸੀ ਆਗੂ ਹਾਜ਼ਰ ਸਨ।

# ਰਜਬਾਹਿਆਂ ਦੀ ਸਫ਼ਾਈ ਦਾ ਕੰਮ ਅਧੂਰਾ ਰਹਿਣ ਕਰਕੇ ਕਿਸਾਨਾਂ 'ਚ ਨਹਿਰੀ ਵਿਭਾਗ ਪ੍ਰਤੀ ਭਾਰੀ ਰੋਸ

ਗੁਰਦਾਸਪੁਰ (ਜਨਕ ਮਹਾਜਨ)-ਨਹਿਰੀ ਵਿਭਾਗ ਗੁਰਦਾਸਪੁਰ ਵੱਲੋਂ ਰਜਬਾਹਿਆਂ ਦੀ ਸਫ਼ਾਈ ਦੇ ਦਮਗਜੇ ਮਾਰੇ ਜਾ ਰਹੇ ਹਨ ਕਿ ਸਫ਼ਾਈ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ ਪਰ ਗਾਜ਼ੀਕੋਟ ਤੋਂ ਨਿਕਲਦੀ ਨਹਿਰ ਅਪਰਬਾਰੀ ਦੁਆਬ ਅਤੇ ਕਸੂਰ ਬਰਾਂਚ ਦੇ ਰਜਬਾਹਿਆਂ ਦੀ ਅਜੇ ਤੀਕ ਬਿਲਕੁਲ ਸਫਾਈ ਨਹੀਂ ਹੋਈ ਹੈ ਜਿਸ ਕਰਕੇ ਕਿਸਾਨਾਂ ਦਾ ਨਹਿਰੀ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਕਿਸਾਨਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭੁੱਲੇਚੱਕ, ਪਾਹੜਾ, ਪੁਲ ਤਿੱਬੜੀ ਦੇ ਰਜਬਾਹਿਆਂ ਦੀ ਸਫਾਈ ਨਹੀਂ ਹੋਈ ਅਤੇ ਜੜੀ ਬੂਟੀ ਦੀ ਕਾਫ਼ੀ ਭਰਮਾਰ ਹੈ। ਕਿਸਾਨਾਂ ਨੇ ਕਿਹਾ ਕਿ ਝੋਨੇ ਦੀ ਬਿਜਾਈ ਲਈ ਨਹਿਰੀ ਪਾਣੀ ਦੀ ਕਾਫ਼ੀ ਲੋੜ ਹੈ ਜਦੋਂਕਿ ਬਹੁਤ ਸਾਰੀਆਂ ਫ਼ਸਲਾਂ ਨਹਿਰੀ ਪਾਣੀ 'ਤੇ ਨਿਰਭਰ ਹਨ ਪਰ ਅਜੇ ਤੀਕ ਰਜਬਾਹਿਆਂ 'ਚ ਨਹਿਰੀ ਪਾਣੀ ਨਹੀਂ ਆਇਆ। ਨਹਿਰੀ ਵਿਭਾਗ ਕੋਲ ਮੁਲਾਜ਼ਮਾਂ ਦੀ ਬਹੁਤ ਵੱਡੀ ਘਾਟ ਹੈ ਜਿਥੇ ਪਹਿਲਾਂ 70-75 ਮੁਲਾਜ਼ਮ ਕੰਮ ਕਰਦੇ ਸਨ ਅਤੇ ਹੁਣ ਸਿਰਫ਼ 20-22 ਬੇਲਦਾਰ ਰਹਿ ਗਏ ਹਨ ਅਤੇ ਬਾਕੀ ਕੰਮ ਸਫ਼ਾਈ ਦਾ ਮਨਰੇਗਾ ਮਜ਼ਦੂਰਾਂ ਤੋਂ ਕਰਵਾਇਆ ਜਾ ਰਿਹਾ ਹੈ, ਜਿਨ੍ਹਾਂ ਦੀ ਵੀ ਕਾਫ਼ੀ ਘਾਟ ਹੈ। ਮਹਿਕਮੇ ਦੇ ਇਕ ਬੁਲਾਰੇ ਨੇ ਦੱਸਿਆ ਕਿ ਨਹਿਰੀ ਪਾਣੀ ਦੀ ਕੋਈ ਵੀ ਘਾਟ ਨਹੀਂ ਹੈ ਅਤੇ ਸਰਕਾਰ



ਦੀ ਸਾਰਨੀ ਮੁਤਾਬਿਕ ਕਿਸਾਨਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣ ਵਿਚ ਕੋਈ ਵੀ ਕਸਰ ਨਹੀਂ ਛੱਡੀ ਜਾਵੇਗੀ। ਦੂਜੇ ਪਾਸੇ ਕਿਸਾਨਾਂ ਦਾ ਕਹਿਣਾ ਹੈ ਕਿ 5 ਜੂਨ ਨੂੰ ਜ਼ਿਲ੍ਹਾ ਗੁਰਦਾਸਪੁਰ ਅੰਦਰ ਝੋਨੇ ਦੀ ਲਵਾਈ ਸ਼ੁਰੂ ਹੋਣ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਨਹਿਰੀ ਪਾਣੀ ਨਾ ਮਿਲਣ ਕਾਰਨ ਖੇਤਾਂ ਦੀ ਸਿੰਜਾਈ ਵੀ ਨਹੀਂ ਹੋ ਸਕੀ ਜਿਸ ਨਾਲ ਝੋਨੇ ਦੀ ਲਵਾਈ ਲੇਟ ਹੋ ਸਕਦੀ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਨਹਿਰੀ ਵਿਭਾਗ ਨੂੰ ਹਦਾਇਤਾਂ ਕਰਕੇ ਰਜਬਾਹਿਆਂ ਦੀ ਸਫ਼ਾਈ ਤੇ ਕਿਸਾਨਾਂ ਦੇ ਖੇਤਾਂ ਵਿਚ ਪਾਣੀ ਪਹੁੰਚਾਉਣ ਦੀ ਪਹਿਲਕਦਮੀ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਪਾਣੀ ਦੀ ਕਿਲਤ ਨਾ ਆਵੇ।

# ਛੀਨਾ ਵੱਲੋਂ '12ਵੇਂ ਸਮਰ ਆਰਟ ਕੈਂਪ ਐਂਡ ਫੈਸਟੀਵਲ-2025' ਦਾ ਉਦਘਾਟਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਹਰੇਕ ਵਰਗ ਦੇ ਉਭਰਦੇ ਹੋਏ ਅਤੇ ਪ੍ਰਤਿਭਾਵਾਨ ਕਲਾਕਾਰਾਂ ਦੀ ਕਲਾ ਨੂੰ ਹੋਰ ਨਿਖਾਰਣ ਲਈ ਇੰਡੀਅਨ ਐਕਡਮੀ ਆਫ਼ ਫਾਈਨ ਆਰਟ (ਆਰਟ ਗੈਲਰੀ) ਨੇ ਹਮੇਸ਼ਾ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਹੈ ਅਤੇ ਸਮੇਂ-ਸਮੇਂ 'ਤੇ ਕਈ ਤਜਰਬੇਕਾਰ ਤੇ ਹੁਨਰਮੰਦ ਆਰਟਿਸਟਾਂ ਵੱਲੋਂ ਤਿਆਰ ਕੀਤੀਆਂ ਗਈਆਂ ਕਲਾਕ੍ਰਿਤੀਆਂ, ਪੇਟਿੰਗਾਂ ਤੇ ਹੋਰ ਅਣਗਿਣਤ ਪ੍ਰਦਰਸ਼ਨੀਆਂ ਸ਼ਹਿਰ ਤੋਂ ਇਲਾਵਾ ਹੋਰਨਾਂ ਜ਼ਿਲ੍ਹਿਆਂ ਤੇ ਰਾਜਾਂ ਦੇ ਲੋਕਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਇੱਥੇ ਸਥਾਨਕ ਆਰਟ ਗੈਲਰੀ ਵਿਖੇ ਮਹੀਨਾ ਭਰ ਚੱਲਣ ਵਾਲੇ '12ਵਾਂ ਸਮਰ ਆਰਟ ਕੈਂਪ ਐਂਡ ਫੈਸਟੀਵਲ-2025' ਦਾ ਗੈਲਰੀ ਦੇ ਪ੍ਰਧਾਨ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਉਦਘਾਟਨ ਕਰਦਿਆਂ ਕੀਤਾ।ਇਸ ਮੌਕੇ ਸ: ਛੀਨਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਰਥ ਜ਼ੋਨ ਕਲਚਰ ਸੈਂਟਰ ਦੇ ਸਹਿਯੋਗ ਨਾਲ 1 ਤੋਂ 30 ਜੂਨ ਤੱਕ ਚੱਲਣ ਵਾਲੇ ਉਕਤ ਕੈਂਪ ਦੌਰਾਨ ਹਰ ਉਮਰ ਦੇ ਕਲਾ ਦੇ ਧਨੀ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕਰਨਗੇ।ਸ: ਛੀਨਾ ਨੇ ਕਿਹਾ ਕਿ ਸ: ਕਰਮਜੀਤ ਸਿੰਘ, ਗਗਨ ਮਲਹੋਤਰਾ, ਲਲਿਤਾ ਅਰੋੜਾ, ਭਾਰਤੀ ਅਰੋੜਾ ਆਦਿ ਤਜਰਬੇਕਾਰ ਟਿਊਟਰਾਂ ਅਤੇ ਕਲਾਕਾਰਾਂ ਦੀ ਅਗਵਾਈ ਹੇਠ ਮਹੀਨੇ ਦੇ ਹਰੇਕ ਮੰਗਲ ਤੋਂ ਐਤਵਾਰ ਤੱਕ ਉਕਤ ਕੈਂਪ ਦੌਰਾਨ ਸਿਖਿਆਰਥੀਆਂ ਨੂੰ ਮੂਰਤੀ ਕਲਾਂ, ਚਿੱਤਰਕਲਾ, ਨ੍ਰਿਤਕਲਾ, ਹੱਥਕਲਾ, ਕੈਲੀਗ੍ਰਾਫ਼ੀ, ਸ਼ਿਲਪਕਾਰੀ, ਸੰਗੀਤ, ਥੀਏਟਰ ਅਤੇ ਫ਼ਿਲਮ ਆਦਿ ਤੋਂ ਇਲਾਵਾ ਗਣੇਸ਼ਾ ਕੰਧ ਚਿੱਤਰ, ਡੋਕਰਾ ਕਲਾ, ਲਿਪਾਨ ਅਤੇ ਥ੍ਰੀ ਡੀ ਮੰਡਾਲਾ ਵਰਗੀਆਂ ਵਿਲੱਖਣ ਸ਼ਿਲਪਕਾਰੀ, ਫੋਟੋਗ੍ਰਾਫੀ, ਪ੍ਰਦਰਸ਼ਨੀਆਂ ਸਮੇਤ ਲਾਈਵ ਡੈਮੋ



ਵਿਸ਼ੇਸ਼ ਹਫ਼ਤਾਵਾਰੀ ਪ੍ਰੋਗਰਾਮ ਦੌਰਾਨ ਕਰਵਾਏ ਜਾਣਗੇ।ਉਨ੍ਹਾਂ ਕਿਹਾ ਕਿ ਸਿਖਿਆਰਥੀਆਂ ਦੁਆਰਾ ਤਿਆਰ ਕੀਤੀਆਂ ਕਲਾਵਾਂ ਨੂੰ ਆਰਟ ਗੈਲਰੀ ਵਿਖੇ ਸਮਾਪਤੀ ਸਮਾਗਮ ਦੌਰਾਨ ਪ੍ਰਦਰਸ਼ਿਤ ਵੀ ਕੀਤਾ ਜਾਵੇਗਾ।ਇਸ ਤੋਂ ਪਹਿਲਾ ਆਰਟ ਗੈਲਰੀ ਦੇ ਜਨਰਲ ਸਕੱਤਰ ਡਾ. ਪੀ. ਐਸ. ਗਰੋਵਰ ਨੇ ਸ: ਛੀਨਾ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਕਲਾ ਦੇ ਵੱਖ-ਵੱਖ ਰੂਪਾਂ ਨਾਲ ਜੋੜਨ ਅਤੇ ਬਾਲ ਕਲਾਕਾਰਾਂ 'ਚ ਲੁਕਿਆ ਰਚਨਾਤਮਕ ਹੁਨਰ ਨਿਖਾਰਨ ਲਈ ਇਕ ਇਹ ਉਚਿਤ ਯਤਨ ਹੈ।

ਉਨ੍ਹਾਂ ਕਿਹਾ ਕਿ ਕਲਾ ਸਿਰਫ਼ ਰੰਗਾਂ ਦੀ ਰਚਨਾ ਨਹੀਂ, ਸਗੋਂ ਇਹ ਜੀਵਨ ਨੂੰ ਸੰਵਾਰਨ ਦਾ ਸਾਧਨ ਹੈ।ਇਸ ਦੌਰਾਨ ਸੁਖਪਾਲ ਸਿੰਘ, ਡਾ. ਏ. ਐਸ. ਚਮਕ, ਨਰਿੰਦਰ ਸਿੰਘ, ਕੁਲਵੰਤ ਸਿੰਘ ਗਿੱਲ, ਸੁਭਾਸ਼ ਚੰਦਰ, ਤਜਿੰਦਰ ਕੌਰ ਛੀਨਾ, ਨਰਿੰਦਰ ਸਿੰਘ ਸਕਲਪਚਰ, ਸਰਲਾ ਬੱਬਰ, ਨਰਿੰਦਰ ਨਾਥ ਕਪੂਰ ਆਦਿ ਸਮੇਤ ਸ਼ਹਿਰ ਦੇ ਕਈ ਮਸ਼ਹੂਰ ਕਲਾਕਾਰ ਅਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

# ਬੱਸ ਤੇ ਕਾਰ ਵਿਚਾਲੇ ਟੱਕਰ 'ਚ ਕਾਰ ਚਾਲਕ ਗੰਭੀਰ ਜ਼ਖਮੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਐਤਵਾਰ ਸਵੇਰੇ ਕਰੀਬ 9 ਵਜੇ ਤੇ ਲਗਭਗ ਬਟਾਲਾ ਕਾਦੀਆਂ ਰੋਡ ਪਿੰਡ ਸ਼ਾਹਬਾਦ ਦੇ ਕੋਲ ਇੱਕ ਨਿੱਜੀ ਕੰਪਨੀ ਦੀ ਬੱਸ ਦੇ ਵੱਲੋਂ ਇੱਕ ਸਵਿਫਟ ਕਾਰ ਚਾਲਕ ਨੂੰ ਟੱਕਰ ਮਾਰਨ ਦਾ ਸਮਾਚਾਰ ਮਿਲਿਆ ਹੈ।ਇਸ ਹਾਦਸੇ ਦੇ ਵਿੱਚ ਕਾਰ ਚਾਲਕ ਗੰਭੀਰ ਰੂਪ ਦੇ ਵਿੱਚ ਜ਼ਖਮੀ ਹੋ ਗਿਆ ਜਿਸ ਨੂੰ ਆਸ ਪਾਸ ਦੇ ਲੋਕਾਂ ਨੇ ਕਾਰ ਦੇ ਵਿੱਚੋਂ ਬੜੀ ਜੱਦੋਜਹਿਦ ਦੇ ਤਹਿਤ ਬਾਹਰ ਕੱਢਿਆ ਅਤੇ ਤੁਰੰਤ ਨਜ਼ਦੀਕੀ ਹਸਪਤਾਲ ਵਿੱਚ ਦਾਖਲ ਕਰਵਾਇਆ। ਉਥੇ ਮੌਜੂਦ ਕੁਝ ਲੋਕਾਂ



ਨੇ ਦੱਸਿਆ ਕਿ ਕਾਰ ਚਾਲਕ ਬਟਾਲਾ ਕਾਦੀਆਂ ਰੋਡ ਤੇ ਜਾ ਰਿਹਾ ਸੀ ਤਾਂ ਅਚਾਨਕ ਇੱਕ ਨਿੱਜੀ ਕੰਪਨੀ ਦੀ ਬੱਸ ਨੇ ਇਸ ਕਾਰ ਨੂੰ ਟੱਕਰ ਮਾਰ ਦਿੱਤੀ ਜਿਸ ਦੌਰਾਨ ਕਾਰ ਬੇਕਾਬੂ ਹੋ ਕੇ ਦੂਸਰੀ ਸਾਈਡ ਤੇ ਸੜਕ ਕਿਨਾਰੇ ਲੱਗੇ ਇੱਕ ਦਰਖਤ ਨਾਲ ਜਾ ਟਕਰਾਈ ਜਿਸ ਕਾਰਨ ਕਾਰ ਬੁਰੀ ਤਰ੍ਹਾਂ ਚੱਕਨਾਚੂਰ ਹੋ ਗਈ ਅਤੇ ਕਾਰ ਚਾਲਕ ਗੰਭੀਰ ਰੂਪ ਦੇ ਵਿੱਚ ਜ਼ਖਮੀ ਹੋ ਗਿਆ।ਜਾਣਕਾਰੀ ਅਨੁਸਾਰ ਕਾਰ ਚਾਲਕ ਦੇ ਲੜਕੇ ਨੇ ਮੌਕੇ 'ਤੇ ਪਹੁੰਚ ਕੇ ਆਸ ਪਾਸ ਦੇ ਲੋਕਾਂ ਦੇ ਸਹਿਯੋਗ ਨਾਲ ਆਪਣੇ ਪਿਤਾ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਜਿੱਥੇ ਡਾਕਟਰਾਂ ਦੇ ਵੱਲੋਂ ਉਸ ਦਾ ਇਲਾਜ ਕੀਤਾ ਜਾ ਰਿਹਾ ਹੈ। ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਦੇ ਪਰਖਚੇ ਉਡ ਗਏ ਸਨ।

# ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਸ਼ਹਿਜ਼ਾਦਾ ਵੱਲੋਂ ਸ਼ਹੀਦੀ ਦਿਹਾੜੇ ਸਬੰਧੀ ਅਧਿਆਤਮਕ ਪ੍ਰੋਗਰਾਮ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੇ ਨਜ਼ਦੀਕ ਪੈਂਦੇ ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਦੁਆਰਾ ਆਪਣੇ ਸਥਾਨਕ ਆਸ਼ਰਮ ਸ਼ਹਿਜ਼ਾਦਾ ਵਿਖੇ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦਿਵਸ ਨੂੰ ਸਮਰਪਿਤ ਅਧਿਆਤਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਪਾਵਨ ਪਵਿੱਤਰ ਬਾਣੀ ਦੁਆਰਾ ਕੀਤਾ ਗਿਆ। ਪ੍ਰੋਗਰਾਮ ਦੇ ਦੌਰਾਨ ਵਿਚਾਰ ਦਿੰਦੇ ਹੋਏ ਮਹਾਤਮਾ ਰਾਜੇਸ਼ ਨੇ ਕਿਹਾ ਕੀ ਸ਼ਹਾਦਤ ਦੀ ਮਹਾਨ ਪਰੰਪਰਾ ਪੰਜਾਬ ਦੇ ਇਤਿਹਾਸ ਦੀ ਮੁੱਢ ਕਦੀਮਾਂ ਤੋਂ ਹੀ ਸ਼ਾਨ ਰਹੀ ਹੈ।ਪੰਜਾਬ ਦੀ ਧਰਤੀ ਬੇਸ਼ੁਮਾਰ ਕੁਰਬਾਨੀਆਂ ਅਤੇ ਸ਼ਹੀਦੀਆਂ ਦੀ ਪ੍ਰਤੱਖ ਗਵਾਹ ਰਹੀ ਹੈ।ਇਸ ਧਰਤੀ ਉੱਪਰ ਹੀ ਧਰਮ ਅਤੇ ਸੱਚ ਦੀਆਂ ਨੀਹਾਂ ਪੱਕੀਆਂ ਕਰਨ ਲਈ ਮਹਾਂਪੁਰਸ਼ ਜੰਜੀਰਾਂ ਵਿੱਚ ਜਕੜੇ ਗਏ।ਦੁਖੀਆਂ ਮਜ਼ਲੂਮਾਂ ਦੇ ਹੰਝੂ ਪੂੰਝਣ ਲਈ ਆਰਿਆਂ ਨਾਲ ਚੀਰੇ ਗਏ, ਰੰਬੀਆਂ ਨਾਲ ਆਪਣੀਆਂ ਖੋਪਰੀਆਂ ਲੁਹਾ ਦਿੱਤੀਆਂ।ਪੰਜਾਬ ਦਾ ਇਤਿਹਾਸ ਆਪਣੀ ਬੁੱਕਲ ਵਿੱਚ ਅਜਿਹੀਆਂ ਅਨੇਕਾਂ ਹੀ ਬੇਮਿਸਾਲ ਗਾਥਾਵਾਂ ਅਤੇ ਘੱਲੂਕਾਰਿਆਂ ਨੂੰ ਸਮੇਟ ਕੇ ਬੈਠਾ ਹੈ ਜਿਨਾਂ ਨੂੰ ਪੜ੍ਹਨ ਅਤੇ ਸੁਣਨ ਵਾਲਾ ਵਿਅਕਤੀ ਆਪ ਮੁਹਾਰੇ ਹੀ ਅਸ਼-ਅਸ਼ ਕਰ ਉੱਠਦਾ ਹੈ। ਸ਼ਹੀਦਾਂ ਦੇ ਸਰਤਾਜ ਕੋਈ ਹੋਰ ਨਹੀਂ ਬਲਕਿ ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਹਨ ਜਿਨ੍ਹਾਂ ਨੇ ਮਾਨਵਤਾ ਦੀ ਰੱਖਿਆ ਲਈ ਆਪਣੇ ਆਪ ਨੂੰ ਹੱਸ ਕੇ ਕੁਰਬਾਨ ਕਰ ਦਿੱਤਾ। ਉਸ ਸਮੇਂ ਦੇ ਕੱਟੜ ਮੁਗਲ ਬਾਦਸ਼ਾਹ ਜਹਾਂਗੀਰ ਦੀਆਂ ਜ਼ਾਲਮਾਨਾ ਨੀਤੀਆਂ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਉੱਪਰ ਬੇਹੱਦ ਕਹਿਰ ਢਾਇਆ।ਬੇਸ਼ੱਕ ਦੀਵਾਨ ਚੰਦੂ ਅਤੇ ਪ੍ਰਿਥੀ ਚੰਦ ਦਾ ਵੀ ਗੁਰੂ ਜੀ ਨੂੰ ਸ਼ਹੀਦ ਕਰਵਾਉਣ ਵਿੱਚ ਬਹੁਤ ਵੱਡਾ ਹੱਥ ਰਿਹਾ ਹੈ।ਪਰ ਜ਼ਿਆਦਾ ਦੋਸ਼ ਜਹਾਂਗੀਰ ਦਾ ਹੀ ਪ੍ਰਗਟ ਹੁੰਦਾ ਹੈ।ਕਿਉਂਕਿ ਸੰਸਾਰ ਅੰਦਰ ਗੁਰੂ ਘਰ



ਦੀ ਮਹਿਮਾ ਨੂੰ ਫੈਲਦਿਆਂ ਦੇਖ ਕੇ ਜਹਾਂਗੀਰ ਅੰਦਰ ਈਰਖਾ ਦੀਆਂ ਲਪਟਾਂ ਪੈਦਾ ਹੋ ਗਈਆਂ ਸਨ। ਨਤੀਜੇ ਵੱਜੋਂ ਇੱਕ ਮਹਾਨ ਅਤੇ ਪਵਿੱਤਰ ਆਤਮਾ ਨੂੰ ਸ਼ਹੀਦ ਕਰ ਦਿੱਤਾ ਗਿਆ। ਜਹਾਂਗੀਰ ਦੇ ਉੱਤਰਾ ਅਧਿਕਾਰੀਆਂ ਨੇ ਅੱਗੇ ਜਾ ਕੇ ਛੋਟੇ ਛੋਟੇ ਬੱਚਿਆਂ ਤੱਕ ਨੂੰ ਵੀ ਨਹੀਂ ਬਖਸ਼ਿਆ। ਉਹ ਇਸ ਗੱਲ ਤੋਂ ਬਿਲਕੁਲ ਅਣਜਾਣ ਸਨ ਕਿ ਸ਼ਹੀਦ ਹਰੇਕ ਕੌਮ ਦਾ ਸਰਮਾਇਆ ਹੁੰਦੇ ਹਨ ਅਤੇ ਕੌਮੀ ਆਦਰਸ਼ਾਂ ਲਈ ਦਿੱਤੀ ਗਈ ਸ਼ਹੀਦੀ ਕਦੇ ਵੀ ਵਿਅਰਥ ਨਹੀਂ ਜਾਂਦੀ। ਜਦੋਂ ਇਸ ਧਰਤੀ ਦੀ ਗੋਦ ਵਿੱਚ ਸ਼ਹੀਦਾਂ ਦਾ ਖ਼ੂਨ ਡੁੱਲਦਾ ਹੈ ਤਾਂ ਕੌਮਾਂ ਬਲਵਾਨ ਬਣਦੀਆਂ ਹਨ। ਸ਼ਹੀਦ ਸਦਾ ਹੀ ਜਿਊਂਦੇ ਰਹਿੰਦੇ ਹਨ।

# ਠੰਢੇ ਮਿੱਠੇ ਜਲ ਦੀ ਛਬੀਲ ਤੇ ਮਿੱਸੇ ਪਰਸ਼ਾਦਿਆਂ ਦਾ ਲੰਗਰ ਲਗਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਬਜ਼ਾਰ ਜੌੜੀਆਂ ਸਥਿਤ ਭਗਵਾਨ ਬਾਬਾ ਸ਼੍ਰੀ ਚੰਦ ਆਸ਼ਰਮ ਦੇ ਮਹੰਤ ਬਾਬਾ ਚੇਤਨ ਦਾਸ ਤੇ ਮਹੰਤ ਬਾਬਾ ਮੰਗਲ ਦਾਸ ਵੱਲੋਂ ਅੱਜ ਹਰ ਸਾਲ ਦੀ ਤਰ੍ਹਾਂ ਸ਼੍ਰੀ ਗੁਰੂ ਅਰਜੁਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਸਭ ਤੋਂ ਪਹਿਲਾਂ ਮਹੰਤ ਬਾਬਾ ਮੰਗਲ ਦਾਸ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਭਗਵਾਨ ਬਾਬਾ ਸ਼੍ਰੀ ਚੰਦ ਆਸ਼ਰਮ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਉਪਰੰਤ ਮਹੰਤ ਬਾਬਾ ਚੇਤਨ ਦਾਸ ਵੱਲੋਂ ਸੰਗਤਾਂ ਦੀ ਚੜ੍ਹਦੀ ਕਲਾ ਨੂੰ ਲੈ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ । ਇਸ ਮੌਕੇ ਭਗਵਾਨ ਬਾਬਾ ਸ਼੍ਰੀ ਚੰਦ ਆਸ਼ਰਮ ਵੱਲੋਂ ਸ੍ਰੀ ਗੁਰੂ ਅਰਜੁਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇਲਾਕੇ ਦੀਆਂ ਸੰਗਤਾਂ ਲਈ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਮਿੱਸੇ ਪਰਸ਼ਾਦਿਆਂ ਦਾ ਲੰਗਰ ਲਗਾਇਆ ਗਿਆ ।



ਪ੍ਰਬੰਧਕਾਂ ਵੱਲੋਂ ਗੁਰਬਾਣੀ ਦਾ ਜਾਪ ਕਰਦਿਆਂ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਸੰਗਤਾਂ ਨੂੰ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਮਿੱਸੇ ਪਰਸ਼ਾਦਿਆਂ ਦਾ ਲੰਗਰ ਛਕਾਇਆ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਗਵਾਨ ਬਾਬਾ ਸ਼੍ਰੀ ਚੰਦ ਆਸ਼ਰਮ ਦੇ ਮਹੰਤ ਬਾਬਾ ਚੇਤਨ ਦਾਸ ਤੇ ਮਹੰਤ ਬਾਬਾ ਮੰਗਲ ਦਾਸ ਨੇ ਸਾਂਝੇ ਤੌਰ ਤੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਅੱਜ ਵੀ ਭਗਵਾਨ ਬਾਬਾ ਸ਼੍ਰੀ ਚੰਦ ਜੀ ਆਸ਼ਰਮ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਅਰਜੁਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਮਿੱਸੇ ਪਰਸ਼ਾਦਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸਾਬਕਾ ਕੌਂਸਲਰ ਧਰਮਪਾਲ ਸਿੰਘ, ਪਰਦੀਪ ਸਿੰਘ, ਹਰਜੀਤ ਸਿੰਘ, ਸੰਦੀਪ ਸਿੰਘ, ਹਰਪਾਲ ਸਿੰਘ, ਹਰਦੀਪ ਸਿੰਘ ਬੱਲਾ, ਬੰਟੀ, ਕਰਤਾਰ ਸਿੰਘ ਫੌਜੀ, ਬਾਬਾ ਪਰਭਪ੍ਰੀਤ ਸਿੰਘ, ਬਾਬਾ ਗੁਰਸ਼ਬਦ ਸਿੰਘ, ਹਰਜੋਤ ਸਿੰਘ, ਰਿੰਕੂ ਮਰਵਾਹਾ ਤੋਂ ਇਲਾਵਾ ਹੋਰ ਵੀ ਸੰਗਤਾਂ ਹਾਜ਼ਰ ਸਨ ।

# ਪਿੰਡ ਚੇਤਾ 'ਚ ਸਾਲਾਨਾ ਮੇਲਾ ਸ਼ਾਨੋ ਸ਼ੌਕਤ ਨਾਲ ਮਨਾਇਆ

ਬੰਗਾ (ਅਵਤਾਰ ਕਲੇਰ)- ਬੰਗਾ ਹਲਕੇ ਦੇ ਪਿੰਡ ਚੇਤਾ ਵਿਖੇ ਦਰਬਾਰ ਪੀਰ ਬਾਬਾ ਫਤਹਿ ਦੀਨ ਸ਼ਾਹ ਵਿਖੇ ਸਲਾਨਾ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ



ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਬਾਬਾ ਅਵਤਾਰ , ਬਾਬਾ ਸ਼ਸ਼ੀ ਜੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਝੰਡੇ ਦੀ ਰਸਮ, ਚਿਰਾਗਾਂ ਦੀ ਰਸਮ ਉਪਰੰਤ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ । ਦੂਸਰੇ ਦਿਨ ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਰਮਜ਼ਾਨਾ ਹੀਰ, ਆਰ ਜੋਗੀ,ਧੀਰਾ ਸਿੱਧੂ - ਚਾਂਦਨੀ ਸਿਤਾਰਾ, ਕੌਰ ਸਿਸਟਰਜ਼, ਰੇਸ਼ਮ ਚੇਤਾ, ਹੈਪੀ ਮੰਨਣਹਾਣਾ, ਬੀ ਕੇ ਰਾਜੂ, ਗੁਰਮੇਜ ਮਹਿਮੀ ਆਦਿ ਕਲਾਕਾਰਾਂ ਨੇ ਸੰਗਤਾਂ ਨੂੰ ਧਾਰਮਿਕ ਅਤੇ ਸੱਭਿਆਚਾਰ ਗੀਤਾਂ ਨਾਲ ਨਿਹਾਲ ਕੀਤਾ। ਇਸ ਮੌਕੇ ਬੀਬੀ ਰਾਣੀ ਸਰਪੰਚ, ਰੂਪ ਲਾਲ ਸਾਬਕਾ ਸਰਪੰਚ, ਦਲਜਿੰਦਰ ਸਿੰਘ, ਰਾਜ ਪਾਲ, ਗੁਰਮੀਤ ਸਿੰਘ, ਸ਼ਿੰਦਾ ਜਪਾਨੀ, ਜਸਵਿੰਦਰ ਸਿੰਘ, ਅਵਤਾਰ ਸਿੰਘ ਨੰਬਰਦਾਰ, ਰਛਪਾਲ ਸਿੰਘ, ਸੋਮ ਦੱਤ, ਮਨਪ੍ਰੀਤ ਕੁਮਾਰ, ਬਲਜਿੰਦਰ ਸਿੰਘ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਯੁਵਕ ਸੇਵਾਵਾਂ ਕਲੱਬ ਬਸਰਾਏ ਨੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਿੰਡ ਬਸਰਾਏ ਦੇ ਗੁਰਦੁਆਰਾ ਹਰਿ ਕਾ ਤੀਰਥ ਵਿਖੇ ਯੁਵਕ ਸੇਵਾਵਾਂ ਕਲੱਬ ਬਸਰਾਏ ਨੇ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਸੰਬੰਧੀ ਇਕ ਧਾਰਮਿਕ ਸਮਾਗਮ ਕਰਵਾਇਆ। ਇਸ ਧਾਰਮਿਕ ਸਮਾਗਮ ਵਿੱਚ



ਪਿੰਡ ਬਸਰਾਵਾਂ ਦੇ ਲਗਭਗ 30 ਵਿਦਿਆਰਥੀਆਂ ਨੇ ਭਾਗ ਲਿਆ ਜਿਨਾਂ ਨੇ ਆਪਣੀਆਂ ਕਵਿਤਾਵਾਂ, ਗੀਤਾਂ, ਭਾਸ਼ਣਾਂ ਅਤੇ ਪੋਸਟਰਾ ਰਾਹੀਂ ਗੁਰੂ ਸਾਹਿਬ ਦੇ ਜੀਵਨ, ਸੇਵਾ ਦੇ ਕਾਰਜ ਅਤੇ ਉਨ੍ਹਾਂ ਦੀ ਸ਼ਹੀਦੀ ਨੂੰ ਬੜੇ ਵਧੀਆ ਤਰੀਕੇ ਨਾਲ ਬਿਆਨ ਕੀਤਾ। ਬਾਬਾ ਨਰਿੰਦਰ ਸਿੰਘ ਖਜਾਲਾ ਵੱਲੋਂ ਆਪਣੇ ਵਿਚਾਰ ਕਥਾ ਰਾਹੀਂ ਪ੍ਰਗਟ ਕੀਤੇ ਗਏ। ਗੁਰਦੁਆਰਾ ਹਰਿ ਕਾ ਤੀਰਥ ਕਮੇਟੀ ਦੇ ਪ੍ਰਧਾਨ ਨਿਰਮਲ ਸਿੰਘ ਕਾਹਲੋਂ ਨੇ ਯੁਵਕ ਸੇਵਾਵਾਂ ਕਲੱਬ ਬਸਰਾਏ ਵੱਲੋਂ ਪਿਛਲੇ ਸਾਲਾਂ ਤੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਇਸ ਸਮੇਂ ਕਲੱਬ ਵੱਲੋਂ ਸਾਰੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਅਤੇ ਜੇਤੂ ਵਿਦਿਆਰਥੀਆਂ ਨੂੰ ਕੈਸ਼ ਪ੍ਰਾਈਜ਼ ਦਿੱਤੇ ਗਏ। ਇਸ ਸਮੇਂ ਗੁਰਦੁਆਰਾ ਸਿੰਘ ਸਭਾ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਕਾਕਾ, ਸਰਪੰਚ ਸਤਨਾਮ ਸਿੰਘ , ਸੁਰਿੰਦਰ ਸਿੰਘ ਫੌਜੀ, ਬਲਵਿੰਦਰ ਸਿੰਘ ਬਿੱਲੂ ਪ੍ਰਧਾਨ, ਮਹਿੰਦਰ ਸਿੰਘ, ਚਰਨ ਸਿੰਘ, ਗੁਲਜ਼ਾਰ ਸਿੰਘ, ਜਸਵੰਤ ਸਿੰਘ ਸਮੇਤ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ। ਇਸ ਧਾਰਮਿਕ ਸਮਾਗਮ ਨੂੰ ਨੇਪਰੇ ਚਾੜ੍ਹਨ ਵਿੱਚ ਸੰਦੀਪ ਸਿੰਘ ਬਾਜਵਾ ਪ੍ਰਧਾਨ, ਸਿਮਰਨ ਸਿੰਘ ਸਕੱਤਰ ਅਤੇ ਗੁਰਸੇਵਕ ਸਿੰਘ ਨੇ ਵਿਸ਼ਏਸ਼ ਭੂਮਿਕਾ ਨਿਭਾਈ। ਅਖੀਰ ਵਿੱਚ ਕਲੱਬ ਦੇ ਸਰਪ੍ਰਸਤ ਦਿਲਬਾਗ ਸਿੰਘ ਬਸਰਾਵਾਂ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਆਉਣ ਵਾਲੇ ਸਮੇਂ ਵਿੱਚ ਪੇਂਡੂ ਖੇਡ ਮੇਲਾ ਕਰਵਾਉਣ ਦੀ ਜਾਣਕਾਰੀ ਦਿੱਤੀ।

# ਧੋਖਾਧੜੀ ਕਰਨ ਦੇ ਦੋਸ਼ 'ਚ ਦੋ ਗ੍ਰਿਫਤਾਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਸੰਦੀਪ ਕੁਮਾਰ ਮਲਿਕ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਮੁਕੇਸ਼ ਕੁਮਾਰ ਐਸ.ਪੀ ਇਨਵੈਸਟੀਗੇਸ਼ਨ ਅਤੇ ਡੀ. ਐਸ. ਪੀ. ਦਸੂਹਾ ਦੀਆਂ ਹਦਾਇਤਾਂ ਮੁਤਾਬਿਕ ਇੰਸਪੈਕਟਰ ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਦਸੂਹਾ ਦੀ



ਅਗਵਾਈ ਹੇਠ ਏ ਐਸ ਆਈ ਸਰਬਜੀਤ ਸਿੰਘ ਨੇ ਧੋਖਾਧੜੀ ਦੇ ਕੇਸ ਤਹਿਤ 2 ਮੁਲਜ਼ਮਾਂ ਯੋਧਾ ਸਿੰਘ ਉਰਫ ਨਵਜੋਤ ਸਿੰਘ ਪੁੱਤਰ ਹਰਪਾਲ ਸਿੰਘ ਅਤੇ ਨਵਨੀਤ ਸਿੰਘ ਉਰਫ ਮਾਈਕਲ ਪੁੱਤਰ ਜਸਵੀਰ ਸਿੰਘ ਨੂੰ ਗ੍ਰਿਫਤਾਰ ਕੀਤਾ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਸੁੱਚਾ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਮੋਰੀਆ, ਦਵਿੰਦਰ ਸਿੰਘ ਪੁੱਤਰ ਮਲਕੀਤ ਸਿੰਘ ਅਤੇ ਰਮਨ ਕੌਰ ਪਤਨੀ ਦਵਿੰਦਰ ਸਿੰਘ ਪਿੰਡ ਸੰਘੋਈ ਨੇ ਆਪਣੇ ਲੜਕੇ ਨੂੰ ਅਮਰੀਕਾ ਭੇਜਣ ਲਈ ਉਕਤ ਵਿਕਤੀਆਂ ਨੂੰ 43,55000 ਰੁਪਏ ਦਿੱਤੇ ਸਨ ਪਰੰਤੂ ਉਕਤ ਵਿਅਕਤੀਆਂ ਨੇ ਲੜਕੇ ਨੂੰ ਅਮਰੀਕਾ ਨਾ ਭੇਜ ਕੇ ਸੁੱਚਾ ਸਿੰਘ ਵਗੈਰਾ ਨਾਲ 43,55000 ਰੁਪਏ ਦੀ ਧੋਖਾਧੜੀ ਕੀਤੀ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਸੁੱਚਾ ਸਿੰਘ ਵਗੈਰਾ ਵੱਲੋਂ ਦਿੱਤੀ ਗਈ ਦਰਖਾਸਤ ਦੀ ਇਨਕੁਆਇਰੀ ਕਰਨ ਤੋਂ ਉਪਰੰਤ ਉਕਤ ਵਿਅਕਤੀਆਂ 'ਤੇ ਥਾਣਾ ਦਸੂਹਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ। ਉਹਨਾਂ ਦੱਸਿਆ ਕਿ ਇਸ ਮੁਕੱਦਮੇ ਵਿੱਚ ਮੁਲਜ਼ਮ ਦਵਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਪਹਿਲਾਂ ਹੀ ਜੇਲ੍ਹ ਭੇਜਿਆ ਗਿਆ ਸੀ ਤੇ ਉਸ ਤੋਂ ਬਾਅਦ ਵਿੱਚ ਤਫਤੀਸ਼ ਦੌਰਾਨ ਮੁਲਜ਼ਮ ਦਵਿੰਦਰ ਸਿੰਘ ਦੇ ਦੱਸਣ 'ਤੇ ਹੀ ਮੁਲਜ਼ਮ ਯੋਧਾ ਸਿੰਘ ਉਰਫ ਨਵਜੋਤ ਸਿੰਘ ਅਤੇ ਨਵਨੀਤ ਸਿੰਘ ਉਰਫ ਮਾਈਕਲ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

# ਸਨਅਤਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਪੰਜਾਬ ਸਰਕਾਰ ਯਤਨਸ਼ੀਲ : ਸ਼ੈਰੀ ਕਲਸੀ

## * ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਦੇ ਉਦਯੋਗਿਕ ਅਸਟੇਟ ਨੂੰ ਦਿੱਤਾ ਤੋਹਫਾ

ਬਟਾਲਾ (ਡਾ. ਮਲਵਿੰਦਰ ਸਿੰਘ)-ਪੰਜਾਬ ਸਰਕਾਰ ਸੂਬੇ ਵਿੱਚ ਉਦਯੋਗ ਨੂੰ ਹੋਰ ਪ੍ਰਫੁੱਲਤ ਕਰਨ ਲਈ ਯਤਨਸ਼ੀਲ ਹੈ ਅਤੇ ਸਨਅਤਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਅਤੇ ਵਧੀਆ ਬੁਨਿਆਦੀ ਢਾਂਚਾ ਮੁੱਹਈਆ ਕਰਾਉਣ ਲਈ ਵਚਨਬੱਧ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਹਲਕਾ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਕਲਸੀ ਨੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸੇ ਕੜੀ ਤਹਿਤ ਹੀ ਬਟਾਲਾ ਦੇ ਉਦਯੋਗਕ ਅਸਟੇਟ ਵਿੱਚ ਸੀਵਰੇਜ, ਸੜਕਾਂ ਅਤੇ ਸਟਰੀਟ ਲਾਈਟਾਂ ਦੇ ਨਵੀਨੀਕਰਨ ਲਈ ਪੰਜਾਬ ਸਰਕਾਰ ਵੱਲੋਂ 2.35 ਕਰੋੜ ਦੀ ਵਿਸ਼ੇਸ਼ ਗਰਾਂਟ ਭੇਜੀ ਗਈ ਹੈ ਤਾਂ ਜੋ ਉਦਯੋਗਿਕ ਇਕਾਈਆਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਰਪੇਸ਼ ਨਾ ਆਵੇ।ਸਥਾਨਕ ਇੰਡਸਟਰੀਅਲ ਅਸਟੇਟ ਫੈਕਟਰੀ ਐਸੋਸੀਏਸ਼ਨ ਵੱਲੋਂ ਪ੍ਰਧਾਨ ਪਰਮਜੀਤ ਸਿੰਘ ਗਿੱਲ ਦੀ ਅਗਵਾਈ ਵਿੱਚ ਇੱਕ ਸਾਦਾ ਪਰ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਵਿਧਾਇਕ ਕਲਸੀ ਦੇ ਛੋਟੇ ਭਰਾ ਅੰਮ੍ਰਿਤ ਕਲਸੀ ਅਤੇ ਸੁਖਜਿੰਦਰ ਸਿੰਘ ਰਜਿੰਦਰਾ ਫਾਊਂਡਰੀ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਗਈ ਗਰਾਂਟ ਨਾਲ ਹੋਣ ਵਾਲੇ ਉਦਯੋਗਿਕ ਖੇਤਰ ਵਿੱਚ ਵਿਕਾਸ ਕੰਮਾਂ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਸੰਬੋਧਨ ਕਰਦਿਆਂ ਇੰਡਸਟਰੀਅਲ ਅਸਟੇਟ ਫੈਕਟਰੀ ਐਸੋਸੀਏਸ਼ਨ ਦੇ ਪ੍ਰਧਾਨ ਪਰਮਜੀਤ ਸਿੰਘ ਗਿੱਲ ਨੇ ਦੱਸਿਆ ਕਿ ਉਨਾਂ ਵੱਲੋਂ ਵਿਧਾਇਕ ਕਲਸੀ ਦੇ ਧਿਆਨ ਵਿੱਚ ਉਦਯੋਗਿਕ ਖੇਤਰ ਨੂੰ ਦਰਪੇਸ਼ ਮੁਸ਼ਕਲਾਂ ਨੂੰ ਲਿਆਂਦਾ ਗਿਆ ਸੀ ਜਿਸ ਨੂੰ ਮੁੱਖ ਰੱਖਦਿਆਂ ਹੋਇਆਂ ਵਿਧਾਇਕ ਕਲਸੀ ਨੇ ਪੰਜਾਬ ਸਰਕਾਰ ਕੋਲੋਂ 2.35 ਕਰੋੜ ਰੁਪਏ ਵਿਕਾਸ ਕੰਮਾਂ ਲਈ ਜਾਰੀ ਕਰਵਾਏ ਹਨ, ਜਿਸ ਨਾਲ ਅੱਜ ਵਿਕਾਸ ਕੰਮਾਂ



ਦੀ ਸ਼ੁਰੂਆਤ ਹੋ ਰਹੀ ਹੈ ਜਿਸ ਲਈ ਸਮੁੱਚੀ ਫੈਕਟਰੀ ਐਸੋਸੀਏਸ਼ਨ ਪੰਜਾਬ ਸਰਕਾਰ ਅਤੇ ਵਿਧਾਇਕ ਕਲਸੀ ਦੀ ਧੰਨਵਾਦੀ ਹੈ।ਇਸ ਮੌਕੇ ਐਸੋਸੀਏਸ਼ਨ ਦੇ ਜਨਰਲ ਸਕੱਤਰ ਰਵਿੰਦਰ ਹਾਂਡਾ, ਸਾਹਿਲ ਅਲੋਏ ਐਂਡ ਮਸ਼ੀਨ ਟੂਲਜ ਦੇ ਮੈਨੇਜਿੰਗ ਡਾਇਰੈਕਟਰ ਸਾਹਿਲ ਗਿੱਲ, ਉਦਯੋਗਪਤੀ ਸੁਖਜਿੰਦਰ ਸਿੰਘ ,ਗੁਰਪ੍ਰੀਤ ਸਿੰਘ, ਤਵਿੰਦਰ ਸਿੰਘ, ਅਜਮੇਰ ਸਿੰਘ, ਰਣਧੀਰ ਸਿੰਘ, ਹਰਦੀਪ ਸਿੰਘ, ਹਰਜੀਤ ਸਿੰਘ, ਗੁਰਪ੍ਰੀਤ ਸਿੰਘ, ਵਿਕਟਰ ਪਵਨ ਗੋਇਲ, ਬਲਵਿੰਦਰ ਸਿੰਘ, ਸੁਵਿੰਦਰ ਸਿੰਘ ਇੰਦਰ ਸਿੰਘ ਅਤੇ ਹੋਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਬੀ ਏ ਐੱਸ ਐੱਫ ਵੱਲੋਂ ਵੇਲੇਕਸੀਓ ਕੀਟਨਾਸ਼ਕ ਤੇ ਮਿਬੇਲਯਾ ਉੱਲੀਨਾਸ਼ਕ ਲਾਂਚ

**ਜਲੰਧਰ/ਤਰਨਤਾਰਨ** : ਬੀਏਐੱਸਐੱਫ ਇੰਡੀਆ ਨੇ ਆਪਣੇ ਦੋ ਆਧੁਨਿਕ ਵਿਸ਼ਪ-ਵਿਆਪੀ ਫਸਲ ਸੁਰੱਖਿਆ ਸਮਾਧਾਨ ਵੇਲੇਕਸੀਓ ਕੀਟਨਾਸ਼ਕ ਅਤੇ ਮਿਬੇਲਯਾ ਉੱਲੀਨਾਸ਼ਕ ਲਾਂਚ ਕੀਤੇ ਹਨ, ਜੋ ਭਾਰਤ ਦੀ ਸਭ ਤੋਂ ਮਹੱਤਵਪੂਰਨ ਭੋਜਨ ਦੀ ਫਸਲ ਚਾਵਲਾਂ ਨੂੰ ਸੇਵਾ ਪ੍ਰਦਾਨ ਕਰਨਗੇ।ਇਨ੍ਹਾਂ ਦੋ ਨਵੇਂ 'ਨਾਸ਼ਕਾਂ' ਦੀ ਸ਼ੁਰੂਆਤ ਭਾਰਤ ਦੇ ਰਾਸ਼ਟਰੀ ਭੋਜਨ ਸੁਰੱਖਿਆ ਏਜੰਡੇ ਦਾ ਸਮਰਥਨ ਕਰੇਗੀ।ਇਹ ਸਮਾਧਾਨ ਚਾਵਲ ਦੇ ਉਤਪਾਦਕਾਂ ਨੂੰ ਉਨ੍ਹਾਂ ਦੇ ਚਾਵਲਾਂ ਦੀ ਉਪਜ ਨੂੰ ਵਧਾਉਣ ਵਿੱਚ ਮਦਦ ਕਰਨਗੇ ਕਿਉਂਕਿ ਇਹ ਚਾਵਲਾਂ ਦੇ ਇੱਕ ਮੁੱਖ ਕੀਟ, ਚਾਵਲ ਦੇ ਹੋਪਰਸ ਅਤੇ ਸ਼ੀਥ ਬਲਾਈਟ ਨਿਯੰਤ੍ਰਣ ਵਰਗੀਆਂ ਬਿਮਾਰੀਆਂ ਨੂੰ ਨਿਯੰਤ੍ਰਿਤ ਕਰਨ ਵਿੱਚ ਮਦਦ ਕਰਦੇ ਹਨ।ਵੇਲੇਕਸੀਓ ਬੀਏਐੱਸਐੱਫ ਦਾ ਨਵੀਨਤਮ ਕੀਟਨਾਸ਼ਕ ਹੈ ਅਤੇ ਇਹ ਨਾ ਸਿਰਫ ਏਸ਼ੀਆ ਪ੍ਰਸ਼ਾਂਤ ਦੇ ਚਾਵਲ ਉਤਪਾਦਕਾਂ ਲਈ ਬਲਕਿ ਇਸ ਖੇਤਰ ਵਿੱਚ ਚਾਵਲਾਂ ਦੀ ਫਸਲ ਲਈ ਸਾਡੀ ਲੰਬੇ ਸਮੇਂ ਬਾਅਦ ਇਜਾਦ ਕੀਤੀ ਮਹੱਤਵਪੂਰਨ ਖੋਜ ਹੈ।

# ਗਹਿਰੀ ਮੰਡੀ-ਮਹਿਤਾ ਸੜਕ ਨੂੰ ਚੌੜਾ ਤੇ ਮਜ਼ਬੂਤ ਕਰਨ ਦਾ ਕੰਮ ਸ਼ੁਰੂ

## *6 ਮਹੀਨਿਆਂ 'ਚ ਮੁਕੰਮਲ ਹੋਵੇਗਾ ਸੜਕ ਦਾ ਨਿਰਮਾਣ ਕਾਰਜ : ਈ ਟੀ ਓ

ਜੰਡਿਆਲਾ ਗੁਰੂ/ਗਹਿਰੀ ਮੰਡੀ (ਹਰਿੰਦਰ ਪਾਲ ਸਿੰਘ/ਲਾਲੀ ਮੱਲੀ )-ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਗਹਿਰੀ ਮੰਡੀ ਤੋਂ ਮਹਿਤਾ ਨੂੰ ਜੋੜਨ ਵਾਲੀ ਸੜਕ ਨੂੰ ਚੌੜਾ ਅਤੇ ਮਜ਼ਬੂਤ ਕਰਨ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਹੋਏ ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਦੱਸਿਆ ਕਿ ਕਰੀਬ 21 ਕਿਲੋਮੀਟਰ ਦੀ ਇਸ ਸੜਕ ਉਤੇ ਕੁੱਲ 17.65 ਕਰੋੜ ਰੁਪਏ ਦੀ ਲਾਗਤ ਆਵੇਗੀ ਅਤੇ ਸੜਕ ਨੂੰ ਛੇ ਮਹੀਨਿਆਂ ਵਿੱਚ ਮੁਕੰਮਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਜੰਡਿਆਲਾ ਹਲਕੇ ਦੇ ਮੁੱਖ ਪਿੰਡ ਡੇਹਰੀਵਾਲ, ਸਰਜਾ, ਬੇਰੀਆਂਵਾਲਾ, ਮਹਿਸਮਪੁਰ, ਕੋਹਾਟਵਿੰਡ ਹਿੰਦੂਆਂ ਦੇ ਵਾਸੀਆ ਨੂੰ ਬਹੁਤ ਹੀ ਲਾਭ ਮਿਲੇਗਾ ਅਤੇ ਰੋਜ਼ਾਨਾ ਦੀ ਆਵਾਜਾਈ ਆਸਾਨ ਹੋਵੇਗੀ।ਉਨ੍ਹਾਂ ਦੱਸਿਆ ਕਿ ਅੱਜ ਇਸ ਸੜਕ ਦਾ ਕੇਵਲ ਨੀਂਹ ਪੱਥਰ ਹੀ



ਨਹੀਂ ਰੱਖਿਆ ਬਲਕਿ ਜੱਬੋਵਾਲ ਵਿੱਚ ਇਸ ਦਾ ਕੰਮ ਸ਼ੁਰੂ ਹੋ ਚੁੱਕਾ ਹੈ।ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੈਂ ਤੇ ਮੇਰੀ ਪਾਰਟੀ ਰਾਜਨੀਤੀ ਨਹੀਂ ਕਰਦੇ ਬਲਕਿ ਵਿਕਾਸ ਕਰਦੇ ਹਾਂ ਅਤੇ ਮੇਰੀ ਸੋਚ ਹੈ ਕਿ ਜਿਸ ਭਾਵਨਾ ਨਾਲ ਲੋਕਾਂ ਨੇ ਮੈਨੂੰ ਵੋਟਾਂ ਪਈਆਂ ਹਨ, ਮੈਂ ਉਨ੍ਹਾਂ ਦੀ ਸੋਚ ਉਤੇ ਪੂਰਾ ਉਤਰ ਸਕਾਂ। ਉਨ੍ਹਾਂ ਦੱਸਿਆ ਕਿ ਜੰਡਿਆਲਾ ਗੁਰੂ ਤੋਂ ਤਰਨ ਤਾਰਨ ਸਾਹਿਬ ਨੂੰ ਜਾਣ ਵਾਲੀ ਮੁੱਖ ਸੜਕ ਜੋ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਵਸਾਏ ਹੋਏ ਨਗਰ ਦਾ ਮੁੱਖ ਰਸਤਾ ਹੈ, ਦਾ ਨਾਂ ਪਿਛਲੀ ਸਰਕਾਰ ਵੇਲੇ ਦੇ ਮੰਤਰੀ ਦੇ ਤਤਕਾਲੀਨ ਵਿਧਾਇਕ ਜੋ ਕਿ ਉਨ੍ਹਾਂ ਦਾ ਪੁੱਤਰ ਹੈ, ਨੇ ਆਪਣੇ ਪਿਤਾ ਦੇ ਨਾਮ ਉੱਤੇ ਨਿਯਮਾਂ ਵਿੱਚ ਛੇੜਛਾੜ ਕਰਕੇ ਕਰ ਲਿਆ ਸੀ ਪਰ ਮੈਂ ਪਿਛਲੇ ਸਾਲ ਇਸ ਸੜਕ ਨੂੰ ਜਿੱਥੇ ਚੌੜਾ ਕਰਵਾਇਆ ਉਥੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਨਾਮ ਉਤੇ ਸੜਕ ਦਾ ਨਾਂ ਰੱਖਿਆ ਅਤੇ ਜੰਡਿਆਲਾ ਵਿਖੇ ਇਹ ਸੜਕ ਉੱਤੇ ਸ਼ਾਨਦਾਰ ਗੇਟ ਉਸਾਰੇ।ਇਸ ਮੌਕੇ ਡਰੇਨ ਉਤੇ ਪੁਲ ਬਣਾਉਣ ਦੀ ਮਨਜ਼ੂਰੀ ਵੀ ਦਿੱਤੀ। ਇਸ ਮੌਕੇ ਚੇਅਰਮੈਨ ਗੁਰਵਿੰਦਰ ਸਿੰਘ, ਬਲਾਕ ਪ੍ਰਧਾਨ ਗੁਰਜਿੰਦਰ ਸਿੰਘ, ਜਰਮਨਜੀਤ ਸਿੰਘ, ਭੁਪਿੰਦਰ ਸਿੰਘ, ਬਲਰਾਜ ਸਿੰਘ ਤਰਸਿਕਾ, ਚੇਅਰਮੈਨ ਸ਼ਨਾਖ ਸਿੰਘ, ਸਰਪੰਚ ਗੁਰਵਿੰਦਰ ਸਿੰਘ ਬੇਰੀਆਂ, ਚਰਨਜੀਤ ਸਿੰਘ, ਮੁਖਵਿੰਦਰ ਸਿੰਘ ਸਾਬਕਾ ਸਰਪੰਚ ਅਤੇ ਹੋਰ ਪਤਵੰਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

2 Jun Page-12.qxd 6/1/2025 8:32 PM Page 1



# ਗੁਰੂ ਨਾਨਕ ਖਾਲਸਾ ਕਾਲਜ ਡਰੋਲੀ ਕਲਾਂ 'ਚ ਵਾਤਾਵਰਣ ਦਿਵਸ ਮਨਾਇਆ



**ਆਦਮਪੁਰ (ਪਰਮਜੀਤ ਸਿੰਘ)**- ਗੁਰੂ ਨਾਨਕ ਖਾਲਸਾ ਕਾਲਜ ਪਿੰਡ ਡਰੋਲੀ ਕਲਾਂ ਵਿਖੇ ਵਾਤਾਵਰਣ ਦਿਵਸ ਮਨਾਇਆ ਗਿਆ । ਇਸ ਮੌਕੇ ਚਰਚਾ ਦਾ ਮੁੱਖ ਬਿੰਦੂ 'ਪਲਾਸਟਿਕ' ਰੱਖਿਆ ਗਿਆ । ਕਾਲਜ ਵੱਲੋਂ ਵਿਸ਼ੇਸ਼ ਸੱਦੇ 'ਤੇ ਇਲਾਕੇ ਦੇ ਉਘੇ ਸਮਾਜ ਸੇਵੀ ਅਤੇ ਵਾਤਾਵਰਣ ਪ੍ਰੇਮੀ ਇੰਜ ਹਰਿੰਦਰ ਸਿੰਘ (ਪ੍ਰਧਾਨ ਪ੍ਰਿਥਵੀ ਵੈਲਫੇਅਰ ਸੋਸਾਇਟੀ) ਨੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ । ਹਰਿੰਦਰ ਸਿੰਘ ਨੇ ਦੱਸਿਆ ਕਿ ਕਿਵੇਂ ਪਲਾਸਟਿਕ ਦੇ ਅਨੇਕਾਂ ਰੂਪ ਵਿਸ਼ਵ ਭਰ ਵਿੱਚ ਆ ਗਏ ਹਨ। ਇਸ ਦੇ ਅਨੇਕਾਂ ਹੀ ਨੁਕਸਾਨ ਵੀ ਹਨ । ਖਾਸ ਤੌਰ 'ਤੇ ਇਕ ਵਾਰ ਵਰਤੋਂ ਵਿੱਚ ਆਉਣ ਵਾਲਾ ਪਲਾਸਟਿਕ ਧਰਤੀ ਦੀ ਮਿੱਟੀ ਅਤੇ ਪਾਣੀ ਨੂੰ ਬਹੁਤ ਪ੍ਰਦੂਸ਼ਿਤ ਕਰ ਰਿਹਾ ਹੈ। ਇਹ ਕਈ ਸੌ ਸਾਲ ਗਲਦਾ ਨਹੀਂ । ਮਾਈਕਰੋ ਪਲਾਸਟਿਕ ਯਾਨੀ ਪਲਾਸਟਿਕ ਦਾ ਸੂਖਮ ਰੂਪ ਬੇਹੱਦ ਖਤਰਨਾਕ ਹੁੰਦਾ ਹੈ । ਇਹ ਹਵਾ, ਪਾਣੀ ਜਾਂ ਖਾਣ ਵਾਲਿਆਂ ਵਸਤਾਂ ਰਾਹੀਂ ਜੀਵ ਦੇ ਖੂਨ ਵਿੱਚ ਪਹੁੰਚ ਜਾਂਦਾ ਹੈ । ਉਪਰੰਤ ਮਨੁੱਖ ਜਾਂ ਜੀਵ ਨੂੰ ਖਤਰਨਾਕ ਅਤੇ ਜਾਨਲੇਵਾ ਬਿਮਾਰਿਆਂ ਲਗਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਦੀ ਘੱਟ ਤੋਂ ਘੱਟ ਵਰਤੋਂ ਕਰੋ , ਮੁੜ ਇਸਤੇਮਾਲ ਵਾਲਾ ਪਲਾਸਟਿਕ ਵਰਤੋ , ਪੁਰਾਣੇ ਪਲਾਸਟਿਕ ਦਾ ਸਹੀ ਤਰੀਕੇ ਨਾਲ ਨਿਬੇੜਾ ਕਰਨਾ ਚਾਹੀਦਾ ਹੈ । ਪਲਾਸਟਿਕ ਦੇ ਬੈਗ ਜਾਂ ਲਿਫਾਫੇ ਦੀ ਵਰਤੋਂ ਬੰਦ ਕਰਨੀ ਚਾਹੀਦੀ ਹੈ । ਇਸ ਦੀ ਥਾਂ ਕੱਪੜੇ ਆਦਿ ਨਾਲ ਬਣੇ ਬੈਗ ਵਰਤੋ । ਘਰ ਦਾ ਕੂੜਾ ਲਿਫਾਫੇ ਵਿੱਚ ਬੰਨ੍ਹ ਕੇ ਨਾ ਸੁੱਟੋ । ਪਿਛਲੇ ਕਈ ਦਹਾਕਿਆਂ ਦੌਰਾਨ, ਅਨੇਕ ਸਮੁੰਦਰਾਂ ਵਿੱਚ ਲੱਖਾਂ ਟਨ ਪਲਾਸਟਿਕ ਤੈਰ ਰਿਹਾ ਹੈ । ਇਹ ਪਾਣੀ ਵਿੱਚ ਰਹਿੰਦੇ ਜੀਵ ਜੰਤੂਆਂ ਦੀ ਹੋਂਦ ਲਈ ਖਤਰਨਾਕ ਹੈ ।ਉਨ੍ਹਾਂ ਦੱਸਿਆ ਕਿ ਕਿਵੇਂ ਰਵਾਂਡਾ ਵਿਸ਼ਵ ਵਿੱਚ ਪਹਿਲਾ ਐਸਾ ਦੇਸ਼ ਬਣਿਆ, ਜਿਸ ਨੇ ਪਲਾਸਟਿਕ ਦੇ ਨਿਪਟਾਰੇ ਉਪਰ ਪੂਰੀ ਤਰ੍ਹਾਂ ਕਾਬੂ ਪਾਇਆ । ਹੋਰ ਵੀ ਕੁੱਝ ਦੇਸ਼, ਸਵੀਡਨ, ਫਰਾਂਸ, ਜਰਮਨੀ, ਸਵਿਟਜ਼ਰਲੈਂਡ, ਆਦਿ ਵੀ ਕਾਬੂ ਪਾਉਣ ਵਿੱਚ ਸਫਲ ਹੋਏ ਹਨ । ਭਾਰਤ ਵਿੱਚ ਕੇਰਲ ਰਾਜ ਦਾ ਕਨੂੰਰ ਜ਼ਿਲ੍ਹਾ 2017 ਵਿੱਚ ਪਲਾਸਟਿਕ ਮੁਕਤ ਜ਼ਿਲ੍ਹਾ ਬਣਿਆ । ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਵਾਤਾਵਰਣ ਦੀ ਸੰਭਾਲ ਵਿੱਚ ਆਪ ਵੀ ਜਾਗਰੂਕ ਹੋਣ ਅਤੇ ਹੋਰਨਾਂ ਨੂੰ ਵੀ ਜਾਗਰੂਕ ਕਰਨ । ਵਿਦਿਆਰਥੀਆਂ ਵੱਲੋਂ ਵੀ ਪੁਰਾਣੇ ਸਮਾਨ ਤੋਂ ਬਣਾਈਆਂ ਵਸਤੂਆਂ ਨੂੰ ਪ੍ਰਦਰਸ਼ਿਤ ਕੀਤਾ ਗਿਆ । ਹਰਿੰਦਰ ਸਿੰਘ ਅਤੇ ਦੀ ਸੰਸਥਾ ਦੇ ਸਾਥੀਆਂ ਨੇ ਬਹੁਤ ਸ਼ਲਾਘਾ ਕੀਤੀ । ਉਨ੍ਹਾਂ ਕਾਲਜ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ । ਇਸ ਮੌਕੇ ਉਨ੍ਹਾਂ ਦੇ ਨਾਲ ਗੁਰਪ੍ਰੀਤ ਸਿੰਘ ਨਿੱਝਰ, ਸ਼ਿੰਗਾਰਾ ਸਿੰਘ, ਪ੍ਰੇਮ ਪਾਲ ਸਿੰਘ, ਸੁਖਜਿੰਦਰ ਸਿੰਘ ਸੁੱਖਾ ਵੀ ਹਾਜ਼ਰ ਸਨ । ਕਾਲਜ ਵੱਲੋਂ ਸਭਨਾਂ ਨੂੰ ਸਨਮਾਨ ਚਿੰਨ੍ਹ ਵਜੋਂ ਇਕ ਇਕ ਬੂਟਾ ਭੇਟ ਕੀਤਾ ਗਿਆ ।

# ਬ੍ਰਹਮਲੀਨ ਸੰਤ ਬਾਬਾ ਉਂਕਾਰ ਨਾਥ ਦਾ 38ਵਾਂ ਸਾਲਾਨਾ ਬਰਸੀ ਸਮਾਗਮ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)** ਨਜ਼ਦੀਕੀ ਪਿੰਡ ਕਾਲਾ ਬਾਹੀਆਂ ਵਿਖੇ ਮਹਾਨ ਤਪੱਸਵੀ ਬ੍ਰਹਮਲੀਨ ਸੰਤ ਬਾਬਾ ਉਂਕਾਰ ਨਾਥ ਕਾਲਾ ਬਾਹੀਆ ਵਾਲਿਆਂ ਦਾ 38ਵਾਂ ਸਾਲਾਨਾ ਬਰਸੀ ਸਮਾਗਮ ਬੜੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਲੜੀਵਾਰ ਪਾਠਾਂ ਦੇ ਭੋਗ ਪਾਏ ਗਏ, ਅਰਦਾਸ ਉਪਰੰਤ ਕੀਰਤਨ ਦੀਵਾਨ ਸਜਾਏ ਗਏ।ਜਿਸ ਵਿੱਚ ਭਾਈ ਸਾਹਿਬ ਬਾਬਾ ਜੀਵਾ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਬਾਬੇ ਸ਼ਹੀਦਾਂ ਸਰਮਸਤ ਪੁਰ, ਭਾਈ ਮਨਜੀਤ ਸਿੰਘ ਕਥਾ ਵਾਚਕ ਧਰਮ ਪ੍ਰਚਾਰ ਕਮੇਟੀ, ਪੰਥਕ ਪ੍ਰਸਿੱਧ ਢਾਡੀ ਜਥਾ ਭਾਈ ਮਨਵੀਰ ਸਿੰਘ ਬੀਏ, ਭਾਈ ਸਤਪਾਲ ਸਿੰਘ ਤਾਜ ਆਦਿ ਵੱਲੋਂ ਸੰਗਤਾਂ ਨੂੰ ਸ਼ਬਦ ਕੀਰਤਨ, ਕਥਾ ਵਿਚਾਰਾਂ ਅਤੇ ਵੀਰਰੱਸੀ ਢਾਡੀ ਵਾਰਾਂ ਨਾਲ ਗੁਰੂ ਇਤਿਹਾਸ ਸਰਵਣ ਕਰਵਾਇਆ ਗਿਆ । ਸਮਾਜਿਕ, ਧਾਰਮਿਕ ਤੇ ਵੱਖ ਵੱਖ ਪਾਰਟੀਆਂ ਦੇ ਸਿਆਸੀ ਆਗੂਆਂ ਤੇ ਸੰਤ ਮਹਾਂਪੁਰਸ਼ਾਂ ਵੱਲੋਂ ਬ੍ਰਹਮਲੀਨ ਸੰਤ ਬਾਬਾ ਉਂਕਾਰ ਨਾਥ ਜੀ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਪ੍ਰਬੰਧਕਾਂ ਵਿੱਚੋਂ ਸਰਪੰਚ ਪਰਮਜੀਤ ਪਾਲ, ਰਣਜੀਤ ਸਿੰਘ ਬਾਹੀਆ,




ਹੁਸਨ ਲਾਲ, ਰਵਿੰਦਰ ਪਾਲ, ਬਲਵਿੰਦਰ ਸਿੰਘ, ਸੁਰਿੰਦਰ ਕੌਰ ਫੌਜਣ, ਬਲਵੀਰ ਕੌਰ, ਪਰਮਿੰਦਰ ਕੌਰ, ( ਸੱਤੇ ਪੰਚ) ਹੈਡ ਗ੍ਰੰਥੀ ਬਾਬਾ ਲੱਖਾ ਸਿੰਘ, ਜਸਵੰਤ ਸਿੰਘ ਬਾਹੀਆ, ਦਰਸ਼ਨ ਸਿੰਘ ਫੌਜੀ, ਜਥੇਦਾਰ ਗੁਰਦੀਪ ਸਿੰਘ ਬਾਹੀਆ, ਆਦਿ ਵੱਲੋਂ ਸਾਂਝੇ ਤੌਰ 'ਤੇ ਭਾਈ ਸਾਹਿਬ ਭਾਈ ਬਾਬਾ ਜੀਵਾ ਸਿੰਘ , ਸਾਬਕਾ ਵਿਧਾਇਕ ਚੌਧਰੀ ਸੁਰਿੰਦਰ ਸਿੰਘ, ਸੀਨੀਅਰ ਕਾਂਗਰਸੀ ਆਗੂ ਸੇਵਾਮੁਕਤ ਐਸਐਸਪੀ ਰਜਿੰਦਰ ਸਿੰਘ, ਬਸਪਾ ਆਗੂ ਐਡਵੋਕੇਟ ਬਲਵਿੰਦਰ ਕੁਮਾਰ, ਜਥੇਦਾਰ ਰਣਜੀਤ ਸਿੰਘ ਕਾਹਲੋਂ, ਸਾਬਕਾ ਚੇਅਰਮੈਨ ਰਜਿੰਦਰਪਾਲ ਸਿੰਘ ਰਾਣਾ ਰੰਧਾਵਾ, ਸਰਪੰਚ ਪ੍ਰਦੀਪ ਕੁਮਾਰ ਦੀਪਾ ਬੱਲਾਂ, ਬਲਾਕ ਪ੍ਰਧਾਨ ਅਮਰਜੀਤ ਸਿੰਘ ਕੰਗ, ਚੇਅਰਮੈਨ ਗੁਰਪਾਲ ਸਿੰਘ ਪਾਲਾ ਮਾਂਗੇਕੀ, ਬੀਰ ਚੰਦ ਸਰੀਲਾ ਆਦਿ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਬੀਬੀ ਬਲਵਿੰਦਰ ਕੌਰ, ਸੇਵਾ ਮੁਕਤ ਪ੍ਰਿੰਸੀਪਲ ਚਰਨਾ ਰਾਮ, ਸਾਬਕਾ ਸਰਪੰਚ ਜਰਨੈਲ ਸਿੰਘ, ਸਤਨਾਮ ਸਿੰਘ ਬਾਹੀਆ,ਬਲਵਿੰਦਰ ਸਿੰਘ ਬਾਹੀਆ, ਸੰਦੀਪ ਸਿੰਘ ਬੁੱਟਰ, ਮਹਿੰਦਰ ਸਿੰਘ ਬਾਹੀਆ, ਨੰਬਰਦਾਰ ਸੁਰਿੰਦਰ ਸਿੰਘ ਬਾਹੀਆ, ਸੁਖਜਿੰਦਰ ਸਿੰਘ ਮੰਡ, ਸਰਪੰਚ ਰਾਜਵਿੰਦਰ ਸਿੰਘ ਰਾਜਾ ਈਸਪੁਰ, ਸ਼ਾਦੀ ਲਾਲ ਬੱਲਾਂ, ਗੁਰਮੇਲ ਸਿੰਘ ਗੇਲਾ ਨੌਗਜਾ ਆਦਿ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਸਮਾਗਮ ਦੌਰਾਨ ਮੰਚ ਸੰਚਾਲਨ ਦੀਆਂ ਸੇਵਾਵਾਂ ਭਾਈ ਗੁਰਵਿੰਦਰ ਸਿੰਘ ਖਾਲਸਾ ਨੇ ਨਿਭਾਈਆਂ।

## ਜਨਮ ਦਿਨ ਮੁਬਾਰਕ



ਰੂਥ ਮਸੀਹ
ਪਿਤਾ : ਗੁਰਪ੍ਰੀਤ ਕੁਮਾਰ
ਮਾਤਾ : ਰਬੀਕਾ
ਵਾਸੀ : ਕਪੂਰਥਲਾ



ਰਵਿੰਦਰ ਬੈਂਸ
ਪਿਤਾ : ਜਸਵਿੰਦਰ ਬੈਂਸ
ਮਾਤਾ : ਬਲਜੀਤ ਕੌਰ

# ਦਿਹਾਣਾ 'ਚ ਸਾਲਾਨਾ ਛਬੀਲ ਅੱਜ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਦਿਹਾਣਾ ਵਿਖੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ, ਬਾਣੀ ਦੇ ਬੋਹਿਥ ਪਾਤਸ਼ਾਹੀ ਪੰਜਵੀਂ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ 419ਵੇਂ ਸ਼ਹੀਦੀ ਦਿਹਾੜੇ ਨੂੰ ਸਲਾਨਾ ਛਬੀਲ ਅਤੇ ਛੋਲਿਆਂ ਦੇ ਪ੍ਰਸ਼ਾਦਿ ਦੇ ਲੰਗਰ 2 ਜੂਨ ਨੂੰ ਸ਼ਰਧਾ ਭਾਵਨਾ ਨਾਲ ਲਗਾਏ ਜਾ ਰਹੇ ਹਨ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਬਲਿਹਾਰ ਸਿੰਘ ਜਸਵਾਲ ਨੇ ਦੱਸਿਆ ਕਿ ਇਸ ਸਾਲ ਵੀ ਪੰਜਵੀਂ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ 419ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਛਬੀਲ ਅਤੇ ਛੋਲਿਆਂ ਦੇ ਪ੍ਰਸ਼ਾਦਿ ਦੇ ਲੰਗਰ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਸਥਾਨ 'ਤੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਬੀਬੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਜਾ ਰਹੇ ਹਨ। ਇਸ ਮੌਕੇ ਪ੍ਰਬੰਧਕਾਂ ਨੇ ਸਮੂਹ ਇਲਾਕੇ ਦੀਆਂ ਸੰਗਤਾਂ ਨੂੰ ਸ਼ਹੀਦੀ ਦਿਹਾੜੇ ਮੌਕੇ ਛਬੀਲ ਵਿਚ ਸੇਵਾ ਕਰਨ ਦੀ ਅਪੀਲ ਕੀਤੀ।

# ਮੁਹਾਲੀ ਪ੍ਰਸ਼ਾਸਨ ਨੇ ਲਾਲੜੂ ਵਿਖੇ ਅਪ੍ਰੇਸ਼ਨ ਸ਼ੀਲਡ ਤਹਿਤ ਮੌਕ ਡਰਿੱਲ ਕੀਤਾ ਅਭਿਆਸ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸ਼ਨੀਵਾਰ ਸ਼ਾਮ 6:00 ਵਜੇ ਤੋਂ ਬਾਅਦ ਲਾਲੜੂ ਵਿਖੇ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਸਟੋਰੇਜ-ਕਮ- ਕੰਪ੍ਰੈਸਡ ਐਲ ਪੀ ਜੀ ਦੇ ਬੋਟਲਿੰਗ ਪਲਾਂਟ ਵਿੱਚ ਜਿਵੇਂ ਹੀ ਏਅਰ ਰੇਡ ਸਾਇਰਨ ਵੱਜਿਆ, ਤੁਰੰਤ ਐਮਰਜੈਂਸੀ ਬਚਾਅ ਟੀਮਾਂ ਹਰਕਤ ਵਿੱਚ ਆ ਪਲਾਂਟ ਦੀ ਇਮਾਰਤ ਵੱਲ ਦੌੜ ਪਈਆਂ।ਇਹ ਸਾਰਾ ਘਟਨਾਕ੍ਰਮ ਜ਼ਿਲ੍ਹਾ ਪ੍ਰਸ਼ਾਸਨ ਮੋਹਾਲੀ ਦੁਆਰਾ ਬੀ ਪੀ ਸੀ ਐਲ ਪਲਾਂਟ ਵਿਖੇ ਸ਼ਨੀਵਾਰ ਸ਼ਾਮ ਨੂੰ ਆਪ੍ਰੇਸ਼ਨ ਸ਼ੀਲਡ ਅਧੀਨ ਐਮਰਜੈਂਸੀ ਪ੍ਰਤੀਕਿਰਿਆ ਸਮੇਂ ਦੀ ਤਿਆਰੀ ਦੀ ਜਾਂਚ ਕਰਨ ਲਈ ਲਗਾਏ ਗਏ ਇੱਕ ਆਰਜ਼ੀ ਦ੍ਰਿਸ਼ ਸੀ।ਇਸ ਪੂਰੀ ਕਾਰਵਾਈ ਦੀ ਨਿਗਰਾਨੀ ਇੱਕ ਸੀਨੀਅਰ ਪੀ ਸੀ ਐਸ ਅਧਿਕਾਰੀ ਅਤੇ ਸਾਬਕਾ ਸੈਨਿਕ ਅਧਿਕਾਰੀ, ਅਨਮੋਲ ਸਿੰਘ ਧਾਲੀਵਾਲ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦੁਆਰਾ ਕੀਤੀ ਗਈ। ਉਨ੍ਹਾਂ ਕਿਹਾ ਕਿ ਅੱਜ ਦੀ ਯੋਜਨਾਬੱਧ ਮੌਕ ਡ੍ਰਿਲ ਸਾਈਟ 'ਤੇ ਮੌਜੂਦ ਵਿਅਕਤੀਆਂ ਨੂੰ ਬਚਾਉਣ ਲਈ ਐਮਰਜੈਂਸੀ ਪ੍ਰਤੀਕਿਰਿਆ ਪ੍ਰਕਿਰਿਆਵਾਂ ਦੀ ਨਕਲ ਕਰਨ ਲਈ ਸੀ।ਐਸ ਡੀ ਐਮ ਡੇਰਾਬੱਸੀ ਅਮਿਤ ਗੁਪਤਾ ਨੇ ਕਿਹਾ ਕਿ ਮੌਕ ਡਰਿੱਲ ਵਿੱਚ ਹੋਮਗਾਰਡ (ਸਿਵਲ ਡਿਫੈਂਸ), ਐਨ ਡੀ ਆਰ ਐਫ, ਫਾਇਰ ਫਾਈਟਿੰਗ ਅਤੇ ਮੈਡੀਕਲ ਟੀਮਾਂ ਅਤੇ ਸਥਾਨਕ ਪ੍ਰਸ਼ਾਸਨ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਏਅਰ ਰੇਡ ਸਾਇਰਨ ਵੱਜਣ ਤੋਂ ਬਾਅਦ ਪਲਾਂਟ ਵਿੱਚ ਫਸੇ ਨਾਗਰਿਕਾਂ/ਕਰਮਚਾਰੀਆਂ ਨੂੰ ਬਚਾਉਣ ਲਈ ਸਿਵਲ ਡਿਫੈਂਸ ਅਭਿਆਨ ਦੇ ਹਿੱਸੇ ਵਜੋਂ ਤੁਰੰਤ ਬਚਾਅ ਕਾਰਜ ਸ਼ੁਰੂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਅਭਿਆਨ ਦਾ ਮੁੱਖ ਉਦੇਸ਼ ਕਿਸੇ ਵੀ ਐਮਰਜੈਂਸੀ ਸਥਿਤੀ ਲਈ ਤਿਆਰ ਰਹਿਣਾ ਸੀ ਅਤੇ ਅੰਤ ਵਿੱਚ ਐਮਰਜੈਂਸੀ ਪ੍ਰਤੀਕਿਰਿਆ ਸਮੇਂ ਨੂੰ ਹੋਰ ਕੁਸ਼ਲ ਬਣਾਉਣ ਲਈ ਕਮੀਆਂ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।ਐਸ ਡੀ ਐਮ ਡੇਰਾਬੱਸੀ ਅਮਿਤ ਗੁਪਤਾ ਨੇ ਅੱਗੇ ਕਿਹਾ ਕਿ ਡੇਰਾਬੱਸੀ ਅਤੇ ਲਾਲੜੂ ਕਸਬਿਆਂ (ਨਗਰ ਕੌਂਸਲ ਹਦੂਦ) ਵਿੱਚ ਇਸ ਮੌਕ ਡ੍ਰਿਲ ਦੇ ਹਿੱਸੇ ਵਜੋਂ ਸ਼ਨੀਵਾਰ ਰਾਤ 8:00 ਵਜੇ ਤੋਂ 8:30 ਵਜੇ ਤੱਕ ਹਸਪਤਾਲਾਂ ਅਤੇ ਨਰਸਿੰਗ ਹੋਮਾਂ ਵਰਗੀਆਂ ਐਮਰਜੈਂਸੀ ਸੇਵਾਵਾਂ ਵਾਲੀਆਂ ਸੰਸਥਾਵਾਂ ਨੂੰ ਛੱਡ ਕੇ ਬਲੈਕਆਊਟ ਦੀ ਯੋਜਨਾ ਵੀ ਬਣਾਈ ਗਈ ਹੈ।



# ਪੰਜਾਬ 'ਵਰਸਿਟੀ ਨਾਂਅ ਬਦਲਣਾ ਸਾਡੀ ਵਿਰਾਸਤੀ ਦਾ ਅਪਮਾਨ : ਮਲਵਿੰਦਰ ਕੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਪੰਜਾਬ ਯੂਨੀਵਰਸਿਟੀ ਦਾ ਨਾਮ ਬਦਲਣ ਅਤੇ ਇਸ ਦੀ ਖੁਦਮੁਖਤਿਆਰੀ ਨੂੰ ਕਮਜ਼ੋਰ ਕਰਨ ਦੀਆਂ ਕਥਿਤ ਸਾਜ਼ਿਸ਼ਾਂ ਦਾ ਸਮਰਥਨ ਕਰਨ ਵਾਲੇ ਹਾਲੀਆ ਬਿਆਨਾਂ ਦੀ ਸਖ਼ਤ ਨਿੰਦਾ ਕੀਤੀ ਹੈ। ਕੰਗ ਨੇ ਹਰਿਆਣਾ ਕਾਂਗਰਸ ਦੇ ਸੰਸਦ ਮੈਂਬਰ ਦੀਪੇਂਦਰ ਹੁੱਡਾ 'ਤੇ ਭਾਜਪਾ ਦੀ ਭਾਸ਼ਾ ਬੋਲਣ ਅਤੇ ਭਾਜਪਾ 'ਤੇ ਪੰਜਾਬ ਦੀ ਸੰਸਥਾਗਤ ਅਤੇ ਸੰਵਿਧਾਨਕ ਵਿਰਾਸਤ ਨੂੰ ਕਮਜ਼ੋਰ ਕਰਨ ਦਾ ਦੋਸ਼ ਲਾਇਆ।ਕੰਗ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਸਿਰਫ਼ ਇੱਕ ਵਿਦਿਅਕ ਸੰਸਥਾ ਨਹੀਂ ਹੈ ਬਲਕਿ ਇਹ ਪੰਜਾਬ ਦੇ ਇਤਿਹਾਸਕ, ਸੱਭਿਆਚਾਰਕ ਅਤੇ ਭਾਵਨਾਤਮਕ ਵਿਰਾਸਤ ਦਾ ਪ੍ਰਤੀਕ ਹੈ।ਹਰਿਆਣਾ ਦਾ ਨਾਂਅ ਪੰਜਾਬ ਯੂਨੀਵਰਸਿਟੀ ਨਾਲ ਜੋੜਨ ਦੀਆਂ ਕੋਸ਼ਿਸ਼ਾਂ ਅਨੁਚਿਤ ਅਤੇ ਗੈਰ-ਸੰਵਿਧਾਨਕ ਹਨ। ਅਜਿਹਾ ਕਰਨਾ ਪੰਜਾਬ ਦਾ ਅਪਮਾਨ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦਾ 50 ਸਾਲਾਂ ਤੋਂ ਵੱਧ ਸਮੇਂ ਤੋਂ ਪੰਜਾਬ ਯੂਨੀਵਰਸਿਟੀ ਨਾਲ ਕੋਈ ਸਬੰਧ ਨਹੀਂ ਹੈ। ਹੁਣ ਉਹ ਕਿਸ ਆਧਾਰ 'ਤੇ ਮਾਲਕੀ ਦਾ ਦਾਅਵਾ ਕਰਦੇ ਹਨ ਜਾਂ ਨਾਂਅ ਬਦਲਣ ਦੀ ਮੰਗ ਕਰਦੇ ਹਨ? ਉਨ੍ਹਾਂ ਕਿਹਾ, ਪਿਛਲੇ ਦੋ ਸਾਲਾਂ ਤੋਂ, ਭਾਜਪਾ ਨੇ ਸੈਨੇਟ ਚੋਣਾਂ ਨੂੰ ਰੋਕਿਆ ਹੋਇਆ ਹੈ, ਜਿਸ ਨਾਲ ਪੰਜਾਬ ਯੂਨੀਵਰਸਿਟੀ ਦੇ ਸ਼ਾਸਨ ਅਤੇ ਖੁਦਮੁਖਤਿਆਰੀ ਕਮਜ਼ੋਰ ਹੋ ਗਈ ਹੈ।ਕੰਗ ਨੇ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਉਨ੍ਹਾਂ ਕਿਹਾ, ਪੰਜਾਬ ਯੂਨੀਵਰਸਿਟੀ ਪੰਜਾਬ ਦੀ ਹੈ। ਅਸੀਂ ਕਦੇ ਵੀ ਕਿਸੇ ਵੀ ਦਖਲਅੰਦਾਜ਼ੀ, ਨਾਂਅ ਬਦਲਣ ਜਾਂ ਇਸ ਦੀ ਪਛਾਣ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਦੀ ਇਜਾਜ਼ਤ ਨਹੀਂ ਦੇਵਾਂਗੇ। ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਹਰਿਆਣਾ ਕਾਂਗਰਸ ਦੇ ਸੰਸਦ ਮੈਂਬਰ ਦੀਪੇਂਦਰ ਹੁੱਡਾ ਦੀ ਪੰਜਾਬ ਯੂਨੀਵਰਸਿਟੀ ਦਾ ਨਾਮ ਬਦਲ ਕੇ ਚੰਡੀਗੜ੍ਹ ਰੱਖਣ ਦੀ ਮੰਗ ਦੀ ਨਿੰਦਾ ਕੀਤੀ ਅਤੇ ਇਸ ਨੂੰ ਪੰਜਾਬ ਦੀ ਵਿਰਾਸਤ ਅਤੇ ਪਛਾਣ 'ਤੇ ਹਮਲਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਵਸਾਏ ਗਏ ਸ਼ਹਿਰ ਵਿੱਚ ਬਣਾਈ ਗਈ ਸੀ। ਉਨ੍ਹਾਂ ਪੰਜਾਬ ਯੂਨੀਵਰਸਿਟੀ ਦਾ ਨਾਂ ਬਦਲਣ ਦੀ ਮੰਗ ਨੂੰ ਬੇਬੁਨਿਆਦ ਅਤੇ ਰਾਜਨੀਤੀ ਤੋਂ ਪ੍ਰੇਰਿਤ ਕਰਾਰ ਦਿੱਤਾ ਅਤੇ ਕਿਹਾ ਕਿ ਇਸ ਦਾ ਉਦੇਸ਼ ਜਨਤਾ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਦੀ ਬਜਾਏ ਬੇਲੋੜਾ ਵਿਵਾਦ ਪੈਦਾ ਕਰਨਾ ਹੈ।

## ਥਾਣਾ ਮਹਿਤਪੁਰ ਦੇ ਐੱਸ ਐੱਚ ਓ ਨੂੰ ਤਰੱਕੀ



**ਮਹਿਤਪੁਰ (ਰਾਜਾ)**- ਥਾਣਾ ਮੁਖੀ ਬਲਵੀਰ ਸਿੰਘ ਨੂੰ ਸਬ ਇੰਸਪੈਕਟਰ ਤੋਂ ਇੰਸਪੈਕਟਰ ਬਣਨ 'ਤੇ ਐਸ. ਐਸ. ਪੀ. ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ, ਐਸ. ਪੀ. ਡੀ. ਸਰਬਜੀਤ ਰਾਏ, ਐਸ. ਪੀ. ਕੁਲਵੰਤ ਸਿੰਘ ਹੀਰ, ਡੀ. ਐਸ. ਪੀ. ਉਂਕਾਰ ਸਿੰਘ ਬਰਾੜ ਤੇ ਹੋਰ ਸੀਨੀਅਰ ਪੁਲਸ ਅਧਿਕਾਰੀਆਂ ਨੇ ਤਰੱਕੀ ਦੇ ਸਟਾਰ ਲਗਾਏ।

## ਸਮਾਜ ਸੇਵੀ ਚੌਧਰੀ ਗਿਆਨ ਸਿੰਘ ਨੂੰ ਸ਼ਰਧਾਂਜਲੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਉੱਘੇ ਸਮਾਜਸੇਵੀ ਰਾਏ ਸਾਹਿਬ ਚੌਧਰੀ ਗਿਆਨ ਸਿੰਘ ਦੀ ਬਰਸੀ ਮੌਕੇ ਉਨ੍ਹਾਂ ਦੇ ਬੁੱਤ 'ਤੇ ਸਮੂਹ ਸਮਾਜ ਨੇ ਸ਼ਰਧਾਂਜਲੀ ਭੇਟ ਕੀਤੀ। ਐਸੋਸੀਏਸ਼ਨ ਦੇ ਪ੍ਰਧਾਨ ਪ੍ਰਿੰਸ ਪਲਿਆਲ, ਪ੍ਰੈਸ ਸਕੱਤਰ ਸਾਦੀ ਲਾਲ, ਪ੍ਰਜਾਪਤੀ ਵਰਿੰਦਰ ਕੁਮਾਰ ਅਤੇ ਸ੍ਰੀਮਤੀ ਅਮਰਜੀਤ ਕੌਰ (ਚੌਧਰੀ ਗਿਆਨ ਸਿੰਘ ਦੀ ਸਪੁੱਤਰੀ) ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ। ਜੀਵਨ ਜੋਤੀ, ਮਾਸਟਰ ਮੇਲਾ ਸਿੰਘ, ਮਾਸਟਰ ਬਲਵੰਤ ਸਿੰਘ ਨਰੰਗਪੁਰ ਨੇ ਸਵ. ਰਾਏ ਸਾਹਿਬ ਚੌਧਰੀ ਗਿਆਨ ਸਿੰਘ ਦੀ ਬਰਸੀ ਮੌਕੇ ਯਾਦ ਕਰਦੇ ਹੋਏ ਉਹਨਾਂ ਦੇ ਜੀਵਨ ਬਾਰੇ ਸੰਖੇਪ ਵਿੱਚ ਦੱਸਿਆ ਕਿ ਸਮਾਜ ਦੇ ਹਰ ਵਰਗ ਦੇ ਗਰੀਬ ਲੋਕਾਂ ਦੀ ਭਲਾਈ ਲਈ ਉਨ੍ਹਾਂ ਆਪਣੇ ਜੀਵਨ ਦੇ ਬੇਸ਼ਕੀਮਤੀ ਪਲਾਂ ਨੂੰ ਸਮਾਜ ਦੇ ਲੇਖੇ ਲਾਉਂਦਿਆਂ ਸਮਾਜ ਲਈ ਚਾਨਣ ਮੁਨਾਰਾ ਬਣੇ। ਪ੍ਰਧਾਨ ਪ੍ਰਿੰਸ ਪਲਿਆਲ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਐਸੋਸੀਏਸ਼ਨ ਵੱਲੋਂ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀਆਂ ਦੀ ਸਹਾਇਤਾ, ਅਕਾਦਮਿਕ ਅਤੇ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਅਤੇ ਕਮੇਟੀ ਮੈਂਬਰ ਦੇਸ ਰਾਜ, ਸੰਦੀਪ ਸਿੰਘ, ਜਸਨੂਰ ਪਲਿਆਲ, ਧਨੰਤਰ ਸਿੰਘ, ਮਾਸਟਰ ਉੱਤਮ ਸਿੰਘ, ਨਿਰਮਲ ਸਿੰਘ ਬੰਸੀਆ, ਸੂਬੇਦਾਰ ਪ੍ਰੇਮ ਸਿੰਘ, ਸਤਪਾਲ ਸਿੰਘ, ਰਾਮ ਜੀ ਦਾਸ, ਬਖਸ਼ੀਸ਼ ਸਿੰਘ, ਚਰਨ ਸਿੰਘ, ਹਰਦੀਪ ਸਿੰਘ, ਕਰਮ ਕਿਸ਼ੋਰ, ਰੋਹਿਤ ਕੁਮਾਰ, ਸੁਰਲੀਨ ਕੌਰ, ਨਵਜੋਤ ਸਿੰਘ ਨੇ ਵੀ ਚੌਧਰੀ ਗਿਆਨ ਸਿੰਘ ਨੂੰ ਸ਼ਰਧਾਂਜਲੀ ਦਿੱਤੀ।



# ਰੰਧਾਵਾ ਵੱਲੋਂ ਲਾਲੜੂ ਮੰਡੀ ਸਕੂਲ 'ਚ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਵਿਧਾਇਕ ਕੁਲਜੀਤ ਰੰਧਾਵਾ ਨੇ ਸ਼ਨੀਵਾਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਾਲੜੂ ਮੰਡੀ ਵਿੱਚ ਪੰਜਾਬ



ਸਿੱਖਿਆ ਕ੍ਰਾਂਤੀ ਅਭਿਆਨ ਤਹਿਤ 73 ਲੱਖ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ। ਇਨ੍ਹਾਂ ਵਿੱਚ ਚਾਰ ਸਮਾਰਟ ਕਲਾਸਰੂਮ, ਇੱਕ ਵਰਚੁਅਲ ਲੈਬ, ਡਰੇਨੇਜ ਸਿਸਟਮ, ਮਿਡ-ਡੇ ਮੀਲ ਖਾਣ ਲਈ ਬੈਠਣ ਲਈ ਇੱਕ ਵੱਡੇ ਸ਼ੈੱਡ ਦਾ ਵਿਸਥਾਰ ਆਦਿ ਸ਼ਾਮਲ ਹਨ। ਵਿਧਾਇਕ ਰੰਧਾਵਾ ਨੇ ਇਸ ਮੌਕੇ ਪ੍ਰੀਖਿਆਵਾਂ ਵਿੱਚ ਸਕੂਲ ਦੇ ਬੱਚਿਆਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰਿੰਸੀਪਲ ਅਤੇ ਸਾਰੇ ਸਟਾਫ ਨੂੰ ਵਧਾਈ ਦਿੱਤੀ। ਰੰਧਾਵਾ ਨੇ ਕਿਹਾ ਕਿ ਲਾਲੜੂ ਮੰਡੀ ਦੇ ਸਰਕਾਰੀ ਸਕੂਲ ਵਿੱਚ ਪੂਰੇ ਜ਼ਿਲ੍ਹੇ ਵਿੱਚ ਸਭ ਤੋਂ ਵੱਧ ਵਿਦਿਆਰਥੀ ਹਨ ਅਤੇ ਇਹ ਡੇਰਾਬੱਸੀ ਹਲਕੇ ਦਾ ਇਕਲੌਤਾ ਸਕੂਲ ਹੈ, ਜਿਸ ਵਿੱਚ ਵਿਦਿਆਰਥੀਆਂ ਦੀ ਵੱਡੀ ਗਿਣਤੀ ਕਾਰਨ ਅਧਿਆਪਕ ਸਵੇਰੇ ਅਤੇ ਸ਼ਾਮ ਦੋ ਸ਼ਿਫਟਾਂ ਵਿੱਚ ਪੜ੍ਹਾਉਂਦੇ ਹਨ। ਇਸ ਦੇ ਬਾਵਜੂਦ, ਸਕੂਲ ਨੇ ਨਾ ਸਿਰਫ਼ 100 ਪ੍ਰਤੀਸ਼ਤ ਨਤੀਜੇ ਦਿੱਤੇ ਹਨ ਬਲਕਿ ਕਈ ਜ਼ਿਲ੍ਹੇ ਦੇ ਟਾਪਰ ਵੀ ਹਨ। ਪ੍ਰਿੰਸੀਪਲ ਸ਼੍ਰੀਮਤੀ ਡਿੰਪੀ ਧੀਰ ਨੇ ਸਮੁੱਚੇ ਸਟਾਫ ਵੱਲੋਂ ਹਲਕਾ ਵਿਧਾਇਕ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਨਾਨ-ਮੈਡੀਕਲ ਸਟ੍ਰੀਮ ਦੇ ਸੁਧਾਂਸ਼ੂ ਤਿਵਾੜੀ ਪੁੱਤਰ ਦਵਿੰਦਰ ਤਿਵਾੜੀ ਨੇ 97.4 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪੰਜਾਬ ਮੈਰਿਟ ਸੂਚੀ ਵਿੱਚ 13ਵਾਂ ਰੈਂਕ ਪ੍ਰਾਪਤ ਕੀਤਾ ਹੈ ਅਤੇ ਸਕੂਲ ਵਿੱਚੋਂ ਕੁੱਲ ਮਿਲਾ ਕੇ ਟਾਪ ਕੀਤਾ ਹੈ, ਜਦੋਂ ਕਿ ਕੌਸ਼ਿਕੀ ਪੁੱਤਰੀ ਲਤੇਸ਼ ਕੁਮਾਰ ਨੇ ਕਾਮਰਸ ਗਰੁੱਪ ਵਿੱਚ 95.40 ਪ੍ਰਤੀਸ਼ਤ, ਅਮਨਿੰਦਰ ਸਿੰਘ ਪੁੱਤਰ ਭੁਪਿੰਦਰ ਸਿੰਘ ਆਰਟਸ ਗਰੁੱਪ ਦੇ 95 ਪ੍ਰਤੀਸ਼ਤ ਅਤੇ ਕਰਨ ਸਿੰਘ ਪੁੱਤਰ ਬਲਜੀਤ ਸਿੰਘ ਵੋਕੇਸ਼ਨਲ ਗਰੁੱਪ ਚੋਂ 83 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਟ੍ਰੀਮ ਦੇ ਟਾਪਰ ਰਹੇ ਹਨ। ਇਸ ਮੌਕੇ ਸਿੱਖਿਆ ਕੋਆਰਡੀਨੇਟਰ ਗੁਰਪ੍ਰੀਤ ਵਿਰਕ ਅਤੇ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਵੀ ਮੌਜੂਦ ਸੀ।

# ਕੰਡਮ ਹੋਈ ਬੱਸ ਦਾ ਸਮਾਨ ਚੋਰੀ ਕਰਦੇ ਪੁਲਸ ਹਵਾਲੇ

**ਸ਼ਾਹਕੋਟ (ਗਿਆਨ ਸੈਦਪੁਰੀ)** ਨੇੜਲੇ ਪਿੰਡ ਮੀਏਵਾਲ ਅਰਾਈਆਂ ਵਿੱਚ ਮੱਕੀ ਦੇ ਖੇਤਾਂ ਦੇ ਉਹਲੇ ਵਿੱਚ ਖੜੀ ਕੰਡਮ ਬੱਸ ਦਾ ਸਮਾਨ ਚੋਰੀ ਕਰਦੇ ਹੋਏ ਦੋ ਵਿਅਕਤੀ ਪਿੰਡ ਵਾਲਿਆਂ ਨੇ ਦਬੋਚ ਕੇ ਪੁਲਸ ਹਵਾਲੇ ਕਰ ਦਿੱਤੇ। ਪ੍ਰਾਪਤ ਜਾਣਕਾਰੀ ਅਨੁਸਾਰ ਲਗਭਗ 23- 24 ਸਾਲ ਪਹਿਲਾਂ ਗੁਰੂ ਨਾਨਕ ਬਸ ਸਰਵਿਸ ਵਾਲਿਆਂ ਦੀ ਮਿੰਨੀ ਬੱਸ ਟੈਂਪੂ ਅੱਡਾ ਸ਼ਾਹਕੋਟ ਦੇ ਨਜ਼ਦੀਕ ਦੁਰਘਟਨਾ ਦਾ ਸ਼ਿਕਾਰ ਹੋ ਗਈ ਸੀ। ਰਣਜੀਤ ਪੁੱਤਰ ਕੈਲਾਸ਼ ਕੁਮਾਰ ਪਿੰਡ ਮੀਏਂਵਾਲ ਅਰਾਈਆਂ ਬੱਸ ਹੇਠਾਂ ਆ ਕੇ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ ਸੀ।ਇੱਥੇ ਇਹ ਵੀ ਦੱਸਣਯੋਗ ਹੈ ਕਿ ਪਿੰਡ ਦੇ ਜਿੰਮੇਵਾਰ ਵਿਅਕਤੀਆਂ ਅਨੁਸਾਰ ਇਹ ਬੱਸ ਪਿੰਡ ਢੰਡੋਵਾਲ ਦੇ ਵਸਨੀਕ ਸਵਰਗੀ ਸਰਦਾਰਾ ਰਾਮ ਦੀ ਸੀ। ਉਹਨਾਂ ਨੇ ਅੱਗੇ ਮੰਗਤ ਸਿੰਘ ਉਰਫ ਮੰਗੀ ਪਿੰਡ ਤਾਹਰਪੁਰ ਨੂੰ ਦਿੱਤੀ ਹੋਈ ਸੀ। ਅਦਾਲਤ ਦੇ ਹੁਕਮਾਂ ਮੁਤਾਬਿਕ ਇਹ ਬੱਸ ਮੀਏਂਵਾਲ ਖੜੀ ਸੀ। ਦੋ ਦਹਾਕਿਆਂ ਤੋਂ ਉੱਪਰ ਸਮੇਂ ਤੋਂ ਖੜੀ ਇਹ ਬੱਸ ਪੂਰੀ ਤਰ੍ਹਾਂ ਕਬਾੜ ਬਣ ਚੁੱਕੀ ਹੈ। ਲੱਗਦਾ ਹੈ ਇਸ ਦਾ ਸਮਾਨ ਚੋਰ ਹੌਲੀ ਹੌਲੀ ਲਿਜਾਂਦੇ ਰਹੇ ਹੋਣਗੇ। ਸ਼ਨਿਚਰਵਾਰ ਨੂੰ ਦੋ ਵਿਅਕਤੀ ਇਸੇ ਕੰਮ ਨੂੰ ਅੰਜਾਮ ਦੇ ਰਹੇ ਸਨ। ਇਹਨਾਂ ਨੂੰ ਚੋਰੀ ਕਰਦਿਆਂ ਨੂੰ ਪਿੰਡ ਦੀਆਂ ਔਰਤਾਂ ਨੇ ਵੇਖ ਲਿਆ। ਰੌਲਾ ਪੈਣ 'ਤੇ ਪਿੰਡ ਵਾਲਿਆਂ ਨੇ ਇਹਨਾਂ ਦੋਹਾਂ ਨੂੰ ਫੜ ਲਿਆ ਤੇ ਮਾਡਲ ਥਾਣਾ ਸ਼ਾਹਕੋਟ ਦੀ ਪੁਲਸ ਨੂੰ ਸੂਚਿਤ ਕਰ ਦਿੱਤਾ। ਇਹ ਵੀ ਦੱਸਣ ਯੋਗ ਹੈ ਕਿ ਫੜੇ ਗਏ ਵਿਅਕਤੀ ਆਪਣੀ ਜੁਗਾੜੂ ਰੇਹੜੀ 'ਤੇ ਸਮਾਨ ਲੱਦ ਕੇ ਲਿਜਾਣ ਵਾਲੇ ਸਨ। ਚੋਰੀ ਕਰਨ ਵਾਲੇ ਵਿਅਕਤੀਆਂ ਚੋਂ ਇੱਕ ਨੇ ਆਪਣਾ ਨਾਂਅ ਜੁਗਰਾਜ ਤੇ ਦੂਜੇ ਨੇ ਸਾਦਿਕ ਦੱਸਿਆ ਹੈ। ਇਹ ਦੋਵੇਂ ਮਹੱਲਾ ਧੋੜਿਆ ਸ਼ਾਹਕੋਟ ਦੇ ਰਹਿਣ ਵਾਲੇ ਹਨ।ਇਸ ਮੌਕੇ ਬਲਜੀਤ ਸਿੰਘ ਨੰਬਰਦਾਰ, ਕੁਲਜੀਤ ਸਿੰਘ ਨੰਬਰਦਾਰ, ਸਾਧੂ ਸਿੰਘ ਸਾਬਕਾ ਸਰਪੰਚ, ਕਮਲਜੀਤ ਸਿੰਘ ਮੈਂਬਰ ਪੰਚਾਇਤ, ਬੂਟਾ ਸਿੰਘ, ਜੀਤ ਰਾਮ ਆਦਿ ਮੌਜੂਦ ਸਨ।



# ਕਿਰਤੀ ਕਿਸਾਨ ਯੂਨੀਅਨ ਦੇ ਯੂਨਿਟ ਦੀ ਮੀਟਿੰਗ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪਿੰਡ ਅਸਮਾਨਪੁਰ ਵਿਖੇ ਕਿਰਤੀ ਕਿਸਾਨ ਯੂਨੀਅਨ ਦੇ ਯੂਨਿਟ ਦੀ ਮੀਟਿੰਗ ਹੋਈ ਜਿਸ ਵਿਚ ਨਵੀਂ ਮੈਂਬਰਸ਼ਿੱਪ ਕਰਕੇ ਪਿੰਡ ਕਮੇਟੀ ਦੀ ਚੋਣ ਕੀਤੀ ਗਈ ਹੈ, ਜਿਸ ਦਾ ਪ੍ਰਧਾਨ ਮੇਜਰ ਸਿੰਘ, ਸਕੱਤਰ ਜਗਤਾਰ ਸਿੰਘ, ਖਜ਼ਾਨਚੀ ਜਰਨੈਲ ਸਿੰਘ, ਮੀਤ ਪ੍ਰਧਾਨ ਕੁਲਵਿੰਦਰ ਸਿੰਘ, ਮੈਂਬਰ ਹਰਜੋਤ ਸਿੰਘ, ਹਰਮਿੰਦਰ ਸਿੰਘ, ਸੇਵਾ ਸਿੰਘ, ਪਰਮਜੀਤ ਸਿੰਘ ਚੁਣੇ ਗਏ। ਮੀਟਿੰਗ ਵਿੱਚ ਰਘਬੀਰ ਸਿੰਘ, ਪਾਖਰ ਸਿੰਘ, ਇਲਾਕਾ ਪ੍ਰਧਾਨ ਕੁਲਵੀਰ ਸਿੰਘ ਸ਼ਾਹ ਪੁਰ, ਸਕੱਤਰ ਬਿੱਕਰ ਸਿੰਘ ਸੈਖੂਪੁਰ, ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਮਤ ਪਾਸ ਕੀਤਾ ਕਿ ਆਉਣ ਵਾਲੇ ਦਿਨਾਂ ਵਿਚ ਨਹਿਰੀ ਪਾਣੀ ਲੈਣ ਲਈ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।

## ਗਾਇਕ ਜੱਸਲ ਦੀ ਆਵਾਜ਼ 'ਚ ਗੀਤ ਡਾਂਸ ਇਨ ਕਲੱਬ ਰਿਲੀਜ਼ ਹੋਣ ਲਈ ਤਿਆਰ

**ਕਾਲਾ ਸੰਘਿਆਂ (ਮਨਜੀਤ ਮਾਨ)**- ਪੰਜਾਬ ਦੇ ਦੋਆਬਾ ਇਲਾਕੇ ਦਸੂਹਾ ਤੋਂ ਮਸ਼ਹੂਰ ਪੰਜਾਬੀ ਲੋਕ ਗਾਇਕ ਅਮਰੀਕ ਜੱਸਲ ਦੀ ਆਵਾਜ਼ ਵਿੱਚ ਗੀਤ ਡਾਂਸ ਇਨ ਕਲੱਬ, ਜਲਦ ਹੀ ਸਰਗੁਣ ਮਿਊਜ਼ਿਕ ਦੇ ਯੂ ਟਿਊਬ ਚੈਨਲ 'ਤੇ ਰਿਲੀਜ਼ ਹੋਣ ਜਾ ਰਿਹਾ ਹੈ। ਗਾਇਕ ਅਮਰੀਕ ਜੱਸਲ ਨਾਲ ਗੱਲ ਕਰਨ 'ਤੇ ਉਹਨਾਂ ਦੱਸਿਆ ਕਿ ਇਸ ਗੀਤ ਦਾ ਵੀਡੀਓ ਇੰਗਲੈਂਡ ਦੇ ਟੈਲਫੋਰਡ ਇਲਾਕੇ ਵਿੱਚ ਸ਼ੂਟ ਕੀਤਾ ਗਿਆ ਹੈ। ਗਾਇਕ ਅਮਰੀਕ ਜੱਸਲ ਨੇ ਇਸ ਗੀਤ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਸਾਡਾ ਗੀਤ ਪਤੀ-ਪਤਨੀ ਦੀ ਨੋਕ-ਝੋਕ ਤੇ ਪਿਆਰ ਦੇ ਰਿਸ਼ਤੇ ਨੂੰ ਬਿਆਨ ਕਰਦਾ ਬਹੁਤ ਹੀ ਪਿਆਰਾ ਡਾਂਸਿੰਗ ਮਾਹੌਲ ਦਾ ਗੀਤ ਹੈ। ਇਹ ਵੀ ਦੱਸਿਆ ਕਿ ਇਸ ਗੀਤ ਨੂੰ ਰਿੱਕੀ ਬੰਗੜ ਨੇ ਲਿਖਿਆ ਹੈ ਤੇ ਇਸ ਗੀਤ ਦਾ ਸੰਗੀਤ ਯੂਕੇ ਤੋਂ ਹਰਬੰਸ ਆਜ਼ਾਦ ਨੇ ਤਿਆਰ ਕੀਤਾ ਹੈ। ਇਸ ਗੀਤ ਦਾ ਵੀਡੀਓ ਯੂਕੇ ਤੋਂ ਸੂਰਜ ਜੱਸਲ ਦੁਆਰਾ ਬਣਾਇਆ ਗਿਆ ਹੈ। ਅਖੀਰ ਵਿੱਚ ਗਾਇਕ ਅਮਰੀਕ ਜੱਸਲ ਨੇ ਉਹਨਾਂ ਸਾਰੇ ਦੋਸਤਾਂ, ਭੈਣ ਭਰਾਵਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਪ੍ਰੋਜੈਕਟ ਨੂੰ ਤਿਆਰ ਕਰਨਾ ਵਿੱਚ ਮਦਦ ਕੀਤੀ।



## ਸੰਤ ਅਵਤਾਰ ਸਿੰਘ ਦੀ 37ਵੀਂ ਬਰਸੀ ਨੂੰ ਸਮਰਪਤ ਖੇਡ ਮੇਲਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸੰਤ ਅਵਤਾਰ ਸਿੰਘ ਦੀ 37ਵੀਂ ਸਲਾਨਾ ਬਰਸੀ ਨੂੰ ਸਮਰਪਤ ਖੇਡ ਮੇਲੇ ਦੌਰਾਨ ਹਾਕੀ ਦੇ ਦੋ ਦਿਨ ਚੱਲੇ ਮੁਕਾਬਲਿਆਂ ਵਿੱਚ ਜੂਨੀਅਰ ਦੀਆਂ 15 ਟੀਮਾਂ ਤੇ ਸੀਨੀਅਰ ਵਰਗ ਦੀਆਂ 17 ਟੀਮਾਂ ਨੇ ਹਿੱਸਾ ਲਿਆ। ਪਹਿਲੇ ਦਿਨ ਦੇ ਮੁਕਾਬਲੇ ਜਿੱਤੇ ਕੇ ਸੈਮੀਫਾਈਨਲ ਅਤੇ ਫਾਈਨਲ ਵਿੱਚ ਪਹੁੰਚੀਆਂ ਟੀਮਾਂ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਖੇਡ ਮੁਕਾਬਲਿਆਂ ਵਿੱਚ ਪੰਜਾਬ ਤੋਂ ਇਲਾਵਾ ਯੂ.ਪੀ, ਹਰਿਆਣਾ ਤੇ ਜੰਮੂ ਤੋਂ ਵੀ ਟੀਮਾਂ ਆਈਆਂ ਹੋਈਆਂ ਸਨ। ਦੇਰ ਰਾਤ ਚੱਲੇ ਦੂਜੇ ਦਿਨ ਦੇ ਮੁਕਾਬਲਿਆਂ ਦੌਰਾਨ ਜੂਨੀਅਰ ਦੇ ਮੁਕਾਬਲਿਆਂ ਵਿੱਚ ਪਠਾਨਕੋਟ ਦੀ ਟੀਮ ਤੇ ਸੀਨੀਅਰ ਟੀਮਾਂ ਫਸਵੇਂ ਮੈਚ 'ਚ ਦੋਆਬਾ ਵਾਰੀਅਰ ਜਲੰਧਰ ਦੀ ਟੀਮ ਪਹਿਲੇ ਸਥਾਨ 'ਤੇ ਰਹੀ। ਲੋਪੋਂ ਮੋਗਾ ਦੀ ਟੀਮ ਜੂਨੀਅਰ ਮੁਕਾਬਲਿਆਂ ਵਿੱਚ ਦੂਜੇ ਸਥਾਨ ਤੇ ਸੀਨੀਅਰ ਵਿੱਚ ਖੁਸਰੋਪੁਰ ਦੀ ਟੀਮ ਰਹੀ। ਇਸ ਮੌਕੇ ਖਿਡਾਰੀਆਂ ਨੂੰ ਸਨਮਾਨਤ ਕਰਦਿਆਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਖਿਡਾਰੀਆਂ ਵਿੱਚ ਮਿਲਵਰਤਣ ਦੀ ਜਿਹੜੀ ਭਾਵਨਾ ਹੁੰਦੀ ਹੈ ਅਸਲ ਵਿੱਚ ਉਹੀ ਉਸ ਨੂੰ ਜਿੱਤ ਦੁਆਉਣ ਵਿੱਚ ਸਹਾਈ ਹੁੰਦੀ ਹੈ। ਇਸ ਮੌਕੇ ਸੰਤ ਸੁਖਜੀਤ ਸਿੰਘ, ਸੁਰਜੀਤ ਸਿੰਘ ਸ਼ੰਟੀ, ਕੁਲਵਿੰਦਰ ਸਿੰਘ ਸਮੇਤ ਹੋਰ ਬਹੁਤ ਸਾਰੀਆਂ ਸ਼ਖਸੀਅਤਾਂ ਹਾਜ਼ਰ ਸਨ।



# ਮੰਡੀ ਬੋਰਡ ਨੇ 720 ਪਲਾਟਾਂ ਦੀ ਈ-ਨਿਲਾਮੀ ਤੋਂ 324 ਕਰੋੜ ਰੁਪਏ ਕਮਾਏ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਦੀ ਮਾਰਕੀਟ ਵਿੱਚ ਵੱਡਾ ਉਛਾਲ ਦੇਖਣ ਨੂੰ ਮਿਲ ਰਿਹਾ ਹੈ ਕਿਉਂਕਿ ਪੰਜਾਬ ਮੰਡੀ ਬੋਰਡ ਵੱਲੋਂ ਹਾਲ ਹੀ ਵਿੱਚ ਕਰਵਾਈ ਗਈ ਈ-ਨਿਲਾਮੀ ਦੇ ਅੰਕੜਿਆਂ ਅਨੁਸਾਰ ਇਸ ਨੇ ਮਹਿਜ਼ ਛੇ ਮਹੀਨਿਆਂ ਵਿੱਚ ਪਲਾਟਾਂ ਦੀ ਈ-ਨਿਲਾਮੀ ਰਾਹੀਂ 324 ਕਰੋੜ ਰੁਪਏ ਕਮਾਏ ਹਨ।ਇਸ ਵਾਧੇ ਦਾ ਸਿਹਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਵਿੱਚ ਵਪਾਰ ਲਈ ਅਨੁਕੂਲ ਮਾਹੌਲ ਸਿਰਜਣ ਦੀ ਵਚਨਬੱਧਤਾ ਨੂੰ ਜਾਂਦਾ ਹੈ, ਜਿਸ ਨਾਲ ਪਾਰਦਰਸ਼ਤਾ ਆਈ ਹੈ ਅਤੇ ਸਾਰਿਆਂ ਨੂੰ ਮੁਕਾਬਲੇ ਦੇ ਬਰਾਬਰ ਮੌਕੇ ਮਿਲ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਨੇ ਦਸੰਬਰ 2024 ਤੋਂ ਮਈ 2025 ਤੱਕ ਰਾਜ ਦੀਆਂ ਵੱਖ-ਵੱਖ ਮੰਡੀਆਂ ਵਿੱਚ 720 ਪਲਾਟਾਂ ਦੀ ਈ-ਨਿਲਾਮੀ ਕਰਕੇ ਇੱਕ ਵੱਡਾ ਮੀਲ ਪੱਥਰ ਸਥਾਪਤ ਕੀਤਾ ਹੈ, ਜਿਸ ਨਾਲ ਮੰਡੀ ਬੋਰਡ ਨੇ 324 ਕਰੋੜ ਰੁਪਏ ਦਾ ਮਾਲੀਆ ਇਕੱਤਰ ਕੀਤਾ ਹੈ। ਖੁੱਡੀਆਂ ਨੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਦੀ ਈ-ਨਿਲਾਮੀ ਨੂੰ ਵਪਾਰੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ ਅਤੇ ਸਿਰਫ਼ ਮਈ 2025 ਵਿੱਚ ਹੀ 124 ਕਰੋੜ ਰੁਪਏ ਦੀ ਕੀਮਤ ਦੇ 211 ਪਲਾਟ ਵੇਚੇ ਗਏ ਹਨ। ਇਸ ਈ-ਨਿਲਾਮੀ ਵਿੱਚ ਲੁਧਿਆਣਾ 'ਚ 97, ਕੋਟਕਪੂਰਾ ਵਿੱਚ 30, ਕੁਰਾਲੀ ਵਿੱਚ 27, ਤਲਵੰਡੀ ਭਾਈ ਵਿੱਚ 23, ਮਹਿਤਪੁਰ ਵਿੱਚ 18, ਮੋਹਾਲੀ ਵਿੱਚ ਛੇ, ਰਾਜਪੁਰਾ ਵਿੱਚ ਪੰਜ ਅਤੇ ਫਗਵਾੜਾ ਵਿੱਚ ਪੰਜ ਪਲਾਟਾਂ ਦੀ ਵਿਕਰੀ ਸ਼ਾਮਲ ਹੈ।ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਮੰਡੀ ਬੋਰਡ ਦੁਆਰਾ ਆਪਣੀਆਂ ਜਾਇਦਾਦਾਂ ਦੀ ਕੁਸ਼ਲਤਾ ਨਾਲ ਵਰਤੋਂ ਕਰਦਿਆਂ ਮਾਲੀਆ ਜੁਟਾ ਕੇ ਮੰਡੀਆਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਦਾ ਹਿੱਸਾ ਹੈ।ਉਨ੍ਹਾ ਕਿਹਾ ਕਿ ਈ-ਨਿਲਾਮੀ ਪ੍ਰਕਿਰਿਆ ਵਿੱਚ ਤਕਨਾਲੋਜੀ ਦੀ ਵਰਤੋਂ ਨੇ ਇਸ ਨੂੰ ਵਧੇਰੇ ਸੁਚਾਰੂ ਬਣਾ ਦਿੱਤਾ ਹੈ, ਜਿਸ ਨਾਲ ਇਹ ਇਹ ਭਾਗੀਦਾਰਾਂ ਲਈ ਵਧੇਰੇ ਪਹੁੰਚਯੋਗ ਅਤੇ ਭਰੋਸੇਮੰਦ ਬਣ ਗਈ ਹੈ।

# ਗੋਗਾਮੇੜੀ ਵਿਖੇ ਵਿਸ਼ਾਲ ਜਾਗਰਣ ਤੇ ਸਰਵਧਰਮ ਸਦਭਾਵਨਾ ਪ੍ਰੋਗਰਾਮ ਕਰਵਾਇਆ

**ਡੇਰਾਬਾਸੀ (ਵਿਨੈ ਕੁਮਾਰ ਜੈਨ)**- ਡੇਰਾਬਾਸੀ ਦੇ ਨਿੰਬੂਆ ਪਿੰਡ ਵਿਖੇ ਸਥਿਤ ਗੋਗਾਮੇੜੀ ਵਿਖੇ ਇੱਕ ਵਿਸ਼ਾਲ ਜਾਗਰਣ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਪਿੰਡ ਵਾਸੀਆਂ ਸਮੇਤ ਸੈਂਕੜੇ ਲੋਕਾਂ ਨੇ ਧਾਰਮਿਕ ਅਤੇ ਸਮਾਜਿਕ ਸਦਭਾਵਨਾ ਦੇ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ। ਸਭ ਤੋਂ ਪਹਿਲਾਂ, ਗੋਗਾਮੇੜੀ ਪਰਿਸਰ ਵਿੱਚ ਇੱਕ ਭੰਡਾਰਾ ਆਯੋਜਿਤ ਕੀਤਾ ਗਿਆ ਅਤੇ ਉਸ ਤੋਂ ਬਾਅਦ ਸ਼ਾਮ ਨੂੰ ਜਾਗਰਣ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕਲਾਕਾਰਾਂ ਨੇ ਗੋਗਾ ਪੀਰ ਦੇ ਜੀਵਨ ਅਤੇ ਉਨ੍ਹਾਂ ਦੇ ਸੰਦੇਸ਼ ਨੂੰ ਭਜਨਾਂ ਰਾਹੀਂ ਪੇਸ਼ ਕੀਤਾ। ਇਸ ਮੌਕੇ ਇੱਕ ਕੱਵਾਲੀ ਪ੍ਰੋਗਰਾਮ ਵੀ ਆਯੋਜਿਤ ਕੀਤਾ ਗਿਆ ਜਿਸ ਵਿੱਚ ਧਾਰਮਿਕ ਅਤੇ ਸਮਾਜਿਕ ਭਾਈਚਾਰੇ ਦਾ ਸੰਦੇਸ਼ ਦਿੱਤਾ ਗਿਆ।ਇਹ ਪ੍ਰੋਗਰਾਮ ਭਗਤ ਘੋਲਾਰਾਮ ਵੱਲੋਂ ਨਿੰਬੂਆ ਵਿੱਚ ਆਯੋਜਿਤ ਕੀਤਾ ਗਿਆ ਸੀ ਅਤੇ ਇਸ ਪ੍ਰੋਗਰਾਮ ਵਿੱਚ ਇੰਡੀਅਨ ਨੈਸ਼ਨਲ ਕਾਂਗਰਸ ਓਬੀਸੀ ਵਿਭਾਗ ਦੇ ਰਾਸ਼ਟਰੀ ਕੋਆਰਡੀਨੇਟਰ ਅਤੇ ਪੰਜਾਬ ਕਾਂਗਰਸ ਦੇ ਡੇਰਾਬੱਸੀ ਅਸੈਂਬਲੀ ਤੋਂ ਡੈਲੀਗੇਟ ਅਮਿਤ ਬਾਵਾ ਸੈਣੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸੈਣੀ ਨੇ ਗੋਗਾ ਜਾਹਰ ਪੀਰ ਵੱਲੋਂ ਦਿਖਾਏ ਗਏ ਮਾਰਗ 'ਤੇ ਚੱਲਣ ਦੇ ਲੋਕਾਂ ਦੇ ਸੰਕਲਪ ਨੂੰ ਦੁਹਰਾਇਆ ਅਤੇ ਕਿਹਾ ਕਿ ਅਜਿਹੇ ਪ੍ਰੋਗਰਾਮ ਭਾਰਤੀ ਸੱਭਿਆਚਾਰ ਦੀ ਵਿਭਿੰਨਤਾ ਦੀ ਇੱਕ ਵੱਡੀ ਉਦਾਹਰਨ ਹਨ। ਗੋਗਾ ਜਾਹਰ ਪੀਰ, ਜਿਨ੍ਹਾਂ ਨੂੰ ਪਾਂਡਵਾਂ ਦੇ ਵੰਸ਼ਜ ਅਤੇ ਜਨਮੇਜਯ ਦੇ ਅਵਤਾਰ ਵਜੋਂ ਪੂਜਿਆ ਜਾਂਦਾ ਹੈ, ਅਤੇ ਜਿਸ ਤਰ੍ਹਾਂ ਮੁਸਲਿਮ ਭਾਈਚਾਰੇ ਦੇ ਭਰਾਵਾਂ ਨੇ ਗੋਗਾ ਜੀ ਦੇ ਉਪਦੇਸ਼ਾਂ ਨੂੰ ਉਨ੍ਹਾਂ ਦੇ ਦਰਬਾਰ ਵਿੱਚ ਕੱਵਾਲੀ ਰਾਹੀਂ ਲੋਕਾਂ ਨੂੰ ਪੇਸ਼ ਕੀਤਾ, ਉਹ ਸਾਡੀ ਗੰਗਾ ਯਮੁਨਾ ਸੱਭਿਆਚਾਰ ਦੀ ਸਭ ਤੋਂ ਵਧੀਆ ਉਦਾਹਰਣ ਹੈ। ਅੱਜ ਦੇ ਸਮੇਂ ਵਿੱਚ, ਜਿਸ ਤਰ੍ਹਾਂ ਭਾਜਪਾ ਧਰਮ ਦੇ ਨਾਂਅ ਤੇ ਸਮਾਜ ਨੂੰ ਵੰਡ ਰਹੀ ਹੈ ਅਤੇ ਨਫ਼ਰਤ ਫੈਲਾ ਰਹੀ ਹੈ, ਦੂਜੇ ਪਾਸੇ, ਅਜਿਹੇ ਪ੍ਰੋਗਰਾਮ ਭਾਰਤ ਦੀ ਏਕਤਾ ਅਤੇ ਭਾਈਚਾਰਾ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਅਜਿਹੇ ਪ੍ਰੋਗਰਾਮ ਹਰ ਪਿੰਡ ਵਿੱਚ ਹੋਣੇ ਚਾਹੀਦੇ ਹਨ।ਗੁਰਜਾਤ ਸਿੰਘ, ਮਨੋਹਰ ਲਾਲ, ਹਰੀਪੁਰ ਹਿੰਦੂਆ ਤੋਂ ਮੁਸਤਕ, ਫਿਰੋਜ਼, ਸੁਖਵਿੰਦਰ ਆਦਿ ਪ੍ਰੋਗਰਾਮ ਵਿੱਚ ਮੌਜੂਦ ਸਨ।



# ਗਲਤ ਨਿਸ਼ਾਨਦੇਹੀ ਕਰਕੇ ਕੀਤਾ ਜਾ ਰਿਹੈ ਧੱਕਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**— ਗੁਰੂ ਨਗਰੀ ਦੇ ਨਾਲ ਲੱਗਦੇ ਪਿੰਡ ਮੀਆਂਪੁਰ ਦੇ ਵਸਨੀਕ ਨਰਿੰਦਰ ਸਿੰਘ ਨੇ ਗੁਹਾਰ ਲਗਾਈ ਹੈ ਕਿ ਉਸ ਦੀ ਜਗ੍ਹਾ ਦੀ ਗਲਤ ਨਿਸ਼ਾਨਦੇਹੀ ਕਰਕੇ ਧੱਕਾ ਕੀਤਾ ਜਾ ਰਿਹਾ ਹੈ । ਪ੍ਰੈਸ ਭਵਨ ਵਿਖੇ ਪੱਤਰਕਾਰ ਸੰਮੇਲਨ ਦੌਰਾਨ ਉਹਨਾਂ ਕਿਹਾ ਕਿ ਮੇਰੀ ਚਾਰ ਕਨਾਲ ਨੌ ਮਰਲੇ ਜਮੀਨ ਪਿੰਡ ਨਾਨੋਵਾਲ ਵਿੱਚ ਪੈਂਦੀ ਹੈ ਜਿਹੜੀ ਪਿੰਡ ਲੰਮਲੇਹੜੀ ਦੀ ਹਦੂਦ ਨਾਲ ਲੱਗਦੀ ਹੈ, ਮੇਰੇ ਨਾਲ ਜੰਗਲਾਤ ਮਹਿਕਮੇ ਦੀ ਜਮੀਨ ਵੀ ਹੈ। ਮੇਰੀ ਜਮੀਨ ਪੁਰਖੀ ਜਮੀਨ ਹੈ । ਹੁਣ ਜਦੋਂ ਸਾਡੀ ਤਕਸੀਮ ਹੋ ਗਈ ਤਾਂ ਇਹਦੇ ਨਾਲ ਲੱਗਦੀ ਚਾਰ ਕਨਾਲ ਨੌ ਮਰਲੇ ਜਮੀਨ ਮੇਰੇ ਹਿੱਸੇ ਆਈ ਹੈ। ਮੇਰੇ ਪਿਤਾ ਜੀ ਸਵਰਗਵਾਸ ਹੋ ਗਏ ਹਨ ਤੇ ਮੈਂ ਦੋ ਸਾਲ ਤੋਂ ਇਹ ਜ਼ਮੀਨ ਵਾਹ ਵੀ ਰਿਹਾ ਸੀ ਪਰ ਹੁਣ ਕੁਝ ਲੋਕਾਂ ਵਲੋਂ ਆਪਣੇ ਨਿੱਜੀ ਫਾਇਦੇ ਲਈ ਜੰਗਲਾਤ ਮਹਿਕਮੇ ਨੂੰ ਗੁਮਰਾਹ ਕਰਕੇ ਨਿਸ਼ਾਨਦੇਹੀ ਕਰਵਾਈ ਗਈ ਜਿਸ ਨਾਲ ਮੇਰੀ ਜਮੀਨ ਜੰਗਲਾਤ ਮਹਿਕਮੇ ਵੱਲ ਨਿਕਲਦੀ ਦਰਸਾਈ ਗਈ ਹੈ ਜੋ ਕਿ ਸਰਾਸਰ ਗਲਤ ਹੈ।ਉਹਨਾਂ ਕਿਹਾ ਇੱਥੇ ਤਿੰਨ ਖਸਰਾ ਨੰਬਰ ਪੈਂਦੇ ਹਨ ਜਦੋਂ ਕਿ ਨਿਸ਼ਾਨਦੇਹੀ ਕੇਵਲ ਇੱਕ ਖਸਰਾ ਨੰਬਰ ਦੀ ਕੀਤੀ ਗਈ ਹੈ। ਉਹਨਾਂ ਕਿਹਾ ਜਿਹੜੇ ਵੀ ਖਸਰਾ ਨੰਬਰ ਹਨ ਉਹਨਾਂ ਸਾਰਿਆਂ ਦੀ ਨਿਸ਼ਾਨਦੇਹੀ ਜੰਗਲਾਤ ਮਹਿਕਮੇ ਦੇ ਸੀਨੀਅਰ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਹੋਣੀ ਚਾਹੀਦੀ ਹੈ। ਉਹਨਾਂ ਦੱਸਿਆ ਕਿ ਇਸ ਸਬੰਧੀ ਡਿਪਟੀ ਕਮਿਸ਼ਨਰ ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ ਹੈ।



## ਭਾਵਾਧਸ ਦਾ ਦਾਇਰਾ ਹੋਰ ਮਜ਼ਬੂਤ ਕੀਤਾ ਜਾਵੇਗਾ : ਸੂਬਾ ਪ੍ਰਧਾਨ ਸੇਠੀ

**ਅੱਡਾ ਸਰਾਂ (ਜਸਵੀਰ ਕਾਜਲ)**- ਭਾਰਤੀ ਵਾਲਮੀਕ ਧਰਮ ਸਮਾਜ (ਭਾਵਾਧਸ) ਦਾ ਦਾਇਰਾ ਵਧਾਉਂਦੇ ਹੋਏ ਸੰਸਥਾ ਨੂੰ ਆਉਣ ਵਾਲੇ ਦਿਨਾਂ ਵਿੱਚ ਹੋਰ ਮਜ਼ਬੂਤ ਕੀਤਾ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਵਾਧਸ ਦੇ ਸੂਬਾ ਪ੍ਰਧਾਨ ਸੇਠ ਰਾਮ ਸੇਠੀ ਨੇ ਸੰਸਥਾ ਦੇ ਸਥਾਨਕ ਦਫਤਰ ਵਿੱਚ ਹੋਏ ਇੱਕ ਸਮਾਗਮ ਦੌਰਾਨ ਕੀਤਾ। ਇਸ ਮੌਕੇ ਉਨ੍ਹਾਂ ਸੰਸਥਾ ਵਿੱਚ ਸੋਨੂ ਪ੍ਰੇਮਪੁਰ, ਗੁਰਪ੍ਰੀਤ ਨੱਥੂਪੁਰ, ਲਵਜੀਤ ਆਲਮਪੁਰ, ਤਰਲੋਕ ਸਿੰਘ, ਬਲਜਿੰਦਰ ਨੂੰ ਭਾਵਾਧਸ ਵਿੱਚ ਸ਼ਾਮਿਲ ਕਰਦਿਆਂ ਕਿਹਾ ਕਿ ਸੰਸਥਾ ਵੱਲੋਂ ਜਿੱਥੇ ਭਾਈਚਾਰੇ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਵਾਸਤੇ ਯਤਨ ਕੀਤੇ ਜਾਂਦੇ ਹਨ, ਉੱਥੇ ਵੱਖ ਵੱਖ ਸਮਾਜਿਕ ਬੁਰਾਈਆਂ ਖਿਲਾਫ ਵੀ ਸੰਸਥਾ ਵੱਲੋਂ ਲੜਾਈ ਲੜੀ ਜਾਂਦੀ ਹੈ। ਇਸ ਮੌਕੇ ਉਨਾਂ ਸੰਸਥਾ ਵਿੱਚ ਸ਼ਾਮਿਲ ਹੋਏ ਨਵੇਂ ਮੈਂਬਰਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਸਾਰੇ ਹੀ ਮੈਂਬਰਾਂ ਦੇ ਸਹਿਯੋਗ ਨਾਲ ਸੰਸਥਾ ਵੱਲੋਂ ਆਉਣ ਵਾਲੇ ਸਮੇਂ ਵਿੱਚ ਸਮਾਜ ਭਲਾਈ ਦੇ ਕੰਮ ਹੋਰ ਤੇਜ਼ ਕੀਤੇ ਜਾਣਗੇ। ਇਸ ਮੌਕੇ ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਦਾ ਤਿਆਗ ਕਰਕੇ ਸਮਾਜ ਦੀ ਬਿਹਤਰੀ ਵਾਸਤੇ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਸੰਸਥਾ ਵਿੱਚ ਸਾਮਿਲ ਹੋਏ ਨਵੇਂ ਮੈਂਬਰਾਂ ਦਾ ਸਨਮਾਨ ਵੀ ਕੀਤਾ। ਇਸ ਮੌਕੇ ਤਾਰਾ ਸਿੰਘ, ਦੀਪਕ ਭੀਲ, ਬੇਅੰਤ ਨੰਗਲ ਖੂੰਗਾ, ਬੋਬੀ ਬੁੱਢੀ ਪਿੰਡ, ਹਰਮੇਸ਼ ਬਸੀ, ਬੱਬੀ ਜਾਜਾ, ਭੂਸ਼ਣ, ਰਿੱਕੀ ਬਹਾਦਰਪੁਰ, ਨਿਰਮਲ ਮੂਨਕ, ਬਿੱਟੂ ਜਾਜਾ, ਸੋਨੂ ਪ੍ਰੇਮਪੁਰ, ਸਾਭੀ ਪਰੋਜ ਵੀ ਹਾਜਰ ਸਨ।



# ਵਿਕਟੋਰੀਆ ਇੰਟਰਨੈਸ਼ਨਲ ਸਕੂਲ ਨੇ ਲਗਾਇਆ ਭਾਰਤੀ ਭਾਸ਼ਾ ਸਮਰ ਕੈਂਪ

**ਅੱਡਾ ਸਰਾਂ (ਕਾਜਲ)**- ਵਿਕਟੋਰੀਆ ਇੰਟਰਨੈਸ਼ਨਲ ਸਕੂਲ, ਟਾਂਡਾ ਨੇ ਪਹਿਲੇ ਦਿਨ ਤੋਂ ਸੱਤਵੇਂ ਦਿਨ ਤੱਕ ਭਾਰਤੀ ਭਾਸ਼ਾ ਸਮਰ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ। ਡਾਇਰੈਕਟਰ ਪ੍ਰੋਫੈਸਰ ਜੀ.ਐਸ . ਮੁਲਤਾਨੀ, ਨੀਰੂ ਮੁਲਤਾਨੀ ਅਤੇ ਪ੍ਰਿੰਸੀਪਲ ਪੂਜਾ ਪਟਿਆਲ ਦੀ ਅਗਵਾਈ ਵਿਚ ਹੋਏ ਇਸ ਵਿਸ਼ੇਸ਼ ਕੈਂਪ ਨੇ ਭਾਰਤ ਦੀਆਂ ਖੇਤਰੀ ਭਾਸ਼ਾਵਾਂ ਅਤੇ ਸੱਭਿਆਚਾਰਕ ਵਿਭਿੰਨਤਾਵਾਂ ਦਾ ਜਸ਼ਨ ਮਨਾਇਆ। ਕੈਂਪ ਵਿਚ , ਵਿਦਿਆਰਥੀਆਂ ਨੂੰ ਦੋ ਭਾਰਤੀ ਭਾਸ਼ਾਵਾਂ ਪੰਜਾਬੀ ਅਤੇ ਰਾਜਸਥਾਨੀ ਰਾਹੀਂ ਆਪਣੀ ਭਾਸ਼ਾ ਅਤੇ ਸੱਭਿਆਚਾਰਕ ਵਿਰਾਸਤ ਨੂੰ ਜਾਣਨ ਅਤੇ ਪ੍ਰਦਰਸ਼ਿਤ ਕਰਨ ਦਾ ਇੱਕ ਸ਼ਾਨਦਾਰ ਮੌਕਾ ਮਿਲਿਆ।ਪ੍ਰਿੰਸੀਪਲ ਪੂਜਾ ਨੇ ਦੱਸਿਆ ਕਿ ਕੈਂਪ ਇਕ ਰੋਲ-ਪਲੇ ਗਤੀਵਿਧੀ ਨਾਲ ਸ਼ੁਰੂ ਹੋਇਆ, ਜਿਸ ਵਿਚ ਵਿਦਿਆਰਥੀਆਂ ਨੇ ਇਸ਼ਾਰਿਆਂ ਅਤੇ ਹਾਵ-ਭਾਵਾਂ ਰਾਹੀਂ ਪੰਜਾਬੀ ਅਤੇ ਰਾਜਸਥਾਨੀ ਕਹਾਣੀਆਂ ਨੂੰ ਜੀਵੰਤ ਰੂਪ ਵਿਚ ਪੇਸ਼ ਕੀਤਾ।ਦੂਜੇ ਦਿਨ ਦੌਰਾਨ, ਵਿਦਿਆਰਥੀਆਂ ਨੇ ਰੈਸਟੋਰੈਂਟ ਸੀਨ ਰੋਲ-ਪਲੇ ਦੇ ਤਹਿਤ ਪੰਜਾਬੀ ਅਤੇ ਰਾਜਸਥਾਨੀ ਭਾਸ਼ਾਵਾਂ ਵਿੱਚ ਭੋਜਨ ਦਾ ਆਰਡਰ ਦੇਣ ਅਤੇ ਸੰਚਾਰ ਕਰਨ ਦੇ ਰਚਨਾਤਮਕ ਦ੍ਰਿਸ਼ ਪੇਸ਼ ਕੀਤੇ।ਤੀਜੇ ਦਿਨ, ਵਿਦਿਆਰਥੀਆਂ ਨੇ ਦੋਵਾਂ ਰਾਜਾਂ ਦੇ ਲੋਕ ਸੱਭਿਆਚਾਰ ਨੂੰ ਉਜਾਗਰ ਕਰਦੇ ਹੋਏ ਰਵਾਇਤੀ ਪੰਜਾਬੀ ਅਤੇ ਰਾਜਸਥਾਨੀ ਨਾਚ ਪੇਸ਼ ਕੀਤੇ, ਜਿਸ ਨਾਲ ਪੂਰੇ ਕੈਂਪ ਦਾ ਮਾਹੌਲ ਖੁਸ਼ਨੁਮਾ ਅਤੇ ਰੰਗੀਨ ਹੋ ਗਿਆ।



ਚੌਥੇ ਦਿਨ, ਭਾਰਤੀ ਪਕਵਾਨਾਂ ਦੀ ਪਰੰਪਰਾ ਨੂੰ ਸਮਰਪਿਤ, ਵਿਦਿਆਰਥੀਆਂ ਨੇ ਅਧਿਆਪਕਾਂ ਦੀ ਅਗਵਾਈ ਹੇਠ ਪੰਜਾਬੀ ਸੁਆਦੀ ਮੋਤੀਚੂਰ ਲੱਡੂ ਅਤੇ ਰਾਜਸਥਾਨੀ ਸੁਆਦੀ ਦਾਲ ਬਾਟੀ ਚੂਰਮਾ ਤਿਆਰ ਕੀਤਾ।ਪੰਜਵੇਂ ਦਿਨ, ਵਿਦਿਆਰਥੀਆਂ ਨੂੰ ਖੇਤਰੀ ਸਿਨੇਮਾ ਨਾਲ ਜਾਣੂ ਕਰਵਾਉਣ ਲਈ ਪੰਜਾਬੀ ਅਤੇ ਰਾਜਸਥਾਨੀ ਲਘੂ ਫਿਲਮਾਂ ਦਿਖਾਈਆਂ ਗਈਆਂ, ਜਿਸ ਰਾਹੀਂ ਦੋਵਾਂ ਰਾਜਾਂ ਦੀ ਕਹਾਣੀ ਪਰੰਪਰਾ ਦੀ ਝਲਕ ਦਿਖਾਈ ਗਈ।ਛੇਵੇਂ ਦਿਨ, ਵਿਦਿਆਰਥੀਆਂ ਨੇ ਪੇਸ਼ਕਾਰੀਆਂ, ਵਿਚਾਰ-ਵਟਾਂਦਰੇ ਅਤੇ ਵਿਜ਼ੂਅਲ ਸਮੱਗਰੀ ਰਾਹੀਂ ਪੰਜਾਬ ਅਤੇ ਰਾਜਸਥਾਨ ਦੇ ਇਤਿਹਾਸਕ ਸਮਾਰਕਾਂ ਅਤੇ ਦਰਿਆਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ, ਜਿਸ ਨੇ ਇਤਿਹਾਸ ਅਤੇ ਭੂਗੋਲ ਦੇ ਉਨ੍ਹਾਂ ਦੇ ਗਿਆਨ ਨੂੰ ਅਮੀਰ ਬਣਾਇਆ। ਸੱਤਵੇਂ ਦਿਨ, ਇਕ ਸਮਾਪਤੀ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਾਪਿਆਂ ਨੂੰ ਸੱਦਾ ਦਿੱਤਾ ਗਿਆ ਸੀ। ਵਿਦਿਆਰਥੀਆਂ ਨੇ ਰਾਜਸਥਾਨੀ ਲੋਕ ਨਾਚ ਪੇਸ਼ ਕੀਤਾ ਅਤੇ ਦਰਸ਼ਕਾਂ ਤੋਂ ਬਹੁਤ ਪ੍ਰਸ਼ੰਸਾ ਅਤੇ ਤਾੜੀਆਂ ਪ੍ਰਾਪਤ ਕੀਤੀਆਂ। ਭਾਰਤੀ ਭਾਸ਼ਾ ਸਮਰ ਕੈਂਪ 2025 ਸਕੂਲ ਦੀ ਇਕ ਵਿਦਿਅਕ ਅਤੇ ਸੱਭਿਆਚਾਰਕ ਗਤੀਵਿਧੀ ਸੀ, ਜਿਸਦਾ ਉਦੇਸ਼ ਵਿਦਿਆਰਥੀਆਂ ਵਿੱਚ ਭਾਸ਼ਾਈ ਮਾਣ ਅਤੇ ਸੱਭਿਆਚਾਰਕ ਜਾਗਰੂਕਤਾ ਵਧਾਉਣਾ ਸੀ। ਸਕੂਲ ਭਵਿੱਖ ਵਿੱਚ ਵੀ ਅਜਿਹੇ ਸਮਾਗਮਾਂ ਦਾ ਆਯੋਜਨ ਕਰਕੇ ਭਾਰਤ ਦੀ ਭਾਸ਼ਾਈ ਵਿਭਿੰਨਤਾ ਅਤੇ ਸੱਭਿਆਚਾਰਕ ਵਿਰਾਸਤ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ।ਇਹ ਸਮਰ ਕੈਂਪ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਦੇ ਸਹਿਯੋਗ ਨਾਲ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ।ਇਸ ਮੌਕੇ ਸਾਰੇ ਅਧਿਆਪਕ ਮੌਜੂਦ ਸਨ।

# ਸਾਨੂੰ ਲੋਕ ਮਾਤਾ ਅਹਿਲਯਾ ਬਾਈ ਦੇ ਕਦਮਾਂ 'ਤੇ ਚਲਣਾ ਹੋਵੇਗਾ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਵਿਕਸਿਤ ਦੇਸ਼ ਬਣਨ ਜਾ ਰਿਹਾ ਹੈ। ਅਜਿਹੇ ਵਿਚ ਸਾਨੂੰ ਲੋਕ ਮਾਤਾ ਅਹਿਲਯਾ ਬਾਈ ਦੇ ਕਦਮਾਂ 'ਤੇ ਚਲਣਾ ਹੋਵੇਗਾ ਅਤੇ ਉਨ੍ਹਾਂ ਦੀ ਤਰ੍ਹਾਂ ਨਿਆਂ ਦੇਣਾ ਹੋਵੇਗਾ, ਵਿਕਾਸ ਕਰਨਾ ਹੋਵੇਗਾ ਅਤੇ ਸਭਿਆਚਾਰ ਨੂੰ ਸਾਂਭਲਣਾ ਹੋਵੇਗਾ। ਅਹਿਲਯਾ ਬਾਈ ਦੀ 300ਵੀਂ ਜੈਯੰਤੀ 'ਤੇ ਸਾਨੂੰ ਸਾਰੀਆਂ ਨੂੰ ਮਿਲ ਕੇ ਸੁੰਹ ਲੈਣ ਕਿ ਅਸੀਂ ਸਮਾਜ ਦੀ ਸੇਵਾ ਕਰਾਂਗੇ ਅਤੇ ਬੇਟੀਆਂ ਨੂੰ ਸਿੱਖਿਆ ਅਤੇ ਬਰਾਬਰ ਅਧਿਕਾਰ ਦੇਵਾਂਗੇ।ਮੁੱਖ ਮੰਤਰੀ ਕੁਰੂਕਸ਼ੇਤਰ ਦੇ ਪਿਪਲੀ ਸਥਿਤ ਅਨਾਜ ਮੰਡੀ ਵਿਚ ਮਾਤੇਸ਼ਰੀ ਅਹਿਲਯਾ ਬਾਈ ਹੋਲਕਰ ਦੀ 300ਵੀਂ ਜੈਯੰਤੀ ਦੇ ਮੌਕੇ 'ਤੇ ਆਯੋਜਿਤ ਰਾਜ ਪੱਧਰੀ ਸਮਾਰੋਹ ਵਿਚ ਬਤੌਰ ਮੁੱਖ ਮਹਿਮਾਨ ਸੰਬੋਧਨ ਕਰ ਰਹੇ ਸਨ। ਇਸ ਮੌਕੇ 'ਤੇ ਪਾਲ ਗਡਰੀਆ ਸਮਾਜ ਵੱਲੋਂ ਮੁੱਖ ਮੰਤਰੀ ਨੂੰ ਪਗੜੀ, ਸ਼ਾਲ ਤੇ ਯਾਦਗਾਰੀ ਚਿੰਨ੍ਹ ਦੇਕੇ ਸਨਮਾਨਿਤ ਕੀਤਾ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਮਾਤੇਸ਼ਰੀ ਅਹਿਲਯਾ ਬਾਈ ਹੋਲਕਰ ਦੀ ਫੋਟੋ 'ਤੇ ਫੁੱਲ ਚੜ੍ਹਾ ਕੇ ਨਮਨ ਕੀਤਾ।ਇਸ ਮੌਕੇ 'ਤੇ ਮੁੱਖ ਮੰਤਰੀ ਨੇ ਐਲਾਨ ਕਰਦੇ ਹੋਏ ਕਿਹਾ ਕਿ ਸੂਬਾ ਸਰਕਾਰ ਵੱਲੋਂ ਮਾਤੇਸ਼ਰੀ ਅਹਿਲਯਾ ਬਾਈ ਹੋਲਕਰ ਦੇ ਨਾਂਅ 'ਤੇ 2 ਏਕੜ ਜਮੀਨ 'ਤੇ ਇਕ ਅਜਾਇਬ ਘਰ ਬਣਾਇਆ ਜਾਵੇਗਾ, ਤਾਂ ਜੋ ਨੌਜੁਆਨ ਪੀੜ੍ਹੀ ਉਨ੍ਹਾਂ ਦੇ ਜੀਵਨ ਅਤੇ ਕੰਮਾਂ ਬਾਰੇ ਜਾਣਕਾਰੀ ਲੈ ਸਕੇ। ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਪਾਲ ਗਡਰੀਆ ਸਮਾਜ ਦੀ ਸਹਿਮਤੀ ਨਾਲ ਕਿਸੇ ਇਕ ਪਿੰਡ ਜਾਂ ਸ਼ਹਿਰ ਵਿਚ ਮਾਤੇਸ਼ਰੀ ਅਹਿਲਯਾ ਬਾਈ ਹੋਲਕਰ ਦੇ ਨਾਂਅ ਨਾਲ ਦਾਖਲਾ ਦਰਵਾਜੇ ਦਾ ਨਿਰਮਾਣ ਕਰਵਾਇਆ ਜਾਵੇਗਾ। ਉਨ੍ਹਾਂ ਨੇ ਪਾਲ ਗਡਰੀਆ ਸਮਾਜ ਧਰਮਸ਼ਾਲਾ ਕੁਰੂਕਸ਼ੇਤਰ ਨੂੰ ਆਪਣੇ ਅਖ਼ਤਿਆਰੀ ਫੰਡ ਤੋਂ 31 ਲੱਖ ਰੁਪਏ ਦੀ ਰਕਮ ਦੇਣ ਦਾ ਵੀ ਐਲਾਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਕੈਬਿਨੇਟ ਮੰਤਰੀ ਕ੍ਰਿਸ਼ਣ ਲਾਲ ਪੰਵਾਰ, ਮਹਿਪਾਲ ਢਾਂਡਾ, ਰਣਬੀਰ ਗੰਗਾਵਾ, ਸ਼ਾਮ ਸਿੰਘ ਰਾਣਾ, ਸਾਂਸਦ ਨਵੀਨ ਜਿੰਦਲ ਅਤੇ ਰਾਜ ਸਭਾ ਸਾਂਸਦ ਰਾਜਚੰਦਰ ਜਾਂਗੜਾ ਵੱਲੋਂ ਵੀ 11-11 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਤੰਬਾਕੂ ਹੌਲਾ ਜ਼ਹਿਰ ਹੈ ਜੋ ਸਰੀਰ ਨੂੰ ਅੰਦਰੋਂ ਖੋਖਲਾ ਕਰਦਾ ਹੈ ਅਤੇ ਹੌਲੀ-ਹੌਲੀ ਜੀਵਨ ਨੂੰ ਨਿਗਲ ਲੈਂਦਾ ਹੈ। ਇਸ ਦਿਨ ਸਾਨੂੰ ਸਾਰੀਆਂ ਨੂੰ ਮਿਲ ਕੇ ਸੁੰਹ ਲੈ ਕਿ ਸਮਾਜ ਨੂੰ ਸਿਹਤ ਰੱਖਣ ਲਈ ਤੰਬਾਕੂ ਨਹੀਂ ਸਗੋਂ ਸਿਹਤ, ਸੇਵਾ ਅਤੇ ਸੰਸਕਾਰ ਦੀ ਚੋਣ ਕਰਨਗੇ ਅਤੇ ਨਸ਼ੇ ਨੂੰ ਜੜੋਂ ਤੋਂ ਖਤਮ ਕਰਨ ਵਿਚ ਆਪਣਾ ਯੋਗਦਾਨ ਦੇਣਗੇ।

## ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ 'ਚ ਸਮਰ ਕੈਂਪ ਧੂਮਧਾਮ ਨਾਲ ਸੰਪੰਨ

**ਕਪੂਰਥਲਾ (ਹਨੀ)** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਂਗਾ ਦੀ ਅਗਵਾਈ ਵਿੱਚ ਚੱਲ ਰਿਹੇ ਤਿੰਨ ਰੋਜ਼ਾ ਸਮਰ ਕੈਂਪ ਦਾ ਸਮਾਪਤੀ ਸਮਾਗਮ ਬੜੀ ਧੂਮਧਾਮ ਨਾਲ ਕੀਤਾ ਗਿਆ । ਸਕੂਲ ਦੇ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਸ਼ਬਦ ਗਾਇਨ, ਲੋਕ ਗੀਤ, ਭੰਗੜਾ, ਕੋਰੀਓਗਰਾਫੀ ਆਦਿ ਮੁੱਖ ਆਕਰਸ਼ਣ ਰਹੇ । ਇਸ ਦੌਰਾਨ ਵਿਦਿਆਰਥੀਆਂ ਡਾਂਸ, ਆਰਟ ਐਂਡ ਕਰਾਫਟ, ਸਪੋਕਨ ਇੰਗਲਿਸ਼, ਖੇਡਾਂ, ਯੋਗਾ, ਕਰਾਟੇ, ਤਾਈਕਵਾਂਡੋ, ਸੰਗੀਤ, ਕੁਕਿੰਗ ਵਿਦਆਊਟ ਫਾਇਰ, ਸੂਈ ਧਾਗਾ ਵਰਕ ਆਦਿ ਗਤੀਵਿਧੀਆਂ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਪ੍ਰਤਿਭਾ ਦੀ ਖੂਬ ਸ਼ਲਾਘਾ ਕੀਤੀ ।

